ਸੋਮਵਾਰ, 25 ਮਈ, 2026
11 ਜੇਠ { ਨਾਨਕਸ਼ਾਹੀ 558
ਬਿਕਰਮੀ 2083 }
ਜਿਲਦ/VOL. : 74
ਅੰਕ/NO. : 354

ਰੋਜ਼ਾਨਾ
ਨਵਾਂ ਜ਼ਮਾਨਾ

DAILY NAWAN ZAMANA • MONDAY, 25 MAY, 2026
ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ
ਪੁੱਛ-ਗਿੱਛ (ਰਿਸੈਪਸ਼ਨ) 0181-5097300
ਇਸ਼ਤਿਹਾਰ ਵਿਭਾਗ 0181-5097302
ਸਾਹਿਤ ਸੰਪਾਦਕ (ਐਤਵਾਰਤਾ) 0181-5097305
ਕੰਪਿਊਟਰ ਰੂਮ 0181-5097310
ਵੈੱਬ ਟੀ ਵੀ 0181-5133160

You Tube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫੇ : 12

ਪੰਜਾਬ 'ਚ ਪੰਜਾਂ 'ਚੋਂ ਇੱਕ ਵੋਟਰ 'ਤੇ ਸਵਾਲੀਆ ਨਿਸ਼ਾਨ

ਪੁਰਾਣੀਆਂ ਸੂਚੀਆਂ ਨਾਲ ਮਿਲਾਨ ਦੌਰਾਨ 1.80 ਕਰੋੜ 'ਚੋਂ ਸਵਾ 37 ਲੱਖ ਵੋਟਰਾਂ ਬਾਰੇ ਗੜਬੜੀਆਂ ਲੱਭੀਆਂ

ਚੰਡੀਗੜ੍ਹ (ਨਵਾਂ ਜ਼ਮਾਨਾ ਸਰਵਿਸ)

ਪੰਜਾਬ ਵਿੱਚ ਵੋਟਰ ਸੂਚੀਆਂ ਦੇ ਪ੍ਰੀ-ਸਪੈਸ਼ਲ ਇੰਟੈਂਸਿਵ ਰਿਵੀਜ਼ਨ (ਐੱਸ ਆਈ ਆਰ) ਅਭਿਆਸ ਦੌਰਾਨ ਲਗਭਗ ਹਰ ਪੰਜ ਵਿੱਚੋਂ ਇੱਕ ਵੋਟਰ ਵਿੱਚ ਇੱਕ ਜਾਂ ਇਸ ਤੋਂ ਵੱਧ ਤਰਕਸੰਗਤ ਗੜਬੜੀਆਂ ਸਾਹਮਣੇ ਆਈਆਂ ਹਨ। ਹੁਣ ਤੱਕ 1.80 ਕਰੋੜ ਤੋਂ ਵੱਧ ਵੋਟਰਾਂ ਦੀ ਮੈਪਿੰਗ ਕੀਤੀ ਗਈ ਹੈ। ਇਨ੍ਹਾਂ ਵਿੱਚੋਂ 37.29 ਲੱਖ ਤੋਂ ਵੱਧ ਵੋਟਰਾਂ ਵਿੱਚ ਗੜਬੜੀਆਂ ਮਿਲੀਆਂ ਹਨ, ਜੋ ਕੁੱਲ ਮੈਪ ਕੀਤੇ ਗਏ ਵੋਟਰਾਂ ਦਾ 20.66 ਫੀਸਦੀ ਬਣਦਾ ਹੈ। ਇਹ ਗੜਬੜੀਆਂ 2025 ਦੀਆਂ ਚੋਣ ਸੂਚੀਆਂ ਦੀ ਪੰਜਾਬ ਦੇ ਪੁਰਾਣੇ ਰਿਕਾਰਡਾਂ ਨਾਲ ਤੁਲਨਾ ਕਰਨ ਦੌਰਾਨ ਸਾਹਮਣੇ ਆਈਆਂ ਹਨ।

ਪੰਜਾਬ ਵਿੱਚ ਪੁਰਾਣੀਆਂ ਚੋਣ ਸੂਚੀਆਂ ਦਾ ਰਿਕਾਰਡ 2003 ਤੋਂ ਸ਼ੁਰੂ ਹੁੰਦਾ ਹੈ, ਜਦਕਿ ਹੋਰ ਰਾਜਾਂ ਵਿੱਚ ਇਹ ਸੰਦਰਭ ਸਾਲ ਵੱਖ-ਵੱਖ ਹੈ।ਕੁਝ ਰਾਜਾਂ ਵਿੱਚ 2002 ਜਾਂ 2004 ਦੀਆਂ ਸੂਚੀਆਂ ਨੂੰ ਆਧਾਰ ਬਣਾਇਆ ਗਿਆ ਹੈ।

ਇੱਕ ਚੋਣ ਅਧਿਕਾਰੀ ਅਨੁਸਾਰ ਜ਼ਿਆਦਾਤਰ ਤਰਕਸੰਗਤ ਗੜਬੜੀਆਂ ਪਰਵਾਰਕ ਲਿੰਕਾਂ ਵਿੱਚ ਅਸਧਾਰਨ ਉਮਰ ਅੰਤਰ ਨਾਲ ਸੰਬੰਧਤ ਹਨ। ਇਨ੍ਹਾਂ ਵਿੱਚ ਮਾਤਾ-ਪਿਤਾ ਅਤੇ ਬੱਚੇ ਵਿਚਕਾਰ 15 ਸਾਲ ਤੋਂ ਘੱਟ ਉਮਰ ਦਾ ਫਰਕ ਅਤੇ ਦਾਦਾ-ਦਾਦੀ/ਨਾਨਾ-ਨਾਨੀ ਅਤੇ ਪੋਤੇ-ਪੋਤੀਆਂ/ ਦੋਹਤੇ-ਦੋਹਤੀਆਂ ਵਿਚਕਾਰ 40 ਸਾਲ ਤੋਂ ਘੱਟ ਉਮਰ ਦਾ ਅੰਤਰ ਸ਼ਾਮਲ ਹੈ। ਇਸ ਤੋਂ ਇਲਾਵਾ ਵੋਟਰ ਵੇਰਵਿਆਂ ਵਿੱਚ ਸਪੈਲਿੰਗ ਅਤੇ ਲਿਪਾਂਤਰਨ (ਟ੍ਰਾਂਸਲਿਟਰੇਸ਼ਨ) ਨਾਲ ਜੁੜੀਆਂ ਗੜਬੜੀਆਂ ਵੀ ਸਾਹਮਣੇ ਆਈਆਂ ਹਨ। ਅੰਮ੍ਰਿਤਸਰ ਸੈਂਟਰਲ ਹਲਕੇ ਵਿੱਚ 45.03 ਫੀਸਦੀ ਵੋਟਰਾਂ ਵਿੱਚ ਸਭ ਤੋਂ ਵੱਧ ਗੜਬੜੀਆਂ ਦਰਜ ਕੀਤੀਆਂ ਗਈਆਂ ਹਨ। ਇਸ ਤੋਂ ਬਾਅਦ ਅੰਮ੍ਰਿਤਸਰ ਨਾਰਥ ਵਿੱਚ 41.43 ਫੀਸਦੀ ਅਤੇ ਅੰਮ੍ਰਿਤਸਰ ਸਾਊਥ ਵਿੱਚ 39.94 ਫੀਸਦੀ ਗੜਬੜੀਆਂ ਸਾਹਮਣੇ ਆਈਆਂ ਹਨ।

ਸਭ ਤੋਂ ਘੱਟ ਗੜਬੜੀਆਂ ਰਾਏਕੋਟ ਹਲਕੇ ਵਿੱਚ 10.43 ਫੀਸਦੀ ਦਰਜ ਹੋਈਆਂ, ਇਸ ਤੋਂ ਬਾਅਦ ਦਾਖਾ ਵਿੱਚ 10.94 ਫੀਸਦੀ ਅਤੇ ਬੱਸੀ ਪਠਾਣਾ ਵਿੱਚ 12.3 ਫੀਸਦੀ ਗੜਬੜੀਆਂ ਮਿਲੀਆਂ।

ਹੁਣ ਚੋਣ ਮਸ਼ੀਨਰੀ ਸਾਰੀਆਂ ਗੜਬੜੀਆਂ ਦੀ ਜਾਂਚ ਕਰੇਗੀ ਅਤੇ ਉਨ੍ਹਾਂ ਦਾ ਜਲਦੀ ਨਿਪਟਾਰਾ ਕੀਤਾ ਜਾਵੇਗਾ। ਖਾਸ ਗੱਲ ਇਹ ਹੈ ਕਿ ਪੰਜਾਬ ਵਿੱਚ ਚੋਣ ਸੂਚੀਆਂ ਦੀ ਐੱਸ ਆਈ ਆਰ 15 ਜੂਨ ਤੋਂ ਸ਼ੁਰੂ ਹੋਵੇਗੀ, ਜਿਸ ਵਿੱਚ ਚੋਣ ਅਧਿਕਾਰੀਆਂ ਦੀ ਟ੍ਰੇਨਿੰਗ ਅਤੇ ਗਿਣਤੀ ਫਾਰਮਾਂ ਦੀ ਛਪਾਈ ਸ਼ਾਮਲ ਹੋਵੇਗੀ, ਜਿਨ੍ਹਾਂ ਨੂੰ ਵੋਟਰਾਂ ਵੱਲੋਂ ਭਰਿਆ ਜਾਣਾ ਹੈ।

25 ਜੂਨ ਤੋਂ ਬੂਥ-ਲੈਵਲ ਅਧਿਕਾਰੀ (ਬੀ ਐੱਲ ਓ) ਘਰ-ਘਰ ਜਾ ਕੇ ਇਹ ਫਾਰਮ ਭਰਵਾਉਣ ਦੀ ਪ੍ਰਕਿਰਿਆ ਸ਼ੁਰੂ ਕਰਨਗੇ। ਐੱਸ ਆਈ ਆਰ ਅਧੀਨ ਅੰਤਮ ਚੋਣ ਸੂਚੀਆਂ 1 ਅਕਤੂਬਰ ਨੂੰ ਜਾਰੀ ਕੀਤੀਆਂ ਜਾਣਗੀਆਂ, ਜੋ ਕਿ 2027 ਦੀ ਪਹਿਲੀ ਤਿਮਾਹੀ ਵਿੱਚ ਹੋਣ ਵਾਲੀਆਂ ਪੰਜਾਬ ਵਿਧਾਨ ਸਭਾ ਚੋਣਾਂ ਤੋਂ ਕਈ ਮਹੀਨੇ ਪਹਿਲਾਂ ਹੋਵੇਗਾ।ਪ੍ਰੀ-ਐੱਸ ਆਈ ਆਰ ਅਭਿਆਸ ਦੌਰਾਨ ਪੰਜਾਬ ਦੇ 2.14 ਕਰੋੜ ਤੋਂ ਵੱਧ ਵੋਟਰਾਂ ਵਿੱਚੋਂ 1.8 ਕਰੋੜ ਤੋਂ ਵੱਧ ਵੋਟਰਾਂ ਦੀ ਮੈਪਿੰਗ ਕੀਤੀ ਜਾ ਚੁੱਕੀ ਹੈ, ਜੋ ਕਿ ਕੁੱਲ ਵੋਟਰਾਂ ਦਾ 84 ਫੀਸਦੀ ਤੋਂ ਵੱਧ ਹੈ। ਟੀਚਾ ਹੈ ਕਿ 25 ਜੂਨ ਨੂੰ ਬੀ ਐੱਲ ਓਜ਼ ਵੱਲੋਂ ਘਰ-ਘਰ ਮੁਹਿੰਮ ਸ਼ੁਰੂ ਕਰਨ ਤੋਂ ਪਹਿਲਾਂ ਘੱਟੋ-ਘੱਟ 90 ਫੀਸਦੀ ਵੋਟਰਾਂ ਦੀ ਮੈਪਿੰਗ ਪੂਰੀ ਕਰ ਲਈ ਜਾਵੇ।

ਇਲੈਕਟੋਰਲ ਰਜਿਸਟ੍ਰੇਸ਼ਨ ਅਧਿਕਾਰੀ ਉਨ੍ਹਾਂ ਸਾਰੇ ਵਿਅਕਤੀਆਂ ਨੂੰ ਨੋਟਿਸ ਜਾਰੀ ਕਰਨਗੇ, ਜਿਨ੍ਹਾਂ ਦੇ ਰਿਕਾਰਡ 2003 ਅਤੇ 2025 ਦੀਆਂ ਚੋਣ ਸੂਚੀਆਂ ਦੀ ਤੁਲਨਾ ਦੌਰਾਨ ਜੋੜੇ ਨਹੀਂ ਜਾ ਸਕੇ ਜਾਂ ਜਿੱਥੇ ਕੋਈ ਗੰਭੀਰ ਗੜਬੜ ਮੌਜੂਦ ਹੋਵੇਗੀ। ਨੋਟਿਸ ਜਾਰੀ ਹੋਣ ਤੋਂ ਬਾਅਦ ਸੁਣਵਾਈ ਲਈ ਸੱਤ ਦਿਨਾਂ ਦਾ ਸਮਾਂ ਦਿੱਤਾ ਜਾਵੇਗਾ। ਇਸ ਤੋਂ ਬਾਅਦ ਸਪੀਕਿੰਗ ਆਰਡਰ ਜਾਰੀ ਕੀਤਾ ਜਾਵੇਗਾ।ਜੇ ਕੋਈ ਵਿਅਕਤੀ ਇਸ ਆਰਡਰ ਨਾਲ ਸੰਤੁਸ਼ਟ ਨਾ ਹੋਵੇ, ਤਾਂ ਉਹ ਪਹਿਲਾਂ ਜ਼ਿਲ੍ਹਾ ਚੋਣ ਅਧਿਕਾਰੀ ਕੋਲ ਅਤੇ ਫਿਰ ਮੁੱਖ ਚੋਣ ਅਧਿਕਾਰੀ ਕੋਲ ਅਪੀਲ ਕਰ ਸਕਦਾ ਹੈ।

ਖਿਡਾਰੀਆਂ ਦੀ ਮਿਹਨਤ ਦਾ ਮੁੱਲ ਪਾਇਆ

ਚੰਡੀਗੜ੍ਹ (ਗੁਰਜੀਤ ਬਿੱਲਾ, ਸੁਰਜੀਤ ਸੁਮਨ, ਕ੍ਰਿਸ਼ਨ ਗਰਗ)-ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਐਤਵਾਰ ਪੰਜਾਬ ਦੇ ਇਤਿਹਾਸ ਵਿੱਚ ਵੱਡੇ ਖੇਡ ਸਮਾਗਮ ਦੌਰਾਨ ਮਹਾਰਾਜਾ ਰਣਜੀਤ ਸਿੰਘ ਐਵਾਰਡ ਜੇਤੂ 87 ਖਿਡਾਰੀਆਂ ਅਤੇ 1,070 ਮੈਡਲ ਜਿੱਤਣ ਵਾਲੇ ਖਿਡਾਰੀਆਂ ਨੂੰ 32.05 ਕਰੋੜ ਰੁਪਏ ਦੀ ਇਨਾਮੀ ਰਾਸ਼ੀ ਨਾਲ ਸਨਮਾਨਤ ਕੀਤਾ। ਇਸ ਮੌਕੇ ਮੁੱਖ ਮੰਤਰੀ ਨੇ ਪਿੰਡਾਂ ਤੋਂ ਲੈ ਕੇ ਅੰਤਰਰਾਸ਼ਟਰੀ ਖੇਡ ਮੈਦਾਨਾਂ ਤੱਕ ਸੂਬੇ ਵਿੱਚ ਖੇਡਾਂ ਲਈ ਵਿਆਪਕ ਐਲਾਨ ਕੀਤਾ। ਪੰਜਾਬ ਨੂੰ ਉੱਭਰਦੀ ਖੇਡ ਸ਼ਕਤੀ ਦੱਸਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਨਾ ਸਿਰਫ਼ ਓਲੰਪਿਕ ਅਤੇ ਏਸ਼ੀਆਈ ਖੇਡਾਂ ਦੇ ਮੈਡਲ ਜੇਤੂਆਂ ਨੂੰ 1-1 ਕਰੋੜ ਰੁਪਏ ਨਾਲ ਸਨਮਾਨਤ ਕੀਤਾ, ਸਗੋਂ 9 ਖਿਡਾਰੀਆਂ ਨੂੰ ਨੌਕਰੀਆਂ ਪ੍ਰਦਾਨ ਕੀਤੀਆਂ ਹਨ। ਪਹਿਲੀ ਵਾਰ ਟੂਰਨਾਮੈਂਟ ਦੀ ਤਿਆਰੀ ਲਈ 220 ਖਿਡਾਰੀਆਂ ਨੂੰ 8.61 ਕਰੋੜ ਰੁਪਏ ਦੀ ਸਿੱਧੇ ਬੈਂਕ ਖਾਤਿਆਂ ਰਾਹੀਂ ਵਿੱਤੀ ਸਹਾਇਤਾ ਦਿੱਤੀ ਗਈ। ਸੈਕਟਰ-35 ਵਿੱਚ ਮਿਊਂਸਪਲ ਭਵਨ ਵਿਖੇ ਸਮਾਗਮ ਦੌਰਾਨ ਖੇਡਾਂ ਦੇ ਖੇਤਰ ਵਿੱਚ ਨਿਰਣਾਇਕ ਬਦਲਾਅ ਦਾ ਜ਼ਿਕਰ ਕਰਦਿਆਂ ਮੁੱਖ ਮੰਤਰੀ ਨੇ ਸਾਲ 2026-27 ਲਈ 1,763 ਕਰੋੜ ਰੁਪਏ ਦੇ ਇਤਿਹਾਸਕ ਖੇਡ ਬਜਟ ਅਤੇ ਜ਼ਮੀਨੀ ਪੱਧਰ 'ਤੇ ਖੇਡ ਪ੍ਰਤਿਭਾ ਨੂੰ ਨਿਖਾਰਨ ਲਈ 1,300 ਕਰੋੜ ਰੁਪਏ ਦੀ ਲਾਗਤ ਨਾਲ 3,148 ਪੇਂਡੂ ਖੇਡ ਮੈਦਾਨ ਵਿਕਸਤ ਕਰਨ ਦਾ ਐਲਾਨ ਕੀਤਾ।ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਪਹਿਲੀ ਵਾਰ ਏਸ਼ੀਅਨ ਚੈਂਪੀਅਨਜ਼ ਟਰਾਫੀ ਦੀ ਮੇਜ਼ਬਾਨੀ ਕਰੇਗਾ ਅਤੇ ਇਕ ਨਵੰਬਰ ਨੂੰ ਪੰਜਾਬ ਦਿਵਸ 'ਤੇ ਭਾਰਤ-ਪਾਕਿਸਤਾਨ ਦਰਮਿਆਨ ਗਹਿਗੱਚ ਮੁਕਾਬਲਾ ਹੋਵੇਗਾ। ਪਿਛਲੀਆਂ ਸਰਕਾਰਾਂ 'ਤੇ ਤਨਜ਼ ਕੱਸਦਿਆਂ ਮੁੱਖ ਮੰਤਰੀ ਮਾਨ ਨੇ ਕਿਹਾ ਕਿ ਪੰਜਾਬ ਨੂੰ ਦੇਸ਼ ਲਈ ਅਣਗਿਣਤ ਚੈਂਪੀਅਨ ਪੈਦਾ ਕਰਨ ਦੇ ਬਾਵਜੂਦ ਪਹਿਲਾਂ ਕਦੇ ਵੀ ਕਿਸੇ ਵੱਡੇ ਖੇਡ ਸਮਾਗਮ ਦੀ ਮੇਜ਼ਬਾਨੀ ਕਰਨ ਦਾ ਮੌਕਾ ਨਹੀਂ ਦਿੱਤਾ ਗਿਆ ਸੀ।

ਸ਼ਾਨਦਾਰ ਸਨਮਾਨ ਸਮਾਰੋਹ ਨੂੰ ਸੰਬੋਧਨ ਕਰਦਿਆਂ ਮੁੱਖ ਮੰਤਰੀ ਨੇ ਕਿਹਾ ਕਿ ਇਹ ਦਿਨ ਪੰਜਾਬ ਲਈ ਇਤਿਹਾਸਕ ਪਲ ਹੈ ਕਿਉਂਕਿ 87 ਖਿਡਾਰੀਆਂ ਨੂੰ ਵੱਕਾਰੀ ਮਹਾਰਾਜਾ ਰਣਜੀਤ ਸਿੰਘ ਐਵਾਰਡ ਨਾਲ ਸਨਮਾਨਤ ਕੀਤਾ ਗਿਆ, ਜਦੋਂ ਕਿ ਵੱਖ-ਵੱਖ ਖੇਡਾਂ ਦੇ 1,070 ਮੈਡਲ ਜੇਤੂ ਖਿਡਾਰੀਆਂ ਨੂੰ ਵੀ ਸਨਮਾਨਤ ਕੀਤਾ ਗਿਆ। ਉਨ੍ਹਾ ਕਿਹਾ—ਪੰਜਾਬ ਦੇ ਇਤਿਹਾਸ ਵਿੱਚ ਪਹਿਲੀ ਵਾਰ ਸਰਕਾਰ ਨੇ ਖਿਡਾਰੀਆਂ ਵਿੱਚ 32.05 ਕਰੋੜ ਰੁਪਏ ਦੀ ਇਨਾਮੀ ਰਾਸ਼ੀ ਵੰਡੀ ਹੈ। ਮੁੱਖ ਮੰਤਰੀ ਨੇ ਕਿਹਾ ਪੰਜਾਬ ਦੇ ਖਿਡਾਰੀਆਂ ਨੇ ਅੰਤਰਰਾਸ਼ਟਰੀ ਪੱਧਰ 'ਤੇ ਆਪਣੀਆਂ ਪ੍ਰਾਪਤੀਆਂ ਰਾਹੀਂ ਦੇਸ਼ ਅਤੇ ਸੂਬੇ ਦਾ ਬਹੁਤ ਮਾਣ ਵਧਾਇਆ ਹੈ। ਇਹ ਸਾਡੀ ਜ਼ਿੰਮੇਵਾਰੀ ਹੈ ਕਿ ਅਸੀਂ ਉਨ੍ਹਾਂ ਦੇ ਨਾਲ ਮਜ਼ਬੂਤੀ ਨਾਲ ਖੜ੍ਹੇ ਹੋਈਏ ਅਤੇ ਇਹ ਯਕੀਨੀ ਬਣਾਈਏ ਕਿ ਉਨ੍ਹਾਂ ਨੂੰ ਉਹ ਸਤਿਕਾਰ, ਮਾਨਤਾ ਅਤੇ ਸਹਿਯੋਗ ਮਿਲੇ ਜਿਸ ਦੇ ਉਹ ਹੱਕਦਾਰ ਹਨ। ਉਨ੍ਹਾਂ ਅੱਗੇ ਕਿਹਾ ਕਿ • ਬਾਕੀ ਸਫ਼ਾ 2 'ਤੇ

ਏ ਐੱਸ ਆਈ ਦੀ ਹੱਤਿਆ

ਮਜੀਠਾ/ਜੈਂਤੀਪੁਰ/ ਕੱਥੂ ਨੰਗਲ (ਸੋਇਮ ਅਨੰਦ, ਸੁਖਬੀਰ ਸਿੱਧੂ/ ਪ੍ਰੀਤਮ ਸਿੰਘ)-ਮਜੀਠਾ ਦੇ ਬਾਹਰਵਾਰ ਐਤਵਾਰ ਸਵੇਰੇ ਦੋ ਅਣਪਛਾਤੇ ਮੋਟਰਸਾਈਕਲ ਸਵਾਰ ਹਮਲਾਵਰਾਂ ਨੇ ਪੰਜਾਬ ਪੁਲਸ ਦੇ ਏ ਐੱਸ ਆਈ ਦਾ ਗੋਲੀਆਂ ਮਾਰ ਕੇ ਕਤਲ ਕਰ ਦਿੱਤਾ। ਮ੍ਰਿਤਕ ਦੀ ਪਛਾਣ ਜੋਗਾ ਸਿੰਘ (58) ਪੁੱਤਰ ਪਿਆਰਾ ਸਿੰਘ ਨਿਵਾਸੀ ਪਿੰਡ ਘਣੀਏਕੇ (ਗੁਰਦਾਸਪੁਰ) ਵਜੋਂ ਹੋਈ ਹੈ, ਜੋ ਅੰਮ੍ਰਿਤਸਰ ਵਿਖੇ ਟਰੈਫਿਕ ਪੁਲਸ ਵਿੱਚ ਤਾਇਨਾਤ ਸੀ। ਜੋਗਾ ਸਿੰਘ ਕਾਰ ਪੈਂਚਰ ਹੋ ਜਾਣ ਕਾਰਨ ਆਪਣੀ ਐਕਟਿਵਾ 'ਤੇ ਸਵਾਰ ਹੋ ਕੇ ਅੰਮ੍ਰਿਤਸਰ ਵੱਲ ਜਾ ਰਿਹਾ ਸੀ। ਜਿਵੇਂ ਹੀ ਉਹ ਮਜੀਠਾ ਕਸਬੇ ਤੋਂ ਬਾਹਰ ਨਿਕਲਿਆ, ਤਾਂ ਪਿੱਛੋਂ ਆਏ ਮੋਟਰਸਾਈਕਲ ਸਵਾਰ ਦੋ ਬਦਮਾਸ਼ਾਂ ਨੇ ਉਸ ਨੂੰ ਨਿਸ਼ਾਨਾ ਬਣਾ ਕੇ ਅੰਨ੍ਹੇਵਾਹ ਫਾਇਰਿੰਗ ਕਰ ਦਿੱਤੀ। ਜੋਗਾ ਸਿੰਘ ਦੇ ਦੋ ਗੋਲੀਆਂ ਲੱਗੀਆਂ, ਜਿਸ ਕਾਰਨ ਉਸ ਦੀ ਮੌਕੇ 'ਤੇ ਹੀ ਮੌਤ ਹੋ ਗਈ। ਜੋਗਾ ਸਿੰਘ ਦੇ ਦੋ ਬੱਚੇ ਵਿਦੇਸ਼ 'ਚ ਰਹਿੰਦੇ ਹਨ।

ਸਮਝੌਤਾ ਗੱਲਬਾਤ ਲਗਭਗ ਪੂਰੀ : ਟਰੰਪ

ਵਾਸ਼ਿੰਗਟਨ (ਨ ਜ਼ ਸ)

ਅਮਰੀਕੀ ਰਾਸ਼ਟਰਪਤੀ ਡੋਨਾਲਡ ਟਰੰਪ ਨੇ ਐਤਵਾਰ ਕਿਹਾ ਕਿ ਅਮਰੀਕਾ ਅਤੇ ਈਰਾਨ ਨੇ ਸਮਝੌਤਾ-ਵਾਰਤਾ ਲਗਭਗ ਮੁਕੰਮਲ ਕਰ ਲਈ ਹੈ ਅਤੇ ਹਾਰਮੁਜ਼ ਜਲ ਡਮਰੂ ਨੂੰ ਦੁਬਾਰਾ ਖੋਲ੍ਹਣ ਦਾ ਕਰਾਰ ਹੋਣ ਵਾਲਾ ਹੈ। ਸਮਝੌਤੇ ਦੇ ਅੰਤਮ ਪਹਿਲੂਆਂ ਅਤੇ ਵੇਰਵਿਆਂ 'ਤੇ ਚਰਚਾ ਕੀਤੀ ਜਾ ਰਹੀ ਹੈ ਅਤੇ ਛੇਤੀ ਹੀ ਇਸ ਦਾ ਐਲਾਨ ਕੀਤਾ ਜਾਵੇਗਾ। ਟਰੰਪ ਦੇ ਬਿਆਨ ਨਾਲ ਪੱਛਮੀ ਏਸ਼ੀਆ ਵਿੱਚ ਲਗਭਗ ਤਿੰਨ ਮਹੀਨਿਆਂ ਤੋਂ ਚੱਲ ਰਹੇ ਸੰਘਰਸ਼ ਵਿੱਚ ਇੱਕ ਨਵਾਂ ਮੋੜ ਆਉਣ ਦੀ ਕਾਫੀ ਆਸ ਪੈਦਾ ਹੋ ਗਈ ਹੈ। ਇਸੇ ਦੌਰਾਨ ਭਾਰਤ ਦੇ ਦੌਰੇ 'ਤੇ ਆਏ ਅਮਰੀਕੀ ਵਿਦੇਸ਼ ਮੰਤਰੀ ਮਾਰਕੋ ਰੂਬੀਓ ਨੇ ਕਿਹਾ ਕਿ ਈਰਾਨ ਨਾਲ ਗੱਲਬਾਤ ਵਿੱਚ ਮਹੱਤਵਪੂਰਨ ਪ੍ਰਗਤੀ ਹੋਈ ਹੈ। ਰੂਬੀਓ ਨੇ ਪੱਤਰਕਾਰਾਂ ਨੂੰ ਕਿਹਾ ਕਿ ਉਨ੍ਹਾ ਨੂੰ ਉਮੀਦ ਹੈ ਕਿ ਆਉਣ ਵਾਲੇ ਘੰਟਿਆਂ ਵਿੱਚ ਚੰਗੀ ਖਬਰ ਮਿਲੇਗੀ। ਸ਼ਨੀਵਾਰ ਟਰੰਪ ਨੇ ਕਿਹਾ ਸੀ ਕਿ ਉਸ ਨੇ ਬਹਿਰੀਨ, ਜਾਰਡਨ, ਮਿਸਰ, ਸਾਊਦੀ ਅਰਬ, ਸੰਯੁਕਤ ਅਰਬ ਅਮੀਰਾਤ, ਕਤਰ, ਪਾਕਿਸਤਾਨ, ਤੁਰਕੀ ਅਤੇ ਇਜ਼ਰਾਈਲ ਦੇ ਨੇਤਾਵਾਂ ਨਾਲ ਗੱਲ ਕੀਤੀ ਹੈ। ਪਾਕਿਸਤਾਨ ਦੇ ਵਿਦੇਸ਼ ਮੰਤਰੀ ਨੇ ਕਿਹਾ ਹੈ ਕਿ ਅਮਰੀਕਾ-ਈਰਾਨ ਗੱਲਬਾਤ ਵਿੱਚ ਅਰਥਪੂਰਨ ਪ੍ਰਗਤੀ ਹੋਈ ਹੈ। ਦੱਸਿਆ ਗਿਆ ਹੈ ਕਿ ਸਮਝੌਤੇ ਵਿੱਚ ਈਰਾਨ ਦੀ ਇਹ ਵਚਨਬੱਧਤਾ ਸ਼ਾਮਲ ਹੈ ਕਿ ਉਹ ਪ੍ਰਮਾਣੂ ਪ੍ਰੋਗਰਾਮ ਨੂੰ ਅੱਗੇ ਨਹੀਂ ਵਧਾਏਗਾ ਅਤੇ ਬਹੁਤ ਜ਼ਿਆਦਾ ਭਰਪੂਰ ਯੂਰੇਨੀਅਮ ਅਮਰੀਕੀ ਅਧਿਕਾਰੀਆਂ ਨੂੰ ਸੌਂਪ ਦੇਵੇਗਾ।

ਇੱਕ ਅਮਰੀਕੀ ਅਧਿਕਾਰੀ ਨੇ ਦੱਸਿਆ ਕਿ ਸਮਝੌਤੇ ਵਿੱਚ ਜੰਗਬੰਦੀ 60 ਦਿਨ ਹੋਰ ਵਧਾਉਣ ਦੀ ਉਮੀਦ • ਬਾਕੀ ਸਫ਼ਾ 2 'ਤੇ

ਚੌਪਹਿਰੇ ਦੌਰਾਨ ਡਿੱਗੀਆਂ ਲੋਹੇ ਦੀਆਂ ਪਲੇਟਾਂ, 2 ਔਰਤਾਂ ਦੀ ਮੌਤ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਅੰਮ੍ਰਿਤਸਰ ਦੇ ਗੁਰਦੁਆਰਾ ਸ਼ਹੀਦਾਂ ਸਾਹਿਬ ਵਿਖੇ ਐਤਵਾਰ ਨੂੰ ਲੰਗਰ ਹਾਲ ਦੇ ਪੈਣ ਵਾਲੇ ਲੈਂਟਰ ਦੌਰਾਨ ਕਾਲਬ ਦੀਆਂ ਲੋਹੇ ਦੀਆਂ ਪਲੇਟਾਂ ਡਿੱਗਣ ਕਾਰਨ ਇੱਕ ਮੰਦਭਾਗੀ ਘਟਨਾ ਵਾਪਰੀ ਹੈ। ਚੌਪਹਿਰਾ ਹੋਣ ਕਾਰਨ ਇੱਥੇ ਗੁਰਦੁਆਰਾ ਸਾਹਿਬ ਵਿੱਚ ਵੱਡੀ ਗਿਣਤੀ ਵਿੱਚ ਸੰਗਤ ਪੁੱਜੀ ਹੋਈ ਸੀ। ਇਸ ਦੌਰਾਨ ਸੰਗਤ ਵਿੱਚ ਸ਼ਾਮਲ ਕੁਝ ਸ਼ਰਧਾਲੂ ਕਾਲਬ ਕੀਤੇ ਹੋਏ ਇਸ ਅਸਥਾਨ 'ਤੇ ਵੀ ਬੈਠ ਗਏ। ਅਚਾਨਕ ਲੋਹੇ ਦੀਆਂ ਪਲੇਟਾਂ ਹੇਠਾਂ ਡਿੱਗ ਪਈਆਂ, ਜਿਸ ਕਾਰਨ ਹੇਠਾਂ ਬੈਠੇ ਹੋਏ ਕੁਝ ਸ਼ਰਧਾਲੂਆਂ ਨੂੰ ਗੰਭੀਰ ਸੱਟਾਂ ਲੱਗੀਆਂ ਹਨ, ਜਿਨ੍ਹਾਂ ਵਿੱਚੋਂ ਦੋ ਸ਼ਰਧਾਲੂ ਔਰਤਾਂ ਦੀ ਮੌਤ ਹੋ ਗਈ ਹੈ ਅਤੇ ਕੁਝ ਜ਼ਖ਼ਮੀ ਹਨ, ਜਿਨ੍ਹਾਂ ਨੂੰ ਤੁਰੰਤ ਨੇੜੇ ਹੀ ਸ੍ਰੀ ਗੁਰੂ ਰਾਮਦਾਸ ਹਸਪਤਾਲ ਵਿਖੇ ਇਲਾਜ ਲਈ ਲਿਜਾਇਆ ਗਿਆ ਹੈ। ਸ਼੍ਰੋਮਣੀ ਕਮੇਟੀ ਪ੍ਰਧਾਨ • ਬਾਕੀ ਸਫ਼ਾ 2 'ਤੇ

ਪੰਜਾਬ 'ਚ 26 ਮਈ ਨੂੰ ਛੁੱਟੀ ਦਾ ਐਲਾਨ

ਚੰਡੀਗੜ੍ਹ (ਗੁਰਜੀਤ ਬਿੱਲਾ, ਸੁਰਜੀਤ ਸੁਮਨ)- ਪੰਜਾਬ ਵਿਚ 26 ਮਈ ਨੂੰ ਹੋਣ ਜਾ ਰਹੀਆਂ ਨਗਰ ਨਿਗਮ, ਨਗਰ ਕੌਂਸਲ ਅਤੇ ਨਗਰ ਪੰਚਾਇਤ ਚੋਣਾਂ ਦੇ ਮੱਦੇਨਜ਼ਰ 26 ਮਈ ਨੂੰ ਛੁੱਟੀ ਦਾ ਐਲਾਨ ਕੀਤਾ ਗਿਆ ਹੈ। ਪੰਜਾਬ ਸਰਕਾਰ ਦੇ ਪ੍ਰਸੋਨਲ ਵਿਭਾਗ ਵੱਲੋਂ ਜਾਰੀ ਪੱਤਰ ਅਨੁਸਾਰ ਇਹ ਛੁੱਟੀ ਚੰਡੀਗੜ੍ਹ ਸਥਿਤ ਪੰਜਾਬ ਸਰਕਾਰ ਦੇ ਸਾਰੇ ਦਫ਼ਤਰਾਂ/ਬੋਰਡਾਂ/ਕਾਰਪੋਰੇਸ਼ਨਾਂ ਅਤੇ ਵਿੱਦਿਅਕ ਅਦਾਰਿਆਂ ਲਈ ਵੀ ਘੋਸ਼ਿਤ ਕੀਤੀ ਗਈ ਹੈ। ਇਹ ਛੁੱਟੀ ਨੈਗੋਸ਼ੀਏਸ਼ਨ ਇੰਸਟਰੂਮੈਂਟ ਐਕਟ 1881 ਅਧੀਨ ਘੋਸ਼ਿਤ ਕੀਤੀ ਗਈ ਹੈ। ਪੰਜਾਬ ਦੇ ਮੁੱਖ ਸਕੱਤਰ ਕੇ.ਏ.ਪੀ. ਸਿਨਹਾ ਨੇ ਇਸ ਸੰਬੰਧ ਵਿਚ ਇਕ ਅਧਿਕਾਰਤ ਹੁਕਮ ਜਾਰੀ ਕੀਤਾ।

ਸੀ ਜੇ ਪੀ ਦੇ 94 ਫੀਸਦੀ ਫਾਲੋਅਰਜ਼ ਭਾਰਤ ਤੋਂ : ਦੀਪਕੇ

ਨਵੀਂ ਦਿੱਲੀ : ਕਾਕਰੋਚ ਜਨਤਾ ਪਾਰਟੀ (ਸੀ ਜੇ ਪੀ) ਦੇ ਬਾਨੀ ਅਭਿਜੀਤ ਦੀਪਕੇ ਨੇ ਐਤਵਾਰ ਕਿਹਾ ਕਿ ਉਸ ਨੇ ਆਪਣੇ ਇੰਸਟਾਗ੍ਰਾਮ ਅਕਾਊਂਟ 'ਤੇ ਮੁੜ ਕੰਟਰੋਲ ਹਾਸਲ ਕਰ ਲਿਆ ਹੈ। ਇੰਸਟਾਗ੍ਰਾਮ 'ਤੇ ਇੱਕ ਵੀਡੀਓ ਪੋਸਟ ਕਰਕੇ ਉਸ ਨੇ ਲਿਖਿਆ, 'ਅਸੀਂ ਵਾਪਸ ਆ ਗਏ ਹਾਂ, ਤੁਸੀਂ ਭੁੱਲ ਗਏ ਕਿ ਅਸੀਂ ਬਚਣ ਦੇ ਸਮਰੱਥ ਹਾਂ।' ਇਸ ਦੌਰਾਨ ਦੀਪਕੇ ਨੇ ਐਤਵਾਰ ਐੱਕਸ 'ਤੇ ਫਾਲੋਅਰਜ਼ ਡਾਟਾ ਸਾਂਝਾ ਕੀਤਾ, ਜਿਸ ਵਿੱਚ ਕਿਹਾ ਗਿਆ ਕਿ ਉਸ ਦੇ 94 ਫੀਸਦੀ ਤੋਂ ਵੱਧ ਫਾਲੋਅਰਜ਼ ਭਾਰਤ ਤੋਂ ਹਨ। ਉਸ ਨੇ ਕੇਂਦਰੀ ਮੰਤਰੀ ਕਿਰੇਨ ਰਿਜੀਜੂ ਨੂੰ ਸਵਾਲ ਕੀਤਾ ਕਿ ਭਾਰਤੀ ਨੌਜਵਾਨਾਂ ਨੂੰ ਪਾਕਿਸਤਾਨੀ ਕਿਉਂ ਕਿਹਾ ਜਾ ਰਿਹਾ ਹੈ। ਦਰਅਸਲ, ਰਿਜੀਜੂ ਨੇ ਕਿਸੇ ਦਾ ਨਾਂਅ ਲਏ ਬਿਨਾਂ ਪੋਸਟ ਕੀਤਾ ਸੀ ਕਿ ਸੋਸ਼ਲ ਮੀਡੀਆ 'ਤੇ ਕੁਝ ਲੋਕ ਪਾਕਿਸਤਾਨ ਅਤੇ ਜਾਰਜ ਸੋਰੋਸ ਗੈਂਗ ਤੋਂ ਫਾਲੋਅਰਜ਼ ਇਕੱਠੇ ਕਰਾ ਰਹੇ ਹਨ, ਜਦੋਂ ਕਿ ਭਾਰਤ ਵਿੱਚ ਖੁਦ ਕਾਫੀ ਨੌਜਵਾਨ ਹਨ। ਭਾਰਤ ਵਿਰੋਧੀ ਗੈਂਗਾਂ ਤੋਂ ਮਦਦ ਲੈਣ ਦੀ ਕੋਈ ਲੋੜ ਨਹੀਂ।

ਜਨਾਜ਼ੇ 'ਚ ਸ਼ਾਮਲ ਹੋਏ ਕਈ ਮੋਸਟ-ਵਾਂਟੇਡ ਅੱਤਵਾਦੀ

ਲਾਹੌਰ : ਪਾਕਿਸਤਾਨ ਵਿੱਚ ਮੌਜੂਦ ਕਈ ਹਾਈ ਪ੍ਰੋਫਾਈਲ ਅਤੇ ਲੋੜੀਂਦੇ ਅੱਤਵਾਦੀ ਸ਼ੁੱਕਰਵਾਰ ਨੂੰ ਇਸਲਾਮਾਬਾਦ ਵਿੱਚ ਮਾਰੇ ਗਏ ਅਲ-ਬਦਰ ਕਮਾਂਡਰ ਹਮਜ਼ਾ ਬੁਰਹਾਨ ਦੇ ਜਨਾਜ਼ੇ ਵਿੱਚ ਸ਼ਾਮਲ ਹੋਏ, ਜਿਸ ਨੇ ਅੱਤਵਾਦੀ ਨੈੱਟਵਰਕਾਂ ਨਾਲ ਪਾਕਿਸਤਾਨ ਦੇ ਕਥਿਤ ਸੰਬੰਧਾਂ ਵੱਲ ਧਿਆਨ ਖਿੱਚਿਆ ਹੈ। ਜਨਾਜ਼ੇ ਦੇ ਦ੍ਰਿਸ਼ਾਂ ਵਿੱਚ ਹਿਜ਼ਬੁਲ ਮੁਜਾਹਿਦੀਨ ਦੇ ਮੁਖੀ ਸਈਦ ਸਲਾਹੁਦੀਨ ਅਤੇ ਅਲ-ਬਦਰ ਦੇ ਮੁਖੀ ਬਖਤ ਜ਼ਮੀਨ ਖਾਨ ਦੀ ਮੌਜੂਦਗੀ ਦਿਖਾਈ ਦਿੱਤੀ। ਏਕੇ-47 ਅਤੇ ਆਧੁਨਿਕ ਹਥਿਆਰਾਂ ਨਾਲ ਲੈਸ ਹਥਿਆਰਬੰਦ ਵਿਅਕਤੀਆਂ ਨੇ ਅੱਤਵਾਦੀਆਂ ਦੇ ਆਲੇ-ਦੁਆਲੇ ਸੁਰੱਖਿਆ ਘੇਰਾ ਬਣਾਇਆ ਹੋਇਆ ਸੀ।

ਬਲੋਚਿਸਤਾਨ 'ਚ ਸ਼ਟਲ ਟਰੇਨ 'ਚ ਧਮਾਕਾ, 24 ਮੌਤਾਂ ਤੇ 82 ਜ਼ਖ਼ਮੀ

ਕਰਾਚੀ : ਪਾਕਿਸਤਾਨ ਦੇ ਬਲੋਚਿਸਤਾਨ ਸੂਬੇ ਵਿੱਚ ਐਤਵਾਰ ਸਵੇਰੇ ਇੱਕ ਸ਼ਟਲ ਟਰੇਨ ਵਿੱਚ ਹੋਏ ਜ਼ਬਰਦਸਤ ਧਮਾਕੇ ਵਿੱਚ ਘੱਟੋ-ਘੱਟ 24 ਲੋਕ ਮਾਰੇ ਗਏ ਅਤੇ ਲੱਗਭੱਗ 82 ਜ਼ਖ਼ਮੀ ਹੋ ਗਏ। ਅਧਿਕਾਰੀਆਂ ਨੇ ਦੱਸਿਆ ਕਿ ਇਹ ਧਮਾਕਾ ਕੋਇਟਾ ਵਿੱਚ ਚਮਨ ਫਾਟਕ ਰੇਲਵੇ ਸਟੇਸ਼ਨ ਦੇ ਨੇੜੇ ਹੋਇਆ। ਪਾਕਿਸਤਾਨ ਦੇ ਰੇਲਵੇ ਮੰਤਰੀ ਹਨੀਫ ਅੱਬਾਸੀ ਨੇ ਧਮਾਕੇ ਦੀ ਪੁਸ਼ਟੀ ਕੀਤੀ ਅਤੇ ਕਿਹਾ ਕਿ ਸ਼ਟਲ ਟਰੇਨ ਵਿੱਚ ਯਾਤਰੀ ਸਵਾਰ ਸਨ ਅਤੇ ਧਮਾਕਾ ਇੰਜਣ ਅਤੇ ਤਿੰਨ ਬੋਗੀਆਂ ਨਾਲ ਹੋਇਆ। ਅੱਬਾਸੀ ਨੇ ਕਿਹਾ, ਟਰੇਨ ਐਤਵਾਰ ਸਵੇਰੇ ਕੋਇਟਾ ਕੈਂਟ ਸਟੇਸ਼ਨ ਤੋਂ ਸਿਟੀ ਰੇਲਵੇ ਸਟੇਸ਼ਨ ਵੱਲ ਜਾ ਰਹੀ ਸੀ ਜਦੋਂ ਇਹ ਧਮਾਕਾ ਹੋਇਆ। ਪਾਬੰਦੀਸ਼ੁਦਾ ਬਲੋਚ ਲਿਬਰੇਸ਼ਨ ਆਰਮੀ ਨੇ ਧਮਾਕੇ ਦੀ ਜ਼ਿੰਮੇਵਾਰੀ ਲਈ ਹੈ। ਬੀ ਐੱਲ ਏ ਦੇ ਇੱਕ ਬੁਲਾਰੇ ਵੱਲੋਂ ਕੀਤੇ ਗਏ ਦਾਅਵੇ ਦੇ ਅਨੁਸਾਰ, ਇਹ ਹਮਲਾ ਉਦੋਂ ਕੀਤਾ ਗਿਆ ਸੀ, ਜਦੋਂ ਟਰੇਨ ਕੋਇਟਾ ਕੈਂਟ ਤੋਂ ਫੌਜੀ ਕਰਮਚਾਰੀਆਂ ਨੂੰ ਲੈ ਕੇ ਜਾ ਰਹੀ ਸੀ।

ਸਿੱਪੀਆਂ ਲੱਭਦੇ 8 ਜੀਅ ਰੁੜ੍ਹੇ

ਬੇਂਗਲੁਰੂ : ਕਰਨਾਟਕ ਦੇ ਉੱਤਰਾ ਕੰਨੜ ਜ਼ਿਲ੍ਹੇ ਦੀ ਇੱਕ ਨਦੀ ਦੇ ਤਾਜ਼ੇ ਪਾਣੀ ਵਿੱਚ ਸਿੱਪੀਆਂ ਇਕੱਠੀਆਂ ਕਰਨ ਗਿਆ ਗਰੁੱਪ ਤੇਜ਼ ਵਹਾਅ ਵਿੱਚ ਰੁੜ੍ਹ ਗਿਆ। ਨਤੀਜੇ ਵਜੋਂ 7 ਮਹਿਲਾਵਾਂ ਸਣੇ ਇੱਕੋ ਪਰਵਾਰ ਦੇ 8 ਜੀਆਂ ਦੀ ਮੌਤ ਹੋ ਗਈ ਅਤੇ 2 ਹੋਰ ਜੀਅ ਲਾਪਤਾ ਹਨ। ਤਾਜ਼ੇ ਪਾਣੀ ਦੀਆਂ ਸਿੱਪੀਆਂ ਇਕੱਠੀਆਂ ਕਰਨਾ ਕੁਝ ਵਰਗਾਂ ਦੇ ਲੋਕਾਂ ਲਈ ਰੋਜ਼ੀ-ਰੋਟੀ ਦੀ ਗਤੀਵਿਧੀ ਹੈ, ਜੋ ਕਿ ਮੱਛੀ ਫੜਨ ਵਾਂਗ ਹੀ ਹੈ।

ਜਨਗਣਨਾ ਡਿਊਟੀ ਦੌਰਾਨ ਰੀਲ੍ਹਾਂ ਬਣਾਉਣ 'ਤੇ ਰੋਕ

ਮਹਿਲ ਕਲਾਂ (ਬਰਨਾਲਾ). ਜਨਗਣਨਾ (ਮਰਦਮਸ਼ੁਮਾਰੀ) ਦੇ ਅਹਿਮ ਅਤੇ ਸੰਵੇਦਨਸ਼ੀਲ ਕੰਮ ਵਿੱਚ ਲੱਗੇ ਸਰਕਾਰੀ ਸਕੂਲਾਂ ਦੇ ਅਧਿਆਪਕਾਂ ਅਤੇ ਹੋਰ ਮੁਲਾਜ਼ਮਾਂ ਵੱਲੋਂ ਡਿਊਟੀ ਦੌਰਾਨ ਵੀਡੀਓਜ਼ ਤੇ ਰੀਲ੍ਹਾਂ ਬਣਾ ਕੇ ਸੋਸ਼ਲ ਮੀਡੀਆ 'ਤੇ ਸਾਂਝੀਆਂ ਕਰਨ ਦੇ ਮਾਮਲਿਆਂ ਨੂੰ ਸਿੱਖਿਆ ਵਿਭਾਗ ਨੇ ਬੇਹੱਦ ਗੰਭੀਰਤਾ ਨਾਲ ਲਿਆ ਹੈ। ਵਿਭਾਗ ਨੇ ਅਜਿਹੀਆਂ ਗਤੀਵਿਧੀਆਂ 'ਤੇ ਤੁਰੰਤ ਪ੍ਰਭਾਵ ਤੋਂ ਮੁਕੰਮਲ ਪਾਬੰਦੀ ਲਗਾ ਦਿੱਤੀ ਹੈ। ਸਿੱਖਿਆ ਵਿਭਾਗ ਵੱਲੋਂ ਸੂਬੇ ਦੇ ਸਮੂਹ ਸਰਕਾਰੀ ਸਕੂਲਾਂ ਦੇ ਮੁਖੀਆਂ ਨੂੰ ਵਟਸਐਪ ਰਾਹੀਂ ਵਿਸ਼ੇਸ਼ ਨਿਰਦੇਸ਼ ਭੇਜੇ ਗਏ ਹਨ। ਇਨ੍ਹਾਂ ਹਦਾਇਤਾਂ ਵਿੱਚ ਸਪੱਸ਼ਟ ਕੀਤਾ ਗਿਆ ਹੈ ਕਿ ਕੁਝ ਗਣਨਾਕਾਰਾਂ ਵੱਲੋਂ ਜਨਗਣਨਾ ਦੇ ਗੁਪਤ ਦਸਤਾਵੇਜ਼ਾਂ ਅਤੇ ਸ਼ਡਿਊਲਜ਼ ਦੀ ਵਰਤੋਂ ਕਰਕੇ ਫੇਸਬੁੱਕ ਅਤੇ ਇੰਸਟਾਗਰਾਮ ਵਰਗੇ ਪਲੇਟਫਾਰਮਾਂ ਲਈ ਰੀਲ੍ਹਾਂ ਬਣਾ ਕੇ ਜਨਤਕ ਕੀਤੀਆਂ ਜਾ ਰਹੀਆਂ ਹਨ, ਜੋ ਕਿ 'ਜਨਗਣਨਾ ਐਕਟ, 1948' ਦੀ ਸਿੱਧੀ ਉਲੰਘਣਾ ਹੈ। ਵਿਭਾਗ ਨੇ ਸਖ਼ਤ ਤਾਕੀਦ ਕੀਤੀ ਹੈ ਕਿ ਜੇਕਰ ਭਵਿੱਖ ਵਿੱਚ ਕੋਈ ਵੀ ਕਰਮਚਾਰੀ ਜਨਗਣਨਾ ਦੀ ਗੁਪਤਤਾ ਨੂੰ ਭੰਗ ਕਰਦਾ ਜਾਂ ਅਜਿਹੀਆਂ ਗੈਰ-ਕਾਨੂੰਨੀ ਗਤੀਵਿਧੀਆਂ ਵਿੱਚ ਸ਼ਾਮਲ ਪਾਇਆ ਗਿਆ, ਤਾਂ ਉਸ ਵਿਰੁੱਧ ਉਕਤ ਐਕਟ ਦੀ ਧਾਰਾ 11(ਬੀ) ਤਹਿਤ ਸਖ਼ਤ ਕਾਨੂੰਨੀ ਤੇ ਵਿਭਾਗੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ।

'ਸਮੇਂ ਨੂੰ ਸਰਾਭਿਆਂ ਦੀ ਲੋੜ'

ਕਰਤਾਰ ਸਿੰਘ ਸਰਾਭਾ ਜਨਮ ਦਿਵਸ ਸਮਾਗਮ ਨੇ ਦਿੱਤਾ ਜ਼ੋਰ

ਜਲੰਧਰ, (ਕੇਸਰ)

ਸ਼ਹੀਦ ਕਰਤਾਰ ਸਿੰਘ ਸਰਾਭਾ ਦੇ 130ਵੇਂ ਜਨਮ ਦਿਹਾੜੇ ਮੌਕੇ ਐਤਵਾਰ ਸਥਾਨਕ ਦੇਸ਼ ਭਗਤ ਯਾਦਗਾਰ ਹਾਲ 'ਚ ਮਨਾਏ ਦੇਸ਼ ਭਗਤ ਯਾਦਗਾਰ ਕਮੇਟੀ ਵੱਲੋਂ ਕੀਤੇ ਵਿਚਾਰ-ਚਰਚਾ ਸਮਾਗਮ 'ਚ ਵਿਸ਼ੇਸ਼ ਕਰਕੇ ਜੁਆਨੀ ਨੂੰ ਸੱਦਾ ਦਿੱਤਾ ਕਿ ਉਹ ਹਰ ਵੰਨਗੀ ਦੇ ਬਹਿਕਾਵੇ, ਭਟਕਣ, ਕੁਰਾਹੇ ਅਤੇ ਕਾਲਪਨਿਕ ਸੁਪਨ ਉਡਾਰੀਆਂ ਤੋਂ ਬਚ ਕੇ ਸ਼ਹੀਦ ਕਰਤਾਰ ਸਿੰਘ ਸਰਾਭਾ ਅਤੇ ਉਸ ਦੇ ਸੰਗੀ-ਸਾਥੀਆਂ ਦੇ ਸੰਗਰਾਮੀ ਸਫ਼ਰ ਤੋਂ ਸਬਕ ਲੈਂਦੇ ਹੋਏ ਮੁਲਕ ਨੂੰ ਦੇਸੀ-ਬਦੇਸ਼ੀ ਹਰ ਵੰਨਗੀ ਦੀ ਗ਼ੁਲਾਮੀ, ਦਾਬੇ, ਵਿਤਕਰੇ, ਅਨਿਆਂ ਅਤੇ ਜਬਰ-ਜ਼ੁਲਮ ਤੋਂ ਮੁਕਤ ਖ਼ੂਬਸੂਰਤ ਨਿਜ਼ਾਮ ਦੀ ਸਿਰਜਣਾ ਲਈ ਸੰਘਰਸ਼ ਦੇ ਪਿੜ ਮੱਲਣ ਵਾਸਤੇ ਅੱਗੇ ਆਏ। ਦੇਸ਼ ਭਗਤ ਯਾਦਗਾਰ ਕਮੇਟੀ ਦੇ ਜਨਰਲ ਸਕੱਤਰ ਗੁਰਮੀਤ ਸਿੰਘ ਨੇ ਕਿਹਾ ਕਿ ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਜਨਮ ਦਿਹਾੜੇ ਮੌਕੇ ਵਿਚਾਰ-ਚਰਚਾ ਵਰਗੀ ਲੜੀ ਸਾਨੂੰ ਨਿਰੰਤਰ ਜਾਰੀ ਰੱਖਣ ਦੀ ਲੋੜ ਹੈ। ਬੱਬਰ ਅਕਾਲੀ ਲਹਿਰ ਦੀ ਸ਼ਹਾਦਤ ਸ਼ਤਾਬਦੀ ਦੇ ਇਸ ਵਰ੍ਹੇ ਅੰਦਰ ਸਾਨੂੰ ਸਰਾਭਾ ਜੀ ਦੇ ਜਨਮ ਦਿਹਾੜੇ ਤੋਂ ਇਹ ਅਹਿਦ ਕਰਨ ਦੀ ਲੋੜ ਹੈ ਕਿ ਅਣਗੌਲੇ ਕੀਤੇ ਇਤਿਹਾਸ ਦੀਆਂ ਪੈੜਾਂ ਖੋਜਣ ਅਤੇ ਸੰਭਾਲਣ ਦੀ ਮੁਹਿੰਮ ਜਾਰੀ ਰਹੇ।

ਸਮਾਗਮ ਦਾ ਆਗਾਜ਼ ਖੋਜ ਭਰਪੂਰ ਕਾਰਜ ਲਈ ਜ਼ਿੰਦਗੀ ਭਰ ਘਾਲਣਾ ਘਾਲਣ ਵਾਲੇ ਪ੍ਰੋ. ਮਲਵਿੰਦਰਜੀਤ ਸਿੰਘ ਵੜੈਚ ਨੂੰ ਖੜ੍ਹੇ ਹੋ ਕੇ ਸ਼ਰਧਾਂਜਲੀ ਦੇਣ ਨਾਲ ਹੋਇਆ।

ਦੇਸ਼ ਭਗਤ ਯਾਦਗਾਰ ਕਮੇਟੀ ਦੇ ਸੱਭਿਆਚਾਰਕ ਵਿੰਗ ਦੇ ਕਨਵੀਨਰ ਅਮੋਲਕ ਸਿੰਘ ਨੇ ਕਿਹਾ ਕਿ ਪ੍ਰੋ. ਮਲਵਿੰਦਰਜੀਤ ਸਿੰਘ ਵੜੈਚ ਦੇ ਰੌਸ਼ਨ ਮਿਨਾਰ ਜੀਵਨ ਤੋਂ ਪ੍ਰੇਰਨਾ ਲੈ ਕੇ ਸਾਡੇ ਸਮਿਆਂ ਅਤੇ ਭਵਿੱਖ ਦੀਆਂ ਇਮਤਿਹਾਨੀ ਚੁਣੌਤੀਆਂ ਸਰ ਕਰਨ ਲਈ ਗਹਿਰ ਗੰਭੀਰ ਇਤਿਹਾਸਕ ਅਧਿਐਨ ਕਰਨ ਅਤੇ ਲੋਕਾਂ ਵਿੱਚ ਸੂਝ-ਬੂਝ, ਗ਼ਦਰੀ ਦੇਸ਼ ਭਗਤਾਂ ਦੇ ਮਨੋਰਥਾਂ ਅਤੇ ਪ੍ਰੋ. ਮਲਵਿੰਦਰਜੀਤ ਵਰਗੇ ਸਿਰੜੀ, ਖੋਜੀ ਕਲਮਕਾਰਾਂ ਦੀਆਂ ਪੈੜਾਂ ਤੋਂ ਅੱਗੇ ਤੁਰਨ ਦੀ ਲੋੜ ਹੈ। ਸਮਾਗਮ ਦੇ ਮੁੱਖ ਬੁਲਾਰੇ ਪ੍ਰੋ. ਗੋਪਾਲ ਸਿੰਘ ਬੁੱਟਰ ਨੇ ਕਿਹਾ ਕਿ ਲਾਸਾਨੀ ਕੁਰਬਾਨੀ ਦੇ ਚਾਨਣ ਮੁਨਾਰੇ ਚੌਮੁਖੀਆਂ ਚਿਰਾਗ਼ ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਜਨਮ ਦਿਹਾੜੇ ਮੌਕੇ ਵਿਸ਼ਾਲ ਜਨਤਕ ਆਧਾਰ ਤੇ ਸਮਾਗਮ, ਵਿਚਾਰ-ਚਰਚਾ ਅਤੇ ਅਹਿਦ ਕਰਨ ਦੀ ਪ੍ਰਭਾਵਸ਼ਾਲੀ ਲੜੀ ਸਾਹਮਣੇ ਆਉਣੀ ਚਾਹੀਦੀ ਸੀ, ਕਿਉਂਕਿ ਸਰਾਭਾ ਦੇ ਸਮੇਂ ਨਾਲੋਂ ਵੀ ਵੱਡੀਆਂ ਚੁਣੌਤੀਆਂ ਅਤੇ ਸਾਡੇ ਗੋਚਰੇ ਕਾਰਜਾਂ ਦਾ ਦਾਇਰਾ ਹੋਰ ਵੀ ਪੇਚੀਦਾ ਹੋ ਗਿਆ ਹੈ। ਉਹਨਾ ਕਿਹਾ ਕਿ ਅੱਜ ਬਹੁਤ ਹੀ ਖ਼ਤਰਨਾਕ ਹਾਲਾਤ ਸਾਡੇ ਬੂਹੇ ਦਸਤਕ ਦੇ ਰਹੇ ਨੇ, ਇਸ ਲਈ ਲੱਕ ਬੰਨ੍ਹਵੀਂ ਹਰ ਫਰੰਟ 'ਤੇ ਜੱਦੋ ਜਹਿਦ ਲੋੜੀਂਦੀ ਹੈ। ਦੇਸ਼ ਭਗਤ ਯਾਦਗਾਰ ਕਮੇਟੀ ਦੇ ਪ੍ਰਧਾਨ ਕੁਲਵੰਤ ਸਿੰਘ ਸੰਧੂ ਨੇ ਕਿਹਾ ਕਿ ਸਮਾਜ ਅੰਦਰ ਸੁਲਘਦੀ ਬੇਚੈਨੀ ਰਾਹ ਭਾਲ਼ • ਬਾਕੀ ਸਫ਼ਾ 2 'ਤੇ

ਅੱਜ-ਨਾਮਾ

ਕਰਦਾ ਵਕਤ ਦੀ ਠੀਕ ਉਡੀਕ ਨਹੀਂ ਜੋ,
ਪਹਿਲਾਂ ਨਦੀ ਵਿੱਚ ਪਊ ਜੇ ਠਿੱਲ੍ਹ ਬੇਲੀ।
ਬਿਨਾਂ ਵੱਤਰ ਤੋਂ ਖੇਤ ਵਿੱਚ ਪਹੁੰਚ ਜਾਵੇ,
ਬੀਜ ਬੀਜਦੇ ਵਿੰਹਦਾ ਨਹੀਂ ਸਿੱਲ੍ਹ ਬੇਲੀ।
ਆਖਰੀ ਲਾਈਨਾਂ ਤੋਂ ਦੂਰ ਦੌੜਾਕ ਕੋਈ,
ਐਵੇਂ ਈ ਲਾ ਬੈਠਾ ਪਹਿਲਾਂ ਟਿੱਲ ਬੇਲੀ।
ਇਹੋ ਈ ਚੋਣ ਦੇ ਚੱਕਰ ਦੀ ਬਾਤ ਬੇਲੀ,
ਅਗੇਤੀ ਛੇੜੀ ਪ੍ਰਚਾਰ ਲਈ ਮਿੱਲ ਬੇਲੀ।
ਜਦ ਤੱਕ ਚੋਣਾਂ ਦੇ ਭੇੜ ਦੀ ਘੜੀ ਆਈ,
ਥੱਕਿਆ-ਟੁੱਟਾ ਉਹ ਜਾਪਦਾ ਹੋਊ ਬੇਲੀ।
ਛਕ-ਛਕ ਵਰਕਰ ਜੇ ਮਾਰ ਡਕਾਰ ਚੁੱਕੇ,
ਨੁੱਕਰੇ ਬੈਠਾ ਉਹ ਅਕਲ ਨੂੰ ਰੋਊ ਬੇਲੀ।

-ਤੀਸ ਮਾਰ ਖਾਂ

ਸਰਕਾਰ ਨੇ ਵਾਅਦੇ ਅਨੁਸਾਰ 5 ਗਾਰੰਟੀਆਂ ਪੂਰੀਆਂ ਕੀਤੀਆਂ : ਹਰਪਾਲ ਸਿੰਘ ਚੀਮਾ

ਭਵਾਨੀਗੜ੍ਹ : ਨਗਰ ਕੌਂਸਲ ਭਵਾਨੀਗੜ੍ਹ ਦੀਆਂ ਚੋਣਾਂ ਲੜ ਰਹੇ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਦੇ ਹੱਕ ਵਿੱਚ ਐਤਵਾਰ ਨੂੰ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਵੱਖ-ਵੱਖ ਵਾਰਡਾਂ ਵਿਚ ਚੋਣ ਮੀਟਿੰਗਾਂ ਕੀਤੀਆਂ। ਇਸ ਮੌਕੇ ਉਨ੍ਹਾਂ ਨਾਲ ਹਲਕਾ ਵਿਧਾਇਕ ਨਰਿੰਦਰ ਕੌਰ ਭਰਾਜ, ਗੁਰਮੇਲ ਸਿੰਘ ਘਰਾਚੋਂ ਅਤੇ ਡਾ. ਮਿੱਕੂ ਜਵੰਧਾ ਵੀ ਹਾਜ਼ਰ ਸਨ। ਚੋਣ ਮੀਟਿੰਗਾਂ ਨੂੰ ਸੰਬੋਧਨ ਕਰਦਿਆਂ ਵਿੱਤ ਮੰਤਰੀ ਚੀਮਾ ਨੇ ਕਿਹਾ ਕਿ ਪਿਛਲੇ 75 ਸਾਲਾਂ ਦੌਰਾਨ ਪੰਜਾਬ ਵਿੱਚ ਵੱਖ-ਵੱਖ ਸਿਆਸੀ ਪਾਰਟੀਆਂ ਦੀਆਂ ਸਰਕਾਰਾਂ ਬਣੀਆਂ, ਪਰ ਕਿਸੇ ਵੀ ਸਰਕਾਰ ਵੱਲੋਂ ਚੋਣ ਵਾਅਦੇ ਪੂਰੇ ਨਹੀਂ ਕੀਤੇ ਗਏ, ਜਦੋਂ ਕਿ ਪੰਜਾਬ ਦੀ ਭਗਵੰਤ ਮਾਨ ਸਰਕਾਰ ਵੱਲੋਂ ਚੋਣ ਮੈਨੀਫੈਸਟੋ ਵਿੱਚ ਦਰਜ ਕੀਤੀਆਂ 5 ਗਾਰੰਟੀਆਂ ਪੂਰੀਆਂ ਕਰ ਦਿੱਤੀਆਂ ਗਈਆਂ ਹਨ। ਉਨ੍ਹਾਂ ਦਾਅਵਾ ਕੀਤਾ ਕਿ ਕਾਂਗਰਸ ਅਤੇ ਅਕਾਲੀ ਸਰਕਾਰਾਂ ਦੌਰਾਨ ਖਜ਼ਾਨਾ ਖਾਲੀ ਹੋਣ ਦਾ ਰੌਲਾ ਪਾਉਂਦੇ ਰਹਿੰਦੇ ਸਨ, ਪਰ ਉਨ੍ਹਾਂ ਵੱਲੋਂ ਬਤੌਰ ਵਿੱਤ ਮੰਤਰੀ ਹੁੰਦਿਆਂ ਸਾਰੀਆਂ ਚੋਰ ਮੋਰੀਆਂ ਬੰਦ ਕਰਕੇ ਸਰਕਾਰ ਦੇ ਮਾਲੀਏ ਵਿੱਚ 100 ਪ੍ਰਤੀਸ਼ਤ ਵਾਧਾ ਕੀਤਾ ਗਿਆ ਹੈ। ਉਨ੍ਹਾਂ ਵੋਟਰਾਂ ਨੂੰ ਪਾਰਟੀ ਉਮੀਦਵਾਰਾਂ ਨੂੰ ਜਿਤਾਉਣ ਦੀ ਅਪੀਲ ਕਰਦਿਆਂ ਕਿਹਾ ਕਿ ਉਹ ਭਵਾਨੀਗੜ੍ਹ ਸ਼ਹਿਰ ਦੇ ਵਿਕਾਸ ਲਈ ਦਿਲ ਖੋਲ੍ਹ ਕੇ ਗ੍ਰਾਂਟਾਂ ਜਾਰੀ ਕਰਨਗੇ। ਇਸ ਤੋਂ ਇਲਾਵਾ ਕੈਬਨਿਟ ਮੰਤਰੀ ਬਰਿੰਦਰ ਕੁਮਾਰ ਗੋਇਲ ਨੇ ਵੀ ਕਈ ਵਾਰਡਾਂ ਦੇ ਉਮੀਦਵਾਰਾਂ ਦੇ ਹੱਕ ਵਿੱਚ ਚੋਣ ਰੈਲੀਆਂ ਕੀਤੀਆਂ। ਇਸੇ ਦੌਰਾਨ ਕਾਂਗਰਸ ਪਾਰਟੀ ਦੀ ਸਾਬਕਾ ਕੌਂਸਲਰ ਹਰਵਿੰਦਰ ਕੌਰ ਨੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣ ਦਾ ਐਲਾਨ ਕੀਤਾ। ਇਸ ਮੌਕੇ ਅਵਤਾਰ ਸਿੰਘ ਤਾਰੀ, ਸੁਖਦੇਵ ਸਿੰਘ, ਲਖਵਿੰਦਰ ਸਿੰਘ ਕਲੇਰ, ਜਤਿੰਦਰ ਸਿੰਘ ਬਾਜਵਾ ਆਦਿ ਹਾਜ਼ਰ ਸਨ।

ਪੰਜਾਬ ਰਾਜ ਵਿਚ
ਝੋਨੇ ਦੀ ਬਿਜਾਈ ਲਈ ਨਿਰਧਾਰਿਤ ਮਿਤੀਆਂ

ਕਿਸਾਨ ਵੀਰ ਧਿਆਨ ਦੇਣ

ਪੰਜਾਬ ਸਰਕਾਰ ਵਲੋਂ ਪੰਜਾਬ ਰਾਜ ਵਿਚ ਝੋਨੇ ਦੀ ਬਿਜਾਈ ਲਈ ਹੇਠ ਲਿਖੇ ਅਨੁਸਾਰ ਮਿਤੀਆਂ ਨਿਰਧਾਰਿਤ ਕੀਤੀਆਂ ਗਈਆਂ ਹਨ। ਇਨ੍ਹਾਂ ਮਿਤੀਆਂ ਤੋਂ ਸੰਬੰਧਤ ਜ਼ਿਲ੍ਹਿਆਂ ਵਿਚ 8 ਘੰਟੇ ਘੱਟੋ-ਘੱਟ ਬਿਜਲੀ ਦੀ ਸਪਲਾਈ ਅਤੇ ਨਹਿਰੀ ਪਾਣੀ ਦੀ ਨਿਰੰਤਰ ਸਪਲਾਈ ਦਿੱਤੀ ਜਾਵੇਗੀ।

ਲੜੀ ਨੰਬਰ	ਖੇਤਰ	ਤੋਂ	ਤੱਕ	ਬਿਜਲੀ ਦੀ ਸਪਲਾਈ
1	ਗੁਰਦਾਸਪੁਰ, ਪਠਾਨਕੋਟ, ਸ੍ਰੀ ਅੰਮ੍ਰਿਤਸਰ ਸਾਹਿਬ, ਤਰਨ ਤਾਰਨ, ਰੂਪਨਗਰ, ਐਸ.ਏ.ਐਸ. ਨਗਰ (ਮੋਹਾਲੀ), ਸ੍ਰੀ ਫਤਹਿਗੜ੍ਹ ਸਾਹਿਬ ਅਤੇ ਹੁਸ਼ਿਆਰਪੁਰ	01 ਜੂਨ, 2026	ਫ਼ਸਲ ਪੱਕਣ ਤੱਕ	ਘੱਟੋ-ਘੱਟ 8 ਘੰਟੇ ਰੋਜ਼ਾਨਾ
2	ਫਰੀਦਕੋਟ, ਬਠਿੰਡਾ, ਫਿਰੋਜ਼ਪੁਰ, ਸ੍ਰੀ ਮੁਕਤਸਰ ਸਾਹਿਬ, ਫਾਜ਼ਿਲਕਾ	05 ਜੂਨ, 2026	ਫ਼ਸਲ ਪੱਕਣ ਤੱਕ	ਘੱਟੋ-ਘੱਟ 8 ਘੰਟੇ ਰੋਜ਼ਾਨਾ
3	ਲੁਧਿਆਣਾ, ਮਾਲੇਰਕੋਟਲਾ, ਮਾਨਸਾ, ਮੋਗਾ, ਪਟਿਆਲਾ, ਸੰਗਰੂਰ, ਬਰਨਾਲਾ, ਕਪੂਰਥਲਾ, ਜਲੰਧਰ ਅਤੇ ਸ਼ਹੀਦ ਭਗਤ ਸਿੰਘ ਨਗਰ (ਨਵਾਂ ਸ਼ਹਿਰ)	09 ਜੂਨ, 2026	ਫ਼ਸਲ ਪੱਕਣ ਤੱਕ	ਘੱਟੋ-ਘੱਟ 8 ਘੰਟੇ ਰੋਜ਼ਾਨਾ

ਕਿਸਾਨ ਵੀਰਾਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਆਪਣੇ ਨਿਰਧਾਰਿਤ ਖੇਤਰਾਂ ਅਨੁਸਾਰ ਝੋਨੇ ਦੀ ਲੁਆਈ ਕੀਤੀ ਜਾਵੇ।

ਵਧੇਰੇ ਜਾਣਕਾਰੀ ਲਈ ਵਿਭਾਗ ਦੀ ਵੈਬਸਾਈਟ ਜਾਂ ਆਪਣੇ ਜ਼ਿਲ੍ਹੇ ਦੇ ਮੁੱਖ ਖੇਤੀਬਾੜੀ ਅਫਿਸਰ ਨਾਲ ਸੰਪਰਕ ਕਰੋ ਜੀ।

ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ, ਪੰਜਾਬ

ਗਗਨਦੀਪ ਜੰਮੂ 'ਤੇ ਹੋਏ ਹਮਲੇ ਦੀ ਮੱਖੂ ਪ੍ਰੈੱਸ ਐਸੋਸੀਏਸ਼ਨ ਵੱਲੋਂ ਸਖਤ ਨਿੰਦਾ

ਦੋਸ਼ੀਆਂ ਖਿਲਾਫ ਸਖਤ ਕਾਰਵਾਈ ਦੀ ਕੀਤੀ ਮੰਗ

ਮੱਖੂ (ਰਛਪਾਲ ਸਿੰਘ ਸੰਧੂ) : ਮੱਖੂ ਪ੍ਰੈੱਸ ਐਸੋਸੀਏਸ਼ਨ ਦੇ ਸਮੂਹ ਪੱਤਰਕਾਰਾਂ ਦੀ ਪ੍ਰਧਾਨ ਬਲਵੀਰ ਲਹਿਰਾ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਦੌਰਾਨ ਇੰਡੀਅਨ

ਜਰਨਲਿਸਟ ਯੂਨੀਅਨ ਦੇ ਕੌਮੀ ਪ੍ਰਧਾਨ ਬਲਵਿੰਦਰ ਸਿੰਘ ਜੰਮੂ ਦੇ ਸਪੁੱਤਰ ਤੇ ਪੰਜਾਬ ਤੇ ਹਰਿਆਣਾ ਹਾਈਕੋਰਟ ਬਾਰ ਐਸੋਸੀਏਸ਼ਨ ਦੇ ਸਾਬਕਾ ਆਨਰੇਰੀ ਸਕੱਤਰ ਗਗਨਦੀਪ ਜੰਮੂ ਉੱਪਰ ਹੋਏ ਜਾਨਲੇਵਾ ਹਮਲੇ ਦੀ ਮੱਖੂ ਪ੍ਰੈੱਸ ਐਸੋਸੀਏਸ਼ਨ ਦੇ ਸਮੂਹ ਪੱਤਰਕਾਰਾਂ ਨੇ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕੀਤੀ ਹੈ।ਮੱਖੂ ਪ੍ਰੈੱਸ ਐਸੋਸੀਏਸ਼ਨ ਦੇ ਪ੍ਰਧਾਨ ਬਲਵੀਰ ਸਿੰਘ ਲਹਿਰਾ, ਚੇਅਰਮੈਨ ਕੁਲਵਿੰਦਰ ਸਿੰਘ ਸੰਧੂ ਤੇ ਸਮੂਹ ਸਾਥੀ ਪੱਤਰਕਾਰਾਂ ਨੇ ਇਸ ਘਟਨਾ 'ਤੇ ਦੁੱਖ ਪ੍ਰਗਟਾਉਂਦਿਆਂ ਕਿਹਾ ਕਿ ਗਗਨਦੀਪ ਜੰਮੂ ਉੱਪਰ ਕੁਰਾਲੀ-ਖਰੜ ਮਾਰਗ 'ਤੇ ਕੁੱਝ ਦਿਨ ਪਹਿਲਾਂ ਜਾਨਲੇਵਾ ਹਮਲਾ ਕੀਤਾ ਗਿਆ ਸੀ, ਹਾਲਾਂਕਿ ਉਹ ਸੁਰੱਖਿਅਤ ਹਨ, ਪਰ ਅਜਿਹੀਆਂ ਅਪਰਾਧਿਕ ਘਟਨਾਵਾਂ ਵਕੀਲ ਭਾਈਚਾਰੇ ਦੀ ਆਜ਼ਾਦੀ, ਮਾਣ-ਸਨਮਾਨ ਉੱਪਰ ਹਮਲਾ ਹੈ।ਮੱਖੂ ਪ੍ਰੈੱਸ ਐਸੋਸੀਏਸ਼ਨ ਦੇ ਸਮੂਹ ਅਹੁਦੇਦਾਰਾਂ ਤੇ ਮੈਂਬਰ ਸਾਹਿਬਾਨ ਨੇ ਇਸ ਮੁਸੀਬਤ ਦੀ ਘੜੀ 'ਚ ਬਲਵਿੰਦਰ ਜੰਮੂ ਤੇ ਗਗਨਦੀਪ ਜੰਮੂ ਨਾਲ ਇੱਕਜੁੱਟਤਾ ਦਾ ਪ੍ਰਗਟਾਵਾ ਕਰਦਿਆਂ ਸਰਕਾਰ ਤੇ ਪੁਲਸ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਹਮਲਾਵਰਾਂ ਨੂੰ ਤੁਰੰਤ ਗ੍ਰਿਫ਼ਤਾਰ ਕੀਤਾ ਜਾਵੇ ਤਾਂ ਜੋ ਗਗਨਦੀਪ ਜੰਮੂ ਬਿਨਾਂ ਕਿਸੇ ਡਰ ਤੋਂ ਪੇਸ਼ਾਵਰ ਜ਼ਿੰਮੇਵਾਰੀਆਂ ਨਿਭਾਅ ਸਕਣ।ਇਸ ਮੌਕੇ ਸਾਬਕਾ ਪ੍ਰਧਾਨ ਕੇਵਲ ਅਹੂਜਾ, ਵਰਿੰਦਰ ਮਨਚੰਦਾ, ਰਾਜੀਵ ਆਹੂਜਾ, ਮੇਜਰ ਸਿੰਘ ਥਿੰਦ, ਰੂਪ ਲਾਲ ਭੱਟੀ, ਲਖਵਿੰਦਰ ਸਿੰਘ ਵਾਹੀ, ਰਸ਼ਪਾਲ ਸਿੰਘ ਸੰਧੂ, ਅਰੁਸ਼ ਅਹੂਜਾ, ਸ਼ਬੇਗ ਸਿੰਘ, ਪ੍ਰੇਮ ਅਹੂਜਾ ਆਦਿ ਪੱਤਰਕਾਰਾਂ ਨੇ ਮੰਗ ਕੀਤੀ ਕਿ ਦੋਸ਼ੀਆਂ ਖਿਲਾਫ ਸਖਤ ਤੋਂ ਸਖਤ ਕਰਵਾਈ ਕਰਕੇ ਉਨ੍ਹਾਂ ਨੂੰ ਤੁਰੰਤ ਗ੍ਰਿਫ਼ਤਾਰ ਕੀਤਾ ਜਾਵੇ।

ਚੇਅਰਪਰਸਨ ਦੇ ਪਤੀ ਨੂੰ ਕੀਤਾ ਹਨੀਟ੍ਰੈਪ, ਬਦਨਾਮੀ ਡਰੋਂ ਜ਼ਹਿਰ ਨਿਗਲੀ

ਪੁਲਸ ਵੱਲੋਂ ਮੁਲਜ਼ਮਾਂ ਖਿਲਾਫ ਮਾਮਲਾ ਦਰਜ

ਦਿੜ੍ਹਬਾ (ਜਸਵੀਰ ਲਾਡੀ)- ਪੰਚਾਇਤ ਸੰਮਤੀ ਦਿੜ੍ਹਬਾ ਦੀ ਚੇਅਰਪਰਸਨ ਮਨਜੀਤ ਕੌਰ ਦੇ ਪਤੀ ਰਣਜੀਤ ਸਿੰਘ ਲਾਡਵੰਜਾਰਾ ਕਲਾਂ ਨੂੰ ਕੀਤਾ ਹਨੀਟ੍ਰੈਪ, ਜਿਸ ਨੇ ਬਦਨਾਮੀ ਦੇ ਡਰੋਂ ਜ਼ਹਿਰ ਨਿਗਲ ਲਿਆ।ਘਟਨਾ ਦੀ ਜਾਣਕਾਰੀ ਦਿੰਦਿਆਂ ਰਣਜੀਤ ਸਿੰਘ ਦੇ ਪਿਤਾ ਗੁਰਮੇਲ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਰਣਜੀਤ ਸਿੰਘ ਮੇਰਾ ਲੜਕਾ ਪੰਜਾਬ ਐਂਡ ਸਿੰਧ ਬੈਂਕ ਵਿੱਚ ਚਪੜਾਸੀ ਦੀ ਨੌਕਰੀ ਕਰਦਾ ਹੈ, ਜਿਸ ਨੂੰ ਇੱਕ ਸੰਦੀਪ ਕੌਰ ਨਾਮ ਦੀ ਔਰਤ ਨੇ ਫੋਨ ਕੀਤਾ ਕਿ ਮੈਂ ਬੈਂਕ ਵਿੱਚੋਂ ਲੋਨ ਕਰਾਉਣਾ ਹੈ, ਤਾਂ ਰਣਜੀਤ ਸਿੰਘ ਨੇ ਕਿਹਾ ਕਿ ਤੁਸੀਂ ਬੈਂਕ ਆ ਕੇ ਗੱਲ ਕਰ ਲਵੋ, ਪਰ ਉਸ ਨੇ ਮੇਰੇ ਬੇਟੇ ਨੂੰ ਦਿੜ੍ਹਬਾ ਵਿਖੇ ਮਿਲਣ ਨੂੰ ਕਿਹਾ ਤਾਂ ਮੇਰਾ ਬੇਟਾ ਉਸ ਨੂੰ ਘਰ ਲੈ ਗਿਆ, ਜਿੱਥੇ ਉਸ ਨੇ ਆਪਣੇ ਸਾਥੀਆਂ ਨੂੰ ਬੁਲਾ ਕੇ ਡਰਾ ਧਮਕਾ ਕੇ ਉਸ ਨਾਲ ਫੋਟੋਆਂ ਖਿੱਚ ਲਈਆਂ ਤੇ ਜ਼ਬਰਦਸਤੀ ਦਸਤਖਤ ਕਰਾਏ ਗਏ ਅਤੇ ਪੰਜ ਲੱਖ ਦੀ ਮੰਗ ਕਰਨ ਲੱਗੇ ਕਿ ਜੇ ਪੈਸੇ ਨਾ ਦਿੱਤੇ ਤਾਂ ਤੇਰੇ 'ਤੇ ਬਲਾਤਕਾਰ ਦਾ ਪਰਚਾ ਪਾਵਾਂਗੇ।ਇਸ ਮਾਨਸਿਕ ਪ੍ਰੇਸ਼ਾਨੀ ਕਰਕੇ ਉਸ ਨੇ ਸਪਰੇਅ ਨਿਗਲ ਲਈ ਹੈ, ਜਿਸ ਨੂੰ ਪਹਿਲਾਂ ਸਿਵਲ ਹਸਪਤਾਲ ਸੰਗਰੂਰ ਦਾਖਲਾ ਕੀਤਾ ਗਿਆ, ਜਿੱਥੇ ਉਸ ਨੂੰ ਮੁੱਢਲੇ ਇਲਾਜ ਤੋਂ ਬਾਅਦ ਰਜਿੰਦਰਾ ਹਸਪਤਾਲ ਪਟਿਆਲਾ ਰੈਫਰ ਕਰ ਦਿੱਤਾ ਹੈ, ਜਿੱਥੇ ਹੁਣ ਉਹ ਜ਼ੇਰੇ ਇਲਾਜ ਹੈ।ਰਣਜੀਤ ਸਿੰਘ ਦੇ ਪਿਤਾ ਗੁਰਮੇਲ ਸਿੰਘ ਨੇ ਦੋਸ਼ ਲਾਇਆ ਹੈ ਕਿ ਮੇਰੇ ਬੇਟੇ ਨੂੰ ਯੋਜਨਾਬੱਧ ਤਰੀਕੇ ਨਾਲ ਹਨੀਟ੍ਰੈਪ 'ਚ ਫਸਾ ਕੇ ਬਲੈਕਮੇਲ ਕੀਤਾ ਜਾ ਰਿਹਾ ਸੀ।ਡੀ.ਐੱਸ.ਪੀ. ਦਿੜ੍ਹਬਾ ਡਾ. ਰੁਪਿੰਦਰ ਕੌਰ ਬਾਜਵਾ ਨੇ ਦੱਸਿਆ ਕਿ ਪੰਚਾਇਤ ਸੰਮਤੀ ਦਿੜ੍ਹਬਾ ਦੀ ਚੇਅਰਪਰਸਨ ਮਨਜੀਤ ਕੌਰ ਪਤਨੀ ਰਣਜੀਤ ਸਿੰਘ ਦੀ ਸ਼ਿਕਾਇਤ 'ਤੇ ਸੰਦੀਪ ਕੌਰ ਪਤਨੀ ਜੱਗੀ ਸਿੰਘ ਵਾਸੀ ਬਹਾਦਰਪੁਰ, ਜੱਗੀ ਸਿੰਘ, ਹਰਜੋਤ ਸਿੰਘ, ਬਲਵਿੰਦਰ ਕੌਰ, ਗੋਪਾਲ ਸਿੰਘ ਤੇ ਹੈਪੀ ਸਿੰਘ 'ਤੇ ਮੁੱਕਦਮਾ ਦਰਜ ਕਰ ਲਿਆ ਹੈ।ਸ਼ਿਕਾਇਤ ਦੇ ਅਧਾਰ 'ਤੇ ਮਾਮਲੇ ਦੀ ਡੂੰਘਾਈ ਨਾਲ ਜਾਂਚ ਕੀਤੀ ਜਾ ਰਹੀ ਹੈ।

ਪੰਜਾਬ ਦੇ ਨੌਜਵਾਨੋ, ਬਾਜ਼ ਬਣੋ ਕਾਕਰੋਚ ਨਹੀਂ : ਪੀਰ ਮੁਹੰਮਦ

ਮੋਗਾ (ਇਕਬਾਲ ਸਿੰਘ ਖਹਿਰਾ)- ਪੰਜਾਬ ਤੇ ਦੇਸ਼ ਦੇ ਨੌਜਵਾਨਾਂ ਨੂੰ ਅੱਜ ਸਭ ਤੋਂ ਵੱਧ ਲੋੜ ਗੰਭੀਰ ਆਤਮ-ਚਿੰਤਨ ਤੇ ਸੂਝਬੂਝ ਨਾਲ ਸੋਚਣ ਦੀ ਹੈ।ਸੋਸ਼ਲ ਮੀਡੀਆ ਉੱਤੇ ਹਰ ਰੋਜ਼ ਨਵੇਂ ਟਰੈਂਡ, ਮੀਮ, ਰੀਲਾਂ, ਸਸਤੇ ਤਮਾਸ਼ੇ ਤੇ ਸਿਆਸੀ ਵਿਅੰਗ ਚੱਲਦੇ ਹਨ, ਜਿੱਥੇ ਕਦੇ ਕਿਸੇ ਪਾਰਟੀ ਦਾ ਮਜ਼ਾਕ ਉਡਾਇਆ ਜਾਂਦਾ ਹੈ ਤੇ ਕਦੇ ਕਿਸੇ ਆਗੂ ਦਾ, ਪਰ ਵੱਡਾ ਸਵਾਲ ਇਹ ਹੈ ਕਿ ਕੀ ਇਹ ਸਭ ਪੰਜਾਬ ਦੇ ਭਖਦੇ ਅਸਲ ਮੁੱਦਿਆਂ ਦਾ ਹੱਲ ਹੈ? ਇਨ੍ਹਾਂ ਗੰਭੀਰ ਵਿਚਾਰਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਸੀਨੀਅਰ ਮੀਤ ਪ੍ਰਧਾਨ ਕਰਨੈਲ ਸਿੰਘ ਪੀਰ ਮੁਹੰਮਦ ਨੇ ਦੇਸ਼ ਤੇ ਪੰਜਾਬ ਦੀ ਨੌਜਵਾਨੀ ਦੇ ਨਾਂ ਸੰਦੇਸ਼ ਜਾਰੀ ਕਰਦਿਆਂ ਕੀਤਾ।ਸ੍ਰ. ਪੀਰ ਮੁਹੰਮਦ ਨੇ ਮੌਜੂਦਾ ਹਾਲਾਤ 'ਤੇ ਡੂੰਘੀ ਚਿੰਤਾ ਪ੍ਰਗਟ ਕਰਦਿਆਂ ਕਿਹਾ ਕਿ ਜਦੋਂ ਦੇਸ਼ ਤੇ ਪੰਜਾਬ ਕਈ ਨਾਜ਼ੁਕ ਮੋੜਾਂ ਵਿੱਚੋਂ ਲੰਘ ਰਹੇ ਹਨ, ਉਦੋਂ ਨੌਜਵਾਨੀ ਦੀ ਊਰਜਾ ਨੂੰ ਟਰੋਲ ਆਰਮੀ ਤੇ ਸੋਸ਼ਲ ਮੀਡੀਆ ਦੀਆਂ ਬੇਮਤਲਬ ਬਹਿਸਾਂ ਵਿੱਚ ਬਰਬਾਦ ਕੀਤਾ ਜਾ ਰਿਹਾ ਹੈ।ਉਨ੍ਹਾਂ ਅੱਜ ਦੇ ਮੁੱਖ ਰਾਸ਼ਟਰੀ ਤੇ ਖੇਤਰੀ ਮੁੱਦਿਆਂ ਵੱਲ ਧਿਆਨ ਦਿਵਾਉਂਦਿਆਂ ਕਿਹਾ ਕਿ ਸਾਡਾ ਮੁਕਾਬਲਾ ਬੇਰੁਜ਼ਗਾਰੀ, ਪੇਪਰ ਲੀਕ ਦੇ ਕੋਹੜ, ਬੇਤਹਾਸ਼ਾ ਹੋ ਰਹੇ ਪਰਵਾਸ, ਆਰਥਿਕ ਮੰਦਹਾਲੀ, ਸੂਬੇ ਸਿਰ ਚੜ੍ਹੇ ਭਾਰੀ ਕਰਜ਼ੇ, ਖੇਤੀਬਾੜੀ ਸੰਕਟ ਤੇ ਕੁਦਰਤੀ ਸਰੋਤਾਂ ਦੀ ਹੋ ਰਹੀ ਲੁੱਟ ਵਰਗੀਆਂ ਵੱਡੀਆਂ ਚੁਣੌਤੀਆਂ ਨਾਲ ਹੈ।ਅਕਾਲੀ ਆਗੂ ਨੇ ਵਿਸ਼ੇਸ਼ ਤੌਰ 'ਤੇ ਜ਼ੋਰ ਦਿੰਦਿਆਂ ਕਿਹਾ ਕਿ ਅੱਜ ਸੋਸ਼ਲ ਮੀਡੀਆ ਉੱਪਰ ਜੋ ਕੁਝ ਚੱਲ ਰਿਹਾ ਹੈ, ਉਹ ਬੇਹੱਦ ਗੰਭੀਰ ਮਸਲਾ ਹੈ ਤੇ ਇਹ ਨੌਜਵਾਨਾਂ ਦੀ ਮਾਨਸਿਕਤਾ ਨੂੰ ਗੁੰਮਰਾਹ ਕਰ ਰਿਹਾ ਹੈ।ਦੇਸ਼ ਦੀ ਸਰਕਾਰ ਨੂੰ ਇਸ ਮਸਲੇ ਨੂੰ ਬੇਹੱਦ ਗੰਭੀਰਤਾ ਨਾਲ ਲੈਣਾ ਚਾਹੀਦਾ ਹੈ। ਸ੍ਰ. ਪੀਰ ਮੁਹੰਮਦ ਨੇ ਆਖਿਆ ਕਿ ਸਿੱਖ ਕੌਮ ਦਾ ਇਤਿਹਾਸ ਹਿੰਮਤ, ਸੂਝ, ਉੱਚੇ ਕਿਰਦਾਰ ਤੇ ਸੰਘਰਸ਼ ਦਾ ਇਤਿਹਾਸ ਹੈ।ਸਾਡੇ ਗੁਰੂਆਂ ਨੇ ਸਾਨੂੰ ਚੜ੍ਹਦੀ ਕਲਾ, ਇਨਸਾਫ਼, ਮਨੁੱਖੀ ਅਧਿਕਾਰਾਂ ਤੇ ਸੱਚ ਲਈ ਖੜ੍ਹਨਾ ਸਿਖਾਇਆ ਹੈ।ਸਾਡਾ ਰਹਿਬਰ 'ਬਾਜ਼ਾਂ ਵਾਲਾ' ਸ੍ਰੀ ਗੁਰੂ ਗੋਬਿੰਦ ਸਿੰਘ ਜੀ ਹੈ, ਜਿਨ੍ਹਾਂ ਨੇ ਸਾਨੂੰ ਗੁਲਾਮੀ ਦੀ ਸੋਚ ਤੋਂ ਮੁਕਤ ਕਰਕੇ ਬਾਜ਼ ਵਰਗੀ ਉੱਚੀ ਤੇ ਆਜ਼ਾਦ ਉਡਾਣ ਭਰਨੀ ਸਿਖਾਈ।ਇਸ ਲਈ ਪੰਜਾਬ ਦੇ ਨੌਜਵਾਨੋ, ਬਾਜ਼ ਬਣੋ, ਨਾ ਕਿ ਕੋਈ ਕਾਕਰੋਚ, ਜੋ ਸਿਰਫ਼ ਗੰਦਗੀ ਵਿੱਚ ਰਹਿ ਕੇ ਇੱਕ ਦੂਜੇ ਨੂੰ ਨੀਵਾਂ ਦਿਖਾਉਣ ਵਾਲੀ ਨਕਾਰਾਤਮਕ ਸੋਚ ਵਿੱਚ ਜਿਊਂਦੇ ਹਨ।ਉਨ੍ਹਾਂ ਸਪੱਸ਼ਟ ਕੀਤਾ ਕਿ ਕਿਸੇ ਵੀ ਸਿਆਸੀ ਪਾਰਟੀ ਜਾਂ ਆਗੂ ਦਾ ਸਮਰਥਨ ਜਾਂ ਵਿਰੋਧ ਸਿਰਫ਼ ਸੋਸ਼ਲ ਮੀਡੀਆ ਦੇ ਮੀਮਾਂ ਜਾਂ ਅੰਨ੍ਹੀਆਂ ਭਾਵਨਾਵਾਂ ਦੇ ਆਧਾਰ 'ਤੇ ਨਹੀਂ, ਸਗੋਂ ਉਸ ਦੀਆਂ ਨੀਤੀਆਂ, ਪੰਜਾਬ ਦੇ ਮੁੱਦਿਆਂ ਪ੍ਰਤੀ ਪਹੁੰਚ ਤੇ ਕੀਤੇ ਗਏ ਠੋਸ ਕੰਮਾਂ ਦੇ ਆਧਾਰ 'ਤੇ ਹੋਣਾ ਚਾਹੀਦਾ ਹੈ।ਉਨ੍ਹਾਂ ਆਖਿਰ ਵਿੱਚ ਸੱਦਾ ਦਿੱਤਾ ਕਿ ਜੇਕਰ ਪੰਜਾਬ ਦੀ ਨੌਜਵਾਨੀ ਸੂਝਵਾਨ ਸੋਚ ਨਾਲ ਇੱਕ ਮੰਚ 'ਤੇ ਲਾਮਬੰਦ ਹੋਵੇ, ਤਾਂ ਸੂਬੇ ਵਿੱਚ ਇੱਕ ਐਸੀ ਸੁਹਿਰਦ ਤੇ ਮਜ਼ਬੂਤ ਧਿਰ ਖੜ੍ਹੀ ਹੋ ਸਕਦੀ ਹੈ, ਜੋ ਪੰਜਾਬ ਤੇ ਸਿੱਖਾਂ ਦੇ ਹੱਕਾਂ ਦੀ ਰਾਖੀ ਕਰਦਿਆਂ ਸੂਬੇ ਦੇ ਭਵਿੱਖ ਨੂੰ ਸੁਰੱਖਿਅਤ ਤੇ ਸੁਨਹਿਰੀ ਬਣਾ ਸਕੇ।

ਐੱਸ ਆਰ ਕਲੇਰ ਨੇ ਡੋਰ ਟੂ ਡੋਰ ਕੀਤਾ ਪ੍ਰਚਾਰ

ਜਗਰਾਉਂ (ਨਛੱਤਰ ਸੰਧੂ)- ਵਾਰਡ ਨੰਬਰ 3 ਤੋਂ ਬੀਬੀ ਗੁਰਪ੍ਰੀਤ ਕੌਰ ਦੇ ਹੱਕ ਵਿੱਚ ਚੱਲ ਰਹੇ ਚੋਣ ਪ੍ਰਚਾਰ ਨੂੰ ਉਸ ਵੇਲੇ ਹੋਰ ਬਲ ਮਿਲਿਆ, ਜਦੋਂ ਹਲਕਾ ਇੰਚਾਰਜ ਐੱਸ ਆਰ ਕਲੇਰ ਸਾਬਕਾ ਵਿਧਾਇਕ ਦੀ ਅਗਵਾਈ ਹੇਠ ਟੀਮ ਐੱਸ ਆਰ ਕਲੇਰ ਵੱਲੋਂ ਡੋਰ-ਟੂ-ਡੋਰ ਮੁਹਿੰਮ ਦੌਰਾਨ ਘਰ-ਘਰ ਪਹੁੰਚ ਕੇ ਲੋਕਾਂ ਨਾਲ ਸਿੱਧਾ ਰਾਬਤਾ ਕਾਇਮ ਕੀਤਾ ਗਿਆ।ਇਸ ਮੌਕੇ ਇਲਾਕਾ ਵਾਸੀਆਂ ਨਾਲ ਵਿਕਾਸ, ਸਫ਼ਾਈ ਪ੍ਰਬੰਧ, ਪੀਣ ਵਾਲੇ ਪਾਣੀ ਤੇ ਹੋਰ ਬੁਨਿਆਦੀ ਸਹੂਲਤਾਂ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ।ਟੀਮ ਵੱਲੋਂ ਵਾਰਡ ਦੇ ਸਰਵਪੱਖੀ ਵਿਕਾਸ ਲਈ ਆਪਣੀ ਵਚਨਬੱਧਤਾ ਦੁਹਰਾਈ ਗਈ। ਚੋਣ ਪ੍ਰਚਾਰ ਦੌਰਾਨ ਲੋਕਾਂ ਵੱਲੋਂ ਭਰਵਾਂ ਹੁੰਗਾਰਾ ਮਿਲਿਆ ਤੇ ਵਾਰਡ ਵਾਸੀਆਂ ਨੇ ਪੂਰਾ ਸਾਥ ਦੇਣ ਦਾ ਭਰੋਸਾ ਦਿੱਤਾ।ਇਸ ਮੌਕੇ ਐੱਸ.ਜੀ.ਪੀ.ਸੀ. ਮੈਂਬਰ ਭਾਈ ਗੁਰਚਰਨ ਸਿੰਘ ਗਰੇਵਾਲ, ਸਾਬਕਾ ਚੇਅਰਮੈਨ ਕਮਲਜੀਤ ਸਿੰਘ ਮੱਲ੍ਹਾ, ਸਰਕਲ ਪ੍ਰਧਾਨ ਚਰਨਜੀਤ ਸਿੰਘ, ਸੀਨੀਅਰ ਅਕਾਲੀ ਆਗੂ ਦੀਪਇੰਦਰ ਸਿੰਘ ਭੰਡਾਰੀ, ਸੀਨੀਅਰ ਯੂਥ ਆਗੂ ਸੰਦੀਪ ਸਿੰਘ ਮੱਲ੍ਹਾ ਤੇ ਸੀਨੀਅਰ ਅਕਾਲੀ ਆਗੂ ਹਰਦੇਵ ਸਿੰਘ ਬੌਬੀ ਹਾਜ਼ਰ ਰਹੇ।

'ਆਪ' ਦੇਸ਼ ਦੀ ਪਹਿਲੀ ਪਾਰਟੀ, ਜਿਸ ਨੇ ਸਾਰੇ ਵਾਅਦੇ ਪੂਰੇ ਕੀਤੇ : ਵਰਿੰਦਰ ਗੋਇਲ

ਧੂਰੀ (ਮਨੋਹਰ ਸਿੰਘ ਸੱਗੂ)- ਪੰਜਾਬ ਦੇ ਕੈਬਿਨਟ ਮੰਤਰੀ ਵਰਿੰਦਰ ਗੋਇਲ ਨੇ ਲੰਘੀ ਦੇਰ ਸ਼ਾਮ ਨਗਰ ਕੌਂਸਲ ਧੂਰੀ ਦੀ ਚੋਣ ਲਈ ਵਾਰਡ ਨੰਬਰ-14 ਤੋਂ ਆਪ ਦੇ ਉਮੀਦਵਾਰ ਸੰਦੀਪ ਬਾਂਸਲ ਦੇ ਹੱਕ 'ਚ ਚੋਣ ਪ੍ਰਚਾਰ ਕਰਦਿਆਂ ਆਰੀਆ ਸਮਾਜ ਬਲਾਕ ਅੰਦਰ ਵਿਸ਼ਾਲ ਰੈਲੀ ਨੂੰ ਸੰਬੋਧਨ ਕੀਤਾ। ਇਸ ਮੌਕੇ ਵਰਿੰਦਰ ਗੋਇਲ ਨੇ ਵਾਰਡ ਦੇ ਵੋਟਰਾਂ ਨੂੰ ਸੰਦੀਪ ਬਾਂਸਲ ਨੂੰ ਜਿਤਾਉਣ ਦੀ ਅਪੀਲ ਕਰਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਦੇਸ਼ ਦੀ ਪਹਿਲੀ ਪਾਰਟੀ ਹੈ, ਜਿਸ ਨੇ 2022 ਦੀਆਂ ਚੋਣਾਂ ਤੋਂ ਪਹਿਲਾਂ ਲੋਕਾਂ ਨਾਲ ਕੀਤੇ ਸਾਰੇ ਵਾਅਦੇ ਸਰਕਾਰ ਬਣਨ 'ਤੇ ਚਾਰ ਸਾਲਾਂ ਵਿੱਚ ਪੂਰੇ ਕੀਤੇ।

ਉਨ੍ਹਾਂ ਕਿਹਾ ਕਿ ਜਦੋਂ ਤੋਂ ਮੁੱਖ ਮੰਤਰੀ ਭਗਵੰਤ ਮਾਨ ਨੇ ਪੰਜਾਬ ਦੀ ਵਾਗਡੋਰ ਸੰਭਾਲੀ ਹੈ, ਉਦੋਂ ਤੋਂ ਆਪ ਸਰਕਾਰ ਨੇ ਸਿੱਖਿਆ ਤੇ ਸਿਹਤ ਸਮੇਤ ਹਰ ਖੇਤਰ 'ਚ ਪਾਰਦਰਸ਼ਤਾ ਨਾਲ ਕੰਮ ਕੀਤਾ ਅਤੇ ਮੁੱਖ ਮੰਤਰੀ ਦੇ ਹਲਕਾ ਧੂਰੀ 'ਚ ਵੱਡੇ ਪੱਧਰ 'ਤੇ ਵਿਕਾਸ ਕਾਰਜ ਹੋਏ ਹਨ।ਉਨ੍ਹਾਂ ਕਿਹਾ ਕਿ ਤੁਸੀਂ ਧੂਰੀ ਦੇ ਵਿਕਾਸ ਲਈ ਪਹਿਲਾਂ ਹੀ ਆਪ ਦੇ ਪੰਜ ਉਮੀਦਵਾਰਾਂ ਨੂੰ ਬਿਨਾਂ ਮੁਕਾਬਲਾ ਜਿਤਾ ਕੇ ਸਫ਼ਲਤਾ ਦੀ ਮੋਹਰ ਲਾ ਦਿੱਤੀ ਅਤੇ ਹੁਣ 26 ਮਈ ਨੂੰ ਬਾਕੀ ਰਹਿੰਦੇ ਵਾਰਡਾਂ 'ਚ ਵੀ ਆਪ ਦੇ ਉਮੀਦਵਾਰ ਜਿਤਾ ਕੇ ਮੁੱਖ ਮੰਤਰੀ ਭਗਵੰਤ ਮਾਨ ਦੇ ਹੱਥ ਮਜ਼ਬੂਤ ਕਰਿਓ। ਇਸ ਮੌਕੇ ਵਾਰਡ ਨੰਬਰ-14 ਦੇ ਉਮੀਦਵਾਰ ਸੰਦੀਪ ਬਾਂਸਲ ਨੇ ਸਾਰਿਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਤੁਸੀਂ ਮੈਨੂੰ ਇਸ ਬਾਰ ਸੇਵਾ ਦਾ ਮੌਕਾ ਦਿਓ, ਮੈਂ ਬਿਨਾਂ ਭੇਦ ਭਾਵ ਸਮੁੱਚੇ ਵਾਰਡ ਦਾ ਵਿਕਾਸ ਕਰਵਾਂਗਾ।ਹੋਰਨਾਂ 'ਚ ਮੁੱਖ ਮੰਤਰੀ ਦੇ ਓ ਐੱਸ ਡੀ ਸੁਖਵੀਰ ਸਿੰਘ, ਵਕਫ਼ ਬੋਰਡ ਦੇ ਮੈਂਬਰ ਡਾ: ਅਨਵਰ ਭਸੌੜ, ਅਨਿਲ ਮਿੱਤਲ, ਹਰਜਿੰਦਰ ਸਿੰਘ ਕਾਂਝਲਾ, ਪੁਸ਼ਪਿੰਦਰ ਸ਼ਰਮਾ ਆਦਿ ਮੌਜੂਦ ਸਨ।

ਮਿੰਕੂ ਜਵੰਧਾ ਵੱਲੋਂ ਅਰਵਿੰਦ ਕੇਜਰੀਵਾਲ ਨਾਲ ਅਹਿਮ ਮੁਲਾਕਾਤ

ਭਵਾਨੀਗੜ੍ਹ (ਰਾਜ ਖੁਰਮੀ) ਪੰਜਾਬ ਵਿੱਚ ਪ੍ਰਸ਼ਾਸਨਕ ਸੁਧਾਰਾਂ, ਉਦਯੋਗਿਕ ਵਿਕਾਸ ਤੇ ਲੋਕ-ਪੱਖੀ ਨੀਤੀਆਂ ਨੂੰ ਨਵੀਂ ਦਿਸ਼ਾ ਦੇਣ ਦੇ ਮਕਸਦ ਨਾਲ ਪੰਜਾਬ ਇਨਫੋਟੈਕ ਦੇ ਚੇਅਰਮੈਨ ਗੁਨਿੰਦਰਜੀਤ ਸਿੰਘ ਮਿੰਕੂ ਜਵੰਧਾ ਨੇ ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਤੇ ਦਿੱਲੀ ਦੇ ਸਾਬਕਾ ਮੁੱਖ ਮੰਤਰੀ ਸ੍ਰੀ ਅਰਵਿੰਦ ਕੇਜਰੀਵਾਲ ਨਾਲ ਇੱਕ ਅਹਿਮ ਮੁਲਾਕਾਤ ਕੀਤੀ। ਸਿਆਸੀ ਤੇ ਪ੍ਰਸ਼ਾਸਨਕ ਹਲਕਿਆਂ ਵਿੱਚ ਇਸ ਮੁਲਾਕਾਤ ਨੂੰ ਕਾਫ਼ੀ ਅਹਿਮ ਮੰਨਿਆ ਜਾ ਰਿਹਾ ਹੈ।ਮੁਲਾਕਾਤ ਦੌਰਾਨ ਪੰਜਾਬ ਵਿੱਚ ਚੱਲ ਰਹੇ ਪ੍ਰਸ਼ਾਸਨਕ ਸੁਧਾਰਾਂ, ਲੋਕ-ਭਲਾਈ ਯੋਜਨਾਵਾਂ ਤੇ ਸੂਬੇ ਨੂੰ ਤਕਨੀਕੀ ਤੌਰ 'ਤੇ ਮਜ਼ਬੂਤ ਬਣਾਉਣ ਸਬੰਧੀ ਵਿਸਥਾਰ ਨਾਲ ਚਰਚਾ ਹੋਈ।ਚੇਅਰਮੈਨ ਮਿੰਕੂ ਜਵੰਧਾ ਨੇ ਕਿਹਾ ਕਿ ਅਰਵਿੰਦ ਕੇਜਰੀਵਾਲ ਦਾ ਸਿਆਸੀ ਤੇ ਪ੍ਰਸ਼ਾਸਨਕ ਵਿਜ਼ਨ ਦੇਸ਼ ਦੀ ਰਵਾਇਤੀ ਸਿਆਸਤ ਤੋਂ ਵੱਖ ਇੱਕ ਨਵਾਂ ਮਾਡਲ ਪੇਸ਼ ਕਰਦਾ ਹੈ, ਜਿਸ ਵਿੱਚ ਸਿੱਖਿਆ, ਸਿਹਤ ਤੇ ਪਾਰਦਰਸ਼ੀ ਪ੍ਰਸ਼ਾਸਨ ਨੂੰ ਸਭ ਤੋਂ ਵੱਧ ਤਰਜੀਹ ਦਿੱਤੀ ਗਈ ਹੈ।ਮਿੰਕੂ ਜਵੰਧਾ ਨੇ ਕਿਹਾ ਕਿ ਕੇਜਰੀਵਾਲ ਦੇ ਕੰਮ ਕਰਨ ਦਾ ਢੰਗ ਤੇ ਲੋਕਾਂ ਪ੍ਰਤੀ ਜਵਾਬਦੇਹੀ ਹਮੇਸ਼ਾ ਨਵੀਂ ਪ੍ਰੇਰਨਾ ਦਿੰਦੀ ਹੈ।ਉਨ੍ਹਾਂ ਕਿਹਾ ਕਿ ਅਰਵਿੰਦ ਜੀ ਨਾਲ ਹਰ ਮੁਲਾਕਾਤ ਦੌਰਾਨ ਲੋਕ-ਹਿੱਤ ਵਿੱਚ ਕੁਝ ਨਵਾਂ ਕਰਨ ਦੀ ਸੋਚ ਨੂੰ ਹੋਰ ਮਜ਼ਬੂਤੀ ਮਿਲਦੀ ਹੈ।ਉਨ੍ਹਾਂ ਕਿਹਾ ਕਿ ਸਰਕਾਰ ਦਾ ਮੁੱਖ ਮਕਸਦ ਆਮ ਲੋਕਾਂ ਨੂੰ ਇਮਾਨਦਾਰ ਤੇ ਸੁਚੱਜਾ ਪ੍ਰਸ਼ਾਸਨ ਮੁਹੱਈਆ ਕਰਵਾਉਣਾ ਹੈ।ਸਿਆਸੀ ਮਾਹਰਾਂ ਮੁਤਾਬਕ, ਇਸ ਤਰ੍ਹਾਂ ਦੀਆਂ ਉੱਚ-ਪੱਧਰੀ ਮੁਲਾਕਾਤਾਂ ਪੰਜਾਬ ਵਿੱਚ ਪ੍ਰਸ਼ਾਸਨਕ ਪਾਰਦਰਸ਼ਤਾ, ਉਦਯੋਗਿਕ ਵਿਕਾਸ ਤੇ ਨਵੀਂ ਸੋਚ ਵਾਲੀ ਸਿਆਸਤ ਨੂੰ ਹੋਰ ਮਜ਼ਬੂਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਅ ਸਕਦੀਆਂ ਹਨ।

ਨਗਰ ਕੌਂਸਲ ਚੋਣਾਂ ਲਈ ਹਰਪ੍ਰੀਤ ਸਿੰਘ ਪੁਲਸ ਅਬਜ਼ਰਵਰ ਨਿਯੁਕਤ

ਫਿਰੋਜ਼ਪੁਰ (ਅਸ਼ੋਕ ਸ਼ਰਮਾ) ਪੰਜਾਬ ਰਾਜ ਵਿਚ ਨਗਰ ਨਿਗਮ/ਨਗਰ ਕੌਂਸਲ ਚੋਣਾਂ-2026, ਜੋ 26 ਮਈ 2026 ਨੂੰ ਕਰਵਾਈਆਂ ਜਾ ਰਹੀਆਂ ਹਨ, ਇਸ ਚੋਣ ਪ੍ਰਕਿਰਿਆ ਨੂੰ ਸੁਤੰਤਰ, ਨਿਰਪੱਖ ਤੇ ਪਾਰਦਰਸ਼ੀ ਢੰਗ ਨਾਲ ਸੰਪੰਨ ਕਰਵਾਉਣ ਲਈ ਰਾਜ ਚੋਣ ਕਮਿਸ਼ਨ ਪੰਜਾਬ ਵੱਲੋਂ ਹਰਪ੍ਰੀਤ ਸਿੰਘ ਆਈਪੀਐੱਸ ਡੀਆਈਜੀ ਈਓਡਬਲਿਊ, ਵਿਜੀਲੈਂਸ ਬਿਊਰੋ ਨੂੰ ਜ਼ਿਲ੍ਹਾ ਫ਼ਿਰੋਜ਼ਪੁਰ ਲਈ ਪੁਲਸ ਅਬਜ਼ਰਵਰ ਨਿਯੁਕਤ ਕੀਤਾ ਗਿਆ ਹੈ। ਇਹ ਜਾਣਕਾਰੀ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਦੀਪਸ਼ਿਖਾ ਸ਼ਰਮਾ ਨੇ ਸਾਂਝੀ ਕੀਤੀ। ਜ਼ਿਲ੍ਹਾ ਚੋਣ ਅਫ਼ਸਰ ਨੇ ਦੱਸਿਆ ਕਿ ਹਰਪ੍ਰੀਤ ਸਿੰਘ ਜ਼ਿਲ੍ਹੇ ਅੰਦਰ ਚੋਣਾਂ ਦੌਰਾਨ ਅਮਨ ਕਾਨੂੰਨ ਦੀ ਸਥਿਤੀ ਨੂੰ ਮਜ਼ਬੂਤ ਕਰਨ ਲਈ ਸੁਰੱਖਿਆ ਪ੍ਰਬੰਧਾਂ ਦੀ ਨਿਗਰਾਨੀ ਕਰਨਗੇ। ਜ਼ਿਲ੍ਹੇ ਦੇ ਵੋਟਰ, ਉਮੀਦਵਾਰ ਜਾਂ ਰਾਜਨੀਤਕ ਪਾਰਟੀਆਂ ਚੋਣ ਪ੍ਰਕਿਰਿਆ ਨਾਲ ਸਬੰਧਤ ਕਿਸੇ ਵੀ ਤਰ੍ਹਾਂ ਦੀ ਸੁਰੱਖਿਆ ਸਬੰਧੀ ਸ਼ਿਕਾਇਤ ਜਾਂ ਸੁਝਾਅ ਬਾਰੇ ਉਨ੍ਹਾਂ ਨਾਲ ਮੋਬਾਇਲ ਨੰਬਰ 98144-32144 'ਤੇ ਜਾਂ ਈਮੇਲ ਆਈਡੀ 'ਤੇ ਸੰਪਰਕ ਕਰ ਸਕਦੇ ਹਨ। ਉਨ੍ਹਾਂ ਨੂੰ ਫ਼ਿਰੋਜ਼ਪੁਰ ਦੇ ਨਾਲ-ਨਾਲ ਫ਼ਾਜ਼ਿਲਕਾ ਜ਼ਿਲ੍ਹੇ ਲਈ ਵੀ ਪੁਲਸ ਆਬਜ਼ਰਵਰ ਨਿਯੁਕਤ ਕੀਤਾ ਗਿਆ ਹੈ ਤੇ ਚੋਣਾਂ ਦੌਰਾਨ ਉਨ੍ਹਾਂ ਦਾ ਹੈੱਡ ਕੁਆਰਟਰ ਫ਼ਿਰੋਜ਼ਪੁਰ ਰਹੇਗਾ।

ਸੈਨਸਾਇਨ 'ਚ ਵਿਦਿਆਰਥੀਆਂ ਲਈ ਮੁਫ਼ਤ ਦੰਦਾਂ ਦਾ ਜਾਂਚ ਕੈਂਪ ਲਗਾਇਆ

ਫਿਰੋਜ਼ਪੁਰ (ਅਸ਼ੋਕ ਸ਼ਰਮਾ) ਜੈਨਸਿਸ ਡੈਂਟਲ ਕਾਲਜ ਤੇ ਹਸਪਤਾਲ ਫਿਰੋਜ਼ਪੁਰ ਵੱਲੋਂ ਸਥਿਤ ਸੈਨਸਾਇਨ ਮੋਡਰਨ ਸੀ. ਬੀ. ਸਕੂਲ ਫਿਰੋਜ਼ਪੁਰ ਵਿੱਚ ਵਿਦਿਆਰਥੀਆਂ ਲਈ ਮੁਫ਼ਤ ਦੰਦਾਂ ਦਾ ਜਾਂਚ ਕੈਂਪ ਲਗਾਇਆ ਗਿਆ। ਇਸ ਕੈਂਪ ਦਾ ਮੁੱਖ ਉਦੇਸ਼ ਬੱਚਿਆਂ ਨੂੰ ਦੰਦਾਂ ਦੀ ਸਫ਼ਾਈ, ਮੂੰਹ ਦੀ ਸੁੱਚਤਾ ਤੇ ਦੰਦਾਂ ਨਾਲ ਸਬੰਧਤ ਬਿਮਾਰੀਆਂ ਪ੍ਰਤੀ ਜਾਗਰੂਕ ਕਰਨਾ ਸੀ। ਕੈਂਪ ਦੌਰਾਨ ਵੱਡੀ ਗਿਣਤੀ ਵਿਚ ਵਿਦਿਆਰਥੀਆਂ ਨੇ ਆਪਣੇ ਦੰਦਾਂ ਦੀ ਜਾਂਚ ਕਰਵਾਈ ਤੇ ਮਾਹਰ ਡਾਕਟਰਾਂ ਤੋਂ ਸਿਹਤ ਸਬੰਧੀ ਮਹੱਤਵਪੂਰਨ ਜਾਣਕਾਰੀ ਹਾਸਲ ਕੀਤੀ। ਇਸ ਮੌਕੇ ਸਕੂਲ ਦੇ ਪ੍ਰਿੰਸੀਪਲ ਜਗਦੀਸ਼ ਸਿੰਘ ਨੇ ਕਾਲਜ ਦੀ ਟੀਮ ਦਾ ਸਵਾਗਤ ਕਰਦਿਆਂ ਕਿਹਾ ਕਿ ਇਸ ਤਰ੍ਹਾਂ ਦੇ ਸਿਹਤ ਕੈਂਪ ਵਿਦਿਆਰਥੀਆਂ ਲਈ ਬਹੁਤ ਹੀ ਲਾਭਦਾਇਕ ਸਾਬਿਤ ਹੁੰਦੇ ਹਨ। ਕੈਂਪ ਦੌਰਾਨ ਡਾ. ਸੁਕੀਰਤ ਕੌਰ ਤੇ ਡਾ. ਨਵਚੰਦਨ ਨੇ ਵਿਦਿਆਰਥੀਆਂ ਦੇ ਦੰਦਾਂ ਦੀ ਜਾਂਚ ਕਰਕੇ ਉਨ੍ਹਾਂ ਨੂੰ ਨਿਯਮਤ ਤੌਰ 'ਤੇ ਸਵੇਰੇ-ਸ਼ਾਮ ਬਰਸ਼ ਕਰਨ, ਵੱਧ ਮਿੱਠਾ ਖਾਣ ਤੋਂ ਬਚਣ ਤੇ ਸਮੇਂ-ਸਮੇਂ 'ਤੇ ਦੰਦਾਂ ਦੀ ਜਾਂਚ ਕਰਵਾਉਣ ਦੀ ਸਲਾਹ ਦਿੱਤੀ। ਇਸ ਮੌਕੇ ਕਾਲਜ ਦੇ ਪੀ.ਆਰ.ਓ. ਰਣਜੀਤ ਸਿੰਘ ਤੇ ਮਨਜੀਤ ਸਿੰਘ ਵੱਲੋਂ ਵਿਦਿਆਰਥੀਆਂ ਨੂੰ ਟੂਥਪੇਸਟ ਤੇ ਟੂਥਬਰਸ਼ ਵੰਡੇ ਗਏ ਅਤੇ ਉਨ੍ਹਾਂ ਨੂੰ ਸਫ਼ਾਈ ਅਪਨਾਉਣ ਲਈ ਪ੍ਰੇਰਿਤ ਕੀਤਾ ਗਿਆ।

ਨਗਰ ਕੌਂਸਲ ਚੋਣਾਂ ਅਮਨ-ਅਮਾਨ ਨਾਲ ਨੇਪਰੇ ਚਾੜ੍ਹਨ ਲਈ ਪੁਲਸ ਵੱਲੋਂ ਫਲੈਗ ਮਾਰਚ

ਮਾਨਸਾ/ ਬੋਹਾ (ਆਤਮਾ ਸਿੰਘ ਪਮਾਰ, ਨਿਰੰਜਣ ਬੋਹਾ)- ਸ੍ਰੀ ਭਾਗੀਰਥ ਸਿੰਘ ਮੀਨਾ ਆਈ.ਪੀ.ਐੱਸ ਸੀਨੀਅਰ ਕਪਤਾਨ ਪੁਲਸ

ਮਾਨਸਾ ਨੇ ਪ੍ਰੈੱਸ ਬਿਆਨ ਜਾਰੀ ਕਰਦਿਆਂ ਦੱਸਿਆ ਕਿ ਮਾਨਯੋਗ ਸਪੈਸ਼ਲ ਡਾਇਰੈਕਟਰ ਜਨਰਲ ਪੁਲਸ, ਕਾਨੂੰਨ ਤੇ ਵਿਵਸਥਾ, ਪੰਜਾਬ, ਚੰਡੀਗੜ੍ਹ ਦੀਆਂ ਹਦਾਇਤਾਂ ਅਨੁਸਾਰ ਜ਼ਿਲ੍ਹਾ ਮਾਨਸਾ 'ਚ ਸ਼ਹਿਰ ਮਾਨਸਾ, ਕਸਬਾ ਜੋਗਾ, ਸ਼ਹਿਰ ਬੁਢਲਾਡਾ, ਬਰੇਟਾ ਤੇ ਕਸਬਾ ਬੋਹਾ ਵਿਖੇ ਨਗਰ ਕੌਂਸਲ/ਨਗਰ ਪੰਚਾਇਤ ਚੋਣਾਂ ਨੂੰ ਅਮਨ ਅਮਾਨ ਤੇ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹਨ ਸਬੰਧੀ ਜ਼ਿਲ੍ਹਾ ਮਾਨਸਾ ਦੇ ਸ਼ਹਿਰ ਮਾਨਸਾ, ਕਸਬਾ ਜੋਗਾ, ਸ਼ਹਿਰ ਬੁਢਲਾਡਾ, ਬਰੇਟਾ ਤੇ ਕਸਬਾ ਬੋਹਾ ਵਿੱਚ ਫਲੈਗ ਮਾਰਚ ਕੀਤਾ ਗਿਆ। ਸੀਨੀਅਰ ਕਪਤਾਨ ਪੁਲਸ ਮਾਨਸਾ ਨੇ ਹੋਰ ਜਾਣਕਾਰੀ ਦਿੰਦਿਆਂ ਦੱਸਿਆ ਕਿ ਨਗਰ ਕੌਂਸਲ/ਨਗਰ ਪੰਚਾਇਤ ਚੋਣਾਂ 'ਚ ਜ਼ਿਲ੍ਹਾ ਮਾਨਸਾ ਦੇ ਸ਼ਹਿਰ ਮਾਨਸਾ, ਕਸਬਾ ਜੋਗਾ, ਸ਼ਹਿਰ ਬੁਢਲਾਡਾ, ਬਰੇਟਾ ਤੇ ਕਸਬਾ ਬੋਹਾ ਅੰਦਰ ਚੋਣਾਂ ਹੋ ਰਹੀਆਂ ਹਨ, ਜਿਨ੍ਹਾਂ ਨੂੰ ਮੱਦੇਨਜ਼ਰ ਰੱਖਦੇ ਹੋਏ ਸ਼ਹਿਰ ਮਾਨਸਾ, ਕਸਬਾ ਜੋਗਾ, ਸ਼ਹਿਰ ਬੁਢਲਾਡਾ, ਬਰੇਟਾ ਤੇ ਬੋਹਾ ਵਿੱਚ ਫਲੈਗ ਮਾਰਚ ਕੀਤਾ ਗਿਆ।ਫਲੈਗ ਮਾਰਚ ਦਾ ਮੰਤਵ ਜ਼ਿਲ੍ਹਾ ਅੰਦਰ ਨਗਰ ਕੌਂਸਲ/ਨਗਰ ਪੰਚਾਇਤ ਚੋਣਾਂ ਨੂੰ ਅਮਨ ਨਾਲ ਨੇਪਰੇ ਚਾੜ੍ਹਨਾ ਹੈ ਤੇ ਲੋਕਾਂ ਨੂੰ ਆਪਣੇ ਵੋਟ ਦੇ ਅਧਿਕਾਰ ਦੀ ਬਿਨਾਂ ਕਿਸੇ ਡਰ ਭੈਅ ਤੋਂ ਵਰਤੋਂ ਕਰਨ ਸਬੰਧੀ ਅਪੀਲ ਕੀਤੀ ਗਈ। ਫਲੈਗ ਮਾਰਚ 'ਚ ਐਸ.ਐਸ.ਪੀ ਖੁਦ ਸਮੇਤ 2 ਐਸ.ਪੀ, 7 ਡੀ.ਐੱਸ.ਪੀ, 7 ਮੁੱਖ ਅਫਸਰ, 5 ਚੌਕੀ ਇੰਚਾਰਜ ਸਮੇਤ ਇੰਚ: ਸੀ.ਆਈ.ਏ. ਤੇ 285 ਕਰਮਚਾਰੀਆਂ ਨੇ ਹਿੱਸਾ ਲਿਆ।

ਐੱਸ ਆਰ ਐੱਸ ਵਿਦਿਆਪੀਠ 'ਚ ਰੋਹਿਤ ਸ਼ਰਮਾ ਦੀ ਕ੍ਰਿਕਿੰਗਡਮ ਕ੍ਰਿਕਟ ਅਕੈਡਮੀ ਦਾ ਆਗਾਜ਼

ਸਮਾਣਾ (ਗੁਰਪਿਆਰ ਸਿੰਘ ਬੱਲ, ਇਕਬਾਲ ਸਿੰਘ ਬੱਲ)- ਐੱਸ ਆਰ ਐੱਸ ਵਿਦਿਆਪੀਠ ਨੇ ਸ਼ਨੀਵਾਰ ਆਪਣੇ ਕੈਂਪਸ ਵਿੱਚ ਪ੍ਰਸਿੱਧ ਕ੍ਰਿਕਿੰਗਡਮ ਕ੍ਰਿਕਟ ਅਕੈਡਮੀ ਬਾਇ ਰੋਹਿਤ ਸ਼ਰਮਾ ਦਾ ਸ਼ੁੱਭ ਉਦਘਾਟਨ ਕਰਦਿਆਂ ਇੱਕ ਇਤਿਹਾਸਕ ਮੀਲ ਪੱਥਰ ਸਥਾਪਤ ਕੀਤਾ।ਇਸ ਪਹਿਲ ਨਾਲ ਖੇਤਰ ਦੇ ਉਭਰਦੇ ਕ੍ਰਿਕਟਰਾਂ ਨੂੰ ਵਿਸ਼ਵ-ਪੱਧਰੀ ਟ੍ਰੇਨਿੰਗ ਸੁਵਿਧਾਵਾਂ ਤੇ ਪ੍ਰੋਫ਼ੈਸ਼ਨਲ ਕ੍ਰਿਕਟ ਮਾਹੌਲ ਪ੍ਰਾਪਤ ਹੋਵੇਗਾ।

ਉਦਘਾਟਨ ਸਮਾਰੋਹ ਵਿੱਚ ਭਾਰਤੀ ਕ੍ਰਿਕਟ ਸਿਤਾਰੇ ਰੋਹਿਤ ਸ਼ਰਮਾ ਦੇ ਭਰਾ ਵਿਸ਼ਾਲ ਸ਼ਰਮਾ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ।ਉਨ੍ਹਾਂ ਦੇ ਨਾਲ ਸੁਸ਼ੀਲ ਸ਼ਰਮਾ ਤੇ ਗੁਰੂਰਾਜ ਦੀ ਵਿਸ਼ੇਸ਼ ਹਾਜ਼ਰੀ ਨੇ ਸਮਾਗਮ ਦੀ ਸ਼ਾਨ ਹੋਰ ਵਧਾ ਦਿੱਤੀ।ਵਿਦਿਆਰਥੀਆਂ, ਮਾਪਿਆਂ ਤੇ ਕ੍ਰਿਕਟ ਪ੍ਰੇਮੀਆਂ ਵਿੱਚ ਇਸ ਮੌਕੇ ਲਈ ਵੱਡਾ ਉਤਸ਼ਾਹ ਦੇਖਣ ਨੂੰ ਮਿਲਿਆ।ਅਕੈਡਮੀ ਵਿੱਚ ਟ੍ਰੇਨਿੰਗ 1 ਜੂਨ 2026 ਤੋਂ ਅਧਿਕਾਰਕ ਤੌਰ 'ਤੇ ਸ਼ੁਰੂ ਹੋਵੇਗੀ, ਜਿਸ ਵਿੱਚ ਮੌਰਨਿੰਗ ਤੇ ਈਵਨਿੰਗ ਦੋਵੇਂ ਬੈਚ ਚਲਾਏ ਜਾਣਗੇ।ਖਿਡਾਰੀਆਂ ਨੂੰ ਪ੍ਰੋਫ਼ੈਸ਼ਨਲ ਕ੍ਰਿਕਟ ਪ੍ਰੋਗਰਾਮ, ਆਧੁਨਿਕ ਪ੍ਰੈਕਟਿਸ ਸੁਵਿਧਾਵਾਂ ਤੇ ਸਮੂਹਕ ਐਥਲੈਟਿਕ ਵਿਕਾਸ ਦੇ ਮੌਕੇ ਪ੍ਰਦਾਨ ਕੀਤੇ ਜਾਣਗੇ। ਇਸ ਮੌਕੇ ਕ੍ਰਿਕਿੰਗਡਮ ਟੀਮ ਵੱਲੋਂ ਰੋਹਿਤ ਸ਼ਰਮਾ ਦੇ ਦਸਤਖ਼ਤ ਵਾਲੀਆਂ ਖਾਸ ਗੁੱਡੀਜ਼ ਵੀ ਵੰਡੀਆਂ ਗਈਆਂ।ਇਸ ਦੇ ਨਾਲ ਐੱਸਆਰਐੱਸ ਵਿਦਿਆਪੀਠ ਨੂੰ ਰੋਹਿਤ ਸ਼ਰਮਾ ਵੱਲੋਂ ਸਾਇਨ ਕੀਤਾ ਹੋਇਆ ਇੱਕ ਵਿਸ਼ੇਸ਼ ਕ੍ਰਿਕਟ ਬੈਟ ਵੀ ਭੇਟ ਕੀਤਾ ਗਿਆ, ਜਿਸ ਨੇ ਸਮਾਗਮ ਨੂੰ ਹੋਰ ਵੀ ਮਾਣਮੱਤਾ ਬਣਾ ਦਿੱਤਾ।ਇਹ ਅਕੈਡਮੀ ਕੇਵਲ ਸਕੂਲ ਦੇ ਵਿਦਿਆਰਥੀਆਂ ਲਈ ਹੀ ਨਹੀਂ, ਸਗੋਂ ਖੇਤਰ ਦੇ ਸਾਰੇ ਉਭਰਦੇ ਕ੍ਰਿਕਟਰਾਂ ਲਈ ਖੁੱਲ੍ਹੀ ਰਹੇਗੀ। ਇਸ ਮੌਕੇ ਚੇਅਰਮੈਨ ਸੀਏ ਅਮਿਤ ਸਿੰਗਲਾ, ਮੈਨੇਜਿੰਗ ਡਾਇਰੈਕਟਰ ਸੀਏ ਲਲਿਤ ਸਿੰਗਲਾ, ਵਾਇਸ ਚੇਅਰਪਰਸਨ ਸਮਿਧਾ ਸਿੰਗਲਾ ਨੇ ਇਸ ਨੂੰ ਐੱਸਆਰਐੱਸ ਤੇ ਸਮਾਣਾ ਦੇ ਇਤਿਹਾਸ ਦਾ ਯਾਦਗਾਰ ਦਿਨ ਕਰਾਰ ਦਿੱਤਾ, ਜਦਕਿ ਪ੍ਰਿੰਸੀਪਲ ਡਾ. ਚੰਦਨਦੀਪ ਨੇ ਸਿੱਖਿਆ ਤੇ ਖੇਡਾਂ ਦੇ ਸੰਤੁਲਿਤ ਵਿਕਾਸ ਨੂੰ ਭਵਿੱਖ ਨਿਰਮਾਣ ਲਈ ਜ਼ਰੂਰੀ ਦੱਸਿਆ।ਸਕੂਲ ਪ੍ਰਬੰਧਨ ਵੱਲੋਂ ਕ੍ਰਿਕਿੰਗਡਮ ਟੀਮ ਤੇ ਇਸ ਪਹਿਲ ਨਾਲ ਜੁੜੇ ਸਾਰੇ ਲੋਕਾਂ ਦਾ ਵਿਸ਼ੇਸ਼ ਧੰਨਵਾਦ ਕੀਤਾ ਗਿਆ।

ਮੋਬਾਈਲ ਟਾਵਰਾਂ ਦਾ ਸਾਮਾਨ ਚੋਰੀ

ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ) ਥਾਣਾ ਮੂਲੇਪੁਰ ਅਧੀਨ ਪੈਂਦੇ ਵੱਖ ਵੱਖ ਪਿੰਡਾਂ ਵਿੱਚ ਲੱਗੇ ਮੋਬਾਈਲ ਕੰਪਨੀਆਂ ਦੇ ਟਾਵਰਾਂ 'ਚੋਂ ਸਾਮਾਨ ਚੋਰੀ ਹੋ ਜਾਣ ਦਾ ਮਾਮਲਾ ਸਾਹਮਣੇ ਆਇਆ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਪੁਲਸ ਨੂੰ ਦਿੱਤੀ ਸ਼ਿਕਾਇਤ ਵਿੱਚ ਰਣਧੀਰ ਸਿੰਘ ਨੇ ਦੱਸਿਆ ਕਿ ਉਹ ਮੋਬਾਈਲ ਟਾਵਰਾਂ ਦੀ ਦੇਖ ਰੇਖ ਕਰਨ ਵਾਲੀ ਇੱਕ ਕੰਪਨੀ ਵਿੱਚ ਸੁਪਰਵਾਈਜ਼ਰ ਵਜੋਂ ਤਾਇਨਾਤ ਹੈ।ਬੀਤੇ ਕੁਝ ਅਰਸੇ ਦੌਰਾਨ ਨਾਮਾਲੂਮ ਵਿਅਕਤੀ ਪਿੰਡ ਖਰੌੜਾ, ਲਟੌਰ, ਜਖਵਾਲੀ, ਬਹਿਲੋਲਪੁਰ ਤੇ ਬਦੌਛੀ ਕਲਾਂ ਵਿੱਚ ਲੱਗੇ ਏਅਰਟੈੱਲ/ਜੀਓ ਦੇ ਟਾਵਰਾਂ ਤੋਂ ਸੈਮਸੰਗ ਬੀਟੀਐਸ ਕਾਰਡ, ਅਸੈਂਸਰੀ ਤੇ ਜੀਓ 5ਜੀ ਐਕੁਪਮੈਂਟ ਚੋਰੀ ਕਰਕੇ ਨਾਲ ਲੈ ਗਏ।ਰਣਧੀਰ ਸਿੰਘ ਦੇ ਬਿਆਨਾਂ ਤੇ ਨਾਮਾਲੂਮ ਵਿਅਕਤੀ/ਵਿਅਕਤੀਆਂ ਵਿਰੁੱਧ ਅ/ਧ 303 (2) ਬੀ.ਐੱਨ.ਐੱਸ. ਤਹਿਤ ਮੁਕੱਦਮਾ ਦਰਜ ਕਰਕੇ ਥਾਣਾ ਮੂਲੇਪੁਰ ਦੀ ਪੁਲਸ ਵੱਲੋਂ ਮਾਮਲੇ ਦੀ ਤਫ਼ਤੀਸ਼ ਕੀਤੀ ਜਾ ਰਹੀ ਹੈ।

'ਆਪ' ਉਮੀਦਵਾਰ ਸੁਖਨਜੀਤ ਨੂੰ ਵੋਟਰਾਂ ਦਾ ਭਾਰੀ ਸਹਿਯੋਗ

ਕੋਟ ਈਸੇ ਖਾਂ (ਅਰੋੜਾ)- ਚੋਣ ਪ੍ਰਚਾਰ ਦੇ ਆਖਰੀ ਦਿਨ ਸਾਰੇ ਹੀ ਉਮੀਦਵਾਰਾਂ ਵੱਲੋਂ ਆਪੋ ਆਪਣੇ ਤਰੀਕਿਆਂ ਨਾਲ ਚੋਣ ਪ੍ਰਚਾਰ ਕਰਕੇ ਵੋਟਾਂ ਦੀ ਮੰਗ ਕੀਤੀ ਗਈ।ਇਸ ਤਹਿਤ ਵਾਰਡ ਨੰਬਰ 7 ਤੋਂ ਆਮ ਆਦਮੀ ਉਮੀਦਵਾਰ ਸੁਖਨਜੀਤ ਕੌਰ ਪਤਨੀ ਅਮਨ ਟੱਕਰ ਨੇ ਵੀ ਵਿਕਾਸ ਦੇ ਕੰਮਾਂ ਨੂੰ ਅੱਗੇ ਰੱਖਦਿਆਂ ਚੋਣ ਪ੍ਰਚਾਰ ਕੀਤਾ ਗਿਆ ਅਤੇ ਉਸ ਸਮੇਂ ਵੱਡਾ ਹੁੰਗਾਰਾ ਮਿਲਿਆ, ਜਦੋਂ ਹਲਕਾ ਵਿਧਾਇਕ ਦਵਿੰਦਰਜੀਤ ਸਿੰਘ ਲਾਡੀ ਢੋਸ ਦੀ ਹਾਜ਼ਰੀ ਵਿੱਚ ਵਾਰਡ ਵਾਸੀਆਂ ਨੇ ਸੁਖਨਜੀਤ ਕੌਰ ਨੂੰ ਸਮਰਥਨ ਦਿੰਦਿਆਂ ਵੱਡੀ ਲੀਡ ਨਾਲ ਜਿਤਾਉਣ ਦੀ ਗੱਲ ਕਹੀ।ਇਸ ਮੌਕੇ ਦਵਿੰਦਰਜੀਤ ਸਿੰਘ ਲਾਡੀ ਢੋਸ ਨੇ ਕਿਹਾ ਕਿ ਲੋਕਾਂ ਨਾਲ ਜੋ ਜੋ ਵਾਅਦੇ ਕੀਤੇ ਸਨ, ਉਨ੍ਹਾਂ ਨੂੰ ਸਮੇਂ ਸਮੇਂ 'ਤੇ ਪੂਰਾ ਕੀਤਾ ਜਾ ਰਿਹਾ ਹੈ।ਉਨ੍ਹਾਂ ਕਿਹਾ ਕਿ ਵਾਰਡ ਵਾਸੀ ਡੱਟ ਕੇ ਸੁਖਨਜੀਤ ਕੌਰ ਦਾ ਸਾਥ ਦੇਣ ਤੇ ਆਉਣ ਵਾਲੀ 26 ਮਈ ਨੂੰ ਝਾੜੂ ਚੋਣ ਨਿਸ਼ਾਨ 'ਤੇ ਮੋਹਰ ਲਗਾ ਕੇ ਜਿੱਤ ਪ੍ਰਾਪਤ ਕਰਾਉਣ। ਟੱਕਰ ਪਰਿਵਾਰ ਨੇ ਵਾਰਡ ਵਾਸੀਆਂ ਨੂੰ ਵਿਸ਼ਵਾਸ ਦਿਵਾਇਆ ਕਿ ਤੁਹਾਡੀਆਂ ਸਮੱਸਿਆਵਾਂ ਦਾ ਹੱਲ ਪਹਿਲ ਦੇ ਆਧਾਰ 'ਤੇ ਕੀਤਾ ਜਾਵੇਗਾ। ਜੇਕਰ ਵਾਰਡ ਵਾਸੀਆਂ ਨੂੰ ਕੋਈ ਪ੍ਰੇਸ਼ਾਨੀ ਜਾਂ ਮੁਸ਼ਕਲ ਆਉਂਦੀ ਹੈ ਤਾਂ ਜਦ ਮਰਜ਼ੀ ਸਾਡੇ ਨਾਲ ਸੰਪਰਕ ਕੀਤਾ ਜਾ ਸਕਦਾ ਹੈ, ਤੁਹਾਡੇ ਵਾਸਤੇ ਘਰਾਂ ਦੇ ਦਰਵਾਜ਼ੇ ਸਦਾ ਖੁੱਲ੍ਹੇ ਹਨ।

...ਸਫ਼ਾ 1 ਦੇ ਬਾਕੀ

ਖਿਡਾਰੀਆਂ ਦੀ ਮਿਹਨਤ ਦਾ ਮੁੱਲ ਪਾਇਆ...

ਪੰਜਾਬ ਸਰਕਾਰ ਨੇ ਸੂਬੇ ਭਰ ਵਿੱਚ ਖੇਡਾਂ ਦੇ ਬੁਨਿਆਦੀ ਢਾਂਚੇ ਅਤੇ ਅਥਲੀਟਾਂ ਦੇ ਵਿਕਾਸ ਲਈ ਵਿੱਤੀ ਸਾਲ 2026-27 ਲਈ 1,763 ਕਰੋੜ ਰੁਪਏ ਦਾ ਰਿਕਾਰਡ ਖੇਡ ਬਜਟ ਅਲਾਟ ਕੀਤਾ ਹੈ। ਪਿੰਡਾਂ ਵਿੱਚ ਪ੍ਰਤਿਭਾਸ਼ਾਲੀ ਖਿਡਾਰੀਆਂ ਨੂੰ ਨਿਖਾਰਨ ਲਈ 1,300 ਕਰੋੜ ਰੁਪਏ ਦੀ ਲਾਗਤ ਨਾਲ 3,148 ਪੇਂਡੂ ਖੇਡ ਮੈਦਾਨ ਵਿਕਸਤ ਕੀਤੇ ਜਾ ਰਹੇ ਹਨ। ਇਹ ਮੈਦਾਨ ਪਿੰਡਾਂ ਦੇ ਉੱਭਰਦੇ ਖਿਡਾਰੀਆਂ ਲਈ ਚਾਨਣਮੁਨਾਰਾ ਬਣਨਗੇ। ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਵਿੱਚ ਖੇਡ ਐਸੋਸੀਏਸ਼ਨਾਂ 'ਤੇ ਪਹਿਲਾਂ ਸਿਆਸੀ ਤੌਰ 'ਤੇ ਜੁੜੇ ਵਿਅਕਤੀਆਂ ਦਾ ਦਬਦਬਾ ਸੀ, ਪਰ ਪੰਜਾਬ ਸਰਕਾਰ ਨੇ ਉਸ ਰੁਝਾਨ ਨੂੰ ਖ਼ਤਮ ਕਰ ਦਿੱਤਾ ਹੈ ਅਤੇ ਮੈਰਿਟ ਦੇ ਅਧਾਰ 'ਤੇ ਆਮ ਖਿਡਾਰੀਆਂ ਲਈ ਦਰਵਾਜ਼ੇ ਖੋਲ੍ਹ ਦਿੱਤੇ ਹਨ।ਚੋਟੀ ਦੇ ਸਨਮਾਨਤ ਖਿਡਾਰੀਆਂ ਵਿੱਚ ਭਾਰਤੀ ਮਹਿਲਾ ਕ੍ਰਿਕਟ ਟੀਮ ਦੀ ਕਪਤਾਨ ਹਰਮਨਪ੍ਰੀਤ ਕੌਰ, ਹਰਲੀਨ ਦਿਓਲ ਅਤੇ ਅਮਨਜੋਤ ਕੌਰ ਨੂੰ ਵਿਸ਼ਵ ਕੱਪ ਜਿੱਤ ਲਈ ਡੇਢ-ਡੇਢ ਕਰੋੜ ਰੁਪਏ ਨਾਲ ਸਨਮਾਨਤ ਕੀਤਾ। ਨਿਸ਼ਾਨੇਬਾਜ਼ੀ ਵਿੱਚ ਵਿਸ਼ਵ ਚੈਂਪੀਅਨਸ਼ਿਪ ਦੇ ਮੈਡਲ ਜੇਤੂ ਅਮਨਪ੍ਰੀਤ ਸਿੰਘ ਨੂੰ 1.54 ਕਰੋੜ ਰੁਪਏ ਅਤੇ ਨੀਰਜ ਕੁਮਾਰ ਨੂੰ 1.52 ਕਰੋੜ ਦੀ ਰਾਸ਼ੀ ਨਾਲ ਸਨਮਾਨਤ ਕੀਤਾ ਗਿਆ, ਜਦੋਂ ਕਿ ਕਿਰਨਦੀਪ ਕੌਰ ਅਤੇ ਕ੍ਰਿਤਿਕਾ ਸ਼ਰਮਾ ਨੇ 50-50 ਲੱਖ ਰੁਪਏ ਪ੍ਰਾਪਤ ਕੀਤੇ।ਉੱਭਰਦੇ ਨਿਸ਼ਾਨੇਬਾਜ਼ ਵਿਜੇਵੀਰ ਸਿੱਧੂ ਨੂੰ 28.50 ਲੱਖ ਰੁਪਏ ਨਾਲ ਸਨਮਾਨਤ ਕੀਤਾ ਗਿਆ, ਵੁਸ਼ੂ ਖਿਡਾਰੀ ਕੁਸ਼ਲ ਕੁਮਾਰ ਨੇ 25 ਲੱਖ ਰੁਪਏ ਪ੍ਰਾਪਤ ਕੀਤੇ, ਜਦੋਂ ਕਿ ਪੈਰਾ-ਪਾਵਰ ਲਿਫਟਿੰਗ ਵਿਸ਼ਵ ਚੈਂਪੀਅਨ ਪਰਮਜੀਤ ਕੁਮਾਰ ਨੂੰ ਉਸ ਦੀਆਂ ਸ਼ਾਨਦਾਰ ਅੰਤਰਰਾਸ਼ਟਰੀ ਪ੍ਰਾਪਤੀਆਂ ਲਈ 55 ਲੱਖ ਰੁਪਏ ਦਿੱਤੇ ਗਏ।

ਉਨ੍ਹਾ ਕਿਹਾ ਕਿ ਸਾਲ 2018-19 ਦੇ ਐਵਾਰਡ ਜੇਤੂਆਂ ਵਿੱਚ ਹਾਕੀ ਖਿਡਾਰੀ ਰਮਨਦੀਪ ਸਿੰਘ, ਜੂਡੋ ਖਿਡਾਰੀ ਕਿਰਨਜੀਤ ਸਿੰਘ, ਕਬੱਡੀ ਖਿਡਾਰੀ ਹਰਵਿੰਦਰ ਕੌਰ, ਰੋਇੰਗ ਖਿਡਾਰੀ ਜਸਪ੍ਰੀਤ ਸਿੰਘ, ਨਿਸ਼ਾਨੇਬਾਜ਼ ਅੰਗਦ ਵੀਰ ਸਿੰਘ ਬਾਜਵਾ, ਵੇਟ ਲਿਫਟਰ ਪ੍ਰਦੀਪ ਸਿੰਘ, ਪਹਿਲਵਾਨ ਹਰਪ੍ਰੀਤ ਸਿੰਘ ਅਤੇ ਤੈਰਾਕ ਚਾਹਤ ਅਰੋੜਾ ਸ਼ਾਮਲ ਸਨ।ਉਨ੍ਹਾ ਕਿਹਾ ਕਿ ਸਾਲ 2020 ਵਿੱਚ ਤੀਰਅੰਦਾਜ਼ੀ ਵਿੱਚ ਸੰਗਮਪ੍ਰੀਤ ਸਿੰਘ ਬਿਸਲਾ, ਅਥਲੈਟਿਕਸ ਵਿੱਚ ਟਵਿੰਕਲ ਚੌਧਰੀ, ਬੇਸਬਾਲ ਵਿੱਚ ਵੀਰਪਾਲ, ਬਾਸਕਟਬਾਲ ਵਿੱਚ ਅੰਮ੍ਰਿਤਪਾਲ ਸਿੰਘ, ਕਾਇਕਿੰਗ ਤੇ ਕੈਨੋਇੰਗ ਵਿੱਚ ਅਵਤਾਰ ਸਿੰਘ, ਸਾਈਕਲਿੰਗ ਵਿੱਚ ਅਮਰਜੀਤ ਸਿੰਘ, ਫੈਂਸਿੰਗ ਵਿੱਚ ਇਨਾ ਅਰੋੜਾ ਅਤੇ ਹੈਂਡਬਾਲ ਵਿੱਚ ਹਰਜਿੰਦਰ ਸਿੰਘ ਨੂੰ ਸਨਮਾਨਿਤ ਕੀਤਾ ਗਿਆ।

ਉਹਨਾ ਕਿਹਾ ਕਿ 2021 ਦੇ ਤੀਰਅੰਦਾਜ਼ੀ ਚੈਂਪੀਅਨ ਸੁਖਬੀਰ ਸਿੰਘ, ਐਥਲੀਟ ਕਿਰਪਾਲ ਸਿੰਘ, ਬੇਸਬਾਲ ਖਿਡਾਰੀ ਅਮਨਜੀਤ ਕੌਰ ਬੈਂਸ, ਕਾਇਕਿੰਗ ਖਿਡਾਰੀ ਪ੍ਰਿਅੰਕਾ ਦੇਵੀ, ਸਾਈਕਲ ਸਵਾਰ ਨਮਨ ਕਪਿਲ, ਫੈਂਸਰ ਉਦੈਵੀਰ ਸਿੰਘ ਅਤੇ ਹੈਂਡਬਾਲ ਖਿਡਾਰੀ ਮਨਦੀਪ ਕੌਰ ਨੂੰ ਸਨਮਾਨਤ ਕੀਤਾ ਗਿਆ।ਮੁੱਖ ਮੰਤਰੀ ਨੇ ਕਿਹਾ ਕਿ ਅਰਜੁਨ ਐਵਾਰਡੀਆਂ ਅਤੇ ਓਲੰਪਿਕ ਹਾਕੀ ਸਿਤਾਰਿਆਂ ਨੂੰ ਵਿਸ਼ੇਸ਼ ਸ਼੍ਰੇਣੀ ਸਮਰਪਤ ਕੀਤੀ ਗਈ ਹੈ, ਜਿਨ੍ਹਾਂ ਵਿੱਚੋਂ ਬਹੁਤੇ ਪੰਜਾਬ ਵਿੱਚ ਉੱਚ ਸਰਕਾਰੀ ਅਹੁਦਿਆਂ 'ਤੇ ਸੇਵਾ ਨਿਭਾ ਰਹੇ ਹਨ। ਇਸ ਸਨਮਾਨਤ ਗਰੁੱਪ ਵਿੱਚ ਭਾਰਤੀ ਪੁਰਸ਼ ਹਾਕੀ ਟੀਮ ਦੇ ਕਪਤਾਨ ਹਰਮਨਪ੍ਰੀਤ ਸਿੰਘ ਦੇ ਨਾਲ ਓਲੰਪਿਕ ਤਗਮਾ ਜੇਤੂ ਗੁਰਜੰਟ ਸਿੰਘ ਅਤੇ ਰੁਪਿੰਦਰ ਪਾਲ ਸਿੰਘ ਸ਼ਾਮਲ ਹਨ, ਜੋ ਦੋਵੇਂ ਪੀ.ਸੀ.ਐੱਸ. ਅਧਿਕਾਰੀ ਵਜੋਂ ਸੇਵਾ ਨਿਭਾ ਰਹੇ ਹਨ। ਓਲੰਪਿਕ ਹਾਕੀ ਸਿਤਾਰਿਆਂ ਮਨਦੀਪ ਸਿੰਘ, ਹਾਰਦਿਕ ਸਿੰਘ, ਵਰੁਣ ਕੁਮਾਰ, ਸ਼ਮਸ਼ੇਰ ਸਿੰਘ, ਗੋਲਕੀਪਰ ਕ੍ਰਿਸ਼ਨ ਬਹਾਦਰ ਪਾਠਕ ਅਤੇ ਦਿਲਪ੍ਰੀਤ ਸਿੰਘ, ਨੂੰ ਵੀ ਸਨਮਾਨਤ ਕੀਤਾ, ਜੋ ਪੰਜਾਬ ਪੁਲਸ ਵਿੱਚ ਡੀ ਐੱਸ ਪੀ ਵਜੋਂ ਸੇਵਾ ਨਿਭਾ ਰਹੇ ਹਨ। ਪੰਜਾਬ ਦੀ ਪਹਿਲੀ ਮਹਿਲਾ ਮੁੱਕੇਬਾਜ਼ ਸਿਮਰਨਜੀਤ ਕੌਰ ਬਾਠ ਨੂੰ ਵੀ ਵਿਸ਼ੇਸ਼ ਸਨਮਾਨਤ ਕੀਤਾ ਗਿਆ। ਸਨਮਾਨਤ ਕੀਤੇ ਗਏ ਪ੍ਰਮੁੱਖ ਪੈਰਾ-ਐਥਲੀਟਾਂ ਵਿੱਚ ਏਸ਼ੀਆਈ ਖੇਡਾਂ ਦੇ ਸੋਨ ਤਗਮਾ ਜੇਤੂ ਮੁਹੰਮਦ ਯਾਸਰ, ਤੈਰਾਕ ਵੈਭਵ ਰਾਜੋਰੀਆ, ਪਹਿਲਵਾਨ ਸੁਰੇਂਦਰ ਕੰਬੋਜ, ਪੈਰਾ-ਬੈਡਮਿੰਟਨ ਖਿਡਾਰੀ ਪਲਕ ਕੋਹਲੀ ਅਤੇ ਪੈਰਾ-ਪਾਵਰ ਲਿਫਟਰ ਪਰਮਜੀਤ ਕੁਮਾਰ ਸ਼ਾਮਲ ਹਨ।

'ਸਮੇਂ ਨੂੰ ਸਰਾਭਿਆਂ ਦੀ ਲੋੜ'...

ਰਹੀ ਹੈ, ਉਦਾਸੀਨਤਾ, ਲਾਚਾਰੀ ਇਸ ਹਲਚਲ ਭਰੀ ਜੁਆਨੀ ਨੂੰ ਕੁਰਾਹੇ ਵੀ ਲਿਜਾ ਸਕਦੀ ਹੈ। ਇਸ ਲਈ ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਵਾਰਸਾਂ ਕੋਲੋਂ ਹਾਲਾਤ ਅਗਵਾਈ ਅਤੇ ਸੇਧ ਮੰਗਦੀ ਹੈ। ਸਮਾਗਮ ਮੌਕੇ ਕਮੇਟੀ ਪ੍ਰਧਾਨ ਕੁਲਵੰਤ ਸਿੰਘ ਸੰਧੂ, ਜਨਰਲ ਸਕੱਤਰ ਗੁਰਮੀਤ ਸਿੰਘ, ਮੀਤ ਪ੍ਰਧਾਨ ਡਾ. ਪਰਮਿੰਦਰ ਸਿੰਘ, ਸਹਾਇਕ ਸਕੱਤਰ ਪ੍ਰੋ. ਗੋਪਾਲ ਸਿੰਘ ਬੁੱਟਰ, ਵਿੱਤ ਸਕੱਤਰ ਸੀਤਲ ਸਿੰਘ ਸੰਘਾ ਪ੍ਰਧਾਨਗੀ ਮੰਡਲ 'ਚ ਸੁਸ਼ੋਭਿਤ ਸਨ। ਸਮਾਗਮ ਦਾ ਮੰਚ ਸੰਚਾਲਨ ਸੱਭਿਆਚਾਰਕ ਵਿੰਗ ਦੇ ਕਨਵੀਨਰ ਅਮੋਲਕ ਸਿੰਘ ਨੇ ਕੀਤਾ।

ਸਮਝੌਤਾ ਗੱਲਬਾਤ ਲਗਭਗ ਪੂਰੀ...

ਹੈ, ਜਿਸ ਵਿੱਚ ਮਹੱਤਵਪੂਰਨ ਜਲ ਮਾਰਗ ਹਾਰਮੁਜ਼, ਜਿੱਥੋਂ ਦੁਨੀਆ ਦਾ 20 ਪ੍ਰਤੀਸ਼ਤ ਤੇਲ ਲੰਘਦਾ ਹੈ, ਨੂੰ ਦੁਬਾਰਾ ਖੋਲ੍ਹਿਆ ਜਾਵੇਗਾ ਅਤੇ ਈਰਾਨ ਨੂੰ ਪਾਬੰਦੀਆਂ ਵਿੱਚ ਛੋਟ ਦੇ ਜ਼ਰੀਏ ਤੇਲ ਵੇਚਣ ਦੀ ਇਜਾਜ਼ਤ ਦਿੱਤੀ ਜਾਵੇਗੀ। ਇੱਕ ਅਧਿਕਾਰੀ, ਜਿਸ ਕੋਲ ਗੱਲਬਾਤ ਨਾਲ ਸੰਬੰਧਤ ਸਿੱਧੀ ਜਾਣਕਾਰੀ ਸੀ, ਨੇ ਕਿਹਾ ਕਿ ਈਰਾਨ ਆਪਣੇ ਬਹੁਤ ਜ਼ਿਆਦਾ ਭਰਪੂਰ ਯੂਰੇਨੀਅਮ ਨੂੰ ਕਿਵੇਂ ਛੱਡੇਗਾ, ਇਹ ਹੋਰ ਵਿਚਾਰ-ਵਟਾਂਦਰੇ ਦਾ ਵਿਸ਼ਾ ਹੈ, ਜੋ 60 ਦਿਨਾਂ ਦੀ ਵਧਾਈ ਗਈ ਜੰਗਬੰਦੀ ਦੀ ਮਿਆਦ ਵਿੱਚ ਵਿਚਾਰਿਆ ਜਾ ਸਕਦਾ ਹੈ। ਅੰਤਰਰਾਸ਼ਟਰੀ ਪ੍ਰਮਾਣੂ ਊਰਜਾ ਏਜੰਸੀ ਨੇ ਕਿਹਾ ਕਿ ਈਰਾਨ ਕੋਲ ਮੌਜੂਦ 441 ਕਿੱਲੋਗ੍ਰਾਮ ਯੂਰੇਨੀਅਮ ਨੂੰ 60 ਪ੍ਰਤੀਸ਼ਤ ਸ਼ੁੱਧਤਾ ਤੱਕ ਭਰਪੂਰ ਕੀਤਾ ਗਿਆ ਹੈ, ਜੋ ਕਿ ਪ੍ਰਮਾਣੂ ਹਥਿਆਰਾਂ ਦੇ ਗ੍ਰੇਡ ਪੱਧਰ ਲਈ ਲੋੜੀਂਦੇ 90 ਪ੍ਰਤੀਸ਼ਤ ਤੋਂ ਘੱਟ ਹੈ। ਸਮਝੌਤੇ ਵਿੱਚ ਅਮਰੀਕੀ ਫੌਜ ਵੱਲੋਂ ਈਰਾਨੀ ਬੰਦਰਗਾਹਾਂ ਦੀ ਨਾਕਾਬੰਦੀ ਨੂੰ ਖਤਮ ਕਰਨਾ ਵੀ ਸ਼ਾਮਲ ਹੋ ਸਕਦਾ ਹੈ। ਰਿਪੋਰਟਾਂ ਵਿੱਚ ਕਿਹਾ ਗਿਆ ਹੈ ਕਿ 60 ਦਿਨਾਂ ਦੀ ਜੰਗਬੰਦੀ ਦੇ ਦੌਰਾਨ ਈਰਾਨ ਦੀਆਂ ਜ਼ਬਤ ਕੀਤੇ ਅਸਾਸਿਆਂ ਨੂੰ ਵਾਪਸ ਕਰਨ 'ਤੇ ਗੱਲਬਾਤ ਕੀਤੇ ਜਾਣ ਦੀ ਉਮੀਦ ਹੈ।

ਚੌਪਹਿਰੇ ਦੌਰਾਨ ਡਿੱਗੀਆਂ ...

ਐਡਵੋਕੇਟ ਹਰਜਿੰਦਰ ਸਿੰਘ ਧਾਮੀ ਨੇ ਵਾਪਰੀ ਦੁਖਦਾਈ ਘਟਨਾ 'ਤੇ ਗਹਿਰਾ ਦੁੱਖ ਜ਼ਾਹਰ ਕਰਦਿਆਂ ਜਾਨ ਗਵਾਉਣ ਵਾਲੀਆਂ ਦੋ ਬੀਬੀਆਂ ਦੇ ਪਰਵਾਰਾਂ ਨਾਲ ਹਮਦਰਦੀ ਪ੍ਰਗਟ ਕੀਤੀ ਹੈ। ਐਡਵੋਕੇਟ ਧਾਮੀ ਨੇ ਇਸ ਘਟਨਾ ਵਿਚ ਜ਼ਖ਼ਮੀ ਹੋਈਆਂ ਸੰਗਤਾਂ ਦਾ ਸ੍ਰੀ ਗੁਰੂ ਰਾਮਦਾਸ ਜੀ ਹਸਪਤਾਲ ਪਹੁੰਚ ਕੇ ਹਾਲ ਜਾਣਿਆ।ਉਨ੍ਹਾ ਅਕਾਲ ਚਲਾਣਾ ਕਰਨ ਵਾਲੀਆਂ ਬੀਬੀਆਂ ਦੇ ਪਰਵਾਰਾਂ ਨੂੰ ਸ਼੍ਰੋਮਣੀ ਕਮੇਟੀ ਵੱਲੋਂ 2-2 ਲੱਖ ਰੁਪਏ ਸਹਾਇਤਾ ਦੇਣ ਦਾ ਐਲਾਨ ਕਰਦਿਆਂ ਕਿਹਾ ਕਿ ਜ਼ਖ਼ਮੀਆਂ ਦਾ ਸ੍ਰੀ ਗੁਰੂ ਰਾਮਦਾਸ ਜੀ ਹਸਪਤਾਲ ਵਿਖੇ ਮੁਫ਼ਤ ਇਲਾਜ ਕਰਵਾਇਆ ਜਾ ਰਿਹਾ ਹੈ।

ਮਿਸ਼ਨ ਸ਼ਕਤੀ ਅਧੀਨ ਆਉਂਦੀਆਂ ਸਕੀਮਾਂ ਬਾਰੇ ਅਜਨਾਲੀ 'ਚ ਸੈਮੀਨਾਰ

ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)- ਜ਼ਿਲ੍ਹਾ ਪ੍ਰੋਗਰਾਮ ਅਫਸਰ ਸ੍ਰੀਮਤੀ ਅਨੁਰਤਨ ਕੌਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਮਿਸ਼ਨ ਸ਼ਕਤੀ ਅਧੀਨ ਆਉਂਦੀਆਂ ਸਕੀਮਾਂ ਬਾਰੇ ਮਹਿਲਾਵਾਂ ਨੂੰ ਜਾਗਰੂਕ ਕਰਨ ਲਈ ਪਿੰਡ ਅਜਨਾਲੀ ਮੁਹੱਲਾ ਤਿਰਲੋਕਪੁਰੀ, ਮੰਡੀ ਗੋਬਿੰਦਗੜ੍ਹ ਵਿਖੇ ਇੱਕ ਵਿਸ਼ੇਸ਼ ਸੈਮੀਨਾਰ ਕੀਤਾ ਗਿਆ, ਜਿਸ ਦੌਰਾਨ ਸਖੀ ਵਨ ਸਟਾਪ ਸੈਂਟਰ, ਮਹਿਲਾਂ ਸਸ਼ਕਤੀਕਰਨ, ਪੀ.ਐਮ. ਐਮ.ਵੀ.ਵਾਈ. ਤੇ ਬੇਟੀ ਬਚਾਓ ਬੇਟੀ ਪੜ੍ਹਾਓ ਸਕੀਮਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ ਅਤੇ ਸਰਕਾਰੀ ਸਕੀਮਾਂ ਦਾ ਵੱਧ ਤੋਂ ਵੱਧ ਲਾਭ ਲੈਣ ਲਈ ਪ੍ਰੇਰਿਤ ਕੀਤਾ ਗਿਆ।ਉਨ੍ਹਾ ਦੱਸਿਆ ਕੇ ਜ਼ਿਲ੍ਹਾ ਪ੍ਰੋਗਰਾਮ ਦਫ਼ਤਰ ਤੋਂ ਜਸਪ੍ਰੀਤ ਕੌਰ ਤੇ ਖੁਸ਼ਪ੍ਰੀਤ ਕੌਰ ਵੱਲੋਂ ਹਾਜ਼ਰ ਮਹਿਲਾਵਾਂ ਨੂੰ ਸਕੀਮਾਂ ਸਬੰਧੀ ਵਿਸਥਾਰ ਨਾਲ ਜਾਣਕਾਰੀ ਦਿੱਤੀ ਗਈ। ਉਨ੍ਹਾਂ ਦੱਸਿਆ ਕਿ ਪ੍ਰਧਾਨ ਮੰਤਰੀ ਮਾਤਰੂ ਵੰਦਨਾ ਯੋਜਨਾ ਤਹਿਤ ਗਰਭਵਤੀ ਮਹਿਲਾਵਾਂ ਨੂੰ ਆਰਥਿਕ ਸਹਾਇਤਾ ਪ੍ਰਦਾਨ ਕੀਤੀ ਜਾਂਦੀ ਹੈ।ਸਖੀ ਵਨ ਸਟਾਪ ਸੈਂਟਰ, ਜੋ ਕਿ ਭਾਰਤ ਸਰਕਾਰ ਦੇ ਇਸਤਰੀ ਤੇ ਬਾਲ ਵਿਕਾਸ ਮੰਤਰਾਲੇ ਅਧੀਨ ਚਲ ਰਿਹਾ ਹੈ, ਹਿੰਸਾ ਪੀੜਤ ਔਰਤਾਂ ਲਈ ਇੱਕ ਅਜਿਹਾ ਕੇਂਦਰ ਹੈ, ਜਿੱਥੇ ਉਨ੍ਹਾਂ ਨੂੰ ਇੱਕ ਹੀ ਥਾਂ ਤੇ ਤੁਰੰਤ, ਮੁਫ਼ਤ ਤੇ ਜ਼ਰੂਰੀ ਸੇਵਾਵਾਂ ਉਪਲਬੱਧ ਕਰਵਾਈਆਂ ਜਾਂਦੀਆਂ ਹਨ।ਇਸ ਤੋਂ ਇਲਾਵਾ 'ਬੇਟੀ ਬਚਾਓ ਬੇਟੀ ਪੜ੍ਹਾਓ' ਸਕੀਮ ਬਾਰੇ ਜਾਣਕਾਰੀ ਦਿੰਦਿਆਂ ਉਨ੍ਹਾਂ ਕਿਹਾ ਕਿ ਇਸ ਦਾ ਮੁੱਖ ਉਦੇਸ਼ ਲੜਕੀਆਂ ਦੇ ਜਨਮ ਦਰ ਵਿੱਚ ਸੁਧਾਰ, ਉਨ੍ਹਾਂ ਦੀ ਸਿੱਖਿਆ ਨੂੰ ਉਤਸ਼ਾਹਤ ਕਰਨਾ ਤੇ ਸਮਾਜ ਵਿੱਚ ਲਿੰਗ ਸਮਾਨਤਾ ਨੂੰ ਮਜ਼ਬੂਤ ਕਰਨਾ ਹੈ।ਮਹਿਲਾਵਾਂ ਤੇ ਅਧਿਆਪਕਾਂ ਨੂੰ ਧੀਆਂ ਦੀ ਸਿੱਖਿਆ, ਸੁਰੱਖਿਆ ਤੇ ਸਮਾਜਿਕ ਸਸ਼ਕਤੀਕਰਨ ਪ੍ਰਤੀ ਜਾਗਰੂਕ ਰਹਿਣ ਲਈ ਵੀ ਪ੍ਰੇਰਿਤ ਕੀਤਾ ਗਿਆ।

ਗਿੱਲ ਬੇਰ ਕਲਾਂ ਨੇ ਕਾਂਗਰਸ ਉਮੀਦਵਾਰਾਂ ਲਈ ਕੀਤਾ ਚੋਣ ਪ੍ਰਚਾਰ

ਦੋਰਾਹਾ (ਹਰਮਿੰਦਰ ਸੇਠ)- ਬਲਾਕ ਕਾਗਰਸ ਮਲੌਦ ਦੇ ਪ੍ਰਧਾਨ ਤੇ ਸਾਬਕਾ ਬਲਾਕ ਸੰਮਤੀ ਮੈਂਬਰ ਗੁਰਮੇਲ ਸਿੰਘ ਗਿੱਲ ਬੇਰਕਲਾਂ ਨੇ ਵਾਰਡ ਨੰਬਰ 1 ਤੇ 2 ਵਿੱਚ ਕਾਂਗਰਸ ਪਾਰਟੀ ਦੇ ਉਮੀਦਵਾਰ ਦਾਨੋ ਰਾਣੀ ਤੇ ਰੁਪਿੰਦਰ ਸਿੰਘ ਬਿੰਦੂ ਦੇ ਹੱਕ ਵਿੱਚ ਘਰ-ਘਰ ਜਾ ਕੇ ਚੋਣ ਪ੍ਰਚਾਰ ਕੀਤਾ। ਉਨ੍ਹਾ ਕਿਹਾ ਕਿ ਕਾਂਗਰਸ ਪਾਰਟੀ ਜੋ ਕਹਿੰਦੀ ਹੈ, ਉਹ ਕਰਕੇ ਵਿਖਾਉਂਦੀ ਹੈ। ਉਨ੍ਹਾ ਕਿਹਾ ਕਿ ਕਾਂਗਰਸ ਪਾਰਟੀ ਦੇ ਉਮੀਦਵਾਰਾਂ ਨੂੰ ਜਿਤਾਓ ਤਾਂ ਜੋ ਚੁਟਕਲੇ ਸੁਣਾਉਣ ਵਾਲੇ, ਝੂਠ ਬੋਲਣ ਵਾਲੇ ਗਦਾਰ ਲੋਕਾਂ ਨੂੰ ਚਲਦਾ ਕੀਤਾ ਜਾ ਸਕੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਰਣਜੀਤ ਸਿੰਘ ਪਾਇਲ ਪੀ ਏ, ਰੁਪਿੰਦਰ ਸਿੰਘ ਬਿੰਦੂ ਪਾਇਲ ਸਾਬਕਾ ਪ੍ਰਧਾਨ ਯੂਥ ਕਾਗਰਸ, ਡਾਕਟਰ ਤਰਲੋਚਨ ਸਿੰਘ ਪਾਇਲ, ਨਿਰਮਲ ਸਿੰਘ ਗੋਗਾ ਚੇਅਰਮੈਨ ਬਲਾਕ ਸੰਮਤੀ ਮਲੌਦ, ਜਤਿੰਦਰ ਸਿੰਘ ਚੋਮੋ ਚੇਅਰਮੈਨ ਕਿਸਾਨ ਸੈੱਲ ਮਲੌਦ, ਧਰਮਿੰਦਰ ਸਿੰਘ ਛਿੰਦੀ ਪਾਇਲ ਸਾਬਕਾ ਕੋਸਲਰ, ਸੋਨੀ ਪਾਇਲ, ਬਲਜੀਤ ਸਿੰਘ ਕਿਲ੍ਹਾ ਹਾਂਸ ਸਾਬਕਾ ਸਰਪੰਚ, ਸਰਵਨਜੀਤ ਸਿੰਘ ਬਿੱਟੂ ਘੁਡਾਣੀ ਸਾਬਕਾ ਸਰਪੰਚ, ਕਰਮ ਸਿੰਘ ਪੱਲਾ ਅਲੂਣਾ, ਲੱਕੀ ਸਰਪੰਚ ਕਿਲ੍ਹਾ ਹਾਂਸ, ਤਰਲੋਕ ਸਿੰਘ ਤੋਂ ਇਲਾਵਾ ਹੋਰ ਵੀ ਹਾਜ਼ਰ ਸਨ।

ਪੂਨਮ ਕਾਂਗੜਾ ਵੱਲੋਂ ਕਾਂਗਰਸੀ ਉਮੀਦਵਾਰਾਂ ਦੇ ਹੱਕ 'ਚ ਚੋਣ ਪ੍ਰਚਾਰ

ਸੰਗਰੂਰ (ਪ੍ਰਵੀਨ ਸਿੰਘ)- ਨਗਰ ਨਿਗਮ ਦੀਆਂ ਚੋਣਾਂ ਨੂੰ ਲੈ ਕੇ ਕਾਂਗਰਸ ਪਾਰਟੀ ਦੇ ਸੀਨੀਅਰ ਆਗੂ ਮੈਡਮ ਪੂਨਮ ਕਾਂਗੜਾ ਸਾਬਕਾ ਐੱਸ ਸੀ ਕਮਿਸ਼ਨ ਪੰਜਾਬ ਨੇ ਵੱਖ ਵੱਖ ਵਾਰਡਾਂ ਵਿੱਚ ਚੋਣਾਂ ਲੜ ਰਹੇ ਕਾਂਗਰਸੀ ਉਮੀਦਵਾਰਾਂ ਦੇ ਹੱਕ ਵਿੱਚ ਚੋਣ ਪ੍ਰਚਾਰ ਕੀਤਾ। ਇਸੇ ਤਹਿਤ ਵਾਰਡ ਨੰਬਰ 19 ਵਿੱਚ ਕਾਂਗਰਸੀ ਉਮੀਦਵਾਰ ਬੀਬੀ ਰਾਣੀ ਕੌਰ ਦੇ ਹੱਕ ਵਿੱਚ ਚੋਣ ਸਭਾ ਨੂੰ ਸੰਬੋਧਨ ਕਰਦਿਆਂ ਮੈਡਮ ਪੂਨਮ ਕਾਂਗੜਾ ਨੇ ਕਿਹਾ ਕਿ ਆਉਣ ਵਾਲਾ ਸਮਾਂ ਹੁਣ ਕਾਂਗਰਸ ਪਾਰਟੀ ਦਾ ਹੈ। ਉਨ੍ਹਾਂ ਕਿਹਾ ਕਿ ਬਠਿੰਡਾ ਦਾ ਸਰਵਪੱਖੀ ਵਿਕਾਸ ਕਰਵਾਉਣ ਲਈ ਕਾਂਗਰਸ ਪਾਰਟੀ ਹੀ ਸਭ ਤੋਂ ਯੋਗ ਪਾਰਟੀ ਹੈ। ਉਨ੍ਹਾਂ ਆਮ ਆਦਮੀ ਪਾਰਟੀ 'ਤੇ ਤਿੱਖੇ ਸ਼ਬਦੀ ਹਮਲੇ ਕਰਦਿਆਂ ਕਿਹਾ ਕਿ ਭਗਵੰਤ ਮਾਨ ਦੀ ਅਗਵਾਈ ਵਾਲੀ ਆਪ ਸਰਕਾਰ ਹਰ ਫਰੰਟ 'ਤੇ ਫੇਲ੍ਹ ਸਾਬਿਤ ਹੋਈ ਹੈ, ਜਿਸ ਦਿਨ ਤੋਂ ਆਮ ਆਦਮੀ ਪਾਰਟੀ ਸੱਤਾ ਵਿੱਚ ਆਈ ਹੈ, ਉਸੇ ਦਿਨ ਤੋਂ ਹੀ ਸੂਬੇ ਦੇ ਹਾਲਾਤ ਬਦ ਤੋਂ ਬੱਦਤਰ ਬਣਦੇ ਜਾ ਰਹੇ ਹਨ। ਅੱਜ ਹਰ ਵਿਅਕਤੀ ਆਪਣੇ ਆਪ ਨੂੰ ਅਸੁਰੱਖਿਅਤ ਮਹਿਸੂਸ ਕਰ ਰਿਹਾ ਹੈ। ਮੈਡਮ ਪੂਨਮ ਕਾਂਗੜਾ ਨੇ ਦਾਅਵਾ ਕੀਤਾ ਕਿ 2027 ਪੰਜਾਬ ਅੰਦਰ ਕਾਂਗਰਸ ਪਾਰਟੀ ਦੀ ਸਰਕਾਰ ਬਣੇਗੀ, ਜਿਸ ਦੀ ਸ਼ੁਰੂਆਤ ਇਨ੍ਹਾਂ ਨਗਰ ਨਿਗਮ ਦੀਆਂ ਚੋਣਾਂ ਵਿੱਚ ਹੋਵੇਗੀ। ਉਨ੍ਹਾਂ ਕਿਹਾ ਕਿ ਆਪਣੇ ਬੱਚਿਆਂ ਦੇ ਬਿਹਤਰ ਭਵਿੱਖ ਲਈ ਕਾਂਗਰਸ ਪਾਰਟੀ ਨੂੰ ਵੋਟਾਂ ਪਾਓ ਤਾਂ ਜੋ ਪੰਜਾਬ ਨੂੰ ਮੁੜ ਤੋਂ ਰੰਗਲਾ ਪੰਜਾਬ ਬਣਾਇਆ ਜਾ ਸਕੇ। ਇਸ ਮੌਕੇ ਉਨ੍ਹਾਂ ਨਾਲ ਗੁਰਪ੍ਰੀਤ ਸਿੰਘ ਕਾਂਗੜ ਸਾਬਕਾ ਕੈਬਿਨਟ ਮੰਤਰੀ ਪੰਜਾਬ, ਰਾਜਨ ਗਰਗ ਜ਼ਿਲ੍ਹਾ ਪ੍ਰਧਾਨ ਕਾਂਗਰਸ ਕਮੇਟੀ ਬਠਿੰਡਾ, ਜਰਨੈਲ ਸਿੰਘ ਬੱਲੂਆਣਾ ਜ਼ਿਲ੍ਹਾ ਪ੍ਰਧਾਨ ਭਾਰਤੀਯ ਅੰਬੇਡਕਰ ਮਿਸ਼ਨ ਭਾਰਤ ਦਿਹਾਤੀ ਬਠਿੰਡਾ, ਜਸਬੀਰ ਕੌਰ, ਗੱਬਰ ਸਿੰਘ, ਜੱਗਾ ਸਿੰਘ, ਸਿਕੰਦਰ ਸਿੰਘ, ਰਵਿੰਦਰ ਸਿੰਘ ਆਦਿ ਹਾਜ਼ਰ ਸਨ।

ਗ੍ਰੰਥੀ ਸਿੰਘਾਂ ਦਾ ਵਿਸ਼ਾਲ ਇਕੱਠ ਅੱਜ

ਮੋਗਾ (ਇਕਬਾਲ ਸਿੰਘ ਖਹਿਰਾ)- ਪੰਜਾਬ ਸਰਕਾਰ ਵੱਲੋਂ ਜੋ ਕਾਨੂੰਨ ਬਣਾਇਆ ਗਿਆ ਹੈ, ਜਿਸ ਵਿੱਚ ਕੋਈ ਵੀ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਬਦੀ ਕਰ ਜਾਵੇ, ਉਸ ਵਿੱਚ ਸਿੱਧਾ ਹੀ ਗ੍ਰੰਥੀ ਸਿੰਘ ਕਸੂਰਵਾਰ ਮੰਨਿਆ ਜਾਵੇਗਾ।ਇਸ ਕਾਨੂੰਨ ਵਿੱਚ ਸੋਧ ਕਰਵਾਉਣ ਲਈ ਮੋਗਾ ਜ਼ਿਲ੍ਹੇ ਦੇ ਗ੍ਰੰਥੀ ਸਿੰਘਾਂ ਦਾ ਵੱਡਾ ਇਕੱਠ 25 ਮਈ ਨੂੰ ਗੁਰਦੁਆਰਾ ਬੀਬੀ ਕਾਹਨ ਕੌਰ ਵਿਖੇ ਸਵੇਰੇ 10 ਵਜੇ ਹੋਵੇਗਾ।

ਇਸ ਮੌਕੇ ਸ਼੍ਰੋਮਣੀ ਰਾਗੀ ਗ੍ਰੰਥੀ ਸਭਾ ਪੰਜਾਬ ਜ਼ਿਲ੍ਹਾ ਮੋਗਾ ਦੇ ਪ੍ਰਧਾਨ ਗਿਆਨੀ ਸੁਖਵੰਤ ਸਿੰਘ ਕਥਾਵਾਚਕ, ਭਾਈ ਕਲਿਆਣਾ ਜੀ ਗੁਰਮਤਿ ਰਾਗੀ ਗ੍ਰੰਥੀ ਸਭਾ ਪੰਜਾਬ ਜ਼ਿਲ੍ਹਾ ਮੋਗਾ ਸਰਪ੍ਰਸਤ ਭਾਈ ਹਰਨੇਕ ਸਿੰਘ ਬਲਖੰਡੀ, ਪੰਜਾਬ ਪ੍ਰਧਾਨ ਭਾਈ ਲਖਵੀਰ ਸਿੰਘ ਬੱਗੇ ਵੱਲੋਂ ਸਮੁੱਚੀਆਂ ਨਾਨਕ ਨਾਮ ਲੇਵਾ ਸੰਗਤਾਂ, ਧਾਰਮਿਕ ਸਿੱਖ ਸੰਸਥਾਵਾਂ, ਖਾਸ ਕਰਕੇ ਗ੍ਰੰਥੀ ਸਿੰਘਾਂ ਤੇ ਪੰਥ ਦਰਦੀਆਂ ਨੂੰ ਪਹੁੰਚਣ ਦੀ ਅਪੀਲ ਕੀਤੀ ਗਈ।

ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134

Printed and Published by Printer, Publisher and Editor : Chand Singh @ Chand Fatehpuri for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.

ਪ੍ਰਕਾਸ਼ਕ, ਛਾਪਕ ਤੇ ਸੰਪਾਦਕ : ਚੰਦ ਸਿੰਘ ਉਰਫ ਚੰਦ ਫਤਿਹਪੁਰੀ ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ।

ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

ਚੋਣ ਆਬਜ਼ਰਵਰ ਵੱਲੋਂ ਸੁਖਜਿੰਦਰ ਗਰੁੱਪ ਆਫ ਇੰਸਟੀਚਿਊਟ ਗੁਰਦਾਸਪੁਰ ਵਿਖੇ ਬਣੇ ਸਟਰਾਂਗ ਰੂਮ ਦਾ ਦੌਰਾ

ਗੁਰਦਾਸਪੁਰ, ਧਾਰੀਵਾਲ, ਬਟਾਲਾ), (ਜਨਕ ਮਹਾਜਨ, ਮਨਦੀਪ ਵਿੱਕੀ, ਤਰਲੋਕ ਬੱਗਾ, ਡਾ. ਮਲਵਿੰਦਰ ਸਿੰਘ)-ਚੋਣ ਆਬਜ਼ਰਵਰ ਰਾਕੇਸ਼ ਕੁਮਾਰ ਪੋਪਲੀ ਵੱਲੋਂ ਸਟਰਾਂਗ ਰੂਮ/ਕਾਊਂਟਿੰਗ ਸੈਂਟਰ ਦੀ ਸੁਰੱਖਿਆ ਸਬੰਧੀ ਸੁਖਜਿੰਦਰ ਗਰੁੱਪ ਆਫ ਇੰਸਟੀਚਿਊਟ ਗੁਰਦਾਸਪੁਰ ਦਾ ਦੌਰਾ ਕੀਤਾ ਗਿਆ, ਇਥੇ ਧਾਰੀਵਾਲ ਨਗਰ ਕੌਂਸਲ ਦਾ ਸਟਰਾਂਗ ਰੂਮ ਸਥਾਪਤ ਕੀਤਾ ਗਿਆ।ਇਸ ਮੌਕੇ ਕੁਲਦੀਪ ਚੰਦ ਸਹਾਇਕ ਕਮਿਸ਼ਨਰ (ਜ) ਗੁਰਦਾਸਪੁਰ- ਕਮ- ਰਿਟਰਨਿੰਗ ਅਫਸਰ ਧਾਰੀਵਾਲ ਵੀ ਮੌਜੂਦ ਸਨ।ਇਸ ਮੌਕੇ ਚੋਣ ਆਬਜ਼ਰਵਰ ਰਾਕੇਸ਼ ਕੁਮਾਰ ਪੋਪਲੀ ਵੱਲੋਂ ਸੁਖਜਿੰਦਰ ਕਾਲਜ ਗਰੁੱਪ ਆਫ ਇੰਸਟੀਚਿਊਟ, ਹਰਦੋਛੰਨੀ ਰੋਡ ਗਰਦਾਸਪੁਰ ਵਿਖੇ ਬਣਾਏ ਗਏ ਸਟਰਾਂਗ ਰੂਮਾਂ ਦਾ ਨਿਰੀਖਣ ਕਰਦਿਆਂ ਕੀਤੇ ਗਏ ਸੁਰੱਖਿਆ ਪ੍ਰਬੰਧਾਂ 'ਤੇ ਤਸੱਲੀ ਦਾ ਪ੍ਰਗਟਾਵਾ ਕਰਦਿਆਂ ਕਿਹਾ ਕਿ ਮਾਣਯੋਗ ਚੋਣ ਕਮਿਸ਼ਨ ਦੀਆਂ ਹਦਾਇਤਾਂ ਤਹਿਤ ਇੰਨ-ਬਿੰਨ ਪਾਲਣਾ ਕਰਦੇ ਹੋਏ ਸੁਰੱਖਿਆ ਦੇ ਪੁਖਤਾ ਪ੍ਰਬੰਧ ਕੀਤੇ ਗਏ ਹਨ, ਜਿਥੇ 24 ਘੰਟੇ ਸਟਰਾਂਗ ਰੂਮਾਂ ਦੀ ਸਖ਼ਤ ਸੁਰੱਖਿਆ ਨਿਗਰਾਨੀ ਕੀਤੀ ਜਾ ਰਹੀ ਹੈ।ਇਸ ਮੌਕੇ ਉਨ੍ਹਾਂ ਵੱਲੋਂ ਕਾਊਂਟਿੰਗ ਸਟਾਫ ਨਾਲ ਮੀਟਿੰਗ ਵੀ ਕੀਤੀ ਗਈ ਅਤੇ ਉਨ੍ਹਾਂ ਮਾਣਯੋਗ ਰਾਜ ਕਮਿਸ਼ਨ ਦੀਆਂ ਹਦਾਇਤਾਂ ਤੋਂ ਜਾਣੂੰ ਕਰਵਾਇਆ ਗਿਆ।ਜੇਕਰ ਚੋਣਾਂ ਸੰਬੰਧੀ ਕਿਸੇ ਵੀ ਤਰ੍ਹਾਂ ਦੀ ਪ੍ਰੇਸ਼ਾਨੀ ਜਾਂ ਸ਼ਿਕਾਇਤ ਹੋਵੇ ਤਾਂ ਚੋਣ ਆਬਜ਼ਰਵਰ ਨਾਲ ਉਨ੍ਹਾਂ ਦੇ ਮੋਬਾਈਲ ਨੰਬਰ 98156-64124 ਜਾਂ ਉਨ੍ਹਾਂ ਦੇ ਲਾਇਨਜ਼ ਅਫਸਰ ਜ਼ਿਲ੍ਹਾ ਟਾਊਨ ਪਲਾਨਰ ਗੁਰਦਾਸਪੁਰ ਰਿਤੇਸ਼ ਕੁਮਾਰ ਦੇ ਮੋਬਾਇਲ ਨੰਬਰ 87912-59388 'ਤੇ ਸੰਪਰਕ ਕੀਤਾ ਜਾ ਸਕਦਾ ਹੈ।ਇਸ ਮੌਕੇ ਗੱਲ ਕਰਦਿਆਂ ਰਿਟਰਨਿੰਗ ਅਫਸਰ ਕੁਲਦੀਪ ਚੰਦ ਨੇ ਕਿਹਾ ਕਿ ਡਿਪਟੀ ਕਮਿਸ਼ਨਰ-ਕਮ-ਜ਼ਿਲਾ ਚੋਣ ਅਫਸਰ ਗੁਰਦਾਸਪੁਰ ਆਦਿਤਿਆ ਉੱਪਲ ਦੀ ਅਗਵਾਈ ਹੇਠ ਚੋਣਾਂ ਨਿਰਪੱਖ ਅਤੇ ਸ਼ਾਂਤੀਪੂਰਵਕ ਢੰਗ ਨਾਲ ਨੇਪਰੇ ਚਾੜ੍ਹੀਆਂ ਜਾਣਗੀਆਂ।ਉਨ੍ਹਾਂ ਕਿਹਾ ਕਿ ਸਟਰਾਂਗ ਰੂਮ ਵਿਚ ਸਖ਼ਤ ਸੁਰੱਖਿਆ ਪ੍ਰਬੰਧਾਂ ਕੀਤੇ ਗਏ ਹਨ।ਉਨ੍ਹਾਂ ਕਿਹਾ ਕਿ ਮਾਣਯੋਗ ਚੋਣ ਕਮਿਸ਼ਨ ਦੀਆਂ ਹਦਾਇਤਾਂ ਤਹਿਤ 26 ਮਈ ਨੂੰ ਪੋਲਿੰਗ ਅਤੇ 29 ਮਈ ਨੂੰ ਵੋਟਾਂ ਦੀ ਗਿਣਤੀ ਦਾ ਕੰਮ ਅਮਨ ਤੇ ਸ਼ਾਂਤੀਪੂਰਵਕ ਢੰਗ ਨਾਲ ਨੇਪਰੇ ਚਾੜ੍ਹਿਆ ਜਾਵੇਗਾ।ਜ਼ਿਕਰਯੋਗ ਹੈ ਕਿ ਬਟਾਲਾ ਨਗਰ ਨਿਗਮ ਦੇ 50 ਵਾਰਡ, 122 ਪੋਲਿੰਗ ਬੂਥ ਅਤੇ 1 ਲੱਖ 18 ਹਜ਼ਾਰ 422 ਵੋਟਰ ਹਨ।ਧਾਰੀਵਾਲ ਨਗਰ ਕੌਂਸਲ ਦੇ 13 ਵਾਰਡ, 14 ਬੂਥ ਅਤੇ 12473 ਵੋਟਰ ਹਨ।ਸ੍ਰੀ ਹਰਗੋਬਿੰਦਪੁਰ ਸਾਹਿਬ ਨਗਰ ਕੌਂਸਲ ਦੇ 11 ਵਾਰਡ, 11 ਪੋਲਿੰਗ ਬੂਥ ਅਤੇ 7041 ਵੋਟਰ ਹਨ ਅਤੇ ਨਗਰ ਕੌਂਸਲ ਫਤਿਹਗੜ੍ਹ ਚੂੜੀਆਂ ਦੇ 13 ਵਾਰਡ, 17 ਪੋਲਿੰਗ ਬੂਥ ਅਤੇ 14821 ਵੋਟਰ ਹਨ।

ਤਰਨਤਾਰਨ 'ਚ ਕਨਵੈਨਸ਼ਨ ਤੇ ਪ੍ਰਦਰਸ਼ਨ 29 ਨੂੰ

ਭਿੱਖੀਵਿੰਡ (ਨਜ਼ਸ)-ਸੀ. ਪੀ. ਆਈ. ਜ਼ਿਲ੍ਹਾ ਤਰਨਤਾਰਨ ਵੱਲੋਂ 29 ਮਈ ਨੂੰ ਤਰਨਤਾਰਨ ਵਿਖੇ ਕਨਵੈਨਸ਼ਨ ਤੇ ਸ਼ਹਿਰ ਵਿੱਚ ਪ੍ਰਦਰਸ਼ਨ ਕੀਤਾ ਜਾ ਰਿਹਾ ਹੈ।ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਸੀ. ਪੀ. ਆਈ. ਦੇ ਸੂਬਾ ਸਕੱਤਰੇਤ ਮੈਂਬਰ ਪਿਰਥੀਪਾਲ ਸਿੰਘ ਮਾੜੀਮੇਘਾ, ਭਿੱਖੀਵਿੰਡ ਬਲਾਕ ਦੇ ਸਕੱਤਰ ਨਰਿੰਦਰ ਸਿੰਘ ਅਲਗੋਂ ਤੇ ਕਿਸਾਨ ਆਗੂ ਰਛਪਾਲ ਸਿੰਘ ਬਾਠ ਨੇ ਕਿਹਾ ਕਿ ਇਸ ਕਨਵੈਨਸ਼ਨ ਦੀ ਮੰਗ ਹੈ ਕਿ ਚੰਡੀਗੜ੍ਹ ਪੰਜਾਬ ਨੂੰ ਦਿੱਤਾ ਜਾਵੇ, ਭਾਖੜਾ ਬਿਆਸ ਮੈਨੇਜਮੈਂਟ ਬੋਰਡ ਵਿੱਚ ਪੰਜਾਬ ਦੇ ਅਧਿਕਾਰੀ ਦੀ ਸੀਟ ਬਹਾਲ ਕੀਤੀ ਜਾਵੇ, ਪੰਜਾਬ ਦੇ ਦਰਿਆਵਾਂ ਦਾ ਪਾਣੀ ਸਿਰਫ ਪੰਜਾਬ ਨੂੰ ਹੀ ਦਿੱਤਾ ਜਾਵੇ ਅਤੇ ਹਿੰਦ-ਪਾਕਿ ਦੇ ਬਾਰਡਰ ਤੋਂ ਹਿੰਦ ਵੱਲ 50 ਕਿਲੋਮੀਟਰ ਤੱਕ ਬੀਐੱਸਐੱਫ ਨੂੰ ਦਿੱਤੇ ਅਧਿਕਾਰ ਵਾਪਸ ਲਏ ਜਾਣ। ਪਹਿਲਾਂ ਅਧਿਕਾਰ 15 ਕਿਲੋਮੀਟਰ ਤੱਕ ਸਨ।ਆਗੂਆਂ ਨੇ ਕਿਹਾ ਕਿ ਭਿੱਖੀਵਿੰਡ ਬਲਾਕ 'ਚੋਂ ਵੱਡੀ ਗਿਣਤੀ ਵਿੱਚ ਔਰਤਾਂ ਤੇ ਮਰਦ ਕਨਵੈਨਸ਼ਨ ਵਿੱਚ ਪਹੁੰਚਣਗੇ।ਆਗੂਆਂ ਅਨੁਸਾਰ ਪੰਜਾਬ ਸਰਕਾਰ ਦੇ ਅਧਿਕਾਰੀ ਨਰੇਗਾ ਕਾਮਿਆਂ ਨੂੰ ਕੰਮ ਨਹੀਂ ਦੇ ਰਹੇ।ਜਾਣਬੁੱਝ ਕੇ ਖੱਜਲ-ਖੁਆਰ ਕੀਤਾ ਜਾ ਰਿਹਾ ਹੈ।ਨਰੇਗਾ ਕਾਮਿਆਂ ਨੂੰ ਫੌਰੀ ਤੌਰ 'ਤੇ ਕੰਮ ਦਿੱਤਾ ਜਾਵੇ।ਜੇ ਕੰਮ ਨਾ ਦਿੱਤਾ ਗਿਆ ਤਾਂ ਜਲਦੀ ਹੀ ਬਲਾਕ ਪਾਰਟੀ ਦੀ ਮੀਟਿੰਗ ਕਰਕੇ ਨਰੇਗਾ ਅਫਸਰ ਬਲਾਕ ਭਿੱਖੀਵਿੰਡ ਦੇ ਦਫਤਰ ਵਿਖੇ ਲਗਾਤਾਰ ਰੋਸ ਪ੍ਰਦਰਸ਼ਨ ਕੀਤਾ ਜਾਵੇਗਾ।

ਪੰਜਾਬ ਇਸਤਰੀ ਸਭਾ ਨੇ ਹੋਰ ਜਥੇਬੰਦੀਆਂ ਨਾਲ ਮਿਲ ਕੇ ਪਿੰਡ ਗੱਗੜ 'ਚ ਸਿਲਾਈ ਸੈਂਟਰ ਖੋਲ੍ਹਿਆ

ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)-ਅੰਮ੍ਰਿਤਸਰ ਜ਼ਿਲ੍ਹੇ ਦੇ ਬਲਾਕ ਅਜਨਾਲਾ ਵਿੱਚ ਬਲਾਕ ਕਾਨਫਰੰਸ ਕੀਤੀ ਗਈ, ਜਿਸ ਵਿੱਚ ਸੂਬਾ ਪ੍ਰਧਾਨ ਪ੍ਰਿੰਸੀਪਲ ਰਜਿੰਦਰ ਪਾਲ ਕੌਰ ਪਹੁੰਚੇ ।ਇਸ ਕਾਨਫਰਸ ਦੀ ਪ੍ਰਧਾਨਗੀ ਜਿਲਾ ਕੌਂਸਲ ਮੈਂਬਰ ਪਰਵੀਨ ਸ਼ਰਮਾ ਨੇ ਕੀਤੀ।ਕਾਨਫਰੰਸ ਵਿੱਚ ਤਿੰਨ ਪਿੰਡਾਂ ਤੋਂ ਔਰਤਾਂ ਸ਼ਾਮਿਲ ਹੋਈਆਂ ।ਵਰਨਨਯੋਗ ਹੈ ਕਿ ਇੱਥੇ ਗੱਗੜ ਪਿੰਡ ਵਿੱਚ ਪੰਜਾਬ ਇਸਤਰੀ ਸਭਾ ਨੇ ਹੋਰ ਜਥੇਬੰਦੀਆਂ ਨਾਲ ਮਿਲ ਕੇ ਇੱਕ ਸਿਲਾਈ ਸੈਂਟਰ ਖੋਲ੍ਹਿਆ ਜਿਸ ਦਾ ਸਾਰਾ ਸਿਹਰਾ ਸਰਦਾਰ ਸੁਖਪਾਲ ਸਿੰਘ ਜੀ ਨੂੰ ਜਾਂਦਾ ਹੈ ।ਅੱਜ ਦੀ ਮੀਟਿੰਗ ਵਿੱਚ ਇਸ ਸਕੂਲ ਦੀਆਂ ਲੜਕੀਆਂ ਬੜੇ ਚਾਅ ਨਾਲ ਸ਼ਾਮਿਲ ਹੋਈਆਂ ।ਕਾਨਫਰੰਸ ਨੂੰ ਸੰਬੋਧਨ ਕਰਦਿਆਂ ਸੂਬਾ ਪ੍ਰਧਾਨ ਰਜਿੰਦਰ ਪਾਲ ਕੌਰ ਨੇ ਪੰਜਾਬ ਇਸਤਰੀ ਸਭਾ ਦਾ ਇਤਿਹਾਸ ਦੱਸਿਆ ਅਤੇ ਮੈਂਬਰਸ਼ਿਪ ਕਰਨ ਦਾ ਤਰੀਕਾ ਸਮਝਾਇਆ।ਉਨ੍ਹਾਂ ਨੇ ਭਖਦੇ ਮੁੱਦਿਆਂ ਤੇ ਔਰਤਾਂ ਨਾਲ ਗੱਲਬਾਤ ਕੀਤੀ ਔਰਤਾਂ ਨਾਲ ਬੜੀ ਹੋ ਰਹੀ ਬੇਇਨਸਾਫ਼ੀ, ਵਧਦੀ ਮਹਿੰਗਾਈ ਅਤੇ ਦੁਨੀਆ ਵਿੱਚ ਚੱਲ ਰਹੀ ਖਿੱਚੋਤਾਣ ਸਬੰਧੀ ਔਰਤਾਂ ਨੂੰ ਜਾਗਰੂਕ ਕੀਤਾ ।ਸਮਾਜ ਸੇਵਕ ਸਰਦਾਰ ਸੁਖਪਾਲ ਸਿੰਘ ਜੋ ਕਿ ਪੋਲੀਟੀਕਲ ਸਾਇੰਸ ਦੇ ਲੈਕਚਰਾਰ ਹਨ, ਨੇ ਹੜ੍ਹਾਂ ਦੌਰਾਨ ਬੇਅੰਤ ਕੰਮ ਕੀਤਾ ਹੈ ।ਪੰਜਾਬ ਇਸਤਰੀ ਸਭਾ ਨੇ ਵੀ ਉਨ੍ਹਾਂ ਨਾਲ ਹੀ ਜੁੜ ਕੇ ਕੰਮ ਕੀਤਾ ਸੀ।ਸਰਦਾਰ ਸੁਖਪਾਲ ਸਿੰਘ ਨੇ ਸੰਬੋਧਨ ਕਰਦਿਆਂ ਜਸਟਿਸ ਸੂਰਿਆ ਕਾਂਤ ਦੇ ਸ਼ਬਦਾਂ ਦਾ ਹਵਾਲਾ ਦਿੱਤਾ ਕਿ ਬੇਰੁਜ਼ਗਾਰ ਨੌਜਵਾਨ ਕਾਕਰੋਚ ਹਨ ।ਉਨ੍ਹਾਂ ਨੇ ਕਿਹਾ ਕਿ ਸਰਕਾਰ ਨੌਜਵਾਨ ਲੜਕੇ ਲੜਕੀਆਂ ਨੂੰ ਰੁਜ਼ਗਾਰ ਨਹੀਂ ਦੇ ਰਹੀ।ਅਸੀਂ ਚਾਹੁੰਦੇ ਹਾਂ ਕਿ ਹਰ ਕਾਬਲ ਲੜਕੇ ਅਤੇ ਲੜਕੀ ਨੂੰ ਉਸਦੀ ਕਾਬਲੀਅਤ ਮੁਤਾਬਿਕ ਰੁਜ਼ਗਾਰ ਮਿਲਣਾ ਚਾਹੀਦਾ ਹੈ।ਉਨ੍ਹਾਂ ਨੇ ਕਿਹਾ ਕਿ ਅਸੀਂ ਰਲ ਕੇ ਛੋਟੇ ਮੋਟੇ ਉਦਮ ਕਰਦੇ ਰਹਾਂਗੇ। ਜ਼ਿਲਾ ਕੌਂਸਲ ਮੈਂਬਰ ਅਸ਼ਵਨੀ ਸ਼ਰਮਾ ਨੇ ਦੱਸਿਆ ਕਿ ਜਦੋਂ ਉਨ੍ਹਾਂ ਦਾ ਪਿੰਡ ਹੜ੍ਹਾਂ ਵਿੱਚ ਡੁੱਬਿਆ ਹੋਇਆ ਸੀ ਤਾਂ ਉਨ੍ਹਾਂ ਨੇ ਆਪਣੇ ਕੋਲੋਂ ਤੇਲ ਖਰਚ ਕੇ 15 ਦਿਨ ਲੋਕਾਂ ਨੂੰ ਸਾਫ ਪਾਣੀ ਮੁਹੱਈਆ ਕਰਵਾਇਆ ਸੀ ।ਰਿਟਾ. ਪ੍ਰਿੰਸੀਪਲ ਸਤੀਸ਼ ਨੇ ਬੱਚੀਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਤੁਹਾਡੇ ਪਿੰਡ ਵਿੱਚ ਸਿਲਾਈ ਸੈਂਟਰ ਖੋਲ੍ਹਣਾ ਇੱਕ ਵਧੀਆ ਉਪਰਾਲਾ ਹੈ, ਪਰ ਲੋੜ ਹੈ ਕਿ ਤੁਸੀਂ ਹੁਣ ਇਸ ਤੇ ਤਨਦੇਹੀ ਨਾਲ ਕੰਮ ਕਰੋ ।ਆਪ ਸਿੱਖੋ, ਹੋਰ ਲੋਕਾਂ ਦੀ ਮਦਦ ਕਰੋ, ਇੱਕ ਦੂਜੇ ਨਾਲ ਈਰਖਾ ਵਿੱਚ ਪੈ ਕੇ ਇਕ ਦੂਜੇ ਦੀਆਂ ਲੱਤਾਂ ਖਿੱਚਣ ਦੀ ਕਦੇ ਵੀ ਕੋਸ਼ਿਸ਼ ਨਾ ਕਰੋ ।ਹਮੇਸ਼ਾ ਦੂਜਿਆਂ ਦੀ ਮਦਦ ਕਰਕੇ ਹੀ ਖੁਸ਼ੀ ਮਿਲਦੀ ਹੈ।ਇਸ ਮੌਕੇ ਗੱਗੜ ਪਿੰਡ ਦੀ ਬਰਾਂਚ ਦੀ ਚੋਣ ਕੀਤੀ ਗਈ ਜਿਸ ਦੇ ਜਨਰਲ ਸਕੱਤਰ ਰਣਜੀਤ ਕੌਰ ਅਤੇ ਪ੍ਰਧਾਨ ਪਰਮਜੀਤ ਕੌਰ ਨੂੰ ਚੁਣਿਆ ਗਿਆ। ਉਨ੍ਹਾਂ ਨੇ ਸੱਤ ਮੈਂਬਰੀ ਕੌਂਸਲ ਵੀ ਬਣਾਈ ਜਿਸ ਵਿੱਚ ਸਰਪੰਚ ਅਮਨਦੀਪ ਕੌਰ ਅਤੇ ਸਲੋਮੀ ਸ਼ਾਮਿਲ ਹਨ।ਬਲਾਕ ਕਮੇਟੀ ਦੀ ਚੋਣ ਵੀ ਕੀਤੀ ਜਿਸ 'ਚ ਜਨਰਲ ਸਕੱਤਰ ਪਰਵੀਨ ਸ਼ਰਮਾ ਅਤੇ ਪ੍ਰਧਾਨ ਮਨਦੀਪ ਕੌਰ ਘੁਮਾਇਆ ਚੁਣੇ ਗਏ। ਉਨ੍ਹਾਂ ਨੇ ਆਪਣੀ 11 ਮੈਂਬਰੀ ਕੌਂਸਲ ਦੀ ਚੋਣ ਕੀਤੀ ਜਿਸ ਵਿੱਚ ਸੱਤ ਮੈਂਬਰ ਚੁਣ ਲਏ ਗਏ ਅਤੇ ਬਾਕੀ ਚਾਰ ਸੀਟਾਂ ਹੋਰ ਪਿੰਡਾਂ ਵਾਸਤੇ ਖਾਲੀ ਰੱਖੀਆਂ ਗਈਆਂ।ਅੰਤ ਵਿੱਚ ਪਰਵੀਨ ਸ਼ਰਮਾ ਨੇ ਵੱਖ-ਵੱਖ ਪਿੰਡਾਂ ਤੋਂ ਆਈਆਂ ਭੈਣਾਂ ਦਾ ਅਤੇ ਅੰਮ੍ਰਿਤਸਰ ਤੋਂ ਪਹੁੰਚੀ ਟੀਮ ਦਾ ਧੰਨਵਾਦ ਕੀਤਾ ਅਤੇ ਕਿਹਾ ਕਿ ਉਹ ਆਸ ਕਰਦੇ ਹਨ ਕਿ ਸਾਨੂੰ ਹਮੇਸ਼ਾ ਇੱਦਾਂ ਹੀ ਸਹਿਯੋਗ ਮਿਲਦਾ ਰਹੇਗਾ।

ਸਮਾਜਿਕ ਸਿੱਖਿਆ ਤੇ ਕਾਮਰਸ ਵਿਭਾਗ ਵੱਲੋਂ ਤਿਆਰ ਮਾਡਲਾਂ ਦੀ ਸ਼ਾਨਦਾਰ ਪ੍ਰਦਰਸ਼ਨੀ

ਝਬਾਲ (ਹਰਜਿੰਦਰ ਸਿੰਘ ਸੋਨੀ)-ਹਾਵਰਡ ਲੇਨ ਸੀਨੀਅਰ ਸਕੂਲ ਠੱਠਾ ਵਿਖੇ ਪੀ. ਟੀ. ਐੱਮ. ਦੇ ਮੌਕੇ 'ਤੇ ਐੱਸ. ਐੱਸ. ਟੀ. ਅਤੇ ਕਾਮਰਸ ਵਿਭਾਗ ਵੱਲੋਂ ਇੱਕ ਵਿਸ਼ੇਸ਼ ਕਲਾ ਪ੍ਰਦਰਸ਼ਨੀ ਦਾ ਆਯੋਜਨ ਕੀਤਾ ਗਿਆ।ਇਸ ਪ੍ਰਦਰਸ਼ਨੀ ਵਿੱਚ ਵਿਦਿਆਰਥੀਆਂ ਵੱਲੋਂ ਵੱਖ-ਵੱਖ ਵਿਸ਼ਿਆਂ ਨਾਲ ਸੰਬੰਧਿਤ ਸੁੰਦਰ ਅਤੇ ਜਾਣਕਾਰੀ ਭਰਪੂਰ ਮਾਡਲ ਤਿਆਰ ਕਰਕੇ ਪੇਸ਼ ਕੀਤੇ ਗਏ। ਵਿਦਿਆਰਥੀਆਂ ਨੇ ਨੈਸ਼ਨਲ ਡਿਜ਼ਾਸਟਰ, ਵਿੰਡਮਿਲ, ਐਟਮੋਸਫੇਰਿਕ ਲੇਅਰਜ਼, ਕਾਮਰਸ ਸਿਟੀ, ਬੈਂਕਿੰਗ ਪ੍ਰਣਾਲੀ, ਸੋਇਲ ਇਰੋਜ਼ਨ, ਵਾਟਰ ਸਾਈਕਲ, ਸਮਾਰਟ ਸਿਟੀ, ਅਫਾਰੈਸਟੇਸ਼ਨ ਅਤੇ ਡੀ-ਫਾਰੈਸਟੇਸ਼ਨ ਆਦਿ ਵਿਸ਼ਿਆਂ 'ਤੇ ਬਹੁਤ ਹੀ ਰਚਨਾਤਮਕ ਮਾਡਲ ਤਿਆਰ ਕੀਤੇ।ਇਨ੍ਹਾਂ ਮਾਡਲਾਂ ਰਾਹੀਂ ਵਿਦਿਆਰਥੀਆਂ ਨੇ ਆਪਣੀ ਸੋਚ, ਮਿਹਨਤ ਅਤੇ ਵਿਗਿਆਨਕ ਜਾਣਕਾਰੀ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ।ਇਸ ਦੇ ਨਾਲ ਹੀ ਕਿੰਡਰਗਾਰਟਨ ਵਿਭਾਗ ਵਿੱਚ ਆਰਟ ਪ੍ਰਦਰਸ਼ਨੀ ਲਾਈ ਗਈ ਜਿਸ ਵਿੱਚ ਵਿਦਿਆਰਥੀਆਂ ਵੱਲੋਂ ਬਣਾਈ ਗਈ ਫੋਟੋਫਰੇਮ ਹੈਂਗਿੰਗ, ਸਮਾਈਲੀ ਫੇਸ ਆਦਿ ਵਸਤੂਆਂ ਪ੍ਰਦਰਸ਼ਨ ਵਿੱਚ ਲਾਈਆਂ ਗਈਆਂ ।ਪੀ. ਟੀ. ਐੱਮ. ਵਿੱਚ ਸ਼ਾਮਲ ਹੋਏ ਮਾਪਿਆਂ ਨੇ ਵਿਦਿਆਰਥੀਆਂ ਦੇ ਉਪਰਾਲਿਆਂ ਦੀ ਖੂਬ ਪ੍ਰਸ਼ੰਸਾ ਕੀਤੀ ਅਤੇ ਉਨ੍ਹਾਂ ਦਾ ਹੌਸਲਾ ਵਧਾਇਆ। ਸਕੂਲ ਦੇ ਪ੍ਰਿੰਸੀਪਲ ਬਲਰਾਜ ਸਿੰਘ ਬਾਠ ਡਾਇਰੈਕਟਰ ਮਨਜਿੰਦਰ ਸਿੰਘ ਵਿਰਕ, ਚੇਅਰਮੈਨ ਮਖਤੂਲ ਸਿੰਘ ਔਲਖ ਨੇ ਵੀ ਵਿਦਿਆਰਥੀਆਂ ਅਤੇ ਅਧਿਆਪਕਾਂ ਦੀ ਮਿਹਨਤ ਦੀ ਸਰਾਹਨਾ ਕਰਦਿਆਂ ਸਭ ਨੂੰ ਸ਼ਾਬਾਸ਼ ਦਿੱਤੀ।ਉਨ੍ਹਾਂ ਕਿਹਾ ਕਿ ਇਸ ਤਰ੍ਹਾਂ ਦੀਆਂ ਗਤੀਵਿਧੀਆਂ ਵਿਦਿਆਰਥੀਆਂ ਦੇ ਗਿਆਨ ਅਤੇ ਆਤਮ-ਵਿਸ਼ਵਾਸ ਵਿੱਚ ਵਾਧਾ ਕਰਦੀਆਂ ਹਨ।

'ਆਪ' ਦੇ ਸਾਬਕਾ ਹਲਕਾ ਇੰਚਾਰਜ ਜੱਗਾ ਮਜੀਠੀਆ ਨੇ ਸਾਥੀਆਂ ਸਮੇਤ ਪਾਰਟੀ ਨੂੰ ਕਿਹਾ ਅਲਵਿਦਾ

ਮਜੀਠਾ (ਸੋਇਮ ਆਨੰਦ)-ਨਗਰ ਕੌਂਸਲ ਚੋਣਾ ਦਰਮਿਆਨ ਆਮ ਆਦਮੀ ਪਾਰਟੀ ਨੂੰ ਮਾਝੇ ਦੇ ਪ੍ਰਮੁੱਖ ਅਤੇ ਬਹੁ-ਚਰਚਿਤ ਵਿਧਾਨ ਸਭਾ ਹਲਕਾ ਮਜੀਠਾ ਵਿਚ ਉਸ ਵਕਤ ਵੱਡਾ ਝਟਕਾ ਲੱਗਾ ਜਦ ਆਮ ਆਦਮੀ ਪਾਰਟੀ ਦੇ ਸਾਬਕਾ ਹਲਕਾ ਇੰਚਾਰਜ ਅਤੇ ਸੀਨੀਅਰ ਆਪ ਆਗੂ ਜਗਵਿੰਦਰਪਾਲ ਸਿੰਘ ਜੱਗਾ ਮਜੀਠੀਆ ਨੇ ਆਪਣੇ ਸਾਥੀਆਂ ਸਮੇਤ ਆਮ ਆਦਮੀ ਪਾਰਟੀ ਨੂੰ ਸਦਾ ਲਈ ਅਲਵਿਦਾ ਆਖ ਦਿੱਤਾ।ਪ੍ਰੈੱਸ ਕਾਨਫਰੰਸ ਮੌਕੇ ਗੱਲਬਾਤ ਕਰਦਿਆਂ ਜੱਗਾ ਮਜੀਠੀਆ ਨੇ ਕਿਹਾ ਕਿ ਪਾਰਟੀ ਵਿਚ ਉਨ੍ਹਾਂ ਨੂੰ ਪਿਛਲੇ ਲੰਮੇ ਸਮੇਂ ਤੋਂ ਅਣਗੌਲਿਆਂ ਕੀਤਾ ਜਾ ਰਿਹਾ ਸੀ ਅਤੇ ਇਸ ਦੇ ਨਾਲ ਹੀ ਉਨ੍ਹਾਂ ਦੇ ਜੱਦੀ ਸ਼ਹਿਰ ਮਜੀਠਾ ਵਿੱਚ ਹੋ ਰਹੀਆਂ ਨਗਰ ਕੌਂਸਲ ਚੋਣਾਂ ਵਿੱਚ ਉਨ੍ਹਾਂ ਦੇ ਸਲਾਹ ਮਸ਼ਵਰੇ ਤੋਂ ਬਿਨਾਂ ਹੀ ਉਮੀਦਵਾਰਾਂ ਨੂੰ ਪਾਰਟੀ ਦੀਆਂ ਟਿਕਟਾ ਦਿੱਤੀਆਂ ਗਈਆਂ ਜਿਸ ਤੋਂ ਉਹ ਕਾਫੀ ਸਮੇਂ ਤੋਂ ਪਾਰਟੀ ਵਿੱਚ ਘੁਟਣ ਮਹਿਸੂਸ ਕਰ ਰਹੇ ਸਨ ਜਿਸ ਕਰਕੇ ਉਨ੍ਹਾਂ ਨੇ ਪਾਰਟੀ ਤੋਂ ਅਸਤੀਫਾ ਦੇ ਦਿੱਤਾ ਜਿਹੜਾ ਕਿ ਉਨ੍ਹਾਂ ਨੇ ਪਾਰਟੀ ਹਾਈਕਮਾਂਡ ਨੂੰ ਭੇਜ ਵੀ ਦਿੱਤਾ ਹੈ। ਉਨ੍ਹਾਂ ਕਿਹਾ ਕਿ ਉਨ੍ਹਾਂ ਦਾ ਪਾਰਟੀ ਛੱਡਣ ਦਾ ਮੁੱਖ ਕਾਰਣ ਇਹ ਹੈ ਕਿ ਪਾਰਟੀ ਦੀ ਕਹਿਣੀ ਅਤੇ ਕਥਨੀ ਵਿਚ ਜ਼ਮੀਨ ਅਸਮਾਨ ਦਾ ਫਰਕ ਹੈ। ਜ਼ਿਕਰਯੋਗ ਹੈ ਕਿ ਜੱਗਾ ਮਜੀਠਿਆ ਨੇ ਕਾਂਗਰਸ ਪਾਰਟੀ ਦੀ ਟਿਕਟ 'ਤੇ 2022 ਦੀਆਂ ਵਿਧਾਨ ਸਭਾ ਚੋਣਾਂ ਵਿਚ ਹਲਕੇ ਵਿੱਚੋਂ 26 ਹਜ਼ਾਰ ਤੋਂ ਵੱਧ ਵੋਟਾਂ ਲਈਆਂ ਸਨ ਜਿਸ ਤੋਂ ਪਤਾ ਲੱਗਦਾ ਹੈ ਕਿ ਉਨ੍ਹਾਂ ਦਾ ਮਜੀਠਾ ਹਲਕੇ ਅੰਦਰ ਵੱਡਾ ਆਧਾਰ ਹੈ।ਇਸ ਮੌਕੇ ਜਗਵਿੰਦਰਪਾਲ ਸਿੰਘ ਜੱਗਾ ਮਜੀਠੀਆ ਦੇ ਨਾਲ ਨੌਜਵਾਨ ਆਗੂ ਆਕਾਸ਼ਦੀਪ ਸਿੰਘ ਗਿੱਲ ਮਜੀਠਾ, ਆਪ ਦੇ ਬਲਾਕ ਪ੍ਰਧਾਨ ਬਲਵਿੰਦਰ ਸਿੰਘ ਕਾਦਰਾਬਾਦ, ਰਣਜੀਤ ਸਿੰਘ ਸਾਬਕਾ ਸਰਪੰਚ ਭੋਮਾ, ਰੰਧਾਵਾ ਸਿੰਘ ਸਾਬਕਾ ਸਰਪੰਚ, ਬਲਵਿੰਦਰ ਸਿੰਘ ਸਰਪੰਚ ਰੂਪੋਵਾਲੀ, ਗੁਰਮੀਤ ਸਿੰਘ ਪੰਚ ਗੁਪਾਲਪੁਰਾ, ਪੰਮਾ ਪ੍ਰਧਾਨ ਮਜੀਠਾ, ਕੁਲਦੀਪ ਸਿੰਘ ਪੰਚ ਖੈੜੇਬਾਲਾ ਚੱਕ, ਵਿਜੇ ਕੁਮਾਰ ਨੰਬਰਦਾਰ ਨਾਗ ਕਲਾਂ, ਡਾ: ਕੁਲਦੀਪ ਸਿੰਘ ਵਾਰਡ ਨੰਬਰ 2 ਮਜੀਠਾ, ਭੁਪਿੰਦਰ ਸਿੰਘ ਗੋਲਨ, ਬਲਕਾਰ ਸਿੰਘ ਚਾਚੋਵਾਲੀ, ਸੰਨੀ ਲਾਲ ਮਜੀਠਾ, ਮੈਨੂਅਲ ਮਸੀਹ, ਚੇਤਨ ਬੱਬਰ, ਸਾਹਿਲ ਬੱਬਰ, ਕਾਲਾ ਤਰਗੜ੍ਹ, ਪ੍ਰਦੀਪ ਵਡਾਲਾ, ਹਰਦੀਪ ਸਿੰਘ ਪੰਧੇਰ, ਲਾਭ ਸਿੰਘ ਵਡਾਲਾ, ਸ਼ੇਰਾ ਕੁੱਲੀਆਂ, ਸਾਬੀ ਗਾਲੋਵਾਲੀ, ਪਿੰਦਾ ਗਾਲੋਵਾਲੀ, ਹਰਪਾਲ ਸਿੰਘ ਮਜੀਠਾ, ਅਵਤਾਰ ਸਿੰਘ, ਰਮਨ ਦੇਵਗਨ ਮਜੀਠਾ, ਪ੍ਰਿੰਸੀਪਲ ਕਵਲਜੀਤ ਸਿੰਘ, ਦਿਲਬਾਗ ਸਿੰਘ ਸਾਬਕਾ ਸਰਪੰਚ ਦਾਦੂਪੁਰਾ, ਰੁਲਦਾ ਸਿੰਘ ਹਮਜਾ ਸਾਬਕਾ ਸਰਪੰਚ, ਮੰਗਲ ਸਿੰਘ ਸਾਬਕਾ ਸਰਪੰਚ ਟਰਪਈ, ਵਿਨੋਦ ਕੁਮਾਰ, ਕੁਲਦੀਪ ਕੁਮਾਰ ਕਰਿਆਨਾ ਵਾਲਾ, ਰਾਜ ਕੁਮਾਰ, ਪਵਨ ਕੁਮਾਰ ਗੁਲਸ਼ਨ, ਡਾਕਟਰ ਜੱਗਾ ਭੰਗਾਲੀ, ਹਰਦਿਆਲ ਸਿੰਘ ਰੁਮਾਣਾ, ਬਿੱਟੂ ਕਲੇਰ, ਜਗੀਰ ਸਿੰਘ ਨਾਗ ਕਲਾਂ, ਸਤਨਾਮ ਸਿੰਘ ਨਾਗ ਕਲਾਂ, ਡਾਕਟਰ ਬਿੱਟੂ ਆਦਿ ਹਾਜ਼ਰ ਸਨ।

ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਫਤਿਹਗੜ੍ਹ ਚੂੜੀਆਂ ਦਾ ਵੱਖ-ਵੱਖ ਜਮਾਤਾਂ ਦਾ ਨਤੀਜਾ ਰਿਹਾ ਸ਼ਾਨਦਾਰ

ਫਤਿਹਗੜ੍ਹ ਚੂੜੀਆਂ (ਜਸਦੇਵ ਮਾਨ)-ਪੰਜਾਬ ਸਕੂਲ ਸਿੱਖਿਆ ਬੋਰਡ ਵੱਲੋਂ ਐਲਾਨੇ ਗਏ ਅੱਠਵੀਂ, ਦਸਵੀਂ ਅਤੇ ਬਾਰ੍ਹਵੀਂ ਜਮਾਤ ਦੇ ਨਤੀਜਿਆਂ 'ਚ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਫਤਿਹਗੜ੍ਹ ਚੂੜੀਆਂ ਦੀਆਂ ਵਿਦਿਆਰਥਣਾਂ ਨੇ ਸ਼ਾਨਦਾਰ ਅੰਕ ਪ੍ਰਾਪਤ ਕਰਕੇ ਸਕੂਲ ਦਾ ਨਾਮ ਰੌਸ਼ਨ ਕੀਤਾ। ਪੱਤਰਕਾਰਾਂ ਨੂੰ ਜਾਣਕਾਰੀ ਦਿੰਦਿਆਂ ਪ੍ਰਿੰਸੀਪਲ ਮੈਡਮ ਅਨੀਤਾ ਅਰੋੜਾ ਨੇ ਦੱਸਿਆ ਕਿ ਪਲਕਪ੍ਰੀਤ ਕੌਰ ਨੇ 500 ਦੇ ਵਿੱਚੋਂ 480 ਅੰਕ, ਪਲਕ ਸ਼ਰਮਾ ਨੇ 478 ਅੰਕ, ਨਵਪ੍ਰੀਤ ਕੌਰ ਨੇ 476 ਅੰਕ ਸਾਇੰਸ ਸਟਰੀਮ ਵਿੱਚੋਂ, ਮਨਪ੍ਰੀਤ ਕੌਰ ਨੇ 474 ਅੰਕ, ਮਹਿਕ ਨੇ 451 ਅੰਕ, ਮਨਪ੍ਰੀਤ ਕੌਰ ਨੇ 450 ਅੰਕ ਆਰਟਸ ਸਟਰੀਮ ਵਿੱਚੋਂ, ਤਾਜਪ੍ਰੀਤ ਕੌਰ ਨੇ 419 ਅੰਕ, ਅਰਸ਼ਪ੍ਰੀਤ ਕੌਰ ਨੇ 410 ਅੰਕ, ਸਿਮਰਨਜੀਤ ਕੌਰ ਨੇ 407 ਅੰਕ ਕਾਮਰਸ ਸਟਰੀਮ ਵਿੱਚੋਂ, ਭਾਗੋ ਅਤੇ ਸਹਿਜਪ੍ਰੀਤ ਦੋਵਾਂ ਵਿਦਿਆਰਥਣਾਂ ਨੇ 389 ਅੰਕ, ਤਾਨੀਆ ਨੇ 382 ਅੰਕ, ਹਰ ਗੁਰਲੀਨ ਕੌਰ ਨੇ 379 ਅੰਕ ਵੋਕੇਸ਼ਨਲ ਸਟਰੀਮ ਵਿੱਚੋਂ ਪ੍ਰਾਪਤ ਕੀਤੇ! ਇਸੇ ਤਰ੍ਹਾਂ ਦਸਵੀਂ ਦੀ ਜਗਪ੍ਰੀਤ ਸ਼ਰਮਾ ਨੇ 650 ਵਿੱਚੋਂ 612 ਅੰਕ, ਸੀਰਤ ਸ਼ਰਮਾ ਨੇ 609 ਅੰਕ, ਆਸ਼ਨਾ ਕੁਸਵਾਹ ਨੇ 605 ਅੰਕ ਪ੍ਰਾਪਤ ਕੀਤੇ! ਅੱਠਵੀਂ ਜਮਾਤ ਦੀ ਅਮਰੀਨ ਕੌਰ ਨੇ 600 ਵਿੱਚੋਂ 564 ਅੰਕ, ਸੰਦੀਪ ਕੌਰ ਨੇ 558 ਅੰਕ, ਸਿਮਰਨ, ਹਰਸ਼ਦੀਪ ਕੌਰ, ਗੁਰਲੀਨ ਕੌਰ ਤਿੰਨਾਂ ਨੇ 557 ਅੰਕ ਪ੍ਰਾਪਤ ਕੀਤੇ! ਪ੍ਰਿੰਸੀਪਲ ਮੈਡਮ ਅਤੇ ਸਮੂਹ ਸਕੂਲ ਸਟਾਫ ਵੱਲੋਂ ਬੋਰਡ ਦੀਆਂ ਜਮਾਤਾਂ ਵਿੱਚੋਂ ਪਹਿਲੇ, ਦੂਸਰੇ ਅਤੇ ਤੀਸਰੇ ਸਥਾਨ 'ਤੇ ਆਉਣ ਵਾਲੀਆਂ ਵਿਦਿਆਰਥਣਾਂ ਅਤੇ ਉਨ੍ਹਾਂ ਦੇ ਮਾਤਾ ਪਿਤਾ ਨੂੰ ਬੁਲਾ ਕੇ ਸਨਮਾਨਿਤ ਕੀਤਾ ਗਿਆ! ਪ੍ਰਿੰਸੀਪਲ ਮੈਡਮ ਨੇ ਸਾਰਿਆਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਇਹ ਸਭ ਵਿਦਿਆਰਥਣਾਂ ਦੀ ਮਿਹਨਤ, ਅਧਿਆਪਕਾਂ ਦੀ ਯੋਗ ਅਗਵਾਈ ਅਤੇ ਮਾਤਾ ਪਿਤਾ ਦੇ ਸਹਿਯੋਗ ਸਦਕਾ ਸੰਭਵ ਹੋਇਆ ਹੈ! ਉਨ੍ਹਾਂ ਨੇ ਸਾਰਿਆਂ ਨੂੰ ਵਧੀਆ ਨਤੀਜੇ ਦੀ ਮੁਬਾਰਕਬਾਦ ਦਿੱਤੀ!

ਆਰਐੱਮਪੀਆਈ ਨੇ ਅਸਮਾਨੀਂ ਚੜ੍ਹੀਆਂ ਕੀਮਤਾਂ ਖਿਲਾਫ ਕੀਤੀ ਨਾਅਰੇਬਾਜ਼ੀ

ਅਜਨਾਲਾ (ਸੁਖਤਿੰਦਰ ਸਿੰਘ ਰਾਜੂ)-ਭਾਰਤੀ ਇਨਕਲਾਬੀ ਮਾਰਕਸਵਾਦੀ ਪਾਰਟੀ (ਆਰਐੱਮਪੀਆਈ) ਵੱਲੋਂ ਬੀਜੇਪੀ ਦੀ ਮੋਦੀ ਸਰਕਾਰ ਦੀਆਂ ਲੋਕ ਵਿਰੋਧੀ ਨੀਤੀਆਂ ਅਤੇ ਪਿਛਲੇ ਸਮੇਂ ਤੋਂ ਅਮਰੀਕਾ ਦੇ ਰਾਸ਼ਟਰਪਤੀ ਟਰੰਪ ਦੇ ਦਿਸ਼ਾ ਨਿਰਦੇਸ਼ਾਂ ਨੂੰ ਮੋਦੀ ਸਰਕਾਰ ਵੱਲੋਂ ਲਾਗੂ ਕਰਨ ਨਾਲ ਪਟਰੋਲ, ਡੀਜ਼ਲ ਤੇ ਗੈਸ ਦੀਆਂ ਅਸਮਾਨੀ ਚੜ੍ਹੀਆਂ ਕੀਮਤਾਂ ਖਿਲਾਫ ਭਾਰਤ-ਪਾਕਿ ਦੇ ਸਰਹੱਦੀ ਪਿੰਡ ਡੱਲਾ ਰਾਜਪੂਤਾਂ ਦੇ ਮਜ਼ਦੂਰਾਂ ਤੇ ਕਿਸਾਨਾਂ ਨੇ ਮੋਦੀ ਟਰੰਪ ਵਿਰੁੱਧ ਜੰਮ ਕੇ ਨਾਅਰੇਬਾਜ਼ੀ ਕੀਤੀ ਜਿੱਥੇ ਆਰਐੱਮਪੀਆਈ ਦੇ ਸੀਨੀਅਰ ਆਗੂ ਤੇ ਜਮਹੂਰੀ ਕਿਸਾਨ ਸਭਾ ਦੇ ਸੂਬਾ ਪ੍ਰਧਾਨ ਡਾ. ਸਤਨਾਮ ਸਿੰਘ ਅਜਨਾਲਾ ਨੇ ਬੁਲਾਈ ਵਿਸ਼ੇਸ਼ ਮੀਟਿੰਗ ਵਿੱਚ ਦੱਸਿਆ ਕਿ ਭਾਰਤ ਨੂੰ ਪਿਛਲੇ ਸਮੇਂ 'ਚ ਰੂਸ ਤੇ ਈਰਾਨ ਬਹੁਤ ਸਸਤਾ ਤੇਲ ਤੇ ਗੈਸ ਦੇਣ ਨੂੰ ਤਿਆਰ ਸਨ ਪ੍ਰੰਤੂ ਮੋਦੀ ਨੇ ਟਰੰਪ ਦੀ ਮਾਰੀ ਗਈ ਘੁਰਕੀ ਕਾਰਨ ਇਨ੍ਹਾਂ ਦੇਸ਼ਾਂ ਤੋਂ ਤੇਲ, ਗੈਸ ਲੈਣ ਦੀ ਬਜਾਏ ਟਰੰਪ ਵੱਲੋਂ ਦੱਸੇ ਗਏ ਦੇਸ਼ਾਂ ਕੋਲੋਂ ਲੈਣ ਕਾਰਨ ਮਹਿੰਗਾਈ ਵਧੀ ਹੈ! ਮੋਦੀ ਸਰਕਾਰ ਨੇ ਇੱਕ ਲੀਟਰ ਤੇਲ 'ਤੇ 11.90 ਰੁਪਏ ਪ੍ਰਤੀ ਲੀਟਰ ਐਕਸਾਈਜ਼ ਤੇ ਹੋਰ ਸੈਸ ਲਾ ਕੇ ਬਲਦੀ 'ਤੇ ਤੇਲ ਪਾਇਆ ਹੈ।ਉਨ੍ਹਾਂ ਇੰਕਸ਼ਾਫ ਕੀਤਾ ਕਿ ਪੰਜਾਬ ਦੀ ਲੋਕ ਵਿਰੋਧੀ ਭਗਵੰਤ ਮਾਨ ਦੀ ਸਰਕਾਰ ਨੇ ਪੈਟਰੋਲ 'ਤੇ 18.17 ਫੀਸਦੀ ਤੇ ਡੀਜ਼ਲ 'ਤੇ 14.39 ਫੀਸਦੀ ਵੈਟ ਲਗਾ ਕੇ ਹੋਰ ਤੇਲ ਮਹਿੰਗਾ ਕਰ ਦਿੱਤਾ ਹੈ! ਖੇਤੀ ਮਾਹਿਰ ਡਾ. ਅਜਨਾਲਾ ਨੇ ਜ਼ੋਰ ਦੇ ਕੇ ਕਿਹਾ ਕਿ ਮਹਿੰਗਾਈ ਦੀ ਸਤਾਈ ਪਬਲਿਕ ਮੰਗ ਕਰਦੀ ਹੈ ਕਿ ਮੋਦੀ ਨੂੰ ਟਰੰਪ ਦੀ ਪੂਛ ਛੱਡ ਕੇ ਜਿੱਥੋਂ ਤੇਲ ਸਸਤਾ ਮਿਲਦਾ ਹੈ ਉੱਥੋਂ ਖਰੀਦਣਾ ਚਾਹੀਦਾ। ਡਾ. ਅਜਨਾਲਾ ਨੇ ਕਿਹਾ ਕਿ ਸਾਡੇ ਭਾਰਤ ਦੇਸ਼ ਵਿੱਚ ਤੇਲ ਤੇ ਗੈਸ ਦੇ ਅਥਾਹ ਭੰਡਾਰ ਹਨ, ਉਨ੍ਹਾਂ ਵਿੱਚੋਂ ਨੈਚੁਰਲ ਤੇਲ ਤੇ ਗੈਸ ਕਮਿਸ਼ਨ ਨੂੰ ਕਾਰਜਕਾਰੀ ਬਣਾ ਕੇ ਦੇਸ਼ ਨੂੰ ਤੇਲ ਤੇ ਗੈਸ ਵਿੱਚ ਆਤਮ ਨਿਰਭਰ ਬਣਾਇਆ ਜਾ ਸਕਦਾ ਹੈ। ਇਸ ਸਮੇਂ ਹੋਰਨਾਂ ਤੋਂ ਇਲਾਵਾ ਕਾਲਾ ਸਿੰਘ, ਜੱਗਾ ਸਿੰਘ ਡੱਲਾ, ਜਸਪਾਲ ਸਿੰਘ ਚੱਕ ਡੋਗਰਾਂ, ਡਾਕਟਰ ਬਲਵਿੰਦਰ ਸਿੰਘ ਬੱਲ, ਰਸ਼ਪਾਲ ਸਿੰਘ ਸਾਹੋਵਾਲ, ਬਾਬਾ ਸੁੱਖਾ ਸਿੰਘ ਕਮੀਰਪੁਰਾ, ਬਲਵੰਤ ਸਿੰਘ ਡੱਲਾ ਰਾਜਪੂਤਾਂ, ਬੂਟਾ ਸਿੰਘ ਡੱਲਾ, ਮੁਖਤਾਰ ਸਿੰਘ ਡੱਲਾ, ਹਰਨੇਕ ਸਿੰਘ ਨੇਪਾਲ ਤੇ ਸਿਮਰਨਜੀਤ ਕੌਰ ਆਦਿ ਨੇ ਵੀ ਮੋਦੀ ਸਰਕਾਰ ਖ਼ਿਲਾਫ਼ ਨਾਅਰੇਬਾਜ਼ੀ ਕਰਦਿਆਂ ਕਿਹਾ ਕਿ ਘਰੇਲੂ ਗੈਸ ਦੀਆਂ ਵਧੀਆ ਕੀਮਤਾਂ ਕਾਰਨ ਕਰੋੜਾਂ ਮਜ਼ਦੂਰ ਸ਼ਹਿਰਾਂ ਵਿੱਚੋਂ ਪਿੰਡਾਂ ਨੂੰ ਪਲਾਇਨ ਕਰੀ ਜਾ ਰਹੇ ਹਨ।

ਚੋਣਾਂ ਵਾਲੇ ਦਿਨ ਨੂੰ ਡਰਾਈ ਡੇਅ ਐਲਾਨਿਆ

ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ):-ਪੰਜਾਬ ਵਿੱਚ ਹੋ ਰਹੀਆਂ ਨਗਰ ਕੌਂਸਲਾਂ ਅਤੇ ਨਗਰ ਪੰਚਾਇਤਾਂ ਦੀਆਂ ਚੋਣਾਂ ਨੂੰ ਸੁਤੰਤਰ, ਨਿਰਪੱਖ ਅਤੇ ਸ਼ਾਂਤੀਪੂਰਨ ਢੰਗ ਨਾਲ ਕਰਵਾਉਣ ਲਈ ਪੰਜਾਬ ਸਰਕਾਰ ਵੱਲੋਂ ਜ਼ਰੂਰੀ ਪ੍ਰਬੰਧ ਕੀਤੇ ਜਾ ਰਹੇ ਹਨ। ਇਸ ਸਬੰਧੀ ਐਕਸਾਈਜ਼ ਕਮਿਸ਼ਨਰ ਪੰਜਾਬ ਜਤਿੰਦਰ ਜੋਰਵਾਲ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਮੁੱਖ ਚੋਣ ਕਮਿਸ਼ਨ ਪੰਜਾਬ ਦੀਆਂ ਹਦਾਇਤਾਂ ਅਨੁਸਾਰ ਚੋਣਾਂ ਵਾਲੇ ਇਲਾਕਿਆਂ ਵਿੱਚ 26 ਮਈ ਨੂੰ ਡਰਾਈ ਡੇ ਐਲਾਨ ਕੀਤਾ ਗਿਆ ਹੈ।ਉਨ੍ਹਾਂ ਦੱਸਿਆ ਕਿ ਡਰਾਈ ਡੇ ਦੌਰਾਨ ਸੰਬੰਧਿਤ ਨਗਰ ਕੌਂਸਲਾਂ ਅਤੇ ਨਗਰ ਪੰਚਾਇਤਾਂ ਦੇ ਅਧਿਕਾਰ ਖੇਤਰਾਂ ਵਿੱਚ ਸ਼ਰਾਬ ਦੀ ਵਿਕਰੀ, ਵੰਡ ਅਤੇ ਸੇਵਨ 'ਤੇ ਪੂਰਨ ਪਾਬੰਦੀ ਰਹੇਗੀ।ਇਸ ਦਿਨ ਸਾਰੇ ਠੇਕੇ, ਅਹਾਤੇ, ਬਾਰ, ਹੋਟਲਾਂ ਵਿੱਚ ਸਥਿਤ ਬਾਰ ਅਤੇ ਹੋਰ ਸ਼ਰਾਬ ਵੇਚਣ ਵਾਲੇ ਸਥਾਨ ਬੰਦ ਰਹਿਣਗੇ।ਐਕਸਾਈਜ਼ ਵਿਭਾਗ ਵੱਲੋਂ ਸਪੱਸ਼ਟ ਕੀਤਾ ਗਿਆ ਹੈ ਕਿ ਚੋਣ ਪ੍ਰਕਿਰਿਆ ਦੌਰਾਨ ਕਾਨੂੰਨ-ਵਿਵਸਥਾ ਬਣਾਈ ਰੱਖਣ ਅਤੇ ਵੋਟਰਾਂ ਨੂੰ ਪ੍ਰਭਾਵਿਤ ਕਰਨ ਵਾਲੀਆਂ ਗਤੀਵਿਧੀਆਂ ਨੂੰ ਰੋਕਣ ਲਈ ਇਹ ਫੈਸਲਾ ਲਿਆ ਗਿਆ ਹੈ।ਵਿਭਾਗ ਦੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਗਈ ਹੈ ਕਿ ਡਰਾਈ ਡੇ ਦੇ ਹੁਕਮਾਂ ਦੀ ਸਖ਼ਤੀ ਨਾਲ ਪਾਲਣਾ ਯਕੀਨੀ ਬਣਾਈ ਜਾਵੇ ਅਤੇ ਉਲੰਘਣਾ ਕਰਨ ਵਾਲਿਆਂ ਖ਼ਿਲਾਫ਼ ਕਾਨੂੰਨੀ ਕਾਰਵਾਈ ਕੀਤੀ ਜਾਵੇ।ਉਨ੍ਹਾਂ ਸਮੂਹ ਲਾਇਸੰਸੀ ਹੋਲਡਰਾਂ ਅਤੇ ਆਮ ਜਨਤਾ ਨੂੰ ਅਪੀਲ ਕੀਤੀ ਕਿ ਉਹ ਚੋਣ ਕਮਿਸ਼ਨ ਅਤੇ ਸਰਕਾਰ ਵੱਲੋਂ ਜਾਰੀ ਹਦਾਇਤਾਂ ਦੀ ਪਾਲਣਾ ਕਰਦੇ ਹੋਏ ਚੋਣ ਪ੍ਰਕਿਰਿਆ ਨੂੰ ਸ਼ਾਂਤੀਪੂਰਨ ਢੰਗ ਨਾਲ ਨੇਪਰੇ ਚੜ੍ਹਾਉਣ ਵਿੱਚ ਸਹਿਯੋਗ ਦੇਣ।

ਪੋਲਿੰਗ ਸਟੇਸ਼ਨਾਂ ਦੇ 100 ਮੀਟਰ ਦੇ ਘੇਰੇ ਅੰਦਰ ਵੱਖ-ਵੱਖ ਪਾਬੰਦੀਆਂ ਦੇ ਹੁਕਮ ਜਾਰੀ

ਪੱਟੀ, (ਬਲਦੇਵ ਸਿੰਘ ਸੰਧੂ ਕਿਰਤੋਵਾਲ)-ਜ਼ਿਲ੍ਹਾ ਮੈਜਿਸਟਰੇਟ ਰਾਹੁਲ ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ 2023 ਦੀ ਧਾਰਾ 163 ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ 26 ਮਈ ਨੂੰ ਨਗਰ ਕੌਂਸਲ ਪੱਟੀ ਅਤੇ ਨਗਰ ਪੰਚਾਇਤ ਭਿੱਖੀਵਿੰਡ ਦੀਆਂ ਹੋਣ ਜਾ ਰਹੀਆਂ ਚੋਣਾਂ ਨੂੰ ਸੁਤੰਤਰ, ਨਿਰਪੱਖ, ਸ਼ਾਂਤੀਪੂਰਨ ਨੇਪਰੇ ਚਾੜ੍ਹਨ ਲਈ ਚੋਣਾਂ ਲਈ ਨਿਰਧਾਰਿਤ ਕੀਤੇ ਗਏ ਸਮੂਹ ਪੋਲਿੰਗ ਸਟੇਸ਼ਨਾਂ/ਬੂਥਾਂ ਦੇ 100 ਮੀਟਰ ਦੇ ਘੇਰੇ ਵਿੱਚ 26 ਮਈ ਨੂੰ ਚੋਣ ਪ੍ਰਕਿਰਿਆ ਦੌਰਾਨ ਵੱਖ-ਵੱਖ ਪਾਬੰਦੀਆਂ ਦੇ ਹੁਕਮ ਜਾਰੀ ਕੀਤੇ ਹਨ।ਇਸ ਦੌਰਾਨ ਪੰਜ ਜਾਂ ਪੰਜ ਤੋਂ ਵੱਧ ਵਿਅਕਤੀਆਂ (ਕਤਾਰ ਵਿੱਚ ਲੱਗੇ ਵੋਟਰਾਂ ਤੋਂ ਇਲਾਵਾ) ਦੇ ਇੱਕਠੇ ਹੋਣ/ਗਤੀਵਿਧੀਆਂ ਤੇ ਪਾਬੰਦੀ ਹੋਵੇਗੀ।ਇਸੇ ਤਰ੍ਹਾਂ ਵੋਟਾਂ ਦਾ ਪ੍ਰਚਾਰ ਕਰਨ ਜਾਂ ਅਪੀਲ ਕਰਨ ਤੇ ਪਾਬੰਦੀ ਹੋਵੇਗੀ।ਕਿਸੇ ਵੀ ਰਾਜਨੀਤਿਕ ਪਾਰਟੀ, ਚੋਣ ਲੜ ਰਹੇ ਉਮੀਦਵਾਰ ਵੱਲੋਂ ਆਪਣਾ ਬੂਥ/ਟੈਂਟ ਨਹੀਂ ਲਗਾਇਆ ਜਾਵੇਗਾ।ਚੋਣਾਂ ਨਾਲ ਸਬੰਧਤ ਕੋਈ ਵੀ ਨੋਟਿਸ ਜਾਂ ਚਿੰਨ੍ਹ (ਅਧਿਕਾਰਤ ਨੋਟਿਸ ਤੋਂ ਇਲਾਵਾ) ਪ੍ਰਦਰਸ਼ਿਤ ਕਰਨ ਦੀ ਮਨਾਹੀ ਹੋਵੇਗੀ।ਚੋਣਾਂ ਨਾਲ ਸਬੰਧਤ ਰਾਜਨੀਤਿਕ ਪਾਰਟੀ/ਉਮੀਦਵਾਰਾਂ ਦਾ ਪੋਸਟਰ/ਬੈਨਰ ਨਹੀਂ ਲਗਾਇਆ ਜਾਵੇਗਾ।ਸੈਲੂਲਰ ਫੋਨ/ਕੋਰਡਲੈਸ ਫੋਨ/ਵਾਇਰਲੈੱਸ ਸੈੱਟ/ਲਾਊਡ ਸਪੀਕਰ/ਆਦਿ ਦੀ ਵਰਤੋਂ 'ਤੇ ਪਾਬੰਦੀ ਹੋਵੇਗੀ।ਜਾਰੀ ਹੁਕਮਾਂ ਵਿੱਚ ਕਿਹਾ ਗਿਆ ਹੈ ਕਿ ਰਾਜ ਚੋਣ ਕਮਿਸ਼ਨ, ਪੰਜਾਬ ਵੱਲੋਂ ਜਾਰੀ ਪੱਤਰ ਅਨੁਸਾਰ ਜ਼ਿਲ੍ਹਾ ਤਰਨ ਤਾਰਨ ਵਿੱਚ ਨਗਰ ਕੌਂਸਲ ਪੱਟੀ ਅਤੇ ਨਗਰ ਪੰਚਾਇਤ ਭਿੱਖੀਵਿੰਡ ਦੇ ਮੈਂਬਰਾਂ ਦੀਆਂ ਆਮ ਚੋਣਾਂ 26 ਮਈ (ਮੰਗਲਵਾਰ) ਹੋਣ ਜਾ ਰਹੀਆਂ ਹਨ, ਜਿਨ੍ਹਾਂ ਦਾ ਨਤੀਜਾ 29 ਮਈ (ਸ਼ੁੱਕਰਵਾਰ) ਨੂੰ ਐਲਾਨਿਆ ਜਾਣਾ ਹੈ।ਇਨ੍ਹਾਂ ਚੋਣਾਂ ਮੌਕੇ ਅਮਨ ਤੇ ਕਾਨੂੰਨ ਦੀ ਸਥਿਤੀ ਬਣਾਏ ਰੱਖਣ/ਲੋਕ ਹਿੱਤ ਵਿੱਚ ਸ਼ਾਂਤੀ ਬਰਕਰਾਰ ਰੱਖਣ ਅਤੇ ਚੋਣਾਂ ਨੂੰ ਸੁਚੱਜੇ/ਸ਼ਾਂਤਮਈ ਢੰਗ ਨਾਲ ਨੇਪਰੇ ਚਾੜ੍ਹਨ ਲਈ ਪੰਜਾਬ ਰਾਜ ਚੋਣ ਕਮਿਸ਼ਨ ਐਕਟ, 1994 ਦੀ ਧਾਰਾ 115 ਅਧੀਨ ਪੋਲਿੰਗ ਸਟੇਸ਼ਨਾਂ ਦੇ 100 ਮੀਟਰ ਦੇ ਘੇਰੇ ਅੰਦਰ ਪਾਬੰਦੀ ਲਗਾਉਣੀ ਅਤਿ ਜ਼ਰੂਰੀ ਹੈ।ਇਹ ਹੁਕਮ 26 ਮਈ ਨੂੰ ਚੋਣ ਪ੍ਰਕਿਰਿਆ ਮੁਕੰਮਲ ਹੋਣ ਤੱਕ ਲਾਗੂ ਰਹਿਣਗੇ।

ਜ਼ਿਲ੍ਹਾ ਕਰਾਟੇ ਚੈਂਪੀਅਨਸ਼ਿਪ-2026 ਦੀਆਂ ਤਮਗਾ ਜੇਤੂ ਵਿਦਿਆਰਥਣਾਂ

ਅੰਮ੍ਰਿਤਸਰ (ਜਗਦੀਸ਼ ਕਮਲੇਸ਼)-ਖਾਲਸਾ ਕਾਲਜ ਗਰਲਜ਼ ਸੀਨੀਅਰ ਸੈਕੰਡਰੀ ਸਕੂਲ ਦੀਆਂ ਵਿਦਿਆਰਥਣਾਂ ਨੇ ਅਨੁਸ਼ਾਸਨ, ਹੁਨਰ ਅਤੇ ਜੋਸ਼ ਦੇ ਯਾਦਗਾਰ ਸ਼ਾਨਦਾਰ ਪ੍ਰਦਰਸ਼ਨ ਸਦਕਾ ਜ਼ਿਲ੍ਹਾ ਕਰਾਟੇ ਚੈਂਪੀਅਨਸ਼ਿਪ-2026 ਦੀਆਂ ਵੱਖ-ਵੱਖ ਸ਼੍ਰੇਣੀਆਂ 'ਚ ਸੋਨੇ, ਚਾਂਦੀ ਅਤੇ ਕਾਂਸੇ ਦੇ ਤਮਗੇ ਪ੍ਰਾਪਤ ਕਰਕੇ ਸਕੂਲ, ਮਾਪਿਆਂ ਅਤੇ ਜ਼ਿਲ੍ਹੇ ਦਾ ਨਾਮ ਰੌਸ਼ਨ ਕੀਤਾ ਹੈ। ਇਹ ਚੈਂਪੀਅਨਸ਼ਿਪ ਕਰਾਟੇ ਡੂ ਐਸੋਸੀਏਸ਼ਨ ਅੰਮ੍ਰਿਤਸਰ ਵੱਲੋਂ ਟਾਊਨ ਹਾਲ ਸਕੂਲ, ਮਾਲ ਮੰਡੀ, ਅੰਮ੍ਰਿਤਸਰ ਵਿਖੇ ਕਰਵਾਈ ਗਈ।ਇਸ ਮੌਕੇ ਸਕੂਲ ਪ੍ਰਿੰਸੀਪਲ ਪੁਨੀਤ ਕੌਰ ਨਾਗਪਾਲ ਨੇ ਜੇਤੂ ਵਿਦਿਆਰਥਣਾਂ ਨੂੰ ਵਧਾਈ ਦਿੰਦਿਆਂ ਦੱਸਿਆ ਕਿ 8ਵੀਂ-ਡੀ ਦੀ ਮਹਿਕ ਅਤੇ 10ਵੀਂ-ਈ ਦੀ ਸਿਮਰਨ ਨੇ ਸੋਨੇ ਦਾ ਤਮਗਾ ਜਿੱਤ ਕੇ ਸਕੂਲ ਦਾ ਝੰਡਾ ਬੁਲੰਦ ਕੀਤਾ।ਉਨ੍ਹਾਂ ਕਿਹਾ ਕਿ ਹੋਰਨਾਂ 'ਚ 12ਵੀਂ-ਐੱਫ ਦੀ ਮੁਸਕਾਨ ਨੇ ਚਾਂਦੀ ਅਤੇ 10ਵੀਂ-ਈ ਦੀ ਨੇਹਾ ਕੁਮਾਰੀ ਅਤੇ 7ਵੀਂ-ਸੀ ਦੀ ਰੇਣੁਕਾ ਨੇ ਕਾਂਸੇ ਦੇ ਤਮਗੇ ਜਿੱਤ ਕੇ ਸਕੂਲ ਦਾ ਮਾਨ ਵਧਾਇਆ ਹੈ।ਇਸ ਮੌਕੇ ਪ੍ਰਿੰ: ਨਾਗਪਾਲ ਅਤੇ ਸਮੁੱਚੇ ਸਟਾਫ਼ ਨੇ ਸਮੂਹ ਤਮਗਾ ਜੇਤੂ ਵਿਦਿਆਰਥਣਾਂ ਨੂੰ ਮੁਬਾਰਕਬਾਦ ਦਿੱਤੀ ਅਤੇ ਕੋਚਿੰਗ ਸਟਾਫ਼ ਦੀ ਅਣਥੱਕ ਮਿਹਨਤ ਪ੍ਰਤੀ ਸ਼ੁਕਰਗੁਜ਼ਾਰੀ ਨੂੰ ਜ਼ਾਹਿਰ ਕੀਤਾ। ਪ੍ਰਿੰ: ਨਾਗਪਾਲ ਨੇ ਕਿਹਾ ਕਿ ਸਕੂਲ ਆਪਣੀਆਂ ਵਿਦਿਆਰਥਣਾਂ ਨੂੰ ਪੜ੍ਹਾਈ ਦੇ ਨਾਲ-ਨਾਲ ਖੇਡਾਂ ਅਤੇ ਕੋ-ਕਰੂਕਲਰ ਐਕਟੀਵਿਟੀਜ਼ 'ਚ ਵੀ ਵਧ-ਚੜ੍ਹ ਕੇ ਹਿੱਸਾ ਲੈਣ ਲਈ ਪ੍ਰੇਰਿਤ ਕਰਦਾ ਹੈ।

ਫੀਲਡ ਪੱਤਰਕਾਰ ਐਸੋਸੀਏਸ਼ਨ ਦਾ ਵਫਦ ਡੀਐੱਸਪੀ ਬਾਬਾ ਬਕਾਲਾ ਸਾਹਿਬ ਨੂੰ ਮਿਲਿਆ

ਬਾਬਾ ਬਕਾਲਾ ਸਾਹਿਬ (ਜਸਪਾਲ ਸਿੰਘ)-ਫੀਲਡ ਪੱਤਰਕਾਰ ਐਸੋਸੀਏਸ਼ਨ, ਬਾਬਾ ਬਕਾਲਾ ਸਾਹਿਬ ਦੇ ਪੱਤਰਕਾਰਾਂ ਦਾ ਇਕ ਵਫਦ ਸਲਾਹਕਾਰ ਹਰਜੀਪ੍ਰੀਤ ਸਿੰਘ ਕੰਗ ਅਤੇ ਸਬ ਡਵੀਜ਼ਨ ਦੇ ਪ੍ਰਧਾਨ ਸ਼ੈਲਿੰਦਰਜੀਤ ਸਿੰਘ ਰਾਜਨ ਦੀ ਅਗਵਾਈ ਹੇਠ ਨਵ-ਨਿਯੁਕਤ ਡੀਐੱਸਪੀ ਸੁਖਪਾਲ ਸਿੰਘ ਨੂੰ ਮਿਲਿਆ ਜਿਸ ਵਿੱਚ ਜਿੱਥੇ ਹਲਕਾ ਬਾਬਾ ਬਕਾਲਾ ਸਾਹਿਬ ਅੰਦਰ ਨਿੱਤ ਆਏ ਦਿਨ ਗੋਲੀਬਾਰੀ, ਫਿਰੌਤੀ, ਲੁੱਟਾਂ ਖੋਹਾਂ ਨੂੰ ਮੱਦੇਨਜ਼ਰ ਰੱਖਦੇ ਹੋਏ ਅਤੇ ਵੱਧ ਰਹੀਆਂ ਘਟਨਾਵਾਂ ਤੇ ਚਿੰਤਾ ਦਾ ਪ੍ਰਗਟਾਵਾ ਕੀਤਾ ਗਿਆ, ਉਥੇ ਪੱਤਰਕਾਰਾਂ ਨੂੰ ਦਰਪੇਸ਼ ਮੁਸ਼ਕਲਾਂ ਸਬੰਧੀ ਵੀ ਵਿਚਾਰਾਂ ਕੀਤੀਆਂ ਗਈਆਂ ।ਪੱਤਰਕਾਰਾਂ ਨੇ ਕਿਹਾ ਕਿ ਇੱਥੇ ਦੁਕਾਨਦਾਰ ਮਹਿੰਗਾਈ ਦੇ ਯੁੱਗ 'ਚ ਦਿਨ-ਰਾਤ ਮਿਹਨਤ ਕਰਕੇ ਆਪਣੇ ਪਰਿਵਾਰ ਦੇ ਜੀਆਂ ਦਾ ਪਾਲਣ ਪੋਸ਼ਣ ਕਰਦੇ ਹਨ, ਪਰ ਕੁਝ ਗਲਤ ਅਨਸਰ ਉਨ੍ਹਾਂ ਪੈਸੇ ਲੈਣ ਦੀਆਂ ਧਮਕੀਆਂ ਦਿੰਦੇ ਹਨ ਅਤੇ ਫਿਰ ਨਾ ਦੇਣ ਦੀ ਸੂਰਤ 'ਚ ਗੋਲੀਆਂ ਚਲਾ ਦਿੰਦੇ ਹਨ, ਜਿਸ ਨਾਲ ਦਹਿਸ਼ਤ ਦਾ ਮਾਹੌਲ ਬਣਿਆ ਹੋਇਆ ਹੈ, ਸੋ ਪੁਲਸ ਨੂੰ ਅਪੀਲ ਹੈ ਕਿ ਇਨ੍ਹਾਂ ਗਲਤ ਅਨਸਰਾਂ ਨੂੰ ਨਕੇਲ ਪਾਈ ਜਾਵੇ ਤਾਂ ਕਿ ਦੁਕਾਨਦਾਰ ਵੀਰ ਨਿਡਰ ਹੋ ਕੇ ਆਪਣਾ ਕਾਰੋਬਾਰ ਚਲਾ ਸਕਣ।ਇਸ ਮੌਕੇ ਫੀਲਡ ਪੱਤਰਕਾਰ ਐਸੋਸੀਏਸ਼ਨ ਵੱਲੋਂ ਛਾਪੀ ਗਈ ਡਾਇਰੀ ਵੀ ਡੀਐੱਸਪੀ ਨੂੰ ਭੇਟ ਕੀਤੀ ਗਈ।ਡੀਐੱਸਪੀ ਸੁਖਪਾਲ ਸਿੰਘ ਨੇ ਯਕੀਨ ਦਿਵਾਇਆ ਕਿ ਪੁਲਸ ਆਮ ਨਾਗਰਿਕ ਦੀ ਜਾਨ ਮਾਲ ਦੀ ਰਾਖੀ ਲਈ ਵਚਨਬੱਧ ਹੈ ਅਤੇ ਕਿਸੇ ਵੀ ਹਾਲਤ ਵਿੱਚ ਸਮਾਜ ਵਿਰੋਧੀ ਅਨਸਰਾਂ ਨੂੰ ਸਿਰ ਨਹੀਂ ਚੁੱਕਣ ਦਿੱਤਾ ਜਾਵੇਗਾ ।ਉਨ੍ਹਾਂ ਕਿਹਾ ਕਿ ਪੁਲਸ ਵੱਲੋਂ ਗਲਤ ਅਨਸਰਾਂ 'ਤੇ ਪੂਰੀ ਤਰ੍ਹਾਂ ਬਾਜ ਅੱਖ ਰੱਖੀ ਜਾ ਰਹੀ ਹੈ।ਉਨ੍ਹਾਂ ਲੋਕਾਂ ਨੂੰ ਵੀ ਅਪੀਲ ਕੀਤੀ ਕਿ ਕੋਈ ਵੀ ਗੱਲਬਾਤ ਹੋਵੇ , ਸਾਡੇ ਨੋਟਿਸ ਵਿੱਚ ਲਿਆਂਦਾ ਜਾਵੇ ।ਇਸ ਮੌਕੇ ਪੱਤਰਕਾਰ ਜਗੀਰ ਸਿੰਘ ਸਫਰੀ, ਗੁਰਪ੍ਰੀਤ ਸਿੰਘ ਬਾਬਾ ਬਕਾਲਾ, ਨਰਿੰਦਰ ਸਿੰਘ ਬਿਆਸ, ਬਲਵਿੰਦਰ ਸਿੰਘ ਅਠੌਲਾ, ਡਾ: ਸਰਬਜੀਤ ਸਿੰਘ ਬਿੱਲਾ, ਸੁਰਜੀਤ ਸਿੰਘ ਬੁਤਾਲਾ, ਸਕੱਤਰ ਸਿੰਘ ਪੁਰੇਵਾਲ, ਜਸਪਾਲ ਸਿੰਘ ਜੱਸਾ ਅਤੇ ਹੋਰ ਪੱਤਰਕਾਰ ਹਾਜ਼ਰ ਸਨ ।

ਨਗਰ ਨਿਗਮ ਤੇ ਨਗਰ ਕੌਂਸਲ ਚੋਣਾਂ ਦੇ ਮੱਦੇਨਜ਼ਰ ਪੁਲਸ ਨੇ ਫਲੈਗ ਮਾਰਚ ਕੱਢਿਆ

ਬਟਾਲਾ, (ਤਰਲੋਕ ਬੱਗਾ, ਡਾ. ਮਲਵਿੰਦਰ ਸਿੰਘ)-ਡਾ. ਮਹਿਤਾਬ ਸਿੰਘ ਐੱਸ. ਐੱਸ. ਪੀ. ਬਟਾਲਾ ਦੀ ਅਗਵਾਈ ਹੇਠ ਗਾਂਧੀ ਚੌਕ ਬਟਾਲਾ ਵਿਖੇ ਫਲੈਗ ਮਾਰਚ ਕੱਢਿਆ ਗਿਆ।ਇਸ ਮੌਕੇ ਪੱਤਰਕਾਰਾਂ ਨਾਲ ਗੱਲ ਕਰਦਿਆਂ ਐੱਸ. ਐੱਸ. ਪੀ. ਬਟਾਲਾ ਡਾ. ਮਹਿਤਾਬ ਸਿੰਘ ਨੇ ਦੱਸਿਆ ਕਿ ਨਗਰ ਨਿਗਮ ਬਟਾਲਾ, ਨਗਰ ਕੌਂਸਲ ਫਤਿਹਗੜ੍ਹ ਚੂੜੀਆਂ ਅਤੇ ਸ੍ਰੀ ਹਰਗੋਬਿੰਦਪੁਰ ਸਾਹਿਬ ਵਿਖੇ 26 ਮਈ ਨੂੰ ਹੋ ਰਹੀਆਂ ਚੋਣਾਂ ਨੂੰ ਮੁੱਖ ਰੱਖਦਿਆਂ ਫਲੈਗ ਮਾਰਚ ਕੱਢਿਆ ਗਿਆ ਹੈ।ਉਨ੍ਹਾਂ ਕਿਹਾ ਕਿ ਇਹ ਫਲੈਗ ਮਾਰਚ ਗਾਂਧੀ ਚੌਕ ਤੋਂ ਸ਼ੁਰੂ ਹੋ ਕੇ ਸ਼ਹਿਰ ਦੇ ਵੱਖ-ਵੱਖ ਇਲਾਕਿਆਂ 'ਚੋਂ ਹੁੰਦਾ ਹੋਇਆ ਐੱਸ. ਐੱਸ. ਪੀ. ਦਫਤਰ ਵਿਖੇ ਸਮਾਪਤ ਹੋਇਆ।ਉਨ੍ਹਾਂ ਕਿਹਾ ਕਿ ਬਟਾਲਾ ਪੁਲਸ ਵੱਲੋਂ ਨਗਰ ਨਿਗਮ ਚੋਣਾਂ ਨੂੰ ਲੈ ਕੇ ਸੁਰੱਖਿਆ ਦੇ ਪੁਖਤਾ ਪ੍ਰਬੰਧ ਕੀਤੇ ਗਏ ਹਨ ਅਤੇ ਚੋਣਾਂ ਦੌਰਾਨ ਕਿਸੇ ਵੀ ਸਮਾਜ ਵਿਰੋਧੀ ਅਨਸਰ ਨੂੰ ਸਿਰ ਨਹੀਂ ਚੁੱਕਣ ਦਿੱਤਾ ਜਾਵੇਗਾ।ਉਨ੍ਹਾਂ ਕਿਹਾ ਕਿ ਬਟਾਲਾ ਪੁਲਸ ਵੱਲੋਂ ਰੋਜ਼ਾਨਾ ਸ਼ਹਿਰ ਦੇ ਵੱਖ-ਵੱਖ ਇਲਕਿਆਂ 'ਚ ਨਾਕਾਬੰਦੀ ਕਰਦੇ ਹੋਏ ਸਮਾਜ ਵਿਰੋਧੀ ਅਨਸਰਾਂ 'ਤੇ ਨਜ਼ਰ ਰੱਖੀ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਪੁਲਸ ਪ੍ਰਸ਼ਾਸਨ ਸ਼ਹਿਰ ਵਾਸੀਆਂ ਦੀ ਜਾਨ ਮਾਲ ਦੀ ਰਾਖੀ ਲਈ ਵਚਨਬੱਧ ਹੈ।ਉਨ੍ਹਾਂ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਨਗਰ ਨਿਗਮ ਚੋਣਾਂ ਦੌਰਾਨ ਬਿਨਾਂ ਕਿਸੇ ਡਰ ਅਤੇ ਲਾਲਚ ਦੇ ਆਪਣੀ ਵੋਟ ਦੇ ਅਧਿਕਾਰ ਦੀ ਵਰਤੋਂ ਕਰਨ ਅਤੇ ਜੇਕਰ ਸ਼ਹਿਰ ਵਾਸੀਆਂ ਨੂੰ ਕੋਈ ਸਮੱਸਿਆ ਪੇਸ਼ ਆਉਂਦੀ ਹੈ ਤਾਂ ਉਹ ਪੁਲਸ ਅਧਿਕਾਰੀਆਂ ਦੇ ਧਿਆਨ 'ਚ ਲਿਆਉਣ ਤਾਂ ਜੋ ਉਸ ਸਮੱਸਿਆ ਨੂੰ ਹੱਲ ਕੀਤਾ ਜਾ ਸਕੇ।ਉਨ੍ਹਾਂ ਕਿਹਾ ਕਿ ਬਟਾਲਾ ਪੁਲਸ ਵੱਲੋਂ ਨਗਰ ਨਿਗਮ ਚੋਣਾਂ ਪੂਰੇ ਅਮਨ ਅਮਾਨ ਨਾਲ ਨੇਪਰੇ ਚਾੜ੍ਹੀਆਂ ਜਾਣਗੀਆ।ਇਸ ਮੌਕੇ ਐੱਸਪੀਡੀ ਸੰਦੀਪ ਵਡੇਹਰਾ, ਡੀਐੱਸਪੀ ਰਮਨਦੀਪ ਸਿੰਘ, ਡੀਐੱਸਪੀ ਤੇਜਿੰਦਰਪਾਲ ਸਿੰਘ, ਡੀਐੱਸਪੀ ਸਿਟੀ ਸੁਖਇੰਦਰ ਸਿੰਘ, ਇੰਸ. ਸੁਖਰਾਜ ਸਿੰਘ, ਐੱਸਐੱਚਓ ਸੁਖਜਿੰਦਰ ਸਿੰਘ ਆਦਿ ਸਮੇਤ ਵੱਡੀ ਗਿਣਤੀ 'ਚ ਪੁਲਸ ਅਧਿਕਾਰੀ ਹਾਜ਼ਰ ਸਨ।

ਗੁਰਦੇ ਦੀ ਪਥਰੀ ਤੋਂ ਬਚਾਅ ਲਈ ਸਹੀ ਖੁਰਾਕ ਤੇ ਵੱਧ ਤੋਂ ਵੱਧ ਪਾਣੀ ਪੀਣਾ ਜ਼ਰੂਰੀ : ਡਾ. ਮਨਬੀਰ ਸਿੰਘ

ਅੰਮ੍ਰਿਤਸਰ: ਦੌੜ-ਭੱਜ ਵਾਲੀ ਜੀਵਨਸ਼ੈਲੀ, ਘੱਟ ਪਾਣੀ ਪੀਣ ਦੀ ਆਦਤ ਅਤੇ ਜੰਕ ਫੂਡ ਦੇ ਵੱਧ ਰਹੇ ਇਸਤੇਮਾਲ ਕਾਰਨ ਨੌਜਵਾਨਾਂ ਵਿੱਚ ਕਿਡਨੀ ਸਟੋਨ ਦੀ ਸਮੱਸਿਆ ਤੇਜ਼ੀ ਨਾਲ ਵਧ ਰਹੀ ਹੈ।ਡਾ. ਮਨਬੀਰ ਸਿੰਘ ਕੰਸਲਟੈਂਟ ਯੂਰੋਲੋਜੀ, ਫੋਰਟਿਸ ਐਸਕੋਰਟਸ ਹਸਪਤਾਲ ਨੇ ਦੱਸਿਆ ਕਿ ਡੀਹਾਈਡ੍ਰੇਸ਼ਨ, ਵੱਧ ਨਮਕ ਅਤੇ ਪ੍ਰੋਸੈਸਡ ਫੂਡ ਦਾ ਜ਼ਿਆਦਾ ਸੇਵਨ ਕਿਡਨੀ ਸਟੋਨ ਦੇ ਮੁੱਖ ਕਾਰਨਾਂ ਵਿੱਚ ਸ਼ਾਮਲ ਹਨ।ਉਨ੍ਹਾਂ ਕਿਹਾ ਕਿ ਵਾਧੂ ਮਾਤਰਾ ਵਿੱਚ ਪਾਣੀ ਪੀਣਾ ਕਿਡਨੀ ਨੂੰ ਤੰਦਰੁਸਤ ਰੱਖਣ ਦਾ ਸਭ ਤੋਂ ਆਸਾਨ ਅਤੇ ਪ੍ਰਭਾਵਸ਼ਾਲੀ ਤਰੀਕਾ ਹੈ।ਜਦੋਂ ਸਰੀਰ ਵਿੱਚ ਪਾਣੀ ਦੀ ਘਾਟ ਹੋ ਜਾਂਦੀ ਹੈ ਤਾਂ ਪਿਸ਼ਾਬ ਗਾੜ੍ਹਾ ਹੋ ਜਾਂਦਾ ਹੈ, ਜਿਸ ਨਾਲ ਮਿਨਰਲ ਇਕੱਠੇ ਹੋ ਕੇ ਹੌਲੀ-ਹੌਲੀ ਪੱਥਰੀ ਬਣ ਸਕਦੇ ਹਨ।ਉਨ੍ਹਾਂ ਲੋਕਾਂ ਨੂੰ ਦਿਨ ਭਰ ਸਮੇਂ-ਸਮੇਂ ਤੇ ਪਾਣੀ ਪੀਣ ਦੀ ਸਲਾਹ ਦਿੱਤੀ।ਡਾ. ਮਨਬੀਰ ਸਿੰਘ ਮੁਤਾਬਕ ਨਾਰੀਅਲ ਪਾਣੀ, ਨਿੰਬੂ ਪਾਣੀ ਅਤੇ ਸਾਦੀ ਛਾਛ ਵੀ ਸਰੀਰ ਵਿੱਚ ਤਰਲ ਪਦਾਰਥਾਂ ਦੀ ਕਮੀ ਪੂਰੀ ਕਰਨ ਵਿੱਚ ਮਦਦਗਾਰ ਹਨ, ਜਦਕਿ ਮਿੱਠੇ ਅਤੇ ਕਾਰਬੋਨੇਟਡ ਡ੍ਰਿੰਕ ਤੋਂ ਬਚਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਦੁੱਧ, ਦਹੀਂ ਅਤੇ ਪਨੀਰ ਵਰਗੇ ਕੁਦਰਤੀ ਕੈਲਸ਼ੀਅਮ ਸਰੋਤ ਸੰਤੁਲਿਤ ਮਾਤਰਾ ਵਿੱਚ ਲੈਣੇ ਫਾਇਦੇਮੰਦ ਹਨ।ਨਮਕ, ਰੈੱਡ ਮੀਟ ਅਤੇ ਪ੍ਰੋਸੈਸਡ ਫੂਡ ਦਾ ਸੇਵਨ ਘਟਾਉਣਾ ਚਾਹੀਦਾ ਹੈ।ਫਲ, ਸਬਜ਼ੀਆਂ ਅਤੇ ਫਾਈਬਰ ਵਾਲਾ ਭੋਜਨ ਕਿਡਨੀ ਦੀ ਸਿਹਤ ਲਈ ਲਾਭਕਾਰੀ ਹੁੰਦਾ ਹੈ।ਨਿੰਬੂ ਅਤੇ ਸੰਤਰੇ ਵਰਗੇ ਖੱਟੇ ਫਲ ਵੀ ਕਿਡਨੀ ਸਟੋਨ ਦੇ ਖਤਰੇ ਨੂੰ ਘਟਾਉਣ ਵਿੱਚ ਮਦਦ ਕਰ ਸਕਦੇ ਹਨ।

ਝਬਾਲ ਪੁਖਤਾ ਨੂੰ ਵਿਕਾਸ ਪੱਖੋਂ ਨਮੂਨੇ ਦਾ ਪਿੰਡ ਬਣਾਉਣ 'ਚ ਕੋਈ ਕਸਰ ਨਹੀਂ ਛੱਡਾਂਗੇ: ਰਮਨ ਕੁਮਾਰ

ਝਬਾਲ (ਹਰਜਿੰਦਰ ਸਿੰਘ ਸੋਨੀ)-ਪਿੰਡ ਝਬਾਲ ਪੁਖਤਾ ਨੂੰ ਵਿਕਾਸ ਪੱਖੋਂ ਨਮੂਨੇ ਦਾ ਪਿੰਡ ਬਣਾਉਣ ਵਿੱਚ ਕੋਈ ਕਸਰ ਨਹੀਂ ਛੱਡਾਂਗੇ ਜਿਸ ਤਹਿਤ ਪਿੰਡ ਦੇ ਗੰਦੇ ਪਾਣੀ ਦੇ ਨਿਕਾਸ ਲਈ ਸੀਵਰੇਜ, ਗਲੀਆਂ ਵਿੱਚ ਇੰਟਰਲਾਕ ਟਾਇਲਾਂ ਤੇ ਛੱਪੜਾਂ ਦੀ ਸਫਾਈ ਦਾ ਕੰਮ ਜੰਗੀ ਪੱਧਰ ਤੇ ਜਾਰੀ ਹੈ।ਉਕਤ ਸ਼ਬਦਾਂ ਦਾ ਪ੍ਰਗਟਾਵਾ ਚੇਅਰਮੈਨ ਰਮਨ ਕੁਮਾਰ ਝਬਾਲ ਤੇ ਸਰਪੰਚ ਕਵਿਤਾ ਸ਼ਰਮਾ ਨੇ ਸਾਂਝੇ ਤੌਰ 'ਤੇ ਕੀਤਾ। ਜ਼ਿਕਰਯੋਗ ਹੈ ਕਿ ਪਿੰਡ ਝਬਾਲ ਪੁਖਤਾ ਦੇ ਪਿਛਲੇ 20-25 ਸਾਲਾਂ ਤੋਂ ਬਣਦੇ ਆ ਰਹੇ ਸਰਪੰਚ, ਪੰਚਾਇਤਾਂ ਨੇ ਵਿਕਾਸ ਕਾਰਜਾਂ ਵੱਲ ਬਿਲਕੁਲ ਧਿਆਨ ਨਹੀਂ ਦਿੱਤਾ ਜਿਸ ਕਾਰਨ ਗਲੀਆਂ 'ਚ ਫਿਰਦਾ ਗੰਦਾ ਪਾਣੀ, ਗੰਦੇ ਪਾਣੀ ਨਾਲ ਭਰੇ ਛੱਪੜ ਤੇ ਟੁੱਟੀਆਂ ਗਲੀਆਂ ਨਾਲੀਆਂ ਕਾਰਨ ਲੋਕਾਂ ਦਾ ਜਿਉਣਾ ਦੁੱਭਰ ਹੋਇਆ ਪਿਆ ਸੀ ਪਰ ਬੀਤੇ ਸਮੇਂ ਹੋਈਆਂ ਪੰਚਾਇਤੀ ਚੋਣਾਂ ਮੌਕੇ ਝਬਾਲ ਪੁਖਤਾ ਵਾਸੀਆਂ ਵੱਲੋਂ ਸਰਪੰਚ ਕਵਿਤਾ ਸ਼ਰਮਾ ਦੀ ਅਗਵਾਈ ਵਾਲੀ ਚੁਣੀ ਗਈ ਸਾਫ ਸੁਥਰੀ ਪੰਚਾਇਤ ਵੱਲੋਂ ਝਬਾਲ ਪੁਖਤਾ ਦੇ ਵਿਕਾਸ ਕਾਰਜਾਂ ਨੂੰ ਪਹਿਲ ਦਿੰਦਿਆਂ ਪਿੰਡ ਦੀਆਂ ਗਲੀਆਂ ਵਿੱਚ ਇੰਟਰਲਾਕ ਟਾਇਲਾਂ, ਗੰਦੇ ਪਾਣੀ ਦੇ ਨਿਕਾਸ ਲਈ ਸੀਵਰੇਜ ਅਤੇ ਛੱਪੜ ਦੇ ਗੰਦੇ ਪਾਣੀ ਨੂੰ ਮੋਟਰ ਰਾਹੀਂ ਗੰਦੇ ਨਾਲੇ ਵਿੱਚ ਪਾਉਣ ਅਤੇ ਜੇਸੀਬੀ ਨਾਲ ਛੱਪੜ ਦੇ ਕੰਢਿਆਂ ਦੀ ਸਫਾਈ ਆਦਿ ਦੇ ਵਿਕਾਸ ਕਾਰਜ ਜੰਗੀ ਪੱਧਰ 'ਤੇ ਸ਼ੁਰੂ ਕੀਤੇ ਗਏ ਹਨ।ਇਸ ਮੌਕੇ ਪੰਚਾਇਤ ਮੈਂਬਰ ਰੂਬੀ, ਦਿਲਬਾਗ ਸਿੰਘ, ਪ੍ਰਗਟ ਸਿੰਘ, ਗੁਰਜੰਟ ਸਿੰਘ ਰਾਜੂ, ਜੈਂਟੀ ਸਿੰਘ, ਬੂਟਾ ਸਿੰਘ, ਸਵਰਨ ਸਿੰਘ ਸੋਨੂੰ ਝਬਾਲ, ਨਿਰਵੈਲ ਸਿੰਘ ਅਤੇ ਮੈਂਬਰ ਮਧੂ ਬਾਲਾ ਤੋਂ ਇਲਾਵਾ ਨਕੁਲ ਕੌਰਪਾਲ, ਪੱਤਰਕਾਰ ਹਰਜਿੰਦਰ ਸਿੰਘ ਲਾਲਾ, ਮੁਖਤਾਰ ਸਿੰਘ ਬੁਲਾਰੀਆ, ਗੁਰਮੇਜ ਸਿੰਘ ਮਾਝੀ, ਹੀਰਾ ਸਿੰਘ, ਜੋਗਿੰਦਰ ਸਿੰਘ, ਸੁਖਵਿੰਦਰ ਸਿੰਘ ਆਦਿ ਵੀ ਹਾਜ਼ਰ ਸਨ।

ਧੈਰਿਆ ਕੁੰਡਲ ਨੇ ਕੀਤੀ ਐੱਨ ਡੀ ਏ ਦੀ ਲਿਖਤੀ ਪ੍ਰੀਖਿਆ ਪਾਸ



ਪਠਾਨਕੋਟ (ਦਵਿੰਦਰ ਸਿੰਘ)-ਪ੍ਰਤਾਪ ਵਰਲਡ ਸਕੂਲ, ਪਠਾਨਕੋਟ ਦੇ ਹੋਣਹਾਰ ਵਿਦਿਆਰਥੀ ਧੈਰਿਆ ਕੁੰਡਲ ਨੇ ਸੰਘ ਲੋਕ ਸੇਵਾ ਆਯੋਗ ਵੱਲੋਂ ਆਯੋਜਿਤ ਪ੍ਰਤਿਸ਼ਠਿਤ ਰਾਸ਼ਟਰੀ ਰੱਖਿਆ ਅਕਾਦਮੀ ਅਤੇ ਨੌਸੈਨਾ ਅਕਾਦਮੀ ਪ੍ਰੀਖਿਆ (ਪਹਿਲਾ), 2026 ਨੂੰ ਸਫਲਤਾਪੂਰਵਕ ਪਾਸ ਕਰਕੇ ਸਕੂਲ ਦਾ ਨਾਮ ਰੌਸ਼ਨ ਕੀਤਾ ਹੈ।ਧੈਰਿਆ ਦੀ ਇਹ ਉਪਲਬਧੀ ਪੂਰੇ ਸਕੂਲ, ਪਰਿਵਾਰ ਲਈ ਬਹੁਤ ਮਾਣ ਅਤੇ ਖੁਸ਼ੀ ਵਾਲੀ ਗੱਲ ਹੈ।ਇਸ ਤੋਂ ਪਹਿਲਾਂ ਉਹ ਸੰਯੁਕਤ ਪ੍ਰਵੇਸ਼ ਪ੍ਰੀਖਿਆ ਮੇਨਜ਼ ਵੀ ਪਾਸ ਕਰ ਚੁੱਕਾ। ਸਕੂਲ ਦੇ ਪ੍ਰਬੰਧਨ, ਅਧਿਆਪਕਾਂ ਅਤੇ ਵਿਦਿਆਰਥੀਆਂ ਨੇ ਧੈਰਿਆ ਨੂੰ ਇਸ ਸਫਲਤਾ ਲਈ ਵਧਾਈਆਂ ਦਿੱਤੀਆਂ ਅਤੇ ਆਉਣ ਵਾਲੇ ਸੇਵਾ ਚੋਣ ਬੋਰਡ ਇੰਟਰਵਿਊ ਲਈ ਸ਼ੁਭਕਾਮਨਾਵਾਂ ਦਿੱਤੀਆਂ।ਪ੍ਰਤਾਪ ਵਰਲਡ ਸਕੂਲ ਆਪਣੇ ਵਿਸ਼ੇਸ਼ ਐੱਨਡੀਏ ਤਿਆਰੀ ਪ੍ਰੋਗਰਾਮ ਰਾਹੀਂ ਵਿਦਿਆਰਥੀਆਂ ਨੂੰ ਪ੍ਰਤੀਯੋਗੀ ਪ੍ਰੀਖਿਆਵਾਂ ਲਈ ਲਗਾਤਾਰ ਮਾਰਗਦਰਸ਼ਨ ਅਤੇ ਪ੍ਰਸ਼ਿਕਸ਼ਣ ਪ੍ਰਦਾਨ ਕਰ ਰਿਹਾ ਹੈ।ਸਕੂਲ ਦੇ ਨਿਰਦੇਸ਼ਕ ਸੰਨੀ ਮਹਾਜਨ ਨੇ ਧੈਰਿਆ ਨੂੰ ਇਸ ਸ਼ਾਨਦਾਰ ਉਪਲਬਧੀ ਲਈ ਵਧਾਈ ਦਿੰਦਿਆਂ ਕਿਹਾ ਕਿ ਸਾਨੂੰ ਧੈਰਿਆ ਦੀ ਇਸ ਸਫਲਤਾ 'ਤੇ ਬਹੁਤ ਮਾਣ ਹੈ।ਐੱਨਡੀਏ ਦੀ ਲਿਖਤੀ ਪ੍ਰੀਖਿਆ ਪਾਸ ਕਰਨਾ ਧੈਰਿਆ ਦੀ ਕਠਿਨ ਮਿਹਨਤ, ਅਨੁਸ਼ਾਸਨ ਅਤੇ ਸਮਰਪਣ ਦਾ ਸਬੂਤ ਹੈ।ਪ੍ਰਿੰਸੀਪਲ ਸੁਭਰਾ ਰਾਣੀ ਨੇ ਵੀ ਖੁਸ਼ੀ ਜਤਾਉਂਦਿਆਂ ਕਿਹਾ ਕਿ ਧੈਰਿਆ ਹਮੇਸ਼ਾ ਇੱਕ ਇਮਾਨਦਾਰ ਅਤੇ ਆਪਣੇ ਟੀਚੇ ਨੂੰ ਸਮਰਪਿਤ ਵਿਦਿਆਰਥੀ ਰਿਹਾ ਹੈ। ਐੱਨਡੀਏ ਅਤੇ ਸੰਯੁਕਤ ਪ੍ਰਵੇਸ਼ ਪ੍ਰੀਖਿਆ ਮੇਨਜ਼ ਦੋਵਾਂ ਵਿੱਚ ਉਸ ਦੀ ਸਫਲਤਾ ਉਸ ਦੀ ਲਗਾਤਾਰ ਮਿਹਨਤ ਅਤੇ ਸਿੱਖਿਆ ਤੇ ਕਰੀਅਰ ਪ੍ਰਤੀ ਸੰਤੁਲਿਤ ਸੋਚ ਨੂੰ ਦਰਸਾਉਂਦੀ ਹੈ।ਸਾਨੂੰ ਪੂਰਾ ਵਿਸ਼ਵਾਸ ਹੈ ਕਿ ਉਹ ਸੇਵਾ ਚੋਣ ਬੋਰਡ ਇੰਟਰਵਿਊ ਵਿੱਚ ਵੀ ਸ਼ਾਨਦਾਰ ਪ੍ਰਦਰਸ਼ਨ ਕਰੇਗਾ।

ਰਿਆੜਕੀ ਪਬਲਿਕ ਸਕੂਲ ਤੁਗਲਵਾਲਾ ਵਿਖੇ ਭਗਤ ਪੂਰਨ ਸਿੰਘ ਨੂੰ ਸਮਰਪਿਤ ਬਲਾਕ ਦਾ ਉਦਘਾਟਨ

*ਕੁਦਰਤ ਨਾਲ ਕੀਤਾ ਜ਼ੁਲਮ ਅਸਲ 'ਚ ਆਉਣ ਵਾਲੀਆਂ ਪੀੜ੍ਹੀਆਂ ਨਾਲ ਕੀਤਾ ਜ਼ੁਲਮ ਹੈ: ਬੀਬੀ ਇੰਦਰਜੀਤ ਕੌਰ

ਧਾਰੀਵਾਲ, (ਮਨਦੀਪ ਵਿੱਕੀ)-ਰਿਆੜਕੀ ਪਬਲਿਕ ਸਕੂਲ ਤੁਗਲਵਾਲਾ ਵਿਖੇ ਭਗਤ ਪੂਰਨ ਸਿੰਘ ਨੂੰ ਸਮਰਪਿਤ ਇੱਕ ਨਵੇਂ ਇਮਾਰਤੀ ਬਲਾਕ ਦਾ ਉਦਘਾਟਨ ਪਿੰਗਲਵਾੜਾ ਚੈਰੀਟੇਬਲ ਸੁਸਾਇਟੀ ਦੀ ਮੁਖੀ ਬੀਬੀ ਇੰਦਰਜੀਤ ਕੌਰ ਅਤੇ ਰਿਆੜਕੀ ਕਾਲਜ ਦੇ ਪ੍ਰਿੰਸੀਪਲ ਸਵਰਨ ਸਿੰਘ ਵਿਰਕ ਵੱਲੋਂ ਸਾਂਝੇ ਤੌਰ 'ਤੇ ਕੀਤਾ ਗਿਆ। ਦੱਸਣਯੋਗ ਹੈ ਕਿ ਭਗਤ ਪੂਰਨ ਸਿੰਘ ਇਕ ਮਹਾਨ ਸਮਾਜਸੇਵੀ, ਵਾਤਵਰਨ ਪ੍ਰੇਮੀ, ਚਿੰਤਕ ਅਤੇ ਅੰਮ੍ਰਿਤਸਰ ਵਿਖੇ ਸਥਿਤ ਆਲ ਇੰਡੀਆ ਪਿੰਗਲਵਾੜਾ ਚੈਰੀਟੇਬਲ ਸੁਸਾਇਟੀ ਦੇ ਬਾਨੀ ਸਨ। ਉਦਘਾਟਨੀ ਸਮਾਗਮ ਮੌਕੇ ਰਿਆੜਕੀ ਸੰਸਥਾ ਦੇ ਮੁੱਖ ਪ੍ਰਬੰਧਕ ਗਗਨਦੀਪ ਸਿੰਘ ਵਿਰਕ, ਡਾਇਰੈਕਟਰ ਮਨਪ੍ਰੀਤ ਕੌਰ ਵਿਰਕ, ਰਾਜਬੀਰ ਸਿੰਘ, ਪ੍ਰਧਾਨ ਬਖਤਾਵਰ ਸਿੰਘ, ਸਮਾਜ ਸੇਵਕ ਪਵਨ ਸ਼ਰਮਾ, ਹਰਭਾਗ ਸਿੰਘ, ਪ੍ਰਿੰਸੀਪਲ ਇੰਦਰਜੀਤ ਕੌਰ ਹਾਜ਼ਰ ਸਨ। ਪ੍ਰਿੰਸੀਪਲ ਇੰਦਰਜੀਤ ਕੌਰ ਨੇ ਇਸ ਮੌਕੇ ਭਾਵਭਿੰਜੇ ਸ਼ਬਦਾਂ ਵਿੱਚ ਕਿਹਾ ਕਿ ਇਹ ਨਵੀਂ ਇਮਾਰਤ ਸਿਰਫ ਇੱਟਾਂ ਅਤੇ ਸੀਮੇਂਟ ਦੀ ਉਸਾਰੀ ਨਹੀਂ ਸਗੋਂ ਇਹ ਉਸ ਮਹਾਨ ਆਤਮਾ ਦੀ ਸੋਚ ਨੂੰ ਸਦਾ ਜ਼ਿੰਦਾ ਰੱਖਣ ਦਾ ਪੱਕਾ ਇਰਾਦਾ ਹੈ। ਉਦਘਾਟਨ ਉਪਰੰਤ ਡਾਕਟਰ ਮਹਿੰਦਰ ਸਿੰਘ ਰੰਧਾਵਾ ਆਡੀਟੋਰੀਅਮ ਵਿੱਚ ਸਮਾਗਮ ਦੌਰਾਨ ਵਿਦਿਆਰਥੀਆਂ ਦੀਆਂ ਸੁਰੀਲੀਆਂ ਆਵਾਜ਼ਾਂ ਵਿੱਚ ਗੂੰਜੇ ਸਵਾਗਤੀ ਗੀਤਾਂ ਨੇ ਸਮੁੱਚੇ ਮਾਹੌਲ ਨੂੰ ਭਾਵੁਕ ਅਤੇ ਅਧਿਆਤਮਕ ਰੰਗ ਵਿੱਚ ਰੰਗ ਦਿੱਤਾ। ਸਮਾਗਮ ਨੂੰ ਸੰਬੋਧਨ ਕਰਦਿਆਂ ਬੀਬੀ ਇੰਦਰਜੀਤ ਕੌਰ ਪਿੰਗਲਵਾੜਾ ਦੀਆਂ ਅੱਖਾਂ ਵਿੱਚ ਭਾਵਨਾਵਾਂ ਛਲਕ ਆਈਆਂ। ਉਨ੍ਹਾਂ ਕਿਹਾ ਕਿ ਭਗਤ ਜੀ ਦੀ ਸੇਵਾ-ਭਾਵਨਾ ਨੂੰ ਜਿਸ ਸ਼ਿੱਦਤ ਅਤੇ ਪਿਆਰ ਨਾਲ ਇਸ ਸੰਸਥਾ ਨੇ ਆਪਣੀ ਰੋਜ਼ਾਨਾ ਜ਼ਿੰਦਗੀ ਦਾ ਹਿੱਸਾ ਬਣਾਇਆ ਹੈ ਉਹ ਵੇਖ ਕੇ ਉਨ੍ਹਾਂ ਦਾ ਮਨ ਖੁਸ਼ੀ ਨਾਲ ਭਰ ਗਿਆ। ਉਨ੍ਹਾਂ ਕਿਹਾ ਕਿ ਕੁਦਰਤ ਨਾਲ ਕੀਤਾ ਜ਼ੁਲਮ ਅਸਲ ਵਿੱਚ ਆਉਣ ਵਾਲੀਆਂ ਪੀੜ੍ਹੀਆਂ ਨਾਲ ਕੀਤਾ ਜ਼ੁਲਮ ਹੈ। ਬੀਬੀ ਡਾ. ਇੰਦਰਜੀਤ ਕੌਰ ਨੇ ਸਮੂਹ ਵਿਦਿਆਰਥੀਆਂ ਨੂੰ ਪਲਾਸਟਿਕ ਦੇ ਵਿਰੁੱਧ ਅਤੇ ਜਲ, ਹਵਾ ਤੇ ਵਾਤਾਵਰਣ ਦੀ ਰਾਖੀ ਦੀ ਸਹੁੰ ਚੁਕਾਈ ਗਈ। ਪ੍ਰਿੰਸੀਪਲ ਸਵਰਨ ਸਿੰਘ ਵਿਰਕ ਨੇ ਕਿਹਾ ਕਿ ਰਿਆੜਕੀ ਸੰਸਥਾ ਅਤੇ ਪਿੰਗਲਵਾੜੇ ਵਿਚਕਾਰ ਦਹਾਕਿਆਂ ਤੋਂ ਚੱਲੀ ਆ ਰਹੀ ਡੂੰਘੀ ਰੂਹਾਨੀ ਅਤੇ ਸਮਾਜਿਕ ਸਾਂਝ ਨੇ ਹੀ ਸੰਸਥਾ ਨੂੰ ਪ੍ਰੇਰਿਤ ਕੀਤਾ ਕਿ ਵਿਦਿਆਰਥੀਆਂ ਨੂੰ ਕਿਤਾਬੀ ਗਿਆਨ ਦੇ ਨਾਲ-ਨਾਲ ਜੀਵਨ ਜਿਊਣ ਦਾ ਅਸਲ ਰੋਲ ਮਾਡਲ ਵੀ ਦਿੱਤਾ ਜਾਵੇ। ਉਨ੍ਹਾਂ ਕਿਹਾ ਕਿ ਭਗਤ ਪੂਰਨ ਸਿੰਘ ਜੀ ਨੇ ਜੀਵਨ ਭਰ ਬਿਨਾਂ ਕਿਸੇ ਲਾਲਚ ਦੇ ਗਰੀਬਾਂ ਅਤੇ ਅਨਾਥਾਂ ਦੀ ਸੇਵਾ ਕੀਤੀ, ਸਾਹਿਤ ਰਾਹੀਂ ਸਮਾਜ ਨੂੰ ਜਾਗਰਿਤ ਕੀਤਾ, ਧਰਮ ਦੀ ਅਸਲ ਭਾਵਨਾ ਨੂੰ ਸੇਵਾ ਵਿੱਚ ਜਿਉਂਦਾ ਕੀਤਾ ਅਤੇ ਵਾਤਾਵਰਨ ਦੀ ਰਾਖੀ ਲਈ ਆਵਾਜ਼ ਉਠਾਈ, ਅਜਿਹੀ ਬਹੁਪੱਖੀ ਸ਼ਖ਼ਸੀਅਤ ਤੋਂ ਵੱਧ ਕੋਈ ਹੋਰ ਰੋਲ ਮਾਡਲ ਨਹੀਂ ਹੋ ਸਕਦਾ। ਮੁੱਖ ਪ੍ਰਬੰਧਕ ਗਗਨਦੀਪ ਸਿੰਘ ਵਿਰਕ ਨੇ ਦੱਸਿਆ ਸੰਸਥਾ ਕੋਲ ਭਗਤ ਪੂਰਨ ਸਿੰਘ ਵੱਲੋਂ ਆਪਣੇ ਹੱਥੀਂ ਲਿਖੇ ਗਏ 60 ਸਾਲ ਤੋਂ ਵੱਧ ਪੁਰਾਣੇ ਪੱਤਰ ਅੱਜ ਵੀ ਸੁਰੱਖਿਅਤ ਸੰਭਾਲੇ ਹੋਏ ਹਨ ਜੋ ਗੁਰਬਾਣੀ ਦੀ ਰੌਸ਼ਨੀ ਵਿੱਚ ਅੱਜ ਵੀ ਓਨੇ ਹੀ ਪ੍ਰਸੰਗਿਕ ਹਨ। ਉਨ੍ਹਾਂ ਦੱਸਿਆ ਕਿ ਸੰਸਥਾ ਆਪਣੇ ਵਿਰਾਸਤੀ ਅਜਾਇਬ ਘਰ ਵਿੱਚ ਭਗਤ ਜੀ ਨੂੰ ਸਮਰਪਿਤ ਇੱਕ ਵਿਸ਼ੇਸ਼ ਬਲਾਕ ਵੀ ਸਥਾਪਿਤ ਕਰੇਗੀ ਜਿੱਥੇ ਇਹ ਇਤਿਹਾਸਕ ਪੱਤਰ ਅਤੇ ਭਗਤ ਜੀ ਨਾਲ ਜੁੜੀਆਂ ਯਾਦਗਾਰੀ ਵਸਤਾਂ ਆਉਣ ਵਾਲੀਆਂ ਪੀੜ੍ਹੀਆਂ ਲਈ ਸੰਭਾਲੀਆਂ ਜਾਣਗੀਆਂ। ਡਾਇਰੈਕਟਰ ਮਨਪ੍ਰੀਤ ਕੌਰ ਵਿਰਕ ਨੇ ਕਿਹਾ ਕਿ ਭਗਤ ਪੂਰਨ ਸਿੰਘ ਜੀ ਦੀ ਵਿਰਾਸਤ ਪਿੰਗਲਵਾੜੇ ਤੋਂ ਪਾਰ ਵੀ ਹੁਣ ਤੁਗਲਵਾਲਾ ਦੀਆਂ ਕਲਾਸਾਂ ਵਿੱਚ ਅਤੇ ਬੱਚਿਆਂ ਦੁਆਰਾ ਚੁੱਕੀ ਸਹੁੰ ਵਿੱਚ ਜ਼ਿੰਦਾ ਹੈ ਅਤੇ ਜ਼ਿੰਦਾ ਰਹੇਗੀ।

ਹਿੰਦੂ ਕੰਨਿਆ ਮਹਾਂ-ਵਿਦਿਆਲਾ ਵਿਖੇ ਐਂਟੀ ਟੈਰਰਿਜ਼ਮ ਦਿਵਸ ਮਨਾਇਆ

ਧਾਰੀਵਾਲ, (ਮਨਦੀਪ ਵਿੱਕੀ)-ਸਥਾਨਕ ਹਿੰਦੂ ਕੰਨਿਆ ਮਹਾਂ-ਵਿਦਿਆਲਾ ਧਾਰੀਵਾਲ ਵਿਖੇ ਕਾਲਜ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐੱਨ. ਡੀ. ਅਨੰਦ, ਸਕੱਤਰ ਰਮੇਸ਼ ਕੋਹਲੀ ਅਤੇ ਪ੍ਰਿੰਸੀਪਲ ਡਾ. ਰਜਵਿੰਦਰ ਕੌਰ ਦੀ ਅਗਵਾਈ ਹੇਠ ਐੱਨਐੱਸਐੱਸ ਅਤੇ ਰੈਡ ਰਿਬਨ ਕਲੱਬ ਵੱਲੋਂ ਐਂਟੀ ਟੈਰਰਿਜ਼ਮ ਦਿਵਸ ਦਾ ਮਨਾਇਆ ਗਿਆ। ਇਸ ਮੌਕੇ ਪ੍ਰੋਗਰਾਮ ਦੌਰਾਨ ਵੱਖ-ਵੱਖ ਵਿਦਿਆਰਥੀਆਂ ਵੱਲੋਂ ਭਾਸ਼ਣ ਕਰਦਿਆਂ ਅੱਤਵਾਦ ਦੇ ਨੁਕਸਾਨਦਾਇਕ ਪ੍ਰਭਾਵਾਂ ਬਾਰੇ ਜਾਣੂ ਕਰਵਾਇਆ ਗਿਆ ਅਤੇ ਸਮਾਜ ਵਿੱਚ ਭਾਈਚਾਰਕ ਸਾਂਝ ਪਿਆਰ ਤੇ ਸ਼ਾਂਤੀ ਦਾ ਸੰਦੇਸ਼ ਦਿੱਤਾ ਗਿਆ।ਪ੍ਰਿੰਸੀਪਲ ਡਾ. ਰਜਵਿੰਦਰ ਕੌਰ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਨੌਜਵਾਨ ਪੀੜ੍ਹੀ ਨੂੰ ਹਿੰਸਾ ਤੇ ਨਫ਼ਰਤ ਤੋਂ ਦੂਰ ਰਹਿ ਕੇ ਦੇਸ਼ ਦੀ ਤਰੱਕੀ ਤੇ ਮਨੁੱਖਤਾ ਦੀ ਭਲਾਈ ਲਈ ਕੰਮ ਕਰਨਾ ਚਾਹੀਦਾ ਹੈ।ਉਨ੍ਹਾਂ ਕਿਹਾ ਕਿ ਸਿੱਖਿਆ ਸੰਸਥਾਵਾਂ ਦਾ ਫਰਜ਼ ਬਣਦਾ ਹੈ ਕਿ ਵਿਦਿਆਰਥੀਆਂ ਵਿੱਚ ਦੇਸ਼ ਤੇ ਸਮਾਜਿਕ ਜ਼ਿੰਮੇਵਾਰੀ ਦੀ ਭਾਵਨਾ ਪੈਦਾ ਕੀਤੀ ਜਾਵੇ।ਸਮਾਰੋਹ ਦੇ ਅੰਤ ਵਿੱਚ ਦੇਸ਼ ਵਿੱਚ ਅਮਨ ਤੇ ਭਾਈਚਾਰੇ ਨੂੰ ਮਜ਼ਬੂਤ ਕਰਨ ਪ੍ਰਣ ਲਿਆ ਗਿਆ।ਸਟੇਜ ਦੇ ਫਰਜ਼ ਮੈਡਮ ਮਨਜਿੰਦਰ ਕੌਰ ਵੱਲੋਂ ਬਾਖੂਬੀ ਨਿਭਾਏ ਗਏ ।ਇਸ ਸਮੇਂ ਸਮੂਹ ਸਟਾਫ ਹਾਜ਼ਰ ਸੀ।

ਰਸੂਖਦਾਰ

ਯੂ ਪੀ ਵਿੱਚ ਹਥਿਆਰਾਂ ਦੇ ਲਾਇਸੈਂਸਾਂ ਬਾਰੇ ਇਲਾਹਾਬਾਦ ਹਾਈ ਕੋਰਟ ਵਿੱਚ ਸਾਹਮਣੇ ਆਏ ਤੱਥ ਨੇ ਨਾ ਸਿਰਫ ਪ੍ਰਸ਼ਾਸਕੀ ਕੁਤਾਹੀ, ਸਗੋਂ ਉਸ ਪੂਰੀ ਵਿਵਸਥਾ ਨੂੰ ਵੀ ਉਜਾਗਰ ਕੀਤਾ ਹੈ, ਜਿਸ ਵਿੱਚ ਕਾਨੂੰਨ ਦੇ ਪੈਮਾਨੇ ਆਮ ਆਦਮੀ ਲਈ ਵੱਖਰੇ ਅਤੇ ਰਸੂਖਦਾਰ ਤੇ ਤਾਕਤਵਰ ਲੋਕਾਂ ਲਈ ਵੱਖਰੇ ਦਿਖਾਈ ਦਿੰਦੇ ਹਨ। ਅਦਾਲਤ ਨੂੰ ਦੱਸਿਆ ਗਿਆ ਕਿ ਸੂਬੇ ਵਿੱਚ ਦਸ ਲੱਖ ਤੋਂ ਵੱਧ ਹਥਿਆਰ ਲਾਇਸੈਂਸ ਦਿੱਤੇ ਗਏ ਹਨ ਅਤੇ ਹਜ਼ਾਰਾਂ ਲਾਇਸੈਂਸਧਾਰਕ ਅਜਿਹੇ ਹਨ, ਜਿਨ੍ਹਾਂ ਵਿਰੁੱਧ ਇੱਕ ਤੋਂ ਵੱਧ ਫੌਜਦਾਰੀ ਮਾਮਲੇ ਦਰਜ ਹਨ। ਜਦੋਂ ਅਦਾਲਤ ਨੇ ਰਾਜਾ ਭਈਆ, ਬ੍ਰਿਜਭੂਸ਼ਣ ਸ਼ਰਨ ਸਿੰਘ ਤੇ ਹੋਰ ਬਹੁਤ ਸਾਰੇ ਮਸ਼ਹੂਰ ਨਾਵਾਂ ਸਮੇਤ ਪ੍ਰਭਾਵਸ਼ਾਲੀ ਲੋਕਾਂ ਨਾਲ ਸੰਬੰਧਤ ਜਾਣਕਾਰੀ ਬਾਰੇ ਰਾਜ ਤੋਂ ਜਵਾਬ ਮੰਗਿਆ ਅਤੇ ਪੁਲਸ ਵੱਲੋਂ ਤੱਥਾਂ ਨੂੰ ਪੂਰੀ ਤਰ੍ਹਾਂ ਪੇਸ਼ ਨਾ ਕਰਨ 'ਤੇ ਨਾਰਾਜ਼ਗੀ ਜ਼ਾਹਰ ਕੀਤੀ, ਤਾਂ ਇਹ ਸਪੱਸ਼ਟ ਹੋ ਗਿਆ ਕਿ ਮਾਮਲਾ ਸਿਰਫ ਲਾਇਸੈਂਸਾਂ ਦਾ ਨਹੀਂ, ਸਗੋਂ ਉਸ ਤੰਤਰ ਦਾ ਹੈ, ਜਿੱਥੇ ਕਾਨੂੰਨ ਦੇ ਸਾਹਮਣੇ ਬਰਾਬਰੀ ਦਾ ਦਾਅਵਾ ਖੁਦ ਕਟਹਿਰੇ ਵਿੱਚ ਖੜ੍ਹਾ ਹੋ ਗਿਆ ਹੈ।

ਇਹ ਕਿਹੋ ਜਿਹੀ ਵਿਵਸਥਾ ਹੈ, ਜਿੱਥੇ ਇੱਕ ਆਮ ਆਦਮੀ ਦੀ ਜੇਬ ਵਿੱਚ ਕਾਗਜ਼ ਘੱਟ ਹੋਣ ਤਾਂ ਉਸ ਦੀ ਅਰਜ਼ੀ ਰੱਦ ਹੋ ਜਾਂਦੀ ਹੈ, ਉਸ ਦੀ ਫਾਈਲ ਇੱਕ ਮਾਮੂਲੀ ਇਤਰਾਜ਼ ਕਾਰਨ ਦੱਬ ਜਾਂਦੀ ਹੈ, ਉਸ ਦਾ ਲਾਇਸੈਂਸ ਇੱਕ ਮਾਮੂਲੀ ਤਕਨੀਕੀ ਆਧਾਰ 'ਤੇ ਫਸ ਜਾਂਦਾ ਹੈ, ਪਰ ਜਦੋਂ ਗੱਲ ਬਾਹੂਬਲੀਆਂ, ਪ੍ਰਭਾਵਸ਼ਾਲੀ ਨੇਤਾਵਾਂ ਅਤੇ ਸਿਆਸੀ ਤਾਕਤ ਦੇ ਪ੍ਰਤੀਕ ਲੋਕਾਂ ਦੀ ਆਉਂਦੀ ਹੈ, ਤਾਂ ਪੂਰੀ ਵਿਵਸਥਾ ਅਚਾਨਕ ਸੁਸਤ, ਨਰਮ ਅਤੇ ਗੋਲਮੋਲ ਹੋ ਜਾਂਦੀ ਹੈ?

ਕੀ ਹਥਿਆਰ ਕਾਨੂੰਨ ਸਵੈ-ਰੱਖਿਆ ਲਈ ਬਣਾਇਆ ਗਿਆ ਸੀ ਜਾਂ ਤਾਕਤ, ਦਬਦਬੇ ਅਤੇ ਡਰ ਦੇ ਜਨਤਕ ਪ੍ਰਦਰਸ਼ਨ ਲਈ? ਕੀ ਬੰਦੂਕ ਹੁਣ ਸੁਰੱਖਿਆ ਦਾ ਸਾਧਨ ਹੈ ਜਾਂ ਸਮਾਜ ਨੂੰ ਇਹ ਸੁਨੇਹਾ ਦੇਣ ਦਾ ਤਰੀਕਾ ਹੈ ਕਿ ਕੁਝ ਲੋਕ ਕਾਨੂੰਨ ਤੋਂ ਉੱਪਰ ਹਨ? ਇਹੀ ਉਹ ਸਵਾਲ ਹੈ, ਜਿਸ ਨੂੰ ਇਲਾਹਾਬਾਦ ਹਾਈ ਕੋਰਟ ਨੇ ਸਿੱਧੇ-ਸਿੱਧੇ ਛੂਹ ਲਿਆ ਹੈ। ਰਾਜਾ ਭਈਆ ਹੋਵੇ, ਬ੍ਰਿਜਭੂਸ਼ਣ ਸ਼ਰਨ ਸਿੰਘ ਹੋਵੇ ਜਾਂ ਕੋਈ ਹੋਰ ਪ੍ਰਭਾਵਸ਼ਾਲੀ ਨਾਂਅ, ਜਿਨ੍ਹਾਂ ਦੀ ਹਾਈ ਕੋਰਟ ਵਿੱਚ ਚਰਚਾ ਹੋਈ, ਨਾਲੋਂ ਵੱਧ ਵੱਡਾ ਸਵਾਲ ਇਹ ਹੈ ਕਿ ਜੇ ਰਸੂਖਦਾਰ ਵਿਅਕਤੀਆਂ ਦੇ ਹਥਿਆਰ ਲਾਇਸੈਂਸਾਂ, ਉਨ੍ਹਾਂ ਵਿਰੁੱਧ ਦਰਜ ਮਾਮਲਿਆਂ ਤੇ ਉਨ੍ਹਾਂ ਦੀ ਪਾਤਰਤਾ ਬਾਰੇ ਜਾਣਕਾਰੀ ਅਦਾਲਤ ਨੂੰ ਸਪੱਸ਼ਟ ਤੌਰ 'ਤੇ ਉਪਲੱਬਧ ਨਹੀਂ ਕਰਵਾਈ ਜਾਂਦੀ, ਤਾਂ ਆਮ ਆਦਮੀ ਕਿਸ ਵਿਵਸਥਾ 'ਤੇ ਭਰੋਸਾ ਕਰੇ? ਜਿਸ ਪੁਲਸ ਨੂੰ ਨਿਰਪੱਖ ਤੱਥ ਰੱਖਣੇ ਚਾਹੀਦੇ ਹਨ, ਜੇ ਉਸੇ ਉੱਤੇ ਤੱਥ ਲੁਕੋਣ ਦਾ ਸਵਾਲ ਉੱਠ ਜਾਵੇ ਤਾਂ ਇਹ ਸਿਰਫ ਇੱਕ ਫਾਈਲ ਦੀ ਘਾਟ ਨਹੀਂ, ਸਗੋਂ ਲੋਕਾਂ ਦੇ ਭਰੋਸੇ 'ਤੇ ਸਿੱਧਾ ਹਮਲਾ ਹੈ।

ਅਸਲਾ ਐਕਟ ਦਾ ਉਦੇਸ਼ ਨਾਗਰਿਕਾਂ ਨੂੰ ਸੁਰੱਖਿਆ ਦੇਣਾ ਸੀ, ਪਰ ਅੱਜ ਕਈ ਥਾਈਂ ਲਾਇਸੈਂਸੀ ਹਥਿਆਰ ਸੁਰੱਖਿਆ ਨਾਲੋਂ ਜ਼ਿਆਦਾ ਧੱਕੇਸ਼ਾਹੀ, ਬਾਹੂਬਲ, ਸਿਆਸੀ ਪ੍ਰਭਾਵ ਅਤੇ ਡਰ ਦਾ ਪ੍ਰਤੀਕ ਬਣੇ ਦਿਖਾਈ ਦਿੰਦੇ ਹਨ। ਕਾਨੂੰਨ ਅਦਾਲਤ ਨਾਲ ਚਲਦਾ ਹੈ, ਨਿੱਜੀ ਤਾਕਤ ਦੇ ਪ੍ਰਦਰਸ਼ਨ ਨਾਲ ਨਹੀਂ। ਸਮਾਜ ਭਰੋਸੇ ਨਾਲ ਚਲਦਾ ਹੈ, ਭੈਅ ਨਾਲ ਨਹੀਂ। ਪਰ ਜਦੋਂ ਹਥਿਆਰ ਵੱਕਾਰ ਦੇ ਪ੍ਰਤੀਕ ਬਣ ਜਾਣ, ਤਾਂ ਇਹ ਸਿਰਫ ਕਾਨੂੰਨ ਦੀ ਦੁਰਵਰਤੋਂ ਨਹੀਂ, ਸਗੋਂ ਲੋਕਤੰਤਰੀ ਕਦਰਾਂ-ਕੀਮਤਾਂ 'ਤੇ ਸਿੱਧਾ ਹਮਲਾ ਹੁੰਦਾ ਹੈ। ਸਭ ਤੋਂ ਗੰਭੀਰ ਗੱਲ ਇਹ ਹੈ ਕਿ ਕਾਨੂੰਨ ਸਾਫ ਕਹਿੰਦਾ ਹੈ ਕਿ ਹਥਿਆਰ ਲਾਇਸੈਂਸ ਕੋਈ ਮੌਲਿਕ ਅਧਿਕਾਰ ਨਹੀਂ ਹੈ। ਇਹ ਰਾਜ ਵੱਲੋਂ ਨਿਯੰਤ੍ਰਤ ਇੱਕ ਵਿਧਾਨਕ ਇਜਾਜ਼ਤ ਹੈ, ਜੋ ਵਿਅਕਤੀ ਦੇ ਪਿਛੋਕੜ, ਜਨਤਕ ਸ਼ਾਂਤੀ 'ਤੇ ਪ੍ਰਭਾਵ, ਅਪਰਾਧਕ ਇਤਿਹਾਸ, ਸੰਭਾਵੀ ਖਤਰੇ ਅਤੇ ਅਸਲ ਲੋੜ ਦੇ ਅਧਾਰ 'ਤੇ ਦਿੱਤੀ ਜਾਂਦੀ ਹੈ, ਪਰ ਜੇ ਇਹ ਸਿਸਟਮ ਪ੍ਰਭਾਵ, ਸੱਤਾ ਅਤੇ ਬਾਹੂਬਲ ਅੱਗੇ ਕਮਜ਼ੋਰ ਪੈ ਜਾਂਦਾ ਹੈ, ਤਾਂ ਫਿਰ ਪੂਰਾ ਤੰਤਰ ਕਟਹਿਰੇ ਵਿੱਚ ਖੜ੍ਹਾ ਹੋ ਜਾਂਦਾ ਹੈ।

ਸਵਾਲ ਇਹ ਨਹੀਂ ਹੈ ਕਿ ਕਿਸੇ ਵਿਅਕਤੀ ਕੋਲ ਲਾਇਸੈਂਸ ਹੈ ਜਾਂ ਨਹੀਂ। ਸਵਾਲ ਇਹ ਹੈ ਕਿ ਕੀ ਕਾਨੂੰਨ ਨੇ ਉਸ ਦੀ ਨਿਰਪੱਖ ਸਮੀਖਿਆ ਕੀਤੀ? ਕੀ ਉਸ ਦੇ ਵਿਰੁੱਧ ਦਰਜ ਮਾਮਲਿਆਂ ਦੀ ਗੰਭੀਰਤਾ ਨਾਲ ਜਾਂਚ ਹੋਈ? ਕੀ ਨਵੀਨੀਕਰਨ ਸਿਰਫ ਮੋਹਰ ਲਾਉਣ ਦੀ ਇੱਕ ਰਸਮੀ ਕਾਰਵਾਈ ਬਣ ਕੇ ਰਹਿ ਗਿਆ? ਕੀ ਪੁਲਸ ਤਸਦੀਕ ਸੱਚਮੁੱਚ ਨਿਰਪੱਖ ਸੀ? ਕੀ ਅਪਰਾਧਕ ਪਿਛੋਕੜ ਨੂੰ ਗੰਭੀਰਤਾ ਨਾਲ ਦੇਖਿਆ ਗਿਆ? ਜੇ ਇਨ੍ਹਾਂ ਸਵਾਲਾਂ ਦੇ ਜਵਾਬ ਇਮਾਨਦਾਰੀ ਨਾਲ ਭਾਲੇ ਜਾਣ, ਤਾਂ ਬਹੁਤ ਸਾਰੀਆਂ ਫਾਈਲਾਂ ਖੁੱਲ੍ਹਣਗੀਆਂ, ਬਹੁਤ ਸਾਰੇ ਚਿਹਰੇ ਬੇਨਕਾਬ ਹੋਣਗੇ ਅਤੇ ਬਹੁਤ ਸਾਰੇ ਦਾਅਵੇ ਢਹਿ ਜਾਣਗੇ।

ਅੱਜ ਸਭ ਤੋਂ ਵੱਡਾ ਸੰਕਟ ਇਹ ਹੈ ਕਿ ਆਮ ਆਦਮੀ ਕਾਨੂੰਨ ਨੂੰ ਕਿਤਾਬਾਂ ਵਿੱਚ ਪੜ੍ਹਦਾ ਹੈ, ਪਰ ਪ੍ਰਭਾਵਸ਼ਾਲੀ ਲੋਕ ਅਕਸਰ ਇਸ ਨੂੰ ਅਮਲ ਵਿੱਚ ਮੋੜਦੇ ਦਿਖਾਈ ਦਿੰਦੇ ਹਨ। ਇਹੀ ਕਾਰਨ ਹੈ ਕਿ ਲੋਕਾਂ ਦੇ ਮਨਾਂ ਵਿੱਚ ਇਹ ਸਵਾਲ ਉੱਠਦਾ ਹੈ ਕਿ ਕੀ ਹਥਿਆਰ ਲਾਇਸੈਂਸ ਪ੍ਰਣਾਲੀ ਜਨਤਕ ਸੁਰੱਖਿਆ ਲਈ ਹੈ ਜਾਂ ਸੱਤਾ ਦੀ ਸੁਰੱਖਿਆ ਹੇਠ ਪਲ ਰਹੇ ਬਾਹੂਬਲ ਲਈ? ਕੀ ਕਾਨੂੰਨ ਸੱਚਮੁੱਚ ਸਾਰਿਆਂ 'ਤੇ ਬਰਾਬਰ ਲਾਗੂ ਹੁੰਦਾ ਹੈ ਜਾਂ ਫਿਰ ਕੁਝ ਲੋਕਾਂ ਲਈ ਵੱਖਰੇ ਰਸਤੇ ਖੁੱਲ੍ਹ ਜਾਂਦੇ ਹਨ? ਇਹੀ ਉਹ ਬੇਚੈਨ ਕਰਨ ਵਾਲਾ ਸਵਾਲ ਹੈ, ਜਿਸ ਤੋਂ ਬਚਣਾ ਹੁਣ ਸੰਭਵ ਨਹੀਂ। ਜੇ ਅਦਾਲਤ ਨੂੰ ਖੁਦ ਇਹ ਕਹਿਣਾ ਪਵੇ ਕਿ ਉਸ ਅੱਗੇ ਪੇਸ਼ ਕੀਤੇ ਗਏ ਜਵਾਬ ਤਸੱਲੀਬਖਸ਼ ਨਹੀਂ ਹਨ, ਤਾਂ ਇਹ ਸਿਰਫ ਇੱਕ ਪ੍ਰਸ਼ਾਸਕੀ ਗਲਤੀ ਨਹੀਂ, ਇਹ ਜਨਤਕ ਵਿਸ਼ਵਾਸ ਦੀ ਨੀਂਹ ਨੂੰ ਹਿਲਾਉਣ ਵਾਲਾ ਮਾਮਲਾ ਹੈ, ਕਿਉਂਕਿ ਕਾਨੂੰਨ ਦੀ ਤਾਕਤ ਉਸ ਦੀਆਂ ਕਿਤਾਬਾਂ ਵਿੱਚ ਨਹੀਂ, ਸਗੋਂ ਉਸ ਦੇ ਨਿਰਪੱਖ ਲਾਗੂ ਹੋਣ ਵਿੱਚ ਹੁੰਦੀ ਹੈ। ਜੇ ਉਹੀ ਨਿਰਪੱਖਤਾ ਸਵਾਲਾਂ ਦੇ ਘੇਰੇ ਵਿੱਚ ਆ ਜਾਵੇ ਤਾਂ ਲੋਕਤੰਤਰ ਦੀ ਆਤਮਾ ਜ਼ਖਮੀ ਹੁੰਦੀ ਹੈ।

ਇਲਾਹਾਬਾਦ ਹਾਈ ਕੋਰਟ ਨੇ ਜਿਸ ਮੁੱਦੇ ਨੂੰ ਛੂਹਿਆ ਹੈ, ਉਹ ਬਹੁਤ ਡੂੰਘਾ ਹੈ। ਇਹ ਸਿਰਫ ਲਾਇਸੈਂਸ ਦੀ ਫਾਈਲ ਨਹੀਂ, ਇਹ ਸੱਤਾ, ਬਾਹੂਬਲ, ਪੁਲਸ, ਕਾਨੂੰਨ ਤੇ ਨਾਗਰਿਕ ਸੁਰੱਖਿਆ ਦੇ ਰਿਸ਼ਤੇ ਦਾ ਕੱਚਾ ਚਿੱਠਾ ਹੈ। ਸਮਾਂ ਆ ਗਿਆ ਹੈ ਕਿ ਹਥਿਆਰ ਕਾਨੂੰਨ ਨੂੰ ਰਸੂਖਦਾਰਾਂ ਦਾ ਖਿਡੌਣਾ ਨਹੀਂ, ਸਗੋਂ ਜਨਤਕ ਸੁਰੱਖਿਆ ਦਾ ਵਿਸ਼ਾ ਮੰਨਿਆ ਜਾਵੇ। ਹਰੇਕ ਲਾਇਸੈਂਸ ਦੀ ਨਿਰਪੱਖ ਸਮੀਖਿਆ ਹੋਵੇ, ਅਪਰਾਧਕ ਪਿਛੋਕੜ ਦੀ ਸਖਤ ਜਾਂਚ ਹੋਵੇ, ਪੁਲਸ ਤਸਦੀਕ ਨੂੰ ਜਵਾਬਦੇਹ ਬਣਾਇਆ ਜਾਵੇ ਅਤੇ ਇਹ ਸਪੱਸ਼ਟ ਸੰਦੇਸ਼ ਦਿੱਤਾ ਜਾਵੇ ਕਿ ਕਾਨੂੰਨ ਦੀ ਬੰਦੂਕ ਰਾਜ ਦੇ ਹੱਥਾਂ ਵਿੱਚ ਰਹੇਗੀ, ਕਿਸੇ ਬਾਹੂਬਲੀ ਦੇ ਨਿੱਜੀ ਵੱਕਾਰ ਦਾ ਪ੍ਰਤੀਕ ਨਹੀਂ ਬਣੇਗੀ। ਵਰਨਾ ਲੋਕ ਇਹ ਪੁੱਛਣ ਲਈ ਮਜਬੂਰ ਹੋਣਗੇ ਕਿ ਇਸ ਵਿਵਸਥਾ ਵਿੱਚ ਬੰਦੂਕ 'ਤੇ ਕਾਨੂੰਨ ਦਾ ਕੰਟਰੋਲ ਹੈ ਜਾਂ ਕਾਨੂੰਨ 'ਤੇ ਬੰਦੂਕ-ਮਾਲਕਾਂ ਦਾ ਪ੍ਰਭਾਵ? ਇਹੀ ਉਹ ਸਵਾਲ ਹੈ, ਜੋ ਨਾ ਸਿਰਫ ਯੂ ਪੀ, ਸਗੋਂ ਪੂਰੇ ਦੇਸ਼ ਦੇ ਲੋਕਤੰਤਰ ਦੇ ਸਾਹਮਣੇ ਖੜ੍ਹਾ ਹੈ।

ਅੱਲ੍ਹੇ ਜ਼ਖ਼ਮਾਂ 'ਤੇ ਮੱਲ੍ਹਮ ਕੌਣ ਲਾਵੇ ?

ਪੰਜਾਬ, ਜਿਸ ਨੇ ਹਮੇਸ਼ਾ ਹੀ ਆਪਣੇ ਪਿੰਡੇ 'ਤੇ ਅਨੇਕਾਂ ਮੁਸੀਬਤਾਂ ਝੱਲੀਆਂ ਨੇ, ਪਰ ਪਿਛਲੇ ਸਾਲ ਆਏ ਹੜ੍ਹਾਂ ਨੇ ਕਿਸਾਨਾਂ ਨੂੰ ਪੂਰੀ ਤਰ੍ਹਾਂ ਨਾਲ ਨਿਚੋੜ ਕੇ ਰੱਖ ਦਿੱਤਾ। ਕਿਸਾਨਾਂ ਸਮੇਤ ਆਮ ਲੋਕਾਂ ਨੇ ਇਨ੍ਹਾਂ ਹੜ੍ਹਾਂ ਦੀ ਮਾਰ ਝੱਲੀ, ਪਰ ਅਫ਼ਸੋਸ ਇਸ ਗੱਲ ਦਾ ਹੈ ਕਿ ਨਾ ਤਾਂ ਇਸ ਵਿੱਚ ਸਰਕਾਰਾਂ ਨੇ ਕੁੱਝ ਕੀਤਾ ਅਤੇ ਨਾ ਹੀ ਸਿਸਟਮ ਨੇ।

ਕਿਸਾਨਾਂ ਦੀਆਂ ਪੈਲੀਆਂ ਵਿੱਚ ਕਈ-ਕਈ ਫੁੱਟ ਰੇਤ ਜੰਮ ਗਈ ਅਤੇ ਉਸ ਰੇਤ ਨੇ ਕਿਸਾਨਾਂ ਦੀਆਂ ਪੈਲੀਆਂ ਨੂੰ ਪੂਰੇ ਤਰੀਕੇ ਦੇ ਨਾਲ ਖ਼ਤਮ ਕਰ ਦਿੱਤਾ। ਕਈ ਥਾਵਾਂ 'ਤੇ ਤਾਂ ਕਿਸਾਨ ਹੜ੍ਹਾਂ ਕਾਰਨ ਕਣਕ ਵੀ ਨਹੀਂ ਬੀਜ ਸਕੇ, ਕਿਉਂਕਿ ਕਿਸਾਨਾਂ ਕੋਲ ਇੰਨਾ ਪੈਸਾ ਹੀ ਨਹੀਂ ਸੀ ਕਿ ਉਹ ਆਪਣੀ ਪੈਲੀ ਵਿੱਚੋਂ ਰੇਤ ਚੁੱਕ ਪਾਉਂਦੇ। ਵੱਡੇ ਪੱਧਰ 'ਤੇ ਹੜ੍ਹਾਂ ਦੀ ਮਾਰ ਸਰਹੱਦੀ ਇਲਾਕਿਆਂ ਨੂੰ ਹੀ ਝੱਲਣੀ ਪਈ। ਸਰਹੱਦੀ ਇਲਾਕੇ ਜਿਹੜੇ ਪਿਛਲੇ ਸਾਲ 2025 ਵਿੱਚ ਹੀ ਜੰਗ ਦੀ ਮਾਰ ਹੇਠਾਂ ਆਏ ਸਨ, ਉਨ੍ਹਾਂ ਨੂੰ ਕੁੱਝ ਮਹੀਨੇ ਬਾਅਦ ਹੀ ਕਥਿਤ ਤੌਰ 'ਤੇ ਸਰਕਾਰਾਂ ਦੁਆਰਾ ਪੈਦਾ ਕੀਤੇ ਗਏ 'ਹੜ੍ਹਾਂ' ਦੇ ਕਾਰਨ ਮਾਰ ਝੱਲਣੀ ਪਈ।

ਮਸਲਾ ਭਾਵੇਂ ਕੋਈ ਵੀ ਹੋਵੇ, ਪਰ ਮਰਦਾ ਆਖ਼ਿਰ ਕਿਸਾਨ ਹੀ ਹੈ। ਹੜ੍ਹਾਂ ਵਿੱਚ ਜਿੱਥੇ ਆਮ ਪਬਲਿਕ ਦਾ ਤਾਂ ਨੁਕਸਾਨ ਹੋਇਆ ਹੀ, ਉੱਥੇ ਹੀ ਜਿਹੜੀ ਰਿਪੋਰਟ ਹੁਣ ਸਾਹਮਣੇ ਆਈ ਹੈ, ਉਸ ਨੇ ਸਭਨਾਂ ਨੂੰ ਹੈਰਾਨ ਕਰਕੇ ਰੱਖ ਦਿੱਤਾ ਹੈ। ਜਿਨ੍ਹਾਂ ਇਲਾਕਿਆਂ ਵਿੱਚ ਹੜ੍ਹਾਂ ਨੇ ਦਸਤਕ ਦਿੱਤੀ ਸੀ, ਉਨ੍ਹਾਂ ਇਲਾਕਿਆਂ ਵਿੱਚ ਹਾਲੇ ਵੀ ਹੜ੍ਹਾਂ ਦੇ ਜ਼ਖਮ ਅੱਲੇ ਨੇ ਜਾਂ ਫਿਰ ਇਹ ਕਹਿ ਲਓ ਕਿ ਖੇਤਾਂ ਵਿੱਚ ਹੜ੍ਹਾਂ ਦੇ ਜ਼ਖਮ ਹਾਲੇ ਹਰੇ ਪਏ ਨੇ। ਹੜ੍ਹਾਂ ਦੇ ਕਹਿਰ ਦੇ ਚੱਲਦਿਆਂ ਪੰਜਾਬ ਦੇ ਖੇਤਾਂ ਵਿੱਚ ਇਸ ਵੇਲੇ ਹਰਿਆਲੀ ਨਹੀਂ, ਬਲਕਿ ਬਹੁਤੀ ਜਗ੍ਹਾ 'ਤੇ ਰੇਤ ਹੀ ਨਜ਼ਰ ਆਉਂਦੀ ਹੈ।

ਪਿਛਲੇ ਸਾਲ ਆਏ ਹੜ੍ਹਾਂ ਨੇ ਪੰਜਾਬ ਦੇ ਵੱਡੇ ਹਿੱਸੇ ਨੂੰ ਆਪਣੀ ਲਪੇਟ ਵਿੱਚ ਲਿਆ ਸੀ। ਕਰੀਬ 5 ਲੱਖ ਖੜ੍ਹੀ ਝੋਨੇ ਦੀ ਫ਼ਸਲ ਨੂੰ ਬਰਬਾਦ ਕਰਕੇ ਰੱਖ ਦਿੱਤਾ ਸੀ। ਸੂਬੇ ਦੇ ਕੋਈ 2500 ਪਿੰਡ ਹੜ੍ਹਾਂ ਦੇ ਕਾਰਨ ਪ੍ਰਭਾਵਿਤ ਹੋਏ ਸਨ ਅਤੇ ਲੱਗਭੱਗ ਇਸ ਵਿੱਚ 4 ਲੱਖ ਦੇ ਕਰੀਬ ਲੋਕ ਸਨ। ਹੜ੍ਹਾਂ ਦੌਰਾਨ 50 ਤੋਂ ਵੱਧ ਲੋਕਾਂ ਦੀ ਜਾਨ ਚਲੀ ਗਈ ਸੀ, ਜੋ ਕਿ ਸਰਕਾਰੀ ਅੰਕੜਾ ਹੈ, ਪਰ ਜੇਕਰ ਇਸ ਅੰਕੜੇ ਤੋਂ ਬਾਹਰ ਜਾ ਕੇ ਵੇਖੀਏ ਤਾਂ ਗਿਣਤੀ ਸੈਂਕੜੇ ਤੋਂ ਵੀ ਪਾਰ ਹੈ। ਫ਼ਿਰੋਜ਼ਪੁਰ, ਫ਼ਾਜ਼ਿਲਕਾ, ਗੁਰਦਾਸਪੁਰ, ਪਠਾਨਕੋਟ, ਰੂਪਨਗਰ ਅਤੇ ਅੰਮ੍ਰਿਤਸਰ ਦੇ ਕੁੱਝ ਹਿੱਸਿਆਂ ਵਿੱਚ ਹੜ੍ਹਾਂ ਨੇ ਤਬਾਹੀ ਮਚਾਈ।

ਤਾਜ਼ਾ ਰਿਪੋਰਟ ਇਹ ਕਹਿੰਦੀ ਹੈ ਕਿ ਫ਼ਿਰੋਜ਼ਪੁਰ, ਫ਼ਾਜ਼ਿਲਕਾ ਅਤੇ ਗੁਰਦਾਸਪੁਰ ਦੇ ਬਹੁ-ਗਿਣਤੀ ਇਲਾਕੇ ਜਿਹੜੇ ਦਰਿਆਵਾਂ ਦੇ ਨਾਲ ਲੱਗਦੇ ਨੇ, ਉਨ੍ਹਾਂ ਇਲਾਕਿਆਂ ਵਿੱਚ ਖੇਤ ਦੀ ਮੋਟੀ ਪਰਤ ਹਾਲੇ ਵੀ ਜੰਮੀ ਪਈ ਹੈ। ਬਹੁ-ਗਿਣਤੀ ਕਿਸਾਨ ਤਾਂ ਕਣਕ ਦੀ ਫ਼ਸਲ ਹੀ ਨਹੀਂ ਬੀਜ ਸਕੇ, ਜਿਸ ਕਾਰਨ ਉਨ੍ਹਾਂ ਕੋਲ ਖਾਣ ਲਈ ਦਾਣੇ ਵੀ ਨਹੀਂ ਹਨ। ਬੇਸ਼ੱਕ ਸਰਕਾਰੀ ਅੰਕੜੇ ਕੁੱਝ ਵੀ ਕਹਿੰਦੇ ਹੋਣ, ਪਰ ਅਸਲੀਅਤ ਇਹੋ ਹੈ ਕਿ ਪੰਜਾਬ ਵਿੱਚ ਇਸ ਵਾਰ ਜਿੱਥੇ ਬੇਮੌਸਮੀ ਬਰਸਾਤ ਨੇ ਕਈ ਕਿਸਾਨਾਂ ਨੂੰ ਝੰਬਿਆ ਅਤੇ ਕਣਕਾਂ ਦੇ ਝਾੜ 'ਤੇ ਅਸਰ ਪਾਇਆ, ਉੱਥੇ ਹੀ ਹੜ੍ਹਾਂ ਦੀ ਮਾਰ ਝੱਲ ਰਹੇ ਕਿਸਾਨ ਕਣਕਾਂ ਨੂੰ ਵੀ ਤਰਸ ਰਹੇ ਨੇ, ਯਾਨੀ ਕਿ ਖਾਣ ਵਾਸਤੇ ਅਨਾਜ ਨੂੰ ਵੀ ਤਰਸ ਰਹੇ ਨੇ।

ਗੁਰਪ੍ਰੀਤ

ਸਿੱਧੇ ਸ਼ਬਦਾਂ ਵਿੱਚ ਕਹੀਏ ਤਾਂ ਕਿਸਾਨਾਂ ਕੋਲ ਪੈਲੀਆਂ ਤਾਂ ਹਨ, ਪਰ ਅਸਲੀਅਤ ਇਹੋ ਹੈ ਕਿ ਕਿਸਾਨਾਂ ਕੋਲ ਖਾਣ ਵਾਸਤੇ ਦਾਣੇ ਨਹੀਂ ਹਨ। ਸਿੱਧੇ ਸ਼ਬਦਾਂ ਵਿੱਚ ਇਹ ਵੀ ਨਹੀਂ ਕਿਹਾ ਜਾ ਸਕਦਾ ਕਿ ਉਹ ਭੁੱਖੇ ਮਰ ਰਹੇ ਨੇ। ਪੰਜਾਬ ਅਜਿਹਾ ਨਹੀਂ ਹੈ, ਕਿਸਾਨਾਂ ਦੀ ਇੱਧਰੋਂ-ਉੱਧਰੋਂ ਲੋਕ ਮਦਦ ਤਾਂ ਹੋ ਰਹੀ ਹੈ, ਪਰ ਜਿਹੜੀਆਂ ਜ਼ਮੀਨਾਂ ਦੇ ਮਾਲਕ ਸੀ ਜਾਂ ਮਾਲਕ ਨੇ ਉਹ ਜ਼ਮੀਨਾਂ ਇਸ ਵੇਲੇ ਸਿੱਧੇ ਤੌਰ 'ਤੇ ਆਖ ਲਈਏ ਤਾਂ ਉਸ ਪਹਾੜੀ ਰੇਤ ਦੀ ਲਪੇਟ ਵਿੱਚ ਨੇ, ਜਿਹੜੀ ਹੜ੍ਹਾਂ ਦੇ ਕਾਰਨ ਵਹਿ ਕੇ ਨਾਲ ਆਈ ਸੀ। ਪੰਜਾਬ ਸਰਕਾਰ ਦੁਆਰਾ ਸਾਂਝੀ ਕੀਤੀ ਗਈ ਰਿਪੋਰਟ ਮੁਤਾਬਿਕ ਇਸ ਵਾਰ ਕਣਕ ਦੀ ਆਮਦ ਅਤੇ ਖ਼ਰੀਦ 123.47 ਲੱਖ ਮੀਟਰਿਕ ਟਨ ਦੇ ਟੀਚੇ ਨੂੰ ਪਾਰ ਕਰ ਚੁੱਕੀ ਹੈ।

ਦੂਜੇ ਪਾਸੇ, ਜੇਕਰ ਪਿਛਲੀਆਂ ਰਿਪੋਰਟਾਂ 'ਤੇ ਨਿਗ੍ਹਾ ਮਾਰੀਏ ਤਾਂ ਪਿਛਲੇ ਸਾਲ ਡੇਢ ਲੱਖ ਮੀਟਰਿਕ ਟਨ ਕਣਕ ਦੀ ਖ਼ਰੀਦ ਅਤੇ ਆਮਦਨ ਹੋਈ ਸੀ। ਦੱਸਦੇ ਚੱਲੀਏ ਕਿ ਹੜ੍ਹਾਂ ਕਾਰਨ ਹੋਏ ਨੁਕਸਾਨ ਦਾ ਪਿਛਲੇ ਸਾਲ ਪੰਜਾਬ ਸਰਕਾਰ ਨੇ ਆਪਣਾ ਸਰਵੇ ਕਰਕੇ 13,800 ਕਰੋੜ ਰੁਪਏ ਦਾ ਅਨੁਮਾਨ ਲਗਾਇਆ ਸੀ ਅਤੇ ਕੇਂਦਰ ਕੋਲੋਂ ਵਿਸ਼ੇਸ਼ ਰਾਹਤ ਪੈਕੇਜ ਦੀ ਮੰਗ ਕੀਤੀ ਸੀ। ਕਿਸਾਨਾਂ ਨੂੰ ਰਾਹਤ ਦੇਣ ਵਾਸਤੇ ਖੇਤਾਂ ਵਿੱਚੋਂ ਰੇਤ ਚੁਕਵਾਉਣ ਲਈ ਇੱਕ ਪਾਲਿਸੀ ਵੀ ਪੰਜਾਬ ਸਰਕਾਰ ਨੇ ਲਿਆਂਦੀ। ਉਸ ਪਾਲਿਸੀ ਦੇ ਤਹਿਤ ਕਿਸਾਨ ਆਪਣੀ ਜ਼ਮੀਨ ਵਿੱਚੋਂ ਰੇਤ ਚੁੱਕ ਸਕਦੇ ਸਨ, ਪਰ ਉਸ ਵੇਲੇ ਵੱਡੀ ਸਮੱਸਿਆ ਇਹ ਸੀ ਕਿ ਜਿਨ੍ਹਾਂ ਕਿਸਾਨਾਂ ਦੇ ਕੋਲ ਆਪਣੇ ਟਰੈਕਟਰ ਨਹੀਂ ਹਨ, ਉਹ ਕਿਸਾਨ ਆਪਣੀ ਖੇਤ ਵਿੱਚੋਂ ਰੇਤ ਕਿਵੇਂ ਚੁੱਕਣਗੇ?

ਜਿਹੜੇ ਸਰਕਾਰੀ ਤੌਰ 'ਤੇ ਟਰੈਕਟਰ ਜਾਂ ਫਿਰ ਜੇ.ਸੀ.ਬੀ ਮਸ਼ੀਨਾਂ ਲੱਗੀਆਂ ਸਨ, ਉਨ੍ਹਾਂ ਨੇ ਵੀ ਆਪਣੇ ਸੱਜੇ ਖੱਬੇ ਕਰੀਬੀਆਂ ਦੀਆਂ ਜ਼ਮੀਨਾਂ ਵਿੱਚੋਂ ਹੀ ਰੇਤ ਚੁੱਕੀ, ਜਦੋਂ ਕਿ ਬਹੁ-ਗਿਣਤੀ ਗ਼ਰੀਬ ਅਤੇ ਛੋਟੇ ਕਿਸਾਨ ਚਾਰ-ਪੰਜ ਕਿੱਲਿਆਂ ਵਾਲੇ ਆਪਣੀਆਂ ਪੈਲੀਆਂ 'ਚੋਂ ਰੇਤ ਚੁਕਾਉਣ ਤੋਂ ਵਾਂਝੇ ਰਹਿ ਗਏ। ਇਸ ਵੇਲੇ ਜਿਹੜੀ ਵੱਡੀ ਸਮੱਸਿਆ ਸਾਹਮਣੇ ਆ ਰਹੀ ਹੈ, ਉਹ ਇਹ ਹੈ ਕਿ ਕਿਸਾਨਾਂ ਦੇ ਕੋਲ ਖਾਣ ਵਾਸਤੇ ਦਾਣੇ ਵੀ ਨਹੀਂ ਹਨ। ਕਿਸਾਨ ਕਹਿ ਰਹੇ ਨੇ ਕਿ ਉਨ੍ਹਾਂ ਦੇ ਕੋਲ ਜ਼ਮੀਨ ਹੋਣ ਦੇ ਬਾਵਜੂਦ ਉਹ ਇਸ ਵਾਰ ਕਣਕ ਹੀ ਨਹੀਂ ਬੀਜ ਸਕੇ। ਹੋਰ ਤੇ ਹੋਰ ਸਮੱਸਿਆ ਇੱਥੋਂ ਤੱਕ ਆਣ ਖੜੀ ਹੈ ਕਿ ਕਿਸਾਨ ਜਿੱਥੇ ਆੜ੍ਹਤੀਆਂ ਦੇ ਕੋਲੋਂ ਪਹਿਲਾਂ ਕਰਜ਼ੇ ਦੇ ਰੂਪ ਵਿੱਚ ਪੈਸੇ ਲੈਂਦੇ ਹੁੰਦੇ ਸਨ, ਉੱਥੇ ਹੀ ਹੁਣ ਉਹ (ਕਿਸਾਨ) ਕਰਜ਼ੇ ਦੇ ਰੂਪ ਵਿੱਚ ਆੜ੍ਹਤੀਆਂ ਕੋਲੋਂ ਕਣਕ ਲੈ ਕੇ ਜਾ ਰਹੇ ਹਨ।

ਬਹੁ-ਗਿਣਤੀ ਜਗ੍ਹਾ 'ਤੇ ਲਿਫ਼ਟਿੰਗ ਪੂਰੀ ਹੋਣ ਦੇ ਕਾਰਨ ਕਿਸਾਨਾਂ ਨੂੰ ਕਣਕ ਵੀ ਨਹੀਂ ਮਿਲ ਰਹੀ। ਕਿਸਾਨ ਕਹਿ ਰਹੇ ਹਨ ਕਿ ਜ਼ਮੀਨਾਂ ਵਿੱਚ ਰੇਤ ਜੰਮੀ ਹੋਣ ਕਾਰਨ ਉਨ੍ਹਾਂ ਨੇ ਉੱਪਰਲੀ ਪਰਤ 'ਤੇ ਕਣਕ ਉਗਾਉਣ ਦੀ ਕੋਸ਼ਿਸ਼ ਕੀਤੀ ਸੀ, ਪਰ ਉਹ ਸੜ-ਬਲ ਗਈ। ਕੁੱਝ ਮਰਲੇ ਜਿਹੜੀ ਕਣਕ ਬਚੀ ਵੀ, ਉਸ 'ਤੇ ਮੌਸਮ ਦੀ ਮਾਰ ਪੈ ਗਈ। ਹੁਣ ਸਮੱਸਿਆ ਇੱਥੇ ਆ ਕੇ ਖੜ੍ਹ ਗਈ ਹੈ ਕਿ ਜ਼ਮੀਨਾਂ ਵਾਲੇ ਲੋਕ ਆਖ਼ਰ ਕਿੱਥੋਂ ਮੰਗ ਕੇ ਖਾਣਗੇ? ਇਹ ਕਹਾਣੀ ਇਕੱਲੇ ਫ਼ਿਰੋਜ਼ਪੁਰ, ਫ਼ਾਜ਼ਿਲਕਾ, ਗੁਰਦਾਸਪੁਰ, ਪਠਾਨਕੋਟ ਦੀ ਨਹੀਂ, ਬਲਕਿ ਪੰਜਾਬ ਦੇ ਬਹੁਗਿਣਤੀ ਹੜ੍ਹ ਪ੍ਰਭਾਵਿਤ ਇਲਾਕਿਆਂ ਦੀ ਹੈ। ਜਿਹੜੇ ਇਲਾਕੇ ਹੜ੍ਹਾਂ ਦੀ ਮਾਰ ਹੇਠ ਆਏ ਸਨ, ਉਹ ਅੱਜ ਵੀ ਪਰੇਸ਼ਾਨ ਨੇ ਅਤੇ ਬਹੁਤੇ ਲੋਕ ਤਾਂ ਇਹਨਾਂ ਹੜ੍ਹਾਂ ਦੀਆਂ ਗੱਲਾਂ ਸੁਣ ਕੇ ਹੀ ਰੋ ਪੈਂਦੇ ਨੇ।

ਖ਼ੈਰ, ਵੇਖਿਆ ਜਾਵੇ ਤਾਂ ਭਾਵੇਂ ਪੰਜਾਬ ਦਾ ਅੰਨਦਾਤਾ ਅਖਵਾਉਣ ਵਾਲਾ ਹਮੇਸ਼ਾ ਆਪਣੇ ਚਿਹਰੇ 'ਤੇ ਦੁੱਖਾਂ ਦੇ ਹੋਣ ਦੇ ਬਾਵਜੂਦ ਪੀੜਾ ਸਾਹਮਣੇ ਨਹੀਂ ਲੈ ਕੇ ਆਉਂਦਾ, ਪਰ ਅਸਲ ਕਹਾਣੀ ਇਹੋ ਹੈ ਕਿ ਕਿਸਾਨਾਂ ਕੋਲ ਇਸ ਵੇਲੇ ਖਾਣ ਨੂੰ ਦਾਣੇ ਵੀ ਨਹੀਂ ਹਨ। ਵੱਡੇ ਪੱਧਰ 'ਤੇ ਕਿਸਾਨ ਸਰਕਾਰ ਅਤੇ ਸਮਾਜ ਸੇਵੀ ਸੰਸਥਾਵਾਂ ਤੋਂ ਮੰਗ ਕਰ ਰਹੇ ਹਨ ਕਿ ਖੇਤ ਵਿੱਚੋਂ ਰੇਤ ਹੀ ਹਟਾ ਦਿੱਤੀ ਜਾਵੇ ਤਾਂ ਜੋ ਉਹ ਦੁਬਾਰਾ ਖੇਤੀ ਕਰਨ ਜੋਗੇ ਹੋ ਸਕਣ।

ਪਠਾਨਕੋਟ ਦੇ ਕੁੱਝ ਕਿਸਾਨਾਂ ਨੇ ਦੱਸਿਆ ਕਿ ਸਰਕਾਰ ਨੇ ਭਾਵੇਂ ਹੀ ਖੇਤਾਂ ਵਿੱਚੋਂ ਰੇਤ ਚੁਕਾਉਣ ਦੀਆਂ ਸਕੀਮਾਂ ਚਲਾਈਆਂ, ਪਰ ਅਫ਼ਸੋਸ ਇਸ ਗੱਲ ਦਾ ਹੈ ਕਿ ਉਨ੍ਹਾਂ ਤੱਕ ਕੋਈ ਵੀ ਸਕੀਮ ਨਹੀਂ ਪਹੁੰਚ ਸਕੀ। ਉਨ੍ਹਾਂ ਨੇ ਆਪਣੀ ਜ਼ਮੀਨ ਵਿੱਚੋਂ ਖ਼ੁਦ ਰੇਤ ਚੁੱਕੀ ਅਤੇ ਫ਼ਸਲ ਉਗਾਉਣ ਦੀ ਕੋਸ਼ਿਸ਼ ਕੀਤੀ, ਪਰ ਹਾਲਾਤ ਇਹ ਬਣੇ ਕਿ ਪਹਾੜੀ ਮਿੱਟੀ ਜੰਮੀ ਹੋਣ ਦੇ ਕਾਰਨ ਜਿੱਥੇ ਉਨ੍ਹਾਂ ਦੀ ਫ਼ਸਲ ਪੂਰੇ ਤਰੀਕੇ ਨਾਲ ਹੋ ਨਹੀਂ ਸਕੀ, ਉੱਥੇ ਹੀ ਮੌਸਮ ਦੀ ਪਈ ਮਾਰ ਨੇ ਉਨ੍ਹਾਂ ਨੂੰ ਉਜਾੜ ਕੇ ਰੱਖ ਦਿੱਤਾ।

ਕਿਸਾਨਾਂ ਦਾ ਕਹਿਣਾ ਹੈ ਕਿ ਜੇਕਰ ਉਹ ਆਪਣੀ ਜ਼ਮੀਨ ਵਿੱਚੋਂ ਰੇਤ ਚੁਕਵਾਉਂਦੇ ਵੀ ਸਨ, ਤਾਂ 15 ਤੋਂ 17 ਹਜ਼ਾਰ ਰੁਪਏ ਖ਼ਰਚ ਆਉਂਦਾ ਸੀ, ਪਰ ਉਹ ਕਰ ਵੀ ਕੀ ਸਕਦੇ ਸਨ, ਅਗਲੀ ਫ਼ਸਲ ਉਗਾਉਣ ਦਾ ਫ਼ਿਕਰ ਸੀ, ਪਰ ਅਗਲੀ ਫ਼ਸਲ ਉਗਾ ਕੇ ਉਹ ਆਪਣੇ ਕਰਜ਼ੇ ਉਤਾਰਦੇ, ਪਰ ਹੋਇਆ ਕੁੱਝ ਇਸ ਤਰ੍ਹਾਂ ਕਿ ਉਨ੍ਹਾਂ ਕੋਲ ਤਾਂ ਆਪਣੇ ਲਈ ਖਾਣ ਨੂੰ ਦਾਣੇ ਨਹੀਂ ਹਨ।

ਮਤਲਬ ਸਾਫ਼ ਹੈ ਕਿ ਇਸ ਵੇਲੇ ਜ਼ਮੀਨਾਂ ਵਾਲਿਆਂ ਨੂੰ ਵੀ ਦਿਹਾੜੀਆਂ ਕਰਨੀਆਂ ਪੈ ਰਹੀਆਂ ਹਨ। ਪੰਜਾਬ ਦੇ ਕਿਸਾਨਾਂ ਦੀ ਅਜਿਹੀ ਹਾਲਤ ਪਹਿਲੀ ਵਾਰ ਦੇਖਣ ਨੂੰ ਮਿਲੀ ਹੈ ਕਿ ਕਿਸਾਨ ਇਸ ਵੇਲੇ ਭਾਰੀ ਪੀੜਾ ਵਿੱਚੋਂ ਲੰਘ ਰਹੇ ਨੇ। ਕਿਸਾਨ ਜਥੇਬੰਦੀਆਂ ਵੱਡੇ ਪੱਧਰ 'ਤੇ ਪੰਜਾਬ ਦੇ ਬਹੁ-ਗਿਣਤੀ ਕਿਸਾਨਾਂ ਦੀ ਮਦਦ ਵੀ ਕਰ ਰਹੀਆਂ ਹਨ, ਪਰ ਜਿਹੜਾ ਕੰਮ ਸਰਕਾਰ ਜਾਂ ਫਿਰ ਰਿਲੀਫ ਫ਼ੰਡ ਦੇ ਜ਼ਰੀਏ ਹੋਣਾ ਹੁੰਦਾ ਹੈ, ਉਹ ਨਹੀਂ ਹੋ ਰਿਹਾ।

ਇੱਕ ਜਾਣਕਾਰੀ ਮੁਤਾਬਿਕ ਸਤਲੁਜ ਦਰਿਆ ਨੇ ਸਸਰਾਲੀ ਵਿਖੇ ਪਿਛਲੇ ਸਾਲ ਕਈ ਏਕੜ ਫ਼ਸਲ ਆਪਣੇ ਵਿੱਚ ਸਮੇਟ ਲਈ ਸੀ। ਦਰਿਆ ਜ਼ਮੀਨ ਖਾ ਗਿਆ ਸੀ। ਭਾਵੇਂ ਕਿ ਵੇਖਣ ਵਿੱਚ ਇੰਝ ਲੱਗਦਾ ਸੀ ਕਿ ਦਰਿਆ ਜ਼ਮੀਨ ਕਿਵੇਂ ਖਾ ਸਕਦਾ ਹੈ, ਅਸਲ ਵਿੱਚ ਦਰਿਆ ਨੇ ਆਪਣਾ ਰਸਤਾ ਨਵਾਂ ਬਣਾ ਲਿਆ ਸੀ, ਜ਼ਮੀਨਾਂ ਦੇ ਵਿੱਚੋਂ ਨਿਕਲੇ ਦਰਿਆ ਦੇ ਨਵੇਂ ਰਸਤੇ ਨੇ ਬਹੁ ਗਿਣਤੀ ਕਿਸਾਨਾਂ ਦੀਆਂ ਜ਼ਮੀਨਾਂ ਨੂੰ ਹੀ ਖ਼ਤਮ ਕਰ ਦਿੱਤਾ, ਪਰ ਮਾਲ ਵਿਭਾਗ ਦੇ ਰਿਕਾਰਡ ਵਿੱਚੋਂ ਜ਼ਮੀਨਾਂ, ਦਰਿਆ ਵਿੱਚ ਵਹਿ ਗਈਆਂ। ਇਹ ਸਮੱਸਿਆ ਬਹੁਤ ਵੱਡੀ ਹੈ। ਬਾਕੀ ਆਉਣ ਵਾਲੇ ਸਮੇਂ ਵਿੱਚ ਦੇਖਦੇ ਹਾਂ ਕਿ ਕੀ ਬਣਦਾ ਹੈ, ਪਰ ਇਸ ਵੇਲੇ ਅਸਲੀਅਤ ਇਹ ਹੈ ਕਿ ਜ਼ਮੀਨਾਂ ਵਾਲੇ ਕਿਸਾਨ ਵੀ ਰੋਟੀ ਨੂੰ ਤਰਸ ਰਹੇ ਹਨ।

 # ਸੰਪਰਕ : 95698-20314

ਪੰਜਾਬ ਦੇ ਦੁੱਧ 'ਚ ਮਿਲਾਵਟ ਦਾ ਕੌੜਾ ਸੱਚ

ਜਗਤਾਰ ਸਿੰਘ ਹਿੱਸੋਵਾਲ

ਪੰਜਾਬ ਦੀ ਧਰਤੀ ਨੂੰ ਹਮੇਸ਼ਾ ਤੋਂ ਦੁੱਧ, ਦਹੀਂ ਅਤੇ ਘਿਉ ਦੀ ਧਰਤੀ ਕਿਹਾ ਜਾਂਦਾ ਰਿਹਾ ਹੈ। ਇੱਥੋਂ ਦੀ ਖੁਰਾਕੀ ਪਰੰਪਰਾ ਵਿੱਚ ਦੁੱਧ ਸਿਹਤ ਅਤੇ ਖੁਸ਼ਹਾਲੀ ਦੀ ਨਿਸ਼ਾਨੀ ਮੰਨੀ ਜਾਂਦੀ ਹੈ, ਪਰ ਹੁਣ ਸਾਹਮਣੇ ਆਈਆਂ ਰਿਪੋਰਟਾਂ ਨੇ ਪੰਜਾਬ ਦੀ ਇਸ ਪਹਿਚਾਣ 'ਤੇ ਗੰਭੀਰ ਸਵਾਲ ਖੜੇ ਕਰ ਦਿੱਤੇ ਹਨ।

ਪੰਜਾਬ ਫੂਡ ਐਂਡ ਡਰੱਗਜ਼ ਐਡਮਿਨਿਸਟ੍ਰੇਸ਼ਨ (641) ਵੱਲੋਂ ਕੀਤੀ ਗਈ ਦੁੱਧ ਸੈਂਪਲਿੰਗ ਮੁਹਿੰਮ ਦੌਰਾਨ ਲਏ ਗਏ 204 ਸੈਂਪਲਾਂ ਵਿੱਚੋਂ 68 ਸੈਂਪਲ ਕੁਆਲਿਟੀ ਟੈਸਟ ਵਿੱਚ ਫੇਲ੍ਹ ਪਾਏ ਗਏ। ਅਰਥਾਤ ਹਰ ਤਿੰਨ ਸੈਂਪਲਾਂ ਵਿੱਚੋਂ ਇੱਕ ਸੈਂਪਲ ਮਿਆਰੀ ਮਾਪਦੰਡਾਂ 'ਤੇ ਖਰਾ ਨਹੀਂ ਉਤਰਿਆ। ਸਭ ਤੋਂ ਵੱਧ ਚਿੰਤਾ ਵਾਲੀ ਗੱਲ ਇਹ ਰਹੀ ਕਿ ਇੱਕ ਸੈਂਪਲ ਮਨੁੱਖੀ ਸਿਹਤ ਲਈ ਅਸੁਰੱਖਿਅਤ ਵੀ ਪਾਇਆ ਗਿਆ।

ਇਹ ਅੰਕੜੇ ਸਿਰਫ਼ ਇੱਕ ਸਰਕਾਰੀ ਰਿਪੋਰਟ ਨਹੀਂ, ਸਗੋਂ ਸਮਾਜ ਲਈ ਇੱਕ ਗੰਭੀਰ ਚਿਤਾਵਨੀ ਹਨ। ਸਵਾਲ ਇਹ ਹੈ ਕਿ ਜੇ ਪੰਜਾਬ ਵਰਗੇ ਦੁੱਧ ਉਤਪਾਦਨ ਵਾਲੇ ਸੂਬੇ ਵਿੱਚ ਹੀ ਦੁੱਧ ਦੀ ਇਹ ਹਾਲਤ ਹੈ ਤਾਂ ਆਮ ਲੋਕ ਕਿਵੇਂ ਯਕੀਨ ਕਰਨ ਕਿ ਉਹਨਾਂ ਦੇ ਘਰ ਤੱਕ ਪਹੁੰਚ ਰਿਹਾ ਦੁੱਧ ਸੱਚਮੁੱਚ ਸ਼ੁੱਧ ਹੈ?

ਸਾਲ 2018 ਦੇ ਅੰਕੜੇ ਪੰਜਾਬ ਦੇ ਦੁੱਧ ਕਾਰੋਬਾਰ ਦੀ ਇੱਕ ਚਿੰਤਾਜਨਕ ਤਸਵੀਰ ਪੇਸ਼ ਕਰਦੇ ਹਨ। ਵੇਰਵਿਆਂ ਮੁਤਾਬਕ ਪੰਜਾਬ ਵਿੱਚ ਹਰ ਰੋਜ਼ ਲੱਗਭੱਗ 360 ਲੱਖ ਲੀਟਰ ਸਟੈਂਡਰਡ ਦੁੱਧ ਦਾ ਉਤਪਾਦਨ ਹੁੰਦਾ ਹੈ, ਜਦਕਿ ਖਪਤ ਕਰੀਬ 680 ਲੱਖ ਲੀਟਰ ਹੈ। ਇਸ ਵੱਡੇ ਫਰਕ ਤੋਂ ਇਹ ਅਨੁਮਾਨ ਲੱਗਦਾ ਹੈ ਕਿ ਤਕਰੀਬਨ 320 ਲੱਖ ਲੀਟਰ ਦੁੱਧ ਕਿਸੇ ਨਾ ਕਿਸੇ ਰੂਪ ਵਿੱਚ ਮਿਲਾਵਟੀ ਹੋ ਸਕਦਾ ਹੈ।

ਪਨੀਰ ਦੇ ਖੇਤਰ ਵਿੱਚ ਹਾਲਾਤ ਹੋਰ ਵੀ ਗੰਭੀਰ ਦਿਖਾਈ ਦਿੰਦੇ ਹਨ। ਸੂਬੇ ਵਿੱਚ ਰੋਜ਼ਾਨਾ ਕਰੀਬ 60 ਹਜ਼ਾਰ ਕਿਲੋ ਪਨੀਰ ਤਿਆਰ ਹੁੰਦਾ ਹੈ, ਪਰ ਇਸ ਵਿੱਚੋਂ ਕੇਵਲ 20 ਹਜ਼ਾਰ ਕਿਲੋ ਹੀ ਮਿਆਰੀ ਦੁੱਧ ਤੋਂ ਬਣਦਾ ਹੈ। ਬਾਕੀ 40 ਹਜ਼ਾਰ ਕਿਲੋ ਪਨੀਰ ਮਿਲਾਵਟੀ ਦੁੱਧ ਨਾਲ ਤਿਆਰ ਹੋਣ ਦੀ ਗੱਲ ਸਾਹਮਣੇ ਆਉਂਦੀ ਹੈ, ਜੋ ਲੋਕਾਂ ਦੀ ਸਿਹਤ ਲਈ ਵੱਡਾ ਖ਼ਤਰਾ ਬਣ ਸਕਦਾ ਹੈ।

ਪਸ਼ੂ ਪਾਲਣ ਵਿਭਾਗ ਦੇ ਅੰਕੜਿਆਂ ਅਨੁਸਾਰ ਪੰਜਾਬ ਵਿੱਚ ਲੱਗਭੱਗ 52 ਲੱਖ ਮੱਝਾਂ ਅਤੇ 21 ਲੱਖ ਗਾਵਾਂ ਹਨ, ਜਿਨ੍ਹਾਂ ਵਿੱਚੋਂ ਕਰੀਬ 70 ਫ਼ੀਸਦ ਹੀ ਦੁੱਧ ਦੇਣ ਯੋਗ ਹਨ। ਇਨ੍ਹਾਂ ਤੋਂ ਹਰ ਰੋਜ਼ ਤਕਰੀਬਨ 360 ਲੱਖ ਲੀਟਰ ਦੁੱਧ ਦੀ ਪੈਦਾਵਾਰ ਹੁੰਦੀ ਹੈ। ਇਸ ਵਿੱਚੋਂ ਅੱਧਾ ਦੁੱਧ ਪਿੰਡ ਪੱਧਰ 'ਤੇ ਹੀ ਵਰਤ ਲਿਆ ਜਾਂਦਾ ਹੈ, ਜਦਕਿ ਬਾਕੀ 180 ਲੱਖ ਲੀਟਰ ਬਾਜ਼ਾਰ ਵਿੱਚ ਪਹੁੰਚਦਾ ਹੈ।

ਇਸ ਬਾਜ਼ਾਰੀ ਦੁੱਧ ਵਿੱਚੋਂ ਕਰੀਬ 50 ਲੱਖ ਲੀਟਰ ਦੁੱਧ ਮਿਲਕ ਪਲਾਂਟਾਂ ਵੱਲੋਂ ਵਰਤਿਆ ਜਾਂਦਾ ਹੈ, 30 ਲੱਖ ਲੀਟਰ ਹਲਵਾਈਆਂ ਕੋਲ ਜਾਂਦਾ ਹੈ, ਜਿੱਥੇ ਮਿਠਾਈਆਂ ਬਣਦੀਆਂ ਹਨ ਅਤੇ 20 ਲੱਖ ਲੀਟਰ ਪੰਜਾਬ ਤੋਂ ਬਾਹਰ ਭੇਜਿਆ ਜਾਂਦਾ ਹੈ। ਬਾਕੀ ਰਹਿੰਦਾ 80 ਲੱਖ ਲੀਟਰ ਦੁੱਧ ਕਿਸਾਨ ਸਿੱਧੇ ਤੌਰ 'ਤੇ ਲੋਕਾਂ ਨੂੰ ਵੇਚਦਾ ਹੈ।

ਦੁੱਧ ਅਤੇ ਦੁੱਧ ਤੋਂ ਬਣਦੇ ਪਦਾਰਥਾਂ ਵਿੱਚ ਸਭ ਤੋਂ ਵੱਧ ਮਿਲਾਵਟ ਡਿਟਰਜੈਂਟ, ਕਾਸਟਿਕ ਸੋਡਾ, ਗਲੂਕੋਜ਼, ਚਿੱਟੇ ਰੰਗ ਅਤੇ ਰਿਫਾਇੰਡ ਤੇਲ ਦੇ ਰੂਪ ਵਿੱਚ ਕੀਤੀ ਜਾਂਦੀ ਹੈ। ਇਹ ਰਸਾਇਣਕ ਪਦਾਰਥ ਦੁੱਧ ਨੂੰ ਗਾੜ੍ਹਾ, ਚਿੱਟਾ ਅਤੇ ਵੱਧ ਮਾਤਰਾ ਵਾਲਾ ਦਿਖਾਉਣ ਲਈ ਵਰਤੇ ਜਾਂਦੇ ਹਨ, ਤਾਂ ਜੋ ਘੱਟ ਖਰਚ ਵਿੱਚ ਵੱਧ ਨਫ਼ਾ ਕਮਾਇਆ ਜਾ ਸਕੇ।

ਡਿਟਰਜੈਂਟ ਅਤੇ ਕਾਸਟਿਕ ਸੋਡਾ ਵਰਗੇ ਤੱਤ ਮਨੁੱਖੀ ਸਰੀਰ ਲਈ ਬਹੁਤ ਹੀ ਹਾਨੀਕਾਰਕ ਹਨ। ਇਨ੍ਹਾਂ ਨਾਲ ਪੇਟ ਦੀਆਂ ਬਿਮਾਰੀਆਂ, ਜਿਗਰ ਅਤੇ ਗੁਰਦਿਆਂ ਉੱਤੇ ਮਾੜਾ ਅਸਰ ਪੈ ਸਕਦਾ ਹੈ। ਗਲੂਕੋਜ਼ ਅਤੇ ਰਿਫਾਇੰਡ ਤੇਲ ਦੁੱਧ ਦੀ ਮਾਤਰਾ ਅਤੇ ਚਿਕਨਾਹਟ ਵਧਾਉਣ ਲਈ ਮਿਲਾਏ ਜਾਂਦੇ ਹਨ, ਜਦਕਿ ਚਿੱਟੇ ਰੰਗ ਨਾਲ ਦੁੱਧ ਨੂੰ ਖ਼ਾਲਿਸ ਅਤੇ ਤਾਜ਼ਾ ਦਿਖਾਉਣ ਦੀ ਕੋਸ਼ਿਸ਼ ਕੀਤੀ ਜਾਂਦੀ ਹੈ।

ਦੁੱਧ ਵਿੱਚ ਮਿਲਾਵਟ ਜਾਂ ਘੱਟ ਕੁਆਲਿਟੀ ਦੇ ਕਾਰਨ ਸਿਰਫ਼ ਸਿਹਤ ਹੀ ਪ੍ਰਭਾਵਿਤ ਨਹੀਂ ਹੁੰਦੀ, ਸਗੋਂ ਲੋਕਾਂ ਦਾ ਭਰੋਸਾ ਵੀ ਟੁੱਟਦਾ ਹੈ। ਬੱਚਿਆਂ, ਬਜ਼ੁਰਗਾਂ ਅਤੇ ਮਰੀਜ਼ਾਂ ਲਈ ਦੁੱਧ ਇੱਕ ਜ਼ਰੂਰੀ ਆਹਾਰ ਹੈ। ਜੇ ਇਸ ਵਿੱਚ ਪਾਣੀ, ਕੈਮੀਕਲ ਜਾਂ ਹੋਰ ਗੈਰ-ਮਿਆਰੀ ਤੱਤ ਮਿਲਾਏ ਜਾਣ, ਤਾਂ ਇਹ ਕਈ ਗੰਭੀਰ ਬਿਮਾਰੀਆਂ ਨੂੰ ਜਨਮ ਦਿੰਦੇ ਹਨ।

ਇਸ ਮਾਮਲੇ ਵਿੱਚ ਸਿਰਫ਼ ਸਰਕਾਰ ਜਾਂ 641 ਦੀ ਹੀ ਜ਼ਿੰਮੇਵਾਰੀ ਨਹੀਂ ਬਣਦੀ। ਦੁੱਧ ਉਤਪਾਦਕਾਂ, ਡੇਅਰੀ ਮਾਲਕਾਂ ਅਤੇ ਆਮ ਲੋਕਾਂ ਨੂੰ ਵੀ ਆਪਣਾ ਫਰਜ਼ ਸਮਝਣਾ ਪਵੇਗਾ। ਜਿੱਥੇ ਸਰਕਾਰ ਨੂੰ ਸਖ਼ਤ ਕਾਰਵਾਈ ਅਤੇ ਲਗਾਤਾਰ ਜਾਂਚ ਮੁਹਿੰਮਾਂ ਚਲਾਉਣ ਦੀ ਲੋੜ ਹੈ, ਉੱਥੇ ਲੋਕਾਂ ਨੂੰ ਵੀ ਸਸਤੇ ਦੇ ਲਾਲਚ ਤੋਂ ਬਚ ਕੇ ਮਿਆਰੀ ਅਤੇ ਭਰੋਸੇਯੋਗ ਸਰੋਤਾਂ ਤੋਂ ਦੁੱਧ ਖਰੀਦਣਾ ਚਾਹੀਦਾ ਹੈ।

ਪੰਜਾਬ ਦੀ ਪਹਿਚਾਣ ਸਿਰਫ਼ ਵੱਡੀਆਂ ਫ਼ਸਲਾਂ ਜਾਂ ਉੱਚੀਆਂ ਇਮਾਰਤਾਂ ਨਾਲ ਨਹੀਂ, ਸਗੋਂ ਲੋਕਾਂ ਦੀ ਸਿਹਤ ਅਤੇ ਖਾਣ-ਪੀਣ ਦੀ ਸ਼ੁੱਧਤਾ ਨਾਲ ਬਣਦੀ ਹੈ। ਜੇ ਅਸੀਂ ਆਪਣੀ ਆਉਣ ਵਾਲੀ ਪੀੜ੍ਹੀ ਨੂੰ ਸਿਹਤਮੰਦ ਦੇਖਣਾ ਚਾਹੁੰਦੇ ਹਾਂ, ਤਾਂ ਦੁੱਧ ਵਰਗੇ ਬੁਨਿਆਦੀ ਆਹਾਰ ਦੀ ਗੁਣਵੱਤਾ 'ਤੇ ਸਮਝੌਤਾ ਨਹੀਂ ਕਰਨਾ ਚਾਹੀਦਾ।

ਹੁਣ ਲੋੜ ਇਸ ਗੱਲ ਦੀ ਹੈ ਕਿ ਇਹ ਰਿਪੋਰਟ ਸਿਰਫ਼ ਖ਼ਬਰ ਬਣ ਕੇ ਨਾ ਰਹਿ ਜਾਵੇ, ਸਗੋਂ ਇੱਕ ਅਜਿਹੀ ਚੇਤਾਵਨੀ ਬਣੇ, ਜੋ ਸਮਾਜ ਅਤੇ ਪ੍ਰਸ਼ਾਸਨ ਦੋਵਾਂ ਨੂੰ ਜਗਾਏ।

ਸੰਪਰਕ : 98783-30324

ਦੇਸ਼ 'ਚ ਵਧ ਰਹੇ ਸਾਈਬਰ ਅਪਰਾਧ ਦੇ ਮਾਮਲੇ



ਡਾ. ਕ੍ਰਿਸ਼ਨ ਲਾਲ

ਅਜੋਕੇ ਦੌਰ ਵਿੱਚ ਭਾਰਤ ਬਹੁਤ ਤੇਜ਼ੀ ਨਾਲ ਡਿਜੀਟਲਾਈਜ਼ੇਸ਼ਨ ਦੇ ਰਾਹ 'ਤੇ ਵਧ ਰਿਹਾ ਹੈ। ਇੰਟਰਨੈੱਟ ਨੇ ਸਾਡੀ ਜੀਵਨ ਸ਼ੈਲੀ, ਕੰਮ ਕਰਨ ਦੇ ਤਰੀਕੇ ਅਤੇ ਆਪਸੀ ਸੰਪਰਕ ਨੂੰ ਪੂਰੀ ਤਰ੍ਹਾਂ ਬਦਲ ਦਿੱਤਾ ਹੈ। ਅੱਜ ਬੈਂਕਿੰਗ ਤੋਂ ਲੈ ਕੇ ਖਰੀਦਦਾਰੀ ਤੱਕ ਸਭ ਕੁਝ ਇੱਕ ਕਲਿੱਕ 'ਤੇ ਉਪਲਬਧ ਹੈ, ਪਰ ਇਸੇ ਸੁਵਿਧਾ ਦੀ ਓਟ ਵਿੱਚ ਇੱਕ 'ਅਦਿੱਖ ਦੁਸ਼ਮਣ' ਵੀ ਪੈਦਾ ਹੋ ਗਿਆ ਹੈ, ਜਿਸ ਨੂੰ ਅਸੀਂ ਸਾਈਬਰ ਅਪਰਾਧ ਕਹਿੰਦੇ ਹਾਂ। ਇਹ ਡਿਜੀਟਲ ਲੁਟੇਰੇ ਅੱਜ ਦੇਸ਼ ਦੇ ਕੋਨੇ-ਕੋਨੇ ਵਿੱਚ ਆਮ ਜਨਤਾ ਨੂੰ ਆਪਣਾ ਸ਼ਿਕਾਰ ਬਣਾ ਕੇ ਭਾਰੀ ਵਿੱਤੀ ਨੁਕਸਾਨ ਪਹੁੰਚਾ ਰਹੇ ਹਨ।

ਨੈਸ਼ਨਲ ਕ੍ਰਾਈਮ ਰਿਕਾਰਡ ਬਿਊਰੋ ਦੀ ਸਾਲ 2024-25 ਦੀ ਤਾਜ਼ਾ ਰਿਪੋਰਟ ਚਿੰਤਾਜਨਕ ਅੰਕੜੇ ਪੇਸ਼ ਕਰਦੀ ਹੈ। ਭਾਰਤ ਵਿੱਚ ਸਾਈਬਰ ਅਪਰਾਧਾਂ ਵਿੱਚ ਪਿਛਲੇ ਸਾਲ ਦੇ ਮੁਕਾਬਲੇ 17.9 ਫੀਸਦੀ ਦਾ ਵਾਧਾ ਦਰਜ ਕੀਤਾ ਗਿਆ ਹੈ। ਜਿੱਥੇ ਸਾਲ 2023 ਵਿੱਚ ਲਗਭਗ 86,420 ਮਾਮਲੇ ਦਰਜ ਸਨ, ਉੱਥੇ 2024 ਵਿੱਚ ਇਹ ਗਿਣਤੀ ਵਧ ਕੇ 1,01,928 ਹੋ ਗਈ ਹੈ। ਸਭ ਤੋਂ ਹੈਰਾਨੀਜਨਕ ਤੱਥ ਇਹ ਹੈ ਕਿ ਭਾਰਤੀ ਡਿਜੀਟਲ ਪ੍ਰਣਾਲੀਆਂ 'ਤੇ ਹਰ ਮਿੰਟ ਵਿੱਚ ਲਗਭਗ 505 ਸਾਈਬਰ ਹਮਲੇ ਜਾਂ ਵਾਇਰਸ ਫੈਲਾਉਣ ਦੀਆਂ ਕੋਸ਼ਿਸ਼ਾਂ ਹੋ ਰਹੀਆਂ ਹਨ। ਵਿੱਤੀ ਨੁਕਸਾਨ ਦੀ ਗੱਲ ਕਰੀਏ ਤਾਂ ਇੰਡੀਅਨ ਸਾਈਬਰ ਕ੍ਰਾਈਮ ਕੋਆਰਡੀਨੇਸ਼ਨ ਸੈਂਟਰ (943) ਅਨੁਸਾਰ ਭਾਰਤੀਆਂ ਨੇ ਸਿਰਫ਼ ਸਾਲ 2025 ਵਿੱਚ ਹੀ ਸਾਈਬਰ ਠੱਗੀ ਕਾਰਨ 20,000 ਕਰੋੜ ਤੋਂ 22,500 ਕਰੋੜ ਰੁਪਏ ਗੁਆ ਦਿੱਤੇ ਹਨ। ਜੇਕਰ ਪਿਛਲੇ ਪੰਜ ਸਾਲਾਂ (2020-2025) ਦਾ ਅੰਕੜਾ ਦੇਖਿਆ ਜਾਵੇ ਤਾਂ ਇਹ 52,000 ਕਰੋੜ ਰੁਪਏ ਨੂੰ ਪਾਰ ਕਰ ਗਿਆ ਹੈ। ਇਹ ਪੈਸਾ ਨਾ ਸਿਰਫ਼ ਦੇਸ਼ ਦੀ ਆਰਥਿਕਤਾ ਲਈ ਨੁਕਸਾਨਦੇਹ ਹੈ, ਸਗੋਂ ਕਈ ਪਰਵਾਰਾਂ ਦੀ ਉਮਰ ਭਰ ਦੀ ਕਮਾਈ ਨੂੰ ਵੀ ਮਿੱਟੀ ਵਿੱਚ ਮਿਲਾ ਰਿਹਾ ਹੈ।ਸਾਈਬਰ ਅਪਰਾਧਾਂ ਵਿੱਚ ਵਿੱਤੀ ਧੋਖਾਧੜੀ ਦਾ ਹਿੱਸਾ ਸਭ ਤੋਂ ਵੱਧ 72.6 ਫੀਸਦੀ ਹੈ। ਇਸ ਵਿੱਚ 'ਨਿਵੇਸ਼ ਘੁਟਾਲੇ' ਸਭ ਤੋਂ ਵੱਡਾ ਖ਼ਤਰਾ ਬਣ ਕੇ ਉੱਭਰੇ ਹਨ, ਜੋ ਕੁੱਲ ਵਿੱਤੀ ਨੁਕਸਾਨ ਦਾ 76 ਫੀਸਦੀ ਹਿੱਸਾ ਹਨ। ਫਰਜ਼ੀ ਸਟਾਕ ਮਾਰਕੀਟ ਟ੍ਰੇਡਿੰਗ ਜਾਂ ਕ੍ਰਿਪਟੋ ਐਪਸ ਰਾਹੀਂ ਲੋਕਾਂ ਨੂੰ ਰਾਤੋ-ਰਾਤ ਅਮੀਰ ਹੋਣ ਦਾ ਲਾਲਚ ਦਿੱਤਾ ਜਾਂਦਾ ਹੈ। ਇਸ ਤੋਂ ਇਲਾਵਾ, ਜਿਨਸੀ ਸ਼ੋਸ਼ਣ (3.1 ਫੀਸਦੀ) ਅਤੇ ਜ਼ਬਰਦਸਤੀ ਵਸੂਲੀ (2.5 ਫੀਸਦੀ) ਦੇ ਮਾਮਲੇ ਵੀ ਲਗਾਤਾਰ ਵਧ ਰਹੇ ਹਨ।

ਇਸ ਅਪਰਾਧਿਕ ਜਾਲ ਦੀਆਂ ਤਾਰਾਂ ਸਿਰਫ਼ ਭਾਰਤ ਤੱਕ ਹੀ ਸੀਮਤ ਨਹੀਂ ਹਨ।

ਇੱਕ ਅਹਿਮ ਤੱਥ ਇਹ ਹੈ ਕਿ ਭਾਰਤੀਆਂ ਨਾਲ ਹੋਣ ਵਾਲੀ ਲਗਭਗ 45 ਫੀਸਦੀ ਤੋਂ 50 ਫੀਸਦੀ ਠੱਗੀ ਦੱਖਣੀ-ਪੂਰਬੀ ਏਸ਼ੀਆਈ ਦੇਸ਼ਾਂ ਜਿਵੇਂ ਕੰਬੋਡੀਆ, ਮਿਆਂਮਾਰ ਅਤੇ ਲਾਓਸ ਵਿੱਚ ਚੱਲ ਰਹੇ 'ਸਕੈਮ ਸੈਂਟਰਾਂ' ਤੋਂ ਸੰਚਾਲਿਤ ਹੋ ਰਹੀ ਹੈ। ਹਾਲਾਂਕਿ, ਭਾਰਤ ਸਰਕਾਰ ਦੀ 1930 ਹੈਲਪਲਾਈਨ ਅਤੇ 943 ਦੇ ਯਤਨਾਂ ਸਦਕਾ ਹੁਣ ਤੱਕ 8,000 ਕਰੋੜ ਰੁਪਏ ਤੋਂ ਵੱਧ ਦੀ ਰਕਮ ਠੱਗਾਂ ਦੇ ਖਾਤਿਆਂ ਵਿੱਚ ਫ੍ਰੀਜ਼ ਕਰਨ ਵਿੱਚ ਸਫਲਤਾ ਮਿਲੀ ਹੈ। ਹਾਲ ਹੀ ਦੀਆਂ ਘਟਨਾਵਾਂ ਦੱਸਦੀਆਂ ਹਨ ਕਿ ਠੱਗ ਕਿੰਨੇ ਸ਼ਾਤਰ ਹੋ ਚੁੱਕੇ ਹਨ। 14 ਅਪ੍ਰੈਲ 2026 ਨੂੰ ਠਾਣੇ ਵਿੱਚ ਇੱਕ ਵਿਅਕਤੀ ਤੋਂ ਗੈਸ ਬਿੱਲ ਅਪਡੇਟ ਕਰਨ ਦੇ ਨਾਂਅ 'ਤੇ 31 ਲੱਖ ਰੁਪਏ ਠੱਗ ਲਏ ਗਏ। ਇਸੇ ਤਰ੍ਹਾਂ 4 ਮਈ 2026 ਨੂੰ ਰਾਜਕੋਟ ਵਿੱਚ ਇੱਕ ਵਿਅਕਤੀ ਨੂੰ ਵਟਸਐਪ 'ਤੇ ਫਰਜ਼ੀ ਐੱਮ ਡੀ ਬਣ ਕੇ 45 ਲੱਖ ਰੁਪਏ ਦਾ ਚੂਨਾ ਲਗਾਇਆ ਗਿਆ। ਲੁਧਿਆਣਾ ਵਿੱਚ ਵੀ ਮਈ 2026 ਵਿੱਚ 'ਆਨਲਾਈਨ ਟਾਸਕ' ਦੇ ਬਹਾਨੇ ਇੱਕ ਵਿਅਕਤੀ ਤੋਂ 21 ਲੱਖ ਰੁਪਏ ਦੀ ਲੁੱਟ ਹੋਈ। ਇਹ ਉਦਾਹਰਨਾਂ ਸਾਬਤ ਕਰਦੀਆਂ ਹਨ ਕਿ ਹੁਣ ਸਿਰਫ਼ ਅਨਪੜ੍ਹ ਹੀ ਨਹੀਂ, ਸਗੋਂ ਪੜ੍ਹੇ-ਲਿਖੇ ਲੋਕ ਵੀ ਇਨ੍ਹਾਂ ਦੇ ਜਾਲ ਵਿੱਚ ਫਸ ਰਹੇ ਹਨ।

ਸਾਈਬਰ ਅਪਰਾਧੀ ਲੋਕਾਂ ਦੇ ਮਨੋਵਿਗਿਆਨ ਨਾਲ ਖੇਡਦੇ ਹਨ। ਉਹ ਡਰ ਜਾਂ ਲਾਲਚ ਪੈਦਾ ਕਰਦੇ ਹਨ।ਬੈਂਕਿੰਗ ਠੱਗੀ ਵਿੱਚ ਅਕਸਰ ਇਹ ਡਰਾਵਾ ਦਿੱਤਾ ਜਾਂਦਾ ਹੈ ਕਿ ਤੁਹਾਡਾ ਏ ਟੀ ਐਮ ਕਾਰਡ ਜਾਂ ਬੈਂਕ ਖਾਤਾ ਬੰਦ ਹੋਣ ਵਾਲਾ ਹੈ। ਕੇ ਵਾਈ ਸੀ ਅਪਡੇਟ ਕਰਨ ਦੇ ਬਹਾਨੇ ਲਿੰਕ ਭੇਜੇ ਜਾਂਦੇ ਹਨ ਅਤੇ ਜਿਵੇਂ ਹੀ ਕੋਈ ਭੋਲਾ-ਭਾਲਾ ਵਿਅਕਤੀ ਆਪਣੀ ਜਾਣਕਾਰੀ ਸਾਂਝੀ ਕਰਦਾ ਹੈ, ਉਸ ਦਾ ਖਾਤਾ ਸਕਿੰਟਾਂ ਵਿੱਚ ਖਾਲੀ ਕਰ ਦਿੱਤਾ ਜਾਂਦਾ ਹੈ।ਸੋਸ਼ਲ ਮੀਡੀਆ ਪਲੇਟਫਾਰਮਾਂ, ਜਿਵੇਂ ਫੇਸਬੁਕ ਅਤੇ ਇੰਸਟਾਗ੍ਰਾਮ 'ਤੇ ਚੱਲਣ ਵਾਲੇ ਫਰਜ਼ੀ ਇਸ਼ਤਿਹਾਰ ਵੀ ਇੱਕ ਵੱਡਾ ਜਾਲ ਹਨ। ਬਹੁਤ ਮਹਿੰਗੀਆਂ ਚੀਜ਼ਾਂ ਨੂੰ ਬੇਹੱਦ ਸਸਤੇ ਭਾਅ 'ਤੇ ਦੇਣ ਦਾ ਦਾਅਵਾ ਕਰਕੇ ਲੋਕਾਂ ਤੋਂ ਪੈਸੇ ਵਸੂਲ ਲਏ ਜਾਂਦੇ ਹਨ, ਪਰ ਸਮਾਨ ਕਦੇ ਨਹੀਂ ਪਹੁੰਚਦਾ। ਇਸੇ ਤਰ੍ਹਾਂ ਬੇਰੁਜ਼ਗਾਰਾਂ ਨੂੰ ਵਰਕ ਫਰਾਮ ਹੋਮ ਦਾ ਲਾਲਚ ਦੇ ਕੇ ਪਹਿਲਾਂ ਭਰੋਸਾ ਜਿੱਤਿਆ ਜਾਂਦਾ ਹੈ ਅਤੇ ਫਿਰ ਟੈਕਸਾਂ ਦੇ ਨਾਂਅ ਲੱਖਾਂ ਰੁਪਏ ਲੁੱਟ ਲਏ ਜਾਂਦੇ ਹਨ।

ਤਕਨਾਲੋਜੀ ਦੇ ਦੌਰ ਵਿੱਚ ਹੁਣ 'ਡੀਪਫੇਕ' ਵਰਗਾ ਭਿਆਨਕ ਖ਼ਤਰਾ ਵੀ ਪੈਦਾ ਹੋ ਗਿਆ ਹੈ। ਅਪਰਾਧੀ ਕਿਸੇ ਰਿਸ਼ਤੇਦਾਰ ਦੀ ਆਵਾਜ਼ ਜਾਂ ਚਿਹਰੇ ਦੀ ਵਰਤੋਂ ਕਰਕੇ ਵੀਡੀਓ ਕਾਲ ਕਰਦੇ ਹਨ ਅਤੇ ਮੁਸੀਬਤ ਦਾ ਬਹਾਨਾ ਬਣਾ ਕੇ ਪੈਸੇ ਮੰਗਦੇ ਹਨ। ਲੋਕ ਭਾਵੁਕ ਹੋ ਕੇ ਬਿਨਾਂ ਜਾਂਚ ਕੀਤੇ ਪੈਸੇ ਟ੍ਰਾਂਸਫਰ ਕਰ ਦਿੰਦੇ ਹਨ। ਇਹ ਠੱਗੀ ਏਨੀ ਅਸਲੀ ਲੱਗਦੀ ਹੈ ਕਿ ਇਸ ਦੀ ਪਛਾਣ ਕਰਨਾ ਮੁਸ਼ਕਲ ਹੋ ਜਾਂਦਾ ਹੈ। ਸਾਈਬਰ ਠੱਗੀ ਦਾ ਸ਼ਿਕਾਰ ਹੋਣ ਵਾਲਾ ਵਿਅਕਤੀ ਸਿਰਫ਼ ਆਰਥਿਕ ਤੌਰ 'ਤੇ ਹੀ ਨਹੀਂ, ਸਗੋਂ ਮਾਨਸਿਕ ਤੌਰ 'ਤੇ ਵੀ ਟੁੱਟ ਜਾਂਦਾ ਹੈ। ਜ਼ਿੰਦਗੀ ਭਰ ਦੀ ਕਮਾਈ ਚਲੇ ਜਾਣ ਕਾਰਨ ਪਰਵਾਰਾਂ ਵਿੱਚ ਕਲੇਸ਼ ਅਤੇ ਕਈ ਵਾਰ ਖੁਦਕੁਸ਼ੀ ਵਰਗੇ ਦੁਖਦਾਈ ਕਦਮ ਵੀ ਦੇਖਣ ਨੂੰ ਮਿਲਦੇ ਹਨ। ਸਮਾਜ ਵਿੱਚ ਡਿਜੀਟਲ ਲੈਣ-ਦੇਣ ਪ੍ਰਤੀ ਇੱਕ ਡਰ ਦਾ ਮਾਹੌਲ ਬਣ ਰਿਹਾ ਹੈ, ਜੋ ਡਿਜੀਟਲ ਤਰੱਕੀ ਲਈ ਇੱਕ ਵੱਡੀ ਰੁਕਾਵਟ ਹੈ।ਭਾਰਤ ਸਰਕਾਰ ਨੇ ਇਨ੍ਹਾਂ ਅਪਰਾਧਾਂ ਨਾਲ ਨਜਿੱਠਣ ਲਈ ਸਾਈਬਰ ਸੈੱਲ ਅਤੇ ਨੈਸ਼ਨਲ ਸਾਈਬਰ ਕ੍ਰਾਈਮ ਰਿਪੋਰਟਿੰਗ ਪੋਰਟਲ ਵਰਗੇ ਸਖ਼ਤ ਕਦਮ ਚੁੱਕੇ ਹਨ, ਪਰ ਅਪਰਾਧੀਆਂ ਦੀ ਵਧਦੀ ਗਿਣਤੀ ਅਤੇ ਬਦਲਦੇ ਹਥਕੰਡਿਆਂ ਨੂੰ ਦੇਖਦੇ ਹੋਏ, ਇਹ ਕੋਸ਼ਿਸ਼ਾਂ ਹੋਰ ਤੇਜ਼ ਕਰਨ ਦੀ ਲੋੜ ਹੈ। ਸਰਕਾਰ ਦੇ ਨਾਲ-ਨਾਲ ਆਮ ਨਾਗਰਿਕਾਂ ਦੀ ਜਾਗਰੂਕਤਾ ਹੀ ਇਸ ਜੰਗ ਵਿੱਚ ਸਭ ਤੋਂ ਵੱਡਾ ਹਥਿਆਰ ਹੈ।ਸਾਈਬਰ ਅਪਰਾਧ ਤੋਂ ਬਚਣ ਦਾ ਸਭ ਤੋਂ ਉੱਤਮ ਤਰੀਕਾ ਸਾਵਧਾਨੀ ਹੈ। ਕਦੇ ਵੀ ਆਪਣਾ ਓ ਟੀ ਪੀ (OTP) ਸਾਂਝਾ ਨਾ ਕਰੋ, ਮਜ਼ਬੂਤ ਪਾਸਵਰਡ ਰੱਖੋ ਅਤੇ ਟੂ-ਫੈਕਟਰ ਅਥੈਂਟੀਕੇਸ਼ਨ ਚਾਲੂ ਰੱਖੋ। ਜੇਕਰ ਤੁਹਾਡੇ ਨਾਲ ਕੋਈ ਧੋਖਾਧੜੀ ਹੁੰਦੀ ਹੈ, ਤਾਂ ਬਿਨਾਂ ਕਿਸੇ ਡਰ ਜਾਂ ਸ਼ਰਮ ਦੇ ਤੁਰੰਤ 1930 'ਤੇ ਕਾਲ ਕਰੋ ਜਾਂ ਪੁਲਸ ਨੂੰ ਸੂਚਿਤ ਕਰੋ।ਜਿੰਨੀ ਜਲਦੀ ਤੁਸੀਂ ਰਿਪੋਰਟ ਕਰੋਗੇ, ਤੁਹਾਡੇ ਪੈਸੇ ਵਾਪਸ ਮਿਲਣ ਦੀ ਸੰਭਾਵਨਾ ਓਨੀ ਹੀ ਜ਼ਿਆਦਾ ਹੋਵੇਗੀ। ਜਾਗਰੂਕ ਰਹੋ ਅਤੇ ਇੱਕ ਜ਼ਿੰਮੇਵਾਰ ਡਿਜੀਟਲ ਨਾਗਰਿਕ ਬਣੋ।

 # ਸੰਪਰਕ: 62831-16797

ਸ਼ਹੀਦ ਕਰਤਾਰ ਸਿੰਘ ਸਰਾਭਾ ਦਾ ਜਨਮ ਦਿਨ ਸਿਧਾਂਤਕ ਕੈਂਪ ਲਗਾ ਕੇ ਮਨਾਇਆ

* ਜਵਾਨੀ ਨੂੰ ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਜੀਵਨ ਫਲਸਫ਼ੇ ਤੋਂ ਸੇਧ ਲੈਣੀ ਚਾਹੀਦੀ : ਛਾਂਗਾ ਰਾਏ, ਕਾਠਗੜ੍ਹ
* ਸ਼ਹੀਦਾਂ ਦੀ ਸੋਚ ਦਾ ਰਾਜਸੀ ਪ੍ਰਬੰਧ ਸਿਰਜੇ ਤੋਂ ਬਿਨਾਂ ਸਭ ਲਈ ਰੁਜ਼ਗਾਰ, ਵਿੱਦਿਆ ਤੇ ਇਲਾਜ ਦੀ ਗਰੰਟੀ ਨਹੀਂ ਕੀਤੀ ਜਾ ਸਕਦੀ : ਢੰਡੀਆਂ, ਢਾਬਾਂ

ਜਲਾਲਾਬਾਦ (ਜੰਗੀਰ ਕੌਰ/ਜੀਤ ਕੁਮਾਰ)- ਸਰਬ ਭਾਰਤ ਨੌਜਵਾਨ ਸਭਾ, ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ (ਏਆਈਐੱਸਐੱਫ) ਤੇ ਕੰਸਟ੍ਰਕਸ਼ਨ ਵਰਕਰਜ਼ ਐਂਡ ਲੇਬਰ ਯੂਨੀਅਨ (ਰਜਿ:) ਏਟਕ ਵੱਲੋਂ ਇਥੇ ਸਥਾਨਕ ਸੁਤੰਤਰ ਭਵਨ ਵਿਖੇ ਸ਼ਹੀਦ ਕਰਤਾਰ ਸਿੰਘ ਸਰਾਭਾ ਦਾ ਜਨਮ ਦਿਨ ਇਕ ਸਿਧਾਂਤਕ ਕੈਂਪ ਲਗਾ ਕੇ ਮਨਾਇਆ ਗਿਆ।ਇਸ ਵਿੱਚ ਇਲਾਕੇ ਦੇ ਵੱਖ ਵਿੱਦਿਅਕ ਸੰਸਥਾਵਾਂ ਤੇ ਪਿੰਡਾਂ ਵਿੱਚੋਂ ਵੱਡੀ ਗਿਣਤੀ ਵਿੱਚ ਨੌਜਵਾਨਾਂ, ਵਿਦਿਆਰਥੀਆਂ ਤੇ ਉਸਾਰੀ ਕਿਰਤੀਆਂ ਨੇ ਸ਼ਮੂਲੀਅਤ ਕੀਤੀ। ਇਸ ਸਮਾਗਮ ਦੀ ਅਗਵਾਈ ਉਸਾਰੀ ਕਿਰਤੀਆਂ ਦੇ ਆਗੂ ਐਡਵੋਕੇਟ ਪਰਮਜੀਤ ਸਿੰਘ ਢਾਬਾਂ ਤੇ ਸੋਨਾ ਸਿੰਘ ਧੁਨਕੀਆਂ ਨੇ ਕੀਤੀ।ਇਸ ਮੌਕੇ ਸਮਾਗਮ ਦਾ ਉਦਘਾਟਨ ਭਾਰਤੀ ਕਮਿਊਨਿਸਟ ਪਾਰਟੀ ਦੇ ਜ਼ਿਲ੍ਹਾ ਸਕੱਤਰ ਕਾਮਰੇਡ ਸੁਰਿੰਦਰ ਸਿੰਘ ਢੰਡੀਆਂ ਨੇ ਕੀਤਾ ਤੇ ਹਾਜ਼ਰੀਨ ਨੂੰ ਸੰਬੋਧਨ ਕਰਦਿਆਂ ਉਨ੍ਹਾਂ ਕਿਹਾ ਕਿ ਮੌਜੂਦਾ ਦੌਰ ਵਿੱਚ ਸਥਾਨਕ ਪੱਧਰ ਤੋਂ ਲੈ ਕੇ ਕੌਮਾਂਤਰੀ ਪੱਧਰ ਤੱਕ ਵਾਪਰ ਰਹੀਆਂ ਘਟਨਾਵਾਂ ਤੇ ਨਜ਼ਰਸਾਨੀ ਕਰਨ ਲਈ ਵਿਦਿਆਰਥੀਆਂ ਤੇ ਨੌਜਵਾਨਾਂ ਨੂੰ ਸਾਡੇ ਮਹਾਨ ਦੇਸ਼ ਭਗਤਾਂ ਦੇ ਫਲਸਫੇ ਨੂੰ ਪੜ੍ਹਨਾ ਚਾਹੀਦਾ ਹੈ ਤੇ ਉਸ ਤੋਂ ਸੇਧ ਲੈਣੀ ਚਾਹੀਦੀ ਹੈ।ਇਸ ਮੌਕੇ ਸਿਧਾਂਤਕ ਕੈਂਪ ਨੂੰ ਵਿਸ਼ੇਸ਼ ਤੌਰ 'ਤੇ ਸੰਬੋਧਨ ਕਰਦਿਆਂ ਸਰਬ ਭਾਰਤ ਨੌਜਵਾਨ ਸਭਾ ਦੇ ਸੂਬਾ ਸਕੱਤਰ ਚਰਨਜੀਤ ਸਿੰਘ ਛਾਂਗਾ ਰਾਏ ਤੇ ਏਆਈਐੱਸਐੱਫ ਦੀ ਜ਼ਿਲ੍ਹਾ ਇਕਾਈ ਦੀ ਮੀਤ ਸਕੱਤਰ ਅਮ੍ਰਿਤ ਕਾਠਗੜ੍ਹ ਨੇ ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਜਨਮ ਦਿਨ ਦੀਆਂ ਮੁਬਾਰਕਾਂ ਦਿੰਦਿਆਂ ਕਿਹਾ ਕਿ ਸ਼ਹੀਦ ਕਰਤਾਰ ਸਿੰਘ ਸਰਾਭਾ ਦੀ ਅਦੁੱਤੀ ਕੁਰਬਾਨੀ ਨੇ ਦੇਸ਼ ਦੀ

ਜਵਾਨੀ ਵਿੱਚ ਇਕ ਨਵੀਂ ਰੂਹ ਫੂਕੀ ਸੀ, ਜਿਸ ਦੇ ਰਸਤੇ 'ਤੇ ਚਲਦਿਆਂ ਸ਼ਹੀਦ ਭਗਤ ਸਿੰਘ ਤੇ ਸ਼ਹੀਦ ਊਧਮ ਸਿੰਘ ਵਰਗੇ ਸ਼ਹੀਦਾਂ ਨੇ ਕਰਤਾਰ ਸਿੰਘ ਸਰਾਭਾ ਵਾਂਗ ਹੱਸ ਕੇ ਫਾਂਸੀ ਦਾ ਰੱਸਾ ਚੁੰਮਿਆ ਤੇ ਅਜਿਹੇ ਸ਼ਹੀਦਾਂ ਦੀ ਕੁਰਬਾਨੀ ਸਦਕਾ ਦੇਸ਼ ਆਜ਼ਾਦ ਹੋਇਆ ਸੀ।ਨੌਜਵਾਨਾਂ ਦੇ ਆਗੂ ਨੇ ਅੱਗੇ ਕਿਹਾ ਸ਼ਹੀਦਾਂ ਦੀਆਂ ਕੁਰਬਾਨੀਆਂ ਸਦਕਾ ਆਜ਼ਾਦ ਹੋਏ ਦੇਸ਼ ਵਿੱਚ ਅੱਜ ਸਰਮਾਏਦਾਰੀ ਸਰਕਾਰਾਂ ਵੱਲੋਂ ਸ਼ਹੀਦਾਂ ਦੀ ਸੋਚ ਦੇ ਉਲਟ ਨੀਤੀਆਂ ਨੂੰ ਲਾਗੂ ਕਰਕੇ ਦੇਸ਼ ਦੇ ਮਾਲ ਖ਼ਜ਼ਾਨਿਆਂ ਨੂੰ ਲੁੱਟਿਆ ਜਾ ਰਿਹਾ ਹੈ।ਦੇਸ਼ ਦੀ ਜਵਾਨੀ ਨੂੰ ਜਾਣਬੁਝ ਕੇ ਬੇਰੁਜ਼ਗਾਰ ਰੱਖਿਆ ਗਿਆ ਤਾਂ ਕਿ ਉਨ੍ਹਾਂ ਦੇ ਮੁਨਾਫਿਆਂ ਵਿੱਚ ਬੇਰੋਕ ਵਾਧਾ ਹੁੰਦਾ ਰਹੇ।ਉਨ੍ਹਾਂ ਨੌਜਵਾਨਾਂ ਨੂੰ ਸੱਦਾ ਦਿੰਦਿਆਂ ਕਿਹਾ ਕਿ ਉਨ੍ਹਾਂ ਨੂੰ ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਜੀਵਨ ਫਲਸਫੇ ਤੋਂ ਅਗਵਾਈ ਲੈ ਬੇਰੁਜ਼ਗਾਰੀ ਖਿਲਾਫ ਆਪਣੇ ਸੰਘਰਸ਼ ਨੂੰ ਹੋਰ ਤੇਜ਼ ਕਰਨਾ ਚਾਹੀਦਾ ਹੈ।ਇਸ ਮੌਕੇ ਆਪਣੇ ਸੰਬੋਧਨ ਵਿੱਚ ਸਾਥੀ ਪਰਮਜੀਤ ਢਾਬਾਂ ਨੇ ਕਿਹਾ ਕਿ ਸ਼ਹੀਦਾਂ ਦੀ ਸੋਚ ਦਾ ਰਾਜਸੀ ਪ੍ਰਬੰਧ ਸਥਾਪਤ ਕੀਤੇ ਬਗੈਰ ਦੇਸ਼ ਵਿੱਚ ਸਭ ਲਈ ਰੁਜ਼ਗਾਰ, ਵਿੱਦਿਆ ਤੇ ਇਲਾਜ ਦੀ ਗਾਰੰਟੀ ਨਹੀਂ ਕੀਤੀ ਜਾ ਸਕਦੀ।ਦੂਜੇ ਪਾਸੇ ਮੌਜੂਦਾ ਕੇਂਦਰ ਤੇ ਸੂਬਾ ਸਰਕਾਰ 'ਚ ਸੱਤਾ 'ਤੇ ਕਾਬਜ਼ ਰਾਜਸੀ ਪਾਰਟੀਆਂ ਵੱਲੋਂ ਗਾਰੰਟੀਆਂ ਦੇ ਨਾਂ 'ਤੇ ਲੋਕਾਂ ਨੂੰ ਗੁੰਮਰਾਹ ਕੀਤਾ ਜਾ ਰਿਹਾ ਹੈ, ਜਦੋਂ ਕਿ ਲੋਕਾਂ ਦੀ ਅਸਲ ਜ਼ਿੰਦਗੀ ਵਿੱਚ ਕੋਈ ਤਬਦੀਲੀ ਨਹੀਂ ਆਈ।ਲੋਕ ਅੱਜ ਵੀ ਆਰਥਿਕ ਤੰਗੀਆਂ ਤੁਰਸ਼ੀਆਂ ਨਾਲ ਜੂਝ ਰਹੇ ਹਨ। ਇਸ ਮੌਕੇ ਜ਼ਿਲ੍ਹਾ ਸਕੱਤਰ ਸੋਨਾ ਧੁੰਨਕੀਆਂ ਵੱਲੋਂ ਉਸਾਰੀ ਕਿਰਤੀ ਲਾਭਪਾਤਰੀਆਂ ਨੂੰ ਮਿਲਣ ਬਾਰੇ ਲਾਭਾਂ ਬਾਰੇ ਵਿਸਤਾਰ ਸਹਿਤ ਜਾਣਕਾਰੀ ਦਿੱਤੀ ਗਈ।ਇਸ ਮੌਕੇ ਹੋਰਨਾਂ ਤੋਂ ਇਲਾਵਾ ਸਰਬ ਭਾਰਤ ਨੌਜਵਾਨ ਸਭਾ ਜ਼ਿਲ੍ਹਾ ਫਾਜ਼ਿਲਕਾ ਦੇ ਮੀਤ ਪ੍ਰਧਾਨ ਬਲਵਿੰਦਰ ਘੁਬਾਇਆ, ਏਆਈਐੱਸਐੱਫ ਦੇ ਆਗੂ ਕੁਲਜੀਤ ਕਾਠਗੜ੍ਹ, ਕਿਰਨਦੀਪ ਬਸਤੀ ਚੱਕ ਸੁੱਕੜ, ਅਮਿਤ ਸਿੰਘ ਧਰਮੂ ਵਾਲਾ, ਵਰੁਣ ਢਾਬਾਂ, ਗੁਰਪਿੰਦਰ ਸਿੰਘ ਠਠੇਰਾਂ, ਸਤਿੰਦਰਜੀਤ ਕੌਰ, ਕੋਮਲਪ੍ਰੀਤ ਭੰਬਾਵੱਟੂ, ਪਲਕ ਕਾਸਮ ਕੇ, ਪੂਜਾ ਰਾਣੀ ਚੱਕ ਮੌਜਦੀਨ ਵਾਲਾ, ਅਸ਼ੋਕ ਲਮੋਚੜ, ਮੰਗਤ ਸੋਹਣਾ ਸਾਂਦੜ, ਸੁਨੀਲ ਢਾਣੀ ਬਚਨ ਸਿੰਘ, ਸੰਦੀਪ ਕਾਸਮ ਕੇ, ਚਰਨਪ੍ਰੀਤ ਸਿੱਧੂ ਕਲੌਨੀ, ਡੁੰਮਣ ਸਿੰਘ ਤੋਤਿਆਂ ਵਾਲਾ ਭਗਵਾਨ ਫਲੀਆਂ ਵਾਲਾ, ਜਗਸੀਰ ਸਿੰਘ ਘਾਂਗਾ ਕਲਾਂ, ਬਲਵਿੰਦਰ ਸੂਰਘੁਰੀ, ਜਸਵੰਤ ਭੰਬਾ ਵੱਟੂ ਨੇ ਵੀ ਕੈਂਪ 'ਚ ਆਪਣੇ ਵਿਚਾਰ ਪੇਸ਼ ਕੀਤੇ।

ਸੰਨੀ ਗਿੱਲ ਨੇ ਪਾਰਟੀ ਉਮੀਦਵਾਰਾਂ ਦੇ ਹੱਕ 'ਚ ਕੀਤਾ ਚੋਣ ਪ੍ਰਚਾਰ

ਮੋਗਾ (ਇਕਬਾਲ ਸਿੰਘ ਖਹਿਰਾ)- ਸ਼੍ਰੋਮਣੀ ਅਕਾਲੀ ਦਲ ਹਲਕਾ ਮੋਗਾ ਦੇ ਇੰਚਾਰਜ ਸੰਜੀਤ ਸਿੰਘ ਸੰਨੀ ਗਿੱਲ ਦੀ ਅਗਵਾਈ ਵਿੱਚ ਲੜੀਆਂ ਜਾ ਰਹੀਆਂ ਨਗਰ ਨਿਗਮ ਦੀਆਂ ਚੋਣਾਂ ਵਿੱਚ ਸ਼੍ਰੋਮਣੀ ਅਕਾਲੀ ਦਲ ਵੱਲੋਂ ਸ਼ਹਿਰ ਦੇ ਹਰੇਕ ਵਾਰਡ ਵਿੱਚ ਆਪਣੇ ਉਮੀਦਵਾਰ ਖੜ੍ਹੇ ਕੀਤੇ ਹਨ ਤੇ ਸੰਜੀਤ ਸਿੰਘ ਸੰਨੀ ਗਿੱਲ ਆਪਣੇ ਉਮੀਦਵਾਰਾਂ ਲਈ ਆਪਣੀ ਟੀਮ ਨਾਲ ਹਰੇਕ ਵਾਰਡ ਵਿੱਚ ਜਾਕੇ ਚੋਣ ਪ੍ਰਚਾਰ ਕਰਦਿਆਂ ਸਾਬਕਾ ਡਿਪਟੀ ਮੇਅਰ ਰਹੇ ਜਰਨੈਲ ਸਿੰਘ ਦੁੱਨੇਕੇ ਜੋ ਵਾਰਡ ਨੰਬਰ 49 ਤੋਂ ਚੋਣ ਲੜ ਰਹੇ ਹਨ, ਦੇ ਹੱਕ ਵਿੱਚ ਵੀ ਚੋਣ ਪ੍ਰਚਾਰ ਕੀਤਾ।ਇਸ ਮੌਕੇ ਉਨ੍ਹਾਂ ਨਾਲ ਸੀਨੀਅਰ ਅਕਾਲੀ ਆਗੂ ਰਾਜਵੰਤ ਸਿੰਘ ਮਾਹਲਾ, ਬਲਾਕ ਪ੍ਰਧਾਨ ਰਵਦੀਪ ਸਿੰਘ ਸੰਘਾ ਦਾਰਾਪੁਰ, ਜਸਪ੍ਰੀਤ ਸਿੰਘ ਜੱਸਾ, ਪਿੰਦਰ ਸਿੰਘ ਢਿੱਲੋਂ, ਤਰਸੇਮ ਸਿੰਘ ਸੇਮਾ, ਬਲਜੀਤ ਸਿੰਘ ਖੋਸਿਆਂ ਵਾਲੇ, ਬਲਦੇਵ ਸਿੰਘ ਰਾਜੂ, ਅਵਤਾਰ ਸਿੰਘ ਤਾਰ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਵਾਰਡ ਵਾਸੀ ਹਾਜ਼ਰ ਸਨ।ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸੰਜੀਤ ਸਿੰਘ ਸੰਨੀ ਗਿੱਲ ਨੇ ਕਿਹਾ ਕਿ ਨਗਰ ਨਿਗਮ ਦੀਆਂ ਚੋਣਾਂ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰ ਵੱਡੀ ਲੀਡ ਨਾਲ ਜਿੱਤ ਪ੍ਰਾਪਤ ਕਰਨਗੇ ਤੇ ਸ਼ਹਿਰ ਦੇ ਹਰ ਵਾਰਡ ਵਿੱਚ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰਾਂ ਨੂੰ

ਸ਼ਹਿਰ ਵਾਸੀਆਂ ਦਾ ਵੱਡਾ ਸਮਰਥਨ ਮਿਲ ਰਿਹਾ ਹੈ।ਉਨ੍ਹਾਂ ਕਿਹਾ ਕਿ ਸੂਬੇ ਦੀ ਆਪ ਪਾਰਟੀ ਦੀ ਸਰਕਾਰ ਸਮੇਂ ਸੂਬਾ ਕਰਜ਼ਾਈ ਕਰ ਦਿੱਤਾ ਗਿਆ ਹੈ ਤੇ ਸੂਬੇ ਦੀ ਆਰਥਿਕਤਾ ਲੀਹੋਂ ਲੱਥ ਗਈ ਹੈ ਅਤੇ ਸਰਕਾਰ ਤੋਂ ਸਰਕਾਰੀ ਕਰਮਚਾਰੀਆਂ ਤੋਂ ਲੈ ਕੇ ਹਰੇਕ ਵਰਗ ਦੁਖੀ ਹੈ ਤੇ ਲੋਕ ਧਰਨੇ ਪ੍ਰਦਰਸ਼ਨ ਕਰਨ ਲਈ ਮਜਬੂਰ ਹਨ।ਸੰਨੀ ਗਿੱਲ ਨੇ ਕਿਹਾ ਕਿ ਲੋਕ ਬੁਨਿਆਦੀ ਸਹੂਲਤਾਂ ਨੂੰ ਤਰਸਦੇ ਰਹੇ ਤੇ ਆਪ ਦੇ ਨੁਮਾਇੰਦੇ ਸਿਆਸੀ ਰੋਟੀਆਂ ਸੇਕਦੇ ਲੁੱਟ ਕਰਦੇ ਰਹੇ, ਪਰ ਸ਼੍ਰੋਮਣੀ ਅਕਾਲੀ ਦਲ ਆਉਣ 'ਤੇ ਨਗਰ ਨਿਗਮ ਅੰਦਰ ਕੀਤੀਆਂ ਧਾਂਦਲੀਆਂ ਤੇ ਲੋਕਾਂ ਦੇ ਇੱਕ ਇੱਕ ਪੈਸੇ ਦਾ ਹਿਸਾਬ ਲਿਆ ਜਾਵੇਗਾ।ਉਨ੍ਹਾਂ ਕਿਹਾ ਕਿ ਨਗਰ ਨਿਗਮ ਮੋਗਾ ਦੀਆਂ ਚੋਣਾਂ ਲਈ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰਾਂ ਤੇ ਵਰਕਰਾਂ ਵਿੱਚ ਵੱਡਾ ਉਤਸ਼ਾਹ ਹੈ ਅਤੇ ਜੇਕਰ ਸੱਤਾਧਾਰੀ ਸਰਕਾਰ ਦੇ ਬੰਦਿਆਂ ਨੇ ਧੱਕੇਸ਼ਾਹੀ ਕਰਨ ਦੀ ਕੋਸ਼ਿਸ਼ ਕੀਤੀ ਤਾਂ ਧੱਕੇਸ਼ਾਹੀ ਬਰਦਾਸ਼ਤ ਨਹੀਂ ਕੀਤੀ ਜਾਵੇਗੀ ਤੇ ਸ਼੍ਰੋਮਣੀ ਅਕਾਲੀ ਦਲ ਦੇ ਜੁਝਾਰੂ ਵਰਕਰ ਧੱਕੇਸ਼ਾਹੀ ਖਿਲਾਫ ਲੜਨ ਲਈ ਤਿਆਰ ਬੈਠੇ ਹਨ।

ਸੀਨੀਅਰ ਸਿਟੀਜ਼ਨ ਫੋਰਮ ਦੀ ਕਾਰਜਕਾਰਨੀ ਕਮੇਟੀ ਦੀ ਮੀਟਿੰਗ

ਫਿਰੋਜ਼ਪੁਰ (ਅਸ਼ੋਕ ਸ਼ਰਮਾ) : ਸੀਨੀਅਰ ਸਿਟੀਜਨ ਫੋਰਮ ਫ਼ਿਰੋਜ਼ਪੁਰ ਦੀ ਕਾਰਜਕਾਰਨੀ ਕਮੇਟੀ ਦੀ ਮੀਟਿੰਗ ਪ੍ਰਦੀਪ ਧਵਨ ਪ੍ਰਧਾਨ ਦੀ ਅਗਵਾਈ ਵਿੱਚ ਬਾਗਬਾਨ ਕੰਪਲੈਕਸ ਮੱਖੂ ਗੇਟ ਫਿਰੋਜ਼ਪੁਰ ਸ਼ਹਿਰ ਵਿਖੇ ਹੋਈ। ਮੀਟਿੰਗ ਵਿੱਚ ਹਾਜ਼ਰ ਸਾਥੀਆਂ ਨੇ ਫ਼ੋਰਮ ਦੇ ਸਵਿੰਧਾਨ ਵਿੱਚ ਸੋਧ, ਸ਼ਹਿਰ ਤੇ ਛਾਉਣੀ ਦੀਆਂ ਸੜਕਾਂ ਦੀ

ਮੁਰੰਮਤ, ਸਾਫ ਪਾਣੀ ਦੀ ਸੰਜਮ ਨਾਲ ਵਰਤੋਂ, ਪ੍ਰਦੂਸ਼ਣ ਘਟਾਉਣ, ਨਸ਼ਿਆਂ ਵਿਰੁੱਧ ਜਾਗਰਤੀ, ਵਾਤਾਵਰਨ ਬਚਾਉਣ ਲਈ ਵੱਧ ਤੋਂ ਵੱਧ ਪੌਦੇ ਲਾਉਣ, ਆਵਾਜਾਈ ਦੇ ਨਿਯਮਾਂ ਦੀ ਪਾਲਣਾ ਸੀਨੀਅਰ ਸਿਟੀਜਨ ਫੋਰਮ ਦੇ ਮੈਂਬਰ ਸਾਹਿਬਾਨ ਦੀ ਸਿਹਤ ਸੰਭਾਲ ਲਈ ਵਿਸ਼ਾ ਮਾਹਰ ਡਾਕਟਰ ਤੇ ਗੁਣੀ ਗਿਆਨੀ ਸ਼ਖ਼ਸੀਅਤਾਂ ਦਾ ਸੈਮੀਨਾਰ ਕਰਵਾਉਣ, ਸ਼ਹੀਦੀ ਦਿਹਾੜੇ ਠੰਢੇ ਮਿੱਠੇ ਜਲ ਦੀਆਂ ਛਬੀਲਾਂ, ਫ਼ੋਰਮ ਦੀ ਬਿਹਤਰੀ ਤੇ ਮੈਬਰਸ਼ਿਪ ਵਧਾਉਣ, ਲੋੜਵੰਦਾਂ ਦੀ ਸਹਾਇਤਾ ਕਰਨ ਆਦਿ ਮੁੱਦਿਆਂ 'ਤੇ ਬੁਲਾਰਿਆਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਸਾਰੇ ਸਾਥੀ ਫ਼ੋਰਮ ਦੀ ਬਿਹਤਰੀ ਲਈ ਸੰਜੀਦਗੀ ਨਾਲ ਯਤਨ ਕਰਨ ਤੇ ਦੂਸਰੀ ਸਮਾਜ ਭਲਾਈ ਸੰਸਥਾਵਾਂ ਨਾਲ ਤਾਲਮੇਲ ਕਰਕੇ ਲੋਕ ਭਲਾਈ ਦੇ ਕਾਰਜਾਂ ਵਿੱਚ ਯੋਗਦਾਨ ਪਾਇਆ ਜਾਵੇ। ਇਸ ਸਮੇਂ ਫੋਰਮ ਦੀ ਡਾਇਰੈਕਟਰੀ ਤਿਆਰ ਕਰਨ ਲਈ ਪ੍ਰਧਾਨ ਪ੍ਰਦੀਪ ਧਵਨ, ਸਤੀਸ਼ ਪੁਰੀ, ਪ੍ਰਵੀਨ ਤਲਵਾੜ, ਹਰੀਸ਼ ਮੋਗਾ ਤੇ ਸ਼੍ਰੀ ਰਾਕੇਸ਼ ਅਧਾਰਤ ਕਮੇਟੀ ਬਣਾਈ ਗਈ।

ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਜਨਮ ਦਿਹਾੜੇ ਨੂੰ ਸਮਰਪਤ ਮੋਟਰਸਾਈਕਲ ਮਾਰਚ

ਲੁਧਿਆਣਾ (ਸਤੀਸ਼ ਸਚਦੇਵਾ) ਸ਼ਹੀਦ ਕਰਤਾਰ ਸਿੰਘ ਸਰਾਭਾ ਦੇ 130ਵੇਂ ਜਨਮ ਦਿਹਾੜੇ ਨੂੰ ਸਮਰਪਤ ਗਦਰੀ ਸ਼ਹੀਦ ਬਾਬਾ ਭਾਨ ਸਿੰਘ ਨੌਜਵਾਨ ਸਭਾ ਵੱਲੋਂ ਸੁਨੇਤ ਪਿੰਡ ਵਿੱਚ ਬਣੀ ਗਦਰੀ ਬਾਬਾ ਭਾਨ ਸਿੰਘ ਦੀ ਯਾਦਗਾਰ ਤੋਂ ਮੋਟਰਸਾਈਕਲ ਮਾਰਚ ਭਾਈ ਬਾਲਾ ਚੌਕ ਤੱਕ ਕੱਢਿਆ ਗਿਆ, ਜੋ ਆਕਾਸ਼ ਗੁੰਜਾਊ ਨਾਅਰੇ ਲਾਉਂਦੇ ਹੋਏ ਸੁਨੇਤ ਪਿੰਡ ਦੀਆਂ ਗਲੀਆਂ ਤੇ ਲੁਧਿਆਣੇ ਸ਼ਹਿਰ ਦੇ ਵੱਖ-ਵੱਖ ਇਲਾਕਿਆਂ ਵਿੱਚੋਂ ਹੁੰਦਾ ਹੋਇਆ ਭਾਈ ਬਾਲਾ ਚੌਕ ਸਥਿਤ ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਬੁੱਤ ਨੂੰ ਹਾਰ ਪਾ ਕੇ ਸ਼ਰਧਾਂਜਲੀ ਭੇਟ ਕਰਨ ਪੁੱਜਿਆ।ਮਾਰਚ ਦੀ ਸ਼ੁਰੂਆਤ ਸ਼ਹੀਦ ਬਾਬਾ ਭਾਨ ਸਿੰਘ ਗਦਰ ਮੈਮੋਰੀਅਲ ਟ੍ਰੱਸਟ ਦੇ ਪ੍ਰਧਾਨ ਪ੍ਰੋ. ਜਗਮੋਹਨ ਤੇ ਜਸਵੰਤ ਜ਼ੀਰਖ ਨੇ ਨੌਜਵਾਨਾਂ ਦੇ ਇਸ ਕਾਰਜ ਦੀ ਸ਼ਲਾਘਾ ਕਰਦਿਆਂ ਸ਼ੁੱਭ ਇੱਛਾਵਾਂ ਦਿੱਤੀਆਂ ਤੇ ਝੰਡਾ ਦਿਖਾ ਕੇ ਇਸ ਮਾਰਚ ਨੂੰ ਰਵਾਨਾ ਕੀਤਾ।ਇਸ ਦੌਰਾਨ ਮੋਟਰਸਾਈਕਲ ਮਾਰਚ ਲਈ ਇਕੱਤਰ ਹੋਏ ਨੌਜਵਾਨਾਂ ਨੂੰ ਨੌਜਵਾਨ ਸਭਾ ਪ੍ਰਧਾਨ ਐਡਵੋਕੇਟ ਹਰਪ੍ਰੀਤ ਜ਼ੀਰਖ, ਜਨਰਲ ਸਕੱਤਰ ਰਾਕੇਸ਼ ਆਜ਼ਾਦ, ਸਹਾਇਕ ਸਕੱਤਰ ਮੀਨੂੰ ਸ਼ਰਮਾ ਨੇ ਸੰਬੋਧਨ ਕਰਦਿਆਂ ਕਿਹਾ ਕਿ ਸ਼ਹੀਦ ਕਰਤਾਰ ਸਿੰਘ ਸਰਾਭਾ ਗਦਰ ਪਾਰਟੀ ਦਾ ਸਭ ਤੋਂ ਛੋਟੀ ਉਮਰ ਦਾ ਮੈਂਬਰ ਸੀ, ਪਰ ਉਸ ਨੇ ਦੇਸ਼ ਦੀ ਜੰਗ-ਏ-ਆਜ਼ਾਦੀ ਲਈ ਸਿਰਫ਼ 19 ਸਾਲ ਦੀ ਉਮਰ ਵਿੱਚ ਸ਼ਹਾਦਤ ਦਿੱਤੀ। ਗਦਰ ਪਾਰਟੀ ਵਿੱਚ ਕਰਤਾਰ ਸਿੰਘ ਸਰਾਭਾ ਨੇ ਗਦਰ ਅਖ਼ਬਾਰ ਛਾਪਣ ਤੇ ਫੌਜੀ ਛਾਉਣੀਆਂ ਵਿੱਚ ਬਗ਼ਾਵਤ ਕਰਵਾਉਣ ਵਰਗੇ ਅਹਿਮ ਕੰਮ ਆਪਣੇ ਹਿੱਸੇ ਲਏ।ਉਨ੍ਹਾਂ ਕਿਹਾ ਕਿ

ਮੌਜੂਦਾ ਸਮੇਂ ਵਿੱਚ ਕਾਲਜਾਂ ਯੂਨੀਵਰਸਿਟੀਆਂ ਦੇ ਸਿਲੇਬਸਾਂ ਵਿੱਚੋਂ ਸ਼ਹੀਦਾਂ ਨੂੰ ਬਣਦੀ ਥਾਂ ਨਹੀਂ ਦਿੱਤੀ ਗਈ।ਨੌਜਵਾਨਾਂ ਨੂੰ ਆਪਣੇ ਆਪ ਇਨ੍ਹਾਂ ਬਾਰੇ ਪੜ੍ਹਨਾ ਤੇ ਇਨ੍ਹਾਂ ਦੇ ਵਿਚਾਰਾਂ ਤੋਂ ਸਿੱਖਦੇ ਹੋਏ ਚੰਗੇ ਸਮਾਜ ਦੀ ਸਿਰਜਣਾ ਲਈ ਅੱਗੇ ਵਧਣਾ ਚਾਹੀਦਾ ਹੈ।ਗਦਰ ਪਾਰਟੀ ਹਰ ਧਰਮ ਤੇ ਜਾਤ ਨੂੰ ਬਰਾਬਰ ਦਰਜਾ ਦਿੰਦੀ ਸੀ, ਪਰ ਮੌਜੂਦਾ ਸਿਆਸਤਦਾਨ ਧਰਮ/ਜਾਤ ਦੇ ਨਾਮ 'ਤੇ ਲੋਕਾਂ ਵਿੱਚ ਵੰਡੀਆਂ ਪਾ ਕੇ ਲੋਕਾਂ ਨੂੰ ਆਪਸ ਵਿੱਚ ਲੜਾ ਕੇ ਅੰਗਰੇਜ਼ਾਂ ਦੀ ਫੁੱਟ ਪਾਓ ਤੇ ਰਾਜ ਕਰੋ ਦੀ ਨੀਤੀ 'ਤੇ ਕੰਮ ਕਰਦੇ ਹੋਏ ਰਾਜ ਕਰਦੇ ਹਨ।ਉਨ੍ਹਾਂ ਕਿਹਾ ਸ਼ਹੀਦ ਕਰਤਾਰ ਸਿੰਘ ਸਰਾਭਾ ਵਰਗੇ ਸ਼ਹੀਦਾਂ ਨੇ ਇਸ ਦੇਸ਼ ਵਿੱਚ ਲੁੱਟ ਰਹਿਤ ਸਮਾਜ ਸਿਰਜਣ ਲਈ ਆਪਣੀ ਕੁਰਬਾਨੀ ਦਿੱਤੀ ਤੇ ਇਸ ਲੜਾਈ ਨੂੰ ਅੱਗੇ ਵਧਾਉਣ ਦੀ ਲੋੜ ਹੈ ਤੇ ਇਸ ਕਾਰਜ ਲਈ ਨੌਜਵਾਨਾਂ ਨੂੰ ਅੱਗੇ ਆਉਣਾ ਚਾਹੀਦਾ ਹੈ।ਇਸ ਮਾਰਚ ਨੂੰ ਮੋਟਰਿਸਟਾ ਕਲੱਬ ਦੇ ਮੈਂਬਰਾਂ ਵੱਲੋਂ ਵਿਸ਼ੇਸ਼ ਸਹਿਯੋਗ ਮਿਲਿਆ।ਇਸ ਮਾਰਚ ਵਿੱਚ ਡੀ.ਐੱਮ.ਐੱਫ ਦੇ ਆਗੂ ਸੁਖਵਿੰਦਰ ਲੀਲ੍ਹ ਤੋਂ ਇਲਾਵਾ ਪ੍ਰਤਾਪ ਸਿੰਘ, ਤਜਿੰਦਰ ਕੁਮਾਰ, ਰਜੀਵ ਕੁਮਾਰ, ਜਗਜੀਤ ਗੁੜੇ, ਜਗਧੀਰਜ ਸਿੰਘ, ਜੈਪਾਲ, ਵਰੁਣ ਕੁਮਾਰ, ਸਤੀਸ਼ ਸਚਦੇਵਾ, ਤ੍ਰਿਲੋਕ, ਮਹੇਸ਼ ਕੁਮਾਰ, ਕਲਪਨਾ ਤੇ ਹੋਰ ਨੌਜਵਾਨਾਂ ਨੇ ਸ਼ਿਰਕਤ ਕੀਤੀ।

ਚੇਅਰਮੈਨ ਜਵੰਧਾ ਨੇ ਗੁਰਪ੍ਰੀਤ ਬਾਬਾ ਲਈ ਝੋਕੀ ਪੂਰੀ ਤਾਕਤ, ਘਰ-ਘਰ ਜਾ ਕੇ ਮੰਗੀਆਂ ਵੋਟਾਂ

ਭਵਾਨੀਗੜ੍ਹ (ਰਾਜ ਖੁਰਮੀ)- ਸਥਾਨਕ ਸਰਕਾਰਾਂ ਦੀਆਂ ਚੋਣਾਂ ਦੇ ਮੱਦੇਨਜ਼ਰ ਭਵਾਨੀਗੜ੍ਹ ਸ਼ਹਿਰ ਵਿੱਚ ਸਿਆਸੀ ਸਰਗਰਮੀਆਂ ਬੇਹੱਦ ਤੇਜ਼ ਹੋ ਗਈਆਂ ਹਨ।ਵਾਰਡ ਨੰਬਰ 9 ਦੇ ਵਸਨੀਕਾਂ ਨੂੰ ਵਿਕਾਸ ਦੀ ਮੁੱਖ ਧਾਰਾ ਨਾਲ ਜੋੜਨ ਲਈ ਅੱਜ ਪੰਜਾਬ ਇਨਫੋਟੈਕ ਦੇ ਚੇਅਰਮੈਨ ਗੁਨਿੰਦਰਜੀਤ ਸਿੰਘ ਮਿੰਕੂ ਜਵੰਧਾ ਨੇ ਵਾਰਡ ਤੋਂ ਉਮੀਦਵਾਰ ਗੁਰਪ੍ਰੀਤ ਸਿੰਘ (ਬਾਬਾ) ਦੇ ਹੱਕ ਵਿੱਚ ਇੱਕ ਵਿਸ਼ਾਲ 'ਡੋਰ ਟੂ ਡੋਰ' (ਘਰ-ਘਰ) ਚੋਣ ਪ੍ਰਚਾਰ ਮੁਹਿੰਮ ਚਲਾਈ।ਇਸ ਮੌਕੇ ਚੇਅਰਮੈਨ ਜਵੰਧਾ ਦੀ ਆਮਦ ਨਾਲ ਵਾਰਡ ਦੇ ਵੋਟਰਾਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ।ਚੋਣ ਪ੍ਰਚਾਰ ਦੌਰਾਨ ਚੇਅਰਮੈਨ ਮਿੰਕੂ ਜਵੰਧਾ ਤੇ ਗੁਰਪ੍ਰੀਤ ਸਿੰਘ ਬਾਬਾ ਨੇ ਵਾਰਡ ਦੇ ਹਰ ਇੱਕ ਘਰ ਵਿੱਚ ਜਾ ਕੇ ਵੋਟਰਾਂ ਨਾਲ ਨਿੱਜੀ ਮੁਲਾਕਾਤ ਕੀਤੀ। ਉਨ੍ਹਾਂ ਨੇ ਸ਼ਹਿਰੀਆਂ ਦੀਆਂ ਸਥਾਨਕ ਸਮੱਸਿਆਵਾਂ ਨੂੰ ਬਹੁਤ ਬਾਰੀਕੀ ਨਾਲ ਸੁਣਿਆ ਤੇ ਮੌਕੇ 'ਤੇ ਹੀ ਭਵਿੱਖ ਵਿੱਚ ਉਨ੍ਹਾਂ ਦੇ ਪੱਕੇ ਹੱਲ ਲਈ ਵਿਕਾਸ ਸੰਬੰਧੀ ਇੱਕ ਖ਼ਾਸ ਰੋਡਮੈਪ ਸਾਂਝਾ ਕੀਤਾ।ਵਾਰਡ ਵਾਸੀਆਂ ਦੇ ਵੱਡੇ ਇਕੱਠ ਨੂੰ ਸੰਬੋਧਨ ਕਰਦਿਆਂ ਚੇਅਰਮੈਨ ਮਿੰਕੂ ਜਵੰਧਾ ਨੇ ਕਿਹਾ ਕਿ ਅੱਜ ਲੋਕ ਰਵਾਇਤੀ ਪਾਰਟੀਆਂ ਦੇ ਝੂਠੇ

ਲਾਰਿਆਂ ਤੇ ਭ੍ਰਿਸ਼ਟਾਚਾਰ ਤੋਂ ਪੂਰੀ ਤਰ੍ਹਾਂ ਅੱਕ ਚੁੱਕੇ ਹਨ।ਉਨ੍ਹਾਂ ਕਿਹਾ ਕਿ ਗੁਰਪ੍ਰੀਤ ਸਿੰਘ ਬਾਬਾ ਵਰਗੇ ਮਿਹਨਤੀ ਤੇ ਸਾਫ਼-ਸੁਥਰੇ ਅਕਸ ਵਾਲੇ ਆਗੂ ਨੂੰ ਜਿਤਾ ਕੇ ਵਾਰਡ ਨੰਬਰ 9 ਦੇ ਲੋਕ ਖ਼ੁਦ ਆਪਣੇ ਹੱਥਾਂ ਵਿੱਚ ਵਾਰਡ ਦੇ ਵਿਕਾਸ ਦੀ ਚਾਬੀ ਸੌਂਪਣਗੇ।ਜਵੰਧਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਭਵਾਨੀਗੜ੍ਹ ਦੇ ਸਰਵਪੱਖੀ ਵਿਕਾਸ ਲਈ ਗ੍ਰਾਂਟਾਂ ਦੀ ਕੋਈ ਕਮੀ ਨਹੀਂ ਰਹਿਣ ਦਿੱਤੀ ਜਾਵੇਗੀ।ਚੋਣ ਮੁਹਿੰਮ ਦੌਰਾਨ ਮਿਲੇ ਭਰਪੂਰ ਪਿਆਰ, ਸਤਿਕਾਰ ਤੇ ਸਮਰਥਨ ਲਈ ਚੇਅਰਮੈਨ ਮਿੰਕੂ ਜਵੰਧਾ ਅਤੇ ਉਮੀਦਵਾਰ ਗੁਰਪ੍ਰੀਤ ਬਾਬਾ ਨੇ ਸਮੂਹ ਵਾਰਡ ਨੰਬਰ 9 ਦੇ ਨਿਵਾਸੀਆਂ ਦਾ ਦਿਲੋਂ ਧੰਨਵਾਦ ਕੀਤਾ।ਵਾਰਡ ਦੇ ਲੋਕਾਂ ਨੇ ਵੀ ਭਰੋਸਾ ਦਿਵਾਇਆ ਕਿ ਉਹ ਇਸ ਵਾਰ ਸਿਰਫ਼ ਵਿਕਾਸ ਦੇ ਨਾਮ 'ਤੇ ਹੀ ਵੋਟ ਪਾਉਣਗੇ।

ਸਰਕਾਰਾਂ ਤੋਂ ਅੱਕੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਨੇ ਮੋਗਾ 'ਚ ਕੱਢਿਆ ਰੋਸ ਮਾਰਚ

ਮੋਗਾ (ਇਕਬਾਲ ਸਿੰਘ ਖਹਿਰਾ)- ਪੰਜਾਬ ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝੇ ਫਰੰਟ ਦੇ ਸੱਦੇ 'ਤੇ ਮੋਗਾ ਦੇ ਬਜ਼ਾਰ ਵਿੱਚ ਦੋਪਹੀਆ ਵਾਹਨਾਂ ਨਾਲ ਰੋਸ ਮਾਰਚ ਕੀਤਾ ਗਿਆ।ਇਸ ਮੌਕੇ ਮੁਲਾਜ਼ਮ ਤੇ ਪੈਨਸ਼ਨਰਜ਼ ਬਹੁਤ ਹੀ ਗੁੱਸੇ ਵਿੱਚ ਸਨ ਕਿ ਪੰਜਾਬ ਸਰਕਾਰ ਨੇ ਉਨ੍ਹਾਂ ਨਾਲ ਇੱਕ ਵੀ ਮੀਟਿੰਗ ਨਾ ਕਰਕੇ ਉਨ੍ਹਾਂ ਦੇ ਮਸਲਿਆਂ ਦਾ ਹੱਲ ਨਹੀਂ ਕੀਤਾ।ਇਹ ਮਾਰਚ ਮੋਗਾ ਦੇ ਮੇਨ ਚੌਕ ਤੋਂ ਸ਼ੁਰੂ ਹੋਇਆ, ਜਿੱਥੇ ਕਿ ਲੋਕ 5 ਵਜੇ ਹੀ ਇਕੱਠੇ ਹੋਣੇ ਸ਼ੁਰੂ ਹੋ ਗਏ ਸਨ।6 ਵਜੇ ਮਾਰਚ ਸ਼ੁਰੂ ਹੋਇਆ ਮੇਨ ਬਜ਼ਾਰ ਵਿੱਚੋਂ ਦੀ ਹੁੰਦਾ ਹੋਇਆ ਦੇਵ ਹੋਟਲ ਤੱਕ ਉਥੋਂ ਆਰੀਆ ਸਕੂਲ ਕੋਲ ਦੀ ਹੋ ਕੇ ਡੀ ਐੱਮ ਕਾਲਜ ਕੋਲ ਦੀ ਹੋ ਕੇ ਪ੍ਰਤਾਪ ਰੋਡ ਤੋਂ ਸਬਜ਼ੀ ਮੰਡੀ ਵਿੱਚ ਦੀ ਰੇਲਵੇ ਰੋਡ ਤੋਂ ਪੁਲ ਦੇ ਹੇਠਾਂ ਦੀ ਹੋਕੇ ਨੇਚਰ ਪਾਰਕ ਕੋਲ ਖਤਮ ਹੋਇਆ। ਰਸਤੇ ਵਿੱਚ ਲੋਕ ਖੜ੍ਹ-ਖੜ੍ਹ ਕੇ ਮੁਲਾਜ਼ਮਾਂ ਦੀਆਂ ਗੱਲਾਂ ਸੁਣ ਰਹੇ ਸੀ।ਅੱਕੇ ਮੁਲਾਜ਼ਮ ਤੇ ਪੈਨਸ਼ਨਰਾਂ ਨੇ ਸਰਕਾਰਾਂ ਦਾ ਦੱਬ ਕੇ ਪਿੱਟ ਸਿਆਪਾ ਕੀਤਾ।ਮੇਨ ਚੌਕ ਵਿੱਚ, ਟੈਂਪੂਆਂ ਵਾਲੇ ਅੱਡੇ ਕੋਲ, ਪ੍ਰਤਪ ਰੋਡ ਚੌਕ, ਸਿਵਲ ਹਸਪਤਾਲ ਤੇ ਨੇਚਰ ਪਾਰਕ ਕੋਲ ਮਾਰਚ ਰੋਕ ਕੇ ਬੁਲਾਰਿਆਂ ਨੇ ਸੰਬੋਧਨ ਕੀਤਾ।ਇਸ ਮੌਕੇ ਜਗਦੀਸ਼ ਸਿੰਘ ਚਾਹਲ, ਸੁਰਿੰਦਰ ਰਾਮ ਕੁੱਸਾ, ਸਰਬਜੀਤ ਸਿੰਘ ਦੌਧਰ, ਗੁਰਜੰਟ ਸਿੰਘ ਕੋਕਰੀ, ਕੁਲਵੰਤ ਸਿੰਘ ਬਿਜਲੀ ਬੋਰਡ, ਕੁਲਬੀਰ ਸਿੰਘ ਢਿੱਲੋਂ, ਬਲੌਰ ਸਿੰਘ ਘਾਲੀ, ਰਾਜ ਕੁਮਾਰ ਕਾਲੜਾ, ਸੁਖਮੰਦਰ ਸਿੰਘ ਆਦਿ ਨੇ ਸੰਬੋਧਨ ਕਰਦਿਆਂ ਕਿਹਾ ਕਿ ਕਿ ਪੰਜਾਬ ਸਰਕਾਰ ਨੇ ਡਿਕਟੇਟਰਾਂ ਵਾਂਗ ਵਿਹਾਰ

ਕੀਤਾ ਹੈ, ਕਿਸੇ ਵੀ ਵਰਗ ਦੀ ਗੱਲ ਨਹੀਂ ਸੁਣੀ ਸਗੋਂ ਹਰ ਇੱਕ ਨੂੰ ਅਣਗੌਲਿਆ ਕੀਤਾ ਹੈ।ਜੇ ਕੀਤਾ ਹੈ ਤਾਂ ਇਸ ਨੇ ਫੋਕੀ ਇਸ਼ਤਿਹਾਰਬਾਜ਼ੀ ਹੀ ਕੀਤੀ ਹੈ।ਉਨ੍ਹਾਂ ਕਿਹਾ ਕਿ ਉੱਚ ਅਫ਼ਸਰਾਂ ਨੂੰ ਤਾਂ ਡੀਏ ਨਾਲ ਦੀ ਨਾਲ ਦਿੱਤਾ ਜਾ ਰਿਹਾ ਹੈ, ਪਰ ਛੋਟੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਦਾ ਡੀਏ ਰੋਕਣ ਦੀ ਹਰ ਕੋਸ਼ਿਸ਼ ਕੀਤੀ ਗਈ। ਅਦਾਲਤ ਨੇ ਫੈਸਲਾ ਮੁਲਾਜ਼ਮਾਂ ਤੇ ਪੈਨਸ਼ਨਰਾਂ ਦੇ ਹੱਕ ਵਿੱਚ ਦਿੱਤਾ ਹੈ, ਪਰ ਸਰਕਾਰ ਵੱਲੋਂ ਵਾਰ ਵਾਰ ਐੱਲਪੀਏ ਪਾ ਕੇ ਮਾਮਲਾ ਲਮਕਾਇਆ ਜਾ ਰਿਹਾ ਹੈ।ਬੁਲਾਰਿਆਂ ਨੇ ਕਿਹਾ ਕਿ ਪਿਛਲੀ ਵਾਰ ਅਸੀਂ ਇਸ ਪਾਰਟੀ ਨੂੰ ਵੋਟਾਂ ਪਾ ਕੇ ਸਰਕਾਰ ਬਣਾ ਕੇ ਬਹੁਤ ਵੱਡੀ ਗਲਤੀ ਕੀਤੀ ਹੈ। ਇਸ ਵਾਰ ਅਸੀਂ ਇਸ ਪਾਰਟੀ ਦੇ ਲੋਕਾਂ ਨੂੰ ਵੋਟਾਂ ਨਹੀਂ ਪਾਵਾਂਗੇ। ਉਨ੍ਹਾਂ ਕੇਂਦਰ ਸਰਕਾਰ ਬਾਰੇ ਬੋਲਦਿਆਂ ਕਿਹਾ ਕਿ ਉਸ ਨੇ ਵੀ ਦੇਸ਼ ਨੂੰ ਮੰਦਹਾਲੀ ਵਿੱਚ ਧੱਕ ਦਿੱਤਾ ਹੈ।ਅਗਨੀਵੀਰ ਵਰਗੀਆਂ ਸਕੀਮਾਂ ਚਲਾ ਕੇ ਨੌਜਵਾਨਾਂ ਨੂੰ ਬੇਰੋਜ਼ਗਾਰੀ ਵਿੱਚ ਧੱਕ ਦਿੱਤਾ ਹੈ।ਡੀਜ਼ਲ, ਪੈਟਰੋਲ ਦੀਆਂ ਕੀਮਤਾਂ ਅਸਮਾਨ ਨੂੰ ਛੂਹ ਰਹੀਆਂ ਹਨ।ਲੋਕਾਂ ਦਾ ਪੈਸਾ ਵੱਡੇ ਵੱਡੇ ਧਨਾਢਾਂ ਨੂੰ ਲੁਟਾਇਆ ਜਾ ਰਿਹਾ ਹੈ।ਮਹਿੰਗਾਈ ਵਿੱਚ ਵਾਧਾ ਕਰਕੇ ਆਮ ਲੋਕਾਂ ਦਾ ਕਚੂਮਰ ਕੱਢ ਦਿੱਤਾ ਹੈ।ਉਨ੍ਹਾਂ ਲੋਕਾਂ ਨੂੰ ਬੇਨਤੀ ਕੀਤੀ ਕਿ ਦੇਸ਼ ਤੇ ਲੋਕਤੰਤਰ ਬਚਾਉਣ ਲਈ ਅਜਿਹੀਆਂ ਸਰਕਾਰਾਂ ਨੂੰ ਚਲਦਾ ਕਰਨਾ ਚਾਹੀਦਾ ਹੈ।ਇਸ ਮੌਕੇ ਹੋਰਨਾਂ ਤੋਂ ਇਲਾਵਾ ਭੁਪਿੰਦਰ ਸਿੰਘ ਸੇਖੋਂ, ਗੁਰਮੇਲ ਸਿੰਘ ਨਾਹਰ, ਗਿਆਨ ਸਿੰਘ ਸਾਬਕਾ ਡੀ ਪੀ ਆਰ ਓ, ਪ੍ਰੇਮ ਕੁਮਾਰ, ਬੂਟਾ ਸਿੰਘ ਭੱਟੀ ਆਦਿ ਹਾਜ਼ਰ ਸਨ।ਅੰਤ ਵਿੱਚ ਆਪਣਾ ਗੁੱਸਾ ਪ੍ਰਗਟ ਕਰਦੇ ਹੋਏ ਝਾੜੂ ਨੂੰ ਤੀਲਾ ਤੀਲਾ ਕਰ ਦਿੱਤਾ ਗਿਆ।

ਮਾਨ ਸਰਕਾਰ ਪੰਜਾਬ ਵਿਰੋਧੀ ਨੀਤੀਆਂ ਅਪਣਾ ਰਹੀ : ਤਰਸੇਮ ਸਿੰਘ

ਮੂਨਕ, (ਰਾਜਪਾਲ ਸਿੰਗਲਾ) : ਖਡੂਰ ਸਾਹਿਬ ਤੋਂ ਸੰਸਦ ਮੈਂਬਰ ਅੰਮ੍ਰਿਤਪਾਲ ਸਿੰਘ ਦੇ ਪਿਤਾ ਤਰਸੇਮ ਸਿੰਘ ਨੇ ਸਥਾਨਕ ਗੁਰਦੁਆਰਾ ਤੇਗ ਬਹਾਦਰ ਪਾਤਸ਼ਾਹੀ ਨੌਵੀਂ ਵਿਖੇ ਸੰਗਤ ਨੂੰ ਸੰਬੋਧਨ ਕਰਦਿਆਂ ਪੰਜਾਬ ਤੇ ਕੇਂਦਰ ਸਰਕਾਰ 'ਤੇ ਤਿੱਖੇ ਸ਼ਬਦੀ ਹਮਲੇ ਕੀਤੇ।ਉਨ੍ਹਾਂ ਕਿਹਾ ਕਿ

ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਪੰਜਾਬ ਤੇ ਪੰਜਾਬੀਅਤ ਵਿਰੋਧੀ ਨੀਤੀਆਂ ਅਪਣਾ ਰਹੀ ਹੈ। ਤਰਸੇਮ ਸਿੰਘ ਨੇ ਕਿਹਾ ਕਿ ਭਾਈ ਅੰਮ੍ਰਿਤਪਾਲ ਸਿੰਘ ਨੂੰ ਐੱਨਐੱਸਏ ਤਹਿਤ ਅਸਾਮ ਦੀ ਡਿਬਰੂਗੜ੍ਹ ਜੇਲ੍ਹ ਵਿੱਚ ਇਸ ਲਈ ਬੰਦ ਕੀਤਾ ਗਿਆ, ਕਿਉਂਕਿ ਉਹ ਪੰਜਾਬ ਦੇ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਤੇ ਸਿੱਖੀ ਨਾਲ ਜੁੜਨ ਲਈ ਪ੍ਰੇਰਿਤ ਕਰ ਰਹੇ ਸਨ।ਉਨ੍ਹਾਂ ਦੋਸ਼ ਲਗਾਇਆ ਕਿ ਸੂਬਾ ਤੇ ਕੇਂਦਰ ਸਰਕਾਰਾਂ ਨਹੀਂ ਚਾਹੁੰਦੀਆਂ ਕਿ ਪੰਜਾਬ ਦੀ ਜਵਾਨੀ ਨਸ਼ਾ ਮੁਕਤ ਹੋਵੇ ਤੇ ਸੂਬਾ ਆਤਮਨਿਰਭਰ ਬਣੇ।ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਨਸ਼ਿਆਂ ਦਾ ਮੁੱਦਾ ਦਿਨੋਂ-ਦਿਨ ਗੰਭੀਰ ਹੁੰਦਾ ਜਾ ਰਿਹਾ ਹੈ, ਪਰ ਸਰਕਾਰ ਇਸ ਨੂੰ ਰੋਕਣ ਵਿੱਚ ਪੂਰੀ ਤਰ੍ਹਾਂ ਨਾਕਾਮ ਸਾਬਤ ਹੋ ਰਹੀ ਹੈ।ਵਾਰਿਸ ਪੰਜਾਬ ਦੇ ਤੇ ਅਕਾਲੀ ਦਲ ਨਾਲ ਚੋਣਾਵੀ ਸਮਝੌਤੇ ਸਬੰਧੀ ਪੁੱਛੇ ਗਏ ਸਵਾਲ ਦੇ ਜਵਾਬ ਵਿੱਚ ਤਰਸੇਮ ਸਿੰਘ ਨੇ ਕਿਹਾ ਕਿ ਕੁਝ ਮਸਲਿਆਂ 'ਤੇ ਸਹਿਮਤੀ ਨਾ ਬਣਨ ਕਾਰਨ ਇੱਕ ਵਾਰ ਗੱਲਬਾਤ ਸਿਰੇ ਨਹੀਂ ਚੜ੍ਹ ਸਕੀ।ਉਨ੍ਹਾਂ ਕਿਹਾ ਕਿ ਭਵਿੱਖ ਵਿੱਚ ਪੰਜਾਬ ਹਿਤੈਸ਼ੀ ਤੇ ਹਮਖਿਆਲੀ ਪਾਰਟੀਆਂ ਨਾਲ ਵਾਰਿਸ ਪੰਜਾਬ ਦੇ ਦਾ ਸਮਝੌਤਾ ਹੋ ਸਕਦਾ ਹੈ।

ਇਸ ਮੌਕੇ ਉਨ੍ਹਾਂ ਨਾਲ ਮੌਜੂਦ ਨਹਿੰਗ ਰਾਜਾ ਰਾਮ ਸਿੰਘ ਨੇ ਕਿਹਾ ਕਿ ਪੰਜਾਬ ਅੰਦਰ ਅੱਜ ਅਜਿਹੀ ਸਰਕਾਰ ਦੀ ਲੋੜ ਹੈ, ਜੋ ਸੂਬੇ ਨੂੰ ਮੁੜ ਆਪਣੇ ਪੈਰਾਂ 'ਤੇ ਖੜ੍ਹਾ ਕਰ ਸਕੇ।ਉਨ੍ਹਾਂ ਲੋਕਾਂ ਨੂੰ ਵਾਰਿਸ ਪੰਜਾਬ ਦੇ ਨਾਲ ਜੁੜ ਕੇ ਪੰਜਾਬ ਨੂੰ ਬਚਾਉਣ ਦਾ ਸੱਦਾ ਦਿੱਤਾ।ਸਮਾਗਮ ਦੌਰਾਨ ਵੱਡੀ ਗਿਣਤੀ ਵਿੱਚ ਸੰਗਤ ਮੌਜੂਦ ਰਹੀ।

ਉਮੀਦਵਾਰ ਮਨਪ੍ਰੀਤ ਕੌਰ ਦੇ ਹੱਕ 'ਚ ਮੰਗੀਆਂ ਵੋਟਾਂ

ਬਰੇਟਾ (ਗੀਤਵਾਲ)- ਨਗਰ ਕੌਂਸਲ ਚੋਣਾਂ ਲਈ ਵਾਰਡ ਨੰਬਰ 12 ਦੇ ਉਮੀਦਵਾਰ ਮਨਪ੍ਰੀਤ ਕੌਰ ਪਤਨੀ ਸੋਨੀ ਰਾਮ ਦੇ ਹੱਕ ਵਿੱਚ ਗੋਬਿੰਦਪੁਰਾ ਦੇ ਸਰਪੰਚ ਰਾਜਿੰਦਰ ਸ਼ਰਮਾ ਦੀ ਅਗਵਾਈ ਵਿੱਚ ਚੋਣ ਪ੍ਰਚਾਰ ਕੀਤਾ ਗਿਆ ਤੇ ਵਾਰਡ ਵਿੱਚ ਘਰ ਘਰ ਜਾ ਵੋਟਾਂ ਮੰਗੀਆਂ ਗਈਆਂ।ਜਿੱਥੇ ਸਰਪੰਚ ਰਾਜਿੰਦਰ ਸ਼ਰਮਾ ਵੱਲੋਂ ਵਾਰਡ ਵਾਸੀਆਂ ਨੂੰ ਉਮੀਦਵਾਰ ਮਨਪ੍ਰੀਤ ਕੌਰ ਦੇ ਹੱਕ ਵਿੱਚ ਫੱਤਵਾ ਦੇਣ ਦੀ ਅਪੀਲ ਕੀਤੀ ਗਈ, ਉੱਥੇ ਹੀ ਵਾਰਡ ਵਾਸੀਆਂ ਨੂੰ ਅਪੀਲ ਕੀਤੀ ਗਈ ਕਿ ਵੱਧ ਤੋਂ ਵੱਧ ਵੋਟਾਂ ਮਨਪ੍ਰੀਤ ਕੌਰ ਨੂੰ ਪਾਈਆਂ ਜਾਣ ਤਾਂ ਜੋ ਵਾਰਡ ਦਾ ਵਿਕਾਸ ਹੋਰ ਵੱਡੇ ਪੱਧਰ 'ਤੇ ਹੋ ਸਕੇ।

ਉਨ੍ਹਾਂ ਕਿਹਾ ਕਿ ਵੱਡਾ ਹੁੰਗਾਰਾ ਵਾਰਡ ਵਾਸੀਆਂ ਵੱਲੋਂ ਉਮੀਦਵਾਰ ਮਨਪ੍ਰੀਤ ਕੌਰ ਦੇ ਹੱਕ ਵਿੱਚ ਮਿਲ ਰਿਹਾ ਹੈ।

ਸੁੱਖੀ ਰੱਖੜਾ ਦੀ ਅਗਵਾਈ ਹੇਠ ਜਿੰਦਲ ਪਰਵਾਰ ਸਾਥੀਆਂ ਸਮੇਤ 'ਆਪ' 'ਚ ਸ਼ਾਮਲ

ਵਾਰਡ ਨੰਬਰ 6 ਤੋਂ ਪਾਰਟੀ ਉਮੀਦਵਾਰ ਬਾਂਸਲ ਨੂੰ ਦਿੱਤਾ ਪੂਰਨ ਸਮਰਥਨ

ਸਮਾਣਾ (ਇਕਬਾਲ ਸਿੰਘ ਬੱਲ) : ਸਮਾਣਾ ਦੇ ਵਾਰਡ ਨੰਬਰ 6 ਤੋਂ ਪ੍ਰਮੁੱਖ ਸ਼ਖ਼ਸੀਅਤ ਮੇਘ ਰਾਜ ਜਿੰਦਲ ਆਪਣੇ ਪਰਵਾਰ ਤੇ ਸਾਥੀਆਂ ਸਮੇਤ ਸੁਖਵਿੰਦਰ ਸਿੰਘ ਸੁਖੀ ਰੱਖੜਾ ਸਪੁੱਤਰ ਸਰਦਾਰ

ਸਾਬਕਾ ਕੈਬਨਿਟ ਮੰਤਰੀ ਸੁਰਜੀਤ ਸਿੰਘ ਰੱਖੜਾ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ (ਆਪ) ਵਿੱਚ ਸ਼ਾਮਲ ਹੋ ਗਏ ਹਨ।ਇਸ ਦੇ ਨਾਲ ਹੀ ਉਨ੍ਹਾਂ ਨੇ ਵਾਰਡ ਨੰਬਰ 6 ਤੋਂ ਪਾਰਟੀ ਦੇ ਉਮੀਦਵਾਰ ਕਪੂਰ ਚੰਦ ਬਾਂਸਲ ਨੂੰ ਆਪਣਾ ਪੂਰਨ ਸਮਰਥਨ ਦੇਣ ਦਾ ਐਲਾਨ ਕੀਤਾ। ?ਇਸ ਮੌਕੇ ਇੱਕ ਵਿਸ਼ੇਸ਼ ਪ੍ਰੋਗਰਾਮ ਦੌਰਾਨ ਸਾਬਕਾ ਮੰਤਰੀ ਸੁਰਜੀਤ ਸਿੰਘ ਰੱਖੜਾ ਤੇ ਉਮੀਦਵਾਰ ਕਪੂਰ ਚੰਦ ਬਾਂਸਲ ਵੱਲੋਂ ਮੇਘ ਰਾਜ ਜਿੰਦਲ, ਉਨ੍ਹਾਂ ਦੇ ਸਪੁੱਤਰ ਐਡਵੋਕੇਟ ਸੰਦੀਪ ਜਿੰਦਲ, ਰਿਕੀ ਜਿੰਦਲ ਤੇ ਵਿਕਾਸ ਜਿੰਦਲ ਨੂੰ ਆਮ ਆਦਮੀ ਪਾਰਟੀ ਦੇ ਸਿਰੋਪਾਓ ਪਾ ਕੇ ਪਾਰਟੀ ਵਿੱਚ ਰਸਮੀ ਤੌਰ 'ਤੇ ਸ਼ਾਮਲ ਕੀਤਾ ਗਿਆ ਤੇ ਜੀ ਆਇਆਂ ਨੂੰ ਆਖਿਆ ਗਿਆ। ?ਇਸ ਮੌਕੇ ਗੱਲਬਾਤ ਕਰਦਿਆਂ ਐਡਵੋਕੇਟ ਸੰਦੀਪ ਜਿੰਦਲ ਨੇ ਪਾਰਟੀ ਲੀਡਰਸ਼ਿਪ ਨੂੰ ਭਰੋਸਾ ਦਿਵਾਇਆ ਕਿ ਉਨ੍ਹਾਂ ਦਾ ਪਰਿਵਾਰ ਹਮੇਸ਼ਾ ਆਮ ਆਦਮੀ ਪਾਰਟੀ ਦੀਆਂ ਨੀਤੀਆਂ 'ਤੇ ਚੱਲਦਿਆਂ ਪਾਰਟੀ ਨੂੰ ਹੋਰ ਮਜ਼ਬੂਤ ਕਰਨ ਤੇ ਅੱਗੇ ਲਿਜਾਣ ਲਈ ਦਿਨ-ਰਾਤ ਮਿਹਨਤ ਕਰੇਗਾ। ਦੂਜੇ ਪਾਸੇ, ਸਾਬਕਾ ਕੈਬਨਿਟ ਮੰਤਰੀ ਸੁਰਜੀਤ ਸਿੰਘ ਰੱਖੜਾ ਨੇ ਜਿੰਦਲ ਪਰਵਾਰ ਦਾ ਪਾਰਟੀ ਵਿੱਚ ਸ਼ਾਮਲ ਹੋਣ 'ਤੇ ਧੰਨਵਾਦ ਕੀਤਾ।ਉਨ੍ਹਾਂ ਕਿਹਾ ਕਿ ਜਿੰਦਲ ਪਰਿਵਾਰ ਦੇ ਆਉਣ ਨਾਲ ਪਾਰਟੀ ਨੂੰ ਵੱਡੀ ਮਜ਼ਬੂਤੀ ਮਿਲੀ ਹੈ ਤੇ ਵਾਰਡ ਨੰਬਰ 6 ਤੋਂ 'ਆਪ' ਉਮੀਦਵਾਰ ਕਪੂਰ ਚੰਦ ਬਾਂਸਲ ਦੀ ਸਥਿਤੀ ਹੋਰ ਵੀ ਮਜ਼ਬੂਤ ਹੋ ਗਈ ਹੈ।ਇਸ ਮੌਕੇ ਸਾਬਕਾ ਸਰਪੰਚ ਗੁਰਭੇਜ ਸਿੰਘ ਭੇਜਾ, ਹੁਸਨਦੀਪ ਬਾਂਸਲ, ਦਰਸ਼ਨ ਸਿੰਘ ਰਣੀਆ, ਪਿਆਰਾ ਲਾਲ ਬਾਂਸਲ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਨੌਜਵਾਨ ਤੇ ਵਰਕਰ ਹਾਜ਼ਰ ਰਹੇ।

ਵਾਈਸ ਆਫ ਮਾਨਸਾ ਨੇ ਵੱਖ-ਵੱਖ ਵਾਰਡਾਂ ਦੇ ਉਮੀਦਵਾਰ ਇੱਕ ਮੰਚ 'ਤੇ ਕੀਤੇ ਇਕੱਠੇ

ਮਾਨਸਾ (ਆਤਮਾ ਸਿੰਘ ਪਮਾਰ)- ਸਮਾਜਿਕ ਸੰਸਥਾ ਵਾਈਸ ਆਫ ਮਾਨਸਾ ਵੱਲੋਂ ਨਿਵੇਕਲੀ ਪਹਿਲ ਕਰਦਿਆਂ ਨਗਰ ਕੌਂਸਲ ਚੋਣਾਂ ਸਬੰਧੀ ਵਾਰਡ ਨੰਬਰ 01, ਠੂਠਿਆਂ ਵਾਲੀ ਰੋਡ ਤੇ ਬਾਬਾ ਭਾਈ ਗੁਰਦਾਸ ਧਰਮਸ਼ਾਲਾ ਵਾਰਡ ਨੰਬਰ 5 ਵਿਖੇ ਵਾਰਡ ਵਾਸੀਆਂ ਦੀ ਭਰਵੀ ਹਾਜ਼ਰੀ 'ਚ ਉਮੀਦਵਾਰਾਂ ਨਾਲ ਖੁੱਲ੍ਹਾ ਸੰਵਾਦ ਰਚਾਇਆ।ਇਸ ਚਰਚਾ ਦਾ ਪ੍ਰਬੰਧ ਵਾਰਡ ਨੰਬਰ ਇੱਕ 'ਚ ਨਿਰਵੈਰ ਕਲੱਬ, ਠੂਠਿਆਂ ਵਾਲੀ ਰੋਡ ਵੱਲੋਂ ਕੀਤਾ ਗਿਆ।ਵਾਰਡ ਨੰਬਰ 05 'ਚ ਦਸਮੇਸ਼ ਅਕੈਡਮੀ ਦੇ ਮਾਲਿਕ ਪ੍ਰੋ. ਹਰਜੀਵਨ ਸਿੰਘ ਸਰਾਂ ਤੇ ਵੁਆਇਸ ਆਫ ਮਾਨਸਾ ਦੇ ਸੀਨੀਅਰ ਮੈਂਬਰ ਸੇਠੀ ਸਿੰਘ ਸਰਾਂ ਵੱਲੋਂ ਕੀਤਾ ਗਿਆ। ਇਸ ਮੌਕੇ ਵਾਰਡ ਇੱਕ ਦੇ ਉਮੀਦਵਾਰਾਂ ਕੁਲਵੰਤ ਕੌਰ (ਸ਼੍ਰੋਮਣੀ ਅਕਾਲੀ ਦਲ), ਰਾਜ ਕੌਰ (ਆਜ਼ਾਦ), ਸਿਮਰਜੀਤ ਕੌਰ (ਕਾਂਗਰਸ), ਕਰਮਜੀਤ ਕੌਰ (ਆਪ) ਤੇ ਗੀਤਾ ਰਾਣੀ (ਭਾਰਤੀ ਜਨਤਾ ਪਾਰਟੀ) ਨੇ ਵਾਰਡ ਵਾਸੀਆਂ ਸਾਹਮਣੇ ਆਪਣੇ ਵਿਚਾਰ ਪ੍ਰਗਟ ਕੀਤੇ ਤੇ ਵਾਰਡ ਪੰਜ 'ਚ ਕੁਲਵਿੰਦਰ ਕੌਰ (ਕਾਂਗਰਸ), ਅਮਰਜੀਤ ਕੌਰ (ਆਪ) ਤੇ ਮੰਜੂ ਰਾਣੀ (ਬੀ ਜੇ ਪੀ) ਨੇ ਉਤਸ਼ਾਹ ਪੂਰਵਕ ਹਿੱਸਾ ਲਿਆ। ਸਾਰੇ ਉਮੀਦਵਾਰਾਂ ਨੇ ਲੋਕਾਂ ਦੀ ਕਚਿਹਰੀ 'ਚ ਵਿਸ਼ਵਾਸ ਦਿਵਾਇਆ ਕਿ ਉਹ ਚੋਣਾਂ ਦੌਰਾਨ ਕਿਸੇ ਵੀ ਕਿਸਮ ਦਾ ਨਸ਼ਾ ਨਹੀਂ ਵੰਡਣਗੇ ਤੇ ਨਾ ਹੀ ਵੋਟਰਾਂ ਨੂੰ ਪੈਸੇ ਜਾਂ ਕਿਸੇ ਹੋਰ ਲਾਲਚ ਰਾਹੀਂ ਪ੍ਰਭਾਵਿਤ ਕਰਨ ਦੀ ਕੋਸ਼ਿਸ਼ ਕਰਨਗੇ।ਉਨ੍ਹਾਂ ਕਿਹਾ ਕਿ

ਉਨ੍ਹਾਂ 'ਚੋਂ ਜੋ ਵੀ ਜਿੱਤੇਗਾ, ਉਹ ਨਗਰ ਕੌਂਸਲ ਪ੍ਰਧਾਨ ਦੀ ਚੋਣ ਸਮੇਂ ਆਪਣੀ ਵੋਟ ਨਹੀਂ ਵੇਚੇਗਾ।ਇਸ ਚਰਚਾ ਦੌਰਾਨ ਵਾਰਡ ਵਾਸੀਆਂ ਨੇ ਵਾਰਡ ਦੀਆਂ ਮੁੱਖ ਸਮੱਸਿਆਵਾਂ ਤੇ ਮੰਗਾਂ ਉਮੀਦਵਾਰਾਂ ਸਾਹਮਣੇ ਰੱਖੀਆਂ, ਜਿਨ੍ਹਾਂ ਨੂੰ ਉਮੀਦਵਾਰਾਂ ਵੱਲੋਂ ਪੂਰਾ ਕਰਨ ਦਾ ਭਰੋਸਾ ਦਿਵਾਇਆ ਗਿਆ।ਵਿਚਾਰ ਚਰਚਾ ਨੂੰ ਵਾਈਸ ਆਫ ਮਾਨਸਾ ਦੇ ਪ੍ਰਧਾਨ ਡਾ. ਜਨਕ ਰਾਜ ਸਿੰਗਲਾ ਤੇ ਹਰਜਿੰਦਰ ਸਿੰਘ ਮਾਨਸ਼ਾਹੀਆ ਨੇ ਸੁਚੱਜੇ ਢੰਗ ਨਾਲ ਚਲਾਇਆ।ਇਸ ਮੌਕੇ ਮੈਂਬਰ ਤੇ ਦੋਵਾਂ ਵਾਰਡਾਂ ਦੇ ਪਤਵੰਤੇ ਸੱਜਣਾਂ ਸਮੇਤ ਸਮੂਹ ਟੀਮ ਮੈਂਬਰ ਹਾਜ਼ਰ ਸਨ।

ਖ਼ੂਨ ਦਾਨ ਸਭ ਤੋਂ ਮਹਾਨ ਤੇ ਉੱਤਮ ਦਾਨ : ਹਰਚੰਦ ਸਿੰਘ ਬਰਸਟ

ਸ਼ਿਵ ਸ਼ੰਕਰ ਯੂਥ ਸੇਵਾ ਦਲ ਵੱਲੋਂ ਖ਼ੂਨਦਾਨ ਕੈਂਪ

ਸਮਾਣਾ (ਇਕਬਾਲ ਸਿੰਘ ਬੱਲ, ਗੁਰ ਪਿਆਰ ਸਿੰਘ ਬੱਲ) : ਸ਼ਿਵ ਸ਼ੰਕਰ ਯੂਥ ਸੇਵਾ ਦਲ (ਰਜਿ:) ਸਮਾਣਾ ਵੱਲੋਂ 7ਵਾਂ ਤੇ ਪਿਛਲੇ ਸਾਲ ਸਾਡੇ ਤੋਂ ਅਲਵਿਦਾ ਹੋਏ ਸੱਤ ਮਾਸੂਮ ਬੱਚਿਆਂ ਦੀ ਯਾਦ ਵਿੱਚ ਥੈਲਾਸੀਮੀਆਂ ਨਾਲ ਪੀੜਤ ਬੱਚਿਆਂ ਲਈ ਦੂਸਰਾ ਵਿਸ਼ਾਲ ਖ਼ੂਨਦਾਨ ਕੈਂਪ ਮਾਤਾ ਨੈਣਾ ਆਰਿਆ ਧਰਮਸ਼ਾਲਾ ਵਿਖੇ ਲਗਾਇਆ ਗਿਆ।ਕੈਂਪ ਵਿੱਚ ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਤੇ ਆਮ ਆਦਮੀ ਪਾਰਟੀ ਪੰਜਾਬ ਦੇ ਸੂਬਾ ਜਨਰਲ ਸਕੱਤਰ ਸ੍ਰ. ਹਰਚੰਦ ਸਿੰਘ ਬਰਸਟ ਵੱਲੋਂ ਮੁੱਖ ਮਹਿਮਾਨ ਵੱਜੋਂ ਸ਼ਿਰਕਤ ਕੀਤੀ ਗਈ।ਇਹ ਕੈਂਪ ਰਮੇਸ਼ ਗਰਗ ਦੀ ਸਰਪ੍ਰਸਤੀ ਹੇਠ ਆਯੋਜਿਤ ਕੀਤਾ ਗਿਆ। ਇਸ ਮੌਕੇ ਸ੍ਰ. ਬਰਸਟ ਨੇ ਖ਼ੂਨਦਾਨੀਆਂ ਦੀ ਹੌਸਲਾ ਅਫ਼ਜ਼ਾਈ ਕੀਤੀ ਤੇ ਸੰਸਥਾ ਵੱਲੋਂ ਕੀਤੇ ਜਾ ਰਹੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ।ਉਨ੍ਹਾਂ ਕਿਹਾ ਕਿ ਖ਼ੂਨ ਦਾਨ ਸਭ ਤੋਂ ਮਹਾਨ ਤੇ ਉੱਤਮ ਦਾਨ ਹੈ, ਕਿਉਂਕਿ ਇਸ ਨਾਲ ਕਿਸੇ ਲੋੜਵੰਦ ਵਿਅਕਤੀ ਨੂੰ ਨਵੀਂ ਜ਼ਿੰਦਗੀ ਮਿਲ ਸਕਦੀ ਹੈ।ਇਸ ਲਈ ਹਰ ਤੰਦਰੁਸਤ ਇਨਸਾਨ ਨੂੰ ਸਮੇਂ-ਸਮੇਂ 'ਤੇ ਖ਼ੂਨ ਦਾਨ ਕਰਨਾ ਚਾਹੀਦਾ ਹੈ।ਇਸ ਨਾਲ ਸਮਾਜ ਵਿੱਚ ਮਨੁੱਖਤਾ ਤੇ ਸੇਵਾ ਦੀ ਭਾਵਨਾ ਮਜ਼ਬੂਤ ਹੁੰਦੀ ਹੈ। ਉਨ੍ਹਾਂ ਨੌਜਵਾਨ ਨੂੰ ਅਪੀਲ ਕੀਤੀ ਕਿ ਉਹ ਨਸ਼ਿਆਂ ਵਰਗੀਆਂ ਸਮਾਜਿਕ ਬੁਰਾਈਆਂ ਤੋਂ ਦੂਰ ਰਹਿਣ ਤੇ ਆਪਣੀ ਊਰਜਾ ਨੂੰ ਸਮਾਜ ਸੇਵਾ ਦੇ ਕਾਰਜਾਂ ਵਿੱਚ ਲਗਾਉਣ।ਨੌਜਵਾਨ ਦੇਸ਼ ਦਾ ਭਵਿੱਖ ਹਨ ਤੇ ਸਮਾਜ

ਵਿੱਚ ਸਕਾਰਾਤਮਕ ਬਦਲਾਅ ਲਿਆਉਣ ਵਿੱਚ ਇਨ੍ਹਾਂ ਦਾ ਸਭ ਤੋਂ ਅਹਿਮ ਰੋਲ ਹੈ।ਉਨ੍ਹਾਂ ਨੇ ਨੌਜਵਾਨਾਂ ਨੂੰ ਅਪੀਲ ਕੀਤੀ ਕਿ ਉਹ ਵੱਧ-ਚੜ੍ਹ ਕੇ ਖ਼ੂਨਦਾਨ ਕੈਂਪਾਂ ਵਿੱਚ ਹਿੱਸਾ ਲੈਣ ਤੇ ਹੋਰ ਲੋਕਾਂ ਨੂੰ ਵੀ ਇਸ ਮਹਾਨ ਕਾਰਜ ਵਿੱਚ ਯੋਗਦਾਨ ਪਾਉਣ ਲਈ ਪ੍ਰੇਰਿਤ ਕਰਨ।ਇਸ ਮੌਕੇ ਸ਼ਾਮ ਲਾਲ ਦੱਤ ਮੈਂਬਰ ਮੰਡੀ ਬੋਰਡ, ਬਲਵਿੰਦਰ ਵੜੈਚ, ਯਸ਼ਪਾਲ ਸਿੰਗਲਾ, ਜੈਕੀ ਮਹਿਰਾ, ਐਸਕੇ ਸੰਜੂ ਕਸ਼ਯਪ, ਡਿੰਪਲ ਜਿੰਦਲ, ਮੋਕਸ਼ਾ ਡਿਡਵਾਨੀ, ਦੀਪਕ ਗਰਗ ਸਮੇਤ ਸਮੂਹ ਇਲਾਕਾ ਨਿਵਾਸੀ ਮੌਜੂਦ ਰਹੇ।

ਸਕੂਲ ਆਫ਼ ਐਮੀਨੈਂਸ ਅਬਲੂ ਖੁਰਾਣਾ ਅੱਗੇ ਪਿੰਡ ਵਾਸੀਆਂ ਵੱਲੋਂ ਧਰਨਾ

ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ ਸਿੰਘ)- ਪੰਜਾਬ ਸਰਕਾਰ ਵੱਲੋਂ ਸੂਬੇ ਦੇ ਸਰਕਾਰੀ ਸਕੂਲਾਂ ਦਾ ਮਿਆਰ ਉੱਚਾ ਚੁੱਕਣ ਲਈ 'ਸਕੂਲ ਆਫ ਐਮੀਨੈਂਸ' ਦੀ ਸ਼ੁਰੂਆਤ ਕੀਤੀ ਗਈ ਸੀ, ਪਰ ਜ਼ਿਲ੍ਹਾ ਸ੍ਰੀ ਮੁਕਤਸਰ ਸਾਹਿਬ ਦੇ ਪਿੰਡ ਅਬਲੂ ਖੁਰਾਣਾ ਤੋਂ ਇਕ ਅਜਿਹਾ ਮਾਮਲਾ ਸਾਹਮਣੇ ਆਇਆ ਹੈ, ਜਿੱਥੇ ਇਸ ਸਕੂਲ ਦੇ ਬਾਹਰ ਪਿੰਡ ਵਾਸੀਆਂ ਤੇ ਬੱਚਿਆਂ ਦੇ ਮਾਪਿਆਂ ਵੱਲੋਂ ਸਰਕਾਰ ਤੇ ਪ੍ਰਸ਼ਾਸਨ ਖ਼ਿਲਾਫ਼ ਮੋਰਚਾ ਖੋਲ੍ਹ ਦਿੱਤਾ ਗਿਆ ਹੈ।ਮਾਪਿਆਂ ਦਾ ਦੋਸ਼ ਹੈ ਕਿ ਸਕੂਲ ਵਿੱਚ ਅਧਿਆਪਕਾਂ ਦੀ ਭਾਰੀ ਕਮੀ ਹੈ, ਜਿਸ ਕਾਰਨ ਬੱਚਿਆਂ ਦੀ ਪੜ੍ਹਾਈ ਦਾ ਵੱਡਾ ਨੁਕਸਾਨ ਹੋ ਰਿਹਾ ਹੈ।ਇਸ ਦੇ ਨਾਲ ਹੀ ਪਿਛਲੇ 40 ਸਾਲਾਂ ਤੋਂ ਚੱਲ ਰਹੇ ਇਸ ਲੜਕੀਆਂ ਦੇ ਸਕੂਲ ਵਿੱਚ ਲੜਕਿਆਂ ਦੇ ਦਾਖ਼ਲੇ ਨੂੰ ਲੈ ਕੇ ਵੀ ਪਿੰਡ ਵਾਸੀਆਂ ਵੱਲੋਂ ਤਿੱਖਾ ਵਿਰੋਧ ਕੀਤਾ ਜਾ ਰਿਹਾ ਹੈ।ਪਿੰਡ ਅਬਲੂ ਖੁਰਦ ਦੇ 'ਸਕੂਲ ਆਫ਼ ਐਮੀਨੈਂਸ' ਦੇ ਬਾਹਰ, ਜਿੱਥੇ ਪਿੰਡ ਦੇ ਮੋਹਤਬਰਾਂ ਤੇ ਬੱਚਿਆਂ ਦੇ ਮਾਪਿਆਂ ਵੱਲੋਂ ਸਕੂਲ ਦੇ ਗੇਟ ਅੱਗੇ ਧਰਨਾ ਦਿੱਤਾ ਜਾ ਰਿਹਾ ਹੈ।ਮਾਪਿਆਂ ਦਾ ਕਹਿਣਾ ਹੈ ਕਿ ਪਿਛਲੇ ਡੇਢ ਸਾਲ ਤੋਂ ਉਹ ਇਨਸਾਫ਼ ਲਈ ਸੰਘਰਸ਼ ਕਰ ਰਹੇ ਹਨ, ਪਰ ਪ੍ਰਸ਼ਾਸਨ ਦੇ ਕੰਨ 'ਤੇ ਜੂੰ ਤੱਕ ਨਹੀਂ ਸਰਕ ਰਹੀ।ਸਕੂਲ ਦੇ ਚੇਅਰਮੈਨ ਮੇਨਪਾਲ ਨੇ ਦੱਸਿਆ ਕਿ ਸਕੂਲ ਵਿੱਚ ਅਧਿਆਪਕਾਂ ਦੀ ਬਹੁਤ ਜ਼ਿਆਦਾ ਘਾਟ ਹੈ।ਅੱਜ ਤੋਂ 4 ਸਾਲ ਪਹਿਲਾਂ ਇਸ ਸਕੂਲ ਦਾ ਰਿਜ਼ਲਟ ਬਹੁਤ ਵਧੀਆ ਆਉਂਦਾ ਸੀ, ਪਰ ਹੁਣ ਪੜ੍ਹਾਈ ਨਾ ਹੋਣ ਕਰਕੇ ਗ੍ਰਾਫ ਲਗਾਤਾਰ ਡਿੱਗ ਰਿਹਾ

ਹੈ।ਸਕੂਲ ਵਿੱਚ ਘੱਟੋ-ਘੱਟ 17 ਤੋਂ 18 ਟੀਚਰਾਂ ਦੀ ਕਮੀ ਹੈ।ਦੂਜੀ ਵੱਡੀ ਸਮੱਸਿਆ ਇਹ ਹੈ ਕਿ ਇਹ ਸਕੂਲ ਪਿਛਲੇ 40 ਸਾਲਾਂ ਤੋਂ ਸਿਰਫ਼ ਲੜਕੀਆਂ ਦਾ ਸਕੂਲ ਸੀ, ਪਰ ਹੁਣ ਇੱਥੇ ਲੜਕਿਆਂ ਨੂੰ ਵੀ ਦਾਖ਼ਲ ਕੀਤਾ ਜਾ ਰਿਹਾ ਹੈ, ਜਿਸ ਨਾਲ ਸਕੂਲ ਦਾ ਮਾਹੌਲ ਖ਼ਰਾਬ ਹੋ ਰਿਹਾ ਹੈ।

ਅਸੀਂ ਡੀ.ਈ.ਓ. ਤੇ ਹੋਰ ਉੱਚ ਅਧਿਕਾਰੀਆਂ ਨੂੰ ਕਈ ਵਾਰ ਮਿਲ ਚੁੱਕੇ ਹਾਂ, ਪਰ ਸਾਨੂੰ ਸਿਰਫ਼ ਲਾਰੇ-ਲੱਪੇ ਹੀ ਮਿਲੇ ਹਨ।ਜਦੋਂ ਅਸੀਂ ਧਰਨਾ ਦੇਣ ਦੀ ਗੱਲ ਕੀਤੀ ਤਾਂ ਅਧਿਕਾਰੀਆਂ ਵੱਲੋਂ ਇਹ ਕਹਿ ਕੇ ਸਾਡੀ ਬੇਇੱਜ਼ਤੀ ਕੀਤੀ ਗਈ ਕਿ 'ਧਰਨੇ ਲਗਾ ਕੇ ਤੁਸੀਂ ਕਿਹੜਾ ਟੀਚਰ ਬੁਲਾ ਲਵੋਗੇ'।ਸਕੂਲ ਦੇ ਮੌਜੂਦਾ ਇੰਚਾਰਜ ਸ਼ਵਿੰਦਰ ਸਿੰਘ (ਲੈਕਚਰਾਰ ਪੰਜਾਬੀ) ਨਾਲ ਗੱਲ ਕੀਤੀ ਗਈ, ਤਾਂ ਉਨ੍ਹਾਂ ਸਕੂਲ ਦੀ ਸਥਿਤੀ ਬਾਰੇ ਦੱਸਿਆ ਤੇ ਕਿਹਾ ਕਿ ਇਸ ਸਕੂਲ ਵਿੱਚ ਛੇਵੀਂ ਤੋਂ ਲੈ ਕੇ ਬਾਰਵੀਂ ਜਮਾਤ ਤੱਕ ਲਗਭਗ 800 ਬੱਚੇ ਪੜ੍ਹਦੇ ਹਨ, ਜੋ ਆਸ-ਪਾਸ ਦੇ 25 ਤੋਂ 30 ਪਿੰਡਾਂ ਵਿੱਚੋਂ ਆਉਂਦੇ ਹਨ।ਸਕੂਲ ਵਿੱਚ ਪ੍ਰਿੰਸੀਪਲ ਦੀ ਪੋਸਟ ਖ਼ਾਲੀ ਹੈ ਤੇ ਮੈਂ ਬਤੌਰ ਇੰਚਾਰਜ ਕੰਮ ਦੇਖ ਰਿਹਾ ਹਾਂ।ਸਕੂਲ ਵਿੱਚ 17 ਦੇ ਕਰੀਬ ਪੋਸਟਾਂ ਖ਼ਾਲੀ ਹਨ। ਪਿਛਲੇ ਸਾਲ ਬਦਲੀਆਂ ਦੌਰਾਨ 10-12 ਅਧਿਆਪਕ ਇੱਥੋਂ ਚਲੇ ਗਏ ਸਨ।ਅਸੀਂ ਡਿਪਾਰਟਮੈਂਟ ਨੂੰ ਅਤੇ ਚੰਡੀਗੜ੍ਹ ਤੱਕ ਕਈ ਵਾਰ ਲਿਖ ਕੇ ਭੇਜ ਚੁੱਕੇ ਹਾਂ।ਪਿੰਡ ਵਾਸੀਆਂ ਨੇ ਸਾਫ਼ ਸ਼ਬਦਾਂ ਵਿੱਚ ਚਿਤਾਵਨੀ ਦਿੱਤੀ ਹੈ ਕਿ ਜਿੰਨਾ ਚਿਰ ਸਕੂਲ ਵਿੱਚ ਅਧਿਆਪਕਾਂ ਦੀ ਕਮੀ ਨੂੰ ਪੂਰਾ ਨਹੀਂ ਕੀਤਾ ਜਾਂਦਾ ਤੇ ਲੜਕਿਆਂ ਦੇ ਦਾਖ਼ਲੇ ਬਾਰੇ ਕੋਈ ਪੁਖ਼ਤਾ ਹੱਲ ਨਹੀਂ ਨਿਕਲਦਾ, ਉਨਾ ਚਿਰ ਇਹ ਧਰਨਾ ਇਸੇ ਤਰ੍ਹਾਂ ਜਾਰੀ ਰਹੇਗਾ।

ਭਵਾਨੀਗੜ੍ਹ ਐੱਮ ਸੀ ਚੋਣਾਂ : ਵਿੱਤ ਮੰਤਰੀ ਚੀਮਾ ਦੇ 'ਸੁਨਾਮੀ' ਦੌਰੇ ਨੇ ਵਿਰੋਧੀਆਂ ਦੇ ਉਡਾਏ ਹੋਸ਼

- ਵਾਰਡਾਂ 'ਚ ਉਮੜਿਆ ਜਨ-ਸੈਲਾਬ, ਬਾਜ਼ਾਰਾਂ ਤੋਂ ਲੈ ਕੇ ਗਲੀਆਂ ਤੱਕ 'ਆਪ' ਦੇ ਹੱਕ 'ਚ ਬਣਿਆ ਮਾਹੌਲ
- ਲੋਕਾਂ ਦੇ ਪਿਆਰ ਨੇ ਵਿਰੋਧੀ ਧਿਰਾਂ ਦੇ ਸਾਰੇ ਸਿਆਸੀ ਸਮੀਕਰਨ ਵਿਗਾੜੇ : ਡਾ. ਜਵੰਧਾ

ਭਵਾਨੀਗੜ੍ਹ (ਰਾਜ ਖੁਰਮੀ) : ਨਗਰ ਕੌਂਸਲ ਭਵਾਨੀਗੜ੍ਹ ਦੀਆਂ ਚੋਣਾਂ ਦਾ ਸਿਆਸੀ ਪਾਰਾ ਉਸ ਸਮੇਂ ਅਸਮਾਨੀਂ ਚੜ੍ਹ ਗਿਆ, ਜਦੋਂ ਪੰਜਾਬ ਦੇ ਵਿੱਤ ਮੰਤਰੀ ਸ. ਹਰਪਾਲ ਸਿੰਘ ਚੀਮਾ ਨੇ ਚੋਣ ਮੈਦਾਨ ਵਿੱਚ ਖੁਦ ਕਮਾਨ ਸੰਭਾਲਦਿਆਂ ਵੱਖ-ਵੱਖ ਵਾਰਡਾਂ ਵਿੱਚ ਤੂਫ਼ਾਨੀ ਦੌਰਾ ਕੀਤਾ।ਵਿੱਤ ਮੰਤਰੀ ਦੇ ਇਨ੍ਹਾਂ ਚੋਣ ਪ੍ਰੋਗਰਾਮਾਂ ਵਿੱਚ ਜਿਸ ਤਰ੍ਹਾਂ ਜਨ-ਸੈਲਾਬ ਉਮੜਿਆ, ਉਸ ਨੇ ਵਿਰੋਧੀ ਖੇਮਿਆਂ ਵਿੱਚ ਹਲਚਲ ਮਚਾ ਦਿੱਤੀ ਹੈ।ਅੱਜ ਸਾਰੇ ਚੋਣ ਪ੍ਰੋਗਰਾਮ ਭਾਰੀ ਉਤਸ਼ਾਹ ਨਾਲ ਸਫ਼ਲਤਾਪੂਰਵਕ ਸੰਪੰਨ ਹੋ ਗਏ, ਜਿਸ ਨੇ 'ਆਪ' ਦੀ ਮੁਹਿੰਮ ਨੂੰ ਇੱਕ ਅਜਿਹੀ ਹਵਾ ਦੇ ਦਿੱਤੀ ਹੈ, ਜਿਸ ਨੂੰ ਰੋਕਣਾ ਹੁਣ ਵਿਰੋਧੀਆਂ ਦੇ ਵੱਸ ਦੀ ਗੱਲ ਨਹੀਂ ਜਾਪਦੀ।ਇਸ ਸਿਆਸੀ ਹਲਚਲ ਤੇ ਇਤਿਹਾਸਕ ਇਕੱਠਾਂ ਬਾਰੇ ਵਿਸਥਾਰਪੂਰਵਕ ਬੋਲਦਿਆਂ ਪੰਜਾਬ ਇਨਫੋਟੈਕ ਦੇ ਚੇਅਰਮੈਨ ਡਾਕਟਰ ਗੁਨਿੰਦਰਜੀਤ ਸਿੰਘ ਮਿੰਕੂ ਜਵੰਧਾ ਨੇ ਵਿਰੋਧੀਆਂ 'ਤੇ ਤਿੱਖਾ ਨਿਸ਼ਾਨਾ ਸਾਧਿਆ।ਉਨ੍ਹਾਂ ਦਾਅਵਾ ਕੀਤਾ ਕਿ ਸ਼ਹਿਰ ਵਾਸੀਆਂ ਤੇ ਪਾਰਟੀ ਵਰਕਰਾਂ ਦੇ ਇਸ ਬੇਮਿਸਾਲ ਉਤਸ਼ਾਹ ਨੇ ਇਹ ਸਾਫ਼ ਕਰ ਦਿੱਤਾ ਹੈ ਕਿ ਭਵਾਨੀਗੜ੍ਹ ਦੇ ਵਿਕਾਸ ਲਈ ਲੋਕ ਇੱਕਜੁੱਟ ਹੋ ਚੁੱਕੇ ਹਨ।

ਚੇਅਰਮੈਨ ਡਾ. ਮਿੰਕੂ ਜਵੰਧਾ ਨੇ ਦੱਸਿਆ ਕਿ ਵਿੱਤ

ਮੰਤਰੀ ਸ. ਹਰਪਾਲ ਸਿੰਘ ਚੀਮਾ ਦੀ ਅਗਵਾਈ ਹੇਠ ਅੱਜ ਪੂਰੇ ਸ਼ਹਿਰ ਨੂੰ 'ਆਪ' ਦੇ ਰੰਗ ਵਿੱਚ ਰੰਗ ਦਿੱਤਾ ਗਿਆ, ਜਿਸ ਤਹਿਤ ਇਹ ਮੁੱਖ ਪ੍ਰੋਗਰਾਮ ਨੇਪਰੇ ਚੜ੍ਹੇ। ਵਾਰਡ ਨੰ. 15 ਤੇ 5: ਰਵਿਦਾਸ ਕਲੋਨੀ (ਨੇੜੇ ਪ੍ਰਾਇਮਰੀ ਸਕੂਲ) ਵਿਖੇ ਹੋਏ ਪ੍ਰੋਗਰਾਮ ਵਿੱਚ ਉਮੀਦਵਾਰਾਂ ਦੇ ਪੱਖ ਵਿੱਚ ਹਜ਼ਾਰਾਂ ਦੀ ਭੀੜ ਨੇ ਹਾਜ਼ਰੀ ਲਗਵਾਈ।ਵਾਰਡ ਨੰ. 14: ਸੰਗਤਸਰ ਮੁਹੱਲਾ ਵਿਖੇ ਹੋਈ ਚੋਣ ਮੀਟਿੰਗ ਇੱਕ ਵੱਡੀ ਰੈਲੀ ਦਾ ਰੂਪ ਧਾਰਨ ਕਰ ਗਈ, ਜਿੱਥੇ ਲੋਕਾਂ ਨੇ ਉਮੀਦਵਾਰਾਂ ਨੂੰ ਅਗਾਊਂ ਜਿੱਤ ਦਾ ਭਰੋਸਾ ਦਿੱਤਾ।ਵਾਰਡ ਨੰ. 12 ਤੇ 10 ਲਈ ਗਾਂਧੀ ਨਗਰ ਰੋਡ (ਨੇੜੇ ਆਟਾ ਚੱਕੀ) ਵਿਖੇ ਹੋਏ ਸਾਂਝੇ ਪ੍ਰੋਗਰਾਮ ਵਿੱਚ ਬਜ਼ੁਰਗਾਂ, ਨੌਜਵਾਨਾਂ ਤੇ ਮਹਿਲਾਵਾਂ ਦਾ ਭਾਰੀ ਇਕੱਠ ਦੇਖਣ ਨੂੰ ਮਿਲਿਆ।ਵਾਰਡ ਨੰ. 1, 3, 4 ਤੇ 6 ਲਈ ਭਵਾਨੀਗੜ੍ਹ ਬਜ਼ਾਰ ਵਿੱਚ ਪੁਰਾਣੀ ਸਬਜ਼ੀ ਮੰਡੀ ਦੇ ਨੇੜੇ ਹੋਈ ਚਾਰ ਵਾਰਡਾਂ ਦੀ ਸਾਂਝੀ ਮਹਾਂ-ਰੈਲੀ ਨੇ ਪੁਰਾਣੇ ਸਾਰੇ ਰਿਕਾਰਡ ਤੋੜ ਦਿੱਤੇ।ਇੱਥੇ ਹੋਈ ਸ਼ਾਨਦਾਰ ਸਭਾ ਨੇ ਵਿਰੋਧੀਆਂ ਦੇ ਹੋਸ਼ ਉਡਾ ਦਿੱਤੇ ਹਨ।ਵਾਰਡ ਨੰ. 2 ਤੇ 8 ਵਾਰਡਾਂ ਵਿੱਚ ਵੀ ਵਿਸ਼ੇਸ਼ ਚੋਣ ਪ੍ਰੋਗਰਾਮਾਂ ਦੌਰਾਨ ਪਾਰਟੀ ਦੇ ਹੱਕ ਵਿੱਚ ਜ਼ਬਰਦਸਤ ਲਹਿਰ ਦੇਖਣ ਨੂੰ ਮਿਲੀ।ਡਾ. ਮਿੰਕੂ ਜਵੰਧਾ ਚੇਅਰਮੈਨ ਡਾ. ਗੁਨਿੰਦਰਜੀਤ ਸਿੰਘ ਮਿੰਕੂ ਜਵੰਧਾ ਨੇ ਆਖਿਆ ਕਿ ਸਾਰੇ ਹੀ ਵਾਰਡਾਂ ਵਿੱਚ ਮਿਲਿਆ ਅਥਾਹ ਪਿਆਰ ਤੇ ਜਨ-ਸਮਰਥਨ ਇਹ ਸਾਬਿਤ ਕਰਦਾ ਹੈ ਕਿ ਨਗਰ ਕੌਂਸਲ ਭਵਾਨੀਗੜ੍ਹ ਦੀ ਮੈਦਾਨੀ ਜੰਗ 'ਚ ਪਾਰਟੀ ਇੱਕਤਰਫ਼ਾ ਜਿੱਤ ਵੱਲ ਵਧ ਰਹੀ ਹੈ।ਉਨ੍ਹਾਂ ਦਿਨ-ਰਾਤ ਮਿਹਨਤ ਕਰ ਰਹੇ ਜੁਝਾਰੂ ਵਰਕਰਾਂ ਤੇ ਹਲਕਾ ਵਾਸੀਆਂ ਦਾ ਤਹਿ ਦਿਲੋਂ ਧੰਨਵਾਦ ਕਰਦਿਆਂ ਕਿਹਾ ਕਿ ਹੁਣ ਵਿਰੋਧੀਆਂ ਦੀ ਜ਼ਮਾਨਤ ਜ਼ਬਤ ਹੋਣੀ ਤੈਅ ਹੈ।

'ਆਪ' ਨਗਰ ਨਿਗਮ ਮੋਗਾ ਦੇ 50 ਵਾਰਡਾਂ 'ਚ ਸ਼ਾਨਦਾਰ ਜਿੱਤ ਪ੍ਰਾਪਤ ਕਰੇਗੀ : ਡਾ. ਅਮਨਦੀਪ ਕੌਰ

ਮੋਗਾ (ਇਕਬਾਲ ਸਿੰਘ ਖਹਿਰਾ)- ਆਪ ਪਾਰਟੀ ਵੱਲੋਂ 26 ਮਈ ਨੂੰ ਹੋਣ ਵਾਲੀਆਂ ਨਗਰ ਨਿਗਮ ਮੋਗਾ ਦੇ 50 ਵਾਰਡਾਂ ਦੀਆਂ ਚੋਣਾਂ ਲਈ ਆਪਣੇ ਉਮੀਦਵਾਰ ਖੜ੍ਹੇ ਕੀਤੇ ਹਨ ਤੇ ਸ਼ਹਿਰ ਵਾਸੀਆਂ ਵੱਲੋਂ ਆਪ ਪਾਰਟੀ

ਦੇ ਉਮੀਦਵਾਰਾਂ ਨੂੰ ਮਿਲ ਰਿਹਾ ਭਰਵਾਂ ਹੁੰਗਾਰਾ ਸਾਬਿਤ ਕਰਦਾ ਹੈ ਕਿ ਸਾਰੇ ਉਮੀਦਵਾਰ ਸ਼ਾਨ ਨਾਲ ਜਿੱਤਣਗੇ ਤੇ ਮੋਗਾ ਨਗਰ ਨਿਗਮ ਦਾ ਮੇਅਰ ਆਪ ਪਾਰਟੀ ਦਾ ਹੋਵੇਗਾ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਹਲਕਾ ਮੋਗਾ ਦੀ ਵਿਧਾਇਕਾ ਡਾ. ਅਮਨਦੀਪ ਕੌਰ ਅਰੋੜਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ।ਉਨ੍ਹਾਂ ਕਿਹਾ ਕਿ ਉਹ ਹਰ ਵਾਰਡ ਵਿਚ ਜਾ ਕੇ ਆਪਣੇ ਉਮੀਦਵਾਰਾਂ ਦੇ ਹੱਕ ਵਿਧਾਇਕਾ ਡਾ. ਵਿਚ ਚੋਣ ਪ੍ਰਚਾਰ ਕਰ ਰਹੇ ਹਨ ਤੇ ਇਸ ਤੋਂ ਇਲਾਵਾ ਪਾਰਟੀ ਹਾਈਕਮਾਂਡ ਵੱਲੋਂ ਵੀ ਨਗਰ ਨਿਗਮ ਮੋਗਾ ਲਈ ਮੰਤਰੀ ਸਾਹਿਬਾਨ ਤੇ ਵਿਧਾਇਕਾਂ ਦੀਆਂ ਵੀ ਡਿਊਟੀਆਂ ਲਗਾਈਆਂ ਗਈਆਂ ਹਨ, ਜੋ ਕਿ ਵਾਰਡ ਵਿੱਚ ਜਾ ਕੇ ਆਪਣੇ ਉਮੀਦਵਾਰਾਂ ਲਈ ਚੋਣ ਪ੍ਰਚਾਰ ਕਰ ਰਹੇ ਹਨ।ਡਾ. ਅਰੋੜਾ ਨੇ ਕਿਹਾ ਕਿ ਉਨ੍ਹਾਂ ਆਪਣੇ ਚਾਰ ਸਾਲ ਦੇ ਅਰਸੇ ਦੌਰਾਨ ਮੋਗਾ ਸ਼ਹਿਰ ਦੇ ਵਿਕਾਸ ਲਈ ਕੋਈ ਕਸਰ ਬਾਕੀ ਨਹੀਂ ਛੱਡੀ ਤੇ ਸ਼ਹਿਰ ਦਾ ਸਰਬਪੱਖੀ ਵਿਕਾਸ ਕਰਵਾਇਆ ਹੈ।ਉਨ੍ਹਾਂ ਕਿਹਾ ਕਿ ਭਗਵੰਤ ਮਾਨ ਇਕੱਲੇ ਪੰਜਾਬ ਦੇ ਹੀ ਮੁੱਖ ਮੰਤਰੀ ਨਹੀਂ, ਬਲਕਿ ਦੇਸ਼ ਦੇ ਪਹਿਲੇ ਮੁੱਖ ਮੰਤਰੀ ਹਨ, ਜਿਨ੍ਹਾਂ ਨੂੰ ਲੋਕਾਂ ਵੱਲੋਂ ਵੱਧ ਪਿਆਰ ਤੇ ਸਤਿਕਾਰ ਮਿਲਿਆ ਹੈ, ਕਿਉਂਕਿ ਜੋ ਉਨ੍ਹਾਂ ਨੇ ਕਿਹਾ, ਉਸ ਨੂੰ ਕਰ ਕੇ ਵਿਖਾਇਆ ਹੈ ਤੇ ਪੰਜਾਬ ਨੂੰ ਰੰਗਲਾ ਪੰਜਾਬ ਬਣਾਉਣ ਲਈ ਉਹ ਦਿਨ ਰਾਤ ਇਕ ਕਰ ਰਹੇ ਹਨ ਤੇ ਅੱਜ ਸੂਬੇ ਦਾ ਵਿਕਾਸ ਇਸ ਗੱਲ ਦੀ ਗਵਾਹੀ ਭਰਦਾ ਹੈ।ਉਨ੍ਹਾਂ ਕਿਹਾ ਕਿ ਉਹ ਤੇ ਆਪ ਪਾਰਟੀ ਦੇ ਮੰਤਰੀ, ਵਿਧਾਇਕ ਅਮਨਦੀਪ ਕੌਰ ਅਰੋੜਾ, ਜ਼ਿਲ੍ਹਾ ਪ੍ਰਧਾਨ ਤੇ ਸੀਨੀਅਰ ਲੀਡਰ ਹਰ ਵਾਰਡ ਵਿੱਚ ਪੁੱਜ ਕੇ ਲੋਕਾਂ ਨੂੰ ਆਪ ਪਾਰਟੀ ਵੱਲੋਂ ਕੀਤੇ ਵਿਕਾਸ ਕਾਰਜਾਂ ਤੋਂ ਜਾਣੂੰ ਕਰਵਾ ਰਹੇ ਹਨ ਤੇ ਹਰ ਵਾਰਡ ਵਿੱਚ ਆਪ ਪਾਰਟੀ ਦੇ ਉਮੀਦਵਾਰਾਂ ਨੂੰ ਭਰਵਾਂ ਹੁੰਗਾਰਾ ਮਿਲ ਰਿਹਾ ਹੈ।ਅਖੀਰ ਵਿੱਚ ਉਨ੍ਹਾਂ ਪਾਰਟੀ ਉਮੀਦਵਾਰਾਂ ਦੇ ਹੱਕ ਵਿੱਚ ਵੋਟਾਂ ਪਾਉਣ ਦੀ ਅਪੀਲ ਕੀਤੀ।

ਕਾਂਗਰਸ ਪਾਰਟੀ ਵੱਲੋਂ ਸੰਦੀਪ ਸਿੰਘ ਫੌਜੀ ਦੇ ਪੱਖ 'ਚ ਚੁਣਾਵੀ ਮੀਟਿੰਗ

ਮਾਨਸਾ (ਆਤਮਾ ਸਿੰਘ ਪਮਾਰ)- ਨਗਰ ਕੌਂਸਲ ਤੇ ਨਗਰ ਪੰਚਾਇਤਾਂ ਦੀਆਂ ਹੋ ਰਹੀਆਂ ਆਮ ਲਈ ਚੋਣਾਂ ਵੱਖ ਵੱਖ ਰਾਜਨੀਤਕ ਪਾਰਟੀਆਂ ਤੇ ਅਜ਼ਾਦ ਉਮੀਦਵਾਰਾਂ ਵੱਲੋਂ ਚੋਣ ਮੁਹਿੰਮ ਪੂਰੇ ਜ਼ੋਰਾਂ ਸ਼ੋਰਾਂ ਨਾਲ ਚਲਾਈ ਜਾ ਰਹੀ ਹੈ।ਇਸੇ ਕੜੀ ਵਜੋਂ ਕਾਂਗਰਸ ਪਾਰਟੀ ਵੱਲੋਂ ਵੀ ਵਾਰਡ ਨੰਬਰ 2 ਤੋਂ ਆਪਣੇ ਉਮੀਦਵਾਰ ਸੰਦੀਪ ਸਿੰਘ ਫੌਜੀ ਦੇ ਹੱਕ 'ਚ ਚੋਣ ਪ੍ਰਚਾਰ ਬੰਦ ਹੋਣ ਤੋਂ ਇੱਕ ਦਿਨ ਪਹਿਲਾਂ ਇੱਕ ਵੱਡੀ ਮੀਟਿੰਗ ਕੀਤੀ ਗਈ।ਇਸ ਸਮੇਂ ਸੰਬੋਧਨ ਕਰਦਿਆਂ ਜ਼ਿਲ੍ਹਾ ਪ੍ਰਧਾਨ ਕੁਲਵੰਤ ਰਾਏ ਸਿੰਗਲਾ ਨੇ ਕਿਹਾ ਕਿ ਮੌਜੂਦਾ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਸਮੁੱਚੇ ਮਾਨਸਾ ਸ਼ਹਿਰ ਨੂੰ ਸੀਵਰੇਜ ਦੇ ਬਦਤਰ ਪ੍ਰਬੰਧਾਂ ਕਾਰਨ ਨਰਕ ਬਣਾਈ ਰੱਖਿਆ।ਪਿਛਲੀ ਨਗਰ ਕੌਂਸਲ, ਜਿਸ 'ਤੇ ਆਪ ਦਾ ਕਬਜ਼ਾ ਸੀ, ਨੇ ਕੋਈ ਵੀ ਜ਼ਿਕਰਯੋਗ ਕੰਮ ਨਹੀਂ ਕੀਤਾ।ਸੜਕਾਂ, ਗਲੀਆਂ, ਨਾਲੀਆਂ, ਪੀਣ ਵਾਲਾ ਪਾਣੀ ਦਾ ਕੋਈ ਢੁੱਕਵਾਂ ਪ੍ਰਬੰਧ ਨਹੀਂ ਕੀਤਾ।ਇਸ ਤੋਂ ਇਲਾਵਾ ਵੱਡੀ ਕੂੜੇ ਦੇ ਢੇਰ ਅੱਜ ਵੀ ਜਿਉਂ ਦੀ ਤਿਉਂ ਲੱਗੇ ਹੋਏ ਹਨ।ਉਨ੍ਹਾਂ ਵਾਰਡ ਵਾਸੀਆਂ ਨੂੰ ਅਪੀਲ ਕੀਤੀ ਕਿ ਕਾਂਗਰਸ ਪਾਰਟੀ ਦੇ ਉਮੀਦਵਾਰਾਂ ਨੂੰ ਜਿਤਾ ਕੇ ਨਗਰ ਕੌਂਸਲ ਮਾਨਸਾ ਵਿਖੇ ਭੇਜਣ ਦੀ ਕ੍ਰਿਪਾਲਤ ਕਰੋ ਤੇ ਸਮੁੱਚੇ ਮਾਨਸਾ ਸ਼ਹਿਰ ਦੇ ਵਿਕਾਸ 'ਚ ਕੋਈ ਕਸਰ ਅਸੀਂ ਬਾਕੀ ਨਹੀਂ ਛੱਡਾਂਗੇ।ਮੀਟਿੰਗ ਦੌਰਾਨ ਉਮੀਦਵਾਰ ਸੰਦੀਪ ਸਿੰਘ

ਫੌਜੀ ਨੇ ਵਾਰਡ ਨੰਬਰ 2 ਦੇ ਵੋਟਰਾਂ ਨੂੰ ਅਪੀਲ ਕੀਤੀ ਕਿ ਮੈਨੂੰ ਇੱਕ ਵਾਰ ਸੇਵਾ ਦਾ ਮੌਕਾ ਦਿਓ ਤੇ ਮੈਂ ਹਰ ਸਮੇਂ ਤੁਹਾਡੀ ਸੇਵਾ 'ਚ ਹਾਜ਼ਰ ਰਹਾਂਗਾ।ਮੀਟਿੰਗ ਦੌਰਾਨ ਸਟੇਜ ਸਕੱਤਰ ਦੀ ਭੂਮਿਕਾ ਐਡਵੋਕੇਟ ਲੱਖਣਪਾਲ ਨੇ ਬਾਖ਼ੂਬੀ ਨਿਭਾਈ। ਇਸ ਸਮੇਂ ਚਮਕੌਰ ਸਿੰਘ ਮੂਸਾ, ਸਾਬਕਾ ਜ਼ਿਲ੍ਹਾ ਪ੍ਰਧਾਨ ਮਾਈਕਲ ਗਾਗੋਵਾਲ, ਸੀਨੀਅਰ ਕਾਂਗਰਸੀ ਆਗੂ ਸੰਤਾ ਸਿੰਘ ਮਾਨਸਾ, ਸੇਵਾ ਮੁਕਤ ਪਟਵਾਰੀ ਰਘਬੀਰ ਸਿੰਘ ਘੁੰਮਣ ਕਲਾਂ ਤੇ ਵੱਡੀ ਗਿਣਤੀ ਵੋਟਰ, ਸਮਰੱਥਕ ਤੇ ਕਾਂਗਰਸ ਦੀ ਸੀਨੀਅਰ ਲੀਡਰਸ਼ਿਪ ਹਾਜ਼ਰ ਸੀ।

ਹਰਸਿਮਰਤ ਬਾਦਲ ਨੇ ਵੱਖ-ਵੱਖ ਵਾਰਡਾਂ 'ਚ ਚੋਣ ਮੀਟਿੰਗਾਂ ਨੂੰ ਕੀਤਾ ਸੰਬੋਧਨ

ਅਕਾਲੀ ਸਰਕਾਰ ਦੀਆਂ ਗਿਣਾਈਆਂ ਪ੍ਰਾਪਤੀਆਂ, ਵਿਰੋਧੀਆਂ 'ਤੇ ਸਾਧੇ ਤਿੱਖੇ ਨਿਸ਼ਾਨੇ

ਮਾਨਸਾ (ਆਤਮਾ ਸਿੰਘ ਪਮਾਰ)- ਨਗਰ ਕੌਂਸਲ ਅਤੇ ਨਗਰ ਪੰਚਾਇਤਾਂ ਦੀਆਂ ਹੋ ਰਹੀਆਂ ਚੋਣਾਂ ਦੌਰਾਨ ਵੱਖ ਵੱਖ ਰਾਜਨੀਤਿਕ ਦਲਾਂ ਅਤੇ ਅਜ਼ਾਦ ਉਮੀਦਵਾਰਾਂ ਵੱਲੋਂ ਆਪਣਾ ਆਪਣਾ ਚੋਣ ਪ੍ਰਚਾਰ ਨੂੰ ਪੂਰੀ ਤਰ੍ਹਾਂ ਭਖਾਇਆ ਹੋਇਆ ਹੈ। ਚੋਣ ਪ੍ਰਚਾਰ ਬੰਦ ਹੋਣ ਤੋਂ ਇੱਕ ਦਿਨ ਪਹਿਲਾਂ ਬਠਿੰਡਾ ਤੋਂ ਸਾਂਸਦ ਤੇ ਅਕਾਲੀ ਦਲ ਬਾਦਲ ਦੀ ਸੀਨੀਅਰ ਆਗੂ ਬੀਬਾ ਹਰਸਿਮਰਤ ਕੌਰ ਬਾਦਲ ਨੇ ਵੀ ਮਾਨਸਾ ਸ਼ਹਿਰ ਦੇ ਵੱਖ ਵੱਖ ਵਾਰਡਾਂ 'ਚ ਆਪਣੇ ਉਮੀਦਵਾਰਾਂ ਲਈ ਵੋਟਾਂ ਮੰਗੀਆਂ ਤੇ ਜ਼ੋਰਦਾਰ ਢੰਗ ਨਾਲ ਪ੍ਰਚਾਰ ਕੀਤਾ।ਪ੍ਰਭਾਵਸ਼ਾਲੀ ਚੋਣ ਮੀਟਿੰਗਾਂ ਨੂੰ ਸੰਬੋਧਨ ਕਰਦਿਆਂ ਬੀਬਾ ਬਾਦਲ ਨੇ ਜਿੱਥੇ ਅਕਾਲੀ ਸਰਕਾਰ ਸਮੇਂ ਕੀਤੇ ਅਨੇਕਾਂ ਕੰਮ ਗਿਣਵਾਏ, ਉੱਥੇ ਨਾਲ ਹੀ ਵਿਰੋਧੀਆਂ 'ਤੇ ਵੀ ਤਿੱਖੇ ਸ਼ਬਦੀ ਹਮਲੇ ਕੀਤੇ।ਮੌਜੂਦਾ ਮਾਨ ਸਰਕਾਰ 'ਤੇ ਵਰ੍ਹਦਿਆਂ ਉਨ੍ਹਾਂ ਕਿਹਾ ਕਿ ਮਾਨਸਾ ਸ਼ਹਿਰ 'ਚ ਪਿਛਲੇ ਸਮੇਂ ਦੌਰਾਨ ਸੀਵਰੇਜ ਸਮੱਸਿਆ ਨੇ ਲੰਮਾ ਸਮਾਂ ਵਿਕਰਾਲ ਰੂਪ ਧਾਰੀ ਰੱਖਿਆ ਤੇ ਸ਼ਹਿਰ ਵਾਸੀਆਂ ਨੂੰ ਇਸ ਦੇ ਵਿਰੋਧ 'ਚ ਲੰਮਾ ਸਮਾਂ ਧਰਨੇ ਪ੍ਰਦਰਸ਼ਨ ਵੀ ਕਰਨੇ ਪਏ।ਇਸ ਤੋਂ ਇਲਾਵਾ ਪੀਣ ਵਾਲਾ ਸਾਫ ਪਾਣੀ,

ਸੜਕਾਂ, ਗਲੀਆਂ ਨਾਲੀਆਂ ਦਾ ਵੀ ਬਹੁਤ ਬੁਰਾ ਹਾਲ ਰਿਹਾ, ਜੋ ਮੌਜੂਦਾ ਸਮੇਂ ਵੀ ਬਾਦਸਤੂਰ ਜਾਰੀ ਹੈ।ਬੀਬਾ ਬਾਦਲ ਨੇ ਕਿਹਾ ਕਿ ਸੂਬੇ ਦੀ ਕਾਨੂੰਨ ਵਿਵਸਥਾ ਪੂਰੀ ਤਰ੍ਹਾਂ ਬਦਤਰ ਹੋ ਚੁੱਕੀ ਹੈ।ਆਮ ਨਾਗਰਿਕ ਦਾ ਜਿਊਣਾ ਦੁੱਭਰ ਹੋਇਆ ਪਿਆ ਹੈ।ਲੁੱਟਾਂ ਖੋਹਾਂ, ਚੋਰੀਆਂ, ਕਤਲਾਂ ਤੇ ਫ਼ਿਰੌਤੀਆਂ ਦਾ ਬਜ਼ਾਰ ਪੂਰੀ ਤਰ੍ਹਾਂ ਗਰਮ ਹੈ।ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਵੀ ਵਿਰੋਧੀ ਧਿਰ ਦੀ ਭੂਮਿਕਾ ਨਿਭਾਉਣ 'ਚ ਬੁਰੀ ਤਰ੍ਹਾਂ ਅਸਫਲ ਹੀ ਰਹੀ ਹੈ ਤੇ ਆਪਸੀ ਲੜਾਈ 'ਚ ਹੀ ਉਲਝ ਕੇ ਰਹਿ ਗਈ ਹੈ।ਇਸ ਸਮੇਂ ਉਨ੍ਹਾਂ ਵੱਖ ਵੱਖ ਵਾਰਡਾਂ ਤੋਂ ਅਕਾਲੀ ਦਲ ਦੇ ਉਮੀਦਵਾਰਾਂ ਨੂੰ ਵੋਟਾਂ ਪਾਉਣ ਲਈ ਵੋਟਰਾਂ ਨੂੰ ਪੁਰਜ਼ੋਰ ਅਪੀਲ ਵੀ ਕੀਤੀ। ਉਨ੍ਹਾਂ ਕਿਹਾ ਕਿ ਆਪਣੀ ਇੱਕੋ ਇੱਕ ਖੇਤਰੀ ਪਾਰਟੀ ਸ਼੍ਰੋਮਣੀ ਅਕਾਲੀ ਦਲ ਹੈ, ਜੋ ਪੰਜਾਬ ਦੀ ਭਲਾਈ ਕਰ ਸਕਦੀ ਹੈ, ਇਸ ਲਈ ਅਕਾਲੀ ਦਲ ਦੇ ਉਮੀਦਵਾਰਾਂ ਨੂੰ ਜਿਤਾ ਕੇ ਨਗਰ ਕੌਂਸਲ ਮਾਨਸਾ 'ਚ ਪਹੁੰਚਾਣ ਦੀ ਖੇਚਲ ਕੀਤੀ ਜਾਵੇ।ਉਨ੍ਹਾਂ ਵੋਟਰਾਂ ਨੂੰ ਕਿਹਾ ਕਿ ਲੋਕਤੰਤਰ ਦੀ ਮਜ਼ਬੂਤੀ ਲਈ ਆਪਣੇ ਮੱਤ ਅਧਿਕਾਰ ਦੀ ਵਰਤੋਂ ਬਿਨਾਂ ਕਿਸੇ ਡਰ ਤੇ ਦਬਾਅ ਤੋਂ ਹਰ ਹਾਲ 'ਚ ਕੀਤੀ ਜਾਵੇ।ਇਸ ਸਮੇਂ ਹਲਕਾ ਇੰਚਾਰਜ ਪ੍ਰੇਮ ਕੁਮਾਰ ਅਰੋੜਾ, ਵਾਰਡ ਨੰਬਰ 2 ਤੋਂ ਉਮੀਦਵਾਰ ਹਰਬੰਸ ਸਿੰਘ ਪੰਮੀ, ਵਾਰਡ ਨੰਬਰ 3 ਤੋਂ ਗੁਰਜੀਤ ਕੌਰ ਪਤਨੀ ਸੁਖਰਾਜ ਸਿੰਘ ਠੇਕੇਦਾਰ, ਵਾਰਡ ਨੰਬਰ 4 ਤੋਂ ਜਸਪ੍ਰੀਤ ਸਿੰਘ ਜੱਸੀ ਤੋਂ ਇਲਾਵਾ ਵੱਡੀ ਗਿਣਤੀ 'ਚ ਅਕਾਲੀ ਦਲ ਦੀ ਸੀਨੀਅਰ ਲੀਡਰਸ਼ਿਪ, ਵੋਟਰ ਤੇ ਸਮਰੱਥਕ ਹਾਜ਼ਰ ਸਨ।

ਸਫਾਈ ਸੇਵਕਾਂ ਦੇ ਵਫ਼ਦ ਨੇ ਮੁੱਖ ਮੰਤਰੀ ਨੂੰ ਮੰਗਾਂ ਤੇ ਮੁਸ਼ਕਲਾਂ ਤੋਂ ਜਾਣੂ ਕਰਵਾਇਆ

ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ) ਪੰਜਾਬ ਭਰ ਦੇ ਸਫਾਈ ਸੇਵਕਾਂ ਤੇ ਸੀਵਰਮੈਨਾਂ ਦੀਆਂ ਲੰਮੇ ਸਮੇਂ ਤੋਂ ਚੱਲ ਰਹੀਆਂ ਮੰਗਾਂ ਤੇ ਮੁਸ਼ਕਲਾਂ ਦੇ ਹੱਲ ਲਈ ਸਫਾਈ ਸੇਵਕ ਯੂਨੀਅਨ ਨਗਰ ਕੌਂਸਲ ਅਹਿਮਦਗੜ੍ਹ ਤੇ ਸਫਾਈ ਸੇਵਕ ਫੈਡਰੇਸ਼ਨ ਪੰਜਾਬ ਦੇ ਆਗੂਆਂ ਵੱਲੋਂ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਰਿੰਕਾ ਕੁਤਬਾ ਬਾਹਮਣੀਆ ਦੀ ਅਗਵਾਈ ਹੇਠ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨਾਲ ਚੰਡੀਗੜ੍ਹ ਵਿਖੇ ਵਿਸ਼ੇਸ਼ ਮੁਲਾਕਾਤ ਕੀਤੀ ਗਈ।ਸਫਾਈ ਕਰਮਚਾਰੀਆਂ ਨਾਲ ਸੰਬੰਧਤ ਮੁੱਖ ਮਸਲਿਆਂ ਤੇ ਜ਼ਮੀਨੀ ਹਕੀਕਤਾਂ ਬਾਰੇ ਵਿਸਥਾਰਪੂਰਵਕ ਜਾਣੂ ਕਰਵਾਇਆ ਗਿਆ।ਵਫ਼ਦ ਨੇ ਮੁੱਖ ਮੰਤਰੀ ਨੂੰ ਦੱਸਿਆ ਕਿ ਪੰਜਾਬ ਦੇ ਵੱਖ-ਵੱਖ ਸ਼ਹਿਰਾਂ ਤੇ ਕਸਬਿਆਂ ਵਿੱਚ ਕੰਮ ਕਰ ਰਹੇ ਸਫਾਈ ਸੇਵਕ ਤੇ ਸੀਵਰਮੈਨ ਬਹੁਤ ਹੀ ਮੁਸ਼ਕਲ ਹਾਲਾਤਾਂ ਵਿੱਚ ਆਪਣੀ ਡਿਊਟੀ ਨਿਭਾ ਰਹੇ ਹਨ।ਕਈ ਥਾਵਾਂ 'ਤੇ ਕਰਮਚਾਰੀਆਂ ਨੂੰ ਬੁਨਿਆਦੀ ਸਹੂਲਤਾਂ ਤੋਂ ਵੀ ਵਾਂਝਾ ਰਹਿਣਾ ਪੈਂਦਾ ਹੈ।ਘੱਟ ਸਟਾਫ ਹੋਣ ਕਾਰਨ ਉਨ੍ਹਾਂ 'ਤੇ ਕੰਮ ਦਾ ਬੋਝ ਵੀ ਲਗਾਤਾਰ ਵਧ ਰਿਹਾ ਹੈ।ਇਸ ਤੋਂ ਇਲਾਵਾ ਸੀਵਰਮੈਨਾਂ ਨੂੰ ਜਾਨ ਜੋਖਮ ਵਿੱਚ ਪਾ ਕੇ ਕੰਮ ਕਰਨਾ ਪੈਂਦਾ ਹੈ, ਪਰ ਉਨ੍ਹਾਂ ਲਈ ਸੁਰੱਖਿਆ ਦੇ ਪੂਰੇ ਪ੍ਰਬੰਧ ਨਹੀਂ ਹਨ।ਮੁੱਖ ਮੰਤਰੀ ਭਗਵੰਤ ਮਾਨ ਨੇ ਵਫ਼ਦ ਦੀਆਂ ਮੰਗਾਂ ਨੂੰ ਧਿਆਨ ਨਾਲ ਸੁਣਦਿਆਂ ਭਰੋਸਾ ਦਿਵਾਇਆ ਕਿ ਸਫਾਈ ਕਰਮਚਾਰੀਆਂ ਦੀਆਂ ਜਾਇਜ਼ ਮੰਗਾਂ ਤੇ ਸਮੱਸਿਆਵਾਂ ਦੇ

ਹੱਲ ਲਈ ਸਰਕਾਰ ਗੰਭੀਰ ਹੈ ਅਤੇ ਜਲਦ ਹੀ ਸੰਬੰਧਤ ਵਿਭਾਗਾਂ ਨਾਲ ਵਿਚਾਰ-ਵਟਾਂਦਰਾ ਕਰਕੇ ਯੋਗ ਕਦਮ ਚੁੱਕੇ ਜਾਣਗੇ।ਉਨ੍ਹਾਂ ਕਿਹਾ ਕਿ ਸਫਾਈ ਕਰਮਚਾਰੀ ਸ਼ਹਿਰਾਂ ਦੀ ਸਫਾਈ ਪ੍ਰਣਾਲੀ ਦੀ ਰੀੜ੍ਹ ਦੀ ਹੱਡੀ ਹਨ ਤੇ ਉਨ੍ਹਾਂ ਦੀ ਭਲਾਈ ਸਰਕਾਰ ਦੀ ਪਹਿਲ ਹੈ।ਇਸ ਮੌਕੇ ਰਿੰਕਾ ਕੁਤਬਾ ਬਾਹਮਣੀਆ ਨੇ ਕਿਹਾ ਕਿ ਪੰਜਾਬ ਭਰ ਦੇ ਸਫਾਈ ਸੇਵਕ ਲੰਮੇ ਸਮੇਂ ਤੋਂ ਆਪਣੇ ਹੱਕਾਂ ਲਈ ਸੰਘਰਸ਼ ਕਰ ਰਹੇ ਹਨ।ਉਨ੍ਹਾਂ ਕਿਹਾ ਕਿ ਸਫਾਈ ਕਰਮਚਾਰੀ ਦਿਨ-ਰਾਤ ਮਿਹਨਤ ਕਰਕੇ ਸ਼ਹਿਰਾਂ ਤੇ ਕਸਬਿਆਂ ਨੂੰ ਸਾਫ਼-ਸੁਥਰਾ ਰੱਖਣ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ, ਪਰ ਉਨ੍ਹਾਂ ਨੂੰ ਬਣਦੀਆਂ ਸਹੂਲਤਾਂ ਤੇ ਮਾਨ-ਸਨਮਾਨ ਨਹੀਂ ਮਿਲ ਰਿਹਾ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਨਾਲ ਹੋਈ ਮੁਲਾਕਾਤ ਦੌਰਾਨ ਸਫਾਈ ਕਰਮਚਾਰੀਆਂ ਦੀਆਂ ਮੁਸ਼ਕਲਾਂ, ਤਨਖ਼ਾਹਾਂ, ਕੰਮਕਾਜੀ ਹਾਲਾਤ ਤੇ ਹੋਰ ਮਸਲਿਆਂ ਬਾਰੇ ਵਿਸਥਾਰ ਨਾਲ ਚਰਚਾ ਕੀਤੀ ਗਈ, ਜਿਸ 'ਤੇ ਮੁੱਖ ਮੰਤਰੀ ਵੱਲੋਂ ਭਰੋਸਾ ਦਿੱਤਾ ਗਿਆ ਹੈ।

ਲੱਖਾ ਤੋਂ ਮੁੱਖ ਮੰਤਰੀ ਤੀਰਥ ਯਾਤਰਾ ਵੱਖ-ਵੱਖ ਗੁਰੂਧਾਮਾਂ ਲਈ ਰਵਾਨਾ

ਹਠੂਰ (ਲਵਲੀ ਕੁਮਾਰ)- ਪੰਜਾਬ ਦੀ 'ਆਪ' ਸਰਕਾਰ ਵੱਲੋ ਚਲਾਈ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਪਿੰਡ ਲੱਖਾ ਤੋਂ ਯਾਤਰੀਆਂ ਦੀ ਇੱਕ ਬੱਸ ਵੱਖ-ਵੱਖ ਗੁਰੂ ਧਾਮਾਂ ਦੇ ਦਰਸ਼ਨਾਂ ਲਈ ਬਲਾਕ ਕੋਆਰਡੀਨੇਟਰ ਭਾਈ ਗੁਰਜੰਟ ਸਿੰਘ ਖਾਲਸਾ ਰਸੂਲਪੁਰ ਦੀ ਅਗਵਾਈ ਹੇਠ ਰਵਾਨਾ ਹੋਈ।

ਇਸ ਮੌਕੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਹਲਕਾ ਵਿਧਾਇਕਾ ਬੀਬੀ ਸਰਬਜੀਤ ਕੌਰ ਮਾਣੂੰਕੇ ਦਾ ਧੰਨਵਾਦ ਕਰਦਿਆਂ ਜ਼ਿਲ੍ਹਾ ਮੀਤ ਪ੍ਰਧਾਨ ਸੁਰਿੰਦਰ ਸਿੰਘ ਲੱਖਾ ਤੇ ਬਲਾਕ ਪ੍ਰਧਾਨ ਭਾਈ ਤਰਸੇਮ ਸਿੰਘ ਖਾਲਸਾ ਹਠੂਰ ਨੇ ਕਿਹਾ ਕਿ ਇਹ ਯਾਤਰਾ ਪਿੰਡ ਲੱਖਾ ਤੋਂ ਸ਼ੁਰੂ ਹੋ ਕੇ ਸ੍ਰੀ ਤਰਨਤਾਰਨ ਸਾਹਿਬ, ਤਖਤ ਸ੍ਰੀ ਅਕਾਲ ਤੱਖਤ ਸਾਹਿਬ, ਸ੍ਰੀ ਦਰਬਾਰ ਸਾਹਿਬ ਅੰਮ੍ਰਿਤਸਰ ਸਾਹਿਬ, ਸ੍ਰੀ ਦੁਰਗਿਆਣਾ ਮੰਦਰ, ਸ੍ਰੀ ਰਾਮ ਤੀਰਥ, ਵਾਹਗਾ ਬਾਰਡਰ, ਸ੍ਰੀ ਬਾਬਾ ਬੁੱਢਾ ਸਿੰਘ ਜੀ ਆਦਿ ਸਥਾਨਾਂ ਦੇ ਦਰਸ਼ਨ ਕਰਨ ਉਪਰੰਤ ਵਾਪਸ ਪਿੰਡ ਲੱਖਾ ਪਹੁੰਚੇਗੀ।ਉਨ੍ਹਾ ਦੱਸਿਆ ਕਿ ਇਸ ਯਤਾਰਾ ਵਿਚ 50 ਸਾਲ ਦੀ ਉਮਰ ਤੋਂ ਵੱਧ ਵਾਲੇ ਵਿਅਕਤੀ ਯਾਤਰਾ ਕਰਨਗੇ।ਇਸ ਮੌਕੇ ਉਨ੍ਹਾ ਨਾਲ ਜ਼ਿਲ੍ਹਾ ਪ੍ਰੀਸ਼ਦ ਮੈਂਬਰ ਸ਼ਹਿਰੀਨ ਕੌਰ ਖਾਲਸਾ ਰਸੂਲਪੁਰ, ਜ਼ਿਲ੍ਹਾ ਮੀਤ ਪ੍ਰਧਾਨ ਸੁਰਿੰਦਰ ਸਿੰਘ ਲੱਖਾ, ਕਿਸਾਨ ਵਿੰਗ ਦੇ ਜ਼ਿਲ੍ਹਾ ਸੈਕਟਰੀ ਗੁਰਦੀਪ ਸਿੰਘ ਭੁੱਲਰ ਚਕਰ, ਪ੍ਰਧਾਨ ਹਰੀ ਪਾਲ ਸਿੰਘ, ਬਾਬਾ ਭੁਪਿੰਦਰ ਸਿੰਘ, ਇੰਦਰਪਾਲ ਸਿੰਘ, ਕੁਲਵੰਤ ਸਿੰਘ, ਚਮਕੌਰ ਸਿੰਘ, ਮੇਜਰ ਸਿੰਘ, ਸੁਖਚੈਨ ਸਿੰਘ ਹਠੂਰ, ਜਰਨੈਲ ਸਿੰਘ, ਬਲਵੀਰ ਸਿੰਘ ਆਦਿ ਹਾਜ਼ਰ ਸਨ।

ਹੈਰੋਇਨ ਸਮੇਤ ਕਾਬੂ

ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ) ਸਰਹਿੰਦ-ਮੰਡੀ ਗੋਬਿੰਦਗੜ੍ਹ ਜੀ. ਟੀ. ਰੋਡ 'ਤੇ ਸਥਿਤ ਪਿੰਡ ਅੰਬੇਮਾਜਰਾ ਨੇੜਿਓਂ ਪੁਲਸ ਵੱਲੋਂ ਇੱਕ ਵਿਅਕਤੀ ਨੂੰ ਹੈਰੋਇਨ ਸਣੇ ਕਾਬੂ ਕੀਤੇ ਜਾਣ ਦਾ ਸਮਾਚਾਰ ਹੈ। ਪ੍ਰਾਪਤ ਜਾਣਕਾਰੀ ਅਨੁਸਾਰ ਜੀ. ਟੀ. ਰੋਡ 'ਤੇ ਅੰਬੇਮਾਜਰਾ ਅੰਡਰ ਬ੍ਰਿਜ ਨੇੜੇ ਗਸ਼ਤ ਕਰ ਰਹੀ ਪੁਲਸ ਪਾਰਟੀ ਨੇ ਤਲਵਾੜਾ ਵੱਲੋਂ ਪੈਦਲ ਤੁਰੇ ਆ ਰਹੇ ਰਵੀ ਵਾਸੀ ਢੇਹਾ ਕਲੋਨੀ, ਮੰਡੀ ਗੋਬਿੰਦਗੜ੍ਹ ਨੂੰ ਸ਼ੱਕ ਦੇ ਅਧਾਰ 'ਤੇ ਚੈਕਿੰਗ ਲਈ ਰੋਕਿਆ। ਸਬ-ਇੰਸਪੈਕਟਰ ਸਤਵਿੰਦਰ ਸਿੰਘ ਨੇ ਜਦੋਂ ਰਵੀ ਦੇ ਹੱਥ ਵਿੱਚ ਫੜ੍ਹੇ ਲਿਫਾਫੇ ਨੂੰ ਖੋਲ੍ਹ ਕੇ ਚੈੱਕ ਕੀਤਾ ਤਾਂ ਉਸ ਵਿੱਚੋਂ ਛੇ ਗ੍ਰਾਮ ਹੈਰੋਇਨ ਬਰਾਮਦ ਹੋਈ।ਇਸ ਸਬੰਧੀ ਥਾਣਾ ਮੰਡੀ ਗੋਬਿੰਦਗੜ੍ਹ ਵਿਖੇ ਦਰਜ ਕਰਵਾਏ ਗਏ ਮੁਕੱਦਮੇ ਵਿੱਚ ਰਵੀ ਨੂੰ ਗ੍ਰਿਫ਼ਤਾਰ ਕਰਕੇ ਥਾਣੇਦਾਰ ਸਤਵਿੰਦਰ ਸਿੰਘ ਵੱਲੋਂ ਮਾਮਲੇ ਦੀ ਤਫ਼ਤੀਸ਼ ਕੀਤੀ ਜਾ ਰਹੀ ਹੈ।

ਸੁਖਦੀਪ ਕੌਰ ਧਾਲੀਵਾਲ ਦੇ ਹੱਕ 'ਚ ਇਕੱਠ ਨੇ ਰੈਲੀ ਦਾ ਰੂਪ ਧਾਰਿਆ

ਜਗਰਾਉਂ (ਨਛੱਤਰ ਸੰਧੂ)- ਨਗਰ ਕੌਂਸਲ ਚੋਣਾਂ ਦੇ ਮੱਦੇਨਜ਼ਰ ਵਾਰਡ ਨੰਬਰ 23 ਤੋਂ ਉਮੀਦਵਾਰ ਬੀਬੀ ਸੁਖਦੀਪ ਕੌਰ ਧਾਲੀਵਾਲ ਦੇ ਹੱਕ ਵਿੱਚ ਹਲਕਾ ਇੰਚਾਰਜ ਐੱਸ ਆਰ ਕਲੇਰ ਸਾਬਕਾ ਵਿਧਾਇਕ ਜਗਰਾਉਂ ਦੀ ਅਗਵਾਈ ਹੇਠ ਕੀਤੀ ਗਈ ਚੋਣ ਮੀਟਿੰਗ ਨੂੰ ਲੋਕਾਂ ਵੱਲੋਂ ਭਰਵਾਂ ਹੁੰਗਾਰਾ ਮਿਲਿਆ, ਜਿਸ ਨੇ ਦੇਖਦੇ ਹੀ ਦੇਖਦੇ ਰੈਲੀ ਦਾ ਰੂਪ ਧਾਰ ਲਿਆ। ਇਲਾਕਾ ਵਾਸੀਆਂ ਦੇ ਭਾਰੀ ਉਤਸ਼ਾਹ ਤੇ ਸਮਰਥਨ ਨੇ ਚੋਣ ਮਾਹੌਲ ਨੂੰ ਹੋਰ ਗਰਮ ਕਰ ਦਿੱਤਾ।ਇਸ ਮੌਕੇ ਲੋਕਾਂ ਨਾਲ ਗੱਲਬਾਤ ਕਰਦਿਆਂ ਆਗੂਆਂ ਨੇ ਕਿਹਾ ਕਿ ਜਨਤਾ ਇਸ ਵਾਰ ਵਿਕਾਸ, ਇਮਾਨਦਾਰ ਸੋਚ ਤੇ ਨਵੇਂ ਨੇਤ੍ਰਿਤਵ ਦੇ ਹੱਕ ਵਿੱਚ ਆਪਣਾ ਮਨ ਬਣਾ ਚੁੱਕੀ ਹੈ।ਲੋਕਾਂ ਵੱਲੋਂ ਮਿਲ ਰਹੇ ਪਿਆਰ ਤੇ ਵਿਸ਼ਵਾਸ ਨੇ ਚੋਣ ਮੁਹਿੰਮ ਵਿੱਚ ਨਵਾਂ ਜੋਸ਼ ਭਰ ਦਿੱਤਾ ਹੈ।ਇਸ ਮੌਕੇ ਪੱਲੇਦਾਰ ਯੂਨੀਅਨ ਦੇ ਸੂਬਾ ਪ੍ਰਧਾਨ ਅਵਤਾਰ ਸਿੰਘ ਬਿੱਲਾਂ, ਸਾਬਕਾ ਸਰਪੰਚ ਪਰਮਿੰਦਰ ਸਿੰਘ ਕੋਠੇ ਫਤਿਹਦੀਨ, ਸਾਬਕਾ ਸਰਪੰਚ ਕਰਮਜੀਤ ਸਿੰਘ ਕੋਠੇ ਸ਼ੇਰਜੰਗ ਸਮੇਤ ਵੱਡੀ ਗਿਣਤੀ ਵਿੱਚ ਇਲਾਕਾ ਵਾਸੀ ਤੇ ਸਮਰਥਕ ਹਾਜ਼ਰ ਰਹੇ।

ਜਾਗਦੇ ਰਹੋ ਕਲੱਬ ਨੇ ਖ਼ੂਨਦਾਨ ਕੈਂਪ ਲਾਇਆ

ਪਟਿਆਲਾ (ਰਾਜਿੰਦਰ ਸਿੰਘ ਥਿੰਦ)- ਜਾਗਦੇ ਰਹੋ ਕਲੱਬ ਪਟਿਆਲਾ ਨੇ ਲੱਖ ਦਾਤਾ ਲਾਲਾਂ ਵਾਲਾ ਪੀਰ ਦਰਗਾਹ ਸ਼ਰੀਫ ਪਿੰਡ ਚਨਾਰਥਲ ਕਲਾਂ ਵਿਖੇ ਖ਼ੂਨਦਾਨ ਕੈਂਪ ਲਗਾਇਆ।ਖ਼ੂਨਦਾਨ ਕੈਂਪ ਦਾ ਰਸਮੀ ਉਦਘਾਟਨ ਮੁੱਖ ਸੇਵਾਦਾਰ ਕੁਲਦੀਪ ਸਿੰਘ ਨੇ ਖ਼ੁਦ ਖ਼ੂਨ ਦਾਨ ਕਰਕੇ

ਕੀਤਾ।ਖ਼ੂਨਦਾਨ ਕੈਂਪ ਵਿੱਚ ਗੁਰਪ੍ਰੀਤ ਸਿੰਘ, ਜਸਵੰਤ ਸਿੰਘ, ਤੇਜਿੰਦਰ ਸਿੰਘ, ਸੁਖਵਿੰਦਰ ਸਿੰਘ, ਜਸਪਾਲ ਸਿੰਘ, ਕਰਮਜੀਤ ਸਿੰਘ, ਪ੍ਰਦੀਪ ਸਿੰਘ, ਮਨੀਸ਼ ਖਾਨ, ਗੌਰਵ ਸ਼ਰਮਾ, ਕੇਸਰ ਸਿੰਘ ਤੇ ਰੁਪਨੀਤ ਕੌਰ ਸਮੇਤ 28 ਖ਼ੂਨਦਾਨੀਆਂ ਨੇ ਖ਼ੂਨ ਦਾਨ ਕੀਤਾ। ਇਸ ਮੌਕੇ ਮੁੱਖ ਸੇਵਾਦਾਰ ਕੁਲਦੀਪ ਸਿੰਘ ਨੇ ਕਿਹਾ ਕਿ ਖ਼ੂਨ ਦਾਨ ਸਭ ਤੋਂ ਵੱਡਾ ਦਾਨ ਹੈ, ਜੋ ਕਿ ਹਰ ਇੱਕ ਇਨਸਾਨ ਨੂੰ ਦਾਨ ਕਰਨਾ ਚਾਹੀਦਾ ਹੈ।ਤੁਹਾਡਾ ਦਿੱਤਾ ਹੋਇਆ ਖ਼ੂਨ ਅਨਮੋਲ ਜ਼ਿੰਦਗੀਆਂ ਬਚਾਉਣ ਵਿੱਚ ਸਹਾਈ ਹੁੰਦਾ ਹੈ।ਮੁੱਖ ਸੇਵਾਦਾਰ ਕੁਲਦੀਪ ਸਿੰਘ ਵੱਲੋਂ ਸਮੂਹ ਖ਼ੂਨਦਾਨੀਆਂ ਨੂੰ ਮੈਡਲ ਤੇ ਸਰਟੀਫਿਕੇਟ ਦੇ ਕੇ ਸਨਮਾਨਤ ਕੀਤਾ ਗਿਆ।ਇਸ ਮੌਕੇ ਮੁੱਖ ਸੇਵਾਦਾਰ ਕੁਲਦੀਪ ਸਿੰਘ, ਜਸਵੀਰ ਸਿੰਘ, ਬਲਵਿੰਦਰ ਸਿੰਘ, ਹਰਿੰਦਰ ਸਿੰਘ, ਦਿਲਰਾਜ ਖਾਨ, ਰੀਨਾ ਖਾਨ ਤੇ ਹਰਕ੍ਰਿਸ਼ਨ ਸਿੰਘ ਸੁਰਜੀਤ ਆਦਿ ਹਾਜ਼ਰ ਸੀ।

ਵਾਰਡ ਨੰਬਰ 14 ਦੇ ਆਜ਼ਾਦ ਉਮੀਦਵਾਰ ਸੰਦੀਪ ਤਾਇਲ ਵੱਲੋਂ ਚੋਣ ਪ੍ਰਚਾਰ

ਧੂਰੀ (ਮਨੋਹਰ ਸਿੰਘ ਸੱਗੂ)- ਨਗਰ ਕੌਂਸਲ ਧੂਰੀ ਦੀ ਚੋਣ 'ਚ ਵਾਰਡ ਨੰਬਰ-14 ਤੋਂ ਆਜ਼ਾਦ ਉਮੀਦਵਾਰ ਵਜੋਂ ਚੋਣ ਮੈਦਾਨ 'ਚ ਕਿਸਮਤ ਅਜ਼ਮਾਈ ਕਰ ਰਹੇ ਨਗਰ ਕੌਂਸਲ ਦੇ ਸਾਬਕਾ ਪ੍ਰਧਾਨ ਸੰਦੀਪ ਤਾਇਲ ਪੱਪੂ ਜੌਲੀ ਨੇ ਅੱਜ ਆਪਣੇ ਚੋਣ ਪ੍ਰਚਾਰ ਦੌਰਾਨ ਜਿੱਥੇ ਘਰ ਘਰ ਜਾ ਕੇ ਵੋਟਾਂ ਮੰਗੀਆਂ, ਉਥੇ ਆਪਣੇ ਸਮਰਥਕਾਂ ਦੇ ਵੱਡੇ ਇਕੱਠ ਨਾਲ ਵਾਰਡ ਅੰਦਰ ਚੋਣ ਰੈਲੀ ਕੱਢੀ। ਇਸ ਮੌਕੇ ਸੰਦੀਪ ਤਾਇਲ ਨੇ ਵੋਟਰਾਂ ਨੂੰ ਅਪੀਲ ਕੀਤੀ ਕਿ ਤੁਸੀ ਮੈਨੂੰ ਸੇਵਾ ਦਾ ਮੌਕਾ ਦਿਓ, ਮੈਂ ਅੱਧੀ ਰਾਤ ਬੋਲ ਮਾਰਨ 'ਤੇ ਤੁਹਾਡੀ ਸੇਵਾ 'ਚ ਹਾਜ਼ਰ ਹੋਵਾਂਗਾ।ਉਨ੍ਹਾਂ ਕਿਹਾ ਕਿ ਭਾਵੇਂ ਆਜ਼ਾਦ ਉਮੀਦਵਾਰ ਵਜੋਂ ਚੋਣ ਲੜ ਰਿਹਾ ਹਾਂ, ਪਰ ਮੈਂ ਤੁਹਾਨੂੰ ਵਿਸ਼ਵਾਸ ਦਿਵਾਉਂਦਾ ਹਾਂ ਕਿ ਜਿੱਤਣ ਤੋਂ ਬਾਅਦ ਤੁਹਾਡੇ ਕੰਮ ਨਹੀਂ ਰੁਕਣ ਦਿਆਂਗਾ ਤੇ ਵਾਰਡ ਦਾ ਸਰਬਪੱਖੀ ਵਿਕਾਸ ਕਰਾਵਾਂਗਾ।ਉਨ੍ਹਾ ਕਿਹਾ ਕਿ ਜ਼ਮੀਨ ਨਾਲ ਜੁੜਿਆ ਇਨਸਾਨ ਹੀ ਸਹੀ ਅਰਥਾਂ 'ਚ ਲੋਕ ਸੇਵਾ ਕਰ ਸਕਦਾ ਹੈ।

ਇੱਕ ਪਾਣੀ ਦੀ ਬੂੰਦ-ਬੂੰਦ ਨੂੰ ਤਰਸੇ, ਦੂਜੇ ਉਸੇ ਪਾਣੀ ਨਾਲ ਸਬਜ਼ੀਆਂ ਸਿੰਜਦੇ ਬਾਹੂਬਲੀ

ਤਲਵੰਡੀ ਸਾਬੋ 'ਚ ਪੀਣ ਦੇ ਪਾਣੀ ਦੀ ਚੋਰੀ ਅਤੇ ਚੋਰੀ ਦੇ ਨਾਲ ਸੀਨਾਜ਼ੋਰੀ

ਤਲਵੰਡੀ ਸਾਬੋ (ਜਗਦੀਪ ਗਿੱਲ)- ਪੀਣ ਵਾਲੇ ਪਾਣੀ ਦੀ ਬੂੰਦ ਬੂੰਦ ਨੂੰ ਤਰਸ ਰਹੇ ਤਲਵੰਡੀ ਸਾਬੋ ਦੇ ਸੈਂਕੜੇ ਪੀੜਤ ਲੋਕ ਜਿੱਥੇ ਮਹਿਕਮਾ ਵਾਟਰ ਸਪਲਾਈ ਦੇ ਅਧਿਕਾਰੀਆਂ ਕੋਲ ਹਾਲ ਪਾਹਰਿਆ ਕਰਦੇ ਨਜ਼ਰੀਂ ਪੈ ਰਹੇ ਹਨ, ਉੱਥੇ ਬਹੁਤ ਸਾਰੇ ਇੱਥੋਂ ਦੇ ਬਾਹੂਬਲੀ ਅਜਿਹੇ ਵੀ ਹਨ, ਜਿਹੜੇ ਦੂਸਰਿਆਂ ਦਾ ਹੱਕ ਖਾ ਕੇ ਜਾਂ ਉਸ ਹੱਕ ਨੂੰ ਆਪਣੇ ਲਈ ਇਸਤੇਮਾਲ ਕਰਦਿਆਂ ਪੀਣ ਦੇ ਪਾਣੀ ਨੂੰ ਆਪਣੇ ਖੇਤ ਸਿੰਜਣ ਲਈ ਵੀ ਵਰਤ ਰਹੇ ਹਨ।ਕਾਂ ਅੱਖ ਨਿਕਲਦੀ ਵਰਗੀ ਗਰਮੀ ਤੇ ਅਸਮਾਨੋਂ ਵਰ੍ਹਦੀ ਅੱਗ ਵਰਗੇ ਮੌਸਮ ਨੇ ਜਦੋਂ ਲੋਕਾਂ ਦਾ ਘਰਾਂ ਤੋਂ ਬਾਹਰ ਨਿਕਲਣਾ ਵੀ ਮੁਸ਼ਕਲ ਕੀਤਾ ਪਿਆ ਹੈ ਤਾਂ ਅਜਿਹੇ ਵਕਤ ਪੀਣ ਦੇ ਪਾਣੀ ਦੀ ਇੱਥੋਂ ਦੇ

ਕਈ ਇਲਾਕਿਆਂ ਵਿੱਚ ਥੁੜ ਤੇ ਕਈ ਇਲਾਕਿਆਂ ਵਿੱਚ ਪਏ ਪਾਣੀ ਦੇ ਅਕਾਲ ਨੇ ਮਰਨਊ ਹਾਲਤਾਂ ਵਰਗੀ ਸਥਿਤੀ ਪੈਦਾ ਕਰ ਦਿੱਤੀ ਨਜ਼ਰੀਂ ਪੈ ਰਹੀ ਹੈ। ਇੱਥੋਂ ਦੇ ਸੰਗਤ ਰੋਡ, ਰੋੜੀ ਰੋਡ, ਬਠਿੰਡਾ ਰੋਡ ਤੇ ਲਾਲੇਆਣਾ ਵੰਗੀਆਂ ਰੋਡ ਵਰਗੇ ਕਈ ਉਹ ਇਲਾਕੇ ਹਨ, ਜਿੱਥੇ ਪੀਣ ਵਾਲੇ ਪਾਣੀ ਦੀ ਵਿਵਸਥਾ ਤਾਂ ਹੈ, ਪ੍ਰੰਤੂ ਪਾਣੀ ਦੀ ਅਸਾਵੀਂ ਵੰਡ ਤੇ ਅਧਿਕਾਰੀਆਂ ਦੀ ਬੇਧਿਆਨੀ ਦੇ ਚਲਦਿਆਂ ਹਜ਼ਾਰਾਂ ਲੋਕਾਂ ਨੂੰ ਰੱਬ ਦੇ ਰਹਿਮ ਉੱਪਰ ਛੱਡ ਦਿੱਤਾ ਗਿਆ ਨਜ਼ਰੀਂ ਪੈ ਰਿਹਾ ਹੈ। ਲੰਘੇ ਦਿਨ ਮਹਿਕਮਾ ਵਾਟਰ ਸਪਲਾਈ ਦੀ ਇੱਕ ਟੀਮ ਨੇ ਸਿਖਰ ਦੁਪਹਿਰੇ ਜਦੋਂ ਲਾਲੇਆਣਾ ਵੰਗੀਆਂ ਰੋਡ ਉੱਪਰ ਕੁਝ ਇਲਾਕਿਆਂ ਦਾ ਦੌਰਾ ਕੀਤਾ ਤਾਂ ਦਰਜਨਾਂ ਲੋਕ ਉਕਤ ਪਾਣੀ ਨਾਲ ਆਪਣੇ ਖੇਤਾਂ ਤੇ ਸਬਜ਼ੀਆਂ ਵਗੈਰਾ ਲਈ ਪੀਣ ਵਾਲਾ ਉਹ ਪਾਣੀ ਅਜਾਈਂ ਵਹਾਉਂਦੇ ਵੇਖੇ ਗਏ, ਜਿਸ ਪਾਣੀ ਦੀ ਬੂੰਦ ਬੂੰਦ ਨੂੰ ਇੱਥੋਂ ਦੇ ਹਜ਼ਾਰਾਂ ਲੋਕ ਤਰਸੇ ਪਏ ਦੱਸੇ ਜਾ ਰਹੇ ਹਨ।ਇਸ ਤੋਂ ਬਿਨਾਂ ਉਨ੍ਹਾਂ ਲੋਕਾਂ ਦੀ ਗਿਣਤੀ ਵੀ ਕਈ ਦਰਜਨਾਂ ਵਿੱਚ ਹੈ, ਜਿਨਾਂ ਨੇ ਨਾ ਤਾਂ ਕਦੇ ਮਹਿਕਮਾ ਵਾਟਰ ਸਪਲਾਈ ਤੋਂ ਪੀਣ ਦੇ ਪਾਣੀ ਦਾ ਕੋਈ ਅਧਿਕਾਰਤ ਕਨੈਕਸ਼ਨ ਲਿਆ ਹੈ ਤੇ ਨਾ ਹੀ ਮਹਿਕਮੇ ਦੀ ਅਧਿਕਾਰਤ ਫੀਸ (ਬਿਲ) ਦਾ ਭੁਗਤਾਨ ਕਰਦੇ ਹਨ, ਸਗੋਂ ਪੀਣ ਵਾਲੇ ਪਾਣੀ ਦੀ ਨਾ ਸਿਰਫ ਉਹ ਕਥਿਤ ਤੌਰ 'ਤੇ ਚੋਰੀ ਕਰਦੇ ਹਨ ਸਗੋਂ ਚੋਰੀ ਦੇ ਨਾਲ ਸੀਨਾ ਜ਼ੋਰੀ ਦਾ ਵੀ ਪ੍ਰਗਟਾਵਾ ਕਰਦੇ ਨਜ਼ਰੀਂ ਪੈ ਰਹੇ ਹਨ। ਇਸ ਸਮੁੱਚੇ ਵਰਤਾਰੇ ਦੇ ਸੰਬੰਧ ਵਿੱਚ ਪੱਖ ਜਾਨਣ ਲਈ ਜਦੋਂ ਮਹਿਕਮਾ ਵਾਟਰ ਸਪਲਾਈ ਤਲਵੰਡੀ ਸਾਬੋ ਦੇ ਐੱਸ ਡੀ ਓ ਸ੍ਰੀ ਕਾਰਤਿਕ ਗੁਪਤਾ ਨਾਲ ਸੰਪਰਕ ਕੀਤਾ ਗਿਆ ਤਾਂ ਉਨ੍ਹਾਂ ਕਿਹਾ ਕਿ ਉਹ ਸਾਰੀਆਂ ਪਰਸਥਿਤੀਆਂ ਨੂੰ ਚੈੱਕ ਕਰਵਾ ਕੇ ਯੋਗ ਕਾਰਵਾਈ ਕਰਵਾਉਣਗੇ।

ਸੜਕ ਹਾਦਸੇ 'ਚ ਪਤੀ-ਪਤਨੀ ਜ਼ਖਮੀਂ

ਫਿਰੋਜ਼ਪੁਰ (ਅਸ਼ੋਕ ਸ਼ਰਮਾ) ਫਿਰੋਜ਼ਪੁਰ ਵਿਖੇ ਐਕਟਿਵਾ ਨੂੰ ਇਕ ਵਹੀਕਲ ਚਾਲਕ ਵੱਲੋਂ ਫੇਟ ਮਾਰਨ 'ਤੇ ਪਤੀ-ਪਤਨੀ ਦੇ ਜ਼ਖਮੀਂ ਹੋਣ ਦੀ ਖਬਰ ਮਿਲੀ ਹੈ। ਇਸ ਸਬੰਧੀ ਥਾਣਾ ਸਦਰ ਫਿਰੋਜ਼ਪੁਰ ਪੁਲਸ ਨੇ ਇਕ ਵਹੀਕਲ ਚਾਲਕ ਖਿਲਾਫ ਮਾਮਲਾ ਦਰਜ ਕੀਤਾ ਹੈ।

ਪੁਲਸ ਨੂੰ ਦਿੱਤੇ ਬਿਆਨਾਂ ਵਿਚ ਸਤਪਾਲ ਪੁੱਤਰ ਅਮਰ ਨਾਥ ਵਾਸੀ ਮਕਾਨ ਨੰਬਰ 1, ਗਲੀ ਨੰਬਰ 1, ਵਿਕਾਸ ਵਿਹਾਰ ਨੇ ਦੱਸਿਆ ਕਿ ਉਹ ਅਪਾਣੀ ਸਕੂਟਰੀ ਐਕਟਿਵਾ 'ਤੇ ਆਪਣੀ ਪਤਨੀ ਨੂੰ ਪਿੱਛੇ ਬਿਠਾ ਕੇ ਆ ਰਿਹਾ ਸੀ ਤਾਂ ਰਾਜਨ ਵਧਾਵਨ ਪੁੱਤਰ ਵਿਜੈ ਕੁਮਾਰ ਵਧਾਵਨ ਵਾਸੀ ਮਕਾਨ ਨੰਬਰ 24, ਪ੍ਰੀਤ ਨਗਰ ਫਿਰੋਜ਼ਪੁਰ ਸ਼ਹਿਰ ਨੇ ਆਪਣੇ ਵਹੀਕਲ ਨਾਲ ਫੇਟ ਉਨ੍ਹਾਂ ਦੀ ਐਕਟਿਵਾ ਨੂੰ ਫੇਟ ਮਾਰੀ ਤੇ ਉਹ ਦੋਵੇਂ ਹੇਠਾਂ ਡਿੱਗ ਕੇ ਜ਼ਖਮੀਂ ਹੋ ਗਏ। ਸਤਪਾਲ ਨੇ ਦੱਸਿਆ ਕਿ ਉਨ੍ਹਾਂ ਦਾ ਇਲਾਜ ਸਿਵਲ ਹਸਪਤਾਲ ਫਿਰੋਜ਼ਪੁਰ ਵਿਖੇ ਚੱਲ ਰਿਹਾ ਹੈ। ਇਸ ਮਾਮਲੇ ਦੀ ਜਾਂਚ ਕਰ ਰਹੇ ਸਹਾਇਕ ਥਾਣੇਦਾਰ ਸੇਵਕ ਸਿੰਘ ਨੇ ਦੱਸਿਆ ਕਿ ਪੁਲਸ ਨੇ ਸ਼ਿਕਾਇਤਕਰਤਾ ਸਤਪਾਲ ਦੇ ਬਿਆਨਾਂ 'ਤੇ ਵਹੀਕਲ ਚਾਲਕ ਖਿਲਾਫ ਮਾਮਲਾ ਦਰਜ ਕਰਕੇ ਅੱਗੇ ਦੀ ਕਾਰਵਾਈ ਕੀਤੀ ਜਾ ਰਹੀ ਹੈ।

ਵਾਰਡ ਨੰਬਰ 5 ਤੋਂ 'ਆਪ' ਉਮੀਦਵਾਰ ਸੁਨੀਤਾ ਮੈਨਰੋ ਦਾ ਪੱਲੜਾ ਭਾਰੀ

ਰਾਜਪੁਰਾ (ਰਮੇਸ਼ ਕਟਾਰੀਆ)- ਨਗਰ ਕੌਂਸਲ ਚੋਣਾਂ ਲਈ ਵਾਰਡ ਨੰਬਰ 5 ਤੋਂ ਆਮ ਆਦਮੀ ਪਾਰਟੀ ਦੀ ਉਮੀਦਵਾਰ ਸ਼੍ਰੀਮਤੀ ਸੁਨੀਤਾ ਮੈਨਰੋ ਦੀ ਚੋਣ ਮੀਟਿੰਗਾਂ ਰੈਲੀ ਦਾ ਰੂਪ ਧਾਰਨ ਕਰ ਰਹੀਆਂ ਹਨ। ਸ਼੍ਰੀਮਤੀ ਸੁਨੀਤਾ ਮੈਨਰੋ ਦੇ ਚੋਣ ਪ੍ਰਚਾਰ ਦੀ ਕਮਾਨ ਉਨ੍ਹਾਂ ਦੇ ਪਤੀ ਤੇ ਪਾਰਟੀ ਕੁਆਡੀਨੇਟਰ ਵਿਜੈ ਕੁਮਾਰ ਮੈਨਰੋ ਨੇ ਸੰਭਾਲੀ ਹੋਈ ਹੈ, ਜਿਸ ਤਹਿਤ ਚੋਣ ਰੈਲੀ ਕੀਤੀ ਗਈ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਵਿਧਾਇਕ ਦੇ ਪਤੀ ਅਜੇ ਮਿੱਤਲ ਨੇ ਰੈਲੀ ਨੂੰ ਸੰਬੋਧਿਤ ਕਰਦਿਆਂ ਕਿਹਾ ਕਿ ਮੈਨਰੋ ਪਰਿਵਾਰ ਸੱਚਾ

ਤੇ ਇਮਾਨਦਾਰ ਪਰਿਵਾਰ ਹੈ, ਇਹ ਹੀ ਵਾਰਡ ਦੇ ਕੰਮ ਪੂਰੀ ਇਮਾਨਦਾਰੀ ਨਾਲ ਕਰਵਾ ਸਕਦੇ ਹਨ। ਇਸ ਮੌਕੇ ਵਾਰਡ ਦੇ ਪ੍ਰਮੁੱਖ ਲੋਕਾਂ ਨੇ ਵੀ ਉਨ੍ਹਾਂ ਨੂੰ ਪੂਰਾ ਪੂਰਾ ਸਮਰਥਨ ਦੇਣ ਦਾ ਐਲਾਨ ਕਰ ਦਿੱਤਾ ਹੈ, ਜਿਸ ਨਾਲ ਮੈਨਰੋ ਪਰਿਵਾਰ ਦੀ ਸਥਿਤੀ ਇਸ ਵੇਲੇ ਸਭ ਤੋਂ ਉੱਪਰ ਹੈ।

ਅਕਾਲੀ ਉਮੀਦਵਾਰ ਸ਼ਾਨ ਨਾਲ ਜਿੱਤਣਗੇ : ਹਨੀ ਫੱਤਣਵਾਲਾ

ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ ਸਿੰਘ)- ਵਾਰਡ ਨੰਬਰ 10 ਤੋਂ ਨਗਰ ਕੌਂਸਲ ਚੋਣਾਂ ਲੜ ਰਹੇ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰ ਸੁਰਿੰਦਰ ਸਿੰਘ ਛਿੰਦਾ ਖੱਤਰੀ ਨੂੰ ਭਾਰੀ ਬਹੁਮੱਤ ਨਾਲ ਜਿਤਾਉਣ ਲਈ ਸੁਖਵਿੰਦਰ ਸਿੰਘ ਸੰਧੂ ਦੇ ਘਰ ਵਿਖੇ ਸ਼੍ਰੋਮਣੀ ਅਕਾਲੀ ਦਲ ਦੇ ਸਾਬਕਾ ਜਨਰਲ ਸਕੱਤਰ ਜਗਜੀਤ ਸਿੰਘ ਬਰਾੜ ਹਨੀ ਫੱਤਣਵਾਲਾ ਵੱਲੋਂ ਵੋਟਰਾਂ ਨਾਲ ਮੀਟਿੰਗ ਕੀਤੀ ਗਈ।ਇਸ ਮੀਟਿੰਗ ਵਿੱਚ ਵਾਰਡ ਨੰਬਰ 10 ਦੇ ਸੂਝਵਾਨ ਵੋਟਰ ਸ਼ਾਮਲ ਹੋਏ।ਮੀਟਿੰਗ ਨੂੰ ਸੰਬੋਧਨ ਕਰਦਿਆਂ ਹਨੀ ਫੱਤਣਵਾਲਾ ਨੇ ਵਾਰਡ ਵਾਸੀਆਂ ਨੂੰ ਇਸ ਵਾਰਡ ਦੇ ਮਿਹਨਤੀ ਤੇ ਇਮਾਨਦਾਰ ਉਮੀਦਵਾਰ ਸੁਰਿੰਦਰ ਸਿੰਘ ਛਿੰਦਾ ਨੂੰ ਵੱਧ ਤੋਂ ਵੱਧ ਵੋਟਾਂ ਪਾ ਕੇ ਜਿਤਾਉਣ ਲਈ ਅਪੀਲ ਕੀਤੀ।ਇਸ ਦੌਰਾਨ ਸਮੂਹ ਵਾਰਡ ਵਾਸੀਆਂ ਵੱਲੋਂ ਵਿਸ਼ਵਾਸ ਦਿਵਾਇਆ ਗਿਆ ਕਿ ਉਹ ਸੁਰਿੰਦਰ ਸਿੰਘ ਛਿੰਦਾ ਖੱਤਰੀ ਨੂੰ ਭਾਰੀ ਬਹੁਮਤ ਨਾਲ ਜਿਤਾ ਕੇ ਵਾਰਡ ਨੰਬਰ 10 ਦਾ ਕੌਂਸਲਰ ਬਣਾਉਣਗੇ ਤੇ ਇਸ ਵਾਰਡ ਦਾ ਸਰਵ ਪੱਖੀ ਵਿਕਾਸ ਕਰਵਾਉਣਗੇ। ਇਸ ਮੌਕੇ ਹਰਮਨ ਸੰਧੂ, ਹਰਿੰਦਰ ਸਿੰਘ ਹੈਰੀ, ਗੁਰਪਾਲ ਸਿੰਘ ਪਾਲੀ, ਮੁਕੇਸ਼ ਕੁਮਾਰ, ਬਲਵਿੰਦਰ ਸਿੰਘ ਗੋਨਿਆਣਾ, ਗੋਲੂ ਚੌਧਰੀ, ਦੀਪਾ ਸਿੰਘ, ਮਨੂੰ ਬੇਦੀ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਵਾਰਡ ਦੇ ਪਤਵੰਤੇ ਹਾਜ਼ਰ ਸਨ।

ਸ਼ਾਇਰ ਐੱਸ. ਨਸੀਮ ਦੀ ਪੁਸਤਕ 'ਸਪੁਰਦਗੀ' ਲੋਕ ਅਰਪਣ

ਸਮਰਾਲਾ (ਸੁਰਜੀਤ ਸਿੰਘ)- ਗ਼ਜ਼ਲਗੋ ਐੱਸ ਨਸੀਮ ਦੀ ਗ਼ਜ਼ਲਾਂ ਦੀ ਪੁਸਤਕ 'ਸਪੁਰਦਗੀ' ਮਾਛੀਵਾੜਾ ਦੇ ਸਰਕਾਰੀ ਕਾਲਜ ਵਿੱਚ ਵੱਡੀ ਗਿਣਤੀ ਵਿਚ ਪਹੁੰਚੇ ਸ਼ਾਇਰਾਂ ਦੀ ਹਾਜ਼ਰੀ ਵਿੱਚ ਰਿਲੀਜ਼ ਕੀਤੀ ਗਈ।ਐੱਸ. ਨਸੀਮ ਦੀ ਰਚਨਾ ਪ੍ਰਕਿਰਿਆ ਤੇ ਗ਼ਜ਼ਲ ਦੀ ਸਮੁੱਚੀ ਵਿਧਾ ਤੇ ਵੱਖ ਵੱਖ ਬੁਲਾਰਿਆਂ ਨੇ ਆਪੋ ਆਪਣੇ ਵਿਚਾਰ ਪੇਸ਼ ਕੀਤੇ।ਇਸ ਮੌਕੇ ਮੁੱਖ ਵਕਤਾ ਡਾ. ਜਗਵਿੰਦਰ ਸਿੰਘ ਜੋਧਾ ਨੇ ਗ਼ਜ਼ਲ ਵਿਧਾ 'ਤੇ ਵਿਸਥਾਰ ਪੂਰਵਕ ਆਪਣੇ ਵਿਚਾਰ ਰੱਖੇ।ਉਨ੍ਹਾਂ ਕਿਹਾ ਉਰਦੂ ਭਾਸ਼ਾ ਇੱਕ ਤਰੀਕਾ-ਏ-ਜ਼ੁਬਾਨ ਹੈ।ਇਸ ਜ਼ੁਬਾਨ ਨੂੰ ਸ਼ਾਇਰਾਂ ਨੇ ਗ਼ਲਤ ਢੰਗ ਨਾਲ ਪੇਸ਼ ਕੀਤਾ ਹੈ।ਉਨ੍ਹਾਂ ਕਿਹਾ ਕਿ ਅੱਜ ਮਸਨੂਈ ਬੁੱਧੀਮਤਾ ਰਾਹੀਂ ਕਾਵਿ ਰਚਨਾਵਾਂ ਦਾ ਦੌਰ ਚਲ ਪਿਆ ਹੈ।ਉਨ੍ਹਾਂ ਕਿਹਾ ਕਿ ਮਸਨੂਈ ਬੁੱਧੀਮਤਾ ਸੰਵੇਦਨਸ਼ੀਲ ਨਾ ਹੋਣ ਕਾਰਨ ਅਸਲ ਕਵਿਤਾ ਦੀ ਰਚਨਾ ਨਹੀਂ ਕਰ ਸਕਦੀ।ਐੱਸ ਨਸੀਮ ਦੀ ਗ਼ਜ਼ਲਾਂ ਸਬੰਧੀ ਉਨ੍ਹਾਂ ਕਿਹਾ ਕਿ ਐੱਸ ਨਸੀਮ ਇੱਕ ਮਹਾਨ ਗ਼ਜ਼ਲਗੋ ਹੈ, ਪਰ ਇਸ ਨੂੰ ਘੱਟ ਗੌਲਿਆ ਗਿਆ ਹੈ। ਉਨ੍ਹਾਂ ਕਿਹਾ ਕਿ ਨਸੀਮ ਨੇ ਆਪਣੀਆਂ ਗ਼ਜ਼ਲਾਂ ਵਿੱਚ ਨਵੀਂ ਤਰਾਂ ਦੇ ਕਾਫੀਏ ਸਿਰਜੇ ਹਨ।ਗਿਆਨ ਦੀ ਵਿਆਖਿਆ ਕਰਨ ਲਈ ਸ਼ਿਅਰ ਇੱਕ ਇਕਾਈ ਹੈ। ਉਨ੍ਹਾਂ ਕਿਹਾ ਕਿ ਨਸੀਮ ਨੇ

ਗ਼ਜ਼ਲਾਂ ਵਿਚ ਲੰਮੀਆਂ ਰਦੀਫ਼ਾਂ ਸਿਰਜੀਆਂ ਹਨ।ਉਹ ਗ਼ਜ਼ਲ ਦੀ ਰਚਨਾ ਕਰਨ ਵੇਲੇ ਭਾਸ਼ਾ ਨੂੰ ਲਚਕਦਾਰ ਬਣਾਉਂਦਾ ਹੈ। ਉਨ੍ਹਾਂ ਗ਼ਜ਼ਲ ਵਿਧੀ ਵਿਧਾਨ ਬਾਰੇ ਵਿਸਥਾਰ ਨਾਲ ਗੱਲ ਕਰਦਿਆਂ ਕਿਹਾ ਕਿ ਸ਼ਾਇਰ ਨਵੇਂ ਸ਼ਬਦ ਘੜਦਾ ਹੈ, ਤੇ ਸ਼ਬਦਾਂ ਨਾਲ ਖੇਡਦਾ ਹੈ।ਉਨ੍ਹਾਂ ਭਾਸ਼ਾ ਵਿਗਿਆਨਕ ਨਜ਼ਰੀਏ ਨਾਲ ਗ਼ਜ਼ਲਾਂ ਦੀ ਵਿਆਖਿਆ ਕਰਦਿਆਂ ਕਿਹਾ ਕਿ ਨਸੀਮ ਦੀ ਗ਼ਜ਼ਲ ਸਿਰਜਣਾ ਦੀ ਅਜਿਹੀ ਕਾਰੀਗਰੀ ਹੈ ਕਿ ਉਹ ਰਚਨਾ ਨੂੰ ਚਮਕਾ ਦਿੰਦਾ ਹੈ।ਉਨ੍ਹਾਂ ਕਿਹਾ ਕਿ ਗ਼ਜ਼ਲ ਪੜ੍ਹ ਕੇ ਪਾਠਕ ਨੂੰ ਨਸੀਮ ਦੀ ਯੋਗਤਾ ਦਾ ਅਹਿਸਾਸ ਹੁੰਦਾ ਹੈ।ਇਸ ਮੌਕੇ ਐਡਵੋਕੇਟ ਦਲਜੀਤ ਸਿੰਘ ਸ਼ਾਹੀ, ਰਘਬੀਰ ਭਰਤ, ਹਰਨਾਮ ਸਿੰਘ ਡੱਲਾ ਤੇ ਡਾ. ਹਰਦੀਪ ਸਿੰਘ ਸ਼ਾਹੀ ਨੇ ਵੀ ਨਸੀਮ ਦੀ ਗ਼ਜ਼ਲ ਰਚਨਾ ਪ੍ਰਕਿਰਿਆ ਬਾਰੇ ਆਪਣੇ ਵਿਚਾਰ ਪੇਸ਼ ਕੀਤੇ।ਡਾ. ਸ਼ਾਹੀ ਨੇ ਕਿਹਾ ਕਿ ਨਸੀਮ ਦੀ ਕਾਵਿ ਰਚਨਾ ਵੱਡੇ ਸਰੋਕਾਰਾਂ ਦੀ ਨੁਮਾਇੰਦਗੀ ਕਰਦੀ ਹੈ।ਉਸ ਦੀ ਰਚਨਾ ਪ੍ਰਕਿਰਿਆ ਵਿਚ ਬੌਧਿਕਤਾ, ਭਾਵੁਕਤਾ, ਅਧਿਆਤਮਿਕਤਾ ਤੇ ਸਮਾਜਿਕ ਸਰੋਕਾਰਾਂ ਦਾ ਜ਼ਿਕਰ ਹੈ।ਇਸ ਮੌਕੇ ਤਰਸੇਮ ਨੂਰ, ਡਾ ਯੋਗਰਾਜ ਅੰਗ੍ਰਿਸ਼ ਅਤੇ ਦੀਪ ਦਵਿੰਦਰ ਨੇ ਵੀ ਆਪਣੇ ਵਿਚਾਰ ਰੱਖੇ। ਮੰਚ ਤੇ ਡਾ ਯੋਗਰਾਜ ਆਂਗ੍ਰਿਸ਼, ਤਰਸੇਮ ਨੂਰ, ਦੀਪ ਦਵਿੰਦਰ ਸੁਸ਼ੋਭਿਤ ਰਹੇ। ਸਾਹਿਤ ਸਭਾ ਸ੍ਰੀ ਭੈਣੀ ਸਾਹਿਬ ਦੇ ਪ੍ਰਧਾਨ ਗੁਰਸੇਵਕ ਸਿੰਘ ਢਿੱਲੋਂ ਨੇ ਐਸ ਨਸੀਮ ਨੂੰ ਸਨਮਾਨਿਤ ਕੀਤਾ।ਇਸ ਮੌਕੇ ਸਾਹਿਤ ਸਭਾ ਮਾਛੀਵਾੜਾ ਨੇ ਡਾ. ਯੋਗਰਾਜ ਅੰਗਰਿਸ਼, ਦੀਪ ਦਵਿੰਦਰ, ਤਰਸੇਮ ਨੂਰ ਅਤੇ ਡਾ ਜਗਵਿੰਦਰ ਜੋਧਾ ਨੂੰ ਸਨਮਾਨਤ ਕੀਤਾ।ਰਚਨਾਵਾਂ ਦੇ ਦੌਰ ਵਿੱਚ ਹਾਜ਼ਰ ਕਵੀਆਂ ਨੇ ਆਪੋ ਆਪਣੇ ਕਲਾਮ ਪੇਸ਼ ਕੀਤੇ।ਐੱਸ ਨਸੀਮ ਨੇ ਸਾਰਿਆਂ ਦਾ ਧੰਨਵਾਦ ਕੀਤਾ।ਇਸ ਮੌਕੇ ਸਾਹਿਤ ਸਭਾ ਮਾਛੀਵਾੜਾ ਦੇ ਬਲਜਿੰਦਰ ਸਿੰਘ, ਮਲਕੀਤ ਸਿੰਘ, ਗੁਰਭਗਤ ਸਿੰਘ ਸਮੇਤ ਵੱਖ ਵੱਖ ਸਾਹਿਤ ਸਭਾਵਾਂ ਤੋਂ ਵੱਡੀ ਗਿਣਤੀ ਵਿਚ ਲੇਖਕ ਹਾਜ਼ਰ ਸਨ।ਪ੍ਰਿੰਸੀਪਲ ਨਿਰੰਜਨ ਸੂਖਮ ਨੇ ਮੰਚ ਸੰਚਾਲਨ ਬਾਖੂਬੀ ਨਿਭਾਇਆ।

ਗੁਰੂ ਨਾਨਕ ਕਾਲਜ ਵੱਲੋਂ ਭੀਖੀ 'ਚ ਦਾਖ਼ਲਾ ਤੇ ਰਜਿਸਟ੍ਰੇਸ਼ਨ ਸਹਾਇਤਾ ਕੇਂਦਰ ਦਾ ਉਦਘਾਟਨ

ਭੀਖੀ (ਧਰਮਵੀਰ ਸ਼ਰਮਾ)- ਇਲਾਕੇ ਦੀ ਸਿਰਮੌਰ ਤੇ ਖ਼ੁਦਮੁਖ਼ਤਿਆਰ ਵਿੱਦਿਅਕ ਸੰਸਥਾ ਗੁਰੂ ਨਾਨਕ ਕਾਲਜ ਬੁਢਲਾਡਾ (ਆਟੋਨੌਮਸ ਕਾਲਜ) ਵੱਲੋਂ ਵਿਦਿਆਰਥੀਆਂ ਤੇ ਮਾਪਿਆਂ ਦੀ ਸਹੂਲਤ ਲਈ ਇੱਕ ਬੇਹੱਦ ਸ਼ਲਾਘਾਯੋਗ ਤੇ ਨਵੀਂ ਪਹਿਲਕਦਮੀ ਕਰਦੇ ਹੋਏ ਭੀਖੀ ਦੇ ਬੱਸ ਸਟੈਂਡ ਦੇ ਅੰਦਰ ਇੱਕ ਵਿਸ਼ੇਸ਼ 'ਵਿਦਿਆਰਥੀ ਦਾਖ਼ਲਾ/ਰਜਿਸਟ੍ਰੇਸ਼ਨ ਸਹਾਇਤਾ ਕੇਂਦਰ' ਦਾ ਰਸਮੀ ਉਦਘਾਟਨ

ਕੀਤਾ ਗਿਆ। ਪ੍ਰਿੰਸੀਪਲ ਡਾ. ਨਰਿੰਦਰ ਸਿੰਘ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਸਹਾਇਤਾ ਕੇਂਦਰ ਨੂੰ ਖੋਲ੍ਹਣ ਦਾ ਮੁੱਖ ਮਕਸਦ ਉੱਚ ਸਿੱਖਿਆ ਹਾਸਲ ਕਰਨ ਦੇ ਵਿਦਿਆਰਥੀਆਂ ਤੇ ਵਿਦਿਆਰਥੀਆਂ ਨੂੰ ਉਨ੍ਹਾਂ ਦੇ ਭਵਿੱਖ ਤੇ ਰੁਚੀ ਮੁਤਾਬਕ ਸਹੀ ਕੋਰਸਾਂ ਦੀ ਚੋਣ ਕਰਨ ਵਿੱਚ ਮਦਦ ਕੀਤੀ ਜਾਵੇਗੀ।ਉਦਘਾਟਨੀ ਸਮਾਰੋਹ ਦੌਰਾਨ ਇਲਾਕੇ ਦੀਆਂ ਕਈ ਸਿਆਸੀ, ਸਮਾਜਿਕ ਤੇ ਧਾਰਮਿਕ ਸ਼ਖ਼ਸੀਅਤਾਂ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਈਆਂ।ਹਾਜ਼ਰ ਪਤਵੰਤਿਆਂ ਨੇ ਕਾਲਜ ਵੱਲੋਂ ਕੀਤੇ ਗਏ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕਰਦਿਆਂ ਕਿਹਾ ਕਿ ਇਹ ਕੇਂਦਰ ਪੇਂਡੂ ਖੇਤਰ ਦੇ ਬੱਚਿਆਂ ਨੂੰ ਉੱਚ ਸਿੱਖਿਆ ਨਾਲ ਜੋੜਨ ਲਈ ਮੀਲ ਦਾ ਪੱਥਰ ਸਾਬਿਤ ਹੋਵੇਗਾ।ਇਸ ਮੌਕੇ ਬੀਬੀ ਕਰਮਜੀਤ ਕੌਰ ਸਮਾਉਂ, ਰੂਬਲ ਸਿੰਘ ਧਲਿਓ, ਬਾਬਾ ਗੋਰਾ ਸਿੰਘ, ਜਥੇਦਾਰ ਬਲਜੀਤ ਸਿੰਘ, ਰਵਿੰਦਰ ਸਿੰਘ ਖੁਰਮੀ ਤੋਂ ਇਲਾਵਾ ਇਲਾਕੇ ਦੇ ਵੱਡੀ ਗਿਣਤੀ ਵਿੱਚ ਪਤਵੰਤੇ ਸੱਜਣ, ਵਿਦਿਆਰਥੀ ਤੇ ਕਾਲਜ ਸਟਾਫ਼ ਦੇ ਮੈਂਬਰ ਹਾਜ਼ਰ ਸਨ।

ਸਥਾਨਕ ਨਗਰ ਪੰਚਾਇਤ ਦੀ ਚੋਣ ਸਬੰਧੀ ਅਖੀਰਲੇ ਦਿਨ ਪ੍ਰਚਾਰ ਸਿਖਰਾਂ 'ਤੇ ਰਿਹਾ। ਵੋਟਰਾਂ ਦਾ ਸਮਰਥਨ ਜੁਟਾਉਣ ਲਈ ਲਹਿਰਾ ਮੁਹੱਬਤ ਦੇ ਵਾਰਡ ਨੰ: 5 ਤੋਂ ਆਜ਼ਾਦ ਉਮੀਦਵਾਰ ਗੁਰਮੀਤ ਕੌਰ ਪਤਨੀ ਕੁਲਵਿੰਦਰ ਸਿੰਘ ਕਿੰਦੀ ਦੇ ਹੱਕ ਵਿੱਚ ਸਾਬਕਾ ਪੰਚ ਇੰਦਰਜੀਤ ਸਿੰਘ, ਗੁਰਦਿਆਲ ਸਿੰਘ, ਗੁਰਜੀਤ ਸਿੰਘ, ਜਗਸੀਰ ਸਿੰਘ, ਬਿੰਦਾ ਸਿੰਘ, ਕੁਲਵਿੰਦਰ ਸਿੰਘ, ਭੋਲਾ ਸਿੰਘ, ਪ੍ਰਦੀਪ, ਰਘਵੀਰ ਸਿੰਘ, ਜਗਤਾਰ ਸਿੰਘ, ਕੁਲਦੀਪ ਸਿੰਘ, ਮਨੀ ਸਿੰਘ, ਇਕਬਾਲ ਸਿੰਘ ਤੇ ਮੰਗਾ ਸਿੰਘ ਵੱਡੀ ਗਿਣਤੀ ਸਮਰਥਕਾਂ ਨਾਲ ਘਰ-ਘਰ ਜਾ ਕੇ ਵੋਟਾਂ ਦੀ ਅਪੀਲ ਕਰਦੇ ਹੋਏ।

(ਫੋਟੋ ਤੇ ਵੇਰਵਾ : ਭੀਮ ਸੈਨ ਹਦਵਾਰੀਆ, ਲਹਿਰਾ ਮੁਹੱਬਤ)

ਨਗਰ ਪੰਚਾਇਤ ਲਹਿਰਾ ਮੁਹੱਬਤ ਲਈ 26 ਮਈ ਨੂੰ ਹੋ ਰਹੀਆਂ ਚੋਣਾਂ ਸੰਬੰਧੀ ਚੋਣ ਪ੍ਰਚਾਰ ਦੇ ਅਖੀਰਲੇ ਦਿਨ ਵਾਰਡ ਨੰ: 5 ਤੋਂ ਅਕਾਲੀ ਦਲ ਬਾਦਲ ਦੇ ਉਮੀਦਵਾਰ ਗੁਰਮੀਤ ਕੌਰ ਪਤਨੀ ਗੁਰਸੇਵਕ ਸਿੰਘ ਦੇ ਹੱਕ ਵਿੱਚ ਸਾਬਕਾ ਸਰਪੰਚ ਜਥੇ. ਸੁਖਪਾਲ ਸਿੰਘ ਸੁੱਖੀ, ਸਾਬਕਾ ਸਰਪੰਚ ਜਸਪਾਲ ਸਿੰਘ, ਸਾਬਕਾ ਕੌਂਸਲਰ ਮਨਪ੍ਰੀਤ ਸਿੰਘ ਨੰਬਰਦਾਰ, ਜਰਨੈਲ ਸਿੰਘ ਭੋਲਾ, ਗੁਰਸੇਵਕ ਸਿੰਘ, ਇਕਬਾਲ ਨੰਬਰਦਾਰ, ਜੋਗਿੰਦਰ ਗੁੰਮੀ (ਸ਼ੈਹ), ਗੁਰਜੀਤ ਕਾਕਾ, ਹਰਪਾਲ ਕਾਕਾ ਤੇ ਪਰਮਿੰਦਰ ਬਬਲਾ ਸਮੇਤ ਵੱਡੀ ਗਿਣਤੀ ਸਮਰਥਕ ਵਾਰਡ ਨੰ. 5 ਵਿਖੇ ਘਰ-ਘਰ ਜਾ ਕੇ ਵੋਟਾਂ ਦੀ ਅਪੀਲ ਕਰਦੇ ਹੋਏ।

(ਫੋਟੋ ਤੇ ਵੇਰਵਾ : ਭੀਮ ਸੈਨ ਹਦਵਾਰੀਆ)

ਟ੍ਰੈਫਿਕ ਪੁਲਸ ਦੋ ਹਜ਼ਾਰ ਦੇ ਚਲਾਨ ਬਦਲੇ ਇੱਕ ਹਜ਼ਾਰ ਲੈ ਕੇ ਸਰਕਾਰੀ ਖਜ਼ਾਨੇ ਨੂੰ ਲਗਾ ਰਹੀ ਚੂਨਾ

ਲੁਧਿਆਣਾ (ਸਤੀਸ਼ ਸਚਦੇਵਾ)- ਲੁਧਿਆਣਾ 'ਚ ਟ੍ਰੈਫਿਕ ਪੁਲਸ ਦੀ ਕਾਰਗੁਜ਼ਾਰੀ ਵੇਖਦਿਆਂ ਸਪੱਸ਼ਟ ਹੋਇਆ ਕਿ ਕਿਵੇਂ ਸੜਕਾਂ 'ਤੇ ਟ੍ਰੈਫਿਕ ਕੰਟਰੋਲ ਪੁਲਸ ਨੇ ਓਵਰ ਸਪੀਡ ਦੇ ਚਲਾਨ ਤੋਂ ਬਚਣ ਲਈ ਆਪਣੇ ਹੀ ਕਾਇਦੇ ਕਾਨੂੰਨ ਬਣਾਏ ਹੋਏ ਹਨ।ਜਮਹੂਰੀ ਅਧਿਕਾਰ ਸਭਾ ਪੰਜਾਬ ਤੇ ਤਰਕਸ਼ੀਲ ਸੁਸਾਇਟੀ ਦੇ ਆਗੂ ਜਸਵੰਤ ਜ਼ੀਰਖ ਨੇ ਦੱਸਿਆ ਕਿ ਉਹ ਅੱਜ ਦੁਪਹਿਰ 2 ਕੁ ਵਜੇ ਮੁੱਲਾਂਪੁਰ ਤੋਂ ਲੁਧਿਆਣਾ ਨੂੰ ਕਾਰ 'ਤੇ ਆ ਰਿਹਾ ਸੀ।ਲੁਧਿਆਣੇ ਇਸ ਰੋਡ 'ਤੇ ਬਣੇ ਪੁਲ ਉੱਪਰ ਚੜ੍ਹਦਿਆਂ ਥੋੜ੍ਹਾ ਅੱਗੇ ਟ੍ਰੈਫਿਕ ਪੁਲਸ ਨੇ ਨਾਕਾ ਲਾਇਆ ਹੋਇਆ ਸੀ।ਜਦੋਂ ਮੈਂ ਉਹ ਕਰਾਸ ਕਰਨ ਵਾਲਾ ਸੀ ਤਾਂ ਇੱਕ ਸਿਪਾਹੀ ਨੇ ਰੁਕਣ ਲਈ ਹੱਥ ਦਾ ਇਸ਼ਾਰਾ ਕੀਤਾ ਤਾਂ ਮੈਂ ਰੁਕ ਗਿਆ ਤੇ ਸ਼ੀਸ਼ਾ ਡਾਊਨ ਕਰਕੇ ਉਸ ਤੋਂ ਰੋਕਣ ਦੇ ਕਾਰਨ ਬਾਰੇ ਪੁੱਛਿਆ, ਤਾਂ ਉਸ ਨੇ ਕਿਹਾ ਕਿ ਆਪਣਾ ਡ੍ਰਾਈਵਿੰਗ ਲਾਈਸੈਂਸ ਦੇਵੋ।ਮੈਂ ਪੁੱਛਿਆ ਕਿ ਕੀ ਗੱਲ ਹੋ ਗਈ, ਤਾਂ ਉਸ ਕਿਹਾ ਕਿ ਤੁਹਾਡੀ ਗੱਡੀ ਓਵਰ ਸਪੀਡ 75 ਕਿ ਮੀ 'ਤੇ ਆ ਰਹੀ ਹੈ, ਇੱਥੇ 60 ਤੋਂ ਵੱਧ ਸਪੀਡ ਦੀ ਮਨਾਹੀ ਹੈ।ਮੈਂ ਕਿਹਾ ਕਿ ਮੈਂ ਤਾਂ ਸਪੀਡ ਕੰਟਰੋਲ ਵਿੱਚ ਹੀ ਰੱਖਦਾ ਹਾਂ, ਹੋ ਸਕਦਾ ਸੜਕ ਖਾਲੀ ਹੋਣ ਕਾਰਨ ਕੁੱਝ ਵੱਧ ਹੋ ਗਈ ਹੋਵੇ।ਮੈਂ ਲਾਈਸੈਂਸ ਉਸ ਨੂੰ ਫੜਾਉਂਦਿਆਂ ਪੁੱਛਿਆ ਕਿ ਕਿੰਨੇ ਪੈਸਿਆਂ ਦਾ ਇਹ ਚਲਾਨ? ਉਸ ਨੇ 2000/- ਰੁਪਏ ਦਾ ਕਹਿੰਦਿਆਂ ਕਿਹਾ ਕਿ ਤੁਹਾਡਾ ਲਾਈਸੈਂਸ ਤਿੰਨ ਮਹੀਨੇ ਬਾਅਦ ਮਿਲ ਜਾਏਗਾ, ਉਹ ਆਪਣੇ ਹੱਥ ਵਿੱਚ ਫੜੀ ਸਲਿੱਪ ਮਸ਼ੀਨ ਮੇਰੇ ਅੱਗੇ ਕਰਕੇ ਕਹਿਣ ਲੱਗਾ ਕਿ ਜੇ 2000/- ਰੁ. ਹੁਣੇ ਦੇਵੋਗੇ ਤਾਂ ਡ੍ਰਾਇਵਿੰਗ ਸਾਈਸੈਂਸ ਹੁਣੇ ਲੈ ਜਾਣਾ।ਮੈਂ 2000/- ਰੁ ਆਪਣੇ ਪਰਸ ਵਿੱਚੋਂ ਕੱਢ ਉਸ ਨੂੰ ਫੜਾਉਂਦਿਆਂ ਕਿਹਾ ਕਿ ਲੈ ਕੱਟੋ ਚਲਾਨ।ਉਸ ਨੇ ਥੋੜ੍ਹਾ ਸੋਚਦਿਆਂ 500/- ਮੈਨੂੰ ਵਾਪਸ ਕਰਦਿਆਂ ਕਿਹਾ ਕਿ 5 ਮਿੰਟ ਬਾਅਦ ਤੁਹਾਨੂੰ ਮੋਬਾਇਲ ਰਾਹੀਂ ਰਸੀਦ ਮਿਲ ਜਾਵੇਗੀ।ਮੈਂ ਪੁੱਛਿਆ ਕਿ ਇਹ 500/- ਵਾਪਸ ਕਿਉਂ ਕਰ ਰਹੇ ਹੋ? ਤਾਂ ਕਹਿੰਦਾ ਕੋਈ ਗੱਲ ਨਹੀਂ ਜੀ ਤੁਸੀਂ ਸੀਨੀਅਰ ਸਿਟੀਜਨ ਹੋ ਖਾ ਪੀ ਲੈਣਾ।ਮੈਂ ਸਮਝ ਗਿਆ ਕਿ ਇਹ ਬਾਕੀ 1500/- ਰੁ. ਹੜੱਪਣਾ ਚਾਹੁੰਦਾ ਹੈ, ਜਿਸ ਬਦਲੇ ਚਲਾਨ ਨਹੀਂ ਕੱਟੇਗਾ।ਉਹ 1500/- ਬਟੋਰ ਕੇ ਆਪਣੀ ਕਾਰ ਕੋਲ ਜਾ ਖੜ੍ਹਾ ਹੋਇਆ।ਮੈਂ ਵੀ ਕਾਰ 'ਚੋਂ ਉੱਤਰ ਕੇ ਉਸ ਕੋਲ ਚਲਾ ਗਿਆ ਤੇ ਕਿਹਾ ਕਿ ਤੁਸੀਂ ਕਿਹਾ ਕਿ ਰਸੀਦ 5 ਮਿੰਟ ਬਾਅਦ ਮਿਲੇਗੀ, ਮੈਂ ਚਲਾਨ ਦੀ ਰਸੀਦ ਹੁਣੇ ਹੀ ਲੈ ਕੇ ਜਾਵਾਂਗਾ।ਉਸ ਨੇ ਸਕੈਨਿੰਗ ਮਸ਼ੀਨ ਬੰਦ ਹੋ ਜਾਣ ਦਾ ਬਹਾਨਾ ਲਾ ਕੇ ਕਿਹਾ ਕਿ ਤੁਸੀਂ 1000/- ਦੇ ਦੇਵੋਂ ਰਸੀਦ ਤੁਹਾਨੂੰ ਮੋਬਾਇਲ 'ਤੇ ਪਹੁੰਚ ਜਾਵੇਗੀ।ਜਦੋਂ ਮੈਂ ਕਿਹਾ ਕਿ ਮੈਂ ਜਦੋਂ 2000/- ਨਗਦ ਦੇ ਰਿਹਾ ਹਾਂ ਤਾਂ ਰਸੀਦ ਦੇਣ ਵਿੱਚ ਕੀ ਦਿੱਕਤ ਹੈ? ਤਾਂ ਉਸ ਆਪਣੀ ਮਸ਼ੀਨ ਉੱਪਰ ਕੁੱਝ ਭਰ ਕੇ ਮੈਨੂੰ ਕਹਿਣ ਲੱਗਾ ਕਿ ਸਕੈਨਰ ਰਾਹੀਂ ਪੇਮੈਂਟ ਕਰ ਦਿਓ, ਮੈਂ ਕਿਹਾ ਕਿ ਮੈਂ ਤਾਂ ਇਸ ਤਰ੍ਹਾਂ ਮੋਬਾਇਲ ਰਾਹੀਂ ਕਦੀ ਕੋਈ ਪੇਮੈਂਟ ਨਹੀਂ ਕੀਤੀ, ਤਾਂ ਉਸ ਕਿਹਾ ਕਿ ਇਹ ਤਾਂ ਇਸੇ ਤਰ੍ਹਾਂ ਕਰਨੀ ਪਏਗੀ।ਫਿਰ ਮੈਂ ਉਸ ਨੂੰ ਆਪਣਾ ਨਾਂ ਦੱਸਣ ਲਈ ਕਿਹਾ ਤਾਂ ਉਸ ਨੇ ਸੁਖਮਿੰਦਰ ਸਿੰਘ ਦੱਸਿਆ ਜੋ ਮੈਂ ਆਪਣੇ ਮੋਬਾਇਲ ਵਿੱਚ ਨੋਟ ਕਰਨ ਲੱਗਾ ਤਾਂ ਉਹ ਕਹਿਣ ਲੱਗਾ ਕਿ ਇਹ ਕਿਉਂ ਨੋਟ ਕਰ ਰਹੇ ਹੋ? ਨਾਲ ਹੀ ਜੋ 1500/- ਲਏ ਸਨ, ਉਹ ਵਾਪਸ ਕਰਕੇ ਕਹਿੰਦਾ ਕਿ ਆਹ ਲਓ, ਚਲਾਨ ਦੀ ਰਸੀਦ ਤੁਹਾਡੇ ਮੋਬਾਇਲ 'ਤੇ 15 ਮਿੰਟਾਂ ਵਿੱਚ ਪਹੁੰਚ ਜਾਵੇਗੀ।ਚਲਾਨ ਭਾਵੇਂ ਮੇਰੇ ਉੱਥੋਂ ਜਾਣ ਉਪਰੰਤ ਮੇਰੇ ਮੋਬਾਇਲ ਰਾਹੀਂ ਪਹੁੰਚ ਗਿਆ, ਪਰ ਇਸ ਰਾਹੀਂ ਟ੍ਰੈਫਿਕ ਪੁਲਸ ਦੀ ਭ੍ਰਿਸ਼ਟ ਕਾਰਗੁਜ਼ਾਰੀ ਦਾ ਢੰਗ ਸਾਹਮਣੇ ਆਇਆ ਹੈ, ਸੋ ਇਸ ਤੋਂ ਸਮਝਿਆ ਜਾ ਸਕਦਾ ਹੈ ਕਿ ਟ੍ਰੈਫਿਕ ਪੁਲਸ ਕਿਵੇਂ 2000/- ਦੇ ਚਲਾਨ ਦਾ ਭੁਗਤਾਨ 1000/- ਵਿੱਚ ਨਿਪਟਾ ਕੇ ਆਪਣੀਆਂ ਜੇਬ੍ਹਾਂ ਭਰ ਕੇ ਸਰਕਾਰੀ ਖਜ਼ਾਨੇ ਨੂੰ ਚੂਨਾ ਲਗਾ ਰਹੀ ਹੈ।ਇਹ ਹੀ ਹਾਲ ਪੱਖੋਵਾਲ ਰੋਡ ਦਾ ਹੈ, ਪੁਲਸ ਨਾਕਾ ਪੰਜਾਬ ਮਾਤਾ ਨਗਰ/ਵਿਕਾਸ ਨਗਰ ਸੜਕ 'ਤੇ ਲੱਗਾ ਹੋਇਆ ਹੈ, ਉਨ੍ਹਾਂ ਦਾ ਸਾਰਾ ਜ਼ੋਰ ਚਲਾਨ ਕੱਟਣ 'ਤੇ ਹੈ, ਸੁਚਾਰੂ ਢੰਗ ਨਾਲ਼ ਟ੍ਰੈਫਿਕ ਲੰਘਾਉਣਾ ਜਿਵੇਂ ਉਨ੍ਹਾਂ ਦੀ ਕੋਈ ਡਿਊਟੀ ਵਿੱਚ ਸ਼ਾਮਲ ਨਾ ਹੋਵੇ, ਇਹੀ ਕਾਰਨ ਹੈ ਕਿ ਇਸ ਸੜਕ 'ਤੇ ਜਾਮ ਲੱਗਦੇ ਹਨ, ਰੋਡ ਐਕਸੀਡੈਂਟ ਹੁੰਦੇ ਹਨ।ਉਨ੍ਹਾਂ ਉੱਚ ਅਧਿਕਾਰੀਆਂ ਤੋਂ ਇਨ੍ਹਾਂ ਚੋਰ ਮੋਰੀਆਂ ਰਾਹੀਂ ਨਿੱਜੀ ਜੇਬਾਂ ਭਰਨ ਵਾਲਿਆਂ ਖਿਲਾਫ ਸਖਤ ਕਾਰਵਾਈ ਤੇ ਅਜਿਹੇ ਭ੍ਰਿਸ਼ਟ ਢੰਗ ਖਤਮ ਕਰਨ ਦੀ ਮੰਗ ਕੀਤੀ ਹੈ ਅਤੇ ਨਾਲ ਸੁਚਾਰ ਢੰਗ ਨਾਲ ਟ੍ਰੈਫਿਕ ਲੰਘਾਉਣਾ ਵੀ ਇਨ੍ਹਾਂ ਦੀ ਡਿਊਟੀ ਵਿੱਚ ਸ਼ਾਮਲ ਕੀਤਾ ਜਾਵੇ।

• ਉੱਚ ਅਧਿਕਾਰੀਆਂ ਨੂੰ ਇਸ ਖਿਲਾਫ ਸਖ਼ਤ ਕਦਮ ਚੁੱਕਣ ਦੀ ਮੰਗ

ਛਾਪਾ 'ਚ ਖੇਤੀਬਾੜੀ ਵਿਭਾਗ ਵੱਲੋਂ ਕਿਸਾਨ ਸਿਖਲਾਈ ਕੈਂਪ

ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)- ਪਿੰਡ ਛਾਪਾ ਵਿਖੇ ਸੁਖਪਾਲ ਸਿੰਘ ਗਿੱਲ ਮੁੱਖ ਖੇਤੀਬਾੜੀ ਅਫਸਰ ਬਰਨਾਲਾ ਦੇ ਦਿਸ਼ਾ-ਨਿਰਦੇਸ਼ਾਂ ਹੇਠ ਖੇਤੀਬਾੜੀ ਤੇ ਕਿਸਾਨ ਭਲਾਈ ਵਿਭਾਗ ਮਹਿਲ ਕਲਾਂ ਵੱਲੋਂ ਝੋਨੇ ਦੀ ਸਿੱਧੀ ਬਿਜਾਈ, ਨਦੀਨਾਂ ਦੀ ਰੋਕਥਾਮ, ਕੀੜੇ-ਮਕੌੜਿਆਂ ਤੇ ਬਿਮਾਰੀਆਂ ਤੋਂ ਬਚਾਅ ਸਬੰਧੀ ਕਿਸਾਨ ਜਾਗਰੂਕਤਾ ਅਤੇ ਸਿਖਲਾਈ ਕੈਂਪ ਲਗਾਇਆ ਗਿਆ। ਕੈਂਪ ਦੌਰਾਨ ਵੱਡੀ ਗਿਣਤੀ ਵਿੱਚ ਕਿਸਾਨਾਂ ਨੇ ਸ਼ਮੂਲੀਅਤ ਕਰਕੇ ਖੇਤੀ ਮਾਹਰਾਂ ਤੋਂ ਤਕਨੀਕੀ ਜਾਣਕਾਰੀ ਹਾਸਲ ਕੀਤੀ।ਇਸ ਮੌਕੇ ਡਾ. ਸੁਰਿੰਦਰਾ ਸਿੰਘ, ਸਹਾਇਕ ਪ੍ਰੋਫੈਸਰ, ਕੇ.ਵੀ.ਕੇ. ਬਰਨਾਲਾ ਨੇ ਕਿਸਾਨਾਂ ਨੂੰ ਝੋਨੇ ਦੀ ਸਿੱਧੀ ਬਿਜਾਈ ਦੇ ਫਾਇਦਿਆਂ ਤੇ ਵਿਗਿਆਨਕ ਢੰਗ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਸਿੱਧੀ ਬਿਜਾਈ ਲਈ ਤਰ-ਵੱਤਰ ਖੇਤ, ਦਰਮਿਆਨੀ ਤੋਂ ਭਾਰੀ ਜ਼ਮੀਨ ਤੇ ਸ਼ਾਮ ਦੇ ਸਮੇਂ ਬਿਜਾਈ ਕਰਨਾ ਸਭ ਤੋਂ ਉਚਿਤ ਰਹਿੰਦਾ ਹੈ।

ਉਨ੍ਹਾਂ ਦੱਸਿਆ ਕਿ ਇਸ ਤਰੀਕੇ ਨਾਲ 15 ਤੋਂ 20 ਫੀਸਦੀ ਤੱਕ ਪਾਣੀ ਦੀ ਬੱਚਤ ਕੀਤੀ ਜਾ ਸਕਦੀ ਹੈ।ਉਨ੍ਹਾਂ ਕਿਸਾਨਾਂ ਨੂੰ ਨਦੀਨਾਂ ਦੀ ਪਛਾਣ ਕਰਕੇ ਹੀ ਸਿਫਾਰਸ਼ੀ ਨਦੀਨਾਸ਼ਕਾਂ ਦੀ ਵਰਤੋਂ ਕਰਨ ਦੀ ਅਪੀਲ ਕੀਤੀ।ਸਨਵਿੰਦਰਪਾਲ ਸਿੰਘ ਬਰਾੜ, ਬਲਾਕ ਤਕਨੀਕੀ ਮੈਨੇਜਰ ਮਹਿਲ ਕਲਾਂ ਨੇ ਖੇਤੀਬਾੜੀ ਵਿਭਾਗ ਵੱਲੋਂ ਸਬਸਿਡੀ 'ਤੇ ਦਿੱਤੀਆਂ ਜਾਣ ਵਾਲੀਆਂ ਸਹੂਲਤਾਂ ਬਾਰੇ ਜਾਣਕਾਰੀ ਦਿੰਦਿਆਂ ਜਿਪਸਮ ਖਾਦ, ਜੰਤਰਾਂ ਦਾ ਬੀਜ, ਖੇਤੀ ਮਸ਼ੀਨਰੀ ਤੇ ਆਤਮਾ ਪ੍ਰੋਜੈਕਟ ਅਧੀਨ ਚੱਲ ਰਹੀਆਂ ਵੱਖ-ਵੱਖ ਸਕੀਮਾਂ ਬਾਰੇ ਕਿਸਾਨਾਂ ਨੂੰ ਜਾਗਰੂਕ ਕੀਤਾ।ਇਸ ਮੌਕੇ ਡਾ. ਹਰਜੋਤ ਸਿੰਘ ਸੋਹੀ, ਸਹਾਇਕ ਪ੍ਰੋਫੈਸਰ ਕੇ.ਵੀ.ਕੇ. ਬਰਨਾਲਾ ਨੇ ਫਲਦਾਰ ਬੂਟਿਆਂ ਤੇ ਸਬਜ਼ੀਆਂ ਦੀ ਕਾਸ਼ਤ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਦਿੱਤੀ, ਜਦਕਿ ਕਿਰਪਾਲ ਸਿੰਘ ਏ.ਐੱਸ.ਆਈ. ਨੇ ਮਿੱਟੀ ਤੇ ਪਾਣੀ ਦੇ ਸੈਂਪਲ ਲੈਣ ਦੀ ਵਿਗਿਆਨਕ ਵਿਧੀ ਬਾਰੇ ਜਾਣੂ ਕਰਵਾਇਆ।

ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰਾਂ ਨੂੰ ਜਿਤਾਇਆ ਜਾਵੇ-ਮਲੂਕਾ

ਰਾਮਪੁਰਾਫੂਲ (ਦਰਸ਼ਨ ਜਿੰਦਲ)-ਕੋਈ ਵੀ ਚੋਣ ਹੋਵੇ ਹਲਕਾ ਰਾਮਪੁਰਾ ਫੂਲ ਸਦਾ ਸੁਰਖੀਆਂ 'ਚ ਰਿਹਾ ਹੈ । ਰਾਮਪੁਰਾਫੂਲ ਹਲਕੇ ਦੀਆਂ ਨਗਰ ਪੰਚਾਇਤ ਚੋਣਾਂ ਵੀ ਕਈ ਵੱਡੇ ਰਾਜਸੀ ਨੇਤਾਵਾਂ ਦੀ ਮੁੱਛ ਦਾ ਸਵਾਲ ਬਣ ਗਈਆਂ ਹਨ । ਸਾਬਕਾ ਪੰਚਾਇਤ ਮੰਤਰੀ ਸਿਕੰਦਰ ਸਿੰਘ ਮਲੂਕਾ ਵੱਲੋਂ ਵੀ ਅਕਾਲੀ ਦਲ ਦੇ ਉਮੀਦਵਾਰਾ ਦੇ ਹੱਕ 'ਚ ਧੂੰਆਂਧਾਰ ਚੋਣ ਪ੍ਰਚਾਰ ਕੀਤਾ ਜਾ ਰਿਹਾ ਹੈ ਐਤਵਾਰ ਨੂੰ ਸੂਬੇ ਦੇ ਵੱਡੇ ਪਿੰਡਾਂ ਚੋ ਇੱਕ ਮਹਿਰਾਜ ਵਿਖ਼ੇ ਸਿਕੰਦਰ ਸਿੰਘ ਮਲੂਕਾ ਨੇ ਵਾਰਡ ਨੰਬਰ 3, 4, 7, 9, 10, ਅਤੇ 13 'ਚ ਭਰਵੀਆਂ ਚੋਣ ਮੀਟਿੰਗਾਂ ਰਾਹੀਂ ਅਕਾਲੀ ਦਲ ਦੇ ਉਮੀਦਵਾਰਾਂ ਦੇ ਹੱਕ 'ਚ ਪ੍ਰਚਾਰ ਕੀਤਾ ਜ਼ਿਕਰਯੋਗ ਹੈ ਹਲਕੇ ਫੂਲ ਦੀਆਂ ਨਗਰ ਪੰਚਾਇਤ ਚੋਣਾਂ ਨੂੰ ਲੈ ਕੇ ਅਕਾਲੀ ਦਲ ਖਾਸਾ ਗੰਭੀਰ ਨਜ਼ਰ ਆ ਰਿਹਾ ਹੈ ਜਿਸ ਦੇ ਚਲਦਿਆਂ ਅਕਾਲੀ ਦਲ ਨੇ ਵੱਡੇ ਆਗੂਆਂ ਨੂੰ ਚੋਣ ਮੈਦਾਨ 'ਚ ਉਤਾਰਿਆ ਹੈ ਮਹਿਰਾਜ ਵਿਖ਼ੇ ਵੀ ਹਲਕੇ ਦੇ ਮੁੱਖ ਸੇਵਾਦਾਰ ਸਾਬਕਾ ਪ੍ਰਧਾਨ ਹਰਿੰਦਰ ਹਿੰਦਾ ਦੇ ਪਰਿਵਾਰ ਦੇ ਮੈਂਬਰ ਵੀ ਚੋਣ ਪਿੜ 'ਚ ਕਿਸਮਤ ਅਜਮਾ ਰਹੇ ਹਨ। ਮਲੂਕਾ ਨੇ ਵੱਖ ਵੱਖ ਵਾਰਡਾਂ ਵਿੱਚ ਆਪਣੇ ਸੰਬੋਧਨ ਦੌਰਾਨ ਸੂਬਾ ਸਰਕਾਰ ਤੇ ਵਾਅਦਾ ਖਿਲਾਫੀ ਦੇ ਦੋਸ਼ ਲਾਏ ਉਨ੍ਹਾਂ ਕਿਹਾ ਕਿ ਆਪ ਨੇ ਝੂਠ ਦੇ ਸਹਾਰੇ ਸੱਤਾ ਹਾਸਿਲ ਕੀਤੀ ਹੈ ਤੇ ਲੋਕਾਂ ਨੂੰ ਬਦਲਾਅ ਅਤੇ ਇਨਕਲਾਬ ਦੇ ਨਾਮ 'ਤੇ ਗੁਮਰਾਹ ਕੀਤਾ ਗਿਆ ਹੈ। ਪਿੱਛਲੇ ਸਾਡੇ ਚਾਰ ਸਾਲਾਂ ਦੌਰਾਨ ਸਰਕਾਰ ਨੇ ਹਲਕਾ ਫੂਲ 'ਚ ਕੋਈ ਵਿਕਾਸ ਨਹੀਂ ਕਰਵਾਇਆ । ਮਹਿਰਾਜ ਅਤੇ ਰਾਮਪੁਰਾ ਸ਼ਹਿਰ ਤੋਂ ਇਲਾਵਾ ਹਲਕੇ ਦੇ ਸਾਰੇ ਪਿੰਡਾਂ 'ਚ ਪਾਣੀ ਦੀ ਨਿਕਾਸੀ ਸਾਫ ਸਫਾਈ ਅਤੇ ਪੀਣ ਵਾਲ਼ੇ ਪਾਣੀ ਦੀ ਸਪਲਾਈ ਦਾ ਬੁਰਾ ਹਾਲ ਹੈ । ਉਨ੍ਹਾਂ ਅਪੀਲ ਕੀਤੀ ਕੇ ਸੂਬੇ ਅਤੇ ਮਹਿਰਾਜ ਦੀ ਤਰੱਕੀ ਲਈ ਆਪਣੀ ਖੇਤਰੀ ਪਾਰਟੀ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰਾਂ ਨੂੰ ਵੱਧ ਤੋਂ ਵੱਧ ਵੋਟਾਂ ਪਾ ਕੇ ਕਾਮਯਾਬ ਕਰੋ।

ਡੀ ਏ ਨਹੀਂ ਤਾਂ ਵੋਟ ਨਹੀਂ

ਬੁਢਲਾਡਾ (ਅਸ਼ੋਕ ਲਾਕੜਾ) - ਐਤਵਾਰ ਨੂੰ ਗੌਰਮਿੰਟ ਪੈਨਸ਼ਨਰਜ਼ ਵੈਲਫੇਅਰ ਐਸੋਸੀਏਸ਼ਨ ਬੁਢਲਾਡਾ ਭਰਾਤਰੀ ਜਥੇਬੰਦੀਆਂ ਦੀ ਮੀਟਿੰਗ ਪ੍ਰਧਾਨ ਸ, ਪ੍ਰਗਟ ਸਿੰਘ ਚੈਹਿਲ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿਚ ਵੱਖ ਵੱਖ ਮਹਿਕਮਿਆਂ ਦੇ ਪੈਨਸ਼ਨਰਜ਼ ਸਾਥੀਆਂ ਨੇ ਭਾਗ ਲਿਆ ਅਤੇ ਸਰਬਸੰਮਤੀ ਨਾਲ ਫੈਸਲਾ ਕੀਤਾ ਗਿਆ ਕਿ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਮੰਗਾਂ ਨਾ ਮੰਨਣ ਕਰਕੇ ਨਗਰ ਕੌਂਸਲ ਚੋਣਾਂ ਵਿੱਚ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਦਾ ਵਿਰੋਧ ਕੀਤਾ ਜਾਵੇ ਅਤੇ ਬੁਲਾਰਿਆਂ ਨੇ ਕਿਹਾ ਕਿ ਡੀ ਏ ਨਹੀਂ ਤਾਂ ਵੋਟ ਨਹੀਂ , ਪੈਨਸ਼ਨ ਨਹੀਂ ਤਾਂ ਵੋਟ ਨਹੀਂ ਦਾ ਨਾਅਰਾ ਬੁਲੰਦ ਕੀਤਾ ਜਾਵੇ । ਮੀਟਿੰਗ ਵਿੱਚ ਪੰਜਾਬ ਸਰਕਾਰ ਦੇ ਵਿਰੁੱਧ ਨਾਅਰੇਬਾਜ਼ੀ ਕੀਤੀ ਗਈ ਅਤੇ ਅਦਾਲਤੀ ਫੈਸਲੇ ਲਾਗੂ ਕਰਨ ਦੀ ਮੰਗ ਕੀਤੀ ਗਈ। ਮੀਟਿੰਗ ਵਿੱਚ ਸ, ਗੁਰਚਰਨ ਸਿੰਘ ਮਾਨ ਚੇਅਰਮੈਨ, ਅਵਤਾਰ ਸਿੰਘ, ਪ੍ਰੀਤਮ ਸਿੰਘ, ਸੁਰਿੰਦਰ ਕੁਮਾਰ, ਹਰਦੇਵ ਸਿੰਘ ਦਰੀਆਪੁਰ, ਦਰਸ਼ਨ ਸਿੰਘ ਟਾਹਲੀਆਂ, ਕਰਨੈਲ ਸਿੰਘ ਬੋਹਾ ਪੀ ਐਸ ਪੀ ਸੀ ਐਲ, ਗੁਰਦਰਸ਼ਨ ਸਿੰਘ ਪਟਵਾਰੀ, ਸੁਖਲਾਲ ਸਿੰਘ ਪੀ ਐਸ ਪੀ ਸੀ ਐਲ,ਰਘੂ ਨਾਥ ਸਿੰਗਲਾ, ਗੁਰਮੇਲ ਸਿੰਘ ਬੋੜਾਵਾਲ ਨੇ ਵੀ ਸੰਬੋਧਨ ਕੀਤਾ। ਮੀਟਿੰਗ ਵਿੱਚ ਸੁਰਜੀਤ ਸਿੰਘ, ਗੁਰਬੰਸ ਸਿੰਘ ,ਦੀਵਾਨ ਚੰਦ,ਮਿੱਤ ਸਿੰਘ, ਰਾਜੇਸ਼ ਅਰੋੜਾ, ਗੁਰਲਾਲ ਸਿੰਘ, ਭਗਵਾਨ ਦਾਸ,ਉਗਰ ਸਿੰਘ,ਦਿਆਲ ਸਿੰਘ, ਹਰਜੀਤ ਸਿੰਘ,ਮੇਵਾ ਸਿੰਘ, ਸੁਖਵਿੰਦਰ ਸਿੰਘ ,ਭੋਲਾ ਸਿੰਘ ਅਤੇ ਬਿਹਾਰੀ ਸਿੰਘ ਹਾਜ਼ਰ ਸਨ।

ਸੰਤ ਕਬੀਰ ਸਕੂਲ ਦੇ ਦਸਵੀਂ ਤੇ ਬਾਰਵੀਂ ਦੇ ਪ੍ਰਜ਼ੀਸ਼ਨਾਂ ਵਾਲੇ ਵਿਦਿਆਰਥੀਆਂ ਦਾ ਸਨਮਾਨ

ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ)- ਸੰਤ ਕਬੀਰ ਕਾਨਵੈਂਟ ਸੀਨੀਅਰ ਸੈਕੰਡਰੀ ਸਕੂਲ ਵਿਖੇ ਸੀ. ਬੀ. ਐਸ. ਈ. ਦੁਆਰਾ ਘੋਸ਼ਿਤ ਨਤੀਜਿਆਂ ਵਿੱਚੋਂ ਵਧੀਆ ਪ੍ਰਦਰਸ਼ਨ ਕਰਨ ਵਾਲੇ ਪ੍ਰਤਿਭਾਸ਼ਾਲੀ ਵਿਦਿਆਰਥੀਆਂ ਲਈ ਇਨਾਮ ਵੰਡ ਸਮਾਰੋਹ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਮੁੱਖ ਮਹਿਮਾਨ ਵਜੋਂ ਕਰਨਲ ਅਵਿਨਾਸ਼ ਡੀ. ਪਿਤਰੇ (ਐਨ ਸੀ ਸੀ ਕਮਾਂਡੈਂਟ) ਤੋਂ ਇਲਾਵਾ ਅਸ਼ੋਕ ਅਰੋੜਾ, ਅਸ਼ੋਕ ਕੁਮਾਰ (ਦਿੱਲੀ ਜਨਰਲ ਸਟੋਰ), ਰਾਧਾ ਅਰੋੜਾ, ਡਾ. ਪੂਜਾ ਅਰੋੜਾ ਅਤੇ ਹੋਰ ਪਤਵੰਤੇ ਸੱਜਣ ਪਹੁੰਚੇ। ਸਕੂਲ ਦੇ ਐਮ. ਡੀ. ਪ੍ਰੋ. ਐਮ. ਐਲ. ਅਰੋੜਾ ਦੁਆਰਾ ਨੇ ਮਹਿਮਾਨਾਂ ਅਤੇ ਵਿਦਿਆਰਥੀਆਂ ਦੇ ਮਾਪਿਆਂ ਦਾ ਸਵਾਗਤ ਕੀਤਾ। ਪ੍ਰੋਗਰਾਮ ਦੀ ਸ਼ੁਰੂਆਤ ਜੋਤੀ ਪ੍ਰਚੰਡ ਕਰਨ ਨਾਲ ਹੋਈ। ਸਮਾਰੋਹ ਵਿਚ ਬਾਰ੍ਹਵੀਂ ਜਮਾਤ 'ਚੋਂ ਸਿਮਰਦੀਪ ਕੌਰ 'ਕਾਮਰਸ ਗਰੁੱਪ' 97%, ਦਿਲਜੋਤ ਕੌਰ ਮਾਹਲ 'ਆਰਟਸ ਗਰੁੱਪ' 95.2%, ਐਂਜਲੀਨਾ ਸਿੰਘ 'ਮੈਡੀਕਲ ਗਰੁੱਪ' 95.4% ਅਤੇ ਤਵਲੀਨ ਕੌਰ 'ਨਾਨ ਮੈਡੀਕਲ' 93%, ਦਸਵੀਂ ਜਮਾਤ 'ਚੋਂ ਬੀਰਕਮਲ ਕੌਰ 96.6%, ਗਰੀਮਾ 96%, ਹਰਨੂਰ ਸਿੰਘ 95.8% ਅਤੇ 80 ਫੀਸਦੀ ਤੋਂ ਵੱਧ ਅੰਕ ਪ੍ਰਾਪਤ ਕਰਨ ਵਾਲੇ ਪ੍ਰਤਿਭਾਸ਼ਾਲੀ ਵਿਦਿਆਰਥੀਆਂ ਨੂੰ ਸਨਮਾਨਿਤ ਕੀਤਾ ਗਿਆ। ਮਹਿਮਾਨਾਂ ਨੇ ਵਿਦਿਆਰਥੀਆਂ ਦੇ ਉੱਜਵਲ ਭਵਿੱਖ ਦੀ ਕਾਮਨਾ ਕਰਦਿਆਂ ਵਿਦਿਆਰਥੀਆਂ ਨੂੰ ਆਪਣੇ ਮਿੱਥੇ ਹੋਏ ਉਦੇਸ਼ ਵੱਲ ਵਧਣ ਦੀ ਪ੍ਰੇਰਨਾ ਦਿੱਤੀ । ਸਕੂਲ ਦੇ ਡਾਇਰੈਕਟਰ ਡਾ. ਨੰਦਿਤਾ ਗਰੋਵਰ ਨੇ ਵਿਦਿਆਰਥੀਆਂ ਨੂੰ ਉੱਚੇ ਸੁਪਨੇ ਦੇਖਣ ਦੀ ਪ੍ਰੇਰਨਾ ਦਿੱਤੀ। ਵਿਦਿਆਰਥੀਆਂ ਨੇ ਸੱਭਿਆਚਾਰਕ ਪ੍ਰੋਗਰਾਮ ਵੀ ਪੇਸ਼ ਕੀਤਾ। ਸਕੂਲ ਦੇ ਐਮ. ਡੀ. ਪ੍ਰੋ. ਅਰੋੜਾ, ਡਾਇਰੈਕਟਰ ਡਾ. ਨੰਦਿਤਾ ਗਰੋਵਰ , ਪ੍ਰਿੰਸੀਪਲ ਮੈਡਮ ਕੰਚਨ ਤੇ ਮੈਡਮ ਕੁਲਵੰਤ ਕੌਰ ਨੇ ਵਿਦਿਆਰਥੀਆਂ ਨੂੰ ਸਫਲਤਾ 'ਤੇ ਵਧਾਈ ਦਿੰਦਿਆਂ ਭਵਿੱਖ ਵਿੱਚ ਬੁਲੰਦੀਆਂ ਛੂਹਣ ਲਈ ਪ੍ਰੇਰਿਤ ਕੀਤਾ।

ਦਿੱਲੀ ਯੂਨੀਵਰਸਿਟੀ ਦਾ ਨਾਂਅ ਬਾਬਾ ਬੰਦਾ ਸਿੰਘ ਬਹਾਦਰ ਦੇ ਨਾਂਅ 'ਤੇ ਰੱਖਿਆ ਜਾਵੇ- ਹਰਚੰਦਪੁਰੀ

ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)- ਕੇਂਦਰੀ ਪੰਜਾਬੀ ਲੇਖਕ ਸਭਾ (ਸੇਖੋਂ) ਰਜਿ: ਦੇ ਪ੍ਰਧਾਨ ਪਵਨ ਹਰਚੰਦਪੁਰੀ ਨੇ ਪ੍ਰੈੱਸ ਨੋਟ ਜਾਰੀ ਕਰਦਿਆਂ ਦਿਆਲ ਸਿੰਘ ਇਵਨਿੰਗ ਕਾਲਜ ਦਾ ਨਾਮ ਬਦਲਣ ਦੇ ਫ਼ੈਸਲੇ ਦਾ ਸਖ਼ਤ ਵਿਰੋਧ ਕੀਤਾ ਹੈ। ਉਨ੍ਹਾਂ ਦੱਸਿਆ ਕਿ ਕਾਲਜ ਪ੍ਰਬੰਧਕਾਂ ਵੱਲੋਂ ਹਜ਼ਾਰਾਂ ਵਿਦਿਆਰਥੀਆਂ ਦੇ ਇਸ ਉੱਚ ਵਿੱਦਿਅਕ ਅਦਾਰੇ ਦਾ ਨਾਮ ਬਦਲ ਕੇ 'ਬਾਬਾ ਬੰਦਾ ਸਿੰਘ ਬਹਾਦਰ ਇਵਨਿੰਗ ਕਾਲਜ' ਰੱਖਣ ਦੀ ਜ਼ਿੱਦ ਕੀਤੀ ਜਾ ਰਹੀ ਹੈ, ਜਿਸ ਦਾ ਕਾਲਜ ਦੇ ਸਮੁੱਚੇ ਸਟਾਫ਼ ਅਤੇ ਵਿਦਿਆਰਥੀਆਂ ਵੱਲੋਂ ਤਿੱਖਾ ਵਿਰੋਧ ਹੋ ਰਿਹਾ ਹੈ। ਇਸ ਸੰਘਰਸ਼ ਵਿੱਚ ਕੇਂਦਰੀ ਸਭਾ ਦੀ ਦਿੱਲੀ ਇਕਾਈ ਦੇ ਪ੍ਰਧਾਨ ਅਤੇ ਕਾਲਜ ਦੇ ਪੰਜਾਬੀ ਵਿਭਾਗ ਦੇ ਮੁਖੀ ਡਾ. ਪ੍ਰਿਥਵੀ ਰਾਜ ਥਾਪਰ ਅਗਲੇਰੀ ਕਤਾਰ ਵਿੱਚ ਸ਼ਾਮਲ ਹਨ, ਜਿਸ ਕਾਰਨ ਇਹ ਮਾਮਲਾ ਲੰਬੇ ਸਮੇਂ ਤੋਂ ਖਟਾਈ ਵਿੱਚ ਪਿਆ ਹੋਇਆ ਸੀ।ਸਰਦਾਰ ਦਿਆਲ ਸਿੰਘ ਮਜੀਠੀਆ ਦੀ ਦੇਣ ਨੂੰ ਯਾਦ ਕਰਦਿਆਂ ਲੇਖਕ ਸਭਾ ਨੇ ਆਖਿਆ ਕਿ ਉਹ ਇੱਕ ਮਹਾਨ ਲੋਕ-ਸੇਵਕ ਅਤੇ ਪਰਉਪਕਾਰੀ ਵਿੱਦਿਆ ਦਾਨੀ ਸਨ, ਜਿਨ੍ਹਾਂ ਨੇ ਗਿਆਨ ਦੇ ਪਸਾਰ ਲਈ ਆਪਣੀ ਅਰਬਾਂ ਰੁਪਏ ਦੀ ਜਾਇਦਾਦ ਅਤੇ ਜ਼ਮੀਨ ਕਾਲਜ ਬਣਾਉਣ ਅਤੇ 'ਦਿ ਟ੍ਰਿਬਿਊਨ ਟਰੱਸਟ' ਵਰਗੀਆਂ ਇਤਿਹਾਸਕ ਸੰਸਥਾਵਾਂ ਖੜ੍ਹੀਆਂ ਕਰਨ ਲਈ ਦਾਨ ਕਰ ਦਿੱਤੀ ਸੀ। ਕੇਂਦਰੀ ਪੰਜਾਬੀ ਲੇਖਕ ਸਭਾ (ਸੇਖੋਂ) ਨੇ ਦਿੱਲੀ ਅਤੇ ਕੇਂਦਰ ਸਰਕਾਰ ਤੋਂ ਪੁਰਜ਼ੋਰ ਮੰਗ ਕੀਤੀ ਹੈ ਕਿ ਦਿਆਲ ਸਿੰਘ ਇਵਨਿੰਗ ਕਾਲਜ ਦਾ ਇਤਿਹਾਸਕ ਨਾਮ ਬਿਲਕੁਲ ਨਾ ਬਦਲਿਆ ਜਾਵੇ। ਇਸ ਦੀ ਬਜਾਏ ਦਿੱਲੀ ਵਿਖੇ ਬਾਬਾ ਬੰਦਾ ਸਿੰਘ ਬਹਾਦਰ, ਉਨ੍ਹਾਂ ਦੇ ਪੰਜ ਸਾਲ ਦੇ ਮਾਸੂਮ ਸ਼ਹੀਦ ਸਪੁੱਤਰ ਬਾਬਾ ਅਜੈ ਸਿੰਘ ਅਤੇ ਸੈਂਕੜੇ ਸਿੱਖ ਸ਼ਹੀਦਾਂ ਦੀ ਯਾਦ ਵਿੱਚ ਇੱਕ ਵਿਸ਼ਾਲ ਤੇ ਸ਼ਾਨਦਾਰ ਰਾਸ਼ਟਰੀ ਯਾਦਗਾਰ ਸਥਾਪਿਤ ਕੀਤੀ ਜਾਵੇ। ਸਭਾ ਨੇ ਮੰਗ ਕੀਤੀ ਕਿ ਜੇਕਰ ਸਰਕਾਰ ਮਹਾਨ ਜਰਨੈਲ ਦਾ ਸਤਿਕਾਰ ਕਰਨਾ ਚਾਹੁੰਦੀ ਹੈ ਤਾਂ ਦਿੱਲੀ ਯੂਨੀਵਰਸਿਟੀ ਦਾ ਨਾਮ ਬਦਲ ਕੇ 'ਬਾਬਾ ਬੰਦਾ ਸਿੰਘ ਬਹਾਦਰ ਦਿੱਲੀ ਯੂਨੀਵਰਸਿਟੀ' ਰੱਖਿਆ ਜਾਵੇ।

ਸ਼ਹੀਦ ਸਰਾਭਾ ਦੇ ਜਨਮ ਦਿਵਸ ਮੌਕੇ ਹਾਕਮਾਂ ਵਿਰੁੱਧ ਲੋਕ ਲਹਿਰ ਤੇਜ਼ ਕਰਨ ਦਾ ਸੰਗਰਾਮੀ ਸੱਦਾ

ਲੁਧਿਆਣਾ (ਸਤੀਸ਼ ਸਚਦੇਵਾ) - ਦੇਸ਼ ਭਗਤ ਯਾਦਗਾਰ ਕਮੇਟੀ ਜਲੰਧਰ ਦੀ ਮੁੱਖ ਸਰਪ੍ਰਸਤੀ ਹੇਠ ਕਾਮਾਗਾਟਾਮਾਰੂ ਯਾਦਗਾਰ ਕਮੇਟੀ ਜ਼ਿਲ੍ਹਾ ਲੁਧਿਆਣਾ ਦੀ ਪਹਿਲ ਕਦਮੀ ਅਤੇ ਕਿਸਾਨ, ਮਜ਼ਦੂਰ, ਮੁਲਾਜ਼ਮ ਜਥੇਬੰਦੀਆਂ ਦੇ ਸਹਿਯੋਗ ਨਾਲ ਐਤਵਾਰ ਨੂੰ ਲਾਲ ਝੰਡਾ ਪੰਜਾਬ ਭੱਠਾ ਮਜ਼ਦੂਰ ਯੂਨੀਅਨ ਦੇ ਸੂਬਾ ਹੈਡਕੁਆਰਟਰ ਲੁਧਿਆਣਾ ਵਿਖੇ ਮਹਾਨ ਗਦਰੀ ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਜਨਮ ਦਿਵਸ ਦੀ 130 ਵੀਂ ਵਰ੍ਹੇਗੰਢ ਮੌਕੇ ਸਾਦਾ ,ਪ੍ਰਭਾਵਸ਼ਾਲੀ ਤੇ ਸੰਜੀਦਾ ਸਮਾਗਮ ਰਚਾਇਆ ਗਿਆ। ਜਨਮ ਦਿਵਸ ਸਮਾਗਮ ਦੀ ਪ੍ਰਧਾਨਗੀ ਮੰਡਲ ਵਿੱਚ ਸ਼ਿੰਦਰ ਸਿੰਘ ਜਵੱਦੀ, ਮਲਕੀਤ ਸਿੰਘ ਬੱਦੋਵਾਲ, ਪ੍ਰੇਮ ਸਿੰਘ ਸ਼ਹਿਜਾਦ, ਬੀਬੀ ਜਸਬੀਰ ਕੌਰ ਜੋਧਾਂ,ਮਾਸਟਰ ਜਸਦੇਵ ਸਿੰਘ ਲਲਤੋਂ ਤੇ ਗੁਰਦਿਆਲ ਸਿੰਘ ਤਲਵੰਡੀ ਨੂੰ ਸੁਸ਼ੋਭਿਤ ਕੀਤਾ ਗਿਆ। ਹਾਜ਼ਰੀਨ ਨੇ 2 ਮਿੰਟ ਖੜ੍ਹੇ ਹੋ ਕੇ ਤੇ ਮੌਨ ਧਾਰ ਕੇ ਸ਼ਹੀਦ ਕਰਤਾਰ ਸਿੰਘ ਸਰਾਭਾ ਨੂੰ ਨਿੱਘੀ ਦੇ ਭਾਵ ਭਿੰਨੀ ਸ਼ਰਧਾਂਜਲੀ ਅਰਪਿਤ ਕੀਤੀ। ਉਪਰੰਤ ਉੱਘੇ ਲੋਕ ਗਾਇਕ ਰਾਮ ਸਿੰਘ ਹਠੂਰ ਨੇ ਲੋਕ ਪੱਖੀ ਇਨਕਲਾਬੀ ਕਵੀਸ਼ਰੀ ਦਾ ਨਵੇਕਲਾ ਰੰਗ ਬੰਨ੍ਹ ਕੇ ਸਰੋਤਿਆਂ ਨੂੰ ਨਿਹਾਲ ਕੀਤਾ। ਜਨਮ ਦਿਵਸ ਸਮਾਗਮ ਨੂੰ ਸੰਬੋਧਨ ਕਰਦਿਆਂ ਵੱਖ-ਵੱਖ ਜਥੇਬੰਦੀਆਂ ਦੇ ਆਗੂਆਂ ਚਰਨਜੀਤ ਸਿੰਘ ਹਿਮਾਂਯੂਪੁਰਾ, ਮਾਸਟਰ ਜਸਦੇਵ ਸਿੰਘ ਲਲਤੋਂ ,ਮਲਕੀਤ ਸਿੰਘ ਬੱਦੋਵਾਲ,ਪ੍ਰਕਾਸ਼ ਸਿੰਘ ਹਿਸੋਵਾਲ, ਪ੍ਰੇਮ ਸਿੰਘ ਸ਼ਹਿਜਾਦ,ਬੀਬੀ ਜਸਵੀਰ ਕੌਰ ਜੋਧਾਂ ,ਗੁਰਦੇਵ ਸਿੰਘ ਮੁੱਲਾਂਪੁਰ ,ਰਣਜੀਤ ਸਿੰਘ ਗੁੜੇ , ਕਾਮਰੇਡ ਤਰਸੇਮ ਜੋਧਾਂ, ਰਾਜਿੰਦਰ ਸਿੰਘ ਲਲਤੋਂ, ਗੁਰਚਰਨਜੀਤ ਸਿੰਘ ਵਕੀਲ ਨੇ ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਹੋਣਹਾਰ ਬਚਪਨ ਬਾਰੇ, ਭਰ ਜਵਾਨੀ ਵਿੱਚ ਕੀਤੀਆਂ ਮਹਾਨ ਘਾਲਨਾਵਾਂ, ਤਿਆਗ ਤੇ ਕੁਰਬਾਨੀਆਂ ਬਾਰੇ, ਅਮਰੀਕਾ ਅਤੇ ਭਾਰਤ ਵਿਖੇ ਗਦਰ ਪਾਰਟੀ ਦੇ ਬਾਲਾ ਜਰਨੈਲ ਵਜੋਂ ਕੀਤੇ ਲਾਮਿਸਾਲ ਕਾਰਨਾਮੇ ਅਤੇ ਦੂਰ ਅੰਦੇਸ਼ੀ ਵਾਲੇ ਰੋਲ ਬਾਰੇ, ਫੌਜੀ ਛਾਉਣੀਆਂ ,ਕਿਲਿਆਂ ਤੇ ਪੇਂਡੂ ਇਲਾਕਿਆਂ 'ਚ ਗੁਪਤਵਾਸ ਰੂਪ ਵਿੱਚ ਚੇਤੰਨਤਾ ਤੇ ਜਥੇਬੰਦੀ ਦੀ ਉਸਾਰੀ ਬਾਰੇ, ਅੰਗਰੇਜ਼ ਸਾਮਰਾਜਵਾਦ ਦਾ ਤਖਤ ਪਲਟ ਕੇ ਉਸਾਰੇ ਜਾਣ ਵਾਲੇ ਖਰੇ ਲੋਕ ਪੱਖੀ ਕੌਮੀ ਜਮਹੂਰੀ ਰਾਜ ਪ੍ਰਬੰਧ ਦੀ ਯੋਜਨਾ ਬੰਦੀ ਬਾਰੇ ਅਤੇ ਸ਼ਹੀਦਾਂ ਦੇ ਅਧੂਰੇ ਮਹਾਨ ਕਾਰਜ ਨੂੰ ਪੂਰਾ ਕਰਨ ਸਬੰਧੀ ਉਹਨਾਂ ਦੇ ਅਸਲੀ ਵਾਰਸਾਂ ਸਿਰ ਬਣਦੀ ਜਿੰਮੇਵਾਰੀ ਬਾਰੇ ,ਅਜੋਕੇ ਦੌਰ ' ਦੇਸੀ, ਵਿਦੇਸ਼ੀ ਕਾਰਪੋਰੇਟਾਂ ਦੀ ਲੁੱਟ ਤੇ ਉਹਨਾਂ ਦੇ ਦਲਾਲ ਭਾਰਤ ਦੀ ਹਾਕਮ ਧਿਰ ਵਿਰੁੱਧ ਹੱਕੀ ਤੇ ਵਿਸ਼ਾਲ ਲੋਕ ਲਹਿਰ ਦੀ ਉਸਾਰੀ ਬਾਰੇ ਭਰਪੂਰ ਚਾਨਣਾ ਪਾਇਆ ਗਿਆ। ਸਰਬ ਸੰਮਤੀ ਨਾਲ ਪਾਸ ਕੀਤੇ ਪਹਿਲੇ ਵਿਸ਼ੇਸ਼ ਮਤੇ ਰਾਹੀਂ ਦੇਸ਼ ਦੀ ਸਰਵ ਉੱਚ ਅਦਾਲਤ ਦੇ ਮੁਖੀ ਵਲੋਂ ਦੇਸ਼ ਦੇ ਭਵਿੱਖ ਬੇਰੋਜ਼ਗਾਰ ਨੌਜਵਾਨਾਂ ਨੂੰ ਕਕਰੋਚ ਦੱਸਣ ਦੀ ਸਖ਼ਤ ਤੋਂ ਸਖ਼ਤ ਸ਼ਬਦਾਂ ਵਿੱਚ ਨਿਖੇਧੀ ਕਰਦਿਆਂ ਇਸ ਨੂੰ ਫੌਰੀ ਵਾਪਸ ਲੈਣ ਤੇ ਖਿਮਾ ਜਾਚਨਾ ਕਰਨ ਦੀ ਜ਼ੋਰਦਾਰ ਮੰਗ ਕੀਤੀ ਗਈ ਹੈ। ਦੂਜੇ ਖਾਸ ਮਤੇ ਰਾਹੀਂ ਕੇਂਦਰੀ ਹਕੂਮਤ ਪਾਸੋਂ ਪੁਰ ਜ਼ੋਰ ਮੰਗ ਕੀਤੀ ਗਈ ਕਿ ਹਲਵਾਰਾ ਹਵਾਈ ਅੱਡੇ ਦਾ ਨਾਂ ਤੁਰੰਤ ਸ਼ਹੀਦ ਕਰਤਾਰ ਸਿੰਘ ਸਰਾਭਾ ਨਾਮ 'ਤੇ ਕੀਤਾ ਜਾਵੇ । ਇਸ ਮੌਕੇ ਪੰਜਾਬੀ ਲੋਕ ਗਾਇਕ ਰਾਮ ਸਿੰਘ ਹਠੂਰ ਨੇ ਇਨਕਲਾਬੀ ਗੀਤ ਬੋਲੀਆਂ ਪੇਸ਼ ਕੀਤੀਆਂ । ਸਮਾਗਮ ਵਿੱਚ ਹੋਰਨਾਂ ਤੋਂ ਇਲਾਵਾ ਅਮਰੀਕ ਸਿੰਘ ਤਲਵੰਡੀ, ਸੋਹਣ ਸਿੰਘ ਸਵੱਦੀ, ਗੁਰਮੇਲ ਸਿੰਘ ਢੱਟ, ਜਸਵੰਤ ਸਿੰਘ ਮਾਨ, ਜਸਵਿੰਦਰ ਸਿੰਘ, ਰਣਜੀਤ ਸਿੰਘ ਸਾਇਆ,ਅਮਰਜੀਤ ਸਿੰਘ ਹਿਮਾਂਯੂਪੁਰਾ, ਕੁਲਵੰਤ ਸਿੰਘ ਹਿਮਾਂਯੂਪੁਰਾ, ਨੰਬਰਦਾਰ ਮੇਜਰ ਸਿੰਘ ਰਣਜੀਤ ਸਿੰਘ ਜੀਤੂ, ਹਰਭਜਨ ਸਿੰਘ, ਸਰਵਿੰਦਰ ਸਿੰਘ ਸੁਧਾਰ ਕਾਮਰੇਡ ਬਿੱਲੂ ਘਵੱਦੀ, ਗੁਲਜ਼ਾਰ ਸਿੰਘ,ਬੂਟਾ ਸਿੰਘ ਜਰਖੜ ,ਗੋਨੀ ਸ਼ਰੀਂਹ ਉਚੇਚੇ ਤੌਰ 'ਤੇ ਸ਼ਾਮਿਲ ਹੋਏ।

ਪ੍ਰੈੱਸ ਕਲੱਬ ਸਨੌਰ ਵੱਲੋਂ ਖ਼ੂਨਦਾਨ ਕੈਂਪ 31 ਨੂੰ

ਸਨੌਰ (ਰਾਜਿੰਦਰ ਸਿੰਘ ਥਿੰਦ)-ਸਮਾਜ ਸੇਵਾ ਅਤੇ ਲੋਕ ਭਲਾਈ ਦੇ ਕੰਮਾਂ ਵਿੱਚ ਹਮੇਸ਼ਾਂ ਅੱਗੇ ਰਹਿਣ ਵਾਲਾ ਪ੍ਰੈਸ ਕਲੱਬ ਸਨੌਰ 31 ਮਈ ਨੂੰ ਇੱਕ ਵਿਸ਼ੇਸ਼ ਸਮਾਜਿਕ ਉਪਰਾਲਾ ਕਰਨ ਜਾ ਰਿਹਾ ਹੈ। ਇਸ ਮੌਕੇ ਕਲੱਬ ਵੱਲੋਂ ਖੂਨਦਾਨ ਕੈਂਪ, ਮੁਫ਼ਤ ਮੈਡੀਕਲ ਚੈਕਅੱਪ ਕੈਂਪ ਅਤੇ ਅੱਖਾਂ ਦੀ ਜਾਂਚ ਕੈਂਪ ਦਾ ਆਯੋਜਨ ਕੀਤਾ ਜਾਵੇਗਾ, ਜਿਸ ਵਿੱਚ ਇਲਾਕੇ ਦੇ ਲੋਕਾਂ ਨੂੰ ਵੱਖ-ਵੱਖ ਸਿਹਤ ਸਹੂਲਤਾਂ ਪ੍ਰਦਾਨ ਕੀਤੀਆਂ ਜਾਣਗੀਆਂ। ਸਮਾਗਮ ਦਾ ਮੁੱਖ ਉਦੇਸ਼ ਲੋਕਾਂ ਨੂੰ ਸਿਹਤ ਪ੍ਰਤੀ ਜਾਗਰੂਕ ਕਰਨਾ ਅਤੇ ਸਮਾਜ ਸੇਵਾ ਨਾਲ ਜੋੜਨਾ ਹੈ। ਪ੍ਰੈਸ ਕਲੱਬ ਦੇ ਮੈਂਬਰਾਂ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਖੂਨਦਾਨ ਕੈਂਪ ਦੌਰਾਨ ਨੌਜਵਾਨਾਂ ਅਤੇ ਸਮਾਜ ਸੇਵੀਆਂ ਨੂੰ ਵੱਧ ਤੋਂ ਵੱਧ ਖੂਨਦਾਨ ਕਰਨ ਲਈ ਪ੍ਰੇਰਿਤ ਕੀਤਾ ਜਾਵੇਗਾ ਤਾਂ ਜੋ ਲੋੜਵੰਦ ਮਰੀਜ਼ਾਂ ਦੀ ਸਮੇਂ ਸਿਰ ਮਦਦ ਕੀਤੀ ਜਾ ਸਕੇ। ਇਸ ਦੇ ਨਾਲ ਹੀ ਮੈਡੀਕਲ ਕੈਂਪ ਵਿੱਚ ਮਾਹਿਰ ਡਾਕਟਰਾਂ ਵੱਲੋਂ ਮੁਫ਼ਤ ਸਿਹਤ ਜਾਂਚ ਅਤੇ ਜ਼ਰੂਰੀ ਸਲਾਹ ਦਿੱਤੀ ਜਾਵੇਗੀ। ਅੱਖਾਂ ਦੇ ਕੈਂਪ ਵਿੱਚ ਲੋਕਾਂ ਦੀ ਨਿਗਾਹ ਦੀ ਜਾਂਚ ਕਰਕੇ ਉਨ੍ਹਾਂ ਨੂੰ ਸਹੀ ਇਲਾਜ ਸੰਬੰਧੀ ਜਾਣਕਾਰੀ ਵੀ ਦਿੱਤੀ ਜਾਵੇਗੀ। ਇਸ ਸਮਾਗਮ ਦਾ ਇੱਕ ਹੋਰ ਵਿਸ਼ੇਸ਼ ਆਕਰਸ਼ਣ ਪ੍ਰੈਸ ਕਲੱਬ ਸਨੌਰ ਅਧਿਕਾਰਿਕ ਵੈਬਸਾਈਟ ਨੂੰ ਲਾਂਚ ਕੀਤਾ ਜਾਵੇਗਾ। ਇਸ ਵੈਬਸਾਈਟ ਨੂੰ ਲਾਚ ਡੀ.ਪੀ.ਆਰ.ਓ ਭੁਪੇਸ਼ ਚੱਠਾ ਵੱਲੋਂ ਕੀਤਾ ਜਾਵੇਗਾ । ਇਸ ਮੌਕੇ ਏ ਪੀ ਆਰ ਓ ਹਰਦੀਪ ਸਿੰਘ,ਸੁਰਜੀਤ ਸਿੰਘ ਗੋਗੀ, ਪਰਮਜੀਤ ਸਿੰਘ ਪਟਵਾਰੀ, ਬਲਵਿੰਦਰ ਸਿੰਘ ਗੀਤਵਿੰਦਰ ਸਿੰਘ ਸੋਖਲ, ਪ੍ਰਥਮ ਕੁਮਾਰ ਤੇ ਹੋਰ ਹਾਜਰ ਸਨ।

ਸ਼ਹੀਦ ਕਰਤਾਰ ਸਿੰਘ ਸਰਾਭਾ ਦਾ ਜਨਮ ਦਿਨ ਕਾਰਪੋਰੇਟ ਭਜਾਓ-ਰੁਜ਼ਗਾਰ ਬਚਾਓ ਵਜੋਂ ਮਨਾਇਆ



ਫਿਲੌਰ (ਹਰਜਿੰਦਰ ਕੌਰ ਚਾਹਲ)- ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਦੀ ਤਹਿਸੀਲ ਕਮੇਟੀ ਫਿਲੌਰ ਵੱਲੋਂ ਪਿੰਡ ਮੁਠੱਡਾ ਕਲਾਂ ਦੇ ਵਿਗਿਆਨਕ ਚੇਤਨਾ ਕੇਂਦਰ ਵਿਖੇ ਸ਼ਹੀਦ ਕਰਤਾਰ ਸਿੰਘ ਸਰਾਭਾ ਦਾ ਜਨਮ ਦਿਨ ਮਨਾਇਆ ਗਿਆ। ਗ਼ਦਰ ਲਹਿਰ ਦੇ ਮਹਾਨ ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਜਨਮ ਦਿਨ ਨੂੰ ਸਮਰਪਿਤ ਅਤੇ ਸ਼ਹੀਦ ਭਗਤ ਸਿੰਘ ਨੌਜਵਾਨ ਸਭਾ ਪੰਜਾਬ ਦੇ ਸਥਾਪਨਾ ਦਿਵਸ ਮੌਕੇ 'ਕਾਰਪੋਰੇਟ ਭਜਾਓ, ਰੁਜ਼ਗਾਰ ਬਚਾਓ' ਨਾਅਰੇ ਤਹਿਤ ਸੈਮੀਨਾਰ ਕਰਵਾਇਆ ਗਿਆ ਜਿਸ ਪ੍ਰਧਾਨਗੀ ਮੱਖਣ ਸੰਗਰਾਮੀ, ਬਲਦੇਵ ਸਾਹਨੀ, ਪਾਰਸ ਨੇ ਸਾਂਝੇ ਤੌਰ 'ਤੇ ਕੀਤੀ।ਇਸ ਮੌਕੇ ਸਭਾ ਦੇ ਸੂਬਾ ਪ੍ਰਧਾਨ ਮਨਜਿੰਦਰ ਸਿੰਘ ਢੇਸੀ ਨੇ ਸ਼ਹੀਦ ਕਰਤਾਰ ਸਿੰਘ ਸਰਾਭਾ ਵਾਂਗ ਨੌਜਵਾਨਾਂ ਨੂੰ ਜਥੇਬੰਦ ਕਰਕੇ ਸਾਮਰਾਜ ਖ਼ਿਲਾਫ਼ ਸੰਘਰਸ਼ ਕਰਨ ਦੀ ਲੋੜ 'ਤੇ ਜ਼ੋਰ ਦਿੰਦਿਆਂ ਕਿਹਾ ਕਿ ਜਿਸ ਸਾਮਰਾਜ ਖ਼ਿਲਾਫ਼ ਦੇਸ਼ ਭਗਤਾਂ ਨੇ ਸੰਘਰਸ਼ ਕੀਤੇ ਸਨ, ਆਰ ਐੱਸ ਐੱਸ ਪੱਖੀ ਮੋਦੀ ਸਰਕਾਰ ਸਾਮਰਾਜ ਦੀਆਂ ਸ਼ਿਸ਼ਕਾਰੀਆਂ ਹੋਈਆਂ ਕੰਪਨੀਆਂ ਨਾਲ ਸਾਂਝ ਪਾ ਰਹੀ ਹੈ। ਉਨ੍ਹਾਂ ਅੱਗੇ ਕਿਹਾ ਕਿ ਦੇਸ਼ ਦੇ ਸਰਵਉੱਚ ਅਦਾਲਤ ਦੇ ਜੱਜ ਵਲੋਂ ਬੇਰੁਜ਼ਗਾਰ ਨੌਜਵਾਨਾਂ ਨੂੰ ਕਾਕਰੋਚ ਕਹਿਣਾ ਬਹੁਤ ਹੀ ਮੰਦਭਾਗਾ ਹੈ। ਇਸ ਮੌਕੇ ਸਭਾ ਦੇ ਸੂਬਾ ਖਜ਼ਾਨਚੀ ਐਡਵੋਕੇਟ ਅਜੈ ਫਿਲੌਰ ਨੇ ਕਿਹਾ ਕਿ ਯੁੱਧ ਨਸ਼ਿਆਂ ਵਿਰੁੱਧ ਮਹਿਮ ਦੇ ਨਾਂਅ ਹੇਠ ਪੰਜਾਬ ਦੇ ਲੱਖਾਂ ਨੌਜਵਾਨਾਂ ਦੇ ਮੁੜ ਵਸੇਵੇ ਦਾ ਪ੍ਰਬੰਧ ਕਰਨ ਥਾਂ ਨੌਜਵਾਨਾਂ ਨੂੰ ਜੇਲ੍ਹਾਂ 'ਚ ਸੁਟਿਆ ਜਾ ਰਿਹਾ ਹੈ। ਸਿਹਤ ਸਹੂਲਤਾਂ ਦਾ ਮਾੜਾ ਹਾਲ ਹੋਣ ਕਾਰਨ ਨਸ਼ੇ 'ਚ ਲੱਗੇ ਨੌਜਵਾਨਾਂ ਦੀਆਂ ਜਾਨਾਂ ਬਚਾਉਣੀਆਂ ਮੁਸ਼ਕਲ ਹੋ ਗਈਆਂ ਹਨ। ਇਸ ਮੌਕੇ ਗੁਰਿੰਦਰਜੀਤ ਗੈਰੀ, ਸੰਦੀਪ ਫਿਲੌਰ, ਜਸਵੀਰ ਢੇਸੀ, ਇੰਦਰਜੀਤ ਜੰਡੇ, ਸੋਨੂੰ ਢੇਸੀ, ਅਮਰੀਕ ਰੁੜਕਾ, ਸੁੱਖਾ ਬੁੰਡਾਲਾ, ਸਾਬੀ ਰਾਜਗੋਮਾਲ, ਲਵਰਾਜ ਵਿਰਦੀ, ਅਮਨ ਵਿਰਦੀ, ਅਨਵਰ ਮੁਠੱਡਾ ਆਦਿ ਨੌਜਵਾਨ ਹਾਜ਼ਰ ਸਨ।

ਸ਼ੈਰੀ ਲਹਿਰਾ ਨੇ 'ਯਾਰ' ਗੀਤ ਨਾਲ ਗਾਇਕੀ ਦੇ ਖੇਤਰ 'ਚ ਪੈਰ ਧਰਿਆ

ਲਹਿਰਾ ਮੁਹੱਬਤ (ਭੀਮ ਸੈਨ ਹਦਵਾਰੀਆ) - ਗੀਤ ਲਿਖਣ ਤੇ ਗਾਉਣ ਦੀ ਕਲਾ ਸਮੋਈ ਬੈਠੇ ਸ਼ੈਰੀ ਲਹਿਰਾ ਨੇ ਗਾਇਕੀ ਦੇ ਖੇਤਰ 'ਚ ਆਪਣਾ ਪੈਰ ਰੱਖ ਲਿਆ ਹੈ। ਸਰੋਤਿਆਂ ਦੀ ਕਚਹਿਰੀ 'ਚ ਆਪਣੀ ਕਲਮ ਤੋਂ ਲਿਖੇ ਅਤੇ ਬੀਤੀ 15 ਮਈ ਨੂੰ ਗੀਲੀਜ਼ ਹੋਏ ਗੀਤ 'ਯਾਰ' ਨਾਲ ਆਪਣੀ ਹਾਜ਼ਰੀ ਲਵਾ ਰਹੇ ਹਨ। ਜ਼ਿਲ੍ਹਾ ਬਠਿੰਡਾ ਦੇ ਪਿੰਡ ਲਹਿਰਾ ਮੁਹੱਬਤ ਦੇ ਜੰਮਪਲ ਸ਼ੈਰੀ ਲਹਿਰਾ (ਜੋ ਖੁਦ ਹੀ ਪ੍ਰੋਡਿਊਸਰ ਤੇ ਪੇਸ਼ਕਰਤਾ ਹੈ) ਨੇ ਦੱਸਿਆ ਕਿ ਇਸ ਦਾ ਡਿਜੀਟਲ ਪਾਰਟਨਰ 'ਮੈਕ ਟਿਊਨ' ਅਤੇ ਸੰਗੀਤ 'ਡੇਵਲ ਮਾਈਂਡ' ਨੇ ਤਿਆਰ ਕੀਤਾ ਹੈ। ਗੀਤ ਯੂ-ਟਿਊਬ 'ਤੇ ਸੁਣਿਆ ਜਾ ਸਕਦਾ ਹੈ।

ਜ਼ਿਲ੍ਹੇ ਦੀਆਂ ਤਿੰਨ ਨਗਰ ਕੌਂਸਲਾਂ ਦੇ 64232 ਵੋਟਰ ਕਰਨਗੇ 148 ਉਮੀਦਵਾਰਾਂ ਦੀ ਕਿਸਮਤ ਦਾ ਫੈਸਲਾ

ਸ਼ਹੀਦ ਭਗਤ ਸਿੰਘ ਨਗਰ (ਮਨੋਜ ਲਾਡੀ)-ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਗੁਲਪ੍ਰੀਤ ਸਿੰਘ ਔਲਖ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਪੰਜਾਬ ਰਾਜ ਚੋਣ ਕਮਿਸ਼ਨ ਵਲੋਂ ਜ਼ਿਲ੍ਹੇ ਦੀਆਂ ਤਿੰਨ ਨਗਰ ਕੌਂਸਲਾਂ ਬੰਗਾਂ, ਨਵਾਂ ਸ਼ਹਿਰ ਤੇ ਰਾਹੋਂ ਲਈ 26 ਮਈ ਨੂੰ ਹੋਣ ਜਾ ਰਹੀਆਂ ਚੋਣਾਂ ਨੂੰ ਨਿਰਪੱਖ , ਸੁਤੰਤਰਤਾ ਅਤੇ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਿਆ ਜਾਵੇਗਾ।ਔਲਖ ਨੇ ਦੱਸਿਆ ਕਿ ਜ਼ਿਲ੍ਹੇ ਦੀਆਂ ਨਗਰ ਕੌਂਸਲ ਚੋਣਾਂ ਲਈ ਕੁੱਲ 64232 ਵੋਟਰ ਹਨ ਜਿਨ੍ਹਾਂ ਵਿੱਚ 32341 ਪੁਰਸ਼ ਅਤੇ 31881 ਮਹਿਲਾ ਤੇ 10 ਅਦਰ ਵੋਟਰ ਸ਼ਾਮਿਲ ਹਨ। ਉਨ੍ਹਾਂ ਇਹ ਵੀ ਦੱਸਿਆ ਕਿ ਨਗਰ ਕੌਂਸਲ ਬੰਗਾਂ ਵਿੱਚ ਕੁੱਲ 15832 ਵੋਟਰ ਹਨ ਜਿਨ੍ਹਾਂ ਵਿੱਚ 7909 ਪੁਰਸ਼ ਅਤੇ 7922 ਮਹਿਲਾ ਤੇ 3 ਅਦਰ ਵੋਟਰ ਸ਼ਾਮਿਲ ਹਨ। ਉਨ੍ਹਾਂ ਦੱਸਿਆ ਕਿ ਇਸੇ ਤਰ੍ਹਾਂ ਨਗਰ ਕੌਂਸਲ ਨਵਾਂ ਸ਼ਹਿਰ ਵਿੱਚ ਕੁੱਲ 36985 ਵੋਟਰ ਜਿਨ੍ਹਾਂ ਵਿੱਚ 18593 ਪੁਰਸ਼ ਤੇ 18388 ਮਹਿਲਾ ਅਤੇ 4 ਅਦਰ ਵੋਟਰ ਅਤੇ ਇਸੇ ਤਰ੍ਹਾਂ ਨਗਰ ਕੌਂਸਲ ਰਾਹੋਂ ਵਿੱਚ ਕੁੱਲ 11415 ਵੋਟਰ ਹਨ ਜਿਨ੍ਹਾਂ ਵਿੱਚ 5841 ਪੁਰਸ਼ ਅਤੇ 5571 ਮਹਿਲਾ ਤੇ 3 ਅਦਰ ਵੋਟਰ ਸ਼ਾਮਿਲ ਹਨ ਵੱਲੋਂ ਆਪਣੇ ਵੋਟ ਦੇ ਅਧਿਕਾਰ ਦੀ ਵਰਤੋਂ ਕੀਤੀ ਜਾਵੇਗੀ। ਨਗਰ ਕੌਂਸਲ ਦੀਆਂ 45 ਵਾਰਡਾਂ ਦੀਆਂ ਚੋਣਾਂ ਲਈ 148 ਉਮੀਦਵਾਰ ਚੋਣ ਮੈਦਾਨ ਵਿੱਚ ਹਨ।

ਵਿਦਿਆਰਥੀਆਂ ਲਈ ਮੁਫ਼ਤ ਬੱਸ ਸੇਵਾ ਸ਼ਲਾਘਾਯੋਗ : ਹਰਸਿਮਰਨਜੀਤ ਸਿੰਘ ਸਰਾਂ



ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ)-ਪੰਜਾਬ ਸਰਕਾਰ ਵੱਲੋਂ ਨੀਟ ਦੇ ਵਿਦਿਆਰਥੀਆਂ ਲਈ ਮੁਫ਼ਤ ਬੱਸ ਸੇਵਾ ਦੀ ਸ਼ੁਰੂਆਤ ਕਰਨ ਦੇ ਫ਼ੈਸਲੇ ਦੀ ਹਰ ਪਾਸੇ ਸ਼ਲਾਘਾ ਕੀਤੀ ਜਾ ਰਹੀ ਹੈ। ਸਰਾਂ ਇੰਮੀਗ੍ਰੇਸ਼ਨ ਦੇ ਐਮ ਡੀ ਹਰਸਿਮਰਨਜੀਤ ਸਿੰਘ ਸਰਾਂ ਨੇ ਮੁੱਖ ਮੰਤਰੀ ਭਗਵੰਤ ਮਾਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਸਰਕਾਰ ਨੇ ਵਿਦਿਆਰਥੀਆਂ ਦੇ ਹਿੱਤ ਵਿੱਚ ਇੱਕ ਵਧੀਆ ਅਤੇ ਲੋਕ-ਭਲਾਈ ਵਾਲਾ ਉਪਰਾਲਾ ਕੀਤਾ ਹੈ।ਉਨ੍ਹਾਂ ਕਿਹਾ ਕਿ ਦੂਰ-ਦੁਰਾਡੇ ਇਲਾਕਿਆਂ ਤੋਂ ਪਰੀਖਿਆ ਕੇਂਦਰਾਂ ਤੱਕ ਪਹੁੰਚਣ ਵਾਲੇ ਵਿਦਿਆਰਥੀਆਂ ਨੂੰ ਇਸ ਸੇਵਾ ਨਾਲ ਵੱਡੀ ਰਾਹਤ ਮਿਲੇਗੀ। ਕਈ ਪਰਿਵਾਰ ਆਰਥਿਕ ਤੰਗੀ ਕਾਰਨ ਬੱਚਿਆਂ ਨੂੰ ਪਰੀਖਿਆ ਕੇਂਦਰਾਂ ਤੱਕ ਲਿਜਾਣ ਵਿੱਚ ਮੁਸ਼ਕਲ ਮਹਿਸੂਸ ਕਰਦੇ ਹਨ, ਪਰ ਸਰਕਾਰ ਦੀ ਇਸ ਪਹਿਲ ਨਾਲ ਵਿਦਿਆਰਥੀਆਂ ਨੂੰ ਸੁਵਿਧਾਜਨਕ ਅਤੇ ਸੁਰੱਖਿਅਤ ਯਾਤਰਾ ਮਿਲੇਗੀ। ਸਰਾਂ ਨੇ ਕਿਹਾ ਕਿ ਸਿੱਖਿਆ ਦੇ ਖੇਤਰ ਵਿੱਚ ਇਸ ਤਰ੍ਹਾਂ ਦੇ ਫ਼ੈਸਲੇ ਨੌਜਵਾਨਾਂ ਦਾ ਹੌਸਲਾ ਵਧਾਉਂਦੇ ਹਨ ਅਤੇ ਸਰਕਾਰ ਦੀ ਵਿਦਿਆਰਥੀਆਂ ਪ੍ਰਤੀ ਸੰਵੇਦਨਸ਼ੀਲ ਸੋਚ ਨੂੰ ਦਰਸਾਉਂਦੇ ਹਨ।

ਆਪ ਉਮੀਦਵਾਰ ਦਰਸ਼ਨਾ ਰਾਣੀ ਭੱਟੀ ਨੂੰ ਲੋਕਾਂ ਦਾ ਭਰਪੂਰ ਸਮਰਥਨ

ਕੋਟ ਈਸੇ ਖਾ (ਅਰੋੜਾ) - ਹਲਕਾ ਵਿਧਾਇਕ ਦਵਿੰਦਰਜੀਤ ਸਿੰਘ ਲਾਡੀ ਢੋਸ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਦੇ ਵਾਰਡ ਨੰਬਰ-3 ਤੋਂ ਉਮੀਦਵਾਰ ਦਰਸ਼ਨਾ ਰਾਣੀ ਭੱਟੀ ਦੀ ਚੋਣ ਮੁਹਿੰਮ ਨੂੰ ਲੋਕਾਂ ਵੱਲੋਂ ਭਰਪੂਰ ਸਮਰਥਨ ਮਿਲ ਰਿਹਾ ਹੈ। ਉਮੀਦਵਾਰਾਂ, ਵੋਟਰਾਂ, ਸਪੋਰਟਰਾਂ ਵੱਲੋਂ ਵਾਰਡ ਵਿੱਚ ਕੀਤੀਆਂ ਜਾ ਰਹੀਆਂ ਮੀਟਿੰਗਾਂ ਅਤੇ ਚੋਣ ਪ੍ਰਚਾਰ ਦੌਰਾਨ ਵੱਡੀ ਗਿਣਤੀ ਵਿੱਚ ਲੋਕਾਂ ਦੀ ਹਾਜ਼ਰੀ ਨੇ ਪਾਰਟੀ ਵਰਕਰਾਂ ਦੇ ਹੌਸਲੇ ਹੋਰ ਮਜ਼ਬੂਤ ਕਰ ਦਿੱਤੇ ਹਨ। ਉਨ੍ਹਾਂ ਦੀ ਚੋਣ ਮੁਹਿੰਮ ਦੌਰਾਨ ਹੋ ਰਹੇ ਇਕੱਠਾਂ ਵਿੱਚ ਮਹਿਲਾਵਾਂ, ਨੌਜਵਾਨਾਂ ਅਤੇ ਬਜ਼ੁਰਗਾਂ ਦੀ ਵੱਡੀ ਭਾਗੀਦਾਰੀ ਵੇਖਣ ਨੂੰ ਮਿਲ ਰਹੀ ਹੈ।ਪ੍ਰੈਸ ਨਾਲ ਗੱਲਬਾਤ ਕਰਦਿਆ ਉਮੀਦਵਾਰ ਦਰਸ਼ਨਾ ਰਾਣੀ ਭੱਟੀ ਅਤੇ ਉਨਾਂ ਦੇ ਪਤੀ ਆਪ ਆਗੂ ਸੁਰਿੰਦਰ ਪਾਲ ਸ਼ਿੰਦੂ ਭੱਟੀ ਨੇ ਕਿਹਾ ਕਿ ਵਿਧਾਇਕ ਸਾਹਬ ਦੀ ਅਗਵਾਈ ਵਿੱਚ ਹਲਕੇ ਦਾ ਸਰਬਪੱਖੀ ਵਿਕਾਸ ਹੋਇਆ ਹੈ ਅਤੇ ਆਪਣੇ ਵਾਰਡ ਦੇ ਵਿਕਾਸ ਲਈ ਵਚਨਬੱਧ ਹਨ ਤੇ ਇਲਾਕੇ ਦੀਆਂ ਮੁੱਢਲੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਲੋਕਾਂ ਦਾ ਪਿਆਰ ਅਤੇ ਸਮਰਥਨ ਇਹ ਸਾਬਤ ਕਰਦਾ ਹੈ ਕਿ ਲੋਕ ਦਿਲੋਂ ਪਿਆਰ ਕਰਦੇ ਹਨ ਅਤੇ ਉਨ੍ਹਾਂ ਨੂੰ ਜਿਤਾਉਣ ਲਈ ਉਤਾਵਲੇ ਹਨ।

ਮਾਛੀਕੇ ਵਿੱਚ ਮੁੱਖ ਮੰਤਰੀ ਮਾਵਾਂ ਅਤੇ ਧੀਆਂ ਸਤਿਕਾਰ ਯੋਜਨਾ ਦੀ ਸ਼ੁਰੂਆਤ

ਨਿਹਾਲ ਸਿੰਘ ਵਾਲਾ (ਲਵਲੀ ਮਾਛੀਕੇ) ਪੰਜਾਬ ਸਰਕਾਰ ਵੱਲੋਂ ਮਹਿਲਾਵਾਂ ਦੀ ਭਲਾਈ ਲਈ ਸ਼ੁਰੂ ਕੀਤੀ ਗਈ 1000 ਅਤੇ 1500 ਰੁਪਏ ਵਾਲੀ ਮੁੱਖ ਮੰਤਰੀ ਮਾਵਾਂ ਅਤੇ ਧੀਆਂ ਸਤਿਕਾਰ ਯੋਜਨਾ ਤਹਿਤ ਐਤਵਾਰ ਨੂੰ ਪਿੰਡ ਮਾਛੀਕੇ ਵਿੱਚ ਵਿਸ਼ੇਸ਼ ਕੈਂਪ ਲਗਾ ਕੇ ਯੋਜਨਾ ਦੀ ਸ਼ੁਰੂਆਤ ਕੀਤੀ ਗਈ। ਇਹ ਕੈਂਪ ਸੁਪਰਵਾਈਜ਼ਰ ਮੈਡਮ ਅਮਨਦੀਪ ਦੀ ਅਗਵਾਈ ਹੇਠ ਲਗਾਇਆ ਗਿਆ।ਇਸ ਮੌਕੇ ਸਰਪੰਚ ਜਗਮੋਹਨ ਸਿੰਘ, ਡਾ. ਜਗਦੇਵ ਸਿੰਘ ਬੱਬੂ ਮਾਛੀਕੇ ਸੋਸ਼ਲ ਮੀਡੀਆ ਹਲਕਾ ਇੰਚਾਰਜ, ਗੁਰਪ੍ਰੀਤ ਸਿੰਘ ਯੂਥ ਬਲਾਕ ਪ੍ਰਧਾਨ, ਮੰਗਲ ਸਿੰਘ ਆਪ ਆਗੂ, ਪੰਚਾਇਤ ਮੈਂਬਰ ਬਿੱਟੂ ਆੜਤੀਆ ਅਤੇ ਜਗਸੀਰ ਸਿੰਘ ਸੀਰਾ ਸਮੇਤ ਹੋਰ ਪਿੰਡ ਵਾਸੀ ਵੀ ਮੌਜੂਦ ਸਨ।

ਅਕਾਲੀ ਦਲ ਨਯਾ ਗਾਓਂ ਦੇ ਵਿਕਾਸ 'ਤੇ 500 ਕਰੋੜ ਰੁਪਏ ਖਰਚਣ ਲਈ ਵਚਨਬੱਧ: ਬਾਦਲ

ਨਯਾ ਗਾਓਂ (ਮੁਹਾਲੀ) (ਗੁਰਜੀਤ ਬਿੱਲਾ)-ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸਰਦਾਰ ਸੁਖਬੀਰ ਸਿੰਘ ਬਾਦਲ ਨੇ ਕਿਹਾ ਕਿ ਸੂਬੇ ਵਿਚ ਅਕਾਲੀ ਦਲ ਦੀ ਸਰਕਾਰ ਬਣਨ 'ਤੇ ਅਕਾਲੀ ਦਲ ਨਯਾ ਗਾਓਂ ਦੇ ਏਕੀਕ੍ਰਿਤ ਵਿਕਾਸ 'ਤੇ 500 ਕਰੋੜ ਰੁਪਏ ਖਰਚਣ ਲਈ ਵਚਨਬੱਧ ਹੈ।ਇਥੇ ਮਿਊਂਸਪਲ ਕੌਂਸਲ ਚੋਣਾਂ ਦੌਰਾਨ ਇਕ ਜਨਤਕ ਮੀਟਿੰਗ ਨੂੰ ਸੰਬੋਧਨ ਅਕਾਲੀ ਦਲ ਦੇ ਪ੍ਰਧਾਨ ਨੇ ਕਿਹਾ ਕਿ ਅਸੀਂ ਨਯਾ ਗਾਓਂ ਦਾ ਸਰਵਪੱਖੀ ਵਿਕਾਸ ਕਰਾਂਗੇ।ਅਸੀਂ ਸਾਰੀਆਂ ਕਲੋਨੀਆਂ ਨੂੰ ਕਾਨੂੰਨੀ ਮਾਨਤਾ ਦੇਵਾਂਗੇ ਤੇ ਆਧੁਨਿਕ ਸੜਕਾਂ ਦਾ ਨੈੱਟਵਰਕ ਵਿਛਾਵਾਂਗੇ ਤੇ ਸੀਵਰੇਜ ਤੇ ਜਨਤਕ ਲਾਈਟਿੰਗ ਸਹੂਲਤਾਂ ਪ੍ਰਦਾਨ ਕਰਾਂਗੇ। ਉਹਨਾਂ ਕਿਹਾ ਕਿ ਅਸੀਂ ਇਲਾਕੇ ਨੂੰ ਅਪਗ੍ਰੇਡ ਕਰਾਂਗੇ ਤੇ ਨਯਾ ਗਾਓਂ ਨੂੰ ਹਰ ਪੱਖੋਂ ਨਿਊ ਚੰਡੀਗੜ੍ਹ ਦਾ ਹਿੱਸਾ ਬਣਾਵਾਂਗੇ।ਉਹਨਾਂ ਜ਼ੋਰ ਦੇ ਕੇ ਕਿਹਾ ਕਿ ਉਹਨਾਂ ਦਾ ਨਯਾ ਗਾਓਂ ਨਾਲ ਨਿੱਜੀ ਸੰਬੰਧ ਹੈ ਤੇ ਸਾਬਕਾ ਮੁੱਖ ਮੰਤਰੀ ਪ੍ਰਕਾਸ਼ ਸਿੰਘ ਬਾਦਲ ਨੇ ਇਸ ਇਲਾਕੇ ਵਿਚ ਬਹੁਤ ਸਮਾਂ ਬਿਤਾਇਆ। ਉਹਨਾਂ ਭਰੋਸਾ ਦੁਆਇਆ ਕਿ ਉਹ ਅਕਾਲੀ ਦਲ ਦੀ ਸਰਕਾਰ ਬਣਨ 'ਤੇ ਦੁਬਾਰਾ ਇਕ ਸਾਲ ਬਾਅਦ ਉਸ ਥਾਂ 'ਤੇ ਪਹੁੰਚਣਗੇ ਅਤੇ ਲੋਕਾਂ ਨੂੰ ਪੁੱਛਣਕੇ ਕਿ ਕੀ ਉਹਨਾਂ ਦੀਆਂ ਸਾਰੀਆਂ ਸ਼ਿਕਾਇਤਾਂ ਦੂਰ ਹੋ ਗਈਆਂ ਹਨ ਜਾਂ ਨਹੀਂ।ਸਰਦਾਰ ਬਾਦਲ ਨੇ ਇਸ ਮੌਕੇ ਰਵਿੰਦਰ ਸਿੰਘ ਖੇੜਾ ਦੇ ਕੰਮ ਦੀ ਸ਼ਲਾਘਾ ਕੀਤੀ ਤੇ ਲੋਕਾਂ ਨੂੰ ਅਪੀਲ ਕੀਤੀ ਕਿ ਇਲਾਕੇ ਦੇ ਲੋਕ ਉਹਨਾਂ ਨੂੰ ਮਜਬੂਤ ਕਰਨ। ਇਸ ਮੌਕੇ ਹੋਰਨਾਂ ਤੋਂ ਇਲਾਵਾ ਪਾਰਟੀ ਦੇ ਆਗੂ ਗੁਰਧਿਆਨ ਸਿੰਘ ਤੇ ਸ਼੍ਰੋਮਣੀ ਕਮੇਟੀ ਮੈਂਬਰ ਅਜਮੇਰ ਸਿੰਘ ਖੇੜਾ ਵੀ ਹਾਜ਼ਰ ਸਨ।

ਸੋਲਰ ਰੂਫਟਾਪ ਪਲਾਂਟ ਲਗਾਉਣ ਲਈ ਕਾਰਵਾਈ ਤੇਜ- ਮਨੀਸ਼ ਰਾਣਾ

ਪਟਿਆਲਾ : (ਰਾਜਿੰਦਰ ਸਿੰਘ ਥਿੰਦ)- ਪੀ.ਆਰ.ਟੀ.ਸੀ. ਦੇ ਮੈਨੇਜਿੰਗ ਡਾਇਰੈਕਟਰ ਮਨੀਸ਼ਾ ਰਾਣਾ ਨੇ ਆਪਣਾ ਅਹੁਦਾ ਸੰਭਾਲਣ ਉਪਰੰਤ ਤੁਰੰਤ ਪੀ.ਆਰ.ਟੀ.ਸੀ. ਦੀ ਕਾਰਗੁਜ਼ਾਰੀ ਵਿੱਚ ਤੇਜ਼ੀ ਲਿਆਉਣ ਲਈ ਬੈਠਕਾਂ ਦਾ ਦੌਰ ਸ਼ੁਰੂ ਕੀਤਾ ਹੈ। ਇਸ ਦੌਰਾਨ ਪੀ.ਆਰ.ਟੀ.ਸੀ. ਦੇ ਬੱਸ ਸਟੈਂਡਾਂ, ਵਰਕਸ਼ਾਪਾਂ ਤੇ ਮੁੱਖ ਦਫ਼ਤਰ ਵਿਖੇ ਸੋਲਰ ਰੂਫਟਾਪ ਪਲਾਂਟ ਲਗਾਉਣ ਲਈ ਤਜਵੀਜ਼ 'ਤੇ ਵਿਚਾਰ ਕਰਨ ਲਈ ਐਮ ਡੀ ਮਨੀਸ਼ਾ ਰਾਣਾ ਨੇ ਪੰਜਾਬ ਊਰਜਾ ਵਿਕਾਸ ਏਜੰਸੀ ਦੇ ਜ਼ਿਲ੍ਹਾ ਮੈਨੇਜਰ ਪਟਿਆਲਾ ਮਾਨਵ ਜ਼ਿੰਦਲ ਅਤੇ ਪੀ.ਆਰ.ਟੀ.ਸੀ. ਦੇ ਅਧਿਕਾਰੀਆਂ ਨਾਲ ਮੀਟਿੰਗ ਕੀਤੀ, ਜਿਸ ਵਿੱਚ ਪੰਜਾਬ ਊਰਜਾ ਵਿਕਾਸ ਏਜੰਸੀ ਦੇ ਅਧਿਕਾਰੀ ਨੇ ਦੱਸਿਆ ਕਿ ਪੀ.ਆਰ.ਟੀ.ਸੀ. ਦੀ ਤਜਵੀਜ ਅਨੁਸਾਰ ਪੀ.ਆਰ.ਟੀ.ਸੀ. ਦੇ ਵੱਖ-ਵੱਖ ਅਦਾਰਿਆਂ ਵਿੱਚ 785 ਕਿਲੋਵਾਟ ਦੇ ਸੋਲਰ ਰੂਫਟਾਪ ਪਲਾਂਟ ਸਥਾਪਿਤ ਕੀਤੇ ਜਾਣੇ ਹਨ। ਐਮ ਡੀ ਨੇ ਦੱਸਿਆ ਕਿ ਇਸ ਨਾਲ ਪੀ.ਆਰ.ਟੀ.ਸੀ ਨੂੰ ਅੰਦਾਜਨ ਸਲਾਨਾ 97 ਲੱਖ ਬਿਜਲੀ ਦੇ ਖਰਚੇ ਦੀ ਬਚਤ ਹੋਣ ਦੀ ਸੰਭਾਵਨਾ ਹੈ। ਉਨ੍ਹਾਂ ਨੇ ਕੰਮ ਦੀ ਸਮੀਖਿਆ ਕਰਨ ਉਪਰੰਤ ਮੀਟਿੰਗ ਵਿੱਚ ਇਹ ਫੈਸਲਾ ਲਿਆ ਕਿ ਪੰਜਾਬ ਊਰਜਾ ਵਿਕਾਸ ਏਜੰਸੀ ਵੱਲੋਂ ਪੀ.ਆਰ.ਟੀ.ਸੀ. ਦੇ ਵੱਖ-ਵੱਖ ਅਦਾਰਿਆਂ ਵਿੱਚ ਸੋਲਰ ਰੂਫਟਾਪ ਪਲਾਂਟ ਸਥਾਪਿਤ ਕਰਨ ਸਬੰਧੀ ਕਾਰਵਾਈ ਜਲਦ ਸ਼ੁਰੂ ਕੀਤੀ ਜਾਵੇ ਤਾਂ ਜੋ ਬਿਜਲੀ ਦੇ ਖਰਚੇ ਦੀ ਬਚਤ ਕੀਤੀ ਜਾ ਸਕੇ। ਮੀਟਿੰਗ ਵਿੱਚ ਹੋਏ ਵਿਚਾਰ ਵਟਾਂਦਰੇ ਅਨੁਸਾਰ ਪੰਜਾਬ ਊਰਜਾ ਵਿਕਾਸ ਏਜੰਸੀ ਦੇ ਅਧਿਕਾਰੀ ਨੇ ਦੱਸਿਆ ਕਿ ਇਸ ਪ੍ਰੋਜੈਕਟ ਲਈ ਪੀ.ਆਰ.ਟੀ.ਸੀ. ਵੱਲੋਂ ਪੰਜਾਬ ਊਰਜਾ ਵਿਕਾਸ ਏਜੰਸੀ ਨੂੰ ਬਣਦੀ ਰਕਮ ਜਮ੍ਹਾ ਕਰਵਾ ਦਿੱਤੀ ਜਾਂਦੀ ਹੈ ਤਾਂ ਇਸ ਪ੍ਰਾਜੈਕਟ ਨੂੰ ਤਿੰਨ ਮਹੀਨਿਆ ਵਿੱਚ ਮੁਕੰਮਲ ਕਰ ਦਿੱਤਾ ਜਾਵੇਗਾ। ਰਾਣਾ ਨੇ ਜ਼ਿਲ੍ਹਾ ਮੈਨੇਜਰ ਪੰਜਾਬ ਊਰਜਾ ਵਿਕਾਸ ਏਜੰਸੀ ਨੂੰ ਕਿਹਾ ਕਿ ਇਸ ਪ੍ਰੋਜੈਕਟ ਦੀ ਬਣਦੀ ਰਕਮ ਦੀ ਪਹਿਲ਼ੀ ਕਿਸ਼ਤ ਪੰਜਾਬ ਊਰਜਾ ਵਿਕਾਸ ਏਜੰਸੀ ਨੂੰ ਜਲਦ ਜਾਰੀ ਕਰ ਦਿੱਤੀ ਜਾਵੇਗੀ। ਇਸ ਮੌਕੇ ਕਾਰਜਕਾਰੀ ਇੰਜੀਨੀਅਰ ਜਤਿੰਦਰਪਾਲ ਸਿੰਘ ਅਤੇ ਹੋਰ ਅਧਿਕਾਰੀ ਵੀ ਹਾਜ਼ਰ ਸਨ।

ਕਲਾਸੀਫਾਈਡ ਇਸ਼ਤਿਹਾਰ

Change of Name

I, Gurmit Singh S/O Amar Singh R/O Vpo- Athwal Bhagowal, Po- Bhagowal, Distt- Gurdaspur, Punjab - 143511. Have Changed My Name From Gurmit Singh To Gurmeet Singh.

I Sukhwinder Singh S/O Lashkar Singh R/O Village ward No. 3, Begowal Tehsil Bholath District Kapurthala declare that in my passport my father name is mentioned as Lachhkar Singh. which is incorrect. His correct name is Lashkar Singh. Please note.

Jaskaran Singh S/O Kuldeep Singh R/O Vill Dhaul Po Nawanpind Tapprian Teh Balachaur Distt Sbs Nagar Punjb Have Changed My Name To Singh Jaskaran. Singh Is My Surname. All Please Note

I, Damandeep Singh s/o Paramjit Singh r/o H.No. 28, Ashok Nagar, Jalandhar have changed my minor daughter name from Harnidh to Harnidh Kaur. All Please Note.

I, Aabha Aggarwal w/o Nitish Gupta r/o EF-455, Krishan Nagar, Mandi Road, Jalandhar have changed my name after marriage as Aabha Gupta (Surname as Gupta) All Please Note.

I, Achala Kalia w/o Manmohan Kalia r/o EJ-187, Chahar Bagh, Jalandhar have changed my name from Achala Kalia to Achla Kalia. All Please Note.

I, Shivam son of Satish Kumar resident of H.No. 2, Gurdev Nagar, Jalandhar-144008, Punjab have changed my name from Shivam to Shivam Kumar (Kumar as Surname). All concerned please note.

I, Anita Rani alias Darshan Kaur wife of Gurpal Kalyan resident of H .No. Gali No. 4, Basti Peer Dad Road, Aman Nagar, Jalandhar - 144021, Punjab have changed my name from Anita Rani alias Darshan Kaur to Darshan Kaur. All concerned please note.

I, Chattar Singh S/O Jaswant Singh, R/o House Number 2690/1, Street Number 2, A.T.I. Road, New Janta Nagar, Janta Nagar, Ludhiana, Punjab - 141003, have changed my name and shall hereafter be Known as Avi Singh.

I, Rajni Bala Sadana W/O Anil Dingra , R/o House No 2024, Ext No. 6, Durgi, Basant Avenue, Ludhiana, Punjab - 141013. have changed my name and shall hereafter be Known as Monika Dhingra.

I, Manjeet Kaur W/o Harjinder Singh R/o H.No.A/K-3/1615, East Gobind Nagar, Gali No.6, Sultanwind Road, Amritsar have changed my name from Manjeet Kaur to Manjit Kaur.

Change of Name

I, Naveen Makkar son of Harbans Singh Makkar resident of H.No. 41, Mohalla No. 28, Jalandhar Cantt, Distt. Jalandhar, Punjab-144005 declare that my father's true and correct name is Harbans Singh Makkar instead of Harbans Singh. Harbans Singh Makkar and Harbans Singh both names belongs to one and the same person that is my deceased father. All concerned please note.

I, Simranpreet Singh Dhammu S/o Gurmeet Singh R/o H.No.182, Darshan Avenue, Amritsar have changed my name from Simranpreet Singh Dhammu to Simranpreet Singh.

I, Sarbjit Singh S/o Baldev Singh R/o Bhai Ladhu, Kalsian Kalan, PO Kacha Pacca, District Tarn Taran have declare that Sarbjit is my Given name and Singh is my surname.

I Kuldeep Kaur alias Satya Devi W/o Girdari Lal, R/o Ward no. 4, H.no. 255/4, Ludhiana Mohalla Dhariwal, Gurdaspur, Punjab have changed my name from Kuldeep Kaur alias Satya Devi to Kuldeep Kaur.

PUBLIC NOTICE

I, Rajbir Singh, son of Ujagar Singh, resident of Pudda Colony, Sultanpur Lodhi, hereby inform everyone that my son Ekjot Singh (son of Rajbir Singh) has lost his academic certificates - specifically his 10th class certificate (roll number 6913894), +2 certificate (roll number 13637246), and BCA certificate (roll number 10722245102) covering all semesters. If anyone finds these documents, please contact me on 9815413051.

I, Usha Suri W/o Dharam Pal Suri R/o H.No. 233, Suri Street, Basti Sheikh, Jalandhar, Punjab declare that my son Raj Kumar (Vicky) and daughter in law Bhawna (Rajni) W/o Raj Kumar are out of my control. So I disinherit them from all my moveable and immoveable properties. Myself and other family members having no relation with them. I and my family shall not be held responsible for any of their act, deed and things related to them. All concerned please note.

ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖ਼ਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖ਼ਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

ਬੇਦਖਲੀ ਨੋਟਿਸ

ਮੈਂ ਮਹਿੰਦਰ ਪਾਲ ਪੁੱਤਰ ਰਾਮ ਆਸਰਾ , ਵਾਸੀ ਪਿੰਡ ਢੰਡੋਰ ਡਾਕਖਾਨਾ ਈਸ਼ਰਵਾਲ ਤਹਿਸੀਲ ਤੇ ਜ਼ਿਲਾ ਜਲੰਧਰ ਇਹ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਰਮਨ ਕੁਮਾਰ ਮੇਰੇ ਕਹਿਣੇ ਤੋਂ ਬਾਹਰ ਹੈ ।ਇਸ ਲਈ ਮੈਂ ਉਸ ਨੂੰ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ। ਸੰਬੰਧਿਤ ਨੋਟ ਕਰਨ।

ਮੈਂ ਹਰਜਿੰਦਰ ਕੌਰ ਵਿਧਵਾ ਬਲਜੀਤ ਸਿੰਘ ਵਾਸੀ ਪਿੰਡ ਧਿਆਨਪੁਰ ਰੋਡ ਬਾਬਾ ਬਕਾਲਾ ਸਾਹਿਬ ਤਹਿਸੀਲ ਬਾਬਾ ਬਕਾਲਾ ਸਾਹਿਬ ਜਿਲਾ ਅੰਮ੍ਰਿਤਸਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਯਾਦਵਿੰਦਰ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ, ਮੈਂ ਉਸਨੂੰ ਆਪਣੀ ਚੱਲ , ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ ,ਉਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ। ਮੇਰੀ ਅਤੇ ਮੇਰੇ ਪਰਿਵਾਰ ਦੀ ਕੋਈ ਜਿੰਮੇਵਾਰੀ ਨਹੀਂ ਹੋਵੇਗੀ।

ਅਸੀਂ, ਸ਼ਸੀਪਾਲ ਪੁੱਤਰ ਤਾਰਾ ਚੰਦ ਅਤੇ ਰੀਟਾ ਰਾਣੀ ਪਤਨੀ ਸ਼ਸੀਪਾਲ, ਵਾਸੀਆਨ ਮਕਾਨ ਨੰਬਰ 1832/11 ਕਟੜਾ ਬਾਗ ਸਿੰਘ, ਖੂਹ ਬੰਬੇ ਵਾਲਾ, ਤਹਿਸੀਲ ਤੇ ਜ਼ਿਲ੍ਹਾ ਅੰਮ੍ਰਿਤਸਰ ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਓਮ ਪੋਪਲ ਅਤੇ ਉਸ ਦੀ ਪਤਨੀ ਅਦਿਤੀ ਸਾਡੇ ਕਹਿਣੇ ਤੋਂ ਬਾਹਰ ਹਨ। ਸਾਡੇ ਨਾਲ ਲੜਾਈ-ਝਗੜਾ ਅਤੇ ਸਾਨੂੰ ਤੰਗ-ਪ੍ਰੇਸ਼ਾਨ ਕਰਦੇ ਹਨ। ਅਸੀਂ ਇਨ੍ਹਾਂ ਨੂੰ ਅਤੇ ਇਨ੍ਹਾਂ ਦੇ ਵਾਰਸਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਨ੍ਹਾਂ ਨਾਲ ਲੈਣ-ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡਾ ਇਨ੍ਹਾਂ ਨਾਲ ਕੋਈ ਤਲਕ-ਵਾਸਤਾ ਨਹੀਂ ਹੈ।

ਮੈਂ ਅਮਰੀਕ ਮਹੰਤ ਪੁੱਤਰ ਚੇਲਾ ਮਈ ਧਲੀ ਵਾਸੀ ਅਮੀਰਕੇ ਤਹਿਸੀਲ ਪੱਟੀ ਜ਼ਿਲ੍ਹਾ ਤਰਨਤਾਰਨ ਦਾ ਰਹਿਣ ਵਾਲਾ ਹਾਂ ।ਮੇਰਾ ਚੇਲਾ ਸੰਦੀਪ ਮਹੰਤ ਮੇਰੇ ਕਹਿਣੇ ਤੋਂ ਬਾਹਰ ਹੈ।ਮੈਂ ਆਪਣੇ ਚੇਲੇ ਨੂੰ ਆਪਣੀ ਆਪਣੀ ਚੱਲ ਤੇ ਅਚੱਲ ਜਾਇਦਾਦ ਵਿੱਚੋਂ ਬੇਦਖ਼ਲ ਕਰਦਾ ਹਾਂ । ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ੁੰਮੇਵਾਰ ਹੋਵੇਗਾ ।

ਆਮ ਸੂਚਨਾ

ਮੈਂ, ਹਰਪ੍ਰੀਤ ਸਿੰਘ ਪੁੱਤਰ ਅਮਨਜੀਤ ਸਿੰਘ, ਵਾਸੀ ਵਾਰਡ ਨੰ: 2, ਅਹੀਆਪੁਰ, ਤਹਿ. ਟਾਂਡਾ, ਜ਼ਿਲ੍ਹਾ ਹੁਸ਼ਿਆਰਪੁਰ ਬਿਆਨ ਕਰਦਾ ਕਿ ਮੇਰੇ ਵਿਦਿਅਕ ਯੋਗਤਾ ਸਰਟੀਫਿਕੇਟ 'ਤੇ ਮੇਰਾ ਨਾਂਅ ਹਰਪ੍ਰੀਤ, ਮੇਰੇ ਪਿਤਾ ਜੀ ਦਾ ਨਾਂਅ ਅਮਰਜੀਤ ਛਪਿਆ ਹੈ, ਜੋ ਗਲਤ ਛਪਿਆ ਹੈ, ਜਦਕਿ ਮੇਰੇ ਆਧਾਰ ਕਾਰਡ, ਪੈਨ ਕਾਰਡ ਅਤੇ ਮੇਰੇ ਜਨਮ ਸਰਟੀਫਿਕੇਟਾਂ ਵਿਚ ਮੇਰਾ ਸਹੀ ਨਾਂਅ ਹਰਪ੍ਰੀਤ ਸਿੰਘ ਅਤੇ ਮੇਰੇ ਪਿਤਾ ਦਾ ਸਹੀ ਨਾਂਅ ਅਮਨਜੀਤ ਸਿੰਘ ਦਰਜ ਹੈ। ਮੇਰੇ ਵਿਦਿਅਕ ਸਰਟੀਫਿਕੇਟਾਂ ਵਿਚ ਮੇਰਾ ਅਤੇ ਮੇਰੇ ਪਿਤਾ ਦਾ ਸਹੀ ਨਾਂਅ ਦਰਜ ਕੀਤਾ ਜਾਵੇ।

ਮੈਂ ਜਸਬੀਰ ਕੌਰ ਪਤਨੀ ਜਸਵੰਤ ਸਿੰਘ ਵਾਸੀ 1334/13, ਗਲੀ ਨੰਬਰ 2, ਚੌਕ ਰਾਜਪੂਤ ਇਸਲਾਮਾਬਾਦ ਅੰਮ੍ਰਿਤਸਰ ਬਿਆਨ ਕਰਦੀ ਹਾਂ ਕਿ ਮੇਰਾ ਲੜਕਾ ਲਖਵਿੰਦਰ ਸਿੰਘ ਮੇਰੇ ਕਹਿਣੇ ਤੋਂ ਬਾਹਰ ਸੀ ਇਸ ਲਈ ਮੈਂ ਉਸਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖ਼ਲ ਕੀਤਾ ਸੀ ਪਰ ਉਹ ਹੁਣ ਮੇਰੇ ਕਹਿਣੇ ਵਿਚ ਹੈ ਇਸ ਲਈ ਮੈਂ ਦਿੱਤੀ ਹੋਈ ਬੇਦਖਲੀ ਰੱਦ ਕਰਦੀ ਹਾਂ।

ਨਾਂਅ ਦੀ ਬਦਲੀ

ਮੈਂ ਬੁਲਬੁਲ ਰਾਣੀ ਪੁੱਤਰੀ ਭਗਵਾਨ ਦਾਸ ਪਤਨੀ ਪ੍ਰਵੀਨ ਕੁਮਾਰ ਵਾਸੀ ਰਣਬੀਰ ਅਸਤਾਵਲ ਬਿਲਡਿੰਗ ਪਟਿਆਲਾ ਗੇਟ ਸੰਗਰੂਰ (ਪੰਜਾਬ) ਨੇ ਆਪਣਾ ਨਾਂ ਬਦਲਕੇ ਹਰਪ੍ਰਿਆ ਗਰਗ ਰੱਖ ਲਿਆ ਹੈ। ਸਬੰਧਤ ਨੋਟ ਕਰਨ ।

ਮੈਂ ਬੋਬੀ ਪੁੱਤਰ ਕੁਲਦੀਪ ਕੁਮਾਰ ਵਾਸੀ ਚਮਿਆਰੀ ਅੰਮ੍ਰਿਤਸਰ ਨੇ ਆਪਣਾ ਨਾਮ ਬੋਬੀ ਤੋਂ ਬਦਲ ਕੇ ਬੋਬੀ ਕੁਮਾਰ ਰੱਖ ਲਿਆ ਹੈ ।

ਮੈਂ ਜਤਿੰਦਰ ਕੁਮਾਰ ਪੁੱਤਰ ਫੁੰਮਨ ਰਾਮ , ਵਾਸੀ ਪਿੰਡ ਸੰਗਲ ਸੋਹਲ, ਡਾਖਾਨਾ ਮੰਡ ,ਜਲੰਧਰ ਨੇ ਆਪਣੇ ਨਬਾਲਿਗ ਲੜਕੇ ਦਾ ਨਾਮ ਬਦਲ ਕੇ ਸਾਹਿਬਜੋਤ ਤੋਂ ਸਾਹਿਬਜੋਤ ਕੁਮਾਰ ਕਰ ਦਿੱਤਾ ਹੈ। ਸੰਬੰਧਿਤ ਨੋਟ ਕਰਨ।

ਮੈਂ ਜਤਿੰਦਰ ਕੁਮਾਰ ਪੁੱਤਰ ਫੁੰਮਨ ਰਾਮ , ਵਾਸੀ ਪਿੰਡ ਸੰਗਲ ਸੋਹਲ, ਡਾਖਾਨਾ ਮੰਡ ,ਜਲੰਧਰ ਨੇ ਆਪਣੇ ਨਬਾਲਿਗ ਲੜਕੇ ਦਾ ਨਾਮ ਬਦਲ ਕੇ ਸੁਖਨਾਇਤ ਸਿੰਘ ਤੋਂ ਸੁਖਨਾਇਤ ਕੁਮਾਰ ਕਰ ਦਿੱਤਾ ਹੈ। ਸੰਬੰਧਿਤ ਨੋਟ ਕਰਨ।

ਅਦਾਲਤੀ ਇਸ਼ਤਿਹਾਰ

ਬਾ-ਅਦਾਲਤ ਸ੍ਰੀ ਮੱਖਣ ਸਿੰਘ ਮਹੇ ਨਾਇਬ ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ ਦਰਜਾ ਅੱਵਲ, ਭੋਗਪੁਰ ਤਹਿਸੀਲ ਆਦਮਪੁਰ, ਜ਼ਿਲ੍ਹਾ ਜਲੰਧਰ।

ਕੇਸ ਅਨੁਵਾਨ : ਬਲਵਿੰਦਰ ਸਿੰਘ ਬਨਾਮ ਪ੍ਰੀਤਮ ਦਾਸ ਵਗੈਰਾ
ਵਾਕਿਆ ਪਿੰਡ : ਭੂੰਦੀਆਂ, ਤਹਿਸੀਲ ਭੋਗਪੁਰ, ਜ਼ਿਲ੍ਹਾ ਜਲੰਧਰ।

ਇਹ ਇਸ਼ਤਿਹਾਰ/ਨੋਟਿਸ ਰਾਹੀਂ ਹਰ ਆਮ ਅਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ:

ਨੋਟਿਸ ਬਨਾਮ

1. ਪ੍ਰੀਤਮ ਦਾਸ ਪੁੱਤਰ ਧੰਨਾ ਰਾਮ, 2. ਸਤਵਿੰਦਰ ਸਿੰਘ ਪੁੱਤਰ ਸ਼ੇਰ ਸਿੰਘ, 3. ਸਤਵੀਰ ਸਿੰਘ ਪੁੱਤਰ ਸ਼ੇਰ ਸਿੰਘ, 4. ਸੁਖਵਿੰਦਰ ਸਿੰਘ ਪੁੱਤਰ ਸ਼ੇਰ ਸਿੰਘ, 5. ਸੁਰਜੀਤ ਸਿੰਘ ਪੁੱਤਰ ਦਸੌਂਦਾ ਸਿੰਘ, 6 ਜਸਵੀਰ ਸਿੰਘ ਪੁੱਤਰ ਦਸੌਂਦਾ ਸਿੰਘ, 7. ਬਿਕਰਮਜੀਤ ਸਿੰਘ ਪੁੱਤਰ ਲਸ਼ਕਰ ਸਿੰਘ, 8. ਕੁਲਬੀਰ ਸਿੰਘ ਪੁੱਤਰ ਬਹਾਦਰ ਸਿੰਘ, 9. ਜਸਵਿੰਦਰ ਸਿੰਘ ਪੁੱਤਰ ਬਹਾਦਰ ਸਿੰਘ, 10 ਰਣਜੀਤ ਕੌਰ ਵਿਧਵਾ ਕੁਲਵੰਤ ਸਿੰਘ, 11 ਅਰਸ਼ਦੀਪ ਸਿੰਘ ਪੁੱਤਰ ਕੁਲਵੰਤ ਸਿੰਘ, 12. ਪ੍ਰਕਾਸ਼ ਕੌਰ ਮਾਤਾ ਕੁਲਵੰਤ ਸਿੰਘ ਸਾਰੇ ਵਾਸੀ ਪਿੰਡ ਭੂੰਦੀਆ, ਸਬ ਤਹਿਸੀਲ ਭੋਗਪੁਰ, ਜ਼ਿਲ੍ਹਾ ਜਲੰਧਰ, 6 ਪੰਜਾਬ ਨੈਸ਼ਨਲ ਬੈਂਕ ਬ੍ਰਾਂਚ, ਬਿਨਪਾਲਕੇ।

ਆਮ ਜਨਤਾ ਨੂੰ ਸੂਚਿਤ ਕੀਤਾ ਜਾਂਦਾ ਕਿ ਉਪਰੋਕਤ ਤਕਸੀਮ ਕੇਸ ਵਿੱਚ ਉੱਤਰਵਾਦੀਆਂ ਦੀ ਇਤਲਾਹ ਆਮ ਤਰੀਕੇ ਨਾਲ ਨਹੀਂ ਹੋ ਸਕਦੀ। ਇਸ ਤਕਸੀਮ ਕੇਸ 'ਤੇ ਜੇਕਰ ਕਿਸੇ ਵੀ ਧਿਰ ਨੂੰ ਕੋਈ ਇਤਰਾਜ਼ ਹੈ ਤਾਂ ਉਹ ਆਪਣੇ ਇਤਰਾਜ਼ ਮਿਤੀ 09.06.26 ਬਾਅਦ ਦੁਪਹਿਰ 2:30 ਵਜੇ ਅਦਾਲਤ ਵਿੱਚ ਹਾਜ਼ਰ ਆਵੇ, ਤੱਕ ਖੁਦ ਪੇਸ਼ ਹੋ ਕੇ ਮੁਖਤਾਰ ਰਾਹੀਂ ਅਸਾਲਤਨ ਜਾਂ ਵਕਾਲਤਨ ਰਾਹੀਂ ਪੇਸ਼ ਹੋ ਕੇ ਇਤਰਾਜ਼ ਦੇ ਸਕਦੇ ਹਨ। ਹਾਜ਼ਰ ਨਾ ਆਉਣ ਦੀ ਸੂਰਤ ਵਿੱਚ ਕਾਰਵਾਈ ਇਕਤਰਫਾ ਅਮਲ ਵਿੱਚ ਲਿਆਂਦੀ ਜਾਵੇਗੀ ਅਤੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਜਾਵੇਗੀ।

ਅੱਜ ਮਿਤੀ 15.05.2026 ਨੂੰ ਮੇਰੇ ਦਸਤਖ਼ਤਾਂ ਤੇ ਮੋਹਰ ਨਾਲ ਇਹ ਨੋਟਿਸ ਜਾਰੀ ਕੀਤਾ ਗਿਆ।

ਸਹੀ/-ਨਾਇਬ ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ ਦਰਜਾ ਅੱਵਲ, ਭੋਗਪੁਰ, ਜਲੰਧਰ।

ਨੰਬਰ : 119/ਰੀਡਰ ਮਿਤੀ : 15/5/2006

ਅਦਾਲਤੀ ਇਸ਼ਤਿਹਾਰ

ਬਾ-ਅਦਾਲਤ ਸ੍ਰੀ ਮੱਖਣ ਸਿੰਘ ਮਹੇ ਨਾਇਬ ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ ਦਰਜਾ ਅੱਵਲ, ਭੋਗਪੁਰ ਤਹਿਸੀਲ ਆਦਮਪੁਰ, ਜ਼ਿਲ੍ਹਾ ਜਲੰਧਰ।

ਕੇਸ ਅਨੁਵਾਨ : ਬਲਵਿੰਦਰ ਸਿੰਘ ਵਗੈਰਾ ਬਨਾਮ ਅਜਮੇਰ ਸਿੰਘ ਵਗੈਰਾ
ਵਾਕਿਆ ਪਿੰਡ : ਚਾਹੜਕੇ, ਸਬ-ਤਹਿਸੀਲ ਭੋਗਪੁਰ, ਜ਼ਿਲ੍ਹਾ ਜਲੰਧਰ।
ਕੇਸ ਨੰਬਰ, ...

ਇਹ ਇਸ਼ਤਿਹਾਰ/ਨੋਟਿਸ ਰਾਹੀਂ ਹਰ ਆਮ ਅਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ:

ਨੋਟਿਸ ਬਨਾਮ :-

1. ਅਜਮੇਰ ਸਿੰਘ ਪੁੱਤਰ ਸਾਧੂ ਸਿੰਘ, 2. ਬਲਦੇਵ ਸਿੰਘ ਪੁੱਤਰ ਸਾਧੂ ਸਿੰਘ, 3. ਰਗਬੀਰ ਸਿੰਘ ਪੁੱਤਰ ਜਸਬੀਰ ਸਿੰਘ, 4. ਹਰਜੀਤ ਕੌਰ ਵਿਧਵਾ ਜਸਬੀਰ ਸਿੰਘ, 5. ਰਣਜੀਤ ਸਿੰਘ ਪੁੱਤਰ ਹਰਭਜਨ ਸਿੰਘ, 6. ਬਲਜੀਤ ਕੌਰ ਪਤਨੀ ਹਰਭਜਨ ਸਿੰਘ, 7. ਸੁਰਿੰਦਰ ਕੌਰ ਵਿਧਵਾ ਹਰਭਜਨ ਸਿੰਘ, 8. ਬਲਜੀਤ ਸਿੰਘ ਪੁੱਤਰ ਹਰਭਜਨ ਸਿੰਘ, 9. ਅਮਰਜੀਤ ਸਿੰਘ ਪੁੱਤਰ ਅਵਤਾਰ ਸਿੰਘ, 10. ਕਰਮਜੀਤ ਸਿੰਘ ਪੁੱਤਰ ਅਵਤਾਰ ਸਿੰਘ, 11. ਬਖਸ਼ੀਸ਼ ਸਿੰਘ ਪੁੱਤਰ ਦਾਰਾ ਸਿੰਘ, ਸਾਰੇ ਵਾਸੀ ਪਿੰਡ ਚਾਹੜਕੇ, ਸਬ-ਤਹਿਸੀਲ ਭੋਗਪੁਰ, ਜ਼ਿਲ੍ਹਾ ਜਲੰਧਰ, 12. ਪੰਜਾਬ ਨੈਸ਼ਨਲ ਬੈਂਕ ਬ੍ਰਾਂਚ ਭਟਨੂਰਾ ਜੇਦਾ, 13. ਐਕਸਿਸ ਬੈਂਕ ਬ੍ਰਾਂਚ ਭਟਨੂਰਾ ਕਲਾਂ

ਆਮ ਜਨਤਾ ਨੂੰ ਸੂਚਿਤ ਕੀਤਾ ਜਾਂਦਾ ਕਿ ਉਪਰੋਕਤ ਤਕਸੀਮ ਕੇਸ ਵਿੱਚ ਉੱਤਰਵਾਦੀਆਂ ਦੀ ਇਤਲਾਹ ਆਮ ਤਰੀਕੇ ਨਾਲ ਨਹੀਂ ਹੋ ਸਕਦੀ। ਇਸ ਤਕਸੀਮ ਕੇਸ 'ਤੇ ਜੇਕਰ ਕਿਸੇ ਵੀ ਧਿਰ ਨੂੰ ਕੋਈ ਇਤਰਾਜ਼ ਹੈ ਤਾਂ ਉਹ ਆਪਣੇ ਇਤਰਾਜ਼ ਮਿਤੀ 09.06.26 ਬਾਅਦ ਦੁਪਹਿਰ 2:30 ਵਜੇ ਅਦਾਲਤ ਵਿੱਚ ਹਾਜ਼ਰ ਆਵੇ, ਤੱਕ ਖੁਦ ਪੇਸ਼ ਹੋ ਕੇ ਮੁਖਤਾਰ ਰਾਹੀਂ ਅਸਾਲਤਨ ਜਾਂ ਵਕਾਲਤਨ ਰਾਹੀਂ ਪੇਸ਼ ਹੋ ਕੇ ਇਤਰਾਜ਼ ਦੇ ਸਕਦੇ ਹਨ। ਹਾਜ਼ਰ ਨਾ ਆਉਣ ਦੀ ਸੂਰਤ ਵਿੱਚ ਕਾਰਵਾਈ ਇਕਤਰਫਾ ਅਮਲ ਵਿੱਚ ਲਿਆਂਦੀ ਜਾਵੇਗੀ ਅਤੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਜਾਵੇਗੀ।

ਅੱਜ ਮਿਤੀ 15.05.2026 ਨੂੰ ਮੇਰੇ ਦਸਤਖ਼ਤਾਂ ਤੇਦ ਮੋਹਰ ਨਾਲ ਇਹ ਨੋਟਿਸ ਜਾਰੀ ਕੀਤਾ ਗਿਆ।

ਸਹੀ/-ਨਾਇਬ ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ ਦਰਜਾ ਅੱਵਲ, ਭੋਗਪੁਰ, ਜਲੰਧਰ।

ਨੰਬਰ : 120/ਰੀਡਰ ਮਿਤੀ : 15/5/2026

ਅਦਾਲਤੀ ਇਸ਼ਤਿਹਾਰ

ਬਾ-ਅਦਾਲਤ ਸ੍ਰੀ ਮੱਖਣ ਸਿੰਘ ਮਹੇ ਨਾਇਬ ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ ਦਰਜਾ ਅੱਵਲ, ਭੋਗਪੁਰ ਤਹਿਸੀਲ ਆਦਮਪੁਰ, ਜ਼ਿਲ੍ਹਾ ਜਲੰਧਰ।

ਕੇਸ ਅਨੁਵਾਨ : ਪਰਗਟ ਸਿੰਘ ਵਗੈਰਾ ਬਨਾਮ ਹਰਜਿੰਦਰ ਸਿੰਘ ਵਗੈਰਾ, ਵਾਕਿਆ ਪਿੰਡ : ਕੁਰੇਸ਼ੀਆਂ, ਸਬ-ਤਹਿਸੀਲ ਭੋਗਪੁਰ, ਜ਼ਿਲ੍ਹਾ ਜਲੰਧਰ।

ਇਹ ਇਸ਼ਤਿਹਾਰ/ਨੋਟਿਸ ਰਾਹੀਂ ਹਰ ਆਮ ਅਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ:

ਨੋਟਿਸ ਬਨਾਮ-

1. ਹਰਜਿੰਦਰ ਸਿੰਘ ਪੁੱਤਰ ਬਲਵੰਤ ਸਿੰਘ, 2. ਸੁਖਦੇਵ ਸਿੰਘ ਪੁੱਤਰ ਬਲਵੰਤ ਸਿੰਘ, 3. ਸਿਮਰਨਜੀਤ ਸਿੰਘ ਪੁੱਤਰ ਬਲਵਿੰਦਰ ਸਿੰਘ, 4. ਸਵਿੰਦਰ ਸਿੰਘ ਪੁੱਤਰ ਮੂਲਾ ਸਿੰਘ, 5. ਗੁਰਵਿੰਦਰ ਸਿੰਘ ਪੁੱਤਰ ਮੂਲਾ ਸਿੰਘ, 6. ਬਲਜੀਤ ਕੌਰ ਡੀ. ਓ ਲਖਵਿੰਦਰ ਸਿੰਘ, 7. ਸਰਦੂਲ ਸਿੰਘ ਪੁੱਤਰ ਬਲਵੰਤ ਸਿੰਘ, 8. ਗੁਰਵਿੰਦਰ ਸਿੰਘ ਪੁੱਤਰ ਮਲੂਕਾ ਸਿੰਘ, 9. ਜਰਨੈਲ ਸਿੰਘ ਪੁੱਤਰ ਬਲਵੰਤ ਸਿੰਘ, 10. ਕਰਤਾਰ ਸਿੰਘ ਪੁੱਤਰ ਬਚਨ ਸਿੰਘ, 11. ਜਗਦੀਸ਼ ਸਿੰਘ ਦੀ ਮਾਤਾ ਦਲਜੀਤ ਕੌਰ, 12. ਗੁਰਵਿੰਦਰ ਕੌਰ ਵਿਧਵਾ ਜਗਜੀਤ ਸਿੰਘ, 13. ਅੰਸ਼ਪ੍ਰੀਤ ਸਿੰਘ ਪੁੱਤਰ ਜਗਜੀਤ ਸਿੰਘ, 14. ਜਸਮੀਤ ਕੌਰ ਪੁੱਤਰੀ ਜਗਜੀਤ ਸਿੰਘ, 15. ਮਨਜੋਤ ਸਿੰਘ ਪੁੱਤਰ ਕਸ਼ਮੀਰ ਸਿੰਘ, 16. ਰਣਧੀਰ ਸਿੰਘ ਪੁੱਤਰ ਬਚਨ ਸਿੰਘ, 17. ਮਨਜੀਤ ਸਿੰਘ ਪੁੱਤਰ ਭਜਨ ਸਿੰਘ, 18. ਸਰਨਜੀਤ ਸਿੰਘ ਪੁੱਤਰ ਸੁਖਰਾਜ ਸਿੰਘ, 19. ਸਤਵੰਤ ਸਿੰਘ ਪੁੱਤਰ ਸੁਖਰਾਜ ਸਿੰਘ, 20. ਮੰਗਜੀਤ ਸਿੰਘ ਪੁੱਤਰ ਸਰਦੂਲ ਸਿੰਘ, ਸਾਰੇ ਪਿੰਡ ਕੁਰੇਸ਼ੀਆਂ, ਸਬ ਤਹਿਸੀਲ ਭੋਗਪੁਰ, ਜ਼ਿਲ੍ਹਾ ਜਲੰਧਰ, 21. ਪੰਜਾਬ ਐਂਡ ਸਿੰਧ ਬੈਂਕ ਬ੍ਰਾਂਚ, ਭੋਗਪੁਰ. 22. ਯੂਕੋ ਬੈਂਕ ਬ੍ਰਾਂਚ ਭੋਗਪੁਰ. 23. ਸੈਂਟਰਲ ਬੈਂਕ ਆਫ ਇੰਡੀਆ ਬ੍ਰਾਂਚ, ਭੋਗਪੁਰ, 24. ਜਲੰਧਰ ਸੈਂਟਰਲ ਕੋਆਪਰੇਟਿਵ ਬੈਂਕ ਬ੍ਰਾਂਚ ਕਰਤਾਰਪੁਰ, 25. ਪ੍ਰਾਇਮਰੀ ਸਹਿਕਾਰੀ ਖੇਤੀਬਾੜੀ ਵਿਕਾਸ, ਬੈਂਕ, ਕਰਤਾਰਪੁਰ

ਆਮ ਜਨਤਾ ਨੂੰ ਸੂਚਿਤ ਕੀਤਾ ਜਾਂਦਾ ਕਿ ਉਪਰੋਕਤ ਤਕਸੀਮ ਕੇਸ ਵਿੱਚ ਉੱਤਰਵਾਦੀਆਂ ਦੀ ਇਤਲਾਹ ਆਮ ਤਰੀਕੇ ਨਾਲ ਨਹੀਂ ਹੋ ਸਕਦੀ। ਇਸ ਤਰਸੀਮ ਕੇਸ 'ਤੇ ਜੇਕਰ ਕਿਸੇ ਵੀ ਧਿਰ ਨੂੰ ਕੋਈ ਇਤਰਾਜ਼ ਹੈ ਤਾਂ ਉਹ ਆਪਣੇ ਇਤਰਾਜ਼ ਮਿਤੀ 09.06.26 ਬਾਅਦ ਦੁਪਹਿਰ 2:30 ਵਜੇ ਅਦਾਲਤ ਵਿੱਚ ਹਾਜ਼ਰ ਆਵੇ ਤੱਕ ਖੁਦ ਪੇਸ਼ ਹੋ ਕੇ ਮੁਖਤਾਰ ਰਾਹੀਂ ਅਸਾਲਤਨ ਜਾਂ ਵਕਾਲਤਨ ਰਾਹੀਂ ਪੇਸ਼ ਹੋ ਕੇ ਇਤਰਾਜ਼ ਦੇ ਸਕਦੇ ਹਨ। ਹਾਜ਼ਰ ਨਾ ਆਉਣ ਦੀ ਸੂਰਤ ਵਿੱਚ ਕਾਰਵਾਈ ਇਕਤਰਫਾ ਅਮਲ ਵਿੱਚ ਲਿਆਂਦੀ ਜਾਵੇਗੀ ਅਤੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਜਾਵੇਗੀ।

ਅੱਜ ਮਿਤੀ 15.05.2026 ਨੂੰ ਮੇਰੇ ਦਸਤਖ਼ਤਾਂ ਤੇ ਮੋਹਰ ਨਾਲ ਇਹ ਨੋਟਿਸ ਜਾਰੀ ਕੀਤਾ ਗਿਆ।

ਸਹੀ/-ਨਾਇਬ ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ ਦਰਜਾ ਅੱਵਲ, ਭੋਗਪੁਰ, ਜਲੰਧਰ।

ਨੰਬਰ : 132/ਰੀਡਰ ਮਿਤੀ : 15/5/2026

ਅਦਾਲਤੀ ਇਸ਼ਤਿਹਾਰ

ਬਾ-ਅਦਾਲਤ ਸ੍ਰੀ ਮੱਖਣ ਸਿੰਘ ਮਹੇ ਨਾਇਬ ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ ਦਰਜਾ ਅੱਵਲ, ਭੋਗਪੁਰ ਤਹਿਸੀਲ ਆਦਮਪੁਰ, ਜ਼ਿਲ੍ਹਾ ਜਲੰਧਰ।

ਕੇਸ ਅਨੁਵਾਨ : ਹਰਜਿੰਦਰ ਸਿੰਘ ਵਗੈਰਾ ਬਨਾਮ ਸੋਹਣ ਸਿੰਘ ਵਗੈਰਾ ਵਾਕਿਆ ਪਿੰਡ : ਲੜੋਆ, ਸਬ ਤਹਿਸੀਲ ਭੋਗਪੁਰ, ਜ਼ਿਲ੍ਹਾ ਜਲੰਧਰ।

ਇਹ ਇਸ਼ਤਿਹਾਰ/ਨੋਟਿਸ ਰਾਹੀਂ ਹਰ ਆਮ ਅਤੇ ਖਾਸ ਨੂੰ ਸੂਚਿਤ ਕੀਤਾ ਜਾਂਦਾ ਹੈ ਕਿ

ਨੋਟਿਸ ਬਨਾਮ

1. ਸੋਹਣ ਸਿੰਘ ਪੁੱਤਰ ਨੰਦ ਸਿੰਘ, 2. ਮਨਜੀਤ ਸਿੰਘ ਪੁੱਤਰ ਸੋਹਣ ਸਿੰਘ, 3. ਸੁਰਜੀਤ ਕੌਰ ਪਤਨੀ ਲਸ਼ਕਰ ਸਿੰਘ, ਕੁਲਦੀਪ ਕੌਰ ਪਤਨੀ ਹਰਪ੍ਰੀਤ ਸਿੰਘ, 5. ਕਰਮਜੀਤ ਸਿੰਘ ਪੁੱਤਰ ਗੁਰਬਚਨ ਸਿੰਘ, 6. ਤਰਸੇਮ ਸਿੰਘ ਪੁੱਤਰ ਗੁਰਬਚਨ ਸਿੰਘ, 7. ਪਰਮਜੀਤ ਸਿੰਘ ਪੁੱਤਰ ਚਰਨਜੀਤ ਸਿੰਘ, 8. ਨਿਮਨੀਤ ਕੌਰ ਪਤਨੀ ਹਰਜਿੰਦਰ ਸਿੰਘ, 9. ਕਾਂਤਾ ਭੱਲਾ ਪਤਨੀ ਬ੍ਰਿਜ ਲਾਲ, 10. ਨਰਿੰਦਰ ਕੌਰ ਪਤਨੀ ਕਿਰਪਾਲ ਸਿੰਘ, 11. ਗੁਰਪ੍ਰੀਤ ਕੌਰ ਪਤਨੀ ਹਰਚਰਨ ਸਿੰਘ, 12. ਕੁਲਵੰਤ ਕੌਰ ਪਤਨੀ ਕੁਲਦੀਪ ਸਿੰਘ, 13. ਅਮਨਦੀਪ ਸਿੰਘ ਕਰੀਰ ਪੁੱਤਰ ਸਤਨਾਮ ਸਿੰਘ, 14. ਕਰਮਜੀਤ ਸਿੰਘ ਪੁੱਤਰ ਅਮਰਜੀਤ ਸਿੰਘ, 15. ਹਰਦੀਪ ਸਿੰਘ ਪਾਲ ਪੁੱਤਰ ਗਿਰਦਾਵਰ ਰਾਮ ਪਾਲ, 16. ਪਰਮਜੀਤ ਕੌਰ ਪਤਨੀ ਰਸਪਾਲ ਸਿੰਘ, 17. ਪਰਵੀਨ ਕੁਮਾਰ ਪੁੱਤਰ ਭਾਗ ਮੱਲ, 18. ਸਰਬਜੀਤ ਸਿੰਘ ਪੁੱਤਰ ਕਪੂਰ ਸਿੰਘ, 19. ਹਰਵਿੰਦਰ ਸਿੰਘ ਪੁੱਤਰ ਰਤਨ ਸਿੰਘ, 20. ਦਵਿੰਦਰ ਕੌਰ ਪਤਨੀ ਜਗਵੀਰ ਸਿੰਘ, 21. ਰਣਜੀਤ ਕੌਰ ਪਤਨੀ ਨਿਰਵੈਰ ਸਿੰਘ, 22. ਸੁਰਜੀਤ ਕੌਰ ਪਤਨੀ ਬਲਵਿੰਦਰ ਸਿੰਘ, 23. ਹਰਦੀਪ ਸਿੰਘ ਪੁੱਤਰ ਗੁਰਦੇਵ ਸਿੰਘ, 24. ਸੁਖਵਿੰਦਰ ਕੌਰ ਪਤਨੀ ਅਮਨਦੀਪ ਸਿੰਘ, 25. ਪਰਮਜੀਤ ਕੌਰ ਪਤਨੀ ਸਰਬਜੀਤ ਸਿੰਘ, 26. ਸਰਬਜੀਤ ਕੌਰ ਪਤਨੀ ਸਰਬਜੀਤ ਸਿੰਘ, 27. ਸੁਰਜੀਤ ਕੌਰ ਪਤਨੀ ਪਰਵੀਨ ਕੁਮਾਰ, 28. ਮਨਜੀਤ ਕੌਰ ਪਤਨੀ ਗੁਰਵਿੰਦਰ ਸਿੰਘ, 29. ਗੁਰਮੀਤ ਸਿੰਘ ਪੁੱਤਰ ਬਿਕਰਮ ਰਾਮ, 30. ਮਨਦੀਪ ਸਿੰਘ ਪੁੱਤਰ ਸੁਰਜੀਤ ਸਿੰਘ, 31. ਮਨਪ੍ਰੀਤ ਸਿੰਘ ਪੁੱਤਰ ਸੁਰਜੀਤ ਸਿੰਘ, 32. ਗੁਰਜੀਤ ਸਿੰਘ ਪੁੱਤਰ ਹਰਮੇਸ਼ ਸਿੰਘ, 33. ਦਵਿੰਦਰ ਕੌਰ ਪਤਨੀ ਜਸਵਿੰਦਰ ਸਿੰਘ, 34. ਜਸਬੀਰ ਕੌਰ ਪਤਨੀ ਜੀਤ ਸੈਣੀ, 35. ਸ਼ੁਭਮ ਗਰਗ ਪੁੱਤਰ ਮਹੇਸ਼ ਕੁਮਾਰ : 36. ਰਣਜੀਤ ਕੌਰ ਪਤਨੀ ਸੁਰਜੀਤ ਸਿੰਘ, 37. ਜਸਪ੍ਰੀਤ ਸਿੰਘ ਸੈਣੀ ਪੁੱਤਰ ਗੁਰਚਰਨ ਸਿੰਘ, 38. ਪ੍ਰੇਮ ਲਤਾ ਪਤਨੀ ਮਨਜੀਤ ਸਿੰਘ, 39. ਬਲਜਿੰਦਰ ਸਿੰਘ ਪੁੱਤਰ ਕਿਰਨਦੀਪ ਸਿੰਘ, 40. ਪਲਵਿੰਦਰ ਕੌਰ ਪਤਨੀ ਰਣਜੀਤ ਸਿੰਘ, 41. ਨਵਰੀਤ ਸਿੰਘ ਪੁੱਤਰ ਗੁਰਪ੍ਰੀਤ ਸਿੰਘ, 42. ਹਰਮਨਜੀਤ ਸਿੰਘ ਪੁੱਤਰ ਤਰਲੋਚਨ ਸਿੰਘ, 43. ਸੁਰਿੰਦਰ ਸਿੰਘ ਪੁੱਤਰ ਗੁਰਮੇਜ ਸਿੰਘ, 44. ਗੁਰਬ ਪੁੱਤਰ ਅਸ਼ੋਕ ਕੁਮਾਰ, 45. ਪਰਵੀਨ ਕੁਮਾਰ ਪੁੱਤਰ ਭਾਗ ਮੱਲ, 46. ਦਲਜੀਤ ਸਿੰਘ ਪੁੱਤਰ ਗੁਰਬਚਨ ਸਿੰਘ, 47. ਮਨਜੀਤ ਕੌਰ ਪਤਨੀ ਸਮਿੱਤਰ ਸਿੰਘ, 48. ਦਵਿੰਦਰ ਸਿੰਘ ਪੁੱਤਰ ਗੁਰਮੀਤ ਸਿੰਘ, 49. ਦਲਜੀਤ ਸਿੰਘ ਪੁੱਤਰ ਗੁਰਮੀਤ ਸਿੰਘ, 50. ਕਿਰਨ ਬਾਲਾ ਪਤਨੀ ਗੁਰਪ੍ਰੀਤ ਸਿੰਘ, 51. ਨਤੇਸ਼ਵਰ ਸਿੰਘ ਪੁੱਤਰ ਅਵਤਾਰ ਸਿੰਘ, ਸਾਰੇ ਪਿੰਡ ਲੜੋਇਆਂ, ਸਬ-ਤਹਿਸੀਲ ਭੋਗਪੁਰ, ਜ਼ਿਲ੍ਹਾ ਜਲੰਧਰ।

ਆਮ ਜਨਤਾ ਨੂੰ ਸੂਚਿਤ ਕੀਤਾ ਜਾਂਦਾ ਕਿ ਉਪਰੋਕਤ ਤਕਸੀਮ ਕੇਸ ਵਿੱਚ ਉੱਤਰਵਾਦੀਆਂ ਦੀ ਇਤਲਾਹ ਆਮ ਤਰੀਕੇ ਨਾਲ ਨਹੀਂ ਹੋ ਸਕਦੀ। ਇਸ ਤਕਸੀਮ ਕੇਸ 'ਤੇ ਜੇਕਰ ਕਿਸੇ ਵੀ ਧਿਰ ਨੂੰ ਕੋਈ ਇਤਰਾਜ਼ ਹੈ ਤਾਂ ਉਹ ਆਪਣੇ ਇਤਰਾਜ਼ ਮਿਤੀ 09.06.26 ਬਾਅਦ ਦੁਪਹਿਰ 2:30 ਵਜੇ ਅਦਾਲਤ ਵਿੱਚ ਹਾਜ਼ਰ ਆਵੇ, ਤੱਕ ਖੁਦ ਪੇਸ਼ ਹੋ ਕੇ ਮੁਖਤਾਰ ਰਾਹੀਂ ਅਸਾਲਤਨ ਜਾਂ ਵਕਾਲਤਨ ਰਾਹੀਂ ਪੇਸ਼ ਹੋ ਕੇ ਇਤਰਾਜ਼ ਦੇ ਸਕਦੇ ਹਨ। ਹਾਜ਼ਰ ਨਾ ਆਉਣ ਦੀ ਸੂਰਤ ਵਿੱਚ ਕਾਰਵਾਈ ਇਕਤਰਫਾ ਅਮਲ ਵਿੱਚ ਲਿਆਂਦੀ ਜਾਵੇਗੀ ਅਤੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਜਾਵੇਗੀ।

ਅੱਜ ਮਿਤੀ 15.05.2026 ਨੂੰ ਮੇਰੇ ਦਸਤਖ਼ਤਾਂ ਤੇ ਮੋਹਰ ਨਾਲ ਇਹ ਨੋਟਿਸ ਜਾਰੀ ਕੀਤਾ ਗਿਆ।

ਨੰਬਰ : 133/ਰੀਡਰ ਮਿਤੀ : 15/5/2006 ਸਹੀ/-ਨਾਇਬ ਤਹਿਸੀਲਦਾਰ-ਕਮ-ਸਹਾਇਕ ਕੁਲੈਕਟਰ ਦਰਜਾ ਅੱਵਲ, ਭੋਗਪੁਰ, ਜਲੰਧਰ।

ਨਿਰਪੱਖ, ਸੁਤੰਤਰ ਤੇ ਪਾਰਦਰਸ਼ੀ ਢੰਗ ਨਾਲ ਕਰਵਾਈਆਂ ਜਾਣਗੀਆਂ ਨਗਰ ਕੌਂਸਲ ਤੇ ਨਗਰ ਪੰਚਾਇਤ ਚੋਣਾਂ : ਜ਼ਿਲ੍ਹਾ ਚੋਣ ਅਫ਼ਸਰ

ਜਲੰਧਰ (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ, ਲਖਵਿੰਦਰ ਸਿੰਘ ਆਧੀ)-ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਵਰਜੀਤ ਵਾਲੀਆ ਨੇ ਦੱਸਿਆ ਕਿ ਜ਼ਿਲ੍ਹੇ ਵਿੱਚ 26 ਮਈ ਨੂੰ ਹੋਣ ਜਾ ਰਹੀਆਂ ਨਗਰ ਕੌਂਸਲ ਅਤੇ ਨਗਰ ਪੰਚਾਇਤ ਚੋਣਾਂ ਰਾਜ ਚੋਣ ਕਮਿਸ਼ਨ, ਪੰਜਾਬ ਦੀਆਂ ਹਦਾਇਤਾਂ ਮੁਤਾਬਕ ਨਿਰਪੱਖ, ਸੁਤੰਤਰ ਅਤੇ ਪਾਰਦਰਸ਼ੀ ਢੰਗ ਨਾਲ ਨੇਪਰੇ ਚਾੜ੍ਹੀਆਂ ਜਾਣਗੀਆਂ।ਵਾਲੀਆ ਨੇ ਦੱਸਿਆ ਕਿ ਨਗਰ ਕੌਂਸਲ ਚੋਣਾਂ ਵਿੱਚ ਕੁੱਲ 1,08,067 ਵੋਟਰ ਆਪਣੇ ਵੋਟ ਦੇ ਅਧਿਕਾਰ ਦਾ ਇਸਤੇਮਾਲ ਕਰਨਗੇ, ਜਿਨ੍ਹਾਂ ਵਿੱਚ 54,943 ਪੁਰਸ਼ ਅਤੇ 53,116 ਮਹਿਲਾ ਅਤੇ 8 ਅਦਰ ਵੋਟਰ ਸ਼ਾਮਲ ਹਨ। ਉਨ੍ਹਾਂ ਦੱਸਿਆ ਕਿ ਨਗਰ ਕੌਂਸਲ ਨਕੋਦਰ ਦੀਆਂ ਚੋਣਾਂ ਵਿੱਚ 27,964, ਆਦਮਪੁਰ ਵਿੱਚ 12,610, ਕਰਤਾਰਪੁਰ ਵਿੱਚ 19,736, ਨੂਰਮਹਿਲ ਵਿੱਚ 11,105 ਤੇ ਨਗਰ ਕੌਂਸਲ ਫਿਲੌਰ ਵਿੱਚ 19,179 ਅਤੇ ਨਗਰ ਪੰਚਾਇਤ ਲੋਹੀਆਂ ਵਿੱਚ 7,958 ਤੇ ਨਗਰ ਪੰਚਾਇਤ ਮਹਿਤਪੁਰ ਵਿੱਚ 9,515 ਵੋਟਰ ਆਪਣੇ ਵੋਟ ਦੇ ਹੱਕ ਦਾ ਵਰਤੋਂ ਕਰਨਗੇ।ਉਨ੍ਹਾਂ ਦੱਸਿਆ ਕਿ ਵੋਟ ਪ੍ਰਕਿਰਿਆ ਨੂੰ ਨਿਰਵਿਘਨ ਤੇ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਲਈ 133 ਪੋਲਿੰਗ ਬੂਥ ਬਣਾਏ ਗਏ ਹਨ ਅਤੇ 800 ਚੋਣ ਅਮਲਾ ਤਾਇਨਾਤ ਕੀਤਾ ਗਿਆ ਹੈ, ਜਿਸ ਨੂੰ ਲੋੜੀਂਦੀ ਸਿਖਲਾਈ ਪ੍ਰਦਾਨ ਕੀਤੀ ਜਾ ਚੁੱਕੀ ਹੈ।ਜ਼ਿਲ੍ਹਾ ਚੋਣ ਅਫ਼ਸਰ ਨੇ ਦੱਸਿਆ ਕਿ 5 ਨਗਰ ਕੌਂਸਲਾਂ ਅਤੇ 2 ਨਗਰ ਪੰਚਾਇਤਾਂ ਦੇ ਕੁੱਲ 99 ਵਾਰਡਾਂ ਲਈ ਕੁੱਲ 342 ਉਮੀਦਵਾਰ ਚੋਣ ਲੜ ਰਹੇ ਹਨ, ਜਿਨ੍ਹਾਂ ਵਿੱਚ ਨਗਰ ਕੌਂਸਲ ਆਦਮਪੁਰ ਤੋਂ 44, ਕਰਤਾਰਪੁਰ ਤੋਂ 50, ਨਕੋਦਰ ਤੋਂ 55, ਨੂਰਮਹਿਲ ਤੋਂ 41, ਨਗਰ ਕੌਂਸਲ ਫਿਲੌਰ ਤੋਂ 58 ਅਤੇ ਨਗਰ ਪੰਚਾਇਤ ਮਹਿਤਪੁਰ ਤੇ ਲੋਹੀਆਂ ਖਾਸ ਤੋਂ 47-47 ਉਮੀਦਵਾਰ ਸ਼ਾਮਲ ਹਨ।ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਵਿੱਚ ਨਗਰ ਕੌਂਸਲ ਆਦਮਪੁਰ ਦੇ 13, ਕਰਤਾਰਪੁਰ ਦੇ 15, ਨਕੋਦਰ ਦੇ 17, ਨੂਰਮਹਿਲ ਦੇ 13, ਨਗਰ ਕੌਂਸਲ ਫਿਲੌਰ ਦੇ 15 ਅਤੇ ਨਗਰ ਪੰਚਾਇਤ ਮਹਿਤਪੁਰ ਤੇ ਲੋਹੀਆਂ ਖਾਸ ਦੇ 13-13 ਵਾਰਡਾਂ ਲਈ 26 ਮਈ ਨੂੰ ਸਵੇਰੇ 8 ਵਜੇ ਤੋਂ ਸ਼ਾਮ 5 ਵਜੇ ਤੱਕ ਪੈਣਗੀਆਂ। ਵੋਟਾਂ ਦੀ ਗਿਣਤੀ 29 ਮਈ ਨੂੰ ਹੋਵੇਗੀ।ਉਨ੍ਹਾਂ ਸਾਰੇ ਵੋਟਰਾਂ ਨੂੰ ਬਿਨਾਂ ਕਿਸੇ ਡਰ, ਭੈਅ ਅਤੇ ਲਾਲਚ ਤੋਂ ਆਪਣੇ ਵੋਟ ਦੇ ਅਧਿਕਾਰ ਦੀ ਵਰਤੋਂ ਕਰਨ ਦੀ ਅਪੀਲ ਵੀ ਕੀਤੀ।

ਮਹਿਲਾ ਨਾਲ ਕੁੱਟਮਾਰ ਕਰਨ ਵਾਲੇ ਪਤੀ, ਪਤਨੀ ਤੇ ਪੁੱਤਰੀ ਖਿਲਾਫ ਮਾਮਲਾ ਦਰਜ

ਨਵਾਂਸ਼ਹਿਰ (ਮਨੋਜ ਲਾਡੀ)- ਇਕ ਮਹਿਲਾ ਨਾਲ ਕੁੱਟਮਾਰ ਕਰਨ ਵਾਲੇ ਪਤੀ, ਪਤਨੀ ਅਤੇ ਪੁੱਤਰੀ ਖਿਲਾਫ਼ ਪੁਲਿਸ ਵਲੋਂ ਸ਼ਨੀਵਾਰ ਮਾਮਲਾ ਦਰਜ ਕੀਤਾ ਗਿਆ। ਪੁਲਸ ਥਾਣਾ ਰਾਹੋਂ ਦੇ ਏ ਐੱਸ ਆਈ ਸੁਦਾਗਰ ਸਿੰਘ ਨੇ ਦੱਸਿਆ ਕਿ ਸੁਨੀਤਾ ਰਾਣੀ ਪਤਨੀ ਰਸ਼ਪਾਲ ਸਿੰਘ ਵਾਸੀ ਤਲਵੰਡੀ ਸੀਬ ਨੇ ਪੁਲਸ ਨੂੰ ਦਿੱਤੇ ਬਿਆਨ ਵਿਚ ਦੱਸਿਆ ਕਿ 17 ਮਈ 26 ਨੂੰ ਕਰੀਬ 8 ਵਜੇ ਜਸਵੀਰ ਸਿੰਘ ਦਾ ਪਿਤਾ ਮੰਗਲ ਸਿੰਘ ਸੁਨੀਤਾ ਰਾਣੀ ਦੇ ਘਰ ਆਇਆ। ਜਿਸ ਨੇ ਦੱਸਿਆ ਕਿ ਉਸ ਨੂੰ ਉਸ ਦੇ ਪਰਵਾਰ ਨੇ ਘਰੋਂ ਕੱਢ ਦਿੱਤਾ ਹੈ। ਉਹ ਬਿਰਧ ਅਵਸਥਾ ਵਿਚ ਹੈ। ਹੁਣ ਉਹ ਕੁਝ ਨਹੀਂ ਕਰ ਸਕਦਾ ਜਿਸ ਦੀ ਸੁਨੀਤਾ ਰਾਣੀ ਨੇ ਸਾਰੀ ਗੱਲਬਾਤ ਸੁਣ ਕੇ ਮੰਗਲ ਸਿੰਘ ਨੂੰ ਨਾਲ ਲੈ ਕੇ ਇਸ ਦੇ ਪੁੱਤਰ ਜਸਵੀਰ ਸਿੰਘ ਅਤੇ ਨੂੰਹ ਮਨਜੀਤ ਕੌਰ ਨਾਲ ਗੱਲਬਾਤ ਕਰਨ ਲਈ ਜਾ ਰਹੀ ਸੀ।ਇੰਨੇ ਨੂੰ ਜਸਵੀਰ ਸਿੰਘ ਅਤੇ ਮਨਜੀਤ ਕੌਰ ਅਤੇ ਉਸ ਦੀ ਲੜਕੀ ਗੀਨਾ ਰਾਣੀ ਨੇ ਸੁਨੀਤਾ ਰਾਣੀ ਨੂੰ ਘੇਰ ਲਿਆ ਅਤੇ ਬਿਨਾਂ ਕੋਈ ਗੱਲਬਾਤ ਕੀਤੇ ਸੁਨੀਤਾ ਰਾਣੀ ਨਾਲ ਮਨਜੀਤ ਕੌਰ ਹੱਥੋਪਾਈ ਕੀਤੀ ਅਤੇ ਉਸ ਦਾ ਸੱਜੇ ਹੱਥ ਦਾ ਅੰਗੂਠਾ ਮਰੋੜ ਦਿੱਤਾ। ਜਸਵੀਰ ਸਿੰਘ ਨੇ ਆਪਣੇ ਫੜੇ ਦਸਤੀ ਡੰਡੇ ਦਾ ਵਾਰ ਖੱਬੇ ਮੋਢੇ 'ਤੇ ਕੀਤਾ। ਜਿਸ ਕਾਰਨ ਸੁਨੀਤਾ ਰਾਣੀ ਧਰਤੀ 'ਤੇ ਡਿੱਗ ਪਈ।ਡਿੱਗੀ ਪਈ ਦੇ ਜਸਵੀਰ ਸਿੰਘ, ਮਨਜੀਤ ਕੌਰ ਅਤੇ ਉਸ ਦੀ ਲੜਕੀ ਗੀਨਾ ਰਾਣੀ ਨੇ ਠੁੱਡਾਂ ਅਤੇ ਗੁੱਝੀਆਂ ਸੱਟਾਂ ਮਾਰੀਆਂ, ਗੰਦੀਆਂ ਗਾਲਾਂ ਕੱਢੀਆਂ ਅਤੇ ਜਾਨੋਂ ਮਾਰਨ ਦੀਆਂ ਧਮਕੀਆਂ ਦਿੱਤੀਆਂ। ਇੰਨੇ ਨੂੰ ਸੁਨੀਤਾ ਰਾਣੀ ਦਾ ਪਤੀ ਆ ਗਿਆ। ਜਿਸ ਨੇ ਇਨ੍ਹਾਂ ਪਾਸੋਂ ਛੁਡਵਾ ਲਿਆ ਅਤੇ ਹਮਲਾਵਰ ਮੌਕੇ ਤੋਂ ਡੰਡਾ ਸਮੇਤ ਭੱਜ ਗਏ। ਏਐੱਸਆਈ ਸੁਦਾਗਰ ਸਿੰਘ ਨੇ ਦੱਸਿਆ ਕਿ ਪੁਲਸ ਨੇ ਸੁਨੀਤਾ ਰਾਣੀ ਤੇ ਹਮਲਾ ਕਰਨ ਵਾਲਿਆਂ ਜਸਵੀਰ ਸਿੰਘ ਪੁੱਤਰ ਮੰਗਲ ਸਿੰਘ, ਮਨਜੀਤ ਕੌਰ, ਗੀਨਾ ਵਾਸੀ ਤਲਵੰਡੀ ਸੀਬੂ ਖਿਲਾਫ ਮਾਮਲਾ ਦਰਜ ਕਰਕੇ ਅਗਲੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

ਪਰਾਲੀ ਨਾਲ ਭਰੀ ਟਰਾਲੀ ਨੂੰ ਅੱਗ, ਟਰਾਲੀ ਸੜੀ

ਅਲਾਵਲਪੁਰ (ਬੰਗੜ)

ਪਿੰਡ ਸਿਕੰਦਰਪੁਰ ਨੇੜੇ ਇੱਕ ਵੱਡਾ ਹਾਦਸਾ ਉਸ ਵੇਲੇ ਵਾਪਰ ਗਿਆ ਜਦੋਂ ਪਰਾਲੀ ਨਾਲ ਭਰੀ ਇੱਕ ਟਰਾਲੀ ਨੂੰ ਬਿਜਲੀ ਦੀਆਂ ਤਾਰਾਂ ਤੋਂ ਹੋਈ ਸਪਾਰਕਿੰਗ ਕਾਰਨ ਅੱਗ ਲੱਗ ਗਈ। ਅੱਗ ਇੰਨੀ ਤੇਜ਼ੀ ਨਾਲ ਫੈਲੀ ਕਿ ਕੁਝ ਹੀ ਸਮੇਂ ਵਿੱਚ ਪੂਰੀ ਟਰਾਲੀ ਅੱਗ ਦੀ ਲਪੇਟ ਵਿੱਚ ਆ ਗਈ। ਹਾਲਾਂਕਿ ਮੌਕੇ 'ਤੇ ਪਹੁੰਚੀ ਅਲਾਵਲਪੁਰ ਪੁਲਸ ਪਾਰਟੀ ਦੀ ਮੁਸਤੈਦੀ ਨਾਲ ਟਰੈਕਟਰ ਨੂੰ ਟਰਾਲੀ ਨਾਲੋਂ ਵੱਖ ਕਰਕੇ ਬਚਾ ਲਿਆ ਗਿਆ।ਪ੍ਰਾਪਤ ਜਾਣਕਾਰੀ ਅਨੁਸਾਰ ਟਰੈਕਟਰ ਚਾਲਕ ਅਲੀ ਪੁੱਤਰ ਮੁਰੀਦ ਅਲੀ ਵਾਸੀ ਕਿਸ਼ਨਗੜ੍ਹ ਨੇ ਦੱਸਿਆ ਕਿ ਉਹ ਆਪਣੇ ਨਜ਼ਦੀਕੀ ਰਿਸ਼ਤੇਦਾਰ ਰਫੀ ਵਾਸੀ ਮਦਾਰਾਂ ਦੀ ਮਦਦ ਲਈ ਪਰਾਲੀ ਦੀ ਭਰੀ ਹੋਈ ਟਰਾਲੀ ਲੈ ਕੇ ਮਦਾਰਾਂ ਜਾ ਰਿਹਾ ਸੀ। ਜਦੋਂ ਉਹ ਪਿੰਡ ਸਿਕੰਦਰਪੁਰ ਵਿੱਚ ਛੱਪੜ ਨੇੜੇ ਪਹੁੰਚਿਆ ਤਾਂ ਉੱਥੇ ਸੜਕ ਉੱਪਰੋਂ ਲੰਘ ਰਹੀਆਂ ਬਿਜਲੀ ਦੀਆਂ ਤਾਰਾਂ ਨਾਲ ਟਰਾਲੀ ਦੀ ਛੱਤ ਲੱਗਣ ਕਾਰਨ ਸਪਾਰਕਿੰਗ ਹੋ ਗਈ ਅਤੇ ਟਰਾਲੀ ਨੂੰ ਅੱਗ ਲੱਗ ਗਈ।ਹਵਾ ਤੇਜ਼ ਹੋਣ ਕਾਰਨ ਅੱਗ ਨੇ ਕੁਝ ਹੀ ਮਿੰਟਾਂ ਵਿੱਚ ਪੂਰੀ ਟਰਾਲੀ ਨੂੰ ਆਪਣੀ ਲਪੇਟ ਵਿੱਚ ਲੈ ਲਿਆ। ਮੌਕੇ 'ਤੇ ਪਹੁੰਚੀ ਅਲਾਵਲਪੁਰ ਪੁਲਸ ਪਾਰਟੀ ਨੇ ਲੋਕਾਂ ਦੀ ਮਦਦ ਨਾਲ ਟਰਾਲੀ ਨਾਲੋਂ ਟਰੈਕਟਰ ਨੂੰ ਵੱਖ ਕੀਤਾ। ਇਸ ਦੌਰਾਨ ਪਿੰਡ ਵਾਸੀਆਂ ਨੇ ਵੀ ਅੱਗ 'ਤੇ ਕਾਬੂ ਪਾਉਣ ਲਈ ਭਾਰੀ ਜੱਦੋ-ਜਹਿਦ ਕੀਤੀ।ਸੂਚਨਾ ਮਿਲਦੇ ਹੀ ਆਦਮਪੁਰ ਤੋਂ ਫਾਇਰ ਬ੍ਰਿਗੇਡ ਦੀ ਗੱਡੀ ਮੌਕੇ 'ਤੇ ਪਹੁੰਚੀ। ਕਰੀਬ ਇੱਕ ਘੰਟੇ ਦੀ ਮਸ਼ੱਕਤ ਤੋਂ ਬਾਅਦ ਅੱਗ 'ਤੇ ਕਾਬੂ ਪਾਇਆ ਗਿਆ ਪਰ ਇਸ ਤੋਂ ਪਹਿਲਾਂ ਟਰਾਲੀ ਵਿੱਚ ਲੱਦੀ ਸਾਰੀ ਪਰਾਲੀ ਸੜ ਕੇ ਸੁਆਹ ਹੋ ਚੁੱਕੀ ਸੀ। ਅੱਗ ਕਾਰਨ ਟਰਾਲੀ ਵੀ ਬੁਰੀ ਤਰ੍ਹਾਂ ਨੁਕਸਾਨੀ ਗਈ ਅਤੇ ਉਸ ਦੇ ਟਾਇਰ ਵੀ ਸੜ ਗਏ।ਇਸ ਮੌਕੇ ਪਿੰਡ ਸਿਕੰਦਰਪੁਰ ਦੇ ਮੋਹਤਬਰ ਵਿਅਕਤੀਆਂ ਸਰਪੰਚ ਪ੍ਰਿਤਪਾਲ ਸਿੰਘ, ਰਸ਼ਪਾਲ ਸਿੰਘ, ਸਾਬਕਾ ਸਰਪੰਚ ਜੋਗਿੰਦਰ ਮਾਨ, ਕੁਲਦੀਪ ਸਿੰਘ, ਜਗਪ੍ਰੀਤ ਸਿੰਘ, ਸਤਨਾਮ ਸਿੰਘ, ਸਾਭੀ, ਸਿਮਰਜੀਤ ਅਤੇ ਪ੍ਰਦੀਪ ਸਿੰਘ ਆਦਿ ਨੇ ਬਿਜਲੀ ਵਿਭਾਗ 'ਤੇ ਲਾਪਰਵਾਹੀ ਦੇ ਦੋਸ਼ ਲਗਾਉਂਦਿਆਂ ਕਿਹਾ ਕਿ ਛੱਪੜ ਨੇੜੇ ਸੜਕ ਉੱਪਰੋਂ ਗੁਜ਼ਰ ਰਹੀਆਂ ਮਦਾਰਾਂ ਫੀਡਰ ਦੀਆਂ ਕੇਬਲ ਤਾਰਾਂ ਕਾਫੀ ਨੀਵੀਆਂ ਹਨ, ਜਿਸ ਕਾਰਨ ਇਥੋਂ ਲੰਘਣ ਵਾਲੀਆਂ ਉੱਚੀਆਂ ਗੱਡੀਆਂ, ਗੰਨੇ ਜਾਂ ਪਰਾਲੀ ਨਾਲ ਭਰੀਆਂ ਟਰਾਲੀਆਂ ਅਕਸਰ ਸਪਾਰਕਿੰਗ ਦਾ ਸ਼ਿਕਾਰ ਹੋ ਜਾਂਦੀਆਂ ਹਨ। ਪਿੰਡ ਵਾਸੀਆਂ ਨੇ ਦੱਸਿਆ ਕਿ ਇਸ ਤੋਂ ਪਹਿਲਾਂ ਵੀ ਇੱਥੇ ਦੋ-ਤਿੰਨ ਹਾਦਸੇ ਵਾਪਰ ਚੁੱਕੇ ਹਨ ਅਤੇ ਬਿਜਲੀ ਬੋਰਡ ਨੂੰ ਕਈ ਵਾਰ ਤਾਰਾਂ ਉੱਚੀਆਂ ਕਰਨ ਲਈ ਕਿਹਾ ਗਿਆ ਹੈ ਪਰ ਵਿਭਾਗ ਵੱਲੋਂ ਕੋਈ ਧਿਆਨ ਨਹੀਂ ਦਿੱਤਾ ਗਿਆ। ਉਨ੍ਹਾਂ ਮੰਗ ਕੀਤੀ ਕਿ ਲੋਕਾਂ ਦੀ ਸੁਰੱਖਿਆ ਨੂੰ ਧਿਆਨ ਵਿੱਚ ਰੱਖਦਿਆਂ ਤੁਰੰਤ ਤਾਰਾਂ ਨੂੰ ਉੱਚਾ ਕੀਤਾ ਜਾਵੇ ਤਾਂ ਜੋ ਭਵਿੱਖ ਵਿੱਚ ਕੋਈ ਵੱਡਾ ਹਾਦਸਾ ਨਾ ਵਾਪਰੇ।ਉਧਰ ਇਸ ਸਬੰਧੀ ਬਿਜਲੀ ਬੋਰਡ ਦੇ ਅਧਿਕਾਰੀਆਂ ਦਾ ਕਹਿਣਾ ਹੈ ਕਿ ਮਦਾਰਾਂ ਫੀਡਰ ਦੀਆਂ ਤਾਰਾਂ ਨੂੰ ਨਿਯਮਾਂ ਅਨੁਸਾਰ ਪੂਰੀ ਉਚਾਈ 'ਤੇ ਕੱਸਿਆ ਹੋਇਆ ਹੈ। ਅਧਿਕਾਰੀਆਂ ਨੇ ਕਿਹਾ ਕਿ ਓਵਰਲੋਡ ਟਰਾਲੀਆਂ ਕਾਰਨ ਬਿਜਲੀ ਤਾਰਾਂ ਨੂੰ ਨੁਕਸਾਨ ਪਹੁੰਚਦਾ ਹੈ ਅਤੇ ਇਸ ਸਬੰਧੀ ਓਵਰਲੋਡ ਟਰਾਲੀ ਚਾਲਕਾਂ ਖ਼ਿਲਾਫ਼ ਬਣਦੀ ਕਾਨੂੰਨੀ ਕਾਰਵਾਈ ਵੀ ਕੀਤੀ ਜਾਵੇਗੀ।

ਮੁਲਾਜ਼ਮ ਤੇ ਪੈਨਸ਼ਨਰਾਂ ਵੱਲੋਂ ਝੰਡਾ ਮਾਰਚ

ਚੰਡੀਗੜ੍ਹ (ਸੁਰਜੀਤ ਸੁਮਨ)

ਸਾਂਝਾ ਮੁਲਾਜ਼ਮ ਮੰਚ ਦੀ ਅਗਵਾਈ ਹੇਠ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਵੱਲੋਂ ਆਪਣੀਆਂ ਮੰਗਾਂ ਦੇ ਹੱਕ ਵਿੱਚ ਜੇਠ ਮਹੀਨੇ ਦੀ ਤਪਦੀ ਦੁਪਹਿਰ ਵਿੱਚ ਵਿਸ਼ਾਲ ਝੰਡਾ ਮਾਰਚ ਕੀਤਾ ਗਿਆ। ਸਾਲਾਂਬੱਧੀ ਲੰਬਿਤ ਆਪਣੀਆਂ ਮੰਗਾਂ ਦੇ ਹੱਕ ਵਿੱਚ ਰੋਸ ਪ੍ਰਗਟਾ ਰਹੇ ਇਨ੍ਹਾਂ ਮੁਲਾਜ਼ਮਾਂ ਤੇ ਪੈਨਸ਼ਨਰਾਂ ਵੱਲੋਂ ਮੋਹਾਲੀ ਦੇ ਫੇਜ਼-11 ਤੋਂ ਆਰੰਭ ਕੀਤੇ ਇਸ ਮਾਰਚ ਨੂੰ ਫੇਜ਼-1 ਵਿੱਚ ਸਮਾਪਤ ਕੀਤਾ ਗਿਆ। ਚੌਪਹੀਆਂ ਤੇ ਦੋਪਹੀਆ ਵਾਹਨਾਂ 'ਤੇ ਸਵਾਰ ਮੁਲਾਜ਼ਮਾਂ ਦੇ ਹੱਥਾਂ ਵਿੱਚ ਕਾਲੇ ਝੰਡੇ ਲਹਿਰਾ ਰਹੇ ਸਨ। ਝੰਡਾ ਮਾਰਚ ਕਰ ਰਹੇ ਮੁਲਾਜ਼ਮਾਂ ਨੇ ਨਗਰ ਨਿਗਮ ਤੇ ਨਗਰ ਕੌਂਸਲਾਂ ਦੀਆਂ ਹੋ ਰਹੀਆਂ ਚੋਣਾਂ ਵਿੱਚ ਆਮ ਲੋਕਾਂ ਨੂੰ ਹੁਕਮਰਾਨ ਪਾਰਟੀ ਦੇ ਉਮੀਦਵਾਰਾਂ ਦਾ ਵਿਰੋਧ ਕਰਨ ਦਾ ਸੱਦਾ ਦਿੱਤਾ। ਮਾਰਚ ਵਿੱਚ ਮੁਲਾਜ਼ਮ ਔਰਤਾਂ ਦੀ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਦੇਖਣ ਨੂੰ ਮਿਲ਼ੀ। ਇਸ ਮੌਕੇ ਮੁਲਾਜ਼ਮ ਆਗੂਆਂ ਸੁਖਚੈਨ ਸਿੰਘ ਖਹਿਰਾ, ਨਵ ਵਰਿੰਦਰ ਸਿੰਘ, ਸੁਸ਼ੀਲ ਕੁਮਾਰ ਫੌਜੀ, ਮਨਜੀਤ ਸਿੰਘ ਰੰਧਾਵਾ, ਕੁਲਵੰਤ ਸਿੰਘ, ਅਲਕਾ ਚੋਪੜਾ ਨੇ ਕਿਹਾ ਕਿ ਜੇਕਰ ਸਰਕਾਰ ਵੱਲੋਂ ਮਾਣਯੋਗ ਅਦਾਲਤਾਂ ਦੇ ਹੁਕਮਾਂ ਦੇ ਬਾਵਜੂਦ ਵੀ ਮੁਲਾਜ਼ਮ ਮੰਗਾਂ ਨਾ ਮੰਨੀਆਂ ਤਾਂ ਸੰਘਰਸ਼ ਹੋਰ ਤੇਜ਼ ਕੀਤਾ ਜਾਵੇਗਾ। ਇਸ ਮੌਕੇ ਪੈਨਸ਼ਨਰਾਂ ਆਗੂਆਂ ਡਾ. ਐੱਨ ਕੇ ਕਲਸੀ ਸਮੇਤ ਹੋਰ ਵੱਡੀ ਗਿਣਤੀ ਪੈਨਸ਼ਨਰਾਂ ਵੱਲੋਂ ਵੀ ਸ਼ਿਰਕਤ ਕੀਤੀ ਗਈ। ਜ਼ਿਕਰਯੋਗ ਹੈ ਕਿ ਸਰਕਾਰ ਦੇ ਮੁਲਾਜ਼ਮਾਂ ਨੂੰ ਪਿਛਲੇ ਪੰਜ-ਛੇ ਸਾਲਾਂ ਤੋਂ ਰੁਕੀਆਂ ਹੋਈਆਂ ਮਹਿੰਗਾਈ ਭੱਤੇ ਦੀਆਂ ਕਿਸ਼ਤਾਂ ਅਤੇ ਛੇਵੇਂ ਤਨਖਾਹ ਕਮਿਸ਼ਨ ਦੇ ਬਕਾਇਆਂ ਆਦਿ ਦੀਆਂ ਦੇਣਦਾਰੀਆਂ ਸਬੰਧੀ ਮਾਣਯੋਗ ਅਦਾਲਤਾਂ ਵੱਲੋਂ ਦਿੱਤੇ ਫੈਸਲਿਆਂ ਦੇ ਬਾਵਜੂਦ ਸਥਿਤੀ ਪੇਚੀਦਾ ਬਣੀ ਹੋਈ ਹੈ। ਮਹਿੰਗਾਈ ਭੱਤੇ ਸਬੰਧੀ ਕੇਸ 25 ਮਈ ਨੂੰ ਸੁਣਵਾਈ ਅਧੀਨ ਹੈ।

ਸਾਲਾਨਾ ਜੋੜ ਮੇਲਾ 1 ਨੂੰ

ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)-ਪਿੰਡ ਮਹਿਮਦੋਵਾਲ ਵਿਖੇ ਬਾਬਾ ਖੁਵਾਜਾ ਪੀਰ ਜੀ ਦੇ ਅਸਥਾਨ ਤੇ 18ਵਾਂ ਸਲਾਨਾ ਜੋੜ ਮੇਲਾ 1 ਜੂਨ ਨੂੰ ਸ਼ਰਧਾ ਤੇ ਉਤਸ਼ਾਹ ਪੂਰਵਕ ਢੰਗ ਨਾਲ ਕਰਵਾਇਆ ਜਾ ਰਿਹਾ ਹੈ। ਇਸ ਸੰਬੰਧੀ ਜਾਣਕਾਰੀ ਦਿੰਦਿਆਂ ਮੁੱਖ ਸੇਵਾਦਾਰ ਬਾਬਾ ਸੋਹਣ ਸਿੰਘ, ਸੇਵਾਦਾਰ ਸੁਰਜੀਤ ਸਿੰਘ ਜੀਤੀ, ਸਰਪੰਚ ਕਮਲਜੀਤ ਕੌਰ, ਸਰਪੰਚ ਗੁਰਜੀਤ ਸਿੰਘ ਖਹਿਰਾ ਸਮੇਤ ਪ੍ਰਬੰਧਕ ਕਮੇਟੀ ਮੈਂਬਰਾਂ ਨੇ ਸਾਂਝੇ ਤੌਰ ਤੇ ਦੱਸਿਆ ਕਿ 31 ਮਈ ਸਵੇਰੇ 9 ਵਜੇ ਝੰਡੇ ਦੀ ਰਸਮ ਅਦਾ ਕੀਤੀ ਜਾਵੇਗੀ। ਬੇੜੇ ਅਤੇ ਚਾਦਰ ਦੀ ਰਸਮ 4 ਵਜੇ ਸ਼ਾਮ ਨੂੰ ਹੋਵੇਗੀ। 1 ਜੂਨ ਦਿਨ ਸੋਮਵਾਰ ਨੂੰ ਸੱਭਿਆਚਾਰਕ ਪ੍ਰੋਗਰਾਮ ਸਵੇਰੇ 10 ਵਜੇ ਤੋਂ ਸ਼ਾਮ 5 ਵਜੇ ਤੱਕ ਹੋਵੇਗਾ। ਇਸ ਮੌਕੇ ਗੁਰਜੀਤ ਜੀਤੀ ਲੋਕ ਗਾਇਕ, ਅਮਰ ਸੰਧੂ ਇੰਟਰਨੈਸ਼ਨਲ ਗਾਇਕ, ਨਿੱਕੂ ਧਾਰੀਵਾਲ ਪੰਜਾਬੀ ਗਾਇਕ, ਰਣਵੀਰ ਇੰਟਰਨੈਸ਼ਨਲ ਗਾਇਕ, ਕਮਲ ਗਿੱਲ ਕਵਾਲ ਪਾਰਟੀ ਆਪਣਾ ਧਾਰਮਿਕ ਤੇ ਸੱਭਿਆਚਾਰਕ ਪ੍ਰੋਗਰਾਮ ਪੇਸ਼ ਕਰਨਗੇ। ਐਂਕਰ ਦੀਆਂ ਸੇਵਾਵਾਂ ਜੱਸੀ ਮੁੱਗੋਵਾਲ ਨਿਭਾਉਣਗੇ। ਮੇਲਾ ਪ੍ਰਮੋਟਰ ਜਸਵੀਰ ਸ਼ੀਰਾ ਮੇਲੇ ਦੇ ਇਸ ਦਿਨ ਤੇ ਸਭਨਾਂ ਨੂੰ ਜੀ ਆਇਆ ਨੂੰ ਆਖਣਗੇ। ਗੁਪਤਾ ਸਾਊਂਡ ਸੈਲਾ ਖੁਰਦ ਵਾਲੇ ਸਾਊਂਡ ਦੀਆਂ ਸੇਵਾਵਾਂ ਦੇਣਗੇ। ਇਸ ਮੌਕੇ ਵਿਰਾਸਤੀ ਬੂਟਿਆਂ ਦਾ ਲੰਗਰ ਦੁਆਬਾ ਵਾਤਾਵਰਨ ਕਮੇਟੀ ਮਾਹਿਲਪੁਰ ਵੱਲੋਂ ਲਗਾਇਆ ਜਾਵੇਗਾ। ਠੰਡੇ ਮਿੱਠੇ ਜਲ ਦੀ ਛਬੀਲ, ਚਾਹ ਪਕੌੜੇ ਤੇ ਗੁਰੂ ਕਾ ਲੰਗਰ ਅਟੁੱਟ ਵਰਤੇਗਾ। ਡਾਕਟਰ ਜਸਵੰਤ ਸਿੰਘ ਥਿੰਦ ਦੀ ਦੇਖ ਰੇਖ ਹੇਠ ਫਰੀ ਮੈਡੀਕਲ ਕੈਂਪ ਲਗਾਇਆ ਜਾਵੇਗਾ। ਜਲ ਦੀ ਸੇਵਾ ਮਿਲਣ ਪੈਲਸ ਮਾਹਿਲਪੁਰ ਵੱਲੋਂ ਕੀਤੀ ਜਾਵੇਗੀ। ਸਮੂਹ ਪੰਚਾਇਤ ਮੈਂਬਰ, ਐੱਨ ਆਰ ਆਈ ਵੀਰ, ਕਮੇਟੀ ਤੇ ਇਲਾਕਾ ਨਿਵਾਸੀ ਖੁਵਾਜਾ ਪੀਰ ਦੇ ਸਹਿਯੋਗ ਨਾਲ ਹੋ ਰਹੇ ਇਸ ਮੇਲੇ ਵਿੱਚ ਨਿਊ ਵਾਲੀਆ ਸਵੀਟਸ, ਬਿੱਲੂ ਬਿਲਡਰ ਐਂਡ ਕਟਰੈਕਟਰ, ਭਲਵਾਨ ਲਾਈਟ ਸਰਵਿਸ, ਬਿੱਲੇ ਦੀ ਹੱਟੀ ਮੁਕੇਸ਼ ਬਰਦਰਜ਼ ਆਦਿ ਵੱਲੋਂ ਆਪਣਾ ਵਿਸ਼ੇਸ਼ ਸਹਿਯੋਗ ਪਾਇਆ ਜਾ ਰਿਹਾ ਹੈ।

ਕੁੱਲ ਹਿੰਦ ਕਿਸਾਨ ਸਭਾ ਨੇ ਅਜੌਲੀ 'ਚ ਕੀਤੀ ਭਰਤੀ

ਨੰਗਲ (ਸੁਰਜੀਤ ਸਿੰਘ)

ਕੁੱਲ ਹਿੰਦ ਕਿਸਾਨ ਸਭਾ ਜ਼ਿਲ੍ਹਾ ਰੋਪੜ ਨੇ ਜ਼ਿਲ੍ਹੇ ਵਿੱਚ ਭਰਤੀ ਮੁਹਿੰਮ ਲਗਾਤਾਰ ਜਾਰੀ ਕੀਤੀ ਹੋਈ ਹੈ।ਸ਼ਨੀਵਾਰ ਪਿੰਡ ਅਜੌਲੀ ਵਿਖੇ ਜ਼ਿਲ੍ਹਾ ਪ੍ਰਧਾਨ ਕਾਮਰੇਡ ਸੁਰਜੀਤ ਸਿੰਘ ਢੇਰ ਦੀ ਅਗਵਾਈ ਹੇਠ ਭਰਤੀ ਕੀਤੀ ਗਈ। ਇਸ ਮੌਕੇ ਕਾਮਰੇਡ ਸੁਰਜੀਤ ਸਿੰਘ ਢੇਰ ਨੇ ਕਿਹਾ ਕਿ ਕੁੱਲ ਹਿੰਦ ਕਿਸਾਨ ਸਭਾ ਦਾ ਮਹਾਨ ਦੇਸ਼ ਭਗਤਾਂ ਨੇ 1936 ਵਿੱਚ ਨੀਂਹ ਪੱਥਰ ਰੱਖਿਆ ਸੀ। ਅੱਜ ਸਾਰੇ ਦੇਸ਼ ਦੇ ਵਿੱਚ ਕਿਸਾਨਾਂ ਮਜ਼ਦੂਰਾਂ ਦੀਆਂ ਮੰਗਾਂ ਲਈ ਕੁੱਲ ਹਿੰਦ ਕਿਸਾਨ ਸਭਾ ਮੂਹਰਲੀਆ ਕਤਾਰਾਂ ਵਿੱਚ ਘੋਲ ਲੜ ਰਹੀ ਹੈ। ਉਹਨਾਂ ਕਿਹਾ ਕਿ ਦੇਸ਼ ਵਿੱਚ ਕੁੱਲ ਹਿੰਦ ਕਿਸਾਨ ਸਭਾ ਦੀ ਦੋ ਕਰੋੜ ਤੋਂ ਉੱਪਰ ਮੈਂਬਰਸ਼ਿਪ ਹੈ। ਹਰ ਸਾਲ ਇਹ ਮੈਂਬਰਸ਼ਿਪ ਕੀਤੀ ਜਾਂਦੀ ਹੈ। ਮੈਂਬਰਸ਼ਿਪ ਦੀ ਫੀਸ ਪੰਜ ਰੁਪਏ ਪ੍ਰਤੀ ਮੈਂਬਰ ਹੈ। ਹਰੇਕ ਘਰ ਦੇ 18 ਸਾਲ ਤੋਂ ਉੱਪਰ ਲੜਕੇ-ਲੜਕੀਆਂ ਮੈਂਬਰ ਬਣ ਸਕਦੇ ਹਨ। ਉਹਨਾਂ ਕਿਹਾ ਕਿ ਮੈਂਬਰਸ਼ਿਪ ਨੂੰ ਪਿੰਡਾਂ ਦੇ ਕਿਸਾਨਾਂ ਵੱਲੋਂ ਭਾਰੀ ਹੁੰਗਾਰਾ ਦਿੱਤਾ ਜਾ ਰਿਹਾ ਹੈ ।ਕਾਮਰੇਡ ਸੁਰਜੀਤ ਸਿੰਘ ਢੇਰ ਨੇ ਦੱਸਿਆ ਕਿ ਜ਼ਿਲ੍ਹੇ ਭਰ 'ਚ ਵੱਖ ਵੱਖ ਟੀਮਾਂ ਪਿੰਡਾਂ ਵਿੱਚ ਜਾ ਕੇ ਮੈਂਬਰਸ਼ਿਪ ਦੀ ਭਰਤੀ ਕਰ ਰਹੀਆਂ ਹਨ। ਉਹਨਾਂ ਪਿੰਡਾਂ ਦੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਉਹ ਕਿਸਾਨ ਸਭਾ ਦੇ ਵੱਡੀ ਗਿਣਤੀ ਵਿੱਚ ਮੈਂਬਰ ਬਣ ਕੇ ਆਪਣੇ ਆਪਣੇ ਪਿੰਡ ਯੂਨਿਟਾਂ ਦੀਆਂ ਸਥਾਪਨਾ ਕਰਨ ਤਾਂ ਜੋ ਜਦੋਂ ਵੀ ਕੇਂਦਰ ਦੀ ਸਰਕਾਰ ਜਾਂ ਪੰਜਾਬ ਸਰਕਾਰ ਜਾਂ ਹੋਰ ਕੋਈ ਵੀ ਅਦਾਰਾ ਕਿਸਾਨਾਂ ਨਾਲ ਧੱਕੇਸ਼ਾਹੀ ਕਰਦਾ ਹੈ ਤਾਂ ਉਸ ਦਾ ਮੂੰਹ ਤੋੜ ਜਵਾਬ ਦਿੱਤਾ ਜਾ ਸਕੇ। ਇਸ ਮੌਕੇ ਤੇ ਕਿਸਾਨ ਆਗੂ ਵਿਜੇ ਕੁਮਾਰ, ਨੰਬਰਦਾਰ ਸੁਭਾਸ਼ ਕੁਮਾਰ, ਸੋਮ ਨਾਥ, ਸੱਤਪਾਲ ਅਤੇ ਬਰਜਿੰਦਰ ਸਿੰਘ ਡੋਡ ਵੀ ਹਾਜ਼ਰ ਸਨ ।

ਮੁੱਖ ਮੰਤਰੀ ਸੈਣੀ ਨੇ ਸੰਤ ਕਬੀਰ ਕੁਟੀਰ ਵਿਖੇ ਪੌਦੇ ਲਗਾਏ

ਚੰਡੀਗੜ੍ਹ (ਕ੍ਰਿਸ਼ਨ ਗਰਕ) — ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਸ਼ਨੀਵਾਰ ਨੂੰ ਸੰਤ ਕਬੀਰ ਕੁਟੀਰ ਵਿਖੇ ਪੌਦੇ ਲਗਾ ਕੇ ਵਾਤਾਵਰਣ ਦੀ ਸੰਭਾਲ ਦਾ ਸੰਦੇਸ਼ ਦਿੱਤਾ। ਇਸ ਮੌਕੇ ਤੇ ਹਰਿਆਣਾ ਦੇ ਖੇਡ ਰਾਜ ਮੰਤਰੀ ਗੌਰਵ ਗੌਤਮ ਵੀ ਮੌਜੂਦ ਸਨ।ਮੁੱਖ ਮੰਤਰੀ ਨੇ ਕਿਹਾ ਕਿ ਵਾਤਾਵਰਣ ਦੀ ਸੰਭਾਲ ਮੌਜੂਦਾ ਸਮੇਂ ਦੀ ਸਭ ਤੋਂ ਵੱਡੀ ਲੋੜ ਬਣ ਚੁੱਕੀ ਹੈ। ਧਰਤੀ ਨੂੰ ਹਰਿਆ-ਭਰਿਆ ਅਤੇ ਪ੍ਰਦੂਸ਼ਣ ਮੁਕਤ ਬਣਾਉਣ ਲਈ ਹਰ ਨਾਗਰਿਕ ਨੂੰ ਪੌਦੇ ਲਗਾਉਣ ਦੀ ਮੁਹਿੰਮ ਨਾਲ ਜੁੜਨਾ ਚਾਹੀਦਾ ਹੈ। ਉਨ੍ਹਾਂ ਨੇ ਕਿਹਾ ਕਿ ਰੁੱਖ ਮਨੁੱਖੀ ਜੀਵਨ ਦਾ ਆਧਾਰ ਹਨ ਅਤੇ ਇਹ ਨਾ ਸਿਰਫ਼ ਸ਼ੁੱਧ ਵਾਤਾਵਰਣ ਪ੍ਰਦਾਨ ਕਰਦੇ ਹਨ, ਸਗੋਂ ਆਉਣ ਵਾਲੀਆਂ ਪੀੜ੍ਹੀਆਂ ਨੂੰ ਸੁਰੱਖਿਅਤ ਭਵਿੱਖ ਵੀ ਪ੍ਰਦਾਨ ਕਰਦੇ ਹਨ।ਮੁੱਖ ਮੰਤਰੀ ਨੇ ਪ੍ਰਦੇਸ਼ ਵਾਸੀਆਂ ਨੂੰ ਸੱਦਾ ਦਿੱਤਾ ਕਿ ਉਹ ਵੱਧ ਤੋਂ ਵੱਧ ਪੌਦੇ ਲਗਾਉਣ ਅਤੇ ਉਨ੍ਹਾਂ ਦੀ ਨਿਯਮਤ ਦੇਖਭਾਲ ਵੀ ਯਕੀਨੀ ਬਣਾਉਣ।

ਬਰਾੜ ਪਰਵਾਰ ਨਾਲ ਕੀਤਾ ਗਹਿਰੇ ਦੁੱਖ ਦਾ ਪ੍ਰਗਟਾਵਾ

ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)-ਬੀਤੇ ਦਿਨੀਂ ਅਕਾਲੀ ਆਗੂ ਮਨਜਿੰਦਰ ਸਿੰਘ ਬਰਾੜ ਅਤੇ ਸਮਾਜ ਸੇਵੀ ਪਰਮਜੀਤ ਸਿੰਘ ਬਰਾੜ ਦੇ ਪਿਤਾ ਮਾਸਟਰ ਰਣਬੀਰ ਸਿੰਘ ਬਰਾੜ (85) ਵਾਸੀ ਸ੍ਰੀ ਅਨੰਦਪੁਰ ਸਾਹਿਬ ਸਦੀਵੀ ਵਿਛੋੜਾ ਦੇ ਗਏ। ਉਨ੍ਹਾਂ ਨੇ ਅਧਿਆਪਕਾਂ ਦੀਆਂ ਮੰਗਾਂ ਲਈ ਵੱਡੇ ਘੋਲ ਲੜੇ। ਪੰਜਾਬ ਦੇ ਮੁਲਾਜ਼ਮਾਂ ਨੂੰ ਜਥੇਬੰਦ ਕਰਨ ਵਿੱਚ ਉਨ੍ਹਾਂ ਦਾ ਬਹੁਤ ਯੋਗਦਾਨ ਰਿਹਾ। ਇਸ ਦੁੱਖ ਦੀ ਘੜੀ ਵਿੱਚ ਬਰਾੜ ਪਰਵਾਰ ਨਾਲ ਸੀ ਪੀ ਆਈ ਐਮ ਦੇ ਜਿਲਾ ਸਕੱਤਰ ਬਜਿੰਦਰ ਪੰਡਤ, ਸਕੱਤਰੇਤ ਮੈਂਬਰ ਕਾਮਰੇਡ ਸੁਰਜੀਤ ਸਿੰਘ ਢੇਰ, ਜਸਵਿੰਦਰ ਸਿੰਘ ਭੰਗਲ, ਸੀ ਪੀ ਆਈ ਦੇ ਆਗੂ ਗੁਰਨਾਮ ਸਿੰਘ ਔਲਖ, ਦਵਿੰਦਰ ਨੰਗਲੀ, ਰਾਮ ਪਾਲ, ਗੁਲਜਾਰ ਸਿੰਘ, ਹਕੀਮ ਹਰਮਿੰਦਰ ਪਾਲ ਸਿੰਘ ਮਿਨਹਾਸ, ਮਾਸਟਰ ਮਨੋਹਰ ਸਿੰਘ, ਦਰਸ਼ਨ ਸਿੰਘ ਬੜਵਾ, ਮਾਸਟਰ ਕਰਮ ਚੰਦ ਗਨਾਰੂ, ਮੱਘਰ ਸਿੰਘ, ਮਨਜੀਤ ਸਿੰਘ ਖੇਰਾਬਾਦ, ਜਥੇਦਾਰ ਸੰਦੀਪ ਸਿੰਘ ਕਲੋਤਾ, ਠੇਕੇਦਾਰ ਗੁਰਨਾਮ ਸਿੰਘ, ਕੇਸਰ ਸਿੰਘ ਅਟਵਾਲ, ਮਾਸਟਰ ਦਲਜੀਤ ਸਿੰਘ ਅਟਵਾਲ, ਇੰਦਰਜੀਤ ਸਿੰਘ ਫੌਜੀ, ਬਰਜਿੰਦਰ ਸਿੰਘ ਡੋਡ, ਰਾਜਪਾਲ ਆਂਗਰਾ, ਸੁਰਿੰਦਰ ਸਿੰਘ ਮਟੌਰ, ਨਿਰਮਲ ਸਿੰਘ ਸੁਮਨ, ਮਾਸਟਰ ਗੁਰਦੇਵ ਸਿੰਘ ਡੱਬਰੀ ਨੇ ਦੁੱਖ ਸਾਂਝਾ ਕੀਤਾ।

ਸਿਲਵਰ ਓਕ ਸਕੂਲ 'ਚ ਭਾਰਤੀ ਭਾਸ਼ਾ ਸਮਰ ਕੈਂਪ ਸ਼ੁਰੂ

ਟਾਂਡਾ ਉੜਮੁੜ (ਜਸਵਿੰਦਰ ਸੰਧੂ ਪੰਡਿਤ ਮਿਥਲੇਸ਼)

ਇਲਾਕੇ ਦੀ ਪ੍ਰਮੁੱਖ ਸਿੱਖਿਆ ਸੰਸਥਾ ਸਿਲਵਰ ਓਕ ਇੰਟਰਨੈਸ਼ਨਲ ਸੀਨੀਅਰ ਸੈਕੰਡਰੀ ਸਕੂਲ ਸ਼ਾਹਬਾਜ਼ਪੁਰ ਵਿਖੇ ਭਾਰਤੀ ਭਾਸ਼ਾ ਸਮਰ ਕੈਂਪ 2026 ਦੀ ਬੜੀ ਦਿਲਚਸਪ ਸ਼ੁਰੂਆਤ ਕੀਤੀ ਗਈ। ਸੰਸਥਾ ਦੇ ਚੇਅਰਮੈਨ ਤਰਲੋਚਨ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਹੇਠ ਪ੍ਰਿੰਸੀਪਲ ਮੁਨੀਸ਼ਾ ਸੰਗਰ ਦੀ ਅਗਵਾਈ ਹੇਠ ਇਹ ਸਮਰ ਕੈਂਪ ਆਯੋਜਿਤ ਕੀਤਾ ਗਿਆ। ਪ੍ਰਿੰਸੀਪਲ ਮੁਨੀਸ਼ਾ ਸੰਗਰ ਨੇ ਦੱਸਿਆ ਕਿ ਸੀ.ਬੀ.ਐਸ.ਈ ਬੋਰਡ ਦੇ ਨਿਰਦੇਸ਼ਾਂ ਅਨੁਸਾਰ ਭਾਰਤ ਦੇਸ਼ ਦੇ ਅਲੱਗ ਅਲੱਗ ਹਿੱਸਿਆਂ ਵਿੱਚ ਬੋਲੀਆਂ ਜਾਣ ਵਾਲੀਆਂ ਭਾਸ਼ਾਵਾਂ ਵਿੱਚੋਂ ਕਿਸੇ ਇੱਕ ਦੀ ਚੋਣ ਕਰਕੇ ਬੱਚਿਆਂ ਨੂੰ ਉਸ ਦੇ ਬਾਰੇ ਜਾਣਕਾਰੀ ਦੇਣਾ ਹੀ ਇਸ ਸਮਰ ਕੈਂਪ ਦਾ ਮਕਸਦ ਹੈ।ਉਹਨਾਂ ਦੱਸਿਆ ਕਿ ਇਹ ਸਮਰ ਕੈਂਪ ਦੇ ਮੌਕੇ ਸਕੂਲ ਦੇ ਰਿਸੋਰਸ ਕੋਡੀਨੇਟਰ ਬਿਕਰਮਜੀਤ ਸਿੰਘ ਭੇਲਾ, ਸੀਸੀਏ ਕੋਆਰਡੀਨੇਟਰ ਸੁਮਿਤ ਕੌਰ ਅਤੇ ਸਕੂਲ ਦੇ ਅਧਿਆਪਕਾ ਪ੍ਰਭਜੀਤ ਕੌਰ ਬੇਪਾਰਾਏ ਨੂੰ ਇਹ ਜਿੰਮੇਦਾਰੀ ਦਿੱਤੀ ਗਈ, ਜਿਸ ਵਿੱਚ ਉਨ੍ਹਾਂ ਨੇ ਬੱਚਿਆਂ ਨੂੰ ਮਰਾਠੀ ਭਾਸ਼ਾ ਦੇ ਸ਼ਬਦਾਂ ਬਾਰੇ ਦੱਸਿਆ ਗਿਆ ਅਤੇ ਬੋਲੇ ਜਾਣ ਵਾਲੇ ਆਮ ਗੱਲਬਾਤ ਵਾਲੇ ਵਾਕਾਂ ਬਾਰੇ ਬੱਚਿਆਂ ਨੂੰ ਜਾਣਕਾਰੀ ਦਿੱਤੀ। ਪ੍ਰਿੰਸੀਪਲ ਸੰਗਰ ਨੇ ਦੱਸਿਆ ਕਿ ਸੀ.ਬੀ.ਐਸ.ਈ ਬੋਰਡ ਦੇ ਨਿਰਦੇਸ਼ਾਂ ਦੇ ਅਨੁਸਾਰ ਇਹ ਸਮਰ ਕੈਂਪ ਪੂਰੇ ਸੱਤ ਦਿਨ ਤੱਕ ਚੱਲੇਗਾ, ਜਿਸ ਦੇ ਵਿੱਚ ਭਾਰਤ ਦੇ ਕਿਸੇ ਅਲੱਗ ਖੇਤਰ ਦੀ ਚੁਣੀ ਹੋਈ ਭਾਸ਼ਾ ਦੇ ਮਾਧਿਅਮ ਰਾਹੀਂ ਅਲੱਗ ਅਲੱਗ ਗਤੀਵਿਧੀਆਂ ਕਰਵਾਈਆਂ ਜਾਣਗੀਆਂ। ਪਹਿਲੇ ਦਿਨ ਦੀਆਂ ਐਕਟੀਵਿਟੀਆਂ ਅਧੀਨ ਬੱਚਿਆਂ ਨੂੰ ਮਰਾਠੀ ਭਾਸ਼ਾ ਵਿੱਚ ਸ਼ੁੱਭਕਾਮਨਾਵਾਂ ਦੇ ਪ੍ਰਗਟਾਵੇ, ਵਰਨਮਾਲਾ, ਨੰਬਰਾਂ ਅਤੇ ਦਸਤਖ਼ਤ ਸੰਬੰਧੀ ਜਾਣਕਾਰੀ ਦਿੱਤੀ ਗਈ।ਇਸ ਮੌਕੇ ਮੈਨੇਜਰ ਗਜਿੰਦਰ ਪਾਲ ਸਿੰਘ, ਤਰਨ ਸੈਣੀ, ਜਗਬੰਧਨ ਸਿੰਘ, ਰਾਜਵੀਰ ਕੌਰ, ਰਾਜਵਿੰਦਰ ਕੌਰ, ਅਮਰਜੀਤ ਕੌਰ ਸੈਣੀ, ਬਲਜੀਤ ਕੌਰ, ਕੰਚਨ, ਪਰਮਜੀਤ, ਸੁਰੇਸ਼, ਵਿਸ਼ਾਲੀ, ਨੇਹਾ, ਗੁਰਪ੍ਰੀਤ, ਆਰਤੀ, ਸ਼ਿਲਪਾ, ਸੁਮਨ, ਵੀਨਾ, ਕੁਲਦੀਪ, ਬਲਦੇਵ ਪੰਕਜ, ਗੁਰਦੇਵ, ਅਜੇ, ਹਰਜੀਤ ਅਤੇ ਬਾਕੀ ਸਟਾਫ ਵੀ ਮੌਜੂਦ ਸੀ।

ਮੁਫ਼ਤ ਮੈਡੀਕਲ ਕੈਂਪ 28 ਨੂੰ

ਮੇਹਟੀਆਣਾ (ਜਗਤਾਰ ਸਿੰਘ ਭੂੰਗਰਨੀ)-ਪਿੰਡ ਅੱਤੋਵਾਲ ਵਿਖੇ ਸੰਤ ਬਾਬਾ ਜਵਾਲਾ ਸਿੰਘ ਜੀ ਚੈਰੀਟੇਬਲ ਹਸਪਤਾਲ ਅੱਤੋਵਾਲ ਵਿਖੇ ਗੁਰਦੁਆਰਾ ਡੇਰਾ ਸੰਤਗੜ੍ਹ ਹਰਖੋਵਾਲ ਵੱਲੋਂ ਅੱਖਾਂ, ਹੱਡੀਆਂ, ਦਿਲ ਦੀਆਂ ਬੀਮਾਰੀਆ ਤੇ ਮੁਫ਼ਤ ਮੈਡੀਕਲ ਕੈਂਪ 28 ਮਈ ਨੂੰ ਡੇਰੇ ਦੇ ਮੁੱਖ ਸੇਵਾਦਾਰ ਸੰਤ ਬਾਬਾ ਅਮਰਜੀਤ ਸਿੰਘ ਹਰਖੋਵਾਲ ਵਾਲਿਆਂ ਦੀ ਅਗਵਾਈ ਹੇਠ ਲਗਾਇਆ ਜਾ ਰਿਹਾ ਹੈ। ਇਸ ਮੌਕੇ ਪ੍ਰਬੰਧਕਾਂ ਨੇ ਦੱਸਿਆ ਕਿ 28 ਮਈ ਨੂੰ ਸਵੇਰੇ ਸਾਢੇ ਨੌਂ ਵਜੇ ਡੇਰੇ ਦੇ ਮੁੱਖ ਸੇਵਾਦਾਰ ਸੰਤ ਬਾਬਾ ਅਮਰਜੀਤ ਸਿੰਘ ਹਰਖੋਵਾਲ ਅਰਦਾਸ ਹੋਣ ਤੋਂ ਬਾਅਦ ਮੈਡੀਕਲ ਕੈਂਪ ਦਾ ਉਦਘਾਟਨ ਕੀਤਾ ਜਾਵੇਗਾ। ਇਸ ਮੌਕੇ ਪ੍ਰਬੰਧਕਾਂ ਨੇ ਦੱਸਿਆ ਕਿ 28 ਮਈ ਨੂੰ ਡਾਕਟਰ ਨਵੀਨ ਚਿਤਕਾਰਾ ਦੀ ਟੀਮ ਵੱਲੋਂ ਅੱਖਾ, ਹੱਡੀਆਂ ਤੇ ਦਿਲ ਦੀਆਂ ਬੀਮਾਰੀਆ ਦੀ ਜਾਂਚ ਕਰਕੇ ਮੁਫ਼ਤ ਦਵਾਈਆਂ ਦਿੱਤੀਆ ਜਾਣਗੀਆਂ। ਇਸ ਮੌਕੇ ਡੇਰੇ ਦੇ ਮੁੱਖ ਸੇਵਾਦਾਰ ਸੰਤ ਬਾਬਾ ਅਮਰਜੀਤ ਸਿੰਘ ਹਰਖੋਵਾਲ, ਬਾਬਾ ਸੁਰਜੀਤ ਸਿੰਘ, ਗੁਰਮੇਲ ਸਿੰਘ, ਗੁਰਵਿੰਦਰ ਸਿੰਘ ਵਿਨੇ, ਮੰਗਲ ਸਿੰਘ, ਲਖਵਿੰਦਰ ਸਿੰਘ, ਜਸਕਰਨ ਸਿੰਘ, ਗੁਰਕੀਰਤ ਸਿੰਘ ਚੀਮਾ ਆਦਿ ਹਾਜ਼ਰ ਸਨ।

ਸਿੱਖਿਆ ਭਵਨ ਮੋਹਾਲੀ ਵਿਖੇ 2 ਜੂਨ ਦੇ ਧਰਨੇ 'ਚ ਸ਼ਾਮਲ ਹੋਣਗੇ ਜਲੰਧਰ ਦੇ ਅਧਿਆਪਕ : ਜੀ ਟੀ ਯੂ

ਜਲੰਧਰ (ਰਾਜੇਸ਼ ਥਾਪਾ)

ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਵਲੋਂ ਸੂਬਾਈ ਮੀਟਿੰਗ ਦੇ ਫੈਸਲੇ ਅਨੁਸਾਰ ਪ੍ਰਧਾਨ ਸੁਖਵਿੰਦਰ ਸਿੰਘ ਚਾਹਲ, ਜਨਰਲ ਸਕੱਤਰ ਗੁਰਵਿੰਦਰ ਸਿੰਘ ਸਸਕੌਰ, ਵਿੱਤ ਸਕੱਤਰ ਮਨੋਹਰ ਲਾਲ ਸ਼ਰਮਾ ਆਦਿ ਦੀ ਅਗਵਾਈ ਵਿੱਚ ਸਮੂਹ ਅਧਿਆਪਕ ਵਰਗ ਦੀਆਂ ਸਾਂਝੀਆਂ ਮੰਗਾਂ ਮਨਵਾਉਣ ਲਈ 2 ਜੂਨ ਨੂੰ ਸਿੱਖਿਆ ਭਵਨ ਮੋਹਾਲੀ ਵਿਖੇ ਲਗਾਏ ਜਾ ਰਹੇ ਸੂਬਾਈ ਧਰਨੇ ਵਿੱਚ ਭਰਵੀਂ ਸ਼ਮੂਲੀਅਤ ਕਰਨ ਲਈ ਗੌਰਮਿੰਟ ਟੀਚਰਜ਼ ਯੂਨੀਅਨ ਜ਼ਿਲ੍ਹਾ ਜਲੰਧਰ ਦੇ ਪ੍ਰਧਾਨ ਕਰਨੈਲ ਫਿਲੌਰ ਦੀ ਪ੍ਰਧਾਨਗੀ ਹੇਠ ਮੀਟਿੰਗ ਕਰਦੇ ਹੋਏ ਵੱਧ ਤੋਂ ਵੱਧ ਸ਼ਮੂਲੀਅਤ ਕਰਨ ਦਾ ਐਲਾਨ ਕੀਤਾ ਗਿਆ। ਮੀਟਿੰਗ ਦੀ ਕਾਰਵਾਈ ਨੂੰ ਜ਼ਿਲ੍ਹਾ ਜਨਰਲ ਸਕੱਤਰ ਸੁਖਵਿੰਦਰ ਸਿੰਘ ਮੱਕੜ ਨੇ ਚਲਾਇਆ। ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਦੇ ਸੀਨੀਅਰ ਮੀਤ ਪ੍ਰਧਾਨ ਤੀਰਥ ਸਿੰਘ ਬਾਸੀ ਨੇ ਦੱਸਿਆ ਕਿ ਮੰਗ ਪੱਤਰ ਵਿੱਚ ਦਰਜ ਮੰਗਾਂ ਨੂੰ ਹੱਲ ਕਰਵਾਉਣ ਲਈ ਵਿਸ਼ਾਲ ਸੂਬਾਈ ਧਰਨਾ ਲਗਾਇਆ ਜਾ ਰਿਹਾ ਹੈ ਅਤੇ ਸੂਬਾਈ ਧਰਨੇ ਦੀ ਕਾਮਯਾਬੀ ਲਈ ਵੱਧ ਤੋਂ ਵੱਧ ਅਧਿਆਪਕਾਂ ਨੂੰ ਸ਼ਮੂਲੀਅਤ ਕਰਵਾਉਣ ਲਈ ਉਪਰਾਲੇ ਤੇਜ਼ ਕੀਤੇ ਜਾਣ ਅਤੇ ਭਰਵੀਂ ਸ਼ਮੂਲੀਅਤ ਨੂੰ ਯਕੀਨੀ ਬਣਾਇਆ ਜਾਵੇ। ਜ਼ਿਲ੍ਹਾ ਪ੍ਰੈੱਸ ਸਕੱਤਰ ਵੇਦ ਰਾਜ ਨੇ ਪ੍ਰੈੱਸ ਨੂੰ ਦੱਸਿਆ ਕਿ 2 ਜੂਨ ਦੇ ਸਿੱਖਿਆ ਭਵਨ ਮੋਹਾਲੀ ਵਿਖੇ ਲਗਾਏ ਜਾ ਰਹੇ ਸੂਬਾਈ ਧਰਨੇ ਵਿੱਚ ਸ਼ਮੂਲੀਅਤ ਕਰਨ ਲਈ ਵਰਕਿੰਗ ਹਰ ਬਲਾਕ ਵਿੱਚੋਂ ਵਹੀਕਲ ਚਲਾਏ ਜਾਣਗੇ ਅਤੇ ਅਧਿਆਪਕਾਂ ਦੀ ਸ਼ਮੂਲੀਅਤ ਕਰਵਾਈ ਜਾਵੇਗੀ।ਇਸ ਸਮੇਂ ਹੋਰਨਾਂ ਤੋਂ ਇਲਾਵਾ ਪ੍ਰਧਾਨ ਕਰਨੈਲ ਫਿਲੌਰ, ਸੀਨੀਅਰ ਮੀਤ ਪ੍ਰਧਾਨ ਬਲਜੀਤ ਸਿੰਘ ਕੁਲਾਰ, ਜਨਰਲ ਸਕੱਤਰ ਸੁਖਵਿੰਦਰ ਸਿੰਘ ਮੱਕੜ, ਪ੍ਰੈੱਸ ਸਕੱਤਰ ਵੇਦ ਰਾਜ, ਜੁਆਇੰਟ ਪ੍ਰੈੱਸ ਸਕੱਤਰ ਪ੍ਰੇਮ ਖਲਵਾੜਾ, ਗੁਰਿੰਦਰ ਸਿੰਘ, ਗੁਰਮੇਲ ਸਿੰਘ ਕੁਲਰੀਆਂ, ਕਮਲ ਦੇਵ, ਬਖਸ਼ੀ ਰਾਮ, ਸੁਖਵਿੰਦਰ ਰਾਮ, ਰਜਿੰਦਰ ਸਿੰਘ ਭੋਗਪੁਰ, ਸੰਦੀਪ ਰਾਜੋਵਾਲ, ਕੁਲਵੰਤ ਰਾਮ, ਪਿਆਰਾ ਸਿੰਘ, ਜਸਵੀਰ ਸਿੰਘ, ਮੁਲਖ ਰਾਜ ਅਤੇ ਸੂਬਾ ਸੀਨੀਅਰ ਮੀਤ ਪ੍ਰਧਾਨ ਤੀਰਥ ਸਿੰਘ ਬਾਸੀ ਵਿਸ਼ੇਸ਼ ਤੌਰ 'ਤੇ ਹਾਜ਼ਰ ਹੋਏ।

ਮਿਊਂਸਪਲ ਚੋਣਾਂ ਲਈ ਕੁੱਲ 7555 ਉਮੀਦਵਾਰ ਚੋਣ ਮੈਦਾਨ 'ਚ

ਚੰਡੀਗੜ੍ਹ (ਗੁਰਜੀਤ ਬਿੱਲਾ)-ਰਾਜ ਚੋਣ ਕਮਿਸ਼ਨ, ਪੰਜਾਬ ਨੇ ਦੱਸਿਆ ਕਿ ਪੰਜਾਬ 'ਚ 26 ਮਈ ਨੂੰ ਹੋ ਰਹੀਆਂ ਮਿਊਂਸਪਲ ਆਮ ਚੋਣਾਂ ਲਈ ਕੁੱਲ 7555 ਉਮੀਦਵਾਰ ਚੋਣ ਮੈਦਾਨ 'ਚ ਹਨ। ਇਨ੍ਹਾਂ ਚੋਣਾਂ ਲਈ ਆਮ ਆਦਮੀ ਪਾਰਟੀ (ਆਪ) ਦੇ 1801 ਉਮੀਦਵਾਰ, ਇੰਡੀਅਨ ਨੈਸ਼ਨਲ ਕਾਂਗਰਸ ਦੇ 1550 ਉਮੀਦਵਾਰ, ਭਾਰਤੀ ਜਨਤਾ ਪਾਰਟੀ (ਭਾਜਪਾ) ਦੇ 1316 ਉਮੀਦਵਾਰ, ਸ਼੍ਰੋਮਣੀ ਅਕਾਲੀ ਦਲ ਦੇ 1251 ਉਮੀਦਵਾਰ, ਬਹੁਜਨ ਸਮਾਜ ਪਾਰਟੀ (ਬਸਪਾ) ਦੇ 96 ਉਮੀਦਵਾਰ, 1528 ਆਜ਼ਾਦ ਉਮੀਦਵਾਰ ਅਤੇ 13 ਹੋਰ ਉਮੀਦਵਾਰ ਚੋਣ ਲੜਨਗੇ।

ਸਤਲੁਜ ਨਹਿਰ ਦੇ ਕੰਢੇ ਮਿਲੀ ਗਲੀ-ਸੜੀ ਲਾਵਾਰਸ ਲਾਸ਼

ਬਲਾਚੌਰ/ ਪੋਜੇਵਾਲ (ਜਸਵਿੰਦਰ ਬੈਂਸ/ਰਾਮ ਲਾਲ)-ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੀ ਸਬ-ਡਵੀਜ਼ਨ ਬਲਾਚੌਰ ਅਧੀਨ ਪੈਂਦੇ ਕੰਗਣਾ ਪੁਲ ਵਿਖੇ ਸਤਲੁਜ ਨਹਿਰ ਦੇ ਕੰਢੇ ਤੋਂ ਇੱਕ ਲਾਵਾਰਸ ਲਾਸ਼ ਮਿਲਣ ਨਾਲ ਇਲਾਕੇ ਵਿੱਚ ਸਨਸਨੀ ਫੈਲ ਗਈ।ਘਟਨਾ ਦੀ ਸੂਚਨਾ ਮਿਲਦਿਆਂ ਹੀ ਥਾਣਾ ਸਿਟੀ ਬਲਾਚੌਰ ਦੇ ਮੁਖੀ ਇੰਸਪੈਕਟਰ ਕਮਲ ਤਨੇਜਾ ਪੁਲਸ ਪਾਰਟੀ ਸਮੇਤ ਮੌਕੇ 'ਤੇ ਪਹੁੰਚੇ। ਪੁਲਸ ਮੁਤਾਬਕ ਨਹਿਰ ਦੇ ਕੰਢੇ ਮਿਲੀ ਲਾਸ਼ ਕਾਫ਼ੀ ਗਲ ਚੁੱਕੀ ਸੀ, ਜਿਸ ਕਾਰਨ ਉਸ ਦੀ ਹਾਲਤ ਬੇਹੱਦ ਖ਼ਰਾਬ ਸੀ। ਪੁਲਸ ਨੇ ਮੁਸਤੈਦੀ ਦਿਖਾਉਂਦੇ ਹੋਏ ਲਾਸ਼ ਨੂੰ ਨਹਿਰ ਵਿੱਚੋਂ ਬਾਹਰ ਕਢਵਾਇਆ ਅਤੇ ਅਗਲੇਰੀ ਕਾਰਵਾਈ ਕਰਦਿਆਂ ਪਛਾਣ ਵਾਸਤੇ ਬਲਾਚੌਰ ਸਰਕਾਰੀ ਹਸਪਤਾਲ ਦੀ ਮੋਰਚਰੀ (ਮੁਰਦਾਘਰ) ਵਿੱਚ ਰਖਵਾ ਦਿੱਤਾ ਹੈ। ਥਾਣਾ ਮੁਖੀ ਇੰਸਪੈਕਟਰ ਕਮਲ ਤਨੇਜਾ ਨੇ ਦੱਸਿਆ ਕਿ ਲਾਸ਼ ਕਾਫ਼ੀ ਪੁਰਾਣੀ ਪ੍ਰਤੀਤ ਹੁੰਦੀ ਹੈ। ਦੇਰ ਸ਼ਾਮ ਤੱਕ ਆਸ-ਪਾਸ ਦੇ ਇਲਾਕਿਆਂ ਵਿੱਚ ਸੰਪਰਕ ਕਰਨ ਦੇ ਬਾਵਜੂਦ ਵੀ ਮ੍ਰਿਤਕ ਦੀ ਪਛਾਣ ਨਹੀਂ ਹੋ ਸਕੀ । ਪੁਲਸ ਵੱਲੋਂ ਮਾਮਲੇ ਦੀ ਗੰਭੀਰਤਾ ਨਾਲ ਜਾਂਚ ਕੀਤੀ ਜਾ ਰਹੀ ਹੈ। ਪੁਲਸ ਵੱਲੋਂ ਆਸ-ਪਾਸ ਦੇ ਥਾਣਿਆਂ ਵਿੱਚ ਵੀ ਗੁੰਮਸ਼ੁਦਗੀ ਦੀਆਂ ਰਿਪੋਰਟਾਂ ਖੰਗਾਲੀਆਂ ਜਾ ਰਹੀਆਂ ਹਨ ਤਾਂ ਜੋ ਮ੍ਰਿਤਕ ਦੀ ਸ਼ਨਾਖਤ ਜਲਦ ਤੋਂ ਜਲਦ ਹੋ ਸਕੇ ।

ਹਲਕੇ ਦੀਆਂ ਪੰਚਾਇਤਾਂ ਤੇ ਇਲਾਕਾ ਨਿਵਾਸੀਆਂ ਵੱਲੋਂ ਬੀਰ ਦਵਿੰਦਰ ਸਿੰਘ ਬੱਲਾਂ ਦਾ ਸਨਮਾਨ

ਮੋਰਿੰਡਾ (ਨਿਹਾਲ ਸਿੰਘ ਕਲਸੀ)-ਆਮ ਆਦਮੀ ਪਾਰਟੀ ਦੇ ਯੂਥ ਵਿੰਗ ਦੇ ਨਿਯੁਕਤ ਕੀਤੇ ਗਏ ਮੀਤ ਪ੍ਰਧਾਨ ਪ੍ਰੋਫੈਸਰ ਬੀਰ ਦਵਿੰਦਰ ਸਿੰਘ ਬੱਲਾਂ ਨੂੰ ਇੱਕ ਵਿਸ਼ੇਸ਼ ਸਨਮਾਨ ਸਮਾਰੋਹ ਵਿੱਚ ਹਲਕੇ ਦੀਆਂ ਪੰਚਾਇਤਾਂ ਅਤੇ ਇਲਾਕਾ ਵਾਸੀਆਂ ਵੱਲੋਂ ਸਨਮਾਨਤ ਕੀਤਾ ਗਿਆ। ਇਸ ਮੌਕੇ ਪ੍ਰੋ. ਬੀਰ ਦਵਿੰਦਰ ਸਿੰਘ ਬੱਲਾਂ ਨੇ ਆਮ ਆਦਮੀ ਪਾਰਟੀ ਦੀਆਂ ਨੀਤੀਆਂ, ਸਥਾਨਕ ਵਿਕਾਸ ਕਾਰਜਾਂ ਅਤੇ ਭਵਿੱਖ ਲਈ ਬਣਾਈਆਂ ਯੋਜਨਾਵਾਂ ਬਾਰੇ ਆਪਣੇ ਵਿਚਾਰ ਸਾਂਝੇ ਕੀਤੇ। ਸਰਪੰਚ ਐਸੋਸੀਏਸ਼ਨ ਦੇ ਸੀਨੀਅਰ ਆਗੂ ਗੁਰਪ੍ਰੀਤ ਸਿੰਘ ਫੌਜੀ ਅਮਰਾਲੀ ਨੇ ਦੱਸਿਆ ਕਿ ਸਨਮਾਨ ਸਮਾਰੋਹ ਦੀ ਸ਼ੁਰੂਆਤ ਪਿੰਡਾਂ ਦੀਆਂ ਪੰਚਾਇਤਾਂ ਦੇ ਸਰਪੰਚਾਂ ਅਤੇ ਨਿਵਾਸੀਆਂ ਵੱਲੋਂ ਕੀਤੀ ਗਈ। ਬੱਲਾਂ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਉਹ ਆਮ ਆਦਮੀ ਪਾਰਟੀ ਦੇ ਮੂਲ ਸਿਧਾਂਤਾਂ, ਜਵਾਬਦੇਹੀ, ਪਾਰਦਰਸ਼ਿਤਾ ਅਤੇ ਜਨ-ਹਿੱਤ ਨੂੰ ਅੱਗੇ ਵਧਾਉਣ ਲਈ ਸਮਰਪਿਤ ਹਨ।ਉਹਨਾਂ ਖੇਤੀ-ਬਾੜੀ, ਪਾਣੀ ਸਪਲਾਈ, ਸੜਕਾਂ ਦੀ ਮੁਰੰਮਤ ਅਤੇ ਸਿੱਖਿਆ ਸਹੂਲਤਾਂ ਵਿੱਚ ਸੁਧਾਰ ਵਰਗੇ ਮੁੱਦਿਆਂ ਸਬੰਧੀ ਚਰਚਾ ਕੀਤੀ। ਉਨ੍ਹਾਂ ਸਾਰੇ ਸਹਿਯੋਗੀਆਂ ਦਾ ਧੰਨਵਾਦ ਕੀਤਾ ਅਤੇ ਮੁੜ ਵਾਅਦਾ ਕੀਤਾ ਕਿ ਹਲਕੇ ਦੇ ਵਿਕਾਸ ਕਾਰਜਾਂ ਲਈ ਉਹ ਦਿਨ-ਰਾਤ ਇੱਕ ਕਰ ਕੇ ਕੰਮ ਕਰਨਗੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸਰਪੰਚ ਮੇਜਰ ਸਿੰਘ ਓਇੰਦ, ਸਰਪੰਚ ਬਲਦੇਵ ਸਿੰਘ ਮਾਜਰੀ, ਰਵਿੰਦਰ ਸਿੰਘ ਕੰਗ ਬੂਰਮਾਜਰਾ, ਦਵਿੰਦਰ ਸਿੰਘ ਡੂਮਛੇੜੀ, ਮਨਪ੍ਰੀਤ ਸਿੰਘ ਰੌਲੂ ਮਾਜਰਾ, ਸਰਪੰਚ ਮਨਵੀਰ ਸਿੰਘ ਰਾਮਗੜ੍ਹ, ਦਵਿੰਦਰ ਸਿੰਘ ਸਰਪੰਚ ਚੈੜੀਆਂ, ਹਰਬੰਸ ਸਿੰਘ ਦਤਾਰਪੁਰ, ਇੰਦਰਜੀਤ ਸਿੰਘ ਨੱਥਮਲਪੁਰ, ਲਖਵਿੰਦਰ ਸਿੰਘ ਕਾਕਾ, ਵਿਵੇਕ ਸ਼ਰਮਾ, ਰਣਵੀਰ ਅੰਜਲਾ, ਦਰਸ਼ਨ ਸਿੰਘ ਮੜੌਲੀ ਖੁਰਦ, ਸਰਪੰਚ ਮੇਜਰ ਸਿੰਘ ਰਸੂਲਪੁਰ, ਮੰਗਾ ਸਿੰਘ ਓਇੰਦ ਆਦਿ ਵੀ ਹਾਜ਼ਰ ਸਨ ।

ਸਿਹਤ ਵਿਭਾਗ ਵੱਲੋਂ ਡੇਂਗੂ ਵਿਰੁੱਧ ਮੁਹਿੰਮ ਸ਼ੁਰੂ

ਖਰੜ (ਹਰਨਾਮ ਸਿੰਘ ਡੱਲਾ)-ਪੰਜਾਬ ਸਰਕਾਰ ਅਤੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਦੇ ਦਿਸ਼ਾ-ਨਿਰਦੇਸ਼ਾਂ ਹੇਠ ਸਿਵਲ ਸਰਜਨ ਡਾ. ਸੰਗੀਤਾ ਜੈਨ ਅਤੇ ਸੀਨੀਅਰ ਮੈਡੀਕਲ ਅਫ਼ਸਰ ਡਾ. ਪ੍ਰੀਤ ਮੋਹਨ ਸਿੰਘ ਖੁਰਾਣਾ ਦੀ ਅਗਵਾਈ ਹੇਠ ਅੱਜ ਪ੍ਰਾਇਮਰੀ ਹੈਲਥ ਸੈਂਟਰ ਘੜੂੰਆਂ ਦੇ ਸਟਾਫ਼ ਵੱਲੋਂ ਵੱਖ-ਵੱਖ ਸਰਕਾਰੀ ਸੰਸਥਾਵਾਂ ਵਿੱਚ ਡੇਂਗੂ ਸਰਵੇਖਣ ਅਤੇ ਡਰਾਈ ਡੇ ਗਤੀਵਿਧੀ ਦਾ ਆਯੋਜਨ ਕੀਤਾ ਗਿਆ। ਇਸ ਵਿਸ਼ੇਸ਼ ਮੁਹਿੰਮ ਤਹਿਤ ਸਿਹਤ ਕਰਮਚਾਰੀ ਕੁਲਜੀਤ ਸਿੰਘ, ਮਨਪ੍ਰੀਤ ਸਿੰਘ, ਬਲਜਿੰਦਰ ਸਿੰਘ, ਨਰਿੰਦਰ ਕੌਰ, ਨਰਸਿੰਗ ਟੀਚਰ ਕੋਮਲ, ਮਨਹਰਸ਼ ਅਤੇ ਨਰਸਿੰਗ ਵਿਦਿਆਰਥੀਆਂ ਦੀਆਂ ਟੀਮਾਂ ਵੱਲੋਂ ਵੱਖ-ਵੱਖ ਸਰਕਾਰੀ ਦਫ਼ਤਰਾਂ ਅਤੇ ਸਕੂਲਾਂ ਦਾ ਦੌਰਾ ਕਰਕੇ ਮੱਛਰਾਂ ਦੇ ਲਾਰਵੇ ਦੀ ਕੀਤੀ ਗਈ।ਸੀਨੀਅਰ ਮੈਡੀਕਲ ਅਫ਼ਸਰ ਡਾ. ਪ੍ਰੀਤ ਮੋਹਨ ਸਿੰਘ ਖੁਰਾਣਾ ਨੇ ਕਿਹਾ ਕਿ ਗਰਮੀ ਅਤੇ ਮਾਨਸੂਨ ਦੇ ਆਗਾਜ਼ ਦੇ ਨਾਲ ਹੀ ਡੇਂਗੂ ਦਾ ਖ਼ਤਰਾ ਵਧ ਜਾਂਦਾ ਹੈ। ਇਸੇ ਲਈ ਸਿਹਤ ਵਿਭਾਗ ਵੱਲੋਂ ਪਹਿਲਾਂ ਤੋਂ ਹੀ ਪੁਖ਼ਤਾ ਇੰਤਜ਼ਾਮ ਕੀਤੇ ਜਾ ਰਹੇ ਹਨ। ਸਾਡੀਆਂ ਟੀਮਾਂ ਵੱਲੋਂ ਸਰਕਾਰੀ ਅਦਾਰਿਆਂ ਵਿੱਚ ਕੂਲਰਾਂ, ਗਮਲਿਆਂ, ਫਰਿੱਜਾਂ ਦੀਆਂ ਟ੍ਰੇਆਂ ਅਤੇ ਖੁੱਲ੍ਹੇ ਵਿੱਚ ਪਏ ਟੈਂਕਾਂ ਦੀ ਚੈਕਿੰਗ ਕੀਤੀ ਗਈ ।ਉਨ੍ਹਾਂ ਕਿਹਾ ਕਿ ਡੇਂਗੂ ਤੋਂ ਬਚਣ ਦਾ ਸਭ ਤੋਂ ਕਾਰਗਰ ਤਰੀਕਾ ਜਾਗਰੂਕਤਾ ਅਤੇ ਸਾਵਧਾਨੀ ਹੈ। ਜੇਕਰ ਅਸੀਂ ਹਫ਼ਤੇ ਵਿੱਚ ਇੱਕ ਦਿਨ (ਸ਼ੁੱਕਰਵਾਰ) ਆਪਣੇ ਆਸ-ਪਾਸ ਦੇ ਪਾਣੀ ਦੇ ਸਰੋਤਾਂ ਨੂੰ ਸੁਕਾ ਕੇ ਡਰਾਈ ਡੇ ਵਜੋਂ ਮਨਾਈਏ, ਤਾਂ ਮੱਛਰਾਂ ਦੇ ਪੈਦਾ ਹੋਣ ਦੀ ਪ੍ਰਕਿਰਿਆ ਨੂੰ ਸ਼ੁਰੂਆਤ ਵਿੱਚ ਹੀ ਰੋਕਿਆ ਜਾ ਸਕਦਾ ਹੈ। ਅਸੀਂ ਆਮ ਜਨਤਾ ਨੂੰ ਵੀ ਅਪੀਲ ਕਰਦੇ ਹਾਂ ਕਿ ਉਹ ਆਪਣੇ ਘਰਾਂ ਅਤੇ ਦਫ਼ਤਰਾਂ ਵਿੱਚ ਕਿਤੇ ਵੀ ਸਾਫ਼ ਪਾਣੀ ਜਮ੍ਹਾਂ ਨਾ ਹੋਣ ਦੇਣ।ਸਰਵੇਖਣ ਦੌਰਾਨ ਸਿਹਤ ਟੀਮਾਂ ਨੇ ਸੰਸਥਾਵਾਂ ਦੇ ਸਟਾਫ਼ ਅਤੇ ਆਮ ਲੋਕਾਂ ਨੂੰ ਡੇਂਗੂ ਦੇ ਲੱਛਣਾਂ ਜਿਵੇਂ ਕਿ ਤੇਜ਼ ਬੁਖਾਰ, ਸਿਰ ਦਰਦ, ਅਤੇ ਮਾਸਪੇਸ਼ੀਆਂ ਦੇ ਦਰਦ ਬਾਰੇ ਜਾਣੂ ਕਰਵਾਇਆ ਅਤੇ ਸਲਾਹ ਦਿੱਤੀ ਕਿ ਅਜਿਹੇ ਲੱਛਣ ਦਿਖਣ 'ਤੇ ਤੁਰੰਤ ਨਜ਼ਦੀਕੀ ਸਰਕਾਰੀ ਸਿਹਤ ਕੇਂਦਰ ਵਿੱਚ ਮੁਫ਼ਤ ਟੈਸਟ ਅਤੇ ਇਲਾਜ ਕਰਵਾਇਆ ਜਾਵੇ ।

ਬੱਸਾਂ-ਟਰੈਕਟਰਾਂ 'ਤੇ ਵੱਜਦੇ ਡੀ ਜੇ ਕਦੋਂ ਬੰਦ ਹੋਣਗੇ ?

ਅਲਾਵਲਪੁਰ (ਮਦਨ ਬੰਗੜ)-ਸੜਕਾਂ ਉੱਪਰ ਚੱਲਣ ਵਾਲੀਆਂ ਬੱਸਾਂ, ਟਰੈਕਟਰ-ਟਰਾਲੀਆਂ ਅਤੇ ਹੋਰ ਵਾਹਨਾਂ 'ਚ ਉੱਚੀ ਆਵਾਜ਼ 'ਚ ਵੱਜਦੇ ਡੀ ਜੇ ਤੇ ਲੱਚਰ ਗੀਤ ਆਮ ਲੋਕਾਂ ਲਈ ਵੱਡੀ ਪਰੇਸ਼ਾਨੀ ਬਣਦੇ ਜਾ ਰਹੇ ਹਨ। ਭਾਵੇਂ ਕਿ ਕੁਝ ਸਾਲ ਪਹਿਲਾਂ ਸਰਕਾਰ ਵੱਲੋਂ ਕਾਨੂੰਨੀ ਤੌਰ 'ਤੇ ਵਾਹਨਾਂ 'ਚ ਉੱਚੀ ਆਵਾਜ਼ 'ਚ ਗੀਤ ਵਜਾਉਣ 'ਤੇ ਪਾਬੰਦੀ ਲਗਾਈ ਗਈ ਸੀ, ਪਰ ਇਸ ਦੇ ਬਾਵਜੂਦ ਇਹ ਰੁਝਾਨ ਬੇਰੋਕ ਜਾਰੀ ਹੈ।ਸਵੇਰ ਦੇ ਸਮੇਂ ਲੋਕ ਆਪਣੇ ਕੰਮਾਂ ਅਤੇ ਮੰਜ਼ਿਲਾਂ ਵੱਲ ਜਾਣ ਲਈ ਜਲਦੀ ਵਿੱਚ ਹੁੰਦੇ ਹਨ, ਪਰ ਕਈ ਵਾਰ ਸੜਕਾਂ 'ਤੇ ਓਵਰਲੋਡ ਟਰਾਲੀਆਂ ਅਤੇ ਉਨ੍ਹਾਂ 'ਤੇ ਲੱਗੇ ਕੰਨ-ਪਾੜੂ ਡੀ. ਜੇ. ਟ੍ਰੈਫਿਕ ਸਮੱਸਿਆ ਤੇ ਹਾਦਸਿਆਂ ਦਾ ਕਾਰਨ ਬਣਦੇ ਹਨ। ਉੱਚੀ ਆਵਾਜ਼ ਕਾਰਨ ਹੋਰ ਵਾਹਨ ਚਾਲਕ ਹਾਰਨ ਤੱਕ ਨਹੀਂ ਸੁਣ ਸਕਦੇ, ਜਿਸ ਨਾਲ ਸੜਕ ਸੁਰੱਖਿਆ ਨੂੰ ਖ਼ਤਰਾ ਪੈਦਾ ਹੋ ਜਾਂਦਾ ਹੈ।ਹੋਰ ਚਿੰਤਾ ਵਾਲੀ ਗੱਲ ਇਹ ਹੈ ਕਿ ਸਕੂਲਾਂ ਅਤੇ ਕਾਲਜਾਂ ਦੇ ਨੇੜੇ ਕਈ ਲੋਫਰ ਕਿਸਮ ਦੇ ਨੌਜਵਾਨ ਟਰੈਕਟਰਾਂ 'ਤੇ ਲੱਚਰ ਗੀਤ ਹੋਰ ਵੀ ਉੱਚੀ ਆਵਾਜ਼ 'ਚ ਚਲਾ ਕੇ ਸਮਾਜਿਕ ਮਾਹੌਲ ਨੂੰ ਖਰਾਬ ਕਰਦੇ ਹਨ।ਇਸ ਨਾਲ ਵਿਦਿਆਰਥਣਾਂ ਤੇ ਆਮ ਲੋਕਾਂ ਨੂੰ ਅਸਹਿਜਤਾ ਮਹਿਸੂਸ ਹੁੰਦੀ ਹੈ।ਅਕਸਰ ਦੇਖਿਆ ਗਿਆ ਹੈ ਕਿ ਚੌਰਾਹਿਆਂ 'ਤੇ ਪੁਲਿਸ ਵੱਲੋਂ ਟ੍ਰੈਫਿਕ ਚਲਾਨ ਕੱਟੇ ਜਾਂਦੇ ਹਨ, ਪਰ ਉੱਚੀ ਆਵਾਜ਼ ਵਿੱਚ ਡੀ ਜੇ ਵਜਾਉਂਦੇ ਵਾਹਨ ਬਿਨਾਂ ਰੋਕਟੋਕ ਲੰਘ ਜਾਂਦੇ ਹਨ। ਸਮਾਜਿਕ ਵਰਗਾਂ ਦਾ ਮੰਨਣਾ ਹੈ ਕਿ ਵਾਹਨਾਂ 'ਤੇ ਉੱਚੀ ਆਵਾਜ਼ ਵਿੱਚ ਡੀ ਜੇ ਚਲਾਉਣ ਵਾਲਿਆਂ ਖ਼ਿਲਾਫ਼ ਚਲਾਨ ਅਤੇ ਕਾਨੂੰਨੀ ਕਾਰਵਾਈ ਕਰਕੇ ਹੀ ਇਸ ਸਮੱਸਿਆ 'ਤੇ ਕਾਬੂ ਪਾਇਆ ਜਾ ਸਕਦਾ ਹੈ।

ਮੇਹਰ ਚੰਦ ਪੌਲੀਟੈਕਨਿਕ ਵਿਖੇ ਵਿਦਿਆਰਥੀਆਂ ਲਈ ਮਾਨਸਿਕ ਤੰਦਰੁਸਤੀ ਕੇਂਦਰ

ਜਲੰਧਰ (ਸ਼ੈਲੀ ਐਲਬਰਟ)

ਪ੍ਰਿੰਸੀਪਲ ਡਾ. ਜਗਰੂਪ ਸਿੰਘ ਨੇ ਦੱਸਿਆ ਕਿ ਨਵੇਂ ਅਕੈਡਮਿਕ ਸੈਸ਼ਨ ਤੋਂ ਮੇਹਰ ਚੰਦ ਪੌਲੀਟੈਕਨਿਕ ਕਾਲਜ ਜਲੰਧਰ ਵਿਖੇ ਵਿਦਿਆਰਥੀਆਂ ਲਈ ਮਾਨਸਿਕ ਤੰਦਰੁਸਤੀ ਕੇਂਦਰ ਸਥਾਪਿਤ ਕੀਤਾ ਜਾ ਰਿਹਾ ਹੈ, ਜਿਸ ਦਾ ਨਿਰੋਲ ਮਕਸਦ ਤਕਨੀਕੀ ਸੰਸਥਾਨਾਂ ਵਿਚ ਵਿਦਿਆਰਥੀਆਂ ਨੂੰ ਆ ਰਹੀਆਂ ਮਾਨਸਿਕ ਪਰੇਸ਼ਾਨੀਆਂ ਨੂੰ ਹੱਲ ਕਰਨਾ ਹੈ। ਉਹਨਾਂ ਕਿਹਾ ਕਿ ਇਸ ਕੇਂਦਰ ਵਿਚ ਵਿਦਿਆਰਥੀਆਂ ਨੂੰ ਯੋਗ, ਮੈਡੀਟੇਸ਼ਨ, ਮਾਨਸਿਕ ਕਾਊਂਸਲਿੰਗ ਕਰਵਾਈ ਜਾਵੇਗੀ ਤੇ ਨਾਲ ਨਾਲ ਨਿਰੋਗ ਅਤੇ ਦਵਾਰਹਿਤ ਜਿਊਣ ਲਈ ਉਤਸ਼ਾਹਿਤ ਕੀਤਾ ਜਾਵੇਗਾ।ਇਸ ਲਈ ਵਿਸ਼ੇਸ਼ ਮੈਂਟਲ ਵੈਲਨੈਸ ਰੂਮ ਸਥਾਪਿਤ ਕੀਤਾ ਜਾ ਰਿਹਾ ਹੈ। ਜਿੱਥੇ ਯੋਗਾ ਟਰੇਨਰ ਅਤੇ ਮੈਂਟਲ ਕਾਊਂਸਲਰ ਵਿਦਿਆਰਥੀਆਂ ਦੇ ਰੂਬਰੂ ਹੋਣਗੇ। ਪ੍ਰਿੰਸੀਪਲ ਡਾ. ਜਗਰੂਪ ਸਿੰਘ ਨੇ ਕਿਹਾ ਕਿ ਕਾਲਜ ਵਿਚ ਐਡਮਿਸ਼ਨ ਜ਼ੋਰਾਂ 'ਤੇ ਹੈ ਤੇ ਵਿਦਿਆਰਥੀ ਭਾਰੀ ਗਿਣਤੀ ਵਿਚ ਰਿਪੋਰਟ ਕਰ ਰਹੇ ਹਨ। ਉਹਨਾਂ ਕਿਹਾ ਕਿ ਇਹ ਪੰਜਾਬ ਦਾ ਇਕਲੌਤਾ ਬਹੁਤਕਨੀਕੀ ਕਾਲਜ ਹੈ ਜਿਸ ਨੂੰ ਐਨ. ਬੀ. ਏ ਵਲੋਂ ਦੋ ਪ੍ਰੋਗਰਾਮਾਂ ਵਿਚ ਐਕਰੀਡੀਟੇਸ਼ਨ ਮਿਲ ਚੁੱਕੀ ਹੈ ਤੇ 2025 ਵਿੱਚ ਨਿੱਟਰ ਚੰਡੀਗੜ੍ਹ ਵੱਲੋਂ ਨੈਸ਼ਨਲ ਪੱਧਰ ਤੇ ਬੇਹਤਰੀਨ ਪੌਲੀਟੈਕਨਿਕ ਵਜੋਂ ਸਨਮਾਨਤ ਕੀਤਾ ਜਾ ਚੁੱਕਿਆ ਹੈ। ਪ੍ਰਿੰਸੀਪਲ ਡਾ. ਜਗਰੂਪ ਸਿੰਘ ਨੇ ਕਿਹਾ ਕਿ ਦਸਵੀਂ ਪਾਸ ਵਿਦਿਆਰਥੀਆਂ ਲਈ ਇਸ ਕਾਲਜ 'ਚ ਵਿਦਿਆਰਥੀਆਂ ਦੇ ਸਮੁੱਚੇ ਸੁਫ਼ਨੇ ਹਕੀਕਤ ਵਿੱਚ ਤਬਦੀਲ ਹੁੰਦੇ ਹਨ। ਪਿਛਲੇ ਸਾਲ ਲੋੜਵੰਦ ਵਿਦਿਆਰਥੀਆਂ ਨੂੰ ਪੰਜ ਲੱਖ ਸਕਾਲਰਸ਼ਿਪ ਪੁਰਾਣੇ ਅਲੂਮਨੀ ਵਿਦਿਆਰਥੀਆਂ ਵਲੋਂ ਦਿੱਤੀ ਗਈ । ਵੈਲਨੈਸ ਸੈਂਟਰ ਦੀ ਸਥਾਪਨਾ ਵਿਦਿਆਰਥੀਆਂ ਨੂੰ ਕੁਦਰਤ ਦੇ ਨੇੜੇ ਲੈ ਜਾਣ ਦੀ ਕੋਸ਼ਿਸ਼ ਹੈ।

ਡਿਪਟੀ ਕਮਿਸ਼ਨਰ ਵੱਲੋਂ ਲੂ ਤੋਂ ਬਚਣ ਲਈ ਸਿਹਤ ਵਿਭਾਗ ਵੱਲੋਂ ਜਾਰੀ ਐਡਵਾਈਜ਼ਰੀ ਦੀ ਪਾਲਣਾ ਕਰਨ ਦੀ ਅਪੀਲ

ਜਲੰਧਰ (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ, ਲਖਵਿੰਦਰ ਸਿੰਘ ਆਧੀ)-ਡਿਪਟੀ ਕਮਿਸ਼ਨਰ ਵਰਜੀਤ ਵਾਲੀਆ ਨੇ ਲੋਕਾਂ ਨੂੰ ਲੂ ਤੋਂ ਬਚਣ ਲਈ ਸਿਹਤ ਵਿਭਾਗ ਵੱਲੋਂ ਜਾਰੀ ਐਡਾਵਾਈਜ਼ਰੀ ਦੀ ਪਾਲਣਾ ਕਰਨ ਦੀ ਅਪੀਲ ਕੀਤੀ।ਉਨ੍ਹਾਂ ਕਿਹਾ ਕਿ ਅਡਵਾਈਜ਼ਰੀ ਅਨੁਸਾਰ ਬੱਚਿਆਂ, ਬਜ਼ੁਰਗਾਂ, ਗਰਭਵਤੀ ਔਰਤਾਂ ਅਤੇ ਪੁਰਾਣੀਆਂ ਬਿਮਾਰੀਆਂ (ਜਿਵੇਂ ਦਿਲ ਦੇ ਰੋਗ ਜਾਂ ਹਾਈ ਬਲੱਡ ਪ੍ਰੈਸ਼ਰ) ਤੋਂ ਪੀੜਤ ਮਰੀਜ਼ਾਂ ਨੂੰ ਲੂ ਲੱਗਣ ਦਾ ਖ਼ਤਰਾ ਸਭ ਤੋਂ ਵਧੇਰੇ ਹੁੰਦਾ ਹੈ, ਇਸ ਲਈ ਇਨ੍ਹਾਂ ਨੂੰ ਸਿਹਤ ਵੱਲ ਵਿਸ਼ੇਸ਼ ਧਿਆਨ ਦੇਣ ਦੀ ਜ਼ਰੂਰਤ ਹੈ। ਵਾਲੀਆ ਨੇ ਦੱਸਿਆ ਕਿ ਅੱਖਾਂ ਦੇ ਸਾਹਮਣੇ ਹਨ੍ਹੇਰਾ ਆ ਜਾਣਾ, ਚੱਕਰ ਖਾ ਕੇ ਡਿਗ ਪੈਣਾ, ਬੇਚੈਨੀ, ਘਬਰਾਹਟ ਹੋਣਾ, ਸਿਰ ਵਿਚ ਤੇਜ਼ ਦਰਦ ਹੋਣਾ, ਹਲਕਾ ਜਾਂ ਤੇਜ਼ ਬੁਖਾਰ ਹੋਣਾ, ਜੀਅ ਖ਼ਰਾਬ ਹੋਣਾ (ਉਲਟੀ ਆਉਣਾ), ਲੋੜ ਤੋਂ ਜ਼ਿਆਦਾ ਪਿਆਸ ਲੱਗਣਾ, ਬਹੁਤ ਜ਼ਿਆਦਾ ਕਮਜ਼ੋਰੀ ਮਹਿਸੂਸ ਹੋਣਾ, ਪਸੀਨਾ ਆਉਣਾ ਬੰਦ ਹੋ ਜਾਣਾ, ਚਮੜੀ ਦਾ ਲਾਲ ਤੇ ਬਹੁਤ ਗਰਮ ਹੋ ਜਾਣਾ ਆਦਿ ਲੂ (ਹੀਟ ਸਟ੍ਰੋਕ) ਦੇ ਲੱਛਣ ਹਨ। ਉਨ੍ਹਾਂ ਦੱਸਿਆ ਕਿ ਜੇਕਰ ਕਿਸੇ ਵਿਅਕਤੀ ਵਿੱਚ ਉਕਤ ਲੱਛਣ ਵਿਖਾਈ ਦੇਣ ਤਾਂ ਮੁਢਲੀ ਸਹਾਇਤਾ ਲਈ ਜ਼ਰੂਰੀ ਹੈ ਕਿ ਅਜਿਹੇ ਵਿਅਕਤੀ ਨੂੰ ਤੁਰੰਤ ਛਾਵੇਂ/ਠੰਢੀ ਜਗ੍ਹਾ 'ਤੇ ਬਿਠਾਇਆ ਜਾਂ ਲਿਟਾਇਆ ਜਾਵੇ, ਕੱਪੜੇ ਢਿੱਲੇ ਕਰ ਦਿੱਤੇ ਜਾਣ ਅਤੇ ਪੀਣ ਲਈ ਕੁਝ ਘਰੇਲੂ ਤਰਲ ਪਦਾਰਥ ਦਿੱਤਾ ਜਾਵੇ। ਇਸ ਤੋਂ ਇਲਾਵਾ ਸਰੀਰ ਦੇ ਤਾਪਮਾਨ ਨੂੰ ਜਲਦੀ ਘੱਟ ਕਰਨ ਲਈ ਸਿਰ ਅਤੇ ਪੂਰੇ ਸਰੀਰ 'ਤੇ ਠੰਢੇ ਪਾਣੀ ਦੀਆਂ ਪੱਟੀਆਂ ਰੱਖੀਆਂ ਜਾਣ ਜਾਂ ਗਿੱਲੇ ਕੱਪੜੇ ਨਾਲ ਸਰੀਰ ਪੂੰਝਿਆ ਜਾਵੇ।ਉਨ੍ਹਾਂ ਕਿਹਾ ਕਿ ਲੂ ਲੱਗਣ 'ਤੇ ਬਿਨਾਂ ਦੇਰੀ ਨੇੜਲੇ ਸਰਕਾਰੀ ਹਸਪਤਾਲ ਲਿਜਾ ਕੇ ਮਾਹਰ ਡਾਕਟਰਾਂ ਕੋਲੋਂ ਉੱਚਿਤ ਇਲਾਜ ਸ਼ੁਰੂ ਕਰਵਾਇਆ ਜਾਵੇ। ਕਿਸੇ ਵੀ ਐਮਰਜੈਂਸੀ ਦੀ ਸਥਿਤੀ ਵਿੱਚ 104 (ਮੈਡੀਕਲ ਹੈਲਪਲਾਈਨ), 108 (ਐਂਬੂਲੈਂਸ) ਅਤੇ 112 'ਤੇ ਕਾਲ ਕਰਕੇ ਹੀਟ ਵੇਵ ਸਬੰਧੀ ਸਹਾਇਤਾ ਅਤੇ ਜਾਣਕਾਰੀ ਪ੍ਰਾਪਤ ਕੀਤੀ ਜਾ ਸਕਦੀ ਹੈ।ਉਨ੍ਹਾਂ ਕਿਹਾ ਕਿ ਸਿਖ਼ਰ ਦੁਪਹਿਰ ਵੇਲੇ ਘਰੋਂ ਬਾਹਰ ਨਿਕਲਣ ਤੋਂ ਗੁਰੇਜ਼ ਕੀਤਾ ਜਾਵੇ। ਜ਼ਿਆਦਾ ਜ਼ਰੂਰਤ ਪੈਣ 'ਤੇ ਘਰੋਂ ਬਾਹਰ ਨਿਕਲਣ ਸਮੇਂ ਆਪਣੇ ਸਰੀਰ ਨੂੰ ਹਲਕੇ ਸੂਤੀ ਕੱਪੜਿਆਂ ਨਾਲ ਪੂਰੀ ਤਰ੍ਹਾਂ ਨਾਲ ਢਕ ਲਿਆ ਜਾਵੇ। ਸਿਰ ਨੂੰ ਸਿੱਧੀ ਧੁੱਪ ਤੋਂ ਬਚਾਉਣ ਲਈ ਛਤਰੀ, ਟੋਪੀ, ਤੌਲੀਏ, ਪੱਗ ਜਾਂ ਦੁਪੱਟੇ ਦੀ ਵਰਤੋਂ ਕੀਤੀ ਜਾ ਸਕਦੀ ਹੈ। ਉਨ੍ਹਾਂ ਦੱਸਿਆ ਕਿ ਹੀਟ ਵੇਵਸ ਦੇ ਚੱਲਦਿਆਂ ਅੱਖਾਂ ਦੀ ਸੁਰੱਖਿਆ ਲਈ ਚਸ਼ਮਾ ਅਤੇ ਚਮੜੀ ਦੀ ਸੁਰੱਖਿਆ ਲਈ ਡਾਕਟਰੀ ਸਲਾਹ ਨਾਲ ਸਨ-ਸਕ੍ਰੀਨ ਦੀ ਵਰਤੋਂ ਕੀਤੀ ਜਾ ਸਕਦੀ ਹੈ।ਉਨ੍ਹਾਂ ਕਿਹਾ ਕਿ ਗਰਮੀ ਤੋਂ ਆਪਣੇ-ਆਪ ਨੂੰ ਬਚਾਉਣ ਲਈ ਸਰੀਰ ਨੂੰ ਹਾਈਡ੍ਰੇਟਿਡ ਰੱਖਣ ਹਿੱਤ ਘਰੇਲੂ ਪਦਾਰਥ ਜਿਵੇਂ ਸਾਦਾ ਪਾਣੀ, ਲੱਸੀ, ਸ਼ਿਕੰਜਵੀ, ਗੰਨੇ ਦਾ ਰਸ, ਨਾਰੀਅਲ ਪਾਣੀ, ਤਾਜ਼ਾ ਜੂਸ ਅਤੇ ਓ.ਆਰ.ਐੱਸ. ਘੋਲ ਆਦਿ ਦਾ ਸੇਵਨ ਵਾਰ-ਵਾਰ ਕੀਤਾ ਜਾਵੇ।ਉਨ੍ਹਾਂ ਕਿਹਾ ਕਿ ਡੱਬਾਬੰਦ ਪੀਣ ਵਾਲੇ ਪਦਾਰਥਾਂ ਤੋਂ ਪ੍ਰਹੇਜ਼ ਕਰੋ ਕਿਉਂਕਿ ਇਹ ਸਰੀਰ ਵਿੱਚੋਂ ਪਾਣੀ ਦੀ ਮਾਤਰਾ ਨੂੰ ਹੋਰ ਘਟਾਉਂਦੇ ਹਨ। ਬਾਹਰ ਦੇ ਖਾਣੇ, ਬਾਸੀ ਭੋਜਨ ਜਾਂ ਤਲੇ ਹੋਏ ਫਾਸਟ ਫੂਡ ਤੋਂ ਪੂਰੀ ਤਰ੍ਹਾਂ ਦੂਰ ਰਹੋ। ਵਾਲੀਆ ਨੇ ਕਿਹਾ ਕਿ ਦਿਨ ਦੇ ਸਮੇਂ ਘਰ ਦੀਆਂ ਖਿੜਕੀਆਂ ਅਤੇ ਪਰਦੇ ਬੰਦ ਰੱਖੋ, ਤਾਂ ਜੋ ਬਾਹਰ ਦੀ ਗਰਮ ਹਵਾ ਅੰਦਰ ਨਾ ਆ ਸਕੇ। ਰਾਤ ਦੇ ਸਮੇਂ ਜਦੋਂ ਤਾਪਮਾਨ ਘੱਟ ਹੋਵੇ, ਤਾਂ ਖਿੜਕੀਆਂ ਖੋਲ੍ਹ ਕੇ ਹਵਾਦਾਰੀ ਬਣਾਈ ਰੱਖੋ। ਧੁੱਪ ਵਿੱਚ ਕੰਮ ਕਰਨ ਤੋਂ ਬਚੋ।ਉਨ੍ਹਾਂ ਕਿਹਾ ਕਿ ਖੜ੍ਹੀ ਹੋਈ ਕਾਰ ਜਾਂ ਕਿਸੇ ਵੀ ਬੰਦ ਵਾਹਨ ਦੇ ਅੰਦਰ ਬੱਚਿਆਂ ਨੂੰ ਇਕੱਲੇ ਕਦੇ ਵੀ ਨਾ ਛੱਡੋ, ਕਿਉਂਕਿ ਬੰਦ ਗੱਡੀ ਦੇ ਅੰਦਰ ਦਾ ਤਾਪਮਾਨ ਬਹੁਤ ਤੇਜ਼ੀ ਨਾਲ ਖ਼ਤਰਨਾਕ ਪੱਧਰ ਤੱਕ ਵਧ ਸਕਦਾ ਹੈ।ਉਨ੍ਹਾਂ ਕਿਹਾ ਕਿ ਜੋ ਲੋਕ ਬਾਹਰ ਧੁੱਪ ਵਿੱਚ ਕੰਮ ਕਰਦੇ ਹਨ, ਉਹ ਹਰ ਘੰਟੇ ਬਾਅਦ ਥੋੜ੍ਹੀ ਦੇਰ ਛਾਂਦਾਰ ਜਗ੍ਹਾ 'ਤੇ ਆਰਾਮ ਜ਼ਰੂਰ ਕਰਨ ਅਤੇ ਸਰੀਰ ਵਿੱਚ ਨਮਕ ਦੀ ਮਾਤਰਾ ਬਣਾਈ ਰੱਖਣ ਲਈ ਨਿੰਬੂ ਪਾਣੀ ਜਾਂ ਓ.ਆਰ.ਐੱਸ. ਲੈਂਦੇ ਰਹਿਣ। ਬਹੁਤ ਜ਼ਿਆਦਾ ਭਾਰੀ ਮਿਹਨਤ ਵਾਲੇ ਕੰਮ ਸਵੇਰੇ ਜਲਦੀ ਜਾਂ ਸ਼ਾਮ ਵੇਲੇ ਕੀਤੇ ਜਾ ਸਕਦੇ ਹਨ।

ਅਧਿਆਪਕਾਂ 'ਤੇ ਅੱਤਿਆਚਾਰ ਕਰਨਾ ਬੰਦ ਕਰੇ ਪੰਜਾਬ ਸਰਕਾਰ : ਜੀ ਟੀ ਯੂ ਪੰਜਾਬ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)

ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਜ਼ਿਲ੍ਹਾ ਹੁਸ਼ਿਆਰਪੁਰ ਦੇ ਜ਼ਿਲ੍ਹਾ ਪ੍ਰਧਾਨ ਪ੍ਰਿਤਪਾਲ ਸਿੰਘ ਚੌਟਾਲਾ ਅਤੇ ਜ਼ਿਲ੍ਹਾ ਜਨਰਲ ਸਕੱਤਰ ਜਸਵੀਰ ਤਲਵਾੜਾ ਨੇ ਜ਼ਿਲ੍ਹਾ ਪੱਧਰੀ ਇੱਕ ਅਹਿਮ ਮੀਟਿੰਗ ਵਿੱਚ ਬੋਲਦਿਆਂ ਕਿਹਾ ਕਿ ਪੰਜਾਬ ਸਰਕਾਰ ਅਧਿਆਪਕਾਂ ਉੱਪਰ ਕਈ ਤਰ੍ਹਾਂ ਦੀਆਂ ਗੈਰ-ਵਿਦਿਅਕ ਡਿਊਟੀਆਂ ਮੜ੍ਹ ਕੇ ਅਧਿਆਪਕਾਂ ਨੂੰ ਤੰਗ ਪਰੇਸ਼ਾਨ ਕਰ ਰਹੀ ਹੈ। ਆਗੂਆਂ ਨੇ ਆਖਿਆ ਕਿ ਅਧਿਆਪਕਾਂ ਨੂੰ ਕਈ ਤਰ੍ਹਾਂ ਦੀਆਂ ਗੈਰ ਵਿਦਿਅਕ ਡਿਊਟੀਆਂ ਜਿਵੇਂ ਬੀਮਾ ਕਾਰਡ ਯੋਜਨਾ, ਡਰੱਗ ਸੈਂਸਸ, ਬੀ.ਐਲ.ਓ., ਇਲੈਕਸ਼ਨ ਡਿਊਟੀ, ਐਸ.ਆਈ. ਆਰ. ਦਾ ਕੰਮ, ਪਰਾਲੀ ਸਾੜਨ ਸਬੰਧੀ ਡਿਊਟੀ, ਸੈਂਸਸ ਅਤੇ ਸਕੂਲਾਂ ਵਿੱਚ ਕਈ ਤਰ੍ਹਾਂ ਦੇ ਹੋਰ ਗੈਰ ਵਿਗਿਆਨਕ ਪ੍ਰੋਜੈਕਟ ਜਿਵੇਂ ਮਿਸ਼ਨ ਸਮਰੱਥ, ਚਾਨਣ-ਰਿਸ਼ਮਾਂ, ਡਿਟੋਲ ਪ੍ਰੋਜੈਕਟ ਆਦਿ ਅਨੇਕਾਂ ਪ੍ਰਕਾਰ ਦੇ ਗੈਰ-ਵਿੱਦਿਅਕ ਪ੍ਰੋਜੈਕਟ ਚਲਾ ਕੇ ਅਧਿਆਪਕਾਂ ਨੂੰ ਮਾਨਸਿਕ ਤੌਰ 'ਤੇ ਪਰੇਸ਼ਾਨ ਕੀਤਾ ਜਾ ਰਿਹਾ ਹੈ ਅਤੇ ਪੰਜਾਬ ਦਾ ਸਿੱਖਿਆ ਮਹਿਕਮਾ ਇਹ ਸਭ ਕੁਝ ਦੇਖ ਕੇ ਮੂਕ ਦਰਸ਼ਕ ਬਣ ਬੈਠਾ ਹੈ।ਅਧਿਆਪਕ ਆਗੂਆਂ ਨੇ ਕਿਹਾ ਕਿ ਪੰਜਾਬ ਦਾ ਸਿੱਖਿਆ ਮੰਤਰੀ ਇਸ ਸਭ ਦਾ ਵਿਰੋਧ ਕਰਨ ਦੀ ਬਜਾਏ ਕਿਸੇ ਹੋਰ ਹੀ ਦੁਨੀਆ ਵਿੱਚ ਗਵਾਚਾ ਜਾਪਦਾ ਹੈ। ਅਧਿਆਪਕ ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਦੀਆਂ ਅਧਿਆਪਕ ਅਤੇ ਸਿੱਖਿਆ ਵਿਰੋਧੀ ਨੀਤੀਆਂ ਦੇ ਵਿਰੋਧ ਵਿੱਚ 2 ਜੂਨ ਨੂੰ ਮੁਹਾਲੀ ਦੇ ਵਿੱਦਿਆ ਭਵਨ ਵਿਖੇ ਜ਼ਬਰਦਸਤ ਰੋਸ ਰੈਲੀ ਤੇ ਰੋਸ ਮੁਜ਼ਾਹਰਾ ਕੀਤਾ ਜਾ ਰਿਹਾ ਹੈ। ਜੀ ਟੀ ਯੂ ਦੇ ਜ਼ਿਲ੍ਹਾ ਕਮੇਟੀ ਨੇ ਜ਼ਿਲ੍ਹੇ ਦੇ ਸਮੂਹ ਅਧਿਆਪਕਾਂ ਨੂੰ ਬੇਨਤੀ ਕੀਤੀ ਕਿ ਇਸ ਰੋਸ ਮੁਜਾਹਰੇ ਵਿੱਚੋਂ ਵੱਡੀ ਗਿਣਤੀ ਵਿੱਚ ਸ਼ਾਮਲ ਹੋਣ। ਇਸ ਮੌਕੇ ਅਧਿਆਪਕ ਆਗੂ ਸੁਨੀਲ ਕੁਮਾਰ, ਲੈਕਚਰਾਰ ਅਮਰ ਸਿੰਘ, ਲੈਕਚਰਾਰ ਉਪਿੰਦਰ ਸਿੰਘ, ਵਿਕਾਸ ਸ਼ਰਮਾ, ਸੰਜੀਵ ਧੂਤ, ਪ੍ਰਿੰਸ ਗੜ੍ਹਦੀਵਾਲਾ, ਰਜਤ ਮਹਾਜਨ, ਲੈਕਚਰਾਰ ਹਰਵਿੰਦਰ ਸਿੰਘ, ਸ਼ਾਮ ਸੁੰਦਰ ਕਪੂਰ, ਕਮਲਦੀਪ ਸਿੰਘ, ਅਨੁਪਮ ਰਤਨ, ਹੈੱਡ-ਮਾਸਟਰ ਸੰਦੀਪ ਬਡੇਸਰੋਂ, ਹੈੱਡ-ਮਾਸਟਰ ਨਸੀਬ ਸਿੰਘ, ਅਸ਼ੋਕ ਕੁਮਾਰ, ਨਰੇਸ਼ ਕੁਮਾਰ ਮਿੱਢਾ, ਚਮਨ ਲਾਲ, ਅਮਰਜੀਤ ਸਿੰਘ, ਪਰਸ ਰਾਮ, ਬਲਵਿੰਦਰ ਸਿੰਘ, ਰਾਜੇਸ਼ ਅਰੋੜਾ, ਉਮੇਸ਼ ਕੁਮਾਰ, ਸਰਬਜੀਤ ਸਿੰਘ, ਨਰਿੰਦਰ ਮੰਗਲ, ਸਰਬਜੀਤ ਸਿੰਘ, ਸਚਿਨ ਕੁਮਾਰ, ਜਸਵਿੰਦਰਪਾਲ, ਪਰਮਜੀਤ ਕੌਰ ਸੂਸ, ਜਸਪ੍ਰੀਤ ਕੌਰ, ਬਲਜੀਤ ਕੌਸ਼ਲ, ਜਸਵੰਤ ਮੁਕੇਰੀਆਂ, ਮਨਜੀਤ ਸਿੰਘ , ਸੁਸ਼ੀਲ ਕੁਮਾਰ, ਅਵਤਾਰ ਸਿੰਘ, ਲੈਕਚਰਾਰ ਨਰੇਸ਼ ਗੜ੍ਹਸ਼ੰਕਰ ਸਮੇਤ ਵੱਡੀ ਗਿਣਤੀ 'ਚ ਅਧਿਆਪਕ ਹਾਜ਼ਰ ਸਨ।

ਬਲਾਚੌਰ ਪੁਲਸ ਵੱਲੋਂ ਸੁਰੱਖਿਆ ਦੇ ਮੱਦੇਨਜ਼ਰ ਪ੍ਰਵਾਸੀਆਂ ਦੇ ਡੇਰਿਆਂ 'ਤੇ ਵਿਸ਼ੇਸ਼ ਸਰਚ ਮੁਹਿੰਮ

ਬਲਾਚੌਰ / ਪੋਜੇਵਾਲ (ਜਸਵਿੰਦਰ ਬੈਂਸ /ਰਾਮ ਲਾਲ)-ਇਲਾਕੇ ਵਿੱਚ ਅਮਨ-ਸ਼ਾਂਤੀ ਅਤੇ ਸੁਰੱਖਿਆ ਨੂੰ ਬਰਕਰਾਰ ਰੱਖਣ ਲਈ ਸ਼ਹੀਦ ਭਗਤ ਸਿੰਘ ਨਗਰ ਦੇ ਐਸ.ਐਸ.ਪੀ. ਤੁਸ਼ਾਰ ਗੁਪਤਾ ਦੇ ਦਿਸ਼ਾ-ਨਿਰਦੇਸ਼ਾਂ ਹੇਠ ਸਬ ਡਵੀਜ਼ਨ ਬਲਾਚੌਰ ਡੀ ਐਸ ਪੀ ਹਿੰਮਤ ਮਲਹੋਤਰਾ ਵੱਲੋਂ ਭਾਰੀ ਪੁਲਸ ਫੋਰਸ ਸਮੇਤ ਸ਼ਹਿਰ ਦੇ ਆਲੇ-ਦੁਆਲੇ ਸਥਿਤ ਪ੍ਰਵਾਸੀਆਂ ਦੀਆਂ ਝੁੱਗੀਆਂ-ਝੌਂਪੜੀਆਂ ਅਤੇ ਡੇਰਿਆਂ ਵਿੱਚ ਵਿਸ਼ੇਸ਼ ਚੈਕਿੰਗ ਮੁਹਿੰਮ ਚਲਾਈ ਗਈ। ?ਚੈਕਿੰਗ ਦੌਰਾਨ ਡੀ ਐਸ ਪੀ ਵੱਲੋਂ ਉੱਥੇ ਰਹਿ ਰਹੇ ਪ੍ਰਵਾਸੀਆਂ ਦੇ ਆਧਾਰ ਕਾਰਡ, ਵੋਟਰ ਕਾਰਡ ਅਤੇ ਹੋਰ ਪਛਾਣ ਪੱਤਰਾਂ ਦੀ ਬਾਰੀਕੀ ਨਾਲ ਜਾਂਚ ਕੀਤੀ ਗਈ। ਪੁਲਸ ਅਧਿਕਾਰੀਆਂ ਨੇ ਡੇਰਾ ਸੰਚਾਲਕਾਂ ਅਤੇ ਮਕਾਨ ਮਾਲਕਾਂ ਨੂੰ ਸਖ਼ਤ ਹਦਾਇਤ ਕੀਤੀ ਕਿ ਕਿਸੇ ਵੀ ਬਾਹਰੀ ਵਿਅਕਤੀ ਨੂੰ ਰੱਖਣ ਤੋਂ ਪਹਿਲਾਂ ਉਸ ਦੀ ਪੁਲਸ ਵੈਰੀਫਿਕੇਸ਼ਨ ਲਾਜ਼ਮੀ ਕਰਵਾਈ ਜਾਵੇ। ?ਇਸ ਮੁਹਿੰਮ ਦਾ ਮੁੱਖ ਮਕਸਦ ਸ਼ਰਾਰਤੀ ਅਨਸਰਾਂ 'ਤੇ ਨਜ਼ਰ ਰੱਖਣਾ ਅਤੇ ਕਿਸੇ ਵੀ ਅਣਸੁਖਾਵੀਂ ਘਟਨਾ ਨੂੰ ਰੋਕਣਾ ਹੈ। ?ਮੀਡੀਆ ਨਾਲ ਗੱਲਬਾਤ ਕਰਦਿਆਂ ਡੀ ਐਸ ਪੀ ਹਿੰਮਤ ਮਲਹੋਤਰਾ ਨੇ ਕਿਹਾ ਕਿ ?ਸੁਰੱਖਿਆ ਦੇ ਲਿਹਾਜ਼ ਨਾਲ ਇਹ ਚੈਕਿੰਗ ਬਹੁਤ ਜ਼ਰੂਰੀ ਹੈ। ਅਸੀਂ ਇਹ ਯਕੀਨੀ ਬਣਾ ਰਹੇ ਹਾਂ ਕਿ ਇਲਾਕੇ ਵਿੱਚ ਰਹਿਣ ਵਾਲਾ ਹਰ ਵਿਅਕਤੀ ਪ੍ਰਮਾਣਿਤ ਹੋਵੇ। ਜਿਨ੍ਹਾਂ ਕੋਲ ਮੁਕੰਮਲ ਦਸਤਾਵੇਜ਼ ਨਹੀਂ ਪਾਏ ਗਏ, ਉਨ੍ਹਾਂ ਨੂੰ ਜਲਦ ਤੋਂ ਜਲਦ ਆਪਣੇ ਪਛਾਣ ਪੱਤਰ ਜਮ੍ਹਾਂ ਕਰਵਾਉਣ ਦੇ ਨਿਰਦੇਸ਼ ਦਿੱਤੇ ਗਏ ਹਨ।ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਜੇਕਰ ਕੋਈ ਸ਼ੱਕੀ ਵਿਅਕਤੀ ਦਿਖਾਈ ਦਿੰਦਾ ਹੈ, ਤਾਂ ਤੁਰੰਤ ਸਥਾਨਕ ਪੁਲਸ ਨੂੰ ਸੂਚਿਤ ਕੀਤਾ ਜਾਵੇ।

15 ਲੱਖ ਰੁਪਏ ਦਾ ਸਕੈਂਡਲ ਨਗਰ ਪੰਚਾਇਤ ਮਹਿਤਪੁਰ 'ਚ ਬਣੇਗਾ ਮੁੱਦਾ

ਨੂਰਮਹਿਲ (ਬਾਲ ਕ੍ਰਿਸ਼ਨ ਬਾਲੀ)

ਨਗਰ ਪੰਚਾਇਤ ਮਹਿਤਪੁਰ ਦੀ ਹੋ ਰਹੀ ਚੋਣ ਵਿੱਚ ਸਫਾਈ ਸੇਵਕ ਜਿੱਥੇ ਹੜਤਾਲ ਮੁਅੱਤਲ ਹੋਣ ਤੋਂ ਬਾਅਦ ਜਿੱਥੇ ਸ਼ਹਿਰ ਦੀ ਸਫਾਈ ਵਿੱਚ ਜੁਟ ਗਏ ਹਨ, ਉੱਥੇ ਹੋ ਰਹੀ ਨਗਰ ਪੰਚਾਇਤ ਮਹਿਤਪੁਰ ਦੀ ਚੋਣ ਵਿੱਚ ਚੋਣਾਂ ਲੜ ਰਹੇ ਵੱਖ-ਵੱਖ ਪਾਰਟੀਆਂ ਦੇ ਉਮੀਦਵਾਰਾਂ ਨੂੰ ਵੀ ਸਵਾਲਾਂ ਦੇ ਘੇਰੇ ਵਿੱਚ ਲੈਣ ਦਾ ਫੈਸਲਾ ਕੀਤਾ। ਇਹਨਾਂ ਸਵਾਲਾਂ ਚੋਂ ਇੱਕ ਮੁੱਖ ਸਵਾਲ ਇਹਨਾਂ ਸਾਰੀਆਂ ਰਾਜਨੀਤਿਕ ਪਾਰਟੀਆਂ ਦੇ ਉਮੀਦਵਾਰਾਂ ਤੋਂ ਹੈ। ਕੀ ਜਦ ਸਫਾਈ ਸੇਵਕਾਂ ਦਾ 15 ਲੱਖ ਤੋਂ ਵੱਧ ਰੁਪਈਆ ਪ੍ਰੋਵੀਡੈਂਟ ਫੰਡ ਦੇ ਨਾਂ 'ਤੇ ਠੇਕੇਦਾਰ ਵੱਲੋਂ ਕੱਟ ਕੇ ਉਹਨਾਂ ਦੇ ਪ੍ਰੋਵੀਟੈਂਟ ਫੰਡ ਖਾਤਿਆਂ ਵਿੱਚ ਜਮ੍ਹਾ ਕਰਵਾ ਕੇ ਉਹਨਾਂ ਨੂੰ ਰਸੀਦਾਂ ਨਹੀਂ ਦਿੱਤੀਆਂ ਗਈਆਂ। ਤਾਂ ਸੱਤਾਧਾਰੀ ਪਾਰਟੀ ਤੋਂ ਲੈ ਕੇ ਹਰ ਵਿਰੋਧੀ ਪਾਰਟੀਆਂ ਦੇ ਚੁਣੇ ਗਏ ਕੌਂਸਲਰਾਂ ਕੋਲ ਇਹ ਮਾਮਲਾ ਉਨ੍ਹਾਂ ਉਠਾਇਆ ਤਾਂ ਉਨ੍ਹਾਂ ਦੀ ਨਾ ਤਾਂ ਨਗਰ ਪੰਚਾਇਤ ਦੇ ਪ੍ਰਧਾਨ ਅਤੇ ਕੌਂਸਲਾਂ ਨੇ ਗੱਲ ਸੁਣੀ ਨਾ ਹੀ ਕਿਸੇ ਰਾਜਨੀਤਿਕ ਪਾਰਟੀ ਦੇ ਆਗੂ ਨੇ। ਇਥੋਂ ਤੱਕ ਕਿ ਮੌਕੇ ਦੇ ਨਗਰ ਪੰਚਾਇਤ ਦੇ ਪ੍ਰਧਾਨਾਂ ਅਤੇ ਅਧਿਕਾਰੀ ਨੇ ਠੇਕੇਦਾਰ ਵਿਰੁੱਧ ਨਾ ਤਾਂ ਕੋਈ ਮਤਾ ਪਾਸ ਕੀਤਾ ਨਾ ਹੀ ਠੇਕੇਦਾਰ ਵਿਰੁੱਧ ਪ੍ਰੋਵੀਡੈਂਟ ਫੰਡ ਕਾਨੂੰਨ ਮੁਤਾਬਕ ਪਰਚਾ ਦਰਜ ਕਰਵਾਇਆ। ਉਲਟਾ ਠੱਗੀ ਮਾਰਨ ਵਾਲੇ ਠੇਕੇਦਾਰ ਦੀ ਹੀ ਪੁਸ਼ਤ ਪਨਾਹੀ ਹੀ ਕਰਦੇ ਰਹੇ ਕਿ ਸਫਾਈ ਸੇਵਕਾਂ ਨਾਲ ਹੋਈ 15 ਲੱਖ ਦੀ ਠੱਗੀ ਲਈ ਉਸ ਸਮੇਂ ਚੁਣੇ ਗਏ ਉਮੀਦਵਾਰ ਅਤੇ ਅੱਜ ਚੋਣ ਲੜ ਰਹੀਆਂ ਪਾਰਟੀਆਂ ਜ਼ਿੰਮੇਵਾਰ ਨਹੀਂ ਹਨ? ਬਹੁਤ ਸਾਰੇ ਸਫਾਈ ਸੇਵਕ ਪ੍ਰੋਵੀਡੈਂਟ ਫੰਡ ਦੀ ਉਡੀਕ ਵਿੱਚ ਹੀ ਦੁਨੀਆ ਤੋਂ ਤੁਰ ਗਏ। ਹੁਣ ਇਹਨਾਂ ਤੋਂ ਅੱਗਿਓਂ ਕੀ ਉਮੀਦ ਕੀਤੀ ਜਾ ਸਕਦੀ ਹੈ। ਚੋਣਾਂ ਲੜ ਰਹੇ ਉਮੀਦਵਾਰਾਂ ਤੋਂ ਕੋਈ ਆਸ ਨਾ ਰੱਖਦਿਆਂ ਸਫਾਈ ਸੇਵਕਾਂ ਨੇ ਨਗਰ ਪੰਚਾਇਤ ਮਹਿਤਪੁਰ ਦੇ ਦਫਤਰ ਵਿੱਚ ਇੱਕ ਵਿਸ਼ਾਲ ਰੈਲੀ ਕਰਨ ਤੋਂ ਬਾਅਦ ਮਹਿਤਪੁਰ ਤਹਿਸੀਲ ਵਿੱਚ ਪਹੁੰਚ ਕੇ ਤਹਿਸੀਲਦਾਰ ਮਹਿਤਪੁਰ ਰਾਹੀਂ ਪ੍ਰੋਵੀਡੈਂਟ ਫੰਡ ਕਮਿਸ਼ਨਰ ਨੂੰ ਲਿਖਤੀ ਮੰਗ ਪੱਤਰ ਭੇਜ ਕੇ ਮੰਗ ਕੀਤੀ ਕੀ ਉਹਨਾਂ ਦਾ ਪ੍ਰੋਵੀਡੈਂਟ ਫੰਡ ਦਾ ਕੱਟਿਆ ਰੁਪਈਆ ਉਨਾਂ ਨੂੰ ਵਾਪਸ ਦਵਾਇਆ ਜਾਵੇ। ਅਤੇ ਜਿਹੜੇ ਸਫਾਈ ਸੇਵਕ ਮਰ ਚੁੱਕੇ ਹਨ ਉਹਨਾਂ ਦੇ ਪਰਵਾਰਾਂ ਨੂੰ ਵੀ ਇਹ ਪੈਸਾ ਦਿਵਾਇਆ ਜਾਵੇ। ਇਸ ਸਕੈਂਡਲ ਵਿੱਚ ਸ਼ਾਮਿਲ ਠੇਕੇਦਾਰ ਅਤੇ ਨਗਰ ਪੰਚਾਇਤ ਦੇ ਉਸ ਅਧਿਕਾਰੀ ਵਿਰੁੱਧ ਵੀ ਪੜਤਾਲ ਕਰਕੇ ਪ੍ਰੋਵੀਡੈਂਟ ਫੰਡ ਕਾਨੂੰਨ ਮੁਤਾਬਕ ਪਰਚਾ ਦਰਜ ਕਰਵਾਇਆ ਜਾਵੇ। ਮੰਗ ਪੱਤਰ ਦੇਣ ਵਾਲਿਆਂ ਵਿੱਚ ਸਫਾਈ ਸੇਵਕਾਂ ਦੇ ਨਾਲ ਸਫਾਈ ਸੇਵਕਾਂ ਦੇ ਆਗੂ ਪੱਪੂ ਪ੍ਰਧਾਨ, ਸ਼ਾਹਕੋਟ ਦੇ ਪ੍ਰਧਾਨ ਸੁਨੀਲ ਕੁਮਾਰ, ਲੋਹੀਆਂ ਦੇ ਪ੍ਰਧਾਨ ਸੁਖਵਿੰਦਰ ਸਿੰਘ, ਸੁਭਾਸ਼ ਮਹਿਤਪੁਰ, ਓਮ ਪ੍ਰਕਾਸ਼, ਪੇਂਡੂ ਸਫਾਈ ਕਰਮਚਾਰੀ ਦੇ ਸੂਬਾ ਪ੍ਰਧਾਨ ਪ੍ਰੇਮ ਸਾਰਸਰ ਅਤੇ ਪੇਂਡੂ ਮਜ਼ਦੂਰ ਯੂਨੀਅਨ ਦੇ ਸੂਬਾ ਪ੍ਰਧਾਨ ਤਰਸੇਮ ਪੀਟਰ ਅਤੇ ਜ਼ਿਲ੍ਹਾ ਆਗੂ ਕਸ਼ਮੀਰ ਮੰਡਿਆਲਾ ਆਦਿ ਸ਼ਾਮਲ ਸਨ।

ਮੌਲੀ ਬੈਦਵਾਨ ਦੇ ਨੰਬਰਦਾਰ ਦਾ ਮੁੱਦਾ ਹਾਈ ਕੋਰਟ ਪਹੁੰਚਿਆ, ਨੋਟਿਸ ਜਾਰੀ

ਮੁਹਾਲੀ (ਗੁਰਜੀਤ ਬਿੱਲਾ) ਮੋਹਾਲੀ ਦੇ ਪਿੰਡ ਮੌਲੀ ਬੈਦਵਾਨ ਦੇ ਨੰਬਰਦਾਰ ਦੇ ਦਰਜੇ ਦਾ ਦਹਾਕਿਆਂ ਪੁਰਾਣਾ ਮੁੱਦਾ ਹੁਣ ਹਾਈ ਕੋਰਟ ਪਹੁੰਚ ਗਿਆ ਹੈ। ਹੁਣ ਤੱਕ ਇਹ ਲੜਾਈ ਵਿੱਤ ਕਮਿਸ਼ਨਰ ਦੀ ਅਦਾਲਤ ਤੱਕ ਲੜੀ ਜਾ ਚੁੱਕੀ ਸੀ, ਪਰ ਨੰਬਰਦਾਰ ਦੇ ਦਰਜੇ ਤੋਂ ਇਨਕਾਰ ਕੀਤੇ ਗਏ ਹਰਨੇਕ ਸਿੰਘ ਨੇ ਹੁਣ ਹਾਈ ਕੋਰਟ ਵਿੱਚ ਪਟੀਸ਼ਨ ਦਾਇਰ ਕੀਤੀ ਹੈ। ਐਡਵੋਕੇਟ ਗਗਨ ਪ੍ਰਦੀਪ ਸਿੰਘ ਬੱਲ ਰਾਹੀਂ ਦਾਇਰ ਪਟੀਸ਼ਨ ਵਿੱਚ ਹਰਨੇਕ ਸਿੰਘ ਨੇ ਕਿਹਾ ਹੈ ਕਿ ਉਨ੍ਹਾਂ ਦੀ ਉਮਰ, ਤਜਰਬੇ ਅਤੇ ਜ਼ਿਆਦਾ ਜ਼ਮੀਨ ਦੀ ਮਾਲਕੀ ਕਾਰਨ ਉਨ੍ਹਾਂ ਨੂੰ ਦੂਜੇ ਉਮੀਦਵਾਰਾਂ ਦੇ ਮੁਕਾਬਲੇ ਨੰਬਰਦਾਰ ਦੇ ਦਰਜੇ ਦੀ ਨਿਯੁਕਤੀ ਵਿੱਚ ਤਰਜੀਹ ਦਿੱਤੀ ਜਾਣੀ ਚਾਹੀਦੀ ਸੀ, ਪਰ ਸਰਕਾਰੀ ਤੰਤਰ ਨੇ ਇਸ ਨੂੰ ਨਜ਼ਰਅੰਦਾਜ਼ ਕਰ ਦਿੱਤਾ।ਐਡਵੋਕੇਟ ਬੱਲ ਨੇ ਹਾਈ ਕੋਰਟ ਨੂੰ ਦੱਸਿਆ ਕਿ ਕਰਮਜੀਤ ਸਿੰਘ ਨੂੰ ਸ਼ੁਰੂ ਵਿੱਚ 2016 ਵਿੱਚ ਨੰਬਰਦਾਰ ਵਜੋਂ ਨਿਯੁਕਤ ਕੀਤਾ ਗਿਆ ਸੀ, ਪਰ ਕਮਿਸ਼ਨਰ ਨੇ ਉਨ੍ਹਾਂ ਵਿਰੁੱਧ ਐਫ ਆਈ ਆਰ ਕਾਰਨ ਉਨ੍ਹਾਂ ਦੇ ਨਿਯੁਕਤੀ ਆਦੇਸ਼ ਨੂੰ ਰੱਦ ਕਰ ਦਿੱਤਾ। ਦਸੰਬਰ 2020 ਵਿੱਚ ਡਿਪਟੀ ਕਮਿਸ਼ਨਰ ਨੇ ਹਰਨੇਕ ਸਿੰਘ ਨੂੰ ਨੰਬਰਦਾਰ ਨਿਯੁਕਤ ਕੀਤਾ। ਹਾਲਾਂਕਿ, ਕਮਿਸ਼ਨਰ ਅਤੇ ਵਿੱਤ ਕਮਿਸ਼ਨਰ ਨੇ ਡਿਪਟੀ ਕਮਿਸ਼ਨਰ ਦੇ ਹਰਨੇਕ ਸਿੰਘ ਨੂੰ ਨੰਬਰਦਾਰ ਨਿਯੁਕਤ ਕਰਨ ਦੇ ਫੈਸਲੇ ਨੂੰ ਉਲਟਾ ਦਿੱਤਾ। ਇਹ ਦਲੀਲ ਦਿੱਤੀ ਗਈ ਸੀ ਕਿ ਪਹਿਲਾਂ ਦੀਆਂ ਹਦਾਇਤਾਂ ਵਿੱਚ ਕਰਮਜੀਤ ਸਿੰਘ ਵਿਰੁੱਧ ਐਫ ਆਈ ਆਰ ਦਰਜ ਕਰਨ ਦੀ ਮੰਗ ਕੀਤੀ ਗਈ ਸੀ, ਪਰ ਐਫ ਆਈ ਆਰ ਚੰਡੀਗੜ੍ਹ ਨਾਲ ਸਬੰਧਤ ਹੋਣ ਦੇ ਬਾਵਜੂਦ, ਕਰਮਜੀਤ ਸਿੰਘ ਨੂੰ ਮੋਹਾਲੀ ਦੇ ਐਸ ਐਸ ਪੀ ਦੀ ਰਿਪੋਰਟ ਦੇ ਆਧਾਰ 'ਤੇ ਨੰਬਰਦਾਰ ਨਿਯੁਕਤ ਕੀਤਾ ਗਿਆ ਸੀ। ਇਸ ਲਈ, ਨਿਯੁਕਤੀ 'ਤੇ ਫੈਸਲਾ ਲੈਣ ਤੋਂ ਪਹਿਲਾਂ ਐਫ ਆਈ ਆਰ ਬਾਰੇ ਸਪੱਸ਼ਟਤਾ ਸਥਾਪਤ ਕੀਤੀ ਜਾਣੀ ਚਾਹੀਦੀ ਸੀ। ਹਾਈ ਕੋਰਟ ਨੂੰ ਕਰਮਜੀਤ ਸਿੰਘ ਦੀ ਨਿਯੁਕਤੀ ਦੇ ਹੁਕਮ ਨੂੰ ਰੱਦ ਕਰਨ ਅਤੇ ਹਰਨੇਕ ਸਿੰਘ ਨੂੰ ਨੰਬਰਦਾਰ ਨਿਯੁਕਤ ਕਰਨ ਲਈ ਕਿਹਾ ਗਿਆ ਹੈ। ਹਾਈ ਕੋਰਟ ਨੇ ਸਰਕਾਰ ਨੂੰ ਨੋਟਿਸ ਜਾਰੀ ਕਰਕੇ ਜਵਾਬ ਮੰਗਿਆ ਹੈ।

ਟਰਮੀਨੇਸ਼ਨ ਸੰਬੰਧੀ ਸ਼ੋਕਾਜ ਨੋਟਿਸਾਂ ਖਿਲਾਫ਼ ਮੁੱਖ ਮੰਤਰੀ ਨੂੰ ਮੰਗ ਪੱਤਰ

ਹੁਸ਼ਿਆਰਪੁਰ, (ਬਲਵੀਰ ਸਿੰਘ ਸੈਣੀ)

ਹਰ ਤਰ੍ਹਾਂ ਦੀਆਂ ਵਿਭਾਗੀ ਸ਼ਰਤਾਂ ਪੂਰੀਆਂ ਕਰਕੇ ਸਿੱਖਿਆ ਵਿਭਾਗ ਵਿੱਚ ਪਿਛਲੇ ਤਿੰਨ ਸਾਲਾਂ ਤੋਂ ਇਮਾਨਦਾਰੀ ਨਾਲ ਰੈਗੂਲਰ ਸੇਵਾਵਾਂ ਨਿਭਾਅ ਰਹੇ 4161 ਮਾਸਟਰ ਕਾਡਰ ਅਧਿਆਪਕਾਂ ਵਿੱਚੋਂ 253 ਅਧਿਆਪਕਾਂ ਨੂੰ ਟਰਮੀਨੇਸ਼ਨ ਸੰਬੰਧੀ ਸ਼ੋਕਾਜ ਨੋਟਿਸ ਦੇਣ ਦੇ ਖਿਲਾਫ਼ ਪੀੜਤ ਅਧਿਆਪਕਾਂ ਅਤੇ ਵੱਖ-ਵੱਖ ਭਰਾਤਰੀ ਜਥੇਬੰਦੀਆਂ ਵੱਲੋਂ ਸਾਂਝੇ ਤੌਰ 'ਤੇ ਐੱਮ ਪੀ. ਡਾ. ਰਾਜ ਕੁਮਾਰ ਚੱਬੇਵਾਲ ਰਾਹੀਂ ਮੁੱਖ ਮੰਤਰੀ ਪੰਜਾਬ ਨੂੰ ਟਰਮੀਨੇਸ਼ਨ ਸੰਬੰਧੀ ਸ਼ੋਕਾਜ ਨੋਟਿਸਾਂ ਨੂੰ ਰੱਦ ਕਰਨ ਲਈ ਮੰਗ ਪੱਤਰ ਭੇਜਿਆ ਗਿਆ।ਇਸ ਸੰਬੰਧੀ ਸੂਬਾਈ ਆਗੂ ਨਰਿੰਦਰ ਕੌਰ ਅਤੇ ਇਕਬਾਲਪ੍ਰੀਤ ਸਿੰਘ ਨੇ ਦੱਸਿਆ ਕਿ 4161 ਮਾਸਟਰ ਕਾਡਰ ਭਰਤੀ ਦੀ ਪ੍ਰੀਖਿਆ ਅਗਸਤ 2022 ਵਿੱਚ ਲਈ ਗਈ ਸੀ, ਜਿਸ ਦਾ ਨਤੀਜਾ ਦਸੰਬਰ 2022 ਨੂੰ ਜਨਤਕ ਕਰ ਦਿੱਤਾ ਗਿਆ ਸੀ ਅਤੇ ਜਨਵਰੀ 2023 ਵਿੱਚ ਸਿਲੈਕਸ਼ਨ ਲਿਸਟ ਅਨੁਸਾਰ ਅਧਿਆਪਕਾਂ ਨੂੰ ਆਫਰ ਲੈਟਰ ਦਿੱਤੇ ਗਏ। ਪਰ ਉਤਰਕੁੰਜੀ ਵਿੱਚ ਕੁਝ ਤਰੁੱਟੀਆਂ ਹੋਣ ਕਾਰਨ ਇਹ ਮਸਲਾ ਮਾਣਯੋਗ ਹਾਈ ਕੋਰਟ ਵਿੱਚ ਚਲਾ ਗਿਆ ਅਤੇ ਕੋਰਟ ਦੇ ਅਦੇਸ਼ਾਂ ਅਨੁਸਾਰ ਗੁਰੂ ਨਾਨਕ ਦੇਵ ਯੂਨੀਵਰਸਿਟੀ, ਪੰਜਾਬੀ ਯੂਨੀਵਰਸਿਟੀ ਅਤੇ ਪੰਜਾਬ ਯੂਨੀਵਰਸਿਟੀ ਦੇ ਮਾਹਰ ਪ੍ਰੋਫੈਸਰ ਸਹਿਬਾਨਾਂ ਦੀ ਸਾਂਝੀ ਕਮੇਟੀ ਬਣਾ ਕੇ ਉਤਰਕੁੰਜੀ ਦੀਆਂ ਤਰੁੱਟੀਆਂ ਵਿਚਾਰਨ ਲਈ ਅਦੇਸ਼ ਦਿੱਤਾ ਗਿਆ।ਨਤੀਜੇ ਵਜੋਂ ਦੁਬਾਰਾ ਸਹੀ ਉਤਰਕੁੰਜੀ ਬਣਾਈ ਗਈ। ਹਾਈਕੋਰਟ ਦੇ ਅਦੇਸ਼ਾਂ ਅਨੁਸਾਰ ਸੋਧੀ ਹੋਈ ਉੱਤਰਕੁੰਜੀ ਅਨੁਸਾਰ ਦੁਆਰਾ ਦੂਸਰੀ ਸਿਲੈਕਸ਼ਨ ਲਿਸਟ ਬਣਾਈ ਗਈ, ਜਿਸ ਨਾਲ ਜਿਨ੍ਹਾਂ ਅਧਿਆਪਕਾਂ ਦਾ ਪਹਿਲੀ ਸਿਲੈਕਸ਼ਨ ਲਿਸਟ ਅਨੁਸਾਰ ਨੰਬਰ ਆਉਂਦਾ ਸੀ, ਉਹ ਹੁਣ ਬਾਹਰ ਹੋ ਗਏ ਅਤੇ ਉਹਨਾਂ ਦੀ ਥਾਂ ਦੂਜੀ ਸਹੀ ਸਿਲੈਕਸ਼ਨ ਲਿਸਟ ਅਨੁਸਾਰ ਵਧੇ ਨੰਬਰਾਂ ਵਾਲੇ ਸਿਲੈਕਸ਼ਨ ਲਿਸਟ ਵਿੱਚ ਆ ਗਏ।

ਪੰਜਾਬ ਸਰਕਾਰ ਤੇ ਸਿੱਖਿਆ ਵਿਭਾਗ ਵੱਲੋਂ ਸੋਧੀ ਹੋਈ ਦੂਸਰੀ ਸਿਲੈਕਸ਼ਨ ਲਿਸਟ ਅਨੁਸਾਰ ਸਾਰੇ ਅਧਿਆਪਕਾਂ ਨੂੰ 8 ਮਈ 2023 ਨੂੰ ਜੁਆਇਨਿੰਗ ਲੈਟਰ ਦੇ ਕੇ 9 ਮਈ 2023 ਨੂੰ ਜੁਆਇਨ ਕਰਵਾ ਲਿਆ ਗਿਆ। ਇਹ ਅਧਿਆਪਕ ਪਿਛਲੇ 3 ਸਾਲਾਂ ਤੋਂ ਆਪਣੀ ਡਿਊਟੀ ਪੰਜਾਬ ਦੇ ਵੱਖ ਵੱਖ ਸਕੂਲਾਂ ਵਿੱਚ ਨਿਭਾਅ ਰਹੇ ਹਨ, ਪਰ ਨੰਬਰ ਘਟ ਜਾਣ ਕਾਰਨ ਪਹਿਲੀ ਲਿਸਟ ਵਿੱਚੋਂ ਬਾਹਰ ਹੋਏ ਅਧਿਆਪਕਾਂ ਨੇ ਵੀ ਕੋਰਟ ਰਾਹੀਂ ਨਵੰਬਰ 2025 ਵਿੱਚ ਆਪਣੀ ਡਿਊਟੀ ਜੁਆਇਨ ਕਰ ਲਈ, ਪਰ 6 ਮਈ 2026 ਨੂੰ ਸਿੱਖਿਆ ਵਿਭਾਗ ਵੱਲੋਂ ਤਿੰਨ ਸਾਲ ਬਾਅਦ ਲਗਭਗ 253 ਦੇ ਕਰੀਬ ਅਧਿਆਪਕਾਂ ਨੂੰ ਟਰਮੀਨੇਸ਼ਨ ਸੰਬੰਧੀ ਸ਼ੋਕਾਜ ਨੋਟਿਸ ਜਾਰੀ ਕਰ ਦਿੱਤੇ ਹਨ ਅਤੇ ਰਿਪਲਾਈ ਕਰਨ ਲਈ 21 ਦਿਨਾਂ ਦਾ ਸਮਾਂ ਦਿੱਤਾ ਹੈ, ਜਿਸ ਕਰਕੇ 3 ਸਾਲਾਂ ਤੋਂ ਆਪਣੀਆਂ ਸੇਵਾਵਾਂ ਨਿਭਾਅ ਰਹੇ ਅਧਿਆਪਕਾਂ ਦਾ ਭਵਿੱਖ ਪੂਰੀ ਤਰਾਂ ਖ਼ਤਰੇ ਵਿੱਚ ਪੈ ਗਿਆ ਹੈ। ਆਗੂਆਂ ਕਿਹਾ ਜੇਕਰ ਸਰਕਾਰ ਦੁਆਰਾ ਕੋਈ ਵਾਜਬ ਹੱਲ ਨਹੀਂ ਕੀਤਾ ਜਾਂਦਾ ਤਾਂ ਅਸੀਂ ਵੱਡੇ ਸੰਘਰਸ਼ ਕਰਨ ਲਈ ਮਜਬੂਰ ਹੋਵਾਂਗੇ। ਇਸ ਮੌਕੇ ਮੈਡਮ ਮਧੂ ਬਾਲਾ, ਮੈਡਮ ਸੋਨੀਆ ਆਦਿ ਅਧਿਆਪਕ ਅਤੇ ਡੈਮੋਕ੍ਰੇਟਿਕ ਟੀਚਰ ਫਰੰਟ ਪੰਜਾਬ ਵੱਲੋਂ ਨੰਦ ਰਾਮ ਸ਼ਾਮਿਲ ਸਨ।

ਨਗਰ ਕੌਂਸਲ ਆਦਮਪੁਰ ਚੋਣਾਂ : ਹਲਕਾ ਇੰਚਾਰਜ ਨੇ ਦਲਬਦਲੂਆਂ ਨੂੰ ਵੰਡੀਆਂ ਟਿਕਟਾਂ

ਆਦਮਪੁਰ (ਪਰਮਜੀਤ ਸਿੰਘ)-ਹਲਕਾ ਆਦਮਪੁਰ ਵਿੱਚ ਨਗਰ ਕੌਂਸਲ ਆਦਮਪੁਰ ਦੀਆਂ ਚੋਣਾਂ 'ਚ ਟਿਕਟਾਂ ਦੀ ਵੰਡ ਨੂੰ ਲੈ ਕੇ ਆਮ ਆਦਮੀ ਪਾਰਟੀ ਦੇ ਟਕਸਾਲੀ ਆਗੂ ਬਹੁਤ ਹੀ ਨਾਰਾਜ਼ ਅਤੇ ਨਾਖੁਸ਼ ਹਨ।ਆਮ ਆਦਮੀ ਪਾਰਟੀ ਵੱਲੋਂ 13 ਵਾਰਡਾਂ ਦੇ ਐਲਾਨੇ ਗਏ ਉਮੀਦਵਾਰਾਂ ਵੱਲ ਵੇਖੀਏ ਤਾਂ ਸਾਰੇ ਹੀ ਉਮੀਦਵਾਰ 2022 ਵਿੱਚ ਆਮ ਆਦਮੀ ਦੀ ਸਰਕਾਰ ਬਣਨ ਤੋਂ ਬਾਅਦ ਪਾਰਟੀ ਵਿੱਚ ਸ਼ਾਮਲ ਹੋਏ ਹਨ। ਕੁਝ 2023 ਵਿੱਚ ਸ਼ਾਮਲ ਹੋਏ, ਕੁਝ 2024 ਵਿੱਚ। ਵਾਰਡ ਨੰਬਰ 3 ਤੋਂ ਤਾਂ ਕਾਗਜ਼ਾਤ ਭਰਨ ਦੀ ਆਖਰੀ ਤਰੀਕ ਤੋਂ ਇਕ ਦਿਨ ਪਹਿਲਾਂ ਸ਼ਾਮਲ ਕਰਵਾ ਕੇ ਟਿਕਟ ਦਿੱਤੀ ਗਈ।ਏਥੋਂ ਤੱਕ ਕਿ ਹਲਕਾ ਇੰਚਾਰਜ ਪਵਨ ਕੁਮਾਰ ਟੀਨੂੰ ਵੀ 2024 ਵਿੱਚ ਹੀ ਸ਼ਾਮਲ ਹੋਇਆ। ਟਕਸਾਲੀ ਆਗੂਆਂ ਦਾ ਕਹਿਣਾ ਹੈ ਕਿ ਇਹ ਇਹਦੀ ਚੌਥੀ ਛਾਲ ਹੈ, ਯਾਨੀ ਇਸ ਨੇ ਚੌਥੀ ਵਾਰ ਇਹ ਪਾਰਟੀ ਬਦਲੀ ਹੈ। ਟੀਨੂੰ ਪਹਿਲਾਂ ਬਹੁਜਨ ਸਮਾਜ ਪਾਰਟੀ ਦਾ ਸੀ, ਫੇਰ ਬਹੁਜਨ ਸਮਾਜ ਕ੍ਰਾਂਤੀ ਪਾਰਟੀ ਦਾ, ਫੇਰ ਸ਼੍ਰੋਮਣੀ ਅਕਾਲੀ ਦਲ ਬਾਦਲ ਦਾ। 2024 ਵਿੱਚ ਲੋਕ ਸਭਾ ਚੋਣਾਂ ਵਿੱਚ ਵੀ 9 ਦੇ 9 ਹਲਕਿਆਂ ਤੋਂ ਹਾਰਨ ਤੋਂ ਬਾਅਦ ਵੀ ਹਲਕਾ ਇੰਚਾਰਜ ਬਣਾ ਦਿੱਤਾ ਗਿਆ। ਟਕਸਾਲੀ ਆਗੂਆਂ ਦਾ ਮੰਨਣਾ ਹੈ ਕਿ ਹਲਕਾ ਇੰਚਾਰਜ ਬਣਨ ਤੋਂ ਬਾਅਦ ਉਸ ਨੇ ਜਿੰਨੇ ਵੀ ਅਹੁਦੇ ਦਿੱਤੇ, ਉਹ ਅਕਾਲੀ, ਕਾਂਗਰਸੀ ਜਾਂ ਬਸਪਾ ਵਾਲੇ ਸਾਥੀਆਂ ਨੂੰ ਦਿੱਤੇ। ਪਾਰਟੀ ਨਾਲ ਮੁੱਢ ਤੋਂ ਜੁੜੇ ਆਗੂਆਂ ਨੂੰ ਲਗਾਤਾਰ ਪਿਛਾਂਹ ਕੀਤਾ ਜਾ ਰਿਹਾ ਹੈ। ਪਾਰਟੀ ਨਾਲ ਮੁੱਢ ਤੋਂ ਜੁੜੇ ਬਹੁਤਾਤ ਵਲੰਟੀਅਰ ਇਸ ਗੱਲ ਤੋਂ ਨਾਰਾਜ਼ ਹਨ ਕਿ ਆਮ ਆਦਮੀ ਪਾਰਟੀ ਤੇ ਅਕਾਲੀ ਕਾਬਜ਼ ਹੋ ਗਏ ਹਨ। ਉਨ੍ਹਾਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੂੰ ਅਪੀਲ ਕੀਤੀ ਹੈ ਕਿ ਦਲਬਦਲੂਆਂ ਨੇ ਦੇਰ ਸਵੇਰ ਆਮ ਆਦਮੀ ਪਾਰਟੀ ਨੂੰ ਢਾਹ ਲਾਉਣੀ ਹੈ, ਜੇ ਹੁਣ ਵੀ ਨਾ ਸੰਭਲੇ, ਫੇਰ ਮੌਕਾ ਖੁੰਝ ਜਾਣਾ ਹੈ। ਇਸ ਵਿਚਾਰ ਨਾਲ ਪਾਰਟੀ ਦੇ ਪੱਖ ਵਿੱਚ ਅਹੁਦੇਦਾਰ ਅਨੇਕ ਵਲੰਟੀਅਰ : ਜੀਤ ਲਾਲ ਭੱਟੀ (ਸਾਬਕਾ ਹਲਕਾ ਇੰਚਾਰਜ , ਡਾਇਰੈਕਟਰ ਪਨਬਸ), ਹਰਿੰਦਰ ਸਿੰਘ, ਅਸ਼ੋਕ ਕੁਮਾਰ ਸਰਪੰਚ ਕਪੂਰ ਪਿੰਡ ਜ਼ਿਲ੍ਹਾ ਜੁਆਇੰਟ ਸਕੱਤਰ ਐਸਸੀ. ਵਿੰਗ ,ਰਾਕੇਸ਼ ਮੱਟੂ ਭੋਗਪੁਰ, ਸ਼ਿਗਾਰਾ ਸਿੰਘ ਡਰੋਲੀ ਖੁਰਦ, ਮਹਿੰਦਰ ਸਿੰਘ ਖੁਰਦਪੁਰ, ਹਨਿੰਦਰ ਸਿੰਘ ਗਾਜੀਪੁਰ, ਜਸਪਾਲ ਸਿੰਘ ਢੰਡੋਰੀ, ਪਰਮਜੀਤ ਸਿੰਘ ਪਤਾਰਾ, ਅਮਰੀਕ ਸਿੰਘ ਦਰਦੀ ਕਾਲਰਾ, ਸਤਨਾਮ ਸਿੰਘ ਕੈਨੇਡਾ, ਰਾਮ ਲੁਭਾਇਆ ਆਦਮਪੁਰ, ਪਰਮਜੀਤ ਸਿੰਘ ਮਾਣਕੋ, ਰਣਜੀਤ ਸਿੰਘ ਚੁਖਿਆਰਾ, ਹੁਸਨ ਲਾਲ ਬਹੁਦੀਨਪੁਰ, ਵਿਜੈ ਕੁਮਾਰ ਮਹੱਦੀਪੁਰ, ਗੁਰਵਿੰਦਰ ਗੋਲਡੀ ਢੰਡੋਰ, ਗੁਰਧਿਆਨ ਸਿੰਘ ਢੰਡੋਰ, ਹਰਬੰਸ ਸਿੰਘ ਖਿੱਚੀਪੁਰ, ਗੁਰਮੀਤ ਸਿੰਘ ਚੁਖਿਆਰਾ, ਕੁਲਵਿੰਦਰ ਸਿੰਘ ਸਾਬੀ, ਬਲਬੀਰ ਸਿੰਘ ਡਰੋਲੀ ਕਲਾ, ਸੰਤੋਖ ਸਿੰਘ ਡਰੋਲੀ ਕਲਾਂ , ਧਰਮਪਾਲ ਸਿੰਘ ਪੰਡੋਰੀ ਨਿੱਝਰਾਂ ਅਨੇਕਾਂ ਨੇ ਸਹਿਮਤੀ ਪ੍ਰਗਟਾਈ ਹੈ।

ਐੱਲ ਪੀ ਯੂ 'ਚ ਛੇ ਹਫ਼ਤਿਆਂ ਦਾ ਫੈਕਲਟੀ ਇੰਡਕਸ਼ਨ ਪ੍ਰੋਗਰਾਮ

ਜਲੰਧਰ (ਸ਼ੈਲੀ ਐਲਬਰਟ)

ਲਵਲੀ ਪ੍ਰੋਫੈਸ਼ਨਲ ਯੂਨੀਵਰਸਿਟੀ ਨੇ 'ਅਧਿਆਪਨ ਅਤੇ ਖੋਜ ਵਿੱਚ ਆਰਟੀਫੀਸ਼ੀਅਲ ਇੰਟੈਲੀਜੈਂਸ ਦੀ ਵਰਤੋਂ' ਵਿਸ਼ੇ 'ਤੇ ਛੇ ਹਫ਼ਤਿਆਂ ਦਾ ਫੈਕਲਟੀ ਇੰਡਕਸ਼ਨ ਪ੍ਰੋਗਰਾਮ ਆਯੋਜਿਤ ਕੀਤਾ। ਇਸ ਪ੍ਰੋਗਰਾਮ ਰਾਹੀਂ ਯੂਨੀਵਰਸਿਟੀ ਨੇ ਇੱਕ ਏਆਈ-ਸਮਰੱਥ ਅਕਾਦਮਿਕ ਵਾਤਾਵਰਣ ਬਣਾਉਣ ਦੇ ਆਪਣੇ ਦ੍ਰਿਸ਼ਟੀਕੋਣ ਨੂੰ ਪ੍ਰਦਰਸ਼ਿਤ ਕੀਤਾ ਜਿੱਥੇ ਨਵੀਂ ਸੋਚ ਅਤੇ ਸਿੱਖਿਆ ਇਕੱਠੇ ਪ੍ਰਫੁੱਲਤ ਹੁੰਦੀ ਹੈ।ਇਹ ਵਿਲੱਖਣ ਪਹਿਲ ਐਲ ਪੀ ਯੂ ਦੇ ਮਨੁੱਖੀ ਸਰੋਤ ਵਿਕਾਸ ਕੇਂਦਰ ਦੁਆਰਾ ਟੈਲੇਂਟ ਗੁ ਗਲੋਬਲ ਦੇ ਸਹਿਯੋਗ ਨਾਲ ਸ਼ੁਰੂ ਕੀਤੀ ਗਈ ਸੀ। ਇਸ ਪਹਿਲਕਦਮੀ ਨੇ ਵੱਖ-ਵੱਖ ਵਿਸ਼ਿਆਂ ਦੇ 50 ਫੈਕਲਟੀ ਮੈਂਬਰਾਂ ਨੂੰ ਆਰਟੀਫੀਸ਼ੀਅਲ ਇੰਟੈਲੀਜੈਂਸ ਟੂਲਸ, ਅਕਾਦਮਿਕ ਆਟੋਮੇਸ਼ਨ, ਡਿਜੀਟਲ ਕੰਮ ਕਰਨ ਦੇ ਤਰੀਕਿਆਂ ਅਤੇ ਭਵਿੱਖ ਲਈ ਤਿਆਰ ਅਧਿਆਪਨ ਵਿਧੀਆਂ ਵਿੱਚ ਵਿਸ਼ੇਸ਼ ਪ੍ਰੈਕਟੀਕਲ ਸਿਖਲਾਈ ਪ੍ਰਾਪਤ ਕਰਨ ਲਈ ਇਕੱਠੇ ਕੀਤਾ। ਐਲ ਪੀ ਯੂ, ਆਪਣੀ ਪਰਿਵਰਤਨਸ਼ੀਲ ਪਹਿਲਕਦਮੀ, 'ਐਡੂਰਿਵੋਲਿਊਸ਼ਨ' ਰਾਹੀਂ, ਏਆਈ ਨੂੰ ਸਿੱਖਿਆ, ਖੋਜ ਅਤੇ ਅਕਾਦਮਿਕ ਕੰਮ ਦੇ ਹਰ ਪਹਿਲੂ ਵਿੱਚ ਪੂਰੀ ਤਰ੍ਹਾਂ ਏਕੀਕ੍ਰਿਤ ਕਰ ਰਿਹਾ ਹੈ। ਯੂਨੀਵਰਸਿਟੀ ਦਾ ਦ੍ਰਿਸ਼ਟੀਕੋਣ ਇਹ ਹੈ ਕਿ ਆਰਟੀਫੀਸ਼ੀਅਲ ਇੰਟੈਲੀਜੈਂਸ ਸਿਰਫ਼ ਇੱਕ ਬਾਹਰੀ ਤਕਨੀਕੀ ਨਵੀਨਤਾ ਨਹੀਂ ਹੈ, ਸਗੋਂ ਇੱਕ ਸਹਾਇਕ ਅਕਾਦਮਿਕ ਸਾਥੀ ਹੈ ਜੋ ਰਚਨਾਤਮਕਤਾ, ਕੁਸ਼ਲਤਾ, ਖੋਜ ਸਮਰੱਥਾਵਾਂ ਅਤੇ ਵਿਦਿਆਰਥੀਆਂ ਦੀ ਸ਼ਮੂਲੀਅਤ ਨੂੰ ਵਧਾ ਸਕਦਾ ਹੈ। ਭਾਗੀਦਾਰਾਂ ਨੇ ਏ ਆਈ-ਸਹਾਇਤਾ ਪ੍ਰਾਪਤ ਸਿੱਖਿਆ ਵਿਧੀਆਂ, ਏ ਆਈ ਨੂੰ ਅਪਣਾਉਣ ਦੇ ਨੈਤਿਕ ਅਤੇ ਨੀਤੀਗਤ ਪਹਿਲੂਆਂ, ਸਮੱਗਰੀ ਸਿਰਜਣਾ, ਕਾਰਜ ਪ੍ਰਕਿਰਿਆਵਾਂ ਨੂੰ ਸਵੈਚਾਲਿਤ ਕਰਨਾ, ਖੋਜ ਨੂੰ ਵਧਾਉਣ ਵਾਲੇ ਸਿਸਟਮ, ਅਤੇ ਏ ਆਈ ਦੀ ਵਰਤੋਂ ਕਰਦੇ ਹੋਏ ਕਲਾਸਰੂਮ ਵਿੱਚ ਵਿਦਿਆਰਥੀਆਂ ਨਾਲ ਬਿਹਤਰ ਢੰਗ ਨਾਲ ਜੁੜਨ ਦੇ ਤਰੀਕਿਆਂ ਬਾਰੇ ਵਿਹਾਰਕ ਸਿਖਲਾਈ ਪ੍ਰਾਪਤ ਕੀਤੀ।ਇਹ ਪਹਿਲ ਇੱਕ 'ਪ੍ਰੋਜੈਕਟ ਸ਼ੋਅਕੇਸ' ਦੇ ਨਾਲ ਸਮਾਪਤ ਹੋਈ, ਜਿੱਥੇ ਫੈਕਲਟੀ ਮੈਂਬਰਾਂ ਨੇ ਪ੍ਰੋਗਰਾਮ ਦੌਰਾਨ ਵਿਕਸਤ ਕੀਤੇ ਆਪਣੇ ਏ ਆਈ-ਸਹਾਇਤਾ ਪ੍ਰਾਪਤ ਅਧਿਆਪਨ ਅਤੇ ਖੋਜ ਮਾਡਲ ਪੇਸ਼ ਕੀਤੇ। ਐਲ ਪੀ ਯੂ ਦੇ ਪ੍ਰੋ ਵਾਈਸ-ਚਾਂਸਲਰ ਡਾ. ਲਵੀਰਾਜ ਗੁਪਤਾ ਨੇ ਕਿਹਾ, ਐਲ ਪੀ ਯੂ ਵਿਖੇ ਸਾਡਾ ਮੰਨਣਾ ਹੈ ਕਿ ਇਹ ਗੁਣਵੱਤਾ ਵਾਲੀ ਸਿੱਖਿਆ ਦੀ ਨੀਂਹ ਹੈ। ਸਾਡੀ ਤਰਜੀਹ ਹਮੇਸ਼ਾ ਫੈਕਲਟੀ ਮੈਂਬਰਾਂ ਨੂੰ ਬਦਲਦੀਆਂ ਤਕਨਾਲੋਜੀਆਂ, ਨਵੀਆਂ ਅਧਿਆਪਨ ਵਿਧੀਆਂ ਅਤੇ ਚੱਲ ਰਹੀਆਂ ਵਰਕਸ਼ਾਪਾਂ, ਸਿਖਲਾਈ ਸੈਸ਼ਨਾਂ ਅਤੇ ਵਿਕਾਸ ਪ੍ਰੋਗਰਾਮਾਂ ਰਾਹੀਂ ਉੱਭਰ ਰਹੇ ਅਕਾਦਮਿਕ ਵਿਕਾਸ ਨਾਲ ਅਪਡੇਟ ਰੱਖਣਾ ਰਹੀ ਹੈ।

ਪੀ ਏ ਯੂ-ਕ੍ਰਿਸ਼ੀ ਵਿਗਿਆਨ ਕੇਂਦਰ ਵੱਲੋਂ ਖਾਦਾਂ ਦੀ ਸੰਤੁਲਿਤ ਵਰਤੋਂ ਬਾਰੇ ਜਾਗਰੂਕਤਾ ਕੈਂਪ

ਨਵਾਂ ਸ਼ਹਿਰ (ਮਨੋਜ ਲਾਡੀ)-ਪੰਜਾਬ ਖੇਤੀਬਾੜੀ ਯੂਨੀਵਰਸਿਟੀ ਅਤੇ ਭਾਰਤੀ ਖੇਤੀ ਖੋਜ ਸੰਸਥਾ-ਅਟਾਰੀ, ਜੋਨ-।, ਲੁਧਿਆਣਾ ਦੀ ਅਗਵਾਈ ਹੇਠ, ਕ੍ਰਿਸ਼ੀ ਵਿਗਿਆਨ ਕੇਂਦਰ, ਲੰਗੜੋਆ, ਸ਼ਹੀਦ ਭਗਤ ਸਿੰਘ ਨਗਰ ਵਲੋਂ 22 ਮਈ ਨੂੰ 'ਖਾਦਾਂ ਦੀ ਸੰਤੁਲਿਤ ਵਰਤੋਂ' ਮੁਹਿੰਮ ਅਧੀਨ ਜਾਗਰੂਕਤਾ ਕੈਂਪ ਦਾ ਆਯੋਜਨ ਕੀਤਾ ਗਿਆ, ਜਿਸ ਵਿੱਚ 44 ਕਿਸਾਨਾਂ ਨੇ ਭਾਗ ਲਿਆ।ਇਸ ਕੈਂਪ ਵਿੱਚ ਡਾ. ਜਸਵਿੰਦਰ ਕੁਮਾਰ, ਸਹਾਇਕ ਪ੍ਰੋਫੈਸਰ (ਫਸਲ ਵਿਗਿਆਨ) ਨੇ ਮਿਆਰੀ ਉਪਜ ਪੈਦਾ ਕਰਨ ਲਈ ਖਾਦਾਂ ਦੀ ਸੁਚੱਜੀ ਵਰਤੋਂ ਬਾਰੇ ਜਾਣਕਾਰੀ ਦਿੱਤੀ। ਉਨ੍ਹਾਂ ਖਾਂਦਾਂ ਦੀ ਵਰਤੋਂ ਮਿੱਟੀ ਪਰਖ ਅਧਾਰ ਉੱਤੇ ਕਰਨ ਦੀ ਸਲਾਹ ਦਿੰਦੇ ਹੋਏ ਕਿਸਾਨਾਂ ਨੂੰ ਸਾਉਣੀ ਦੀ ਫ਼ਸਲ ਬੀਜਣ ਤੋਂ ਪਹਿਲਾਂ ਅਪਣੇ ਖੇਤਾਂ ਦੀ ਮਿੱਟੀ ਦੀ ਪਰਖ ਕਰਵਾਉਣ ਦੀ ਅਪੀਲ ਕੀਤੀ ਤਾਂ ਜੋ ਖਾਦਾਂ ਦੀ ਬੇਲੋੜੀ ਵਰਤੋਂ ਅਤੇ ਕਿਸਾਨਾਂ ਦਾ ਆਰਥਿਕ ਨੁਕਸਾਨ ਨੂੰ ਘਟਾਇਆ ਜਾ ਸਕੇ। ਉਨ੍ਹਾਂ ਕ੍ਰਿਸ਼ੀ ਵਿਗਿਆਨ ਕੇਂਦਰ ਵਲੋਂ ਚਲਾਏ ਜਾ ਰਹੇ ਵੱਖ-ਵੱਖ ਕਿੱਤਾ-ਮੁਖੀ ਕੋਰਸਾਂ ਬਾਰੇ ਜਾਣਕਾਰੀ ਦਿੱਤੀ ਤਾਂ ਜੋ ਕਿਸਾਨ ਹੁੰਨਰਮੰਦ ਬਣਕੇ ਆਪਣੀ ਆਮਦਨ ਵਿੱਚ ਵਾਧਾ ਕਰ ਸਕਣ।

ਆਰ ਬੀ ਯੂ ਵੱਲੋਂ ਪਰਫਾਰਮੈਂਸ ਮਾਰਕੀਟਿੰਗ 'ਤੇ ਵਰਕਸ਼ਾਪ

ਚੰਡੀਗੜ੍ਹ (ਗੁਰਜੀਤ ਬਿੱਲਾ)-ਰਿਆਤ ਬਾਹਰਾ ਯੂਨੀਵਰਸਿਟੀ ਦੇ ਸਕੂਲ ਆਫ਼ ਮੈਨੇਜਮੈਂਟ ਸਟੱਡੀਜ਼ ਦੇ ਮੈਨੇਜਮੈਂਟ ਵਿਭਾਗ ਨੇ ਕੈਟਾਲਿਸਟ ਕਰੀਅਰ ਕਲੱਬ ਦੇ ਸਹਿਯੋਗ ਨਾਲ, ਵਿਦਿਆਰਥੀਆਂ ਨੂੰ ਡਿਜੀਟਲ ਮਾਰਕੀਟਿੰਗ ਦੇ ਤੇਜ਼ੀ ਨਾਲ ਵਿਕਸਤ ਹੋ ਰਹੇ ਖੇਤਰ ਵਿੱਚ ਵਿਹਾਰਕ ਐਕਸਪੋਜ਼ਰ ਪ੍ਰਦਾਨ ਕਰਨ ਲਈ 'ਪਰਫਾਰਮੈਂਸ ਮਾਰਕੀਟਿੰਗ' 'ਤੇ ਇੱਕ ਵਰਕਸ਼ਾਪ ਦਾ ਆਯੋਜਨ ਕੀਤਾ। ਇਸ ਵਰਕਸ਼ਾਪ ਵਿੱਚ ਕਿੰਗਸਲੈਂਡ ਡਿਜੀਟਲ ਦੇ ਸੀ ਈ ਓ ਤੇ ਸੰਸਥਾਪਕ ਜੋਤੀ ਮਲਹੋਤਰਾ ਨੇ ਮਹਿਮਾਨ ਬੁਲਾਰੇ ਵਜੋਂ ਸ਼ਿਰਕਤ ਕੀਤੀ। ਪ੍ਰੋ. (ਡਾ.) ਸੁਨੈਨਾ ਖੁਰਾਨਾ ਡੀਨ ਯੂ ਐੱਸ ਐੱਮ ਐੱਸ ਨੇ ਬੁਲਾਰੇ ਦਾ ਸਵਾਗਤ ਕੀਤਾ ਅਤੇ ਅੱਜ ਦੇ ਡਿਜੀਟਲ-ਸੰਚਾਲਿਤ ਕਾਰੋਬਾਰੀ ਮਾਹੌਲ ਵਿੱਚ ਪ੍ਰਦਰਸ਼ਨ ਮਾਰਕੀਟਿੰਗ ਦੀ ਵਧਦੀ ਸਾਰਥਕਤਾ 'ਤੇ ਚਾਨਣਾ ਪਾਇਆ। ਸੈਸ਼ਨ ਦੌਰਾਨ, ਜੋਤੀ ਮਲਹੋਤਰਾ ਨੇ ਡਿਜੀਟਲ ਮਾਰਕੀਟਿੰਗ ਰਣਨੀਤੀਆਂ ਬਾਰੇ ਕੀਮਤੀ ਸੂਝਾਂ ਸਾਂਝੀਆਂ ਕੀਤੀਆਂ ਤੇ ਦੱਸਿਆ ਕਿ ਕਾਰੋਬਾਰ ਕਿਵੇਂ ਲੀਡ ਜਨਰੇਸ਼ਨ, ਵਿਕਰੀ, ਵੈੱਬਸਾਈਟ ਟ੍ਰੈਫਿਕ ਅਤੇ ਗਾਹਕ ਸ਼ਮੂਲੀਅਤ ਵਰਗੇ ਮਾਪਣਯੋਗ ਨਤੀਜੇ ਪ੍ਰਾਪਤ ਕਰਨ ਲਈ ਪਰਫਾਰਮੈਂਸ ਮਾਰਕੀਟਿੰਗ ਦੀ ਵਰਤੋਂ ਕਰਦੇ ਹਨ। ਉਹਨਾਂ ਸੋਸ਼ਲ ਮੀਡੀਆ ਇਸ਼ਤਿਹਾਰਬਾਜ਼ੀ, ਸਰਚ ਇੰਜਨ ਮਾਰਕੀਟਿੰਗ, ਸਮੱਗਰੀ ਸਿਰਜਣਾ, ਪ੍ਰਭਾਵਕ ਸਹਿਯੋਗ, ਅਤੇ ਵਿਸ਼ਲੇਸ਼ਣ-ਅਧਾਰਤ ਫੈਸਲੇ ਲੈਣ ਸਮੇਤ ਮੁੱਖ ਖੇਤਰਾਂ ਬਾਰੇ ਵਿਸਥਾਰ ਨਾਲ ਦੱਸਿਆ।



ਅੱਤ ਦੀ ਗਰਮੀ ਕਾਰਨ ਸਕੂਲਾਂ 'ਚ ਛੁੱਟੀਆਂ ਤੁਰੰਤ ਕੀਤੀਆਂ ਜਾਣ

ਫਿਲੌਰ (ਨਿਰਮਲ)-ਬਾਬਾ ਮੋਤੀ ਰਾਮ ਵੈਲਫੇਅਰ ਪੰਜਾਬ ਦੇ ਸਰਪ੍ਰਸਤ ਡਾ. ਕੁਲਦੀਪ ਰਾਏ ਨੇ ਪੰਜਾਬ ਸਰਕਾਰ ਅਤੇ ਸਿੱਖਿਆ ਮੰਤਰੀ ਤੋਂ ਮੰਗ ਕੀਤੀ ਹੈ ਕਿ ਇਲਾਕੇ ਵਿੱਚ ਸਖਤ ਗਰਮੀ ਪੈ ਰਹੀ ਹੈ ਜਿਸ ਕਾਰਨ ਸਕੂਲ ਬੱਚਿਆਂ ਦੀ ਸਿਹਤ 'ਤੇ ਮਾੜਾ ਅਸਰ ਪੈ ਰਿਹਾ ਹੈ ਖਾਸ ਕਰਕੇ ਛੋਟੇ ਬੱਚਿਆਂ 'ਤੇ। ਉਹਨਾਂ ਦੇ ਮਾਪੇ ਬੇਹੱਦ ਪ੍ਰੇਸ਼ਾਨ ਹਨ। ਡਾ. ਕੁਲਦੀਪ ਰਾਏ ਅਤੇ ਉਹਨਾਂ ਦੇ ਸਾਥੀ ਪਲਵਿੰਦਰ ਸਿੰਘ ਦੁਸਾਂਝ, ਤਰਸੇਮ ਰੁਪਾਣਾ, ਅਜੇ ਸਿੰਘ ਨਾਗੀ, ਤਰਸੇਮ ਸਿੰਘ ਢਿੱਲੋਂ, ਹਰਜੀਤ ਸਿੰਘ ਢੇਸੀ, ਗੁਰਨਾਮ ਸਿੰਘ, ਸੁਰਿੰਦਰਪਾਲ ਸਿੰਘ ਢੇਸੀ, ਸੁਰਜੀਤ ਸਿੰਘ ਬਰਨਾਲਾ ਅਤੇ ਕੁਲਵੀਰ ਸਿੰਘ ਚੀਮਾ ਅਤੇ ਉਨਾਂ ਦੇ ਹੋਰ ਸਾਥੀਆਂ ਨੇ ਪੰਜਾਬ ਸਰਕਾਰ ਅਤੇ ਸਿੱਖਿਆ ਮੰਤਰੀ ਪੰਜਾਬ ਤੋਂ ਪੁਰਜ਼ੋਰ ਮੰਗ ਕੀਤੀ ਹੈ ਕਿ ਸਰਕਾਰੀ ਅਤੇ ਗੈਰ ਸਰਕਾਰੀ ਸਕੂਲਾਂ ਵਿੱਚ ਗਰਮੀਆਂ ਦੀਆਂ ਛੁੱਟੀਆਂ ਤੁਰੰਤ ਕੀਤੀਆਂ ਜਾਣ। ਆਨਲਾਈਨ ਪੜ੍ਹਾਈ ਜਾਰੀ ਰੱਖੀ ਜਾਵੇ।

ਆਦਮਪੁਰ ਨਗਰ ਕੌਂਸਲ ਚੋਣਾਂ 'ਚ ਭਾਜਪਾ ਵਧੀਆ ਪ੍ਰਦਰਸ਼ਨ ਕਰੇਗੀ : ਰਿੰਕੂ

ਆਦਮਪੁਰ, (ਪਰਮਜੀਤ ਸਿੰਘ)-ਆਦਮਪੁਰ ਵਿਖੇ ਭਾਜਪਾ ਵੱਲੋਂ ਨਗਰ ਕੌਂਸਲ ਚੋਣਾਂ ਵਿੱਚ ਚੋਣ ਪ੍ਰਚਾਰ ਜ਼ੋਰ ਸ਼ੋਰ ਨਾਲ ਕੀਤਾ ਜਾ ਰਿਹਾ ਹੈ। ਜਿਸ ਦੇ ਤਹਿਤ ਸਾਬਕਾ ਸਾਂਸਦ ਸੁਸ਼ੀਲ ਕੁਮਾਰ ਰਿੰਕੂ ਆਦਮਪੁਰ ਪਹੁੰਚੇ। ਉਨ੍ਹਾਂ ਨਾਲ ਜ਼ਿਲ੍ਹਾ ਇੰਚਾਰਜ ਭਾਜਪਾ ਦੇ ਅਮਰਜੀਤ ਸਿੰਘ ਅਮਰੀ ਵੀ ਸਨ। ਇਸ ਮੌਕੇ ਰਿੰਕੂ ਨੇ ਕਿਹਾ ਕਿ ਭਾਜਪਾ ਹਰ ਤਰ੍ਹਾਂ ਨਾਲ ਲੋਕਾਂ ਦੀ ਮਦਦ ਕਰੇਗੀ ਤੇ ਅਤੇ ਉਨ੍ਹਾਂ ਵੱਲੋਂ ਚੋਣ ਲੜ ਰਹੇ ਉਮੀਦਵਾਰ, ਇਮਾਨਦਾਰ ਤੇ ਨੌਜਵਾਨ ਹਨ ਅਤੇ ਉਨ੍ਹਾਂ ਉਮੀਦਵਾਰ ਨੂੰ ਕਿਹਾ ਕਿ ਉਹ ਲੋਕਾਂ ਵਿੱਚ ਜਾ ਕੇ ਆਪਣਾ ਪੱਖ ਰੱਖਣ। ਉਨ੍ਹਾਂ ਨੇ ਦੱਸਿਆ ਕਿ ਆਦਮਪੁਰ ਤੋਂ ਪੰਜ ਉਮੀਦਵਾਰ ਉਨ੍ਹਾਂ ਨੇ ਚੋਣ ਮੈਦਾਨ ਵਿੱਚ ਉਤਾਰੇ ਹਨ। ਉਨ੍ਹਾਂ ਨੇ ਲੋਕਾਂ ਨੂੰ ਅਪੀਲ ਕੀਤੀ ਵੀ ਇਨ੍ਹਾਂ ਨੌਜਵਾਨ ਉਮੀਦਵਾਰਾਂ ਦਾ ਹੌਸਲਾ ਅਫ਼ਜ਼ਾਈ ਕਰਨ ਤੇ ਇਨ੍ਹਾਂ ਨੂੰ ਜ਼ਿਆਦਾ ਤੋਂ ਜ਼ਿਆਦਾ ਸਹਿਯੋਗ ਦੇਣ। ਉਨ੍ਹਾਂ ਚੋਣਾਂ 'ਚ ਖੜ੍ਹੇ ਹੋਏ ਉਮੀਦਵਾਰਾਂ ਨੂੰ ਕਿਹਾ ਵੀ ਉਹ ਬਿਨਾਂ ਕਿਸੇ ਡਰ ਦੇ ਲੋਕਾਂ ਵਿੱਚ ਜਾਣ ਤੇ ਉਨ੍ਹਾਂ ਨੂੰ ਭਾਜਪਾ ਦੀਆਂ ਨੀਤੀਆਂ ਬਾਰੇ ਦੱਸਣ। ਪਿਛਲੀ ਨਗਰ ਕੌਂਸਲ ਬਾਰੇ ਉਨ੍ਹਾਂ ਨੇ ਕਿਹਾ ਕਿ ਇਹਨਾਂ ਨੇ ਪੰਜ ਸਾਲ ਕੁਝ ਨਹੀਂ ਕੀਤਾ। ਕਾਂਗਰਸ ਹਮੇਸ਼ਾ ਹੀ ਭ੍ਰਿਸ਼ਟਾਚਾਰ ਕਰਦੀ ਰਹੀ ਹੈ ਅਤੇ ਇਹਨਾਂ ਨੇ ਵੀ ਭ੍ਰਿਸ਼ਟਾਚਾਰ ਹੀ ਕੀਤਾ। ਇਸ ਮੌਕੇ ਮੰਡਲ ਪ੍ਰਧਾਨ ਪਰਮਿੰਦਰ ਕੁਮਾਰ ਰਾਣਾ, ਮਨਮੀਤ ਵਿੱਕੀ, ਵਿਜੇ ਕੁਮਾਰ, ਚਰਨਜੀਤ ਅਤੇ ਚੋਣਾਂ 'ਚ ਖੜ੍ਹੇ ਉਮੀਦਵਾਰ ਹਾਜ਼ਰ ਸਨ।

ਤਕਨੀਕੀ ਸਿੱਖਿਆ ਹਾਸਲ ਕਰਨ ਦੇ ਚਾਹਵਾਨ ਵਿਦਿਆਰਥੀਆਂ ਲਈ ਹੈੱਲਪ ਡੈਸਕ ਸਥਾਪਿਤ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)-ਪੰਜਾਬ ਦੇ ਵੱਖ-ਵੱਖ ਤਕਨੀਕੀ ਕਾਲਜਾਂ ਵਿਚ ਨਵੇਂ ਸੈਸ਼ਨ ਵਿਚ ਦਾਖਲਾ ਲੈਣ ਲਈ ਸ਼ੁਰੂ ਹੋਈ ਆਨਲਾਈਨ ਰਜਿਸਟ੍ਰੇਸ਼ਨ ਦੇ ਸਬੰਧ ਵਿਚ ਜਾਣਕਾਰੀ ਦਿੰਦਿਆਂ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਦੱਸਿਆ ਕਿ ਸਥਾਨਕ ਪੰਡਤ ਜਗਤ ਰਾਮ ਸਰਕਾਰੀ ਬਹੁਤਕਨੀਕੀ ਕਾਲਜ ਵਿਖੇ ਇਛੁੱਕ ਵਿਦਿਆਰਥੀਆਂ ਦੀ ਸਹੂਲਤ ਲਈ ਹੈਲਪ ਡੈਸਕ ਸਥਾਪਿਤ ਕੀਤਾ ਗਿਆ ਹੈ ਜੋ ਤਕਨੀਕੀ ਸਿੱਖਿਆ ਹਾਸਲ ਕਰਨ ਦੇ ਚਾਹਵਾਨ ਵਿਦਿਆਰਥੀਆਂ ਨੂੰ ਲੋੜੀਂਦੀ ਜਾਣਕਾਰੀ ਮੁਹੱਈਆ ਕਰਵਾਏਗਾ। ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਦੱਸਿਆ ਕਿ ਦਸਵੀਂ ਪਾਸ ਕਰ ਚੁੱਕੇ ਵਿਦਿਆਰਥੀ ਇੰਜੀਨੀਅਰਿੰਗ ਡਿਪਲੋਮਾ ਦੇ ਪਹਿਲੇ ਸਾਲ ਵਿਚ ਦਾਖਲਾ ਲੈ ਸਕਦੇ ਹਨ ਜਦਕਿ ਆਈ ਟੀ ਆਈ (ਦੋ ਸਾਲ), 12ਵੀਂ ਵੋਕੇਸ਼ਨਲ, 12ਵੀਂ ਸਾਇੰਸ ਪਾਸ ਕਰ ਚੁੱਕੇ ਵਿਦਿਆਰਥੀ ਦੂਜੇ ਸਾਲ ਵਿਚ ਦਾਖਲਾ ਲੈ ਸਕਦੇ ਹਨ। ਉਨ੍ਹਾਂ ਦੱਸਿਆ ਕਿ ਮੌਜੂਦ ਮੁਕਾਬਲੇਬਾਜ਼ੀ ਦੇ ਦੌਰ ਵਿਚ ਤਕਨੀਕੀ ਸਿੱਖਿਆ ਦਾ ਬਹੁਤ ਮਹੱਤਵਪੂਰਨ ਸਥਾਨ ਹੈ ਅਤੇ ਚਾਹਵਾਨ ਵਿਦਿਆਰਥੀਆਂ ਨੂੰ ਆਨਲਾਈਨ ਰਜਿਸਟ੍ਰੇਸ਼ਨ ਦੇ ਨਾਲ-ਨਾਲ ਵੱਖ-ਵੱਖ ਤਕਨੀਕੀ ਸਿੱਖਿਆ ਹਾਸਲ ਕਰਨ ਬਾਰੇ ਸਰਕਾਰੀ ਬਹੁਤਕਨੀਕੀ ਕਾਲਜ ਵਿਚ ਸਟਾਫ਼ ਦੀਆਂ ਵਿਸ਼ੇਸ਼ ਡਿਊਟੀਆਂ ਲਗਾਈਆਂ ਗਈਆਂ ਹਨ। ਉਨ੍ਹਾਂ ਦੱਸਿਆ ਕਿ ਇਨ੍ਹਾਂ ਕੋਰਸਾਂ ਲਈ ਆਨਲਾਈਨ ਰਜਿਸਟ੍ਰੇਸ਼ਨ ਸ਼ੁਰੂ ਹੋ ਚੁੱਕੀ ਹੈ ਜਿਸ ਦਾ ਚਾਹਵਾਨ ਵਿਦਿਆਰਥੀਆਂ ਨੂੰ ਲਾਭ ਲੈਣਾ ਚਾਹੀਦਾ ਹੈ।ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਕਾਲਜ ਪ੍ਰਿੰਸੀਪਲ ਰਾਜੇਸ਼ ਕੁਮਾਰ ਨੇ ਦੱਸਿਆ ਕਿ ਵਿਦਿਆਰਥੀ ਅਤੇ ਉਨ੍ਹਾਂ ਦੇ ਮਾਪਿਆਂ ਨੂੰ ਸੂਬੇ ਭਰ ਵਿਚ ਚੱਲ ਰਹੇ ਤਕਨੀਕੀ ਕੋਰਸਾਂ ਦੀ ਜਾਣਕਾਰੀ ਦੇਣ ਲਈ ਵਿਸ਼ੇਸ਼ ਗਾਇਡੈਂਸ ਸੈੱਲ ਵੀ ਸਥਾਪਿਤ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਸੈੱਲ ਵਲੋਂ ਕਾਲਜ ਵਿਖੇ ਚੱਲ ਰਹੇ ਵੱਖ-ਵੱਖ ਇੰਜੀਨੀਅਰਿੰਗ ਡਿਪਲੋਮਾ ਕੋਰਸਾਂ ਅਤੇ ਫਾਰਮੇਸੀ ਕੋਰਸਾਂ ਬਾਰੇ ਵਡਮੁਲੀ ਜਾਣਕਾਰੀ ਦਿੱਤੀ ਜਾ ਰਹੀ ਹੈ।

ਆਜ਼ਾਦ ਉਮੀਦਵਾਰ ਲਖਵੀਰ ਸਿੰਘ ਚੰਨੀ ਨੂੰ ਮਿਲ ਰਿਹਾ ਹੈ ਭਰਵਾਂ ਹੁੰਗਾਰਾ

ਨਕੋਦਰ (ਮਨਜੀਤ ਮਾਨ)

ਨਗਰ ਕੌਂਸਲ ਨਕੋਦਰ ਦੇ ਵਾਰਡ ਨੰਬਰ 10 ਤੋਂ ਆਜ਼ਾਦ ਉਮੀਦਵਾਰ ਲਖਵੀਰ ਸਿੰਘ ਚੰਨੀ ਦੀ ਚੋਣ ਮੁਹਿੰਮ ਨੂੰ ਉਸ ਵੇਲੇ ਵੱਡਾ ਬਲ ਮਿਲਿਆ, ਜਦੋਂ ਵਾਰਡ ਦੀਆਂ ਔਰਤਾਂ ਨੇ ਵੱਡੀ ਗਿਣਤੀ ਵਿੱਚ ਇਕੱਠੇ ਹੋ ਕੇ ਉਹਨਾਂ ਦੇ ਹੱਕ ਵਿੱਚ ਨਿੱਤਰਨ ਦਾ ਐਲਾਨ ਕੀਤਾ। ਆਜ਼ਾਦ ਉਮੀਦਵਾਰ ਵਜੋਂ ਚੋਣ ਮੈਦਾਨ ਵਿੱਚ ਨਿੱਤਰੇ ਲਖਵੀਰ ਸਿੰਘ ਚੰਨੀ ਵੱਲੋਂ ਵਾਰਡ ਵਿੱਚ ਕੀਤੇ ਜਾ ਰਹੇ ਘਰ-ਘਰ (ਡੋਰ-ਟੂ-ਡੋਰ) ਪ੍ਰਚਾਰ ਦੌਰਾਨ ਔਰਤਾਂ ਅਤੇ ਸਥਾਨਕ ਨਿਵਾਸੀਆਂ ਵੱਲੋਂ ਮਿਲ ਰਹੇ ਭਾਰੀ ਸਮਰਥਨ ਨੇ ਵਿਰੋਧੀ ਖੇਮਿਆਂ ਵਿੱਚ ਹਲਚਲ ਮਚਾ ਦਿੱਤੀ ਹੈ।ਘਰ-ਘਰ ਪ੍ਰਚਾਰ ਦੌਰਾਨ ਵਾਰਡ ਵਾਸੀਆਂ ਨਾਲ ਗੱਲਬਾਤ ਕਰਦਿਆਂ ਆਜ਼ਾਦ ਉਮੀਦਵਾਰ ਲਖਵੀਰ ਸਿੰਘ ਚੰਨੀ ਨੇ ਕਿਹਾ ਕਿ ਉਨ੍ਹਾਂ ਦਾ ਮੁੱਖ ਮਕਸਦ ਬਿਨਾਂ ਕਿਸੇ ਪੱਖਪਾਤ ਦੇ ਵਾਰਡ ਨੰਬਰ 10 ਦੀ ਨੁਹਾਰ ਬਦਲਣਾ ਅਤੇ ਇਲਾਕੇ ਨੂੰ ਬੁਨਿਆਦੀ ਸਹੂਲਤਾਂ ਪੱਖੋਂ ਮੋਹਰੀ ਬਣਾਉਣਾ ਹੈ। ਉਨ੍ਹਾਂ ਭਰੋਸਾ ਦਿਵਾਇਆ ਕਿ ਸੜਕਾਂ, ਸਟਰੀਟ ਲਾਈਟਾਂ, ਸਾਫ਼ ਪੀਣ ਵਾਲੇ ਪਾਣੀ ਅਤੇ ਸਫ਼ਾਈ ਵਿਵਸਥਾ ਵਰਗੇ ਅਧੂਰੇ ਪਏ ਕੰਮਾਂ ਨੂੰ ਪਹਿਲ ਦੇ ਅਧਾਰ 'ਤੇ ਹੱਲ ਕੀਤਾ ਜਾਵੇਗਾ।ਇਸ ਮੌਕੇ ਵਾਰਡ ਦੀਆਂ ਮਹਿਲਾ ਆਗੂਆਂ ਅਤੇ ਬਜ਼ੁਰਗ ਔਰਤਾਂ ਨੇ ਲਖਵੀਰ ਸਿੰਘ ਚੰਨੀ ਦਾ ਨਿੱਘਾ ਸਵਾਗਤ ਕਰਦਿਆਂ ਕਿਹਾ ਕਿ ਚੰਨੀ ਇੱਕ ਮਿਹਨਤੀ, ਇਮਾਨਦਾਰ ਅਤੇ ਸੁਲਝੇ ਹੋਏ ਇਨਸਾਨ ਹਨ, ਜੋ ਹਮੇਸ਼ਾ ਲੋਕਾਂ ਦੇ ਦੁੱਖ-ਸੁੱਖ ਵਿੱਚ ਸ਼ਾਮਲ ਹੁੰਦੇ ਆਏ ਹਨ। ਔਰਤਾਂ ਨੇ ਇੱਕਸੁਰ ਵਿੱਚ ਆਖਿਆ ਕਿ ਇਸ ਵਾਰ ਉਹ ਵਾਰਡ ਦੇ ਸਰਵਪੱਖੀ ਵਿਕਾਸ ਅਤੇ ਪ੍ਰਸ਼ਾਸਨਿਕ ਪਾਰਦਰਸ਼ਤਾ ਲਈ ਆਜ਼ਾਦ ਉਮੀਦਵਾਰ ਲਖਵੀਰ ਸਿੰਘ ਚੰਨੀ ਨੂੰ ਭਾਰੀ ਬਹੁਮਤ ਨਾਲ ਜਿਤਾ ਕੇ ਨਗਰ ਕੌਂਸਲ ਵਿੱਚ ਭੇਜਣਗੀਆਂ।ਇਸ ਡੋਰ-ਟੂ-ਡੋਰ ਪ੍ਰਚਾਰ ਦੌਰਾਨ ਲੋਕਾਂ ਦੇ ਉਤਸ਼ਾਹ ਨੂੰ ਵੇਖਦਿਆਂ ਇਹ ਸਾਫ਼ ਨਜ਼ਰ ਆ ਰਿਹਾ ਹੈ ਕਿ ਵਾਰਡ ਨੰਬਰ 10 ਦੇ ਨਿਵਾਸੀ ਇਸ ਵਾਰ ਬਦਲਾਅ ਅਤੇ ਵਿਕਾਸ ਦੇ ਪੱਖ ਵਿੱਚ ਪੂਰੀ ਤਰ੍ਹਾਂ ਲਾਮਬੰਦ ਹੋ ਚੁੱਕੇ ਹਨ।

ਚੋਣਾਂ 'ਚ ਉਮੀਦਵਾਰ ਨਿਰਧਾਰਤ ਹੱਦ ਅੰਦਰ ਹੀ ਖਰਚ ਕਰਨ : ਵਧੀਕ ਜ਼ਿਲ੍ਹਾ ਚੋਣ ਅਫ਼ਸਰ

ਜਲੰਧਰ (ਸੁਰਿੰਦਰ ਕੁਮਾਰ)-ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ)-ਕਮ-ਵਧੀਕ ਜ਼ਿਲ੍ਹਾ ਚੋਣ ਅਫ਼ਸਰ ਦਿਵਿਆ ਪੀ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਰਾਜ ਚੋਣ ਕਮਿਸ਼ਨ, ਪੰਜਾਬ ਵੱਲੋਂ ਨਗਰ ਕੌਂਸਲ ਤੇ ਨਗਰ ਪੰਚਾਇਤਾਂ ਦੀਆਂ ਚੋਣਾਂ ਲੜ ਰਹੇ ਉਮੀਦਵਾਰਾਂ ਲਈ ਨਿਰਧਾਰਤ ਸੀਮਾ ਦੇ ਅੰਦਰ ਰਹਿ ਕੇ ਖਰਚ ਕਰਨ ਦੀਆਂ ਹਦਾਇਤਾਂ ਜਾਰੀ ਕੀਤੀਆਂ ਗਈਆਂ ਹਨ।ਵਧੀਕ ਜ਼ਿਲ੍ਹਾ ਚੋਣ ਅਫ਼ਸਰ ਨੇ ਦੱਸਿਆ ਕਿ ਨਗਰ ਕੌਂਸਲ ਕਲਾਸ-1 ਲਈ ਚੋਣ ਲੜ ਰਹੇ ਉਮੀਦਵਾਰ ਲਈ 3,60,000 ਰੁਪਏ, ਨਗਰ ਕੌਂਸਲ ਕਲਾਸ -2 ਲਈ 2,30,000 ਰੁਪਏ ਅਤੇ ਨਗਰ ਕੌਂਸਲ ਕਲਾਸ-3 ਲਈ 2 ਲੱਖ ਰੁਪਏ ਦੀ ਸੀਮਾ ਨਿਰਧਾਰਿਤ ਕੀਤੀ ਗਈ ਹੈ। ਉਨ੍ਹਾਂ ਅੱਗੇ ਦੱਸਿਆ ਕਿ ਇਸੇ ਤਰ੍ਹਾਂ ਨਗਰ ਪੰਚਾਇਤ ਦੀਆਂ ਚੋਣ ਲੜ ਰਹੇ ਉਮੀਦਵਾਰਾਂ ਲਈ 1,40,000 ਰੁਪਏ ਦੀ ਖ਼ਰਚ ਕਰਨ ਦੀ ਸੀਮਾ ਤੈਅ ਕੀਤੀ ਗਈ ਹੈ।ਵਧੀਕ ਜ਼ਿਲ੍ਹਾ ਚੋਣ ਅਫ਼ਸਰ ਨੇ ਸਪੱਸ਼ਟ ਕੀਤਾ ਕਿ ਹਰੇਕ ਚੋਣ ਲੜ ਰਹੇ ਉਮੀਦਵਾਰ ਲਈ ਆਪਣੇ ਚੋਣ ਖ਼ਰਚੇ ਦਾ ਮੁਕੰਮਲ ਹਿਸਾਬ-ਕਿਤਾਬ ਰੱਖਣਾ ਲਾਜ਼ਮੀ ਹੋਵੇਗਾ ਅਤੇ ਚੋਣ ਨਤੀਜੇ ਦਾ ਐਲਾਨ ਦੀ ਮਿਤੀ ਤੋਂ 30 ਦਿਨਾਂ ਦੇ ਅੰਦਰ-ਅੰਦਰ ਸਬੰਧਤ ਜ਼ਿਲ੍ਹਾ ਚੋਣ ਅਫ਼ਸਰ ਰਾਹੀਂ ਪੰਜਾਬ ਰਾਜ ਚੋਣ ਕਮਿਸ਼ਨ ਨੂੰ ਨਿਰਧਾਰਿਤ ਪ੍ਰੋਫਾਰਮੇ ਵਿੱਚ ਆਪਣੇ ਚੋਣ ਖਰਚਿਆਂ ਦਾ ਵੇਰਵਾ ਜਮ੍ਹਾਂ ਕਰਵਾਉਣਾ ਹੋਵੇਗਾ।ਉਨ੍ਹਾਂ ਦੱਸਿਆ ਕਿ ਜੇਕਰ ਕਿਸੇ ਉਮੀਦਵਾਰ ਨੇ ਚੋਣਾਂ ਦੇ ਸਬੰਧ ਵਿੱਚ ਕੋਈ ਖ਼ਰਚਾ ਨਹੀਂ ਕੀਤਾ, ਤਾਂ ਵੀ ਉਸ ਨੂੰ ਨਿੱਲ ਰਿਟਰਨ ਦਾਖ਼ਲ ਕਰਨੀ ਹੋਵੇਗੀ ਅਤੇ ਜੇਕਰ ਉਸ ਦੀ ਜਮ੍ਹਾ ਰਾਸ਼ੀ ਜ਼ਬਤ ਹੋ ਗਈ ਹੈ, ਤਾਂ ਉਸ ਨੂੰ ਖ਼ਰਚੇ ਵਜੋਂ ਦਰਸਾਇਆ ਜਾਣਾ ਚਾਹੀਦਾ ਹੈ। ਉਨ੍ਹਾਂ ਅੱਗੇ ਦੱਸਿਆ ਕਿ ਜੇਕਰ ਕੋਈ ਉਮੀਦਵਾਰ ਇੱਕ ਤੋਂ ਵੱਧ ਹਲਕਿਆਂ ਤੋਂ ਚੋਣ ਲੜਦਾ ਹੈ, ਤਾਂ ਉਸ ਨੂੰ ਹਰੇਕ ਚੋਣ ਲਈ ਚੋਣ ਖਰਚੇ ਦੀ ਵੱਖਰੀ ਰਿਟਰਨ ਦਾਖ਼ਲ ਕਰਨੀ ਪਵੇਗੀ।

ਮੋਰਿੰਡਾ ਦੇ ਵਾਰਡ 6 ਤੋਂ ਕਾਂਗਰਸੀ ਉਮੀਦਵਾਰ ਸੰਦੀਪ ਕੁਮਾਰ ਸੋਨੂ ਦੀ ਚੋਣ ਮੁਹਿੰਮ ਨੂੰ ਭਰਵਾਂ ਹੁੰਗਾਰਾ

ਮੋਰਿੰਡਾ (ਨਿਹਾਲ ਸਿੰਘ ਕਲਸੀ)-ਨਗਰ ਕੌਂਸਲ ਮੋਰਿੰਡਾ ਦੇ ਵਾਰਡ ਨੰਬਰ 6 ਤੋਂ ਚੋਣ ਲੜ ਰਹੇ ਕਾਂਗਰਸੀ ਉਮੀਦਵਾਰ ਸੰਦੀਪ ਕੁਮਾਰ ਸੋਨੂ ਦੀ ਚੋਣ ਮੁਹਿੰਮ ਨੂੰ ਭਰਵਾਂ ਹੁੰਗਾਰਾ ਮਿਲਿਆ ਜਦੋਂ ਸ਼ਹਿਰ ਦੇ ਸਾਬਕਾ ਕੌਂਸਲਰਾਂ, ਇਲਾਕੇ ਦੇ ਪੰਚਾਂ, ਸਰਪੰਚਾਂ, ਨੰਬਰਦਾਰਾਂ ਅਤੇ ਪਤਵੰਤੇ ਸੱਜਣਾਂ ਨੇ ਸੰਦੀਪ ਕੁਮਾਰ ਸੋਨੂ ਨੂੰ ਤਨ, ਮਨ ਅਤੇ ਧਨ ਨਾਲ ਮਦਦ ਕਰਨ ਦਾ ਐਲਾਨ ਕਰ ਦਿੱਤਾ। ਇਸ ਮੀਟਿੰਗ ਵਿੱਚ ਵਿਸ਼ੇਸ਼ ਤੌਰ 'ਤੇ ਪੁੱਜੇ ਪੰਜਾਬ ਦੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਦੇ ਸਪੁੱਤਰ ਨਵਜੀਤ ਸਿੰਘ ਨਵੀ ਨੇ ਇਕੱਠ ਨੂੰ ਸੰਬੋਧਨ ਕਰਦਿਆਂ ਆਖਿਆ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਦੌਰਾਨ ਹੱਕ ਮੰਗਦੇ ਕਿਸਾਨਾਂ, ਮਜ਼ਦੂਰਾਂ, ਮੁਲਾਜ਼ਮਾਂ ਅਤੇ ਬੇਰੁਜ਼ਗਾਰ ਨੌਜਵਾਨਾਂ ਦੀ ਅਵਾਜ਼ ਨੂੰ ਲਾਠੀਆਂ ਨਾਲ ਦਬਾਇਆ ਜਾ ਰਿਹਾ ਹੈ। ਮਹਿੰਗਾਈ , ਬੇਰੁਜ਼ਗਾਰੀ ਦਿਨ ਪ੍ਰਤੀ ਦਿਨ ਵਧਦੀ ਜਾ ਰਹੀ ਹੈ। ਪੰਜਾਬ ਸਰਕਾਰ ਮੂਕ ਦਰਸ਼ਕ ਬਣੀ ਹੋਈ ਹੈ। ਇਸ ਕਾਰਨ ਪੰਜਾਬ ਦਾ ਹਰ ਵਰਗ ਆਪ ਦੀ ਮੌਜੂਦਾ ਸਰਕਾਰ ਤੋਂ ਨਿਰਾਸ਼ ਹੈ। ਉਹਨਾਂ ਵਾਰਡ ਨੰਬਰ 6 ਤੋਂ ਕਾਂਗਰਸੀ ਉਮੀਦਵਾਰ ਸੰਦੀਪ ਕੁਮਾਰ ਸੋਨੂੰ ਨਾਲ ਘਰ ਘਰ ਜਾ ਕੇ ਵਾਰਡ ਨਿਵਾਸੀਆਂ ਨੂੰ ਵੋਟਾਂ ਪਾ ਕੇ ਸੋਨੂੰ ਨੂੰ ਜਿਤਾਉਣ ਦੀ ਅਪੀਲ ਕੀਤੀ। ਇਸ ਮੌਕੇ ਪੰਨਗ੍ਰੇਨ ਪੰਜਾਬ ਦੇ ਸਾਬਕਾ ਚੇਅਰਮੈਨ ਬੰਤ ਸਿੰਘ ਕਲਾਰਾਂ ਬਲਾਕ ਕਾਂਗਰਸ ਕਮੇਟੀ ਦੇ ਪ੍ਰਧਾਨ ਦਰਸ਼ਨ ਸਿੰਘ ਸੰਧੂ, ਕੌਂਸਲਰ ਰਾਜਪ੍ਰੀਤ ਸਿੰਘ ਰਾਜੀ, ਕੌਂਸਲਰ ਹਰਜੀਤ ਸਿੰਘ ਸੋਢੀ, ਸੂਦ, ਪੰਡਿਤ ਜਤਿੰਦਰ ਕੁਮਾਰ, ਨੀਰਜ ਸ਼ਰਮਾ, ਗੁਰਜੀਤ ਸਿੰਘ, ਸਚਿਨ ਧੀਮਾਨ, ਸੋਨੂੰ ਪੇਂਟਰ, ਸ਼ਮਸ਼ੇਰ ਸਿੰਘ ਰਾਣਾ, ਵਿਜੇ ਰਾਣਾ, ਗਗਨਦੀਪ ਗੋਲਡੀ, ਰੇਖਾ ਰਾਣੀ, ਕੁਲਵੀਰ ਕੌਰ, ਨਿਰਮਲਾ ਰਾਣੀ, ਸੀਤਾ ਵੱਡੀ ਗਿਣਤੀ ਵਿੱਚ ਸ਼ਹਿਰ ਨਿਵਾਸੀਆਂ ਨੇ ਘਰ ਘਰ ਜਾ ਕੇ ਸੋਨੂੰ ਦੇ ਹੱਕ ਵਿੱਚ ਵੋਟਾਂ ਪਾਉਣ ਦੀ ਅਪੀਲ ਕੀਤੀ।

ਖ਼ਾਲਸਾ ਕਾਲਜ ਦਾ ਬੀ ਐੱਸ ਸੀ ਪਹਿਲੇ ਸਮੈਸਟਰ ਦਾ ਨਤੀਜਾ ਸ਼ਾਨਦਾਰ

ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)-ਬੱਬਰ ਅਕਾਲੀ ਮੈਮੋਰੀਅਲ ਖ਼ਾਲਸਾ ਕਾਲਜ ਗੜ੍ਹਸ਼ੰਕਰ ਵਿਖੇ ਚੱਲ ਰਹੇ ਤਿੰਨ ਸਾਲਾ ਡਿਗਰੀ ਕੋਰਸ ਬੀ.ਐਸ.ਸੀ. ਦਾ ਪਹਿਲੇ ਸਮੈਸਟਰ ਦਾ ਨਤੀਜਾ ਸ਼ਾਨਦਾਰ ਰਿਹਾ ਹੈ। ਪ੍ਰਿੰਸੀਪਲ ਡਾ. ਅਮਨਦੀਪ ਹੀਰਾ ਨੇ ਦੱਸਿਆ ਕਿ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਵਲੋਂ ਐਲਾਨੇ ਗਏ ਬੀ.ਐੱਸ.ਸੀ. ਪਹਿਲੇ ਸਮੈਸਟਰ ਦੇ ਨਤੀਜੇ ਵਿਚ ਕਾਲਜ ਦੀ ਵਿਦਿਆਰਥਣ ਕੋਮਲ ਦੇਵੀ ਨੇ 8.79 ਐਸ ਜੀ ਪੀ ਏ ਅੰਕ ਲੈ ਕੇ ਪਹਿਲਾ, ਸ਼ਿਵਾਨੀ ਨੇ 8.42 ਐਸ ਜੀ ਪੀ ਏ ਅੰਕ ਲੈ ਕੇ ਦੂਜਾ ਅਤੇ ਜਸ਼ਨਦੀਪ ਕੌਰ ਨੇ 8 ਐਸ ਜੀ ਪੀ ਸੀ ਏ ਅੰਕ ਲੈ ਕੇ ਤੀਜਾ ਸਥਾਨ ਹਾਸਲ ਕੀਤਾ ਹੈ। ਪ੍ਰਿੰਸੀਪਲ ਡਾ. ਅਮਨਦੀਪ ਹੀਰਾ ਨੇ ਸ਼ਾਨਦਾਰ ਨਤੀਜੇ ਲਈ ਵਿਦਿਆਰਥੀਆਂ, ਉਨ੍ਹਾਂ ਦੇ ਮਾਪਿਆਂ ਅਤੇ ਸਟਾਫ਼ ਨੂੰ ਵਧਾਈ ਦਿੰਦਿਆਂ ਵਿਦਿਆਰਥੀਆਂ ਨੂੰ ਭਵਿੱਖ ਵਿਚ ਹੋਰ ਮਿਹਨਤ ਕਰਕੇ ਚੰਗੇ ਅੰਕ ਹਾਸਲ ਕਰਨ ਲਈ ਪ੍ਰੇਰਿਤ ਕੀਤਾ।

ਇੰਡੀਅਨ ਜਰਨਲਿਸਟ ਯੂਨੀਅਨ ਦੇ ਕੌਮੀ ਪ੍ਰਧਾਨ ਦੇ ਪੁੱਤਰ 'ਤੇ ਹੋਏ ਜਾਨਲੇਵਾ ਹਮਲੇ ਦੀ ਵੱਖ-ਵੱਖ ਪੱਤਰਕਾਰਾਂ ਵੱਲੋਂ ਨਿਖੇਧੀ

ਨੰਗਲ (ਸੁਰਜੀਤ ਸਿੰਘ)-ਬੀਤੀ ਦੇਰ ਸ਼ਾਮ ਵੱਖ ਵੱਖ ਪ੍ਰੈਸ ਕਲੱਬਾਂ ਦੇ ਮੈਂਬਰਾਂ ਨੇ ਇਕ ਹੰਗਾਮੀ ਮੀਟਿੰਗ ਕਰਕੇ ਇੰਡੀਅਨ ਜਰਨਲਿਸਟ ਯੂਨੀਅਨ ਦੇ ਕੌਮੀ ਪ੍ਰਧਾਨ ਬਲਵਿੰਦਰ ਸਿੰਘ ਜੰਮੂ ਦੇ ਪੁੱਤਰ ਐਡਵੋਕੇਟ ਗਗਨਦੀਪ ਜੰਮੂ ਉਪਰ ਅਣਪਛਾਤੇ ਵਿਅਕਤੀਆਂ ਵੱਲੋਂ ਹਮਲਾ ਕਰਨ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ। ਪ੍ਰੈਸ ਨੂੰ ਜਾਰੀ ਬਿਆਨ 'ਚ ਪ੍ਰਧਾਨ ਰਕੇਸ਼ ਸੈਣੀ, ਗੁਰਪ੍ਰੀਤ ਸਿੰਘ ਗਰੇਵਾਲ, ਸੁਰਜੀਤ ਸਿੰਘ ਢੇਰ, ਅਬੀ ਰਾਣਾ, ਸਤਨਾਮ ਸਿੰਘ, ਪ੍ਰਿੰਸ, ਵਕੀਲ ਕੁਲਦੀਪ ਚੰਦ, ਅਸ਼ਵਨੀ ਕੁਮਾਰ, ਜਸਕੀਰਤ ਸਿੰਘ, ਦੱਤਾ ਨੇ ਕਿਹਾ ਕਿ ਗਗਨਦੀਪ ਜੰਮੂ 'ਤੇ ਕਾਰ ਉੱਤੇ ਗੋਲੀਆਂ ਚਲਾ ਕੇ ਜਾਨੋਂ ਮਾਰਨ ਦੀ ਕੋਸ਼ਿਸ਼ ਕੀਤੀ ਗਈ। ਗਗਨਦੀਪ ਜੰਮੂ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਬਾਰ ਐਸੋਸੀਏਸ਼ਨ ਦੇ ਸਕੱਤਰ ਰਹਿ ਚੁੱਕੇ ਹਨ। ਪੱਤਰਕਾਰਾਂ ਨੇ ਪੰਜਾਬ ਸਰਕਾਰ, ਪੁਲਸ ਪ੍ਰਸ਼ਾਸਨ ਅਤੇ ਹੋਰ ਏਜੰਸੀਆਂ ਕੋਲੋਂ ਮੰਗ ਕੀਤੀ ਕਿ ਇਸ ਘਿਨਾਉਣੀ ਹਰਕਤ ਕਰਨ ਵਾਲੇ ਲੋਕਾਂ ਨੂੰ ਤੁਰੰਤ ਗ੍ਰਿਫਤਾਰ ਕੀਤਾ ਜਾਵੇ। ਸਮੂਹ ਪੱਤਰਕਾਰ ਭਾਈਚਾਰਾ ਜੰਮੂ ਪਰਵਾਰ ਨਾਲ ਚਟਾਨ ਵਾਂਗ ਖੜ੍ਹਾ ਹੈ। ਜੇਕਰ ਦੋਸ਼ੀਆਂ ਨੂੰ ਗ੍ਰਿਫਤਾਰ ਨਾ ਕੀਤਾ ਤਾਂ ਜੋ ਵੀ ਪੰਜਾਬ ਪੱਧਰ 'ਤੇ ਯੂਨੀਅਨ ਪ੍ਰੋਗਰਾਮ ਤੇਅ ਕਰੇਗੀ।ਉਸ ਵਿੱਚ ਵੱਡੇ ਪੱਧਰ 'ਤੇ ਪੱਤਰਕਾਰ ਸ਼ਾਮਲ ਹੋਣਗੇ।

ਹਰ ਇਨਸਾਨ ਨੂੰ ਰੋਜ਼ਾਨਾ ਪ੍ਰਭੂ ਦਾ ਸ਼ੁਕਰਾਨਾ ਜ਼ਰੂਰ ਕਰਨਾ ਚਾਹੀਦੈ : ਬਾਬਾ ਸ਼ੇਰ ਸਿੰਘ

ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)- ਹਰ ਇਨਸਾਨ ਨੂੰ ਰੋਜ਼ਾਨਾ ਨਾਮ ਸਿਮਰਨ ਕਰਦੇ ਹੋਏ ਪ੍ਰਭੂ ਦਾ ਸ਼ੁਕਰਾਨਾ ਜ਼ਰੂਰ ਕਰਨਾ ਚਾਹੀਦਾ ਹੈ ਤਾਂ ਜੋ ਇਸ ਮਨੁੱਖੀ ਜੀਵਨ ਦਾ ਅਸਲ ਮਕਸਦ ਹਾਸਲ ਕੀਤਾ ਜਾ ਸਕੇ। ਇਹ ਤਾਂ ਹੀ ਸੰਭਵ ਹੋ ਸਕਦਾ ਹੈ ਜੇਕਰ ਇਨਸਾਨ ਦੁਨਿਆਵੀ ਮੋਹ ਮਾਇਆ ਦੇ ਜਾਲ ਵਿੱਚੋਂ ਨਿਕਲ ਕੇ ਆਪਣੀਆਂ ਪਰਵਾਰਕ ਜ਼ਿੰਮੇਵਾਰੀਆਂ ਨੂੰ ਨਿਭਾਉਂਦੇ ਹੋਏ ਸਵੇਰੇ ਉੱਠਦੇ ਸਾਰ ਹੀ ਮਾਲਕ ਨੂੰ ਯਾਦ ਕਰੇ ਅਤੇ ਪਰਮ-ਪਿਤਾ ਪਰਮੇਸ਼ਵਰ ਨੂੰ ਆਪਣੇ ਆਪ ਨੂੰ ਸੰਪੂਰਨ ਸਮਰਪਤ ਕਰ ਦੇਵੇ। ਉਪਰੋਕਤ ਸ਼ਬਦਾਂ ਦਾ ਪ੍ਰਗਟਾਵਾ ਸਾਬਰ ਪਾਕ ਸੱਚੀ ਦਰਗਾਹ ਤੇ ਦੂਸਰਾ ਕਲੀਅਰ ਸ਼ਰੀਫ ਅਹੀਆਪੁਰ ਵਿਖੇ ਸਜਾਏ ਗਏ ਦਰਬਾਰ 'ਚ ਹਾਜ਼ਰ ਸੰਗਤ ਦੇ ਇਕੱਠ ਨੂੰ ਪ੍ਰਭੂ ਚਰਨਾਂ ਨਾਲ ਜੋੜਦੇ ਹੋਏ ਦਰਗਾਹ ਦੇ ਮੁੱਖ ਸੇਵਾਦਾਰ ਬਾਬਾ ਸ਼ੇਰ ਸਿੰਘ ਘੋੜੀਆਂ ਵਾਲਿਆਂ ਨੇ ਕਿਹਾ ਕਿ ਦੁਨੀਆ ਦੇ ਮੋਹ ਮਾਇਆ ਜਾਲ ਤੋਂ ਮੁਕਤ ਹੋ ਕੇ ਆਪਣੀਆਂ ਦੁਨਿਆਵੀ ਜ਼ਿੰਮੇਵਾਰੀਆਂ ਨੂੰ ਨਿਭਾਉਂਦੇ ਹੋਏ ਹਰ ਇਨਸਾਨ ਨੂੰ ਸੰਤ ਮਹਾਂਪੁਰਸ਼ਾਂ ਦੇ ਕਹੇ ਅਨੁਸਾਰ ਪਰਮ-ਪਿਤਾ ਪਰਮੇਸ਼ਵਰ ਦਾ ਸਿਮਰਨ ਜ਼ਰੂਰ ਕਰਦੇ ਰਹਿਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਜਿਹੜੇ ਇਨਸਾਨ ਸਤਿਗੁਰ ਦੇ ਦਰਸਾਏ ਮਾਰਗ ਦੇ ਚਲਦੇ ਹੋਏ ਆਪਣਾ ਜੀਵਨ ਬਤੀਤ ਕਰਦੇ ਹਨ ਉਹ ਉਸ ਮਾਲਕ ਦੀ ਸ਼ਰਨ ਪ੍ਰਾਪਤ ਕਰਕੇ ਇਸ ਆਵਾਗਮਨ ਤੋਂ ਹਮੇਸ਼ਾ ਲਈ ਛੁਟਕਾਰਾ ਪਾ ਲੈਂਦੇ ਹਨ। ਸਾਰਾ ਦਿਨ ਬਾਬਾ ਜੀ ਦਾ ਅਤੁੱਟ ਲੰਗਰ ਚੱਲਦਾ ਰਿਹਾ। ਇਸ ਮੌਕੇ ਬੀਬੀ ਬਲਜੀਤ ਕੌਰ, ਸੇਵਾਦਾਰ ਮੀਰ ਕਮਲ ਸਾਬਰੀ, ਸ਼ਹਿਜ਼ਾਦਾ ਡਾਕਟਰ ਮੀਰ ਹਸਨ, ਦੇਵੀਕਾ, ਨਸੀਬ ਸਿੰਘ, ਸੇਵਾਦਾਰ ਜੀਤ ਰਾਮ, ਤਰਸੇਮ ਲਾਲ, ਸੁਰਿੰਦਰ ਸਿੰਘ, ਰਾਜਵਿੰਦਰ ਕੌਰ, ਭੁਪਿੰਦਰ ਸਿੰਘ, ਸ਼ਾਮ ਸਿੰਘ ਅਤੇ ਹੋਰ ਸੰਗਤ ਨੇ ਦਰਬਾਰ ਚ ਆਪਣੀ ਹਾਜ਼ਰੀ ਲਗਵਾ ਕੇ ਬਾਬਾ ਜੀ ਦਾ ਆਸ਼ੀਰਵਾਦ ਪ੍ਰਾਪਤ ਕੀਤਾ।



ਡਾ. ਰਾਜ ਕੁਮਾਰ ਨੂੰ ਫਗਵਾੜਾ ਹਲਕਾ ਇੰਚਾਰਜ ਬਣਾਏ ਜਾਣ 'ਤੇ ਸਮਰਥਕਾਂ 'ਚ ਖ਼ੁਸ਼ੀ ਦੀ ਲਹਿਰ

ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)

ਆਮ ਆਦਮੀ ਪਾਰਟੀ ਵਲੋਂ ਲੋਕ ਸਭਾ ਹਲਕਾ ਹੁਸ਼ਿਆਰਪੁਰ ਤੋਂ ਮੈਂਬਰ ਪਾਰਲੀਮੈਂਟ ਡਾ. ਰਾਜ ਕੁਮਾਰ ਚੱਬੇਵਾਲ ਨੂੰ ਵਿਧਾਨ ਸਭਾ ਹਲਕਾ ਫਗਵਾੜਾ ਦਾ ਇੰਚਾਰਜ ਐਲਾਨੇ ਜਾਣ ਨਾਲ ਪਾਰਟੀ ਵਰਕਰਾਂ ਅਤੇ ਚੱਬੇਵਾਲ ਸਮਰਥਕਾਂ 'ਚ ਅੱਜ ਖ਼ੁਸ਼ੀ ਦੀ ਲਹਿਰ ਦੌੜ ਗਈ। ਆਪ ਆਗੂਆਂ, ਕੌਂਸਲਰਾਂ ਤੇ ਵਰਕਰਾਂ ਨੇ ਗੁਰੂ ਹਰਗੋਬਿੰਦ ਨਗਰ ਸਥਿਤ ਡਾ. ਅੰਬੇਡਕਰ ਪਾਰਕ ਦੇ ਬਾਹਰ ਲੱਡੂ ਵੰਡੇ, ਭੰਗੜੇ ਪਾਏ ਅਤੇ ਫਗਵਾੜਾ 'ਚ ਡਾ. ਚੱਬੇਵਾਲ ਦੇ ਰਾਈਟ ਹੈਂਡ ਮੰਨੇ ਜਾਂਦੇ ਦਲਜੀਤ ਰਾਜੂ ਦਰਵੇਸ਼ ਪਿੰਡ ਨੂੰ ਵਧਾਈਆਂ ਦਿੱਤੀਆਂ। ਇਸ ਮੌਕੇ ਦਲਜੀਤ ਰਾਜੂ ਨੇ ਕਿਹਾ ਕਿ ਪਾਰਟੀ ਨੇ ਜੇਕਰ ਅਗਲੀਆਂ ਵਿਧਾਨ ਸਭਾ ਚੋਣਾਂ 'ਚ ਫਗਵਾੜਾ ਸੀਟ 'ਤੇ ਕਬਜ਼ਾ ਕਰਨਾ ਹੈ ਤਾਂ ਡਾ. ਚੱਬੇਵਾਲ ਵਰਗੇ ਤਜਰਬੇਕਾਰ, ਮਿਹਨਤੀ ਅਤੇ ਲੋਕਾਂ ਨਾਲ ਜੁੜੇ ਹੋਏ ਆਗੂ ਨੂੰ ਇਹ ਜ਼ਿੰਮੇਵਾਰੀ ਮਿਲਣੀ ਜ਼ਰੂਰੀ ਸੀ। ਉਨ੍ਹਾਂ ਦੀ ਕਾਰਗੁਜ਼ਾਰੀ ਅਤੇ ਲੋਕਪ੍ਰਿਯਤਾ ਨੂੰ ਦੇਖਦਿਆਂ ਹੀ ਪਾਰਟੀ ਨੇ ਉਨ੍ਹਾਂ 'ਤੇ ਵਿਸ਼ਵਾਸ ਜਤਾਇਆ ਹੈ। ਉਨ੍ਹਾਂ ਕਿਹਾ ਕਿ ਡਾ. ਚੱਬੇਵਾਲ ਦੀ ਅਗਵਾਈ ਹੇਠ ਫਗਵਾੜਾ ਵਿੱਚ ਪਾਰਟੀ ਨੂੰ ਨਵੀਂ ਮਜ਼ਬੂਤੀ ਮਿਲੇਗੀ ਅਤੇ ਆਮ ਵਰਕਰ ਵਿੱਚ ਨਵਾਂ ਉਤਸ਼ਾਹ ਪੈਦਾ ਹੋਵੇਗਾ। ਇਸ ਦੌਰਾਨ ਵੱਖ-ਵੱਖ ਪਿੰਡਾਂ ਦੇ ਸਰਪੰਚਾਂ ਤੇ ਸ਼ਹਿਰ ਦੇ ਨਗਰ ਕੌਂਸਲਰਾਂ ਨੇ ਵੀ ਕਿਹਾ ਕਿ ਫਗਵਾੜਾ ਹਲਕੇ ਦੇ ਸਮੂਹ ਵਰਕਰ ਅਤੇ ਆਗੂ ਡਾ. ਚੱਬੇਵਾਲ ਦੀ ਅਗਵਾਈ ਹੇਠ ਪਾਰਟੀ ਨੂੰ ਹੋਰ ਮਜ਼ਬੂਤ ਬਣਾਉਣ ਲਈ ਦਿਨ ਰਾਤ ਕੰਮ ਕਰਨਗੇ। ਉਨ੍ਹਾਂ ਵਿਸ਼ਵਾਸ ਪ੍ਰਗਟਾਇਆ ਕਿ ਡਾ. ਚੱਬੇਵਾਲ ਦੀ ਰਹਿਨੁਮਾਈ ਹੇਠ ਅਗਲੇ ਸਾਲ ਹੋਣ ਵਾਲੀਆਂ ਪੰਜਾਬ ਵਿਧਾਨ ਸਭਾ ਚੋਣਾਂ 'ਚ ਫਗਵਾੜਾ ਹਲਕੇ ਤੋਂ ਪਾਰਟੀ ਸ਼ਾਨਦਾਰ ਜਿੱਤ ਪ੍ਰਾਪਤ ਕਰੇਗੀ। ਇਸ ਮੌਕੇ ਵਰੁਣ ਬੰਗੜ ਸਰਪੰਚ ਚੱਕ ਹਕੀਮ, ਕੌਂਸਲਰ ਹਰਪ੍ਰੀਤ ਸਿੰਘ ਭੋਗਲ, ਬਲਬੀਰ ਠਾਕੁਰ, ਸਮਰ ਗੁਪਤਾ, ਹਰਮੇਸ਼ ਪਾਠਕ, ਕੌਂਸਲਰ ਪਰਮਜੀਤ ਖੁਰਾਣਾ, ਸੌਰਵ ਹਾਂਡਾ, ਨਰੇਸ਼ ਸ਼ਰਮਾ, ਸੋਨੂੰ ਪਹਿਲਵਾਨ, ਧਰਮਵੀਰ ਸੇਠੀ, ਸਨੀ ਬੱਤਾ, ਗੋਰਾ ਹਰਦਾਸਪੁਰ, ਰਜਤ ਭਨੋਟ ਸਰਪੰਚ ਭੁੱਲਾਰਾਈ, ਰਿੰਪਲ ਕੁਮਾਰ ਸਰਪੰਚ ਵਜੀਦੋਵਾਲ, ਗੋਪੀ ਬੇਦੀ, ਮਨਜੀਤ ਸਿੰਘ, ਬਿੰਦਰ ਰਾਮਪੁਰ ਸੁੰਨੜਾ, ਜਿੰਦਰ, ਰਘਬੀਰ ਕੌਰ, ਮਨਜੀਤ ਕੌਰ ਪਲਾਹੀ ਗੇਟ, ਹਰਪ੍ਰੀਤ ਕੌਰ, ਅਮਨਦੀਪ ਸੋਢੀ, ਜੋਤੀ ਬੀੜ ਪੁਆਦ, ਕੌਂਸਲਰ ਰਵਿੰਦਰ ਰਵੀ, ਰਾਜੀ ਪਲਾਹੀ ਗੇਟ ਅਤੇ ਬੋਬੀ ਚਮ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਪਾਰਟੀ ਵਰਕਰ ਅਤੇ ਡਾ. ਰਾਜ ਕੁਮਾਰ ਦੇ ਸਮਰਥਕ ਹਾਜ਼ਰ ਸਨ।

ਹਰਭਜਨ ਸਿੰਘ ਦੇ ਦੋਸ਼ਾਂ ਦਾ ਜਨਤਾ ਨੂੰ ਜਵਾਬ ਦੇਣ ਮੁੱਖ ਮੰਤਰੀ : ਖੁਰਾਣਾ, ਭੁੰਗਰਨੀ, ਕਿੰਦਾ

ਫਗਵਾੜਾ (ਡਾ. ਰਮਨ)

ਪੰਜਾਬ 'ਚ ਹੋਣ ਵਾਲੀਆਂ ਵਿਧਾਨ ਸਭਾ ਚੋਣਾਂ ਦੀਆਂ ਤਿਆਰੀਆਂ ਦੇ ਮੱਦੇਨਜ਼ਰ ਸ਼੍ਰੋਮਣੀ ਅਕਾਲੀ ਦਲ (ਬ) ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੀਆਂ ਹਦਾਇਤਾਂ ਮੁਤਾਬਕ ਬੂਥ ਪੱਧਰ 'ਤੇ ਕਮੇਟੀਆਂ ਦਾ ਗਠਨ ਕਰਨ ਸਬੰਧੀ ਵਿਚਾਰ ਵਟਾਂਦਰੇ ਸਬੰਧੀ ਮੀਟਿੰਗਾਂ ਦੀ ਲੜੀ ਤਹਿਤ ਵਿਧਾਨਸਭਾ ਹਲਕਾ ਫਗਵਾੜਾ (ਸ਼ਹਿਰੀ) ਇੰਚਾਰਜ ਰਣਜੀਤ ਸਿੰਘ ਖੁਰਾਣਾ (ਕੋਰ ਕਮੇਟੀ ਮੈਂਬਰ, ਇੰਡਸਟਰੀ ਅਤੇ ਵਪਾਰ ਵਿੰਗ, ਪੰਜਾਬ) ਦੀ ਅਗਵਾਈ ਹੇਠ ਸ਼ਹਿਰ ਦੇ ਸਰਕਲ ਸੁਖਚੈਨ ਨਗਰ, ਜ਼ੋਨ 3 ਵਿਖੇ ਪਾਰਟੀ ਵਰਕਰਾਂ ਨਾਲ ਮੀਟਿੰਗ ਕੀਤੀ ਗਈ। ਸਰਕਲ ਪ੍ਰਧਾਨ ਕੁਲਵਿੰਦਰ ਸਿੰਘ ਕਿੰਦਾ ਸਾਬਕਾ ਕੌਂਸਲਰ ਅਤੇ ਅਵਤਾਰ ਸੰਘ ਭੁੰਗਰਨੀ ਦੇ ਯਤਨਾਂ ਸਦਕਾ ਆਯੋਜਿਤ ਇਸ ਮੀਟਿੰਗ ਉਪਰੰਤ ਗੱਲਬਾਤ ਕਰਦਿਆਂ ਖੁਰਾਣਾ ਨੇ ਦੱਸਿਆ ਕਿ ਇਸ ਮੀਟਿੰਗ 'ਚ ਜ਼ੋਨ ਪ੍ਰਧਾਨ ਕੁਲਵਿੰਦਰ ਸਿੰਘ ਕਿੰਦਾ, ਸੀਨੀਅਰ ਅਕਾਲੀ ਆਗੂ ਅਵਤਾਰ ਸਿੰਘ ਭੁੰਗਰਨੀ ਅਤੇ ਜਰਨੈਲ ਸਿੰਘ ਵਾਰਡ ਪ੍ਰਧਾਨ ਸਮੇਤ ਹੋਰਨਾਂ ਪਾਰਟੀ ਵਰਕਰਾਂ ਦੇ ਨਾਲ ਬੂਥਾਂ ਦੀਆਂ ਕਮੇਟੀਆਂ ਦੇ ਗਠਨ ਸਬੰਧੀ ਵਿਚਾਰਾਂ ਕੀਤੀਆਂ ਗਈਆਂ। ਉਹਨਾਂ ਦੱਸਿਆ ਕਿ ਜ਼ੋਨ 3 ਅਧੀਨ ਆਉਂਦੇ ਵਾਰਡਾਂ ਵਿੱਚ ਬੂਥ ਕਮੇਟੀਆਂ ਦਾ ਐਲਾਨ ਵੀ ਜਲਦ ਕੀਤਾ ਜਾਵੇਗਾ। ਬੂਥ ਕਮੇਟੀਆਂ ਦਾ ਗਠਨ ਕਰਕੇ ਲਿਸਟਾਂ ਪਾਰਟੀ ਪ੍ਰਧਾਨ ਸ. ਸੁਖਬੀਰ ਸਿੰਘ ਬਾਦਲ ਦੇ ਸਪੁਰਦ ਕੀਤੀਆਂ ਜਾਣਗੀਆਂ। ਉਹਨਾਂ ਕਿਹਾ ਕਿ ਸੁਖਬੀਰ ਸਿੰਘ ਬਾਦਲ ਦੀਆਂ ਹਦਾਇਤਾਂ ਨੂੰ ਅਮਲੀ ਜਾਮਾ ਪਹਿਨਾਉਂਦੇ ਹੋਏ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਦੇ ਮੱਦੇ ਨਜ਼ਰ ਪਾਰਟੀ ਨੂੰ ਬੂਥ ਪੱਧਰ 'ਤੇ ਮਜ਼ਬੂਤ ਕਰਨ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ। ਇਸ ਦੌਰਾਨ ਉਹਨਾਂ ਨੇ ਰਾਜ ਸਭਾ ਮੈਂਬਰ ਅਤੇ ਕ੍ਰਿਕਟਰ ਹਰਭਜਨ ਸਿੰਘ ਵਲੋਂ ਆਮ ਆਦਮੀ ਪਾਰਟੀ ਉੱਪਰ ਰਾਜ ਸਭਾ ਸੀਟਾਂ ਅਤੇ ਮੰਤਰੀਆਂ ਦੇ ਅਹੁਦੇ ਵੇਚਣ ਸਬੰਧੀ ਲਗਾਏ ਦੋਸ਼ਾਂ ਦਾ ਜ਼ਿਕਰ ਕਰਦਿਆਂ ਕਿਹਾ ਕਿ ਇਹ ਬਹੁਤ ਹੀ ਗੰਭੀਰ ਤੇ ਸ਼ਰਮਨਾਕ ਦੋਸ਼ ਹੈ। ਮੁੱਖ ਮੰਤਰੀ ਭਗਵੰਤ ਮਾਨ ਅਤੇ ਅਰਵਿੰਦ ਕੇਜਰੀਵਾਲ ਨੂੰ ਪੰਜਾਬ ਦੇ ਲੋਕਾਂ ਨਾਲ ਕੀਤੇ ਇਸ ਵਿਸ਼ਵਾਸਘਾਤ ਦਾ ਜਵਾਬ ਦੇਣਾ ਚਾਹੀਦਾ ਹੈ। ਇਸ ਦੌਰਾਨ ਪਾਰਟੀ ਵਰਕਰਾਂ ਵਲੋਂ ਰਣਜੀਤ ਸਿੰਘ ਖੁਰਾਣਾ ਨੂੰ ਸਨਮਾਨਤ ਵੀ ਕੀਤਾ ਗਿਆ। ਇਸ ਮੌਕੇ ਅਵਤਾਰ ਸਿੰਘ ਭੁੰਗਰਨੀ, ਹਰਵਿੰਦਰ ਸਿੰਘ ਵਾਲੀਆ, ਬਹਾਦਰ ਸਿੰਘ ਸੰਗਤਪੁਰ, ਨਿਰਮਲ ਸਿੰਘ ਸਕੱਤਰ, ਅਵਤਾਰ ਸਿੰਘ ਮੰਗੀ, ਜਸਵਿੰਦਰ ਸਿੰਘ ਸਾਬਾ, ਗੁਰਪਾਲ ਸਿੰਘ ਬਸੂਟਾ, ਬਹਾਦਰ ਸਿੰਘ ਸੈਣੀ, ਜਸਵਿੰਦਰ ਸਿੰਘ ਭਗਤਪੁਰਾ, ਜਸਵਿੰਦਰ ਸਿੰਘ ਬਸਰਾ, ਰਣਜੀਤ ਸਿੰਘ ਸੰਦਲ, ਮੋਹਨ ਸਿੰਘ ਯੂ.ਐਸ.ਏ., ਗੁਰਪ੍ਰਸਾਦ ਬੱਗਾ, ਸੁਖਦੀਪ ਸਿੰਘ ਵਾਲੀਆਂ, ਦਲਜੀਤ ਸਿੰਘ ਸ਼ਰਮਾ, ਕੁਲਵੰਤ ਸਿੰਘ ਗੁਰਨਾਨਕ ਨਗਰ, ਜਤਿੰਦਰ ਪਾਲ ਸਿੰਘ, ਅਮਨ ਹਾਜੀਪੁਰ, ਸੁਰਿੰਦਰਪਾਲ ਸਿੰਘ ਰਾਵਲਪਿੰਡੀ, ਸੰਜੀਵ ਬੰਗੜ ਵਾਰਡ ਪ੍ਰਧਾਨ ਐਸ.ਸੀ. ਵਿੰਗ, ਜਗਜੀਤ ਸਿੰਘ, ਪਵਨ ਕੁਮਾਰ ਸੈਣੀ ਸੁਖਚੈਨ ਨਗਰ, ਹਰਭਜਨ ਸਿੰਘ ਕਲੇਰ, ਆਦਿ ਹਾਜਰ ਸਨ।

ਤਰਕਸ਼ੀਲ ਸੁਸਾਇਟੀ ਵੱਲੋਂ ਗੁੰਮਰਾਹਕੁੰਨ ਇਸ਼ਤਿਹਾਰਬਾਜ਼ੀ ਵਿਰੁੱਧ ਸਖ਼ਤ ਕਾਰਵਾਈ ਦੀ ਮੰਗ

ਬੰਗਾ (ਅਵਤਾਰ ਕਲੇਰ)-ਤਰਕਸ਼ੀਲ ਸੋਸਾਇਟੀ ਪੰਜਾਬ ਵਲੋਂ ਤੈਅ ਕੀਤੇ ਪ੍ਰੋਗਰਾਮ ਅਧੀਨ ਜ਼ੋਨ ਨਵਾਂਸ਼ਹਿਰ ਵਲੋਂ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੇ ਡਿਪਟੀ ਕਮਿਸ਼ਨਰ ਗੁਲਪ੍ਰੀਤ ਸਿੰਘ ਔਲਖ ਨੂੰ ਮੰਗ ਪੱਤਰ ਸੌਂਪਿਆ ਗਿਆ। ਪ੍ਰੈਸ ਨੂੰ ਜਾਣਕਾਰੀ ਦਿੰਦਿਆਂ ਜ਼ੋਨ ਦੇ ਮੀਡੀਆ ਮੁਖੀ ਬਲਜਿੰਦਰ ਸਿੰਘ ਸ਼ਹਿਬਾਜ਼ਪੁਰ ਨੇ ਦੱਸਿਆ ਕਿ ਇਸ ਮੰਗ ਪੱਤਰ ਰਾਹੀਂ ਪਖੰਡੀ ਬਾਬਿਆਂ, ਤਾਂਤਰਿਕਾਂ, ਜੋਤਿਸ਼ੀਆਂ, ਪੁੱਛਾਂ ਦੇਣ ਵਾਲਿਆਂ ਦੀਆਂ ਗੈਰ ਕਾਨੂੰਨੀ ਕਾਰਵਾਈਆਂ ਅਤੇ ਗੁੰਮਰਾਹਕੁੰਨ ਇਸ਼ਤਿਹਾਰਬਾਜ਼ੀ ਵਿਰੁੱਧ ਸਖ਼ਤ ਕਾਨੂੰਨੀ ਕਾਰਵਾਈ ਕਰਨ ਦੀ ਮੰਗ ਕੀਤੀ ਗਈ। ਇਸ ਦੇ ਨਾਲ ਹੀ ਆਮ ਨਾਗਰਿਕਾਂ ਅਤੇ ਵਿਦਿਅਕ ਅਦਾਰਿਆਂ ਵਿੱਚ ਭਾਰਤੀ ਸੰਵਿਧਾਨ ਧਾਰਾ 51- ਏ (ਐੱਚ) ਤਹਿਤ ਵਿਗਿਆਨਕ ਸੋਚ ਅਤੇ ਇਨਸਾਨੀਅਤ ਦੀ ਭਾਵਨਾ ਦਾ ਪ੍ਰਚਾਰ ਤੇ ਪ੍ਰਸਾਰ ਅਤੇ ਦੀ ਕੇਬਲ ਟੈਲੀਵਿਜ਼ਨ ਨੈਟਵਰਕ ਰੂਲਜ਼ 1994 ਦੇ ਤਹਿਤ ਸਥਾਪਿਤ ਕੀਤੀ ਗਈ ਜਿਲ੍ਹਾ ਪੱਧਰੀ ਮੋਨਿਟਰਿੰਗ ਕਮੇਟੀ ਵਿੱਚ ਤਰਕਸ਼ੀਲ ਸੁਸਾਇਟੀ ਨੂੰ ਨੁਮਾਇੰਦਗੀ ਦੇਣ ਸਬੰਧੀ ਵੀ ਜ਼ੋਰਦਾਰ ਢੰਗ ਨਾਲ ਮੰਗ ਕੀਤੀ ਗਈ। ਡੀ ਸੀ ਨੇ ਮੰਗ ਪੱਤਰ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਦਾ ਭਰੋਸਾ ਦਿੱਤਾ। ਇਸ ਮੌਕੇ ਤਰਕਸ਼ੀਲ ਸੁਸਾਇਟੀ ਦੇ ਸਟੇਟ ਆਗੂ ਡਾ. ਜੋਗਿੰਦਰ ਕੁੱਲੇਵਾਲ, ਜ਼ੋਨ ਜਥੇਬੰਦਕ ਮੁਖੀ ਮਾਸਟਰ ਜਗਦੀਸ਼ ਰਾਏਪੁਰ ਡੱਬਾ, ਵਿੱਤ ਮੁਖੀ ਸੁਖਵਿੰਦਰ ਗੋਗਾ ਅਤੇ ਮਾਨਸਿਕ ਵਿਭਾਗ ਮੁਖੀ ਇਕਾਈ ਬੰਗਾ ਤੋਂ ਸੁਖਵਿੰਦਰ ਲੰਗੇਰੀ ਹਾਜ਼ਰ ਸਨ।

ਭਾਜਪਾ ਦੀ ਚੋਣ ਰੈਲੀ 'ਚ ਗੂੰਜੇ 'ਮੁੱਖ ਮੰਤਰੀ ਬੇਅੰਤ ਸਿੰਘ' ਅਮਰ ਰਹੇ ਦੇ ਨਾਅਰੇ

ਤਲਵੰਡੀ ਸਾਬੋ (ਜਗਦੀਪ ਗਿੱਲ)- '26 ਹਜ਼ਾਰ ਕਰੋੜ ਰੁਪਏ ਤੋਂ ਵੱਧ ਦੀ ਧਨ ਰਾਸ਼ੀ ਮੈਂ ਕੇਂਦਰੀ ਖਜ਼ਾਨੇ ਵਿੱਚੋਂ ਪੰਜਾਬ ਦੇ ਵੱਖ ਵੱਖ ਰੇਲਵੇ ਪ੍ਰੋਜੈਕਟਾਂ ਲਈ ਮੁਹੱਈਆ ਕਰਵਾ ਚੁੱਕਾ ਹਾਂ, 20-20 ਕਰੋੜ ਵਾਲੇ ਦਰਜਨਾਂ ਹੋਰ ਛੋਟੇ ਰੇਲਵੇ ਪ੍ਰੋਜੈਕਟ ਹਨ, ਜਿਨ੍ਹਾਂ ਨੂੰ ਮੈਂ ਗਿਣਦਾ ਹੀ ਨਹੀਂ।' ਇਨ੍ਹਾਂ ਸ਼ਬਦਾਂ ਦਾ ਪ੍ਰਗਟਾਵਾ ਇਕ ਚੋਣ ਸਭਾ ਨੂੰ ਸੰਬੋਧਨ ਕਰਦਿਆਂ ਕੇਂਦਰੀ ਰੇਲਵੇ ਰਾਜ ਮੰਤਰੀ ਸ੍ਰ. ਰਵਨੀਤ ਸਿੰਘ

● ਇੱਕ ਬੇਲੋੜੇ ਪ੍ਰਸਤਾਵਿਤ ਰੇਲ ਲਿੰਕ ਤੋਂ ਦੁਖੀ ਕਿਸਾਨਾਂ ਨੇ ਬਿੱਟੂ ਨੂੰ ਸੁਣਾਏ ਦੁੱਖੜੇ

ਬਿੱਟੂ ਨੇ ਰਾਮਾ ਮੰਡੀ ਵਿਖੇ ਕੀਤਾ।ਜਦੋਂ ਭਾਗੀ ਬਾਂਦਰ ਵਾਲੇ ਮਹਿੰਦਰ ਸਿੰਘ ਰੂਪ ਵੱਲ ਇਸ਼ਾਰਾ ਕਰਦਿਆਂ ਉਨ੍ਹਾਂ ਕਿਹਾ ਕਿ ਮੇਰੇ ਲਈ ਇਹ ਖੁਸ਼ੀ ਵਾਲੀ ਗੱਲ ਹੈ ਕਿ ਮੇਰੇ ਦਾਦੇ (ਸਾਬਕਾ ਮੁੱਖ ਮੰਤਰੀ ਬੇਅੰਤ ਸਿੰਘ) ਦੇ ਨਜ਼ਦੀਕੀ ਰਹੇ ਕੁਝ ਸੱਜਣ ਅੱਜ ਦੇ ਇਸ ਇਕੱਠ ਵਿੱਚ ਸੁਸ਼ੋਭਿਤ ਹਨ, ਤਾਂ ਪੰਡਾਲ ਵਿੱਚ ਬੈਠੇ ਬਹੁਤ ਸਾਰੇ ਭਾਜਪਾਈ ਕਾਰਕੁਨਾਂ ਨੇ ਮੁੱਖ ਮੰਤਰੀ ਬੇਅੰਤ ਸਿੰਘ ਜ਼ਿੰਦਾਬਾਦ ਤੇ ਮੁੱਖ ਮੰਤਰੀ ਬੇਅੰਤ ਸਿੰਘ ਅਮਰ ਰਹੇ ਦੇ ਨਾਹਰੇ ਲਾਏ। ਜ਼ਿਕਰਯੋਗ ਹੈ ਕਿ ਕੇਂਦਰੀ ਮੰਤਰੀ ਸ੍ਰ. ਬਿੱਟੂ ਨੇ ਉਨ੍ਹਾਂ ਚਾਰ ਭਾਜਪਾ ਉਮੀਦਵਾਰਾਂ ਲਈ ਵੋਟਾਂ ਦੀ ਅਪੀਲ ਕੀਤੀ, ਜਿਹੜੇ ਰਾਮਾ ਮੰਡੀ ਤੋਂ ਨਗਰ ਕੌਂਸਲ ਦੀ ਚੋਣ ਲੜ ਰਹੇ ਹਨ।ਉਨ੍ਹਾਂ ਕਿਹਾ ਕਿ ਉਨ੍ਹਾਂ ਦੀ ਪਾਰਟੀ ਭਾਜਪਾ ਦੇ ਹੋਰ ਕਈ ਉਮੀਦਵਾਰ ਸਨ, ਉਨ੍ਹਾਂ ਅਨੁਸਾਰ ਜਿਨ੍ਹਾਂ ਦੇ ਕਾਗਜ਼ ਜਾਂ ਤਾਂ ਪ੍ਰਸ਼ਾਸਨ ਦੀ ਮਿਲੀਭੁਗਤ ਦੇ ਚਲਦਿਆਂ ਖੋਹ ਲਏ ਗਏ ਜਾਂ ਜਬਰੀ ਰੱਦ ਕਰ ਦਿੱਤੇ ਗਏ।ਉਨ੍ਹਾਂ ਕਿਹਾ ਕਿ ਸਮਾਂ ਆਉਣ 'ਤੇ ਹਿਸਾਬ-ਕਿਤਾਬ ਬਰਾਬਰ ਕਰਾਂਗੇ। ਉਧਰ ਮਾਨਸਾ ਤੇ ਬਠਿੰਡਾ ਜ਼ਿਲ੍ਹਿਆਂ ਦੇ ਉਨ੍ਹਾਂ ਸੈਂਕੜੇ ਕਿਸਾਨਾਂ, ਜਿਨ੍ਹਾਂ ਦੇ ਖੇਤਾਂ ਵਿੱਚੋਂ ਦੀ ਇੱਕ ਬੇਲੋੜਾ ਰੇਲਵੇ ਟਰੈਕ ਵਿਛਾਉਣ ਦੀ ਵਿਵਸਥਾ ਕੀਤੀ ਗਈ ਹੈ, ਨੇ ਸਟੇਜ ਤੋਂ ਉੱਤਰਦਿਆਂ ਹੀ ਰਵਨੀਤ ਸਿੰਘ ਬਿੱਟੂ ਨੂੰ ਆਪਣੇ ਦੁਖੜੇ ਸੁਣਾਏ।ਕਿਸਾਨਾਂ ਨੇ ਤਰਕ ਪੂਰਨ ਦਲੀਲਾਂ ਦਿੰਦਿਆਂ ਸ੍ਰ. ਬਿੱਟੂ ਨੂੰ ਕਿਹਾ ਕਿ ਜਦੋਂ ਤਖ਼ਤ ਸ੍ਰੀ ਦਮਦਮਾ ਸਾਹਿਬ ਤੋਂ ਸਿਰਫ 10 ਕਿਲੋਮੀਟਰ 'ਤੇ ਰੇਲਵੇ ਲਿੰਕ ਪਹਿਲਾਂ ਹੀ ਮੌਜੂਦ ਹੈ, ਜੋ ਕਿ ਪੈਂਦਾ ਵੀ ਗੁਰੂ ਗੋਬਿੰਦ ਸਿੰਘ ਮਾਰਗ ਉੱਪਰ ਹੈ, ਫਿਰ ਕਿਉਂ ਲੱਗਭਗ 50 ਕਿਲੋਮੀਟਰ ਲੰਬਾ ਇੱਕ ਬੇਲੋੜਾ ਨਵਾਂ ਰੇਲਵੇ ਟਰੈਕ ਲਿਆ ਕੇ ਕਿਸਾਨਾਂ ਨੂੰ ਉਜਾੜਿਆ ਜਾ ਰਿਹਾ ਹੈ।ਪੀੜਤ ਕਿਸਾਨਾਂ ਦੀਆਂ ਠੋਸ ਦਲੀਲਾਂ ਸੁਣਦਿਆਂ ਭਾਵੇਂ ਸ੍ਰ. ਬਿੱਟੂ ਨੇ ਖੜ੍ਹੇ ਪੈਰ ਕੋਈ ਹਾਂ ਜਾਂ ਨਾਂਹ ਵਿੱਚ ਸਪੱਸ਼ਟ ਜਵਾਬ ਤਾਂ ਨਹੀਂ ਦਿੱਤਾ, ਪ੍ਰੰਤੂ ਉਨ੍ਹਾਂ ਵੱਲੋਂ ਕਿਸਾਨਾਂ ਦੀ ਗੱਲ ਨੀਝ ਲਾ ਕੇ ਸੁਣਨ ਤੋਂ ਬਾਅਦ ਬਦਲੇ ਹੋਏ ਉਨ੍ਹਾਂ ਦੇ ਚਿਹਰੇ ਦੇ ਹਾਵ ਭਾਵ ਦੱਸਦੇ ਸਨ ਕਿ ਭਵਿੱਖ ਵਿੱਚ ਪੀੜਤ ਕਿਸਾਨੀ ਦੇ ਹੱਕ ਵਿੱਚ ਕੋਈ ਠੋਸ ਤੇ ਢੁੱਕਵਾਂ ਫੈਸਲਾ ਲੈ ਲਏ ਜਾਣ ਦੀ ਸੰਭਾਵਨਾ ਤੋਂ ਵੀ ਇਨਕਾਰ ਨਹੀਂ ਕੀਤਾ ਜਾ ਸਕਦਾ।ਉਕਤ ਚੋਣ ਸਭਾ ਨੂੰ ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਗੁਰਪ੍ਰੀਤ ਸਿੰਘ ਮਲੂਕਾ ਨੇ ਵੀ ਸੰਬੋਧਨ ਕੀਤਾ।ਇਸ ਮੌਕੇ ਭਾਜਪਾ ਲੀਡਰ ਸ੍ਰੀ ਦਿਆਲ ਸਿੰਘ ਸੋਢੀ, ਮੰਡਲ ਪ੍ਰਧਾਨ ਦੇਵੀ ਦਿਆਲ ਤੇ ਭਾਜਪਾ ਦੇ ਹੋਰ ਵੀ ਬਹੁਤ ਸਾਰੇ ਆਗੂ ਤੇ ਵਰਕਰ ਮੌਜੂਦ ਸਨ।

ਨਗਰ ਸੁਧਾਰ ਸਭਾ ਵੱਲੋਂ ਸਾਫ਼-ਸੁਥਰੇ ਅਕਸ ਵਾਲੇ ਉਮੀਦਵਾਰਾਂ ਨੂੰ ਚੁਣਨ ਦੀ ਅਪੀਲ

ਬੁਢਲਾਡਾ (ਅਸ਼ੋਕ ਲਾਕੜਾ)- ਨਗਰ ਸੁਧਾਰ ਸਭਾ ਬੁਢਲਾਡਾ ਨੇ ਨਗਰ ਕੌਂਸਲ ਚੋਣਾਂ ਸਬੰਧੀ ਵੋਟਰਾਂ ਦੇ ਨਾਂਅ ਇੱਕ ਅਪੀਲ ਜਾਰੀ ਕੀਤੀ ਹੈ, ਜਿਸ ਵਿੱਚ ਨਗਰ ਸੁਧਾਰ ਸਭਾ ਨੇ ਸ਼ਹਿਰ ਨਿਵਾਸੀਆਂ ਨੂੰ ਅਪੀਲ ਕੀਤੀ ਹੈ ਕਿ ਹਲਕੇ ਦੇ ਐੱਮ.ਐੱਲ.ਏ. ਸਮੇਤ ਸਾਰੇ ਉਨ੍ਹਾਂ ਪੁਰਾਣੇ ਐੱਮ.ਸੀ. ਸਾਹਿਬਾਨਾਂ, ਜੋ ਦੁਬਾਰਾ ਫਿਰ ਮਿਊਂਸਪਲ ਕਮਿਸ਼ਨਰ ਦੇ ਉਮੀਦਵਾਰ ਹਨ, ਨੂੰ ਸਵਾਲ ਕਰਕੇ ਪੁੱਛਿਆ ਜਾਵੇ ਕਿ ਉਨ੍ਹਾਂ ਨੇ ਸ਼ਹਿਰ ਲਈ ਕੀ ਕੀਤਾ ਹੈ ? ਨਗਰ ਸੁਧਾਰ ਸਭਾ ਬੁਢਲਾਡਾ ਦੀ ਆਗੂ ਟੀਮ ਨੇ ਅਨਾਜ ਮੰਡੀ, ਗੋਲ ਚੱਕਰ, ਨੰਬਰਾਂ ਵਾਲਾ ਦਰਵਾਜ਼ਾ ਆਦਿ ਸ਼ਹਿਰ ਦੀਆਂ ਮਾਰਕੀਟਾਂ ਵਿੱਚ ਅਪੀਲ ਦਾ ਪੈਂਫਲਿਟ ਦੁਕਾਨਾਂ 'ਤੇ ਜਾ ਕੇ ਵੰਡਿਆ। ਸੰਸਥਾ ਦੀ ਟੀਮ ਨੂੰ ਦੁਕਾਨਦਾਰਾਂ, ਵਪਾਰੀਆਂ ਤੇ ਸ਼ਹਿਰੀਆਂ ਨੇ ਉਤਸ਼ਾਹ ਭਰਪੂਰ ਹੁੰਗਾਰਾ ਦਿੱਤਾ ਹੈ। ਇਸ ਮੌਕੇ ਨਗਰ ਸੁਧਾਰ ਸਭਾ ਦੇ ਸੀਨੀਅਰ ਆਗੂਆਂ ਐਡਵੋਕੇਟ ਸਵਰਨਜੀਤ ਸਿੰਘ ਦਲਿਓ, ਪ੍ਰੇਮ ਸਿੰਘ ਦੋਦੜਾ ਤੇ ਸਤਪਾਲ ਸਿੰਘ ਕਟੌਦੀਆ ਨੇ ਪੱਤਰਕਾਰਾਂ ਨਾਲ ਗੱਲਬਾਤ ਦੌਰਾਨ ਕਿਹਾ ਕਿ ਇਸ ਅਪੀਲ ਵਿੱਚ ਸ਼ਹਿਰ ਦੇ ਕੁੱਝ ਬੁਨਿਆਦੀ ਮੁੱਦੇ ਉਭਾਰੇ ਗਏ ਹਨ, ਜਿਨ੍ਹਾਂ ਨੂੰ ਪੂਰੇ ਪੰਜ ਸਾਲ ਕਿਸੇ ਵੀ ਐੱਮ. ਸੀ., ਪ੍ਰਧਾਨ ਤੇ ਹਲਕਾ ਵਿਧਾਇਕ ਨੇ ਹੱਲ ਕਰਨ ਦਾ ਕੋਈ ਯਤਨ ਨਹੀਂ ਕੀਤਾ।ਅੱਜ ਵੀ ਸ਼ਹਿਰ ਦੀ ਸਥਿਤੀ ਜਿਉਂ ਦੀ ਤਿਉਂ ਬਣੀ ਹੋਈ ਹੈ।ਨਗਰ ਸੁਧਾਰ ਸਭਾ ਦੇ ਆਗੂਆਂ ਨੇ ਸ਼ਹਿਰ ਦੇ ਵਾਰਡਾਂ ਦੇ ਵੋਟਰਾਂ ਨੂੰ ਅਪੀਲ ਕੀਤੀ ਕਿ ਉਹ ਇਨ੍ਹਾਂ ਚੋਣਾਂ ਵਿੱਚ ਸਾਫ ਸੁਥਰੀ ਛਵੀ ਵਾਲੇ, ਜੁਝਾਰੂ ਤੇ ਲੋਕਾਂ ਦੇ ਅੰਗ ਸੰਗ ਰਹਿ ਕੇ ਦੁੱਖਾਂ ਸੁੱਖਾਂ ਵਿੱਚ ਖੜਨ ਵਾਲੇ ਉਮੀਦਵਾਰਾਂ ਨੂੰ ਐੱਮ.ਸੀ. ਚੁਣਿਆ ਜਾਵੇ।ਆਗੂਆਂ ਨੇ ਦਾਅਵਾ ਕੀਤਾ ਕਿ ਇਸ ਵਾਰ ਬੁਢਲਾਡਾ ਸ਼ਹਿਰ ਦੇ ਵੋਟਰ ਭ੍ਰਿਸ਼ਟ, ਦਾਗੀ ਤੇ ਵਾਰ-ਵਾਰ ਵਿੱਕਣ ਵਾਲੇ ਪੁਰਾਣੇ ਐੱਮ ਸੀ, ਜੋ ਦੁਬਾਰਾ ਫਿਰ ਉਮੀਦਵਾਰ ਹਨ, ਨੂੰ ਲੱਕ ਤੋੜਵੀਂ ਹਾਰ ਦੇਣਗੇ।

ਮਹੰਤ ਪਰਵਾਰ ਵੱਲੋਂ ਸਕੂਲੀ ਨਤੀਜਿਆਂ 'ਚ ਅੱਵਲ ਰਹੇ ਵਿਦਿਆਰਥੀ ਸਨਮਾਨਤ

ਰਾਏਕੋਟ (ਇਕਬਾਲ ਸਿੰਘ ਫੇਰੂਰਾਈਂ)- ਸਰਕਾਰੀ ਹਾਈ ਸਕੂਲ ਫੇਰੂਰਾਈਂ ਅੱਚਰਵਾਲ ਵਿਖੇ ਸਕੂਲ ਸਟਾਫ ਵੱਲੋਂ ਮਹੰਤ ਪਰਵਾਰ ਫੇਰੂਰਾਈ ਦੇ ਸਹਿਯੋਗ ਨਾਲ ਸਾਲਾਨਾ ਇਨਾਮ ਵੰਡ ਸਮਾਰੋਹ ਕਰਵਾਇਆ ਗਿਆ।ਇਸ ਇਨਾਮ ਵੰਡ ਸਮਾਰੋਹ ਨੂੰ ਸਫਲ ਬਣਾਉਣ ਲਈ ਪਿੰਡ ਫੇਰੂਰਾਈ ਅੱਚਰਵਾਲ ਦੀਆਂ ਗਰਾਮ ਪੰਚਾਇਤਾਂ, ਐੱਨ ਆਰ ਆਈ ਵੀਰਾਂ ਤੇ ਯੰਗ ਸਪੋਰਟਸ ਕਲੱਬ ਪਿੰਡ ਅੱਚਰਵਾਲ ਵੱਲੋਂ ਵਿਸ਼ੇਸ਼ ਯੋਗਦਾਨ ਦਿੱਤਾ ਗਿਆ।ਇਸ ਪ੍ਰੋਗਰਾਮ ਵਿੱਚ ਜਿੱਥੇ ਸਕੂਲ ਦੇ ਵਿਦਿਆਰਥੀਆਂ ਵੱਲੋਂ ਰੰਗਾਰੰਗ ਪ੍ਰੋਗਰਾਮ ਪੇਸ਼ ਕੀਤਾ ਗਿਆ, ਉਥੇ ਹੀ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਸਾਰੀਆਂ ਜਮਾਤਾਂ ਵਿੱਚੋਂ ਪਹਿਲੀਆਂ ਤਿੰਨ ਪੁਜ਼ੀਸ਼ਨਾਂ ਹਾਸਲ ਕਰਨ ਵਾਲੇ ਵਿਦਿਆਰਥੀਆਂ ਨੂੰ ਪ੍ਰਮੋਦ ਕੁਮਾਰ (ਨੀਲਾ) ਮਹੰਤ ਫੇਰੂਰਾਈ ਵੱਲੋਂ ਇਨਾਮ ਦੇ ਕੇ ਸਨਮਾਨਤ ਕੀਤਾ ਗਿਆ।ਸਕੂਲ ਦਾ ਨਤੀਜਾ ਲਗਾਤਾਰ 17ਵੇਂ ਸਾਲ ਵੀ 100% ਰਿਹਾ।ਸਕੂਲ ਦੀਆਂ ਦਸਵੀਂ ਜਮਾਤ ਦੀਆਂ ਹੋਈਆਂ ਬੋਰਡ ਦੀਆਂ ਸਾਲਾਨਾ ਪ੍ਰੀਖਿਆਵਾਂ ਵਿੱਚੋਂ ਤਿੰਨ ਵਿਦਿਆਰਥਣਾਂ ਨੇ ਬਲਾਕ ਰਾਏਕੋਟ ਵਿੱਚੋਂ ਚੁਣੇ ਗਏ ਪਹਿਲੇ 20 ਵਿਦਿਆਰਥੀਆਂ 'ਚ ਨਾਮ ਸ਼ਾਮਲ ਕਰਵਾਇਆ।ਇਸ ਸਕੂਲ ਦੀ ਹੋਣਹਾਰ ਵਿਦਿਆਰਥਣ ਜਸ਼ਨਦੀਪ ਕੌਰ ਨੇ ਰਾਏਕੋਟ ਬਲਾਕ ਦੇ ਸਕੂਲਾਂ ਵਿੱਚੋਂ ਪਹਿਲਾ ਸਥਾਨ ਹਾਸਲ ਕੀਤਾ।ਯੰਗ ਸਪੋਰਟਸ ਕਲੱਬ ਪਿੰਡ ਅੱਚਰਵਾਲ ਤੇ ਐੱਨ ਆਰ ਆਈ ਵੀਰਾਂ ਵੱਲੋਂ ਲੋੜਵੰਦ ਵਿਦਿਆਰਥਣਾਂ ਨੂੰ ਉਤਸ਼ਾਹਤ ਕਰਦੇ ਹੋਏ ਸਾਈਕਲ ਵੀ ਵੰਡੇ ਗਏ।ਇਸ ਇਨਾਮ ਵੰਡ ਸਮਾਰੋਹ ਵਿੱਚ ਸਮੂਹ ਸਕੂਲ ਸਟਾਫ ਤੇ ਸਰਪੰਚ ਸ਼ਿੰਦਰਪਾਲ ਕੌਰ ਫੇਰੂਰਾਈਂ, ਪੰਚ ਮਨਇੰਦਰ ਬਾਵਾ, ਸਰਬਜੀਤ ਸਿੰਘ, ਡਾ. ਕੇਵਲ ਸਿੰਘ, ਗੁਰਤੇਜ ਸਿੰਘ ਪੰਚ, ਹਰਬੰਸ ਸਿੰਘ ਪੰਚ ਤੋਂ ਇਲਾਵਾ ਕਾਰਜਕਾਰੀ ਸਰਪੰਚ ਮਨਜੀਤ ਕੌਰ ਆਦਿ ਤੋਂ ਇਲਾਵਾ ਸਮੁੱਚਾ ਸਕੂਲ ਸਟਾਫ ਹਾਜ਼ਰ ਰਿਹਾ।ਪ੍ਰੋਗਰਾਮ ਦੇ ਅੰਤ ਵਿੱਚ ਸਕੂਲ ਇੰਚਾਰਜ ਮੋਹਨ ਸ਼ਰਮਾ ਤੇ ਸਮੁੱਚੇ ਸਟਾਫ਼ ਵੱਲੋਂ ਇਸ ਸਮਾਰੋਹ ਦੌਰਾਨ ਹਾਜ਼ਰ ਹੋਏ ਸਮੂਹ ਪਤਵੰਤੇ ਸੱਜਣ ਤੇ ਵਿਦਿਆਰਥੀਆਂ ਦੇ ਮਾਪਿਆਂ ਦਾ ਵਿਸ਼ੇਸ਼ ਧੰਨਵਾਦ ਕੀਤਾ ਗਿਆ।

ਸਕੂਲ ਬੱਸਾਂ ਦੀ ਚੈਕਿੰਗ, 4 ਬੱਸਾਂ ਦੇ ਕੱਟੇ ਚਲਾਨ

ਸੰਗਰੂਰ (ਪ੍ਰਵੀਨ ਸਿੰਘ)- ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ ਪੰਜਾਬ ਵੱਲੋਂ ਜਾਰੀ ਦਿਸ਼ਾ-ਨਿਰਦੇਸ਼ਾਂ ਦੀ ਪਾਲਣਾ ਹਿੱਤ ਸ਼ੇਰਪੁਰ ਖੇਤਰ ਵਿੱਚ ਸਕੂਲ ਬੱਸਾਂ ਦੀ ਵਿਸ਼ੇਸ਼ ਚੈਕਿੰਗ ਕੀਤੀ ਗਈ।ਇਹ ਚੈਕਿੰਗ ਮੁਹਿੰਮ ਸਕੂਲੀ ਬੱਚਿਆਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਤੇ ਸਕੂਲ ਵਾਹਨਾਂ ਵਿੱਚ ਲਾਗੂ ਸੁਰੱਖਿਆ ਮਾਪਦੰਡਾਂ ਦੀ ਪਾਲਣਾ ਨੂੰ ਮਜ਼ਬੂਤ ਕਰਨ ਦੇ ਉਦੇਸ਼ ਨਾਲ ਚਲਾਈ ਗਈ।ਚੈਕਿੰਗ ਦੌਰਾਨ ਕੁੱਲ 10 ਸਕੂਲ ਬੱਸਾਂ ਦੀ ਜਾਂਚ ਕੀਤੀ ਗਈ, ਜਿਨ੍ਹਾਂ ਵਿੱਚੋਂ ਸੁਰੱਖਿਆ ਨਿਯਮਾਂ ਦੀ ਉਲੰਘਣਾ ਕਰਨ ਵਾਲੀਆਂ 4 ਬੱਸਾਂ ਦੇ ਚਲਾਨ ਕੀਤੇ ਗਏ।ਟੀਮ ਵੱਲੋਂ ਬੱਸਾਂ ਦੇ ਲੋੜੀਂਦੇ ਦਸਤਾਵੇਜ਼, ਫਸਟ ਏਡ ਬਾਕਸ, ਫਾਇਰ ਸੇਫਟੀ ਪ੍ਰਬੰਧ ਤੇ ਹੋਰ ਜ਼ਰੂਰੀ ਸੁਰੱਖਿਆ ਮਾਪਦੰਡਾਂ ਦੀ ਗਹਿਰਾਈ ਨਾਲ ਜਾਂਚ ਕੀਤੀ ਗਈ।ਇਸ ਮੌਕੇ ਸੰਬੰਧਤ ਡਰਾਈਵਰਾਂ ਤੇ ਪ੍ਰਬੰਧਕਾਂ ਨੂੰ ਹਦਾਇਤ ਕੀਤੀ ਗਈ ਕਿ ਬੱਚਿਆਂ ਦੀ ਸੁਰੱਖਿਆ ਨਾਲ ਜੁੜੇ ਨਿਯਮਾਂ ਦੀ ਪੂਰੀ ਤਰ੍ਹਾਂ ਪਾਲਣਾ ਯਕੀਨੀ ਬਣਾਈ ਜਾਵੇ।ਇਸ ਚੈਕਿੰਗ ਟੀਮ ਵਿੱਚ ਐੱਸ. ਆਈ. ਪਵਨ ਕੁਮਾਰ, ਏ.ਐੱਸ.ਆਈ. ਬਲਵਿੰਦਰ ਸਿੰਘ, ਏ.ਐੱਸ.ਆਈ. ਰਾਮ ਪ੍ਰਤਾਪ, ਰੁਪਿੰਦਰ ਸਿੰਘ ਜ਼ਿਲ੍ਹਾ ਬਾਲ ਸੁਰੱਖਿਆ ਦਫਤਰ ਸੰਗਰੂਰ ਤੇ ਸਮਨਦੀਪ ਸਿੰਘ ਸਿੱਖਿਆ ਵਿਭਾਗ ਸ਼ਾਮਲ ਸਨ।

ਗੁਰੂ ਨਾਨਕ ਸਕੂਲ ਵਿਖੇ 'ਗੋਆ ਬੀਚ ਪਾਰਟੀ'

ਦੋਰਾਹਾ (ਹਰਮਿੰਦਰ ਸੇਠ)- ਦਿਨੋਂ ਦਿਨ ਵੱਧ ਰਹੀ ਗਰਮੀ ਤੋਂ ਰਾਹਤ ਪਾਉਣ ਲਈ ਗੁਰੂ ਨਾਨਕ ਮਾਡਲ ਸੀਨੀਅਰ ਸੈਕੰਡਰੀ ਸਕੂਲ ਦੋਰਾਹਾ ਵਿਖੇ ਨੰਨ੍ਹੇ-ਮੁੰਨੇ ਬੱਚਿਆਂ ਦੇ ਮਨੋਰੰਜਨ ਲਈ ਇੱਕ ਵਿਸ਼ੇਸ਼ 'ਗੋਆ ਬੀਚ ਪਾਰਟੀ' ਦਾ ਆਯੋਜਨ ਕੀਤਾ ਗਿਆ।ਇਸ ਮੌਕੇ ਸਕੂਲ ਦੇ ਵਿਹੜੇ ਨੂੰ ਇੱਕ ਮਿੰਨੀ ਗੋਆ ਬੀਚ ਦਾ ਰੂਪ ਦਿੱਤਾ ਗਿਆ, ਜਿਸ ਨੂੰ ਦੇਖ ਕੇ ਬੱਚਿਆਂ ਦੇ ਚਿਹਰੇ ਖ਼ੁਸ਼ੀ ਨਾਲ਼ ਖਿੜ ਉੱਠੇ।ਸਕੂਲ ਵੱਲੋਂ ਕੈਂਪਸ ਵਿੱਚ ਰੰਗ-ਬਿਰੰਗੀਆਂ ਛੱਤਰੀਆਂ, ਆਰਟੀਫੀਸ਼ਅਲ ਵਾਟਰ ਪੂਲ ਸਾਈਟ ਤੇ ਬੱਚਿਆਂ ਦੇ ਖੇਡਣ ਲਈ ਰੇਤ ਦਾ ਵਿਸ਼ੇਸ਼ ਪ੍ਰਬੰਧ ਕੀਤਾ ਗਿਆ।ਇਸ ਸਮਾਗਮ ਵਿੱਚ ਵਿਸ਼ੇਸ਼ ਤੌਰ 'ਤੇ ਪ੍ਰਾਇਮਰੀ ਤੇ ਪ੍ਰੀ-ਪ੍ਰਾਇਮਰੀ ਜਮਾਤਾਂ ਦੇ ਨੰਨ੍ਹੇ-ਮੁੰਨੇ ਬੱਚਿਆਂ ਨੇ ਹਿੱਸਾ ਲਿਆ।ਸਾਰੇ ਬੱਚੇ ਗਰਮੀਆਂ ਦੇ ਰੰਗ-ਬਿਰੰਗੇ ਤੇ ਆਕਰਸ਼ਕ ਸਵਿਮਿੰਗ ਸੂਟ, ਚਸ਼ਮੇ ਤੇ ਹੈਟਸ ਪਾ ਕੇ ਸਕੂਲ ਪਹੁੰਚੇ।ਬੱਚਿਆਂ ਨੇ ਪਾਣੀ ਦੇ ਫੁਹਾਰਿਆਂ ਤੇ ਪੂਲ ਵਿੱਚ ਖੂਬ ਮਸਤੀ ਕੀਤੀ।ਇਸ ਤੋਂ ਇਲਾਵਾ ਰੇਤ ਦੇ ਘਰ ਬਣਾਉਣ ਤੇ ਬੀਚ ਬਾਲ ਨਾਲ਼ ਖੇਡਣ ਦੀਆਂ ਖੇਡਾਂ ਵੀ ਖਿੱਚ ਦਾ ਕੇਂਦਰ ਰਹੀਆਂ।ਇਸ ਮੌਕੇ ਸਕੂਲ ਪ੍ਰਬੰਧਕ ਬੋਰਡ ਦੇ ਪ੍ਰਧਾਨ ਹਰਪ੍ਰਤਾਪ ਸਿੰਘ ਬਰਾੜ ਤੇ ਸਕੂਲ ਡਾਇਰੈਕਟਰ ਰੁਪਿੰਦਰ ਕੌਰ ਬਰਾੜ ਨੇ ਦੱਸਿਆ ਕਿ 'ਗੋਆ ਬੀਚ ਪਾਰਟੀ' ਵਰਗੇ ਪ੍ਰੋਗਰਾਮਾਂ ਦਾ ਮਕਸਦ ਬੱਚਿਆਂ ਨੂੰ ਕੁਦਰਤੀ ਮਾਹੌਲ ਤੇ ਖੇਡਾਂ ਦੇ ਜ਼ਰੀਏ ਆਪਸੀ ਸਾਂਝ ਸਿਖਾਉਣਾ ਹੈ।ਪਾਣੀ ਤੇ ਰੇਤ ਨਾਲ਼ ਖੇਡਦਿਆਂ ਬੱਚੇ ਨਾ ਸਿਰਫ਼ ਗਰਮੀ ਤੋਂ ਰਾਹਤ ਮਹਿਸੂਸ ਕਰਦੇ ਹਨ, ਬਲਕਿ ਉਨ੍ਹਾਂ ਦੀ ਸਰੀਰਕ ਤੇ ਮਾਨਸਿਕ ਊਰਜਾ ਨੂੰ ਵੀ ਇੱਕ ਸਕਾਰਾਤਮਕ ਦਿਸ਼ਾ ਮਿਲਦੀ ਹੈ।ਸਕੂਲ ਪ੍ਰਿੰਸੀਪਲ ਡਾ. ਡੀ. ਪੀ. ਠਾਕੁਰ ਨੇ ਕਿਹਾ ਕਿ ਅਜਿਹੀਆਂ ਗਤੀਵਿਧੀਆਂ ਨਾਲ਼ ਬੱਚਿਆਂ ਦੀ ਸਿਰਜਣਾਤਮਕਤਾ ਵਿੱਚ ਵਾਧਾ ਹੁੰਦਾ ਹੈ।ਅੰਤ ਵਿੱਚ ਡਿਪਟੀ ਹੈੱਡ ਮਿਸਟਰੈੱਸ ਪੂਰਵੀ ਮਹਿਤਾ ਨੇ ਦੱਸਿਆ ਕਿ ਬੱਚਿਆਂ ਦੇ ਸਰੀਰਕ ਵਿਕਾਸ ਲਈ ਅਜਿਹੀਆਂ ਸਰਗਰਮੀਆਂ ਲਾਜ਼ਮੀ ਹਨ।

ਲਾਡੀ ਢੋਸ ਵੱਲੋਂ ਅੰਮ੍ਰਿਤਪਾਲ ਦੇ ਹੱਕ 'ਚ ਚੋਣ ਪ੍ਰਚਾਰ

ਕੋਟ ਈਸੇ ਖਾਂ (ਅਰੋੜਾ)- ਵਾਰਡ ਨੰ. 4 ਤੋਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਅੰਮ੍ਰਿਤਪਾਲ (ਕਪਿਲ ਮਹਿਤਾ) ਦੇ ਹੱਕ ਵਿੱਚ ਵਿਧਾਇਕ ਦਵਿੰਦਰਜੀਤ ਸਿੰਘ ਲਾਡੀ ਢੋਸ ਨੇ ਚੋਣ ਪ੍ਰਚਾਰ ਕਰਦਿਆਂ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਦਾ ਮੁੱਖ ਉਦੇਸ਼ ਵਿਕਾਸ ਨੂੰ ਪਹਿਲ ਦੇਣਾ ਹੈ ਤੇ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣਾ ਹੈ, ਜਿਸ ਦੇ ਮਕਸਦ ਨਾਲ ਹੀ ਸ਼ਹਿਰ ਕੋਟ ਈਸੇ ਖਾਂ ਵਿੱਚ ਵੱਡੇ ਪੱਧਰ 'ਤੇ ਵਿਕਾਸ ਕਾਰਜ ਕੀਤੇ ਗਏ ਹਨ, ਉਹ ਚਾਹੇ ਸੀਵਰੇਜ ਦਾ ਹੋਵੇ, ਬੱਸ ਸਟੈਂਡ ਦਾ ਹੋਵੇ, ਸ਼ਹਿਰ ਅੰਦਰ ਪਾਰਕਾਂ ਤੇ ਨੌਜਵਾਨਾਂ ਲਈ ਗਰਾਊਂਡ ਬਣਵਾਉਣ ਦੇ ਨਾਲ ਨਾਲ ਹੋਰ ਪੰਜਾਬ ਸਰਕਾਰ ਦੀਆਂ ਸਰਕਾਰੀ ਸਕੀਮਾਂ ਦਾ ਲਾਭ ਲੋਕਾਂ ਤੱਕ ਪਹੁੰਚ ਰਿਹਾ ਹੈ।ਸ਼ਹਿਰ ਕੋਟ ਈਸੇ ਖਾਂ ਨੂੰ ਸੁੰਦਰ ਬਣਾਉਣ ਵਿੱਚ ਕੋਈ ਕਸਰ ਨਹੀਂ ਛੱਡੀ ਜਾ ਰਹੀ।ਉਨ੍ਹਾ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਕਪਿਲ ਮਹਿਤਾ ਨੂੰ ਬਹੁਮੱਤ ਨਾਲ ਜਿਤਾਉਣ ਤੇ ਆਪਣੇ ਵਾਰਡ ਦਾ ਹੋਰ ਵੀ ਵਿਕਾਸ ਕਰਵਾਉਣ।ਇਸ ਮੌਕੇ ਉਮੀਦਵਾਰ ਅੰਮ੍ਰਿਤਪਾਲ ਮਹਿਤਾ ਵੱਲੋਂ ਵੀ ਆਏ ਹੋਏ ਸਾਰੇ ਹੀ ਸੱਜਣਾਂ ਨੂੰ ਜੀ ਆਇਆਂ ਆਖਿਆ ਤੇ ਨਾਲ ਹੀ ਕਿਹਾ ਕਿ ਜੇਕਰ ਵਾਰਡ ਵਾਸੀ ਮੈਨੂੰ ਸੇਵਾ ਕਰਨ ਦਾ ਮੌਕਾ ਦਿੰਦੇ ਹਨ ਤਾਂ ਮੈਂ ਉਨ੍ਹਾਂ ਦੇ ਨਾਲ ਹਮੇਸ਼ਾ ਮੋਢੇ ਨਾਲ ਮੋਢੇ ਜੋੜ ਕੇ ਖੜ੍ਹਾਂਗਾ ਤੇ ਹਰ ਸਮੇਂ ਉਨ੍ਹਾਂ ਦੀ ਸੇਵਾ ਵਿੱਚ ਹਾਜ਼ਰ ਰਹਾਂਗਾ ਤੇ ਵਿਧਾਇਕ ਲਾਡੀ ਢੋਸ ਦੀ ਅਗਵਾਈ ਹੇਠ ਵਾਰਡ ਦੇ ਵਿਕਾਸ ਲਈ ਹਮੇਸ਼ਾ ਤਤਪਰ ਰਹਾਂਗਾ।ਇਸ ਮੌਕੇ ਉਨ੍ਹਾ ਵੱਲੋਂ ਵਿਧਾਇਕ ਲਾਡੀ ਢੋਸ ਦਾ ਸਨਮਾਨ ਵੀ ਕੀਤਾ ਗਿਆ।ਇਸ ਮੌਕੇ ਵੱਡੀ ਗਿਣਤੀ ਵਿੱਚ ਆਮ ਆਗੂ, ਵਰਕਰ ਤੇ ਵਾਰਡ ਵਾਸੀ ਹਾਜ਼ਰ ਸਨ।

ਪੰਜਾਬ ਮੰਡੀ ਬੋਰਡ ਦੇ ਕਰਮਚਾਰੀਆਂ ਦੀ ਸੂਬਾ ਪੱਧਰੀ ਮੀਟਿੰਗ

ਪਟਿਆਲਾ (ਥਿੰਦ)- ਰਾਜਪੁਰਾ ਕਲੋਨੀ ਯੂਨੀਅਨ ਦਫਤਰ ਪਟਿਆਲਾ ਵਿਖੇ ਦੀ ਕਲਾਸ ਫੋਰ ਗੌ: ਇੰਪ: ਯੂਨੀਅਨ ਪੰਜਾਬ ਮੁੱਖ ਦਫਤਰ (1680) ਨਾਲ ਸਬੰਧਤ ਪੰਜਾਬ ਮੰਡੀ ਬੋਰਡ ਤੇ ਮਾਰਕੀਟ ਕਮੇਟੀਆਂ ਵਿਚਲੇ ਚੌਥਾ ਦਰਜਾ ਕਰਮਚਾਰੀ, ਕੰਟ੍ਰੈਕਟ ਤੇ ਆਊਟ ਸੋਰਸ ਕਰਮੀਆਂ ਦੀ ਭਰਵੀਂ ਮੀਟਿੰਗ ਸਾਥੀ ਕੁਲਦੀਪ ਸਿੰਘ ਮੌੜ ਸੂਬਾ ਕਾਰਜਕਾਰੀ ਪ੍ਰਧਾਨ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਵਿੱਚ ਵਿਸ਼ੇਸ਼ ਤੌਰ 'ਤੇ ਯੂਨੀਅਨ ਦੇ ਸੂਬਾ ਪ੍ਰਧਾਨ ਦਰਸ਼ਨ ਸਿੰਘ ਲੁਬਾਣਾ, ਸਕੱਤਰ ਜਨਰਲ ਰਣਜੀਤ ਸਿੰਘ ਰਾਣਵਾਂ ਸ਼ਾਮਲ ਹੋਏ। ਮੀਟਿੰਗ ਵਿੱਚ 7 ਮਈ 2026 ਨੂੰ ਮੰਡੀ ਬੋਰਡ ਦੇ ਚੇਅਰਮੈਨ ਸ੍ਰੀ ਹਰਚੰਦ ਸਿੰਘ ਬਰਸਟ ਤੇ ਹੋਰ ਅਧਿਕਾਰੀਆਂ ਨਾਲ ਹੋਈ ਮੀਟਿੰਗ ਦੇ ਫੈਸਲਿਆਂ ਨੂੰ ਰੀਵਿਊ ਕੀਤਾ ਗਿਆ, ਜਿਨ੍ਹਾਂ ਵਿੱਚ ਠੇਕੇਦਾਰੀ ਪ੍ਰਥਾ ਦੇ ਖਾਤਮੇ ਤੇ ਸਾਰੇ ਆਊਟ ਸੋਰਸ ਕਾਮਿਆਂ ਨੂੰ ਪੰਜਾਬ ਮੰਡੀ ਬੋਰਡ ਵਿੱਚ ਇੰਸ਼ੋਰਸ ਕਰਨਾ, ਬਰਾਬਰ ਕੰਮ ਬਰਾਬਰ ਤਨਖਾਹ ਦੇਣ ਸਬੰਧੀ ਮਾਨਯੋਗ ਉੱਚ ਅਦਾਲਤ ਦਾ ਫੈਸਲਾ ਲਾਗੂ ਕਰਨਾ ਆਦਿ ਮੁੱਦਿਆਂ 'ਤੇ ਵਿਚਾਰ ਵਿਟਾਂਦਰਾ ਕਰਨ ਉਪਰੰਤ ਫੈਸਲਾ ਕੀਤਾ ਗਿਆ ਕਿ ਪੰਜਾਬ ਮੰਡੀ ਬੋਰਡ ਦੇ ਖੇਤਰੀ, ਆਊਟ ਸੋਰਸ ਕਾਮਿਆਂ ਸਮੇਤ ਦਰਜਾਚਾਰ ਕਰਮਚਾਰੀਆਂ ਦੀ ਇੱਕ ਰਾਜ ਪੱਧਰੀ ਵੱਡੀ ਕਨਵੈਨਸ਼ਨ ਜੂਨ ਮਹੀਨੇ ਵਿੱਚ ਕੀਤੀ ਜਾਵੇਗੀ।

ਪ੍ਰਸਿੱਧ ਪਾਵਰ ਲਿਫਟਰ ਦੀਪਿੰਦਰ ਕਾਂਗਰਸ 'ਚ ਸ਼ਾਮਲ

ਭਵਾਨੀਗੜ੍ਹ (ਰਾਜ ਖੁਰਮੀ) : ਸਥਾਨਕ ਨਗਰ ਕੌਂਸਲ ਚੋਣਾਂ ਨੂੰ ਲੈ ਕੇ ਸਿਆਸੀ ਸਰਗਰਮੀਆਂ ਲਗਾਤਾਰ ਤੇਜ਼ ਹੋ ਰਹੀਆਂ ਹਨ।ਇਸੇ ਤਹਿਤ ਵਾਰਡ ਨੰਬਰ 11 ਵਿੱਚ ਕਾਂਗਰਸ ਪਾਰਟੀ ਨੂੰ ਉਸ ਵੇਲੇ ਵੱਡੀ ਮਜ਼ਬੂਤੀ ਮਿਲੀ, ਜਦੋਂ ਪ੍ਰਸਿੱਧ ਪਾਵਰ ਲਿਫਟਰ ਦੀਪਿੰਦਰ ਨੇ ਸਾਬਕਾ ਮੰਤਰੀ ਵਿਜੇ ਇੰਦਰ ਸਿੰਗਲਾ ਦੀ ਰਹਿਨੁਮਾਈ ਹੇਠ ਭਾਰਤੀ ਰਾਸ਼ਟਰੀ ਕਾਂਗਰਸ ਵਿੱਚ ਸ਼ਮੂਲੀਅਤ ਕੀਤੀ।ਇਸ ਮੌਕੇ ਪਾਰਟੀ ਆਗੂਆਂ ਤੇ ਵਰਕਰਾਂ ਵੱਲੋਂ ਦੀਪਿੰਦਰ ਦਾ ਕਾਂਗਰਸ ਪਰਿਵਾਰ ਵਿੱਚ ਦਿਲੋਂ ਸਵਾਗਤ ਕੀਤਾ ਗਿਆ। ਆਗੂਆਂ ਨੇ ਕਿਹਾ ਕਿ ਦੀਪਿੰਦਰ ਦੀ ਮਿਹਨਤ, ਖੇਡਾਂ ਪ੍ਰਤੀ ਸਮਰਪਣ ਤੇ ਨੌਜਵਾਨਾਂ ਵਿੱਚ ਮਜ਼ਬੂਤ ਪਛਾਣ ਨਾਲ ਵਾਰਡ ਨੰਬਰ 11 ਵਿੱਚ ਕਾਂਗਰਸ ਪਾਰਟੀ ਨੂੰ ਹੋਰ ਤਾਕਤ ਮਿਲੇਗੀ।ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਹਮੇਸ਼ਾ ਨੌਜਵਾਨਾਂ ਨੂੰ ਨਾਲ ਲੈ ਕੇ ਚੱਲਣ ਵਿੱਚ ਵਿਸ਼ਵਾਸ ਰੱਖਦੀ ਹੈ ਤੇ ਇਲਾਕੇ ਦੀ ਤਰੱਕੀ, ਨੌਜਵਾਨਾਂ ਦੇ ਭਵਿੱਖ ਤੇ ਲੋਕ ਭਲਾਈ ਲਈ ਵਚਨਬੱਧ ਹੈ।ਆਗੂਆਂ ਨੇ ਭਰੋਸਾ ਜਤਾਇਆ ਕਿ ਆਉਣ ਵਾਲੇ ਸਮੇਂ ਦੌਰਾਨ ਵਾਰਡ ਨੰਬਰ 11 ਤੋਂ ਕਾਂਗਰਸ ਦੇ ਉਮੀਦਵਾਰ ਹਰਪ੍ਰੀਤ ਸਿੰਘ ਬਾਜਵਾ ਨੂੰ ਹੋਰ ਮਜ਼ਬੂਤ ਕੀਤਾ ਜਾਵੇਗਾ ਤੇ ਲੋਕਾਂ ਦੀ ਸੇਵਾ ਨੂੰ ਪਹਿਲ ਦੇ ਅਧਾਰ 'ਤੇ ਯਕੀਨੀ ਬਣਾਇਆ ਜਾਵੇਗਾ।ਇਸ ਮੌਕੇ ਸੁਖਚੈਨ ਸਿੰਘ ਚੈਨੀ ਰਾਮਪੁਰਾ, ਸੋਨੀ ਪੰਨਵਾ, ਹਰਦੀਪ ਸਿੰਘ ਤੂਰ ਸਾਬਕਾ ਪ੍ਰਧਾਨ ਟਰੱਕ ਯੂਨੀਅਨ, ਜੀਤ ਸਿੰਘ ਸਮੇਤ ਹੋਰ ਆਗੂ ਤੇ ਵਰਕਰ ਹਾਜ਼ਰ ਸਨ।



ਨਗਰ ਕੌਂਸਲ ਮਾਨਸਾ ਚੋਣਾਂ : ਸੀ ਪੀ ਐੱਮ ਵੱਲੋਂ ਕਾਂਗਰਸ ਤੇ ਆਜ਼ਾਦ ਉਮੀਦਵਾਰਾਂ ਦੇ ਸਮਰਥਨ ਦਾ ਫੈਸਲਾ

ਮਾਨਸਾ (ਆਤਮਾ ਸਿੰਘ ਪਮਾਰ)- ਸੀ.ਪੀ.ਆਈ. (ਐੱਮ) ਸ਼ਹਿਰੀ ਕਮੇਟੀ ਮਾਨਸਾ ਦੀ ਇੱਕ ਜ਼ਰੂਰੀ ਮੀਟਿੰਗ ਕਾਮਰੇਡ ਅਮਰਜੀਤ ਸਿੰਘ ਸਿੱਧੂ (ਸੇਵਾ ਮੁਕਤ ਐੱਸ.ਡੀ.ਓ.) ਦੀ ਪ੍ਰਧਾਨਗੀ ਹੇਠ ਸਥਾਨਕ ਟਾਂਡੀਆਂ ਭਵਨ ਵਿਖੇ ਹੋਈ।ਮੀਟਿੰਗ 'ਚ ਨਗਰ ਕੌਂਸਲ ਮਾਨਸਾ ਦੀਆਂ ਹੋਣ ਵਾਲੀਆਂ ਚੋਣਾਂ ਸਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ। ਸੀ.ਪੀ.ਐੱਮ. ਦੇ ਸੀਨੀਅਰ ਜ਼ਿਲ੍ਹਾ ਆਗੂ ਤੇ ਤਹਿਸੀਲ ਕਮੇਟੀ ਮਾਨਸਾ ਦੇ ਸਕੱਤਰ ਕਾਮਰੇਡ ਅਮਰਜੀਤ ਸਿੰਘ ਸਿੱਧੂ ਨੇ ਦੱਸਿਆ ਕਿ ਪਾਰਟੀ ਵੱਲੋਂ ਵਾਰਡ ਨੰਬਰ 13 ਤੋਂ ਆਜ਼ਾਦ ਉਮੀਦਵਾਰ ਬੀਬੀ ਕਿਰਨਾ ਰਾਣੀ ਪਤਨੀ ਕਾਮਰੇਡ ਕ੍ਰਿਸ਼ਨ ਚੌਹਾਨ, ਵਾਰਡ ਨੰਬਰ 18 ਤੋਂ ਆਜ਼ਾਦ ਉਮੀਦਵਾਰ ਅਰਪਿਤ ਚੌਧਰੀ (ਮਲੇਨੀਅਮ ਸਕੂਲ ਵਾਲੇ) ਤੇ ਵਾਰਡ ਨੰਬਰ 24 ਤੋਂ ਆਜ਼ਾਦ ਉਮੀਦਵਾਰ ਵਿਨੋਦ ਕੁਮਾਰ ਭੰਮਾ ਨੂੰ ਸਮਰਥਨ ਦਿੱਤਾ ਜਾ ਚੁੱਕਾ ਹੈ।ਸਿੱਧੂ ਨੇ ਦੱਸਿਆ ਕਿ ਸ਼ਹਿਰ ਦੇ ਬਾਕੀ ਵਾਰਡਾਂ 'ਚ ਸੀ.ਪੀ.ਆਈ. (ਐੱਮ) ਤੇ ਸਬੰਧਤ ਜਨਤਕ ਜਥੇਬੰਦੀਆਂ ਵੱਲੋਂ ਕਾਂਗਰਸ ਪਾਰਟੀ ਦੇ ਸਾਫ਼ ਸੁਥਰੀ ਦਿੱਖ ਵਾਲੇ ਉਮੀਦਵਾਰਾਂ ਦਾ ਵੀ

● ਸੀ ਪੀ ਐੱਮ ਭਾਜਪਾ ਉਮੀਦਵਾਰਾਂ ਨੂੰ ਹਰਾਉਣ ਲਈ ਨਿਭਾਏਗੀ ਅਹਿਮ ਭੂਮਿਕਾ : ਸਿੱਧੂ

ਸਮਰਥਨ ਕੀਤਾ ਜਾਵੇਗਾ। ਕਮਿਊਨਿਸਟ ਆਗੂ ਨੇ ਦੱਸਿਆ ਕਿ ਜੇਕਰ ਕਿਸੇ ਵਾਰਡ 'ਚ ਆਜ਼ਾਦ ਉਮੀਦਵਾਰ, ਭਾਜਪਾ ਦੇ ਉਮੀਦਵਾਰ ਨੂੰ ਹਰਾਉਣ ਦੀ ਸਮੱਰਥਾ ਰੱਖਦਾ ਹੈ ਤਾਂ ਪਾਰਟੀ ਦੇ ਵਰਕਰ ਤੇ ਹਮਦਰਦ ਆਜ਼ਾਦ ਉਮੀਦਵਾਰ ਨੂੰ ਜਿਤਾਉਣ ਲਈ ਆਪਣੀ ਅਹਿਮ ਭੂਮਿਕਾ ਅਦਾ ਕਰਨਗੇ। ਇਸ ਮੌਕੇ ਸੀਪੀਆਈ (ਐੱਮ) ਸ਼ਹਿਰੀ ਕਮੇਟੀ ਮਾਨਸਾ ਦੇ ਸਕੱਤਰ ਕਾਮਰੇਡ ਸੀਤਾ ਰਾਮ ਗੋਇਲ ਨੇ ਕਿਹਾ ਕਿ ਮਾਨਸਾ ਸ਼ਹਿਰ 'ਚ ਸੀਵਰੇਜ, ਸਫ਼ਾਈ, ਪੀਣ ਦੇ ਪਾਣੀ, ਗੰਦੇ ਪਾਣੀ ਦੀ ਨਿਕਾਸੀ ਤੇ ਸ਼ਹਿਰ ਦੇ ਵਿਕਾਸ ਵੱਲ ਪਿਛਲੇ ਸਮੇਂ ਦੌਰਾਨ ਧਿਆਨ ਨਹੀਂ ਦਿੱਤਾ ਗਿਆ। ਉਨ੍ਹਾਂ ਸ਼ਹਿਰ ਦੇ ਵੋਟਰਾਂ ਨੂੰ ਅਪੀਲ ਕੀਤੀ ਕਿ ਉਹ ਇਮਾਨਦਾਰ ਤੇ ਸ਼ਹਿਰ ਦੇ ਵਿਕਾਸ ਨੂੰ ਸਮਰਪਤ ਉਮੀਦਵਾਰਾਂ ਦੀ ਹੀ ਐੱਮ.ਸੀ. ਵਜੋਂ ਚੋਣ ਕਰਨ। ਮੀਟਿੰਗ 'ਚ ਪੈਨਸ਼ਨਰਜ਼ ਐਸੋਸੀਏਸ਼ਨ ਦੇ ਆਗੂ ਪਵਨ ਕੁਮਾਰ ਗਰਗ ਤੋਂ ਇਲਾਵਾ ਸੁਰੇਸ਼ ਕੁਮਾਰ ਮਾਨਸਾ, ਬੀਰਬਲ ਸਿੰਘ ਚੌਹਾਨ, ਦਰਸ਼ਨ ਸਿੰਘ ਜੋਗਾ, ਰਾਮ ਕੁਮਾਰ ਮਾਨਸਾ, ਅਮਨਦੀਪ ਸਿੰਘ ਬਿੱਟੂ, ਸੰਜੀਤ ਕੁਮਾਰ ਗੁਪਤਾ, ਰਾਜੂ ਗੋਸਵਾਮੀ, ਰਾਜ ਕੁਮਾਰ ਗਰਗ ਹਾਜ਼ਰ ਸਨ।

ਜਨਗਣਨਾ ਦੇ ਪਹਿਲੇ ਪੜਾਅ ਦੌਰਾਨ ਸੰਯੁਕਤ ਡਾਇਰੈਕਟਰ ਵੱਲੋਂ ਤਹਿਸੀਲ ਦਾ ਨਿਰੀਖਣ

ਜਲਾਲਾਬਾਦ (ਬਲਵਿੰਦਰ ਸਿੰਘ, ਜੀਤ ਕੁਮਾਰ)- ਭਾਰਤ ਸਰਕਾਰ ਦੁਆਰਾ ਕਰਵਾਈ ਜਾ ਰਹੀ ਰਾਸ਼ਟਰੀ ਜਨਗਣਨਾ 2027 ਦੇ ਪਹਿਲੇ ਪੜਾਅ ਦੇ ਅਚਨਚੇਤ ਨਿਰੀਖਣ ਲਈ ਸੰਯੁਕਤ ਡਾਇਰੈਕਟਰ ਸ੍ਰੀ ਆਰ ਪੀ ਸਿੰਘ ਜਲਾਲਾਬਾਦ ਵਿਖੇ ਪਹੁੰਚੇ।ਆਪਣੀ ਇਸ ਅਚਨਚੇਤ ਫੇਰੀ ਦੌਰਾਨ ਸ੍ਰੀ ਆਰ ਪੀ ਸਿੰਘ ਨੇ ਫੀਲਡ ਵਿੱਚ ਜਾ ਕੇ ਜ਼ਮੀਨੀ ਪੱਧਰ 'ਤੇ ਜਨਗਣਨਾ ਦੇ ਕੰਮ ਦਾ ਮੁਆਇਨਾ ਕੀਤਾ ਅਤੇ ਜ਼ਰੂਰੀ ਦਿਸ਼ਾ ਨਿਰਦੇਸ਼ ਵੀ ਜਾਰੀ ਕੀਤੇ।ਇਸ ਮੌਕੇ ਜ਼ਿਲ੍ਹਾ ਕੋਆਰਡੀਨੇਟਰ ਸ੍ਰੀ ਕਾਰਤਿਕ ਆਰਿਆ ਤੇ ਡਿਪਟੀ ਈ ਐੱਸ ਏ ਸ੍ਰੀ ਹਰਜਿੰਦਰ ਧਵਨ ਵੀ ਉਨ੍ਹਾਂ ਦੇ ਨਾਲ ਪਹੁੰਚੇ।ਜ਼ਿਕਰਯੋਗ ਹੈ ਕੇ ਰਾਸ਼ਟਰੀ ਜਨਗਣਨਾ 2027 ਦਾ ਤਹਿਸੀਲ ਜਲਾਲਾਬਾਦ ਦਾ ਕੰਮ ਮਾਣਯੋਗ ਡਿਪਟੀ ਕਮਿਸ਼ਨਰ ਸ੍ਰੀਮਤੀ ਅਮਰਪ੍ਰੀਤ ਕੌਰ ਸੰਧੂ ਦੇ ਦਿਸ਼ਾ ਨਿਰਦੇਸ਼ਾਂ ਅਨੁਸਰ ਜਲਾਲਾਬਾਦ ਸਬ ਡਵੀਜ਼ਨ ਮੈਜਿਸਟ੍ਰੇਟ ਸ੍ਰੀ ਕੰਵਰਜੀਤ ਸਿੰਘ ਮਾਨ ਦੀ ਯੋਗ ਅਗਵਾਈ ਹੇਠ ਤਹਿਸੀਲਦਾਰ ਸ੍ਰੀ ਸੁਖਚਰਨ ਸਿੰਘ ਦੀ ਦੇਖ ਰੇਖ ਅਧੀਨ ਚੱਲ ਰਿਹਾ ਹੈ।ਇਸ ਸੰਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਸਬ ਡਵੀਜ਼ਨ ਮੈਜਿਸਟ੍ਰੇਟ ਜਲਾਲਾਬਾਦ ਨੇ ਦੱਸਿਆ ਕਿ 15 ਮਈ ਤੋਂ ਘਰ ਘਰ ਜਾ ਕੇ ਅਧਿਕਾਰੀਆਂ ਦੁਆਰਾ ਲੋਕਾਂ ਦਾ ਲੋੜੀਂਦਾ ਡਾਟਾ ਭਰਿਆ ਜਾ ਰਿਹਾ ਹੈ।ਸਮੁੱਚੀ ਤਹਸੀਲ ਨੂੰ ਦੋ ਜ਼ੋਨਾਂ ਪੇਂਡੂ ਖੇਤਰ ਤੇ ਸ਼ਹਿਰੀ ਖੇਤਰ ਵਿੱਚ ਵੰਡਿਆ ਗਿਆ ਹੈ।ਪੇਂਡੂ ਖੇਤਰ ਦੇ ਕੰਮ ਦੀ ਦੇਖ ਰੇਖ ਸਾਡੇ ਤਹਿਸੀਲਦਾਰ ਸਾਹਿਬ ਤੇ ਸ਼ਹਿਰੀ ਖੇਤਰ ਦੇ ਕੰਮ ਦੀ ਦੇਖ ਰੇਖ ਈ ਓ ਸਾਹਿਬ ਸ੍ਰੀ ਰੋਹਿਤ ਕਰਵਾਸਰਾ ਕਰ ਰਹੇ ਹਨ।ਸਮੁੱਚੇ ਕੰਮ ਨੂੰ ਸਫਲਤਾ ਪੂਰਵਕ ਮੁਕੰਮਲ ਕਰਨ ਲਈ 466 ਦੇ ਕਰੀਬ ਗਿਣਤੀਕਾਰ ਤੇ 60 ਦੇ ਕਰੀਬ ਸੁਪਰਵਾਈਜ਼ਰ ਨਿਯੁਕਤ ਕੀਤੇ ਗਏ ਹਨ, ਜੋ ਡਿਜੀਟਲ ਐਪ ਰਾਹੀਂ ਡਾਟਾ ਭਰ ਰਹੇ ਹਨ।ਇਸ ਮੌਕੇ ਸ੍ਰੀ ਆਰ ਪੀ ਸਿੰਘ ਨੇ ਜਨਗਣਨਾ ਵਿੱਚ ਲੱਗੇ ਸਮੁੱਚੇ ਅਮਲੇ ਨੂੰ ਡਾਟਾ ਸਟੀਕ ਤੇ ਪਾਰਦਰਸ਼ੀ ਭਰਨ ਦੇ ਨਿਰਦੇਸ਼ ਦਿੰਦਿਆਂ ਸਮੁੱਚਾ ਡਾਟਾ ਗੁਪਤ ਰੱਖਣ ਦੀ ਵੀ ਹਦਾਇਤ ਕੀਤੀ।ਇਸ ਮੌਕੇ ਤਹਿਸੀਲ ਜਲਾਲਾਬਾਦ ਜਨਗਣਨਾ ਦੀ ਦਫਤਰੀ ਟੀਮ ਦੇ ਮੈਂਬਰ ਮਨੋਜ ਕੁਮਾਰ, ਰੁਪਿੰਦਰ ਖੇੜਾ, ਡਾ. ਰੋਹਿਤ ਠੱਕਰ, ਰਿਸ਼ੀ ਠੱਕਰ, ਰਮਨਦੀਪ ਦਰਗਨ, ਜਸਕਰਨਜੀਤ ਸਿੰਘ, ਵਿਪਨ ਗਾਬਾ, ਬਲਦੇਵ ਸਿੰਘ, ਨੀਰਜ ਗੂੰਬਰ, ਨਵੀਨ ਕਾਲੜਾ ਤੇ ਸੁਰਜੀਤ ਸਿੰਘ ਟੈਕਨੀਕਲ ਅਸਿਸਟੈਂਟ ਆਦਿ ਹਾਜ਼ਰ ਸਨ।

ਡੀ ਐੱਸ ਪੀ ਗੁਰਪ੍ਰੀਤ ਸਿੰਘ 'ਡੀ ਜੀ ਪੀ ਕਮੈਨਡੇਸ਼ਨ ਡਿਸਕ' ਨਾਲ ਸਨਮਾਨਤ

ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)- ਜ਼ਿਲ੍ਹਾ ਪੁਲਸ ਮੁਖੀ ਸੰਗਰੂਰ ਡਾ. ਰਵਜੋਤ ਗਰੇਵਾਲ ਵੱਲੋਂ ਡੀ.ਐੱਸ.ਪੀ. ਧੂਰੀ ਗੁਰਪ੍ਰੀਤ ਸਿੰਘ ਨੂੰ ਡਿਊਟੀ ਪ੍ਰਤੀ ਅਟੁੱਟ ਵਚਨਬੱਧਤਾ ਤੇ ਬਿਹਤਰ ਕਾਰਗੁਜ਼ਾਰੀ ਦਿਖਾਉਣ ਲਈ ਇਸ ਵੱਕਾਰੀ ਡਿਸਕ ਨਾਲ ਨਿਵਾਜਿਆ ਗਿਆ ਹੈ।ਦੱਸਣਯੋਗ ਹੈ ਕਿ ਪੰਜਾਬ ਪੁਲਸ ਵੱਲੋਂ ਇਹ ਸਨਮਾਨ ਉਨ੍ਹਾਂ ਅਧਿਕਾਰੀਆਂ ਨੂੰ ਦਿੱਤਾ ਜਾਂਦਾ ਹੈ, ਜੋ ਸਮਾਜ ਵਿੱਚ ਅਮਨ-ਕਾਨੂੰਨ ਦੀ ਸਥਿਤੀ ਨੂੰ ਬਰਕਰਾਰ ਰੱਖਣ ਤੇ ਆਪਣੀ ਡਿਊਟੀ ਨੂੰ ਪੂਰੀ ਇਮਾਨਦਾਰੀ, ਲਗਨ ਤੇ ਤਨਦੇਹੀ ਨਾਲ ਨਿਭਾਉਂਦੇ ਹਨ।ਇਸ ਵੱਕਾਰੀ ਸਨਮਾਨ ਨੂੰ ਹਾਸਲ ਕਰਨ ਤੋਂ ਬਾਅਦ ਡੀ.ਐੱਸ.ਪੀ. ਧੂਰੀ ਗੁਰਪ੍ਰੀਤ ਸਿੰਘ ਨੇ ਪੰਜਾਬ ਪੁਲਸ ਦੇ ਡੀ.ਜੀ.ਪੀ. ਗੌਰਵ ਯਾਦਵ ਤੇ ਜ਼ਿਲ੍ਹਾ ਪੁਲਸ ਮੁਖੀ ਡਾ. ਰਵਜੋਤ ਗਰੇਵਾਲ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਪ੍ਰਗਟ ਕੀਤਾ।ਉਨ੍ਹਾਂ ਕਿਹਾ ਕਿ ਇਹ ਸਨਮਾਨ ਉਨ੍ਹਾਂ ਨੂੰ ਲੋਕ ਸੇਵਾ ਤੇ ਅਪਰਾਧ ਮੁਕਤ ਸਮਾਜ ਦੀ ਸਿਰਜਣਾ ਲਈ ਆਪਣੀ ਜ਼ਿੰਮੇਵਾਰੀ ਹੋਰ ਵੀ ਵੱਧ ਤਨਦੇਹੀ ਨਾਲ ਨਿਭਾਉਣ ਲਈ ਪ੍ਰੇਰਿਤ ਕਰੇਗਾ।

ਪਰਮਿੰਦਰ ਢੀਂਡਸਾ ਵੱਲੋਂ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਉਮੀਦਵਾਰਾਂ ਨੂੰ ਜਿਤਾਉਣ ਦਾ ਸੱਦਾ

ਸੰਗਰੂਰ (ਪ੍ਰਵੀਨ ਸਿੰਘ)- ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਸੀਨੀਅਰ ਆਗੂ ਤੇ ਸਾਬਕਾ ਵਿੱਤ ਮੰਤਰੀ ਪਰਮਿੰਦਰ ਸਿੰਘ ਢੀਂਡਸਾ ਨੇ ਨਗਰ ਕੌਂਸਲ ਚੋਣਾਂ ਦੇ ਵੋਟਰਾਂ ਨੂੰ ਆਮ ਆਦਮੀ ਪਾਰਟੀ ਨੂੰ ਹਰਾਉਣ ਦਾ ਸੱਦਾ ਦਿੰਦਿਆਂ ਕਿਹਾ ਕਿ ਭ੍ਰਿਸ਼ਟਾਚਾਰ ਵਿੱਚ ਡੁੱਬ ਚੁੱਕੀ ਇਸ ਪਾਰਟੀ ਨੂੰ ਸਬਕ ਸਿਖਾਉਣ ਦਾ ਵੇਲਾ ਹੈ।ਉਨ੍ਹਾਂ ਕਿਹਾ ਕਿ ਭਗਵੰਤ ਮਾਨ ਤੇ ਕੇਜਰੀਵਾਲ ਕੋਲ ਨਾ ਕੋਈ ਸਿਆਸੀ ਵਿਚਾਰਧਾਰਾ ਹੈ ਤੇ ਨਾ ਹੀ ਪੰਜਾਬ ਦੀ ਤਰੱਕੀ ਕਰਨ ਦਾ ਇਨ੍ਹਾਂ ਦੇ ਪੱਲੇ ਕੋਈ ਏਜੰਡਾ ਹੈ ਤੇ ਨਾ ਹੀ ਇਹ ਆਗੂ ਲੋਕ ਮੁੱਦਿਆਂ ਦੀ ਸਿਆਸਤ ਕਰਨ ਦੇ ਸਮਰੱਥ ਹਨ, ਇਨ੍ਹਾਂ ਦਾ ਕੇਵਲ ਤੇ ਕੇਵਲ ਏਜੰਡਾ ਲੋਕਾਂ ਨੂੰ ਗੁੰਮਰਾਹ ਕਰਨ ਦਾ ਹੈ।

ਉਹ ਸੁਨਾਮ, ਭਵਾਨੀਗੜ੍ਹ ਤੇ ਲੌਂਗੋਵਾਲ ਵਿਖੇ ਆਪਣੀ ਪਾਰਟੀ ਪੱਖੀ ਉਮੀਦਵਾਰਾਂ ਦੇ ਹੱਕ ਵਿੱਚ ਪ੍ਰਚਾਰ ਕਰਨ ਉਪਰੰਤ ਇਥੇ ਆਪਣੀ ਰਿਹਾਇਸ਼ ਵਿਖੇ ਪੱਤਰਕਾਰਾਂ ਨਾਲ ਗੱਲਬਾਤ ਕਰ ਰਹੇ ਸਨ। ਉਨ੍ਹਾਂ ਕਿਹਾ ਕਿ ਜਿਸ ਤਰ੍ਹਾਂ ਆਪ ਸਰਕਾਰ ਵੱਲੋਂ ਸਰਕਾਰੀ ਮਸ਼ਿਨਰੀ ਦੀ ਵਰਤੋਂ ਕੀਤੀ ਜਾ ਰਹੀ ਹੈ, ਅਜਿਹਾ ਪਹਿਲਾਂ ਕਦੇ ਵੀ ਕਿਸੇ ਸਰਕਾਰ ਵੇਲੇ ਨਹੀਂ ਹੋਇਆ। ਉਨ੍ਹਾਂ ਕਿਹਾ ਕਿ ਨਿਰਪੱਖ ਤੇ ਅਮਨ ਅਮਾਨ ਨਾਲ ਚੋਣ ਕਰਵਾਉਣ ਤੇ ਧੱਕੇਸ਼ਾਹੀ ਅਤੇ ਜ਼ਿਆਦਤੀ ਦਾ ਸਾਹਮਣਾ ਕਰਨ ਲਈ ਕਈ ਵਾਰਡਾਂ ਅੰਦਰ ਵੱਖ ਵੱਖ ਪਾਰਟੀਆਂ ਨੇ ਸਾਂਝਾਂ ਫਰੰਟ ਬਣਾਉਣਾ ਪਿਆ, ਇਹ ਵੀ ਸਰਕਾਰ ਦੇ ਜਮਹੂਰੀਅਤ ਖਿਲਾਫ ਕੀਤੇ ਜਾ ਰਹੇ ਕੋਝੇ ਯਤਨਾਂ ਦਾ ਸਬੂਤ ਹੈ। ਸ੍ਰ. ਢੀਂਡਸਾ ਨੇ ਕਿਹਾ ਕਿ ਲੋਕਾਂ ਦਾ ਅਸਲੀ ਮੁੱਦਿਆਂ ਤੋਂ ਧਿਆਨ ਹਟਾਉਣ ਲਈ ਅਜਿਹਾ ਮਾਹੌਲ ਸਿਰਜਿਆ ਜਾ ਰਿਹਾ ਹੈ।ਉਨ੍ਹਾਂ ਸਮੂਹ ਵੋਟਰਾਂ ਨੂੰ ਅਪੀਲ ਕੀਤੀ ਕਿ ਪੰਜਾਬ ਦੇ ਭਲੇ ਤੇ ਵਿਕਾਸ ਲਈ ਸ਼੍ਰੋਮਣੀ ਅਕਾਲੀ ਦਲ ਪੁਨਰ ਸੁਰਜੀਤ ਦੇ ਉਮੀਦਵਾਰਾਂ ਨੂੰ ਵੋਟਾਂ ਪਾ ਕੇ ਸਫ਼ਲ ਬਣਾਓ। ਇਸ ਮੌਕੇ ਅਮਨਵੀਰ ਸਿੰਘ ਚੈਰੀ, ਸਤਗੁਰ ਸਿੰਘ ਨਮੋਲ, ਮਲਕੀਤ ਸਿੰਘ ਚਗਾਲ ਸ਼੍ਰੋਮਣੀ ਕਮੇਟੀ ਮੈਂਬਰ, ਜੀਤ ਸਿੰਘ ਸਿੱਧੂ ਰਣਧੀਰ ਸਿੰਘ ਸਮੂਰਾਂ, ਵਰਿੰਦਰਪਾਲ ਸਿੰਘ ਟੀਟੂ, ਗੁਰਮੀਤ ਸਿੰਘ ਜੌਹਲ, ਹਰਪ੍ਰੀਤ ਸਿੰਘ ਢੀਂਡਸਾ ਤੇ ਹੋਰ ਆਗੂ ਮੌਜੂਦ ਸਨ।



ਚੇਅਰਮੈਨ ਜੁਨੇਜਾ ਨੇ ਅਮਨਦੀਪ ਕੌਰ ਦੇ ਹੱਕ 'ਚ ਕੀਤਾ ਚੋਣ ਪ੍ਰਚਾਰ

ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)- ਪੀਆਰਟੀਸੀ ਦੇ ਚੇਅਰਮੈਨ ਹਰਪਾਲ ਜੁਨੇਜਾ ਵੱਲੋਂ ਧੂਰੀ ਦੇ ਵਾਰਡ ਨੰਬਰ 9 ਵਿੱਚ ਆਮ ਆਦਮੀ ਪਾਰਟੀ ਦੀ ਉਮੀਦਵਾਰ ਅਮਨਦੀਪ ਕੌਰ ਦੇ ਹੱਕ ਵਿੱਚ ਜ਼ੋਰਦਾਰ ਚੋਣ ਪ੍ਰਚਾਰ ਕੀਤਾ ਗਿਆ।ਇਸ ਮੌਕੇ ਉਨ੍ਹਾਂ ਸ਼ਹਿਰ ਵਾਸੀਆਂ ਨੂੰ ਅਪੀਲ ਕੀਤੀ ਕਿ ਉਹ ਅਮਨਦੀਪ ਕੌਰ ਨੂੰ ਭਾਰੀ ਬਹੁਮੱਤ ਨਾਲ ਜਿਤਾ ਕੇ ਨਗਰ ਕੌਂਸਲ ਵਿੱਚ ਭੇਜਣ।ਇਸ ਦੌਰਾਨ ਸੰਬੋਧਨ ਕਰਦਿਆਂ ਹਰਪਾਲ ਜੁਨੇਜਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਵਿੱਚ ਚਹੁੰ-ਪੱਖੀ ਵਿਕਾਸ ਹੋਇਆ ਹੈ।ਉਨ੍ਹਾਂ ਕਿਹਾ ਕਿ ਇਸ ਵਿਕਾਸ ਦੇ ਆਧਾਰ 'ਤੇ ਹੀ ਪਾਰਟੀ ਵੱਲੋਂ ਨਗਰ ਕੌਂਸਲ ਚੋਣਾਂ ਵਿੱਚ ਲੋਕਾਂ ਕੋਲੋਂ ਸਮਰਥਨ ਮੰਗਿਆ ਜਾ ਰਿਹਾ ਹੈ। ਉਨ੍ਹਾਂ ਵਾਰਡ ਨੰਬਰ 9 ਦੇ ਵਸਨੀਕਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਧੂਰੀ ਸ਼ਹਿਰ ਵਿੱਚ ਪਿਛਲੇ ਚਾਰ ਸਾਲਾਂ ਦੌਰਾਨ ਹੋਏ ਵਿਕਾਸ ਕਾਰਜ ਸਭ ਦੇ ਸਾਹਮਣੇ ਹਨ ਤੇ ਬਾਕੀ ਰਹਿੰਦੇ ਕੰਮ ਮੁਕੰਮਲ ਹੋਣ ਉਪਰੰਤ ਧੂਰੀ ਸੂਬੇ ਦਾ ਇੱਕ ਮਾਡਲ ਸ਼ਹਿਰ ਬਣੇਗਾ।ਇਸ ਮੌਕੇ ਵਾਰਡ ਨੰਬਰ 9 ਦੇ ਰਾਮਗੜ੍ਹੀਆ ਪਰਵਾਰ ਨੇ ਆਮ ਆਦਮੀ ਪਾਰਟੀ ਦੇ ਉਮੀਦਵਾਰ ਅਮਨਦੀਪ ਕੌਰ ਦੇ ਹੱਕ ਵਿੱਚ ਖੁੱਲ੍ਹ ਕੇ ਸਮਰਥਨ ਦਾ ਐਲਾਨ ਕਰਦਿਆਂ ਵਿਸ਼ਵਾਸ ਜਤਾਇਆ ਕਿ ਉਹ ਵੱਡੀ ਲੀਡ ਨਾਲ ਜਿੱਤ ਦਰਜ ਕਰਨਗੇ। ਇਸ ਮੌਕੇ ਬਲਵਿੰਦਰ ਸਿੰਘ ਬਿੱਲੂ, ਸ੍ਰੀ ਰਾਮ ਇੰਟਰਨੈਸ਼ਨਲ ਸਕੂਲ ਦੇ ਡਾਇਰੈਕਟਰ ਅਭਿਨਵ ਨੇਵੀ ਗੋਇਲ, ਮੀਡੀਆ ਕੋਆਰਡੀਨੇਟਰ ਮੰਨੂ ਸ਼ਰਮਾ ਬੇਨੜਾ, ਰਣਧੀਰ ਸਿੰਘ ਧੀਰਾ ਸਮੇਤ ਵੱਡੀ ਗਿਣਤੀ ਵਿੱਚ ਆਮ ਆਦਮੀ ਪਾਰਟੀ ਦੇ ਵਰਕਰ ਤੇ ਵਾਰਡ ਨੰਬਰ 9 ਦੇ ਨਿਵਾਸੀ ਹਾਜ਼ਰ ਸਨ।

ਦਿਲਖੁਸ਼ 'ਤੇਰੇ ਲਾਰੇ' ਸਿੰਗਲ ਟਰੈਕ ਲੈ ਕੇ ਦਰਸ਼ਕਾਂ ਦੀ ਕਚਹਿਰੀ 'ਚ ਹਾਜ਼ਰ

ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)- ਪੰਜਾਬੀ ਮਿਊਜ਼ਿਕ ਇੰਡਸਟਰੀ ਵਿੱਚ ਆਪਣੀ ਵੱਖਰੀ ਪਛਾਣ ਬਣਾਉਣ ਵਾਲੇ ਦਿਲਖੁਸ਼ ਥਿੰਦ ਦਾ ਨਵਾਂ ਪ੍ਰੋਜੈਕਟ ਦਰਸ਼ਕਾਂ ਵੱਲੋਂ ਕਾਫੀ ਪਸੰਦ ਕੀਤਾ ਜਾ ਰਿਹਾ ਹੈ।ਪ੍ਰਸਿੱਧ ਗਾਇਕ ਸੁੱਖੀ ਸਿੰਘ ਦੀ ਆਵਾਜ਼ ਵਿੱਚ ਨਵਾਂ ਪੰਜਾਬੀ ਗੀਤ 'ਤੇਰੇ ਲਾਰੇ' ਰਿਲੀਜ਼ ਹੋ ਚੁੱਕਾ ਹੈ। ਇਸ ਗੀਤ ਵਿੱਚ ਦਿਲਖੁਸ਼ ਥਿੰਦ ਨੇ ਸੰਗੀਤ ਦੇਣ ਦੇ ਨਾਲ-ਨਾਲ ਵੀਡੀਓ ਵਿੱਚ ਮੁੱਖ ਕਿਰਦਾਰ ਨਿਭਾ ਕੇ ਆਪਣੀ ਅਦਾਕਾਰੀ ਦਾ ਵੀ ਲੋਹਾ ਮਨਵਾਇਆ ਹੈ।ਗੀਤ ਦੀ ਵੀਡੀਓ ਤੇ ਮਿਊਜ਼ਿਕ ਨੂੰ ਦਰਸ਼ਕਾਂ ਵੱਲੋਂ ਭਰਪੂਰ ਪਿਆਰ ਮਿਲ ਰਿਹਾ ਹੈ।ਗੀਤ ਦੇ ਬੋਲ ਬਿੰਦਰ ਡੂਮਣਾ ਵੱਲੋਂ ਲਿਖੇ ਗਏ ਹਨ, ਜਦਕਿ ਸੰਗੀਤ ਦਿਲਖੁਸ਼ ਥਿੰਦ ਨੇ ਤਿਆਰ ਕੀਤਾ ਹੈ।ਰਿਲੀਜ਼ ਤੋਂ ਬਾਅਦ ਇਹ ਗੀਤ ਸੋਸ਼ਲ ਮੀਡੀਆ 'ਤੇ ਤੇਜ਼ੀ ਨਾਲ ਵਾਇਰਲ ਹੋ ਰਿਹਾ ਹੈ ਤੇ ਯੂਥ ਵਿੱਚ ਖਾਸ ਚਰਚਾ ਦਾ ਵਿਸ਼ਾ ਬਣਿਆ ਹੋਇਆ ਹੈ।ਇਲਾਕੇ ਦੇ ਲੋਕਾਂ ਨੇ ਦਿਲਖੁਸ਼ ਥਿੰਦ ਦੀ ਇਸ ਕਾਮਯਾਬੀ 'ਤੇ ਖੁਸ਼ੀ ਜਤਾਉਂਦਿਆਂ ਕਿਹਾ ਕਿ ਗੁਰੂ ਹਰਸਹਾਏ ਦੀਆਂ ਪ੍ਰਤਿਭਾਵਾਂ ਪੰਜਾਬੀ ਇੰਡਸਟਰੀ ਵਿੱਚ ਆਪਣਾ ਵੱਡਾ ਨਾਮ ਬਣਾ ਰਹੀਆਂ ਹਨ।ਪ੍ਰਸ਼ੰਸਕਾਂ ਵੱਲੋਂ ਦਿਲਖੁਸ਼ ਥਿੰਦ ਤੇ ਸੁੱਖੀ ਸਿੰਘ ਨੂੰ ਨਵੇਂ ਗੀਤ ਲਈ ਲਗਾਤਾਰ ਵਧਾਈਆਂ ਦਿੱਤੀਆਂ ਜਾ ਰਹੀਆਂ ਹਨ।



ਸ਼ਕਤੀਜੀਤ ਸਿੰਘ ਐੱਸ ਸੀ ਸੈੱਲ ਦੇ ਚੇਅਰਮੈਨ ਨਿਯੁਕਤ

ਸੰਗਰੂਰ (ਪ੍ਰਵੀਨ ਸਿੰਘ)- ਸ਼ਕਤੀਜੀਤ ਸਿੰਘ ਵੱਲੋਂ ਪੰਜਾਬ ਦੇ ਸਾਬਕਾ ਕੈਬਨਿਟ ਮੰਤਰੀ ਸ੍ਰੀ ਵਿਜੈ ਇੰਦਰ ਸਿੰਗਲਾ ਦਾ ਧੰਨਵਾਦ ਕੀਤਾ ਗਿਆ, ਜਿਨ੍ਹਾਂ ਨੇ ਜ਼ਿਲ੍ਹਾ ਸੰਗਰੂਰ ਦੇ ਐੱਸ ਸੀ ਸੈੱਲ ਦਾ ਚੇਅਰਮੈਨ ਨਿਯੁਕਤ ਕੀਤਾ ਹੈ।ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਐੱਸ ਸੀ ਸੈੱਲ ਵੱਲੋਂ ਜ਼ਿਲ੍ਹਾ ਪੱਧਰੀ ਨਵੀਂ ਸੂਚੀ ਜਾਰੀ ਕੀਤੀ ਗਈ ਹੈ, ਜਿਸ ਵਿੱਚ ਜ਼ਿਲ੍ਹਾ ਸੰਗਰੂਰ ਦੇ ਐੱਸ ਸੀ ਸੈੱਲ ਦਾ ਜ਼ਿਲ੍ਹਾ ਚੇਅਰਮੈਨ ਸ੍ਰੀ ਸ਼ਕਤੀਜੀਤ ਸਿੰਘ ਨੂੰ ਨਿਯੁਕਤ ਕੀਤਾ ਗਿਆ ਹੈ।ਇਸ ਮੌਕੇ ਕਾਂਗਰਸੀ ਆਗੂਆਂ ਤੇ ਵਰਕਰਾਂ ਵਿੱਚ ਖੁਸ਼ੀ ਦੀ ਲਹਿਰ ਪਾਈ ਜਾ ਰਹੀ ਹੈ।ਪਾਰਟੀ ਵਰਕਰਾਂ ਨੇ ਕਿਹਾ ਕਿ ਸ੍ਰੀ ਸ਼ਕਤੀਜੀਤ ਸਿੰਘ ਲੰਬੇ ਸਮੇਂ ਤੋਂ ਪਾਰਟੀ ਦੀ ਨਿਸ਼ਠਾ ਤੇ ਇਮਾਨਦਾਰੀ ਨਾਲ ਸੇਵਾ ਕਰਦੇ ਆ ਰਹੇ ਹਨ ਤੇ ਉਨ੍ਹਾਂ ਦੀ ਨਿਯੁਕਤੀ ਨਾਲ ਸੰਗਰੂਰ ਜ਼ਿਲ੍ਹੇ ਵਿੱਚ ਐੱਸ ਸੀ ਸੈੱਲ ਹੋਰ ਮਜ਼ਬੂਤ ਹੋਵੇਗਾ।ਉਨ੍ਹਾਂ ਕਿਹਾ ਕਿ ਸ੍ਰੀ ਸ਼ਕਤੀਜੀਤ ਸਿੰਘ ਦੀ ਅਗਵਾਈ ਹੇਠ ਪਾਰਟੀ ਦੀਆਂ ਨੀਤੀਆਂ ਨੂੰ ਘਰ-ਘਰ ਤੱਕ ਪਹੁੰਚਾਇਆ ਜਾਵੇਗਾ ਤੇ ਸਮਾਜ ਦੇ ਹਰ ਵਰਗ ਦੀ ਆਵਾਜ਼ ਨੂੰ ਬੁਲੰਦ ਕੀਤਾ ਜਾਵੇਗਾ।ਸ਼ਕਤੀਜੀਤ ਸਿੰਘ ਨੇ ਪੰਜਾਬ ਦੇ ਸਾਬਕਾ ਕੈਬਨਿਟ ਮੰਤਰੀ ਸ੍ਰੀ ਵਿਜੈ ਇੰਦਰ ਸਿੰਗਲਾ ਤੇ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਉੱਚ ਆਗੂਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਪਾਰਟੀ ਵੱਲੋਂ ਦਿੱਤੀ ਗਈ ਇਸ ਜ਼ਿੰਮੇਵਾਰੀ ਨੂੰ ਪੂਰੀ ਇਮਾਨਦਾਰੀ ਤੇ ਤਨਦੇਹੀ ਨਾਲ ਨਿਭਾਇਆ ਜਾਵੇਗਾ।



ਐੱਮ ਡੀ ਪਬਲਿਕ ਹਾਈ ਸਕੂਲ 'ਚ ਪੂਲ ਪਾਰਟੀ

ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)- ਐੱਮ. ਡੀ. ਪਬਲਿਕ ਹਾਈ ਸਕੂਲ ਸੁਨਾਮ ਵਿਖੇ ਵਿਦਿਆਰਥੀਆਂ ਲਈ ਪੂਲ ਪਾਰਟੀ ਦਾ ਆਯੋਜਨ ਬੜੇ ਹੀ ਉਤਸ਼ਾਹ ਤੇ ਰੰਗਾਰੰਗ ਢੰਗ ਨਾਲ ਕੀਤਾ ਗਿਆ।ਇਸ ਸਮਾਗਮ ਦੌਰਾਨ ਸਕੂਲ ਦੇ ਬੱਚਿਆਂ ਨੇ ਪਾਣੀ ਨਾਲ ਸੰਬੰਧਤ ਵੱਖ-ਵੱਖ ਮਨੋਰੰਜਕ ਗਤੀਵਿਧੀਆਂ ਵਿੱਚ ਭਾਗ ਲਿਆ ਤੇ ਖੂਬ ਆਨੰਦ ਮਾਣਿਆ।ਸਮਾਗਮ ਦੌਰਾਨ ਬੱਚਿਆਂ ਦੀ ਸੁਰੱਖਿਆ ਦਾ ਵਿਸ਼ੇਸ਼ ਧਿਆਨ ਰੱਖਿਆ ਗਿਆ ਤੇ ਅਧਿਆਪਕਾਂ ਵੱਲੋਂ ਹਰ ਗਤੀਵਿਧੀ ਦੀ ਨਿਗਰਾਨੀ ਕੀਤੀ ਗਈ।ਰੰਗ-ਬਿਰੰਗੇ ਸਜਾਵਟੀ ਪ੍ਰਬੰਧ, ਸੰਗੀਤ ਤੇ ਮਨੋਰੰਜਕ ਖੇਡਾਂ ਨੇ ਪੂਰੇ ਮਾਹੌਲ ਨੂੰ ਖੁਸ਼ਗਵਾਰ ਬਣਾ ਦਿੱਤਾ। ਸਕੂਲ ਪ੍ਰਬੰਧਕਾਂ ਨੇ ਕਿਹਾ ਕਿ ਇਸ ਤਰ੍ਹਾਂ ਦੇ ਸਮਾਗਮ ਬੱਚਿਆਂ ਦੇ ਮਨੋਰੰਜਨ ਦੇ ਨਾਲ-ਨਾਲ ਉਨ੍ਹਾਂ ਦੇ ਆਤਮ-ਵਿਸ਼ਵਾਸ ਤੇ ਟੀਮ ਵਰਕ ਦੀ ਭਾਵਨਾ ਨੂੰ ਵੀ ਮਜ਼ਬੂਤ ਕਰਦੇ ਹਨ।ਵਿਦਿਆਰਥੀਆਂ ਨੇ ਵੀ ਇਸ ਪੂਲ ਪਾਰਟੀ ਨੂੰ ਬਹੁਤ ਹੀ ਯਾਦਗਾਰ ਤੇ ਰੋਮਾਂਚਕ ਅਨੁਭਵ ਦੱਸਿਆ।ਅੰਤ ਵਿੱਚ ਸਕੂਲ ਪ੍ਰਿੰਸੀਪਲ ਵੱਲੋਂ ਸਮੂਹ ਸਟਾਫ ਤੇ ਵਿਦਿਆਰਥੀਆਂ ਨੂੰ ਇਸ ਸਮਾਗਮ ਦੀ ਸਫਲਤਾ ਲਈ ਵਧਾਈ ਦਿੱਤੀ ਗਈ।

'ਹਰੀ ਸਿੰਘ ਢੁੱਡੀਕੇ ਦਾ ਰਚਨਾ ਸੰਸਾਰ' ਪੁਸਤਕ ਰਿਲੀਜ਼



ਜਗਰਾਓਂ (ਅਮਿਤ ਖੰਨਾ)- ਐੱਮ. ਐੱਲ. ਡੀ. ਸਕੂਲ ਤਲਵੰਡੀ ਕਲਾਂ ਵਿਖੇ ਹਰੀ ਸਿੰਘ ਢੁੱਡੀਕੇ ਦੀ ਲਿਖੀ 26ਵੀਂ ਪੁਸਤਕ ਹਰੀ ਸਿੰਘ ਢੁੱਡੀਕੇ ਦਾ ਰਚਨਾ ਸੰਸਾਰ ਰਿਲੀਜ਼ ਕੀਤੀ ਗਈ। ਇਸ ਪੁਸਤਕ ਦੀ ਸੰਪਾਦਨਾ ਪ੍ਰਿੰਸੀਪਲ ਬਲਦੇਵ ਬਾਵਾ ਨੇ ਕੀਤੀ ਹੈ।ਰਿਲੀਜ਼ ਸਮਾਰੋਹ ਮੌਕੇ ਐੱਮ. ਐੱਲ. ਡੀ. ਸਕੂਲ ਦਾ ਸਮੁੱਚਾ ਸਟਾਫ ਹਾਜ਼ਰ ਹੋਇਆ ਤੇ ਮਾਸਟਰ ਜੈਕਬ ਢੁੱਡੀਕੇ ਵਿਸ਼ੇਸ਼ ਮਹਿਮਾਨ ਵਜੋਂ ਪੁੱਜੇ।ਮੈਡਮ ਹਰਮਨਦੀਪ ਕੌਰ ਨੇ ਮਾਸਟਰ ਹਰੀ ਸਿੰਘ ਢੁੱਡੀਕੇ ਨੂੰ ਜੀ ਆਇਆਂ ਕਿਹਾ ਤੇ ਹਰੀ ਸਿੰਘ ਢੁੱਡੀਕੇ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਦੇ ਜੀਵਨ ਬਾਰੇ ਚਾਨਣਾ ਪਾਇਆ।ਪੁਸਤਕ ਦੇ ਸੰਪਾਦਕ ਬਲਦੇਵ ਬਾਵਾ ਨੂੰ ਵੀ ਵਧਾਈ ਦਿੱਤੀ।ਪ੍ਰਿੰਸੀਪਲ ਬਲਦੇਵ ਬਾਵਾ ਨੇ ਮਾਸਟਰ ਹਰੀ ਸਿੰਘ ਢੁੱਡੀਕੇ ਦੀ 26ਵੀਂ ਪੁਸਤਕ 'ਹਰੀ ਸਿੰਘ ਢੁੱਡੀਕੇ ਦਾ ਰਚਨਾ ਸੰਸਾਰ' ਰਿਲੀਜ਼ ਹੋਣ ਦੀ ਵਧਾਈ ਦਿੱਤੀ।ਉਨ੍ਹਾਂ ਕਿਹਾ ਕਿ ਇਸ ਪੁਸਤਕ ਵਿੱਚ ਹਰੀ ਸਿੰਘ ਢੁੱਡੀਕੇ ਦੀ ਕਲਮ ਤੋਂ ਲਿਖੇ ਨਾਵਲ, ਬਾਲ-ਕਾਵਿ ਸੰਗ੍ਰਹਿ, ਜੀਵਨੀਆਂ ਆਦਿ ਬਾਰੇ ਜਾਣਕਾਰੀ ਤੇ ਵੱਖ-ਵੱਖ ਲੇਖਕਾਂ ਵੱਲੋਂ ਪੁਸਤਕਾਂ ਦੀ ਕੀਤੀ ਗਈ ਸਮੀਖਿਆ ਅਤੇ ਵਿਚਾਰਾਂ ਨੂੰ ਸ਼ਾਮਲ ਕੀਤਾ ਗਿਆ ਹੈ।ਮੈਡਮ ਦਲਵੀਰ ਕੌਰ ਵਾਈਸ ਪ੍ਰਿੰਸੀਪਲ ਨੇ ਵਧਾਈ ਦਿੰਦਿਆਂ ਕਿਹਾ ਕਿ ਇਤਿਹਾਸ ਤੇ ਜਾਣਕਾਰੀ ਭਰਪੂਰ ਸਾਹਿਤ ਸਾਡੇ ਵਿਰਸੇ ਦਾ ਗੌਰਵ ਹੈ।ਅਸੀਂ ਆਪਣੀ ਅਗਲੀ ਪੀੜ੍ਹੀ ਨੂੰ ਆਪਣੇ ਗੌਰਵਮਈ ਇਤਿਹਾਸ ਤੇ ਵਿਰਸੇ ਬਾਰੇ ਜਾਣਕਾਰੀ ਦੇਣੀ ਹੈ।ਇਸ ਪੁਸਤਕ ਵਿੱਚ ਭਰਪੂਰ ਜਾਣਕਾਰੀ ਮਿਲਦੀ ਹੈ।ਇਸ ਮੌਕੇ ਮੈਡਮ ਜਸਮਿੰਦਰ ਕੌਰ, ਮੈਡਮ ਸੁਖਦੀਪ ਕੌਰ, ਮੈਡਮ ਅੰਮ੍ਰਿਤਪਾਲ ਕੌਰ, ਗੁਰਿੰਦਰਪਾਲ ਸਿੰਘ, ਗੁਰਚਰਨ ਸਿੰਘ ਤੇ ਹਰਪ੍ਰੀਤ ਸਿੰਘ ਵੱਲੋਂ ਮਾਸਟਰ ਹਰੀ ਸਿੰਘ ਢੁੱਡੀਕੇ ਤੇ ਮਾਸਟਰ ਜੈਕਬ ਜੀ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ ਅਤੇ ਮਾਸਟਰ ਜੈਕਬ ਨੇ ਵਧਾਈ ਦਿੰਦਿਆਂ ਸਮੁੱਚੇ ਸਟਾਫ ਦਾ ਧੰਨਵਾਦ ਕੀਤਾ।

ਸੰਸਕਾਰ ਵੈਲੀ ਸਮਾਰਟ ਸਕੂਲ ਵੱਲੋਂ ਹੋਣਹਾਰ ਵਿਦਿਆਰਥੀ ਤੇ ਅਧਿਆਪਕ ਸਨਮਾਨਤ

ਭਵਾਨੀਗੜ੍ਹ (ਰਾਜ ਖੁਰਮੀ)- ਸੰਸਕਾਰ ਵੈਲੀ ਸਮਾਰਟ ਸਕੂਲ ਦੀ ਮੈਨੇਜਮੈਂਟ ਵੱਲੋਂ ਆਈ.ਸੀ.ਐੱਸ.ਈ. 10ਵੀਂ ਬੋਰਡ ਪ੍ਰੀਖਿਆ 2026 ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਹੋਣਹਾਰ ਵਿਦਿਆਰਥੀਆਂ ਤੇ ਉਨ੍ਹਾਂ ਦੇ ਅਧਿਆਪਕਾਂ ਨੂੰ ਸਨਮਾਨਤ ਕਰਨ ਲਈ ਇੱਕ ਸਮਾਰੋਹ ਕਰਵਾਇਆ ਗਿਆ।ਇਸ ਮੌਕੇ ਸਕੂਲ ਪ੍ਰਬੰਧਕਾਂ ਵੱਲੋਂ ਕੁੱਲ 1 ਲੱਖ 26 ਹਜ਼ਾਰ ਰੁਪਏ ਦੇ ਨਕਦ ਇਨਾਮ ਤੇ ਟ੍ਰਾਫੀਆਂ ਵੰਡੀਆਂ ਗਈਆਂ। ਸਮਾਰੋਹ ਵਿੱਚ ਮੁੱਖ ਮਹਿਮਾਨ ਵਜੋਂ ਹਰਪਾਲ ਜੁਨੇਜਾ ਤੇ ਵਿਸ਼ੇਸ਼ ਮਹਿਮਾਨ ਵਜੋਂ ਸਤਨਾਮ ਸਿੰਘ ਸ਼ਾਮਲ ਹੋਏ।ਦੋਵਾਂ ਮਹਿਮਾਨਾਂ ਨੇ ਸਾਂਝੇ ਤੌਰ 'ਤੇ ਦੀਪ ਪ੍ਰਜਵਲਿਤ ਕਰਕੇ ਪ੍ਰੋਗਰਾਮ ਦੀ ਸ਼ੁਰੂਆਤ ਕੀਤੀ।ਸਮਾਰੋਹ ਦੌਰਾਨ ਉਨ੍ਹਾਂ ਵਿਦਿਆਰਥੀਆਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ, ਜਿਨ੍ਹਾਂ ਨੇ ਵੱਖ-ਵੱਖ ਵਿਸ਼ਿਆਂ ਵਿੱਚ 100 'ਚੋਂ 100 ਅੰਕ ਹਾਸਲ ਕੀਤੇ।ਇਸ ਦੇ ਨਾਲ ਸੰਬੰਧਤ ਅਧਿਆਪਕਾਂ ਨੂੰ ਵੀ ਉਨ੍ਹਾਂ ਦੀ ਮਿਹਨਤ ਲਈ ਨਕਦ ਇਨਾਮ ਦੇ ਕੇ ਹੌਸਲਾ ਅਫ਼ਜ਼ਾਈ ਕੀਤੀ ਗਈ।ਵਿਦਿਆਰਥੀਆਂ ਵਿੱਚ ਕੈਵਨਪ੍ਰੀਤ ਕੌਰ ਨੇ 97 ਫੀਸਦੀ ਅੰਕ ਹਾਸਲ ਕਰਕੇ ਤੇ ਤਿੰਨ ਵਿਸ਼ਿਆਂ 'ਚ ਪੂਰੇ ਅੰਕ ਪ੍ਰਾਪਤ ਕਰਕੇ 42 ਹਜ਼ਾਰ ਰੁਪਏ ਦਾ ਇਨਾਮ ਜਿੱਤਿਆ।ਇਸ ਤੋਂ ਇਲਾਵਾ ਨੈਤਿਕ ਗਰਗ ਨੂੰ 22 ਹਜ਼ਾਰ, ਅਵੀਰੀਤ ਕੌਰ ਤੇ ਹਰਸ਼ਿਤਾ ਅੱਤਰੀ ਨੂੰ 6-6 ਹਜ਼ਾਰ ਰੁਪਏ ਦੇ ਨਕਦ ਇਨਾਮ ਦਿੱਤੇ ਗਏ।ਭਵਿਖਜੀਤ ਤੇ ਲਕਸ਼ ਅਰੋੜਾ ਨੂੰ ਵਿਸ਼ੇਸ਼ ਟ੍ਰਾਫੀਆਂ ਨਾਲ ਸਨਮਾਨਤ ਕੀਤਾ ਗਿਆ। ਅਧਿਆਪਕਾਂ ਵਿੱਚ ਪੰਜਾਬੀ ਅਧਿਆਪਕਾ ਮਨਪ੍ਰੀਤ ਕੌਰ ਨੂੰ 24 ਹਜ਼ਾਰ, ਫਿਜ਼ੀਕਲ ਐਜੂਕੇਸ਼ਨ ਅਧਿਆਪਕ ਕੁਲਦੀਪ ਸਿੰਘ ਨੂੰ 12 ਹਜ਼ਾਰ ਤੇ ਇਕਨਾਮਿਕਸ ਅਧਿਆਪਕਾ ਅਮਨ ਨਿੱਝਰ ਨੂੰ 10 ਹਜ਼ਾਰ ਰੁਪਏ ਦੇ ਨਕਦ ਇਨਾਮ ਦਿੱਤੇ ਗਏ।ਇਸ ਮੌਕੇ ਸੰਬੋਧਨ ਕਰਦਿਆਂ ਹਰਪਾਲ ਜੁਨੇਜਾ ਨੇ ਸਕੂਲ ਮੈਨੇਜਮੈਂਟ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਆਮ ਤੌਰ 'ਤੇ ਸਿਰਫ਼ ਵਿਦਿਆਰਥੀਆਂ ਦੀ ਸਫ਼ਲਤਾ ਦੀ ਹੀ ਚਰਚਾ ਹੁੰਦੀ ਹੈ, ਪਰ ਸੰਸਕਾਰ ਵੈਲੀ ਸਮਾਰਟ ਸਕੂਲ ਵੱਲੋਂ ਅਧਿਆਪਕਾਂ ਦੀ ਮਿਹਨਤ ਨੂੰ ਵੀ ਮਾਣ-ਸਨਮਾਨ ਦੇਣਾ ਇੱਕ ਵਿਲੱਖਣ ਤੇ ਪ੍ਰੇਰਣਾਦਾਇਕ ਕਦਮ ਹੈ।ਡੀ ਐੱਸ ਪੀ ਸਤਨਾਮ ਸਿੰਘ ਨੇ ਵੀ ਵਿਦਿਆਰਥੀਆਂ ਨੂੰ ਉਨ੍ਹਾਂ ਦੀ ਕਾਮਯਾਬੀ ਲਈ ਵਧਾਈ ਦਿੰਦਿਆਂ ਉੱਜਵਲ ਭਵਿੱਖ ਦੀਆਂ ਸ਼ੁੱਭ-ਕਾਮਨਾਵਾਂ ਦਿੱਤੀਆਂ।ਸਕੂਲ ਦੇ ਚੇਅਰਮੈਨ ਧਰਮਵੀਰ ਗਰਗ ਨੇ ਮਹਿਮਾਨਾਂ ਤੇ ਮਾਪਿਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਸਕੂਲ ਆਪਣੇ ਵਿਦਿਆਰਥੀਆਂ ਦੇ ਭਵਿੱਖੀ ਮਾਰਗਦਰਸ਼ਨ ਲਈ ਹਮੇਸ਼ਾ ਵਚਨਬੱਧ ਰਹੇਗਾ।ਇਸ ਮੌਕੇ ਸਕੂਲ ਦੇ ਪ੍ਰੈਜ਼ੀਡੈਂਟ ਈਸ਼ਵਰ ਬਾਂਸਲ ਤੇ ਪ੍ਰਿੰਸੀਪਲ ਅਮਨ ਨਿੱਝਰ ਨੇ ਵੀ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਤੇ ਉਨ੍ਹਾਂ ਦੇ ਸੁਨਹਿਰੇ ਭਵਿੱਖ ਲਈ ਸ਼ੁੱਭ-ਕਾਮਨਾਵਾਂ ਪ੍ਰਗਟ ਕੀਤੀਆਂ।

ਪਬਲਿਕ ਕਾਲਜ ਵਿਖੇ ਅੱਤਵਾਦ ਵਿਰੋਧੀ ਦਿਵਸ ਮਨਾਇਆ

ਸਮਾਣਾ (ਗੁਰਪਿਆਰ ਸਿੰਘ ਬੱਲ)- ਰੀਜਨਲ ਡਾਇਰੈਕਟਰ ਐੱਨ.ਐੱਸ.ਐੱਸ. ਚੰਡੀਗੜ੍ਹ ਤੇ ਪੰਜਾਬੀ ਯੂਨੀਵਰਸਿਟੀ ਪਟਿਆਲਾ ਦੇ ਕੌਮੀ ਸੇਵਾ ਯੋਜਨਾ ਵਿਭਾਗ ਦੇ ਦਿਸ਼ਾ-ਨਿਰਦੇਸ਼ਾਂ ਤਹਿਤ, ਕਾਲਜ ਪ੍ਰਿੰਸੀਪਲ ਡਾ. ਹਰਕੀਰਤ ਸਿੰਘ ਦੀ ਸਰਪ੍ਰਸਤੀ ਹੇਠ ਪਬਲਿਕ ਕਾਲਜ, ਸਮਾਣਾ ਤੇ ਕਾਲਜ ਅਧੀਨ ਚਲਾਏ ਜਾ ਰਹੇ ਕਾਲਜੀਏਟ ਸਕੂਲ ਦੇ ਐੱਨ.ਐੱਸ.ਐੱਸ. ਵਿਭਾਗ ਤੇ ਐੱਨ.ਸੀ.ਸੀ. ਯੂਨਿਟ ਵੱਲੋਂ ਕਾਲਜ ਵਿਖੇ ਅੱਤਵਾਦ ਵਿਰੋਧੀ ਦਿਵਸ ਮਨਾਇਆ ਗਿਆ।ਇਸ ਮੌਕੇ ਪ੍ਰੋ. ਅਸ਼ਵਨੀ ਕੁਮਾਰ ਨੇ ਇਸ ਦਿਨ ਦੀ ਮਹੱਤਤਾ ਬਾਰੇ ਆਪਣੇ ਵਿਚਾਰ ਪੇਸ਼ ਕੀਤੇ।ਵਿਦਿਆਰਥੀਆਂ ਨੇ ਅੱਤਵਾਦ ਜਿਹੀਆਂ ਕੁਰੀਤੀਆਂ ਦੇ ਖਿਲਾਫ ਸਹੁੰ ਚੁੱਕੀ।ਇਸ ਪ੍ਰੋਗਰਾਮ ਵਿੱਚ 120 ਦੇ ਕਰੀਬ ਐੱਨ.ਐੱਸ.ਐੱਸ. ਵਲੰਟੀਅਰਜ਼ ਨੇ ਵੱਧ-ਚੜ੍ਹ ਕੇ ਭਾਗ ਲਿਆ।ਇਸ ਮੌਕੇ ਐੱਨ.ਐੱਨ.ਐੱਸ. ਪ੍ਰੋਗਰਾਮ ਅਫਸਰ ਪ੍ਰੋ. ਸੋਨੂੰ ਜੈਨ, ਡਾ. ਕੁਲਜੀਤ ਕੌਰ, ਪ੍ਰੋ. ਹਮਿਤ ਕੁਮਾਰ, ਡਾ. ਸ਼ੇਰ ਸਿੰਘ, ਪ੍ਰੋ. ਸ਼ੰਟੀ ਕੁਮਾਰ, ਪ੍ਰੋ. ਅਸ਼ਵਨੀ ਕੁਮਾਰ, ਐੱਨ.ਸੀ.ਸੀ. ਅਫਸਰ ਲੈਫਟੀਨੈਂਟ ਡਾ. ਅਨਿਲ ਕੁਮਾਰ ਤੋਂ ਇਲਾਵਾ ਪ੍ਰੋ. ਬਲਵਿੰਦਰ ਸਿੰਘ ਤੇ ਪ੍ਰੋ. ਪਰਮਜੀਤ ਕੌਰ ਮੌਜੂਦ ਰਹੇ।



ਸਹਿਕਾਰੀ ਖੰਡ ਮਿੱਲ ਸ਼ੇਰੋਂ ਵਿਖੇ ਲੱਗਾ ਪੱਕਾ ਮੋਰਚਾ ਚੌਥੇ ਦਿਨ 'ਚ ਦਾਖਲ

ਵਲਟੋਹਾ (ਰਣਜੀਤ ਸਿੰਘ)-ਸੰਯੁਕਤ ਕਿਸਾਨ ਮੋਰਚਾ ਜ਼ਿਲ੍ਹਾ ਤਰਨ ਤਾਰਨ ਵਿੱਚ ਕੰਮ ਕਰਦੀਆਂ ਵੱਖ-ਵੱਖ ਕਿਸਾਨ ਜਥੇਬੰਦੀਆਂ ਅਤੇ ਖੰਡ ਮਿੱਲ ਬਚਾਓ ਮੋਰਚਾ ਸ਼ੇਰੋਂ ਵੱਲੋਂ ਦਿਨ ਰਾਤ ਪੱਕਾ ਮੋਰਚਾ ਚੌਥੇ ਦਿਨ ਵੀ ਜਾਰੀ ਰਿਹਾ।ਮੋਰਚੇ ਨੂੰ ਸੰਬੋਧਨ ਕਰਦਿਆਂ ਸੰਯੁਕਤ ਕਿਸਾਨ ਮੋਰਚਾ ਸੂਬਾਈ ਆਗੂ ਹਰਜਿੰਦਰ ਸਿੰਘ ਟਾਂਡਾ, ਸੁਖਦੇਵ ਸਿੰਘ ਮਾਨੋਚਾਹਲ, ਮਨਜੀਤ ਸਿੰਘ ਬੱਗੂ, ਨਛੱਤਰ ਸਿੰਘ ਪੰਨੂੰ, ਸੁਖਬਾਜ ਸਿੰਘ ਸਿੱਧੂ, ਜੱਸਾ ਸਿੰਘ ਕੱਦਗਿਲ, ਅਮੋਲਕ ਸਿੰਘ ਆਦਿ ਕਿਸਾਨ ਆਗੂਆਂ ਨੇ ਕਿਹਾ ਕਿ ਪੰਜਾਬ ਸਰਕਾਰ ਬੇਹੱਦ ਧੱਕੇਸ਼ਾਹੀ ਨਾਲ ਕਿਸਾਨਾਂ ਦੇ ਸ਼ੇਅਰਾਂ ਨਾਲ ਬਣੀ ਸੰਪਤੀ ਦੀ ਮਾਲਕੀ ਬਦਲਣ ਦੀ ਕੋਸ਼ਿਸ਼ ਕਰ ਰਹੀ ਹੈ ਜਿਸ ਦਾ ਕਿਸਾਨ ਵੱਡੀ ਪੱਧਰ ਤੇ ਵਿਰੋਧ ਕਰਦੇ ਹਨ ਅਤੇ ਕਿਸੇ ਕੀਮਤ 'ਤੇ ਵੀ ਮਿੱਲ ਦੀ ਮਾਲਕੀ ਨੂੰ ਬਦਲਣ ਨਹੀਂ ਦਿੱਤਾ ਜਾਏਗਾ।

ਇੱਕ ਵੱਖਰੇ ਮਤੇ ਰਾਹੀਂ ਕਿਸਾਨਾਂ ਵੱਲੋਂ ਪੰਜਾਬ ਸਰਕਾਰ ਨੂੰ ਅਪੀਲ ਕੀਤੀ ਗਈ ਕਿ ਉਹ ਬੰਬੀਆਂ ਦੀਆਂ ਮੋਟਰਾਂ ਲਈ ਵੀਡੀਐੱਸ ਸਕੀਮ ਸ਼ੁਰੂ ਕਰੇ ਤਾਂ ਜੋ ਕਿਸਾਨਾਂ ਨੂੰ ਪ੍ਰਤੀ ਹਾਰਸ ਪਾਵਰ ਵੱਧ ਖਰਚਾ ਨਾ ਕਰਨਾ ਪਵੇ।ਅੱਜ ਦੇ ਧਰਨੇ ਵਿੱਚ ਹੋਰਨਾਂ ਤੋ ਇਲਾਵਾ ਅਜੈਬ ਸਿੰਘ ਅਲਾਦੀਨਪੁਰ, ਕੈਪਟਨ ਸਿੰਘ ਬਗਿਆੜੀ, ਵਿਰਸਾ ਸਿੰਘ ਸਰਹਾਲੀ ਖੁਰਦ, ਕੱਥਾ ਸਿੰਘ ਮੁਗਲ ਚੱਕ, ਗੁਰਪ੍ਰਤਾਪ ਸਿੰਘ ਗੰਜਾ, ਖਜਾਨ ਸਿੰਘ ਸਰਪੰਚ, ਦਲਬੀਰ ਸਿੰਘ ਬੇਦਾਦਪੁਰ, ਬਲਕਾਰ ਸਿੰਘ ਬੇਦਾਦਪੁਰ, ਕਸ਼ਮੀਰ ਸਿੰਘ ਬਤਾਲਾ, ਬਚਿੱਤਰ ਸਿੰਘ ਕੰਮੋਕੇ, ਸੁਖਦੇਵ ਸਿੰਘ ਕੰਮੋਕੇ, ਲੱਖਾ ਸਿੰਘ ਠੱਠੀਆਂ, ਤਰਸੇਮ ਸਿੰਘ ਠੱਠੀਆਂ, ਗੁਰਦੇਵ ਸਿੰਘ ਠੱਠੀਆਂ, ਮਾਸਟਰ ਲਾਡੀ ਠੱਠੀਆਂ, ਰੇਸ਼ਮ ਸਿੰਘ ਫੇਲੋਕੇ, ਹਰਜਿੰਦਰ ਸਿੰਘ ਗੰਡੀਵਿੰਡ, ਜਗੀਰ ਸਿੰਘ ਗੰਡੀਵਿੰਡ, ਸੁਰਖਣ ਸਿੰਘ ਤੁੜ, ਅੰਮ੍ਰਿਤਪਾਲ ਸਿੰਘ ਚੌਧਰੀ ਵਾਲਾ, ਕੈਪਟਨ ਸਿੰਘ ਕਾਹਲਵਾਂ, ਖੁਸ਼ਬੀਰ ਸਿੰਘ ਕਾਹਲਵਾਂ, ਹਰਪ੍ਰੀਤ ਸਿੰਘ ਤੁੜ, ਪਰਮਜੀਤ ਸਿੰਘ ਖਡੂਰ ਸਾਹਿਬ, ਕੇਹਰ ਸਿੰਘ, ਬੂਟਾ ਸਿੰਘ ਮੁਗਲ ਚੱਕ, ਇੰਦਰਜੀਤ ਮਰਹਾਣਾ, ਤਰਲੋਚਨ ਸਿੰਘ ਪ੍ਰੀਤਫੀਡ, ਜੱਸਾ ਸਿੰਘ ਕੱਦਗਿਲ, ਹਰਜਿੰਦਰ ਸਿੰਘ ਪਹਿਲਵਾਨ ਗੰਡੀਵਿੰਡ ਅਤੇ ਪਿੰਡ ਵਾਸੀਆਂ ਵੱਲੋਂ ਅਮਰੀਕ ਸਿੰਘ ਫੌਜੀ, ਬਲਦੇਵ ਸਿੰਘ, ਸੁਖਦੇਵ ਸਿੰਘ, ਸਕੱਤਰ ਸਿੰਘ, ਗੁਰਪ੍ਰੀਤ ਸਿੰਘ, ਸੁਖਦੇਵ ਸਿੰਘ, ਅੰਗਰੇਜ ਸਿੰਘ, ਕਸ਼ਮੀਰ ਸਿੰਘ, ਸੁਰਮਖ ਸਿੰਘ, ਬਲਕਾਰ ਸਿੰਘ, ਜਸਬੀਰ ਸਿੰਘ ਆਦਿ ਕਿਸਾਨਾ ਨੇ ਸੰਬੋਧਨ ਕੀਤਾ।

ਕੇਂਦਰ ਦੀਆਂ ਕਿਸਾਨ ਤੇ ਮਜ਼ਦੂਰ ਮਾਰੂ ਨੀਤੀਆਂ 'ਤੇ ਕੀਤਾ ਅਹਿਮ ਵਿਚਾਰ-ਵਟਾਂਦਰਾ

ਗੁਰਦਾਸਪੁਰ (ਜਨਕ ਮਹਾਜਨ)-ਕਿਸਾਨ ਮਜ਼ਦੂਰ ਸੰਘਰਸ਼ ਕਮੇਟੀ ਪੰਜਾਬ ਦੇ ਜ਼ਿਲ੍ਹਾ ਗੁਰਦਾਸਪੁਰ ਦੇ ਜ਼ੋਨ ਬਾਬਾ ਮਸਤੂ ਜੀ ਦੇ ਜ਼ੋਨ ਪ੍ਰਧਾਨ ਅਨੂਪ ਸਿੰਘ ਸੁਲਤਾਨੀ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿੱਚ ਵਿਸ਼ੇਸ਼ ਤੌਰ 'ਤੇ ਸੂਬਾ ਆਗੂ ਸਵਿੰਦਰ ਸਿੰਘ ਚੁਤਾਲਾ ਅਤੇ ਜ਼ਿਲ੍ਹਾ ਪ੍ਰੈੱਸ ਸਕੱਤਰ ਸੁਖਦੇਵ ਸਿੰਘ ਅੱਲੜ ਪਿੰਡੀ ਨੇ ਪਿੰਡ ਵਰਿਆਂਹ ਦੇ ਗੁਰਦੁਆਰਾ ਸਾਹਿਬ ਵਿੱਚ ਹੋਈ ਮੀਟਿੰਗ ਵਿੱਚ ਜਥੇਬੰਦੀ ਦੇ ਫੰਡ ਅਤੇ ਹੋਰ ਚੱਲ ਰਹੇ ਕੰਮਾਂ ਬਾਰੇ ਅਤੇ ਆਉਣ ਵਾਲੇ ਪ੍ਰੋਗਰਾਮਾਂ ਬਾਰੇ ਅਹਿਮ ਵਿਚਾਰਾਂ ਹੋਈਆਂ।ਸੂਬਾ ਆਗੂ ਸਵਿੰਦਰ ਸਿੰਘ ਚੁਤਾਲਾ ਨੇ ਕੇਂਦਰ ਸਰਕਾਰ ਦੀਆਂ ਕਿਸਾਨ ਮਜ਼ਦੂਰ ਮਾਰੂ ਨੀਤੀਆਂ ਬਾਰੇ ਦੱਸਿਆ ਕਿ ਕਿਵੇਂ ਬੀਜ ਸੰਸੋਧਣ ਬਿੱਲ 2025 ਬਿਜਲੀ ਸੋਧ ਬਿੱਲ 2025 ਲਿਆ ਕੇ ਅਤੇ ਸਰਕਾਰ ਅਮਰੀਕਾ ਨਾਲ ਕਰ ਮੁਕਤ ਕਰਕੇ ਦੇਸ਼ ਦੀ ਮੰਡੀ ਮੁਫ਼ਤ ਵਿੱਚ ਅਮਰੀਕਾ ਦੇ ਹਵਾਲੇ ਕਰਨ ਜਾ ਰਹੀ ਹੈ ਜਿਸ ਨਾਲ ਦੇਸ਼ ਦੇ ਕਿਸਾਨਾਂ ਤੇ ਮਜ਼ਦੂਰਾਂ ਦਾ ਭਵਿੱਖ ਤਬਾਹੀ ਵੱਲ ਵਧੇਗਾ। ਇਸਦੇ ਨਾਲ ਹੀ ਭਗਵੰਤ ਸਰਕਾਰ ਨੇ ਜੋ ਵਾਅਦੇ ਕੀਤੇ ਸੀ, ਅਤੇ ਸ਼ੰਭੂ ਖਨੌਰੀ ਬਾਰਡਰ ਤੋਂ ਜ਼ਬਰਦਸਤੀ ਧਰਨਾ ਚੁਕਾਉਣ ਤੇ ਹੋਏ ਨੁਕਸਾਨ ਦੀ ਭਰਪਾਈ ਕਰਨ ਨੂੰ ਲੈ ਕੇ ਮੀਟਿੰਗ ਤੋਂ ਵਾਰ ਵਾਰ ਭੱਜ ਰਹੀ ਹੈ।ਚੱਲ ਰਹੇ ਸੰਘਰਸ਼ਾਂ ਦੌਰਾਨ ਕਿਸਾਨਾਂ, ਮਜ਼ਦੂਰਾਂ 'ਤੇ ਹੋਏ ਪਰਚਿਆਂ ਨੂੰ ਲੈ ਕੇ ਆਉਣ ਵਾਲੇ ਸਮੇਂ ਵਿੱਚ ਵੱਡੇ ਸੰਘਰਸ਼ਾਂ ਵਾਸਤੇ ਤਿਆਰ ਰਹਿਣ ਲਈ ਕਿਹਾ ਗਿਆ ਹੈ।ਇਸ ਮੌਕੇ ਚੁਤਾਲਾ, ਜ਼ੋਨ ਸਕੱਤਰ ਕੁਲਜੀਤ ਸਿੰਘ, ਬਖਸ਼ੀਸ਼ ਸਿੰਘ ਸੁਲਤਾਨੀ, ਅਮਰੀਕ ਸਿੰਘ ਹਯਾਤ ਨਗਰ, ਜਤਿੰਦਰ ਸਿੰਘ ਚੀਮਾ, ਸੁੱਚਾ ਸਿੰਘ, ਅਰਜੁਨ ਸਿੰਘ ਵਰਿਆਂ, ਸੋਹਣ ਸਿੰਘ ਕਾਲਾ ਨੰਗਲ, ਗੁਰਪ੍ਰੀਤ ਸਿੰਘ, ਉਂਕਾਰ ਸਿੰਘ, ਜਸਦੇਵ ਸਿੰਘ, ਰਮਨ ਜੀਤ ਕੌਰ, ਕੁਲਵੰਤ ਕੌਰ ਕਾਲਾ ਨੰਗਲ, ਕੁਲਵੰਤ ਸਿੰਘ, ਬਲਜੀਤ ਕੌਰ ਸੈਨਪੁਰ, ਰਾਮ ਮੂਰਤੀ ਉਮਰਪੁਰ, ਸਤਨਾਮ ਸਿੰਘ ਮਦੇਪੁਰ, ਕਸ਼ਮੀਰ ਸਿੰਘ ਹੇਮਰਾਜਪੁਰ, ਸਤਿੰਦਰ ਪਾਲ ਤੁੰਗ ਅਤੇ ਹੋਰ ਵੀ ਵੱਡੀ ਗਿਣਤੀ ਵਿੱਚ ਕਿਸਾਨ, ਮਜ਼ਦੂਰ ਵੀਰ ਅਤੇ ਬੀਬੀਆਂ ਬੀਬੀ ਰਮਨਦੀਪ ਕੌਰ, ਬੀਬੀ ਮਨਜਿੰਦਰ ਕੌਰ ਅਤੇ ਬੀਬੀ ਸੁਖਦੇਵ ਕੌਰ ਆਦਿ ਹਾਜ਼ਰ ਸਨ।

ਦਲ ਬਦਲੂ ਰਾਜਸੀ ਲੀਡਰਾਂ ਵਾਂਗ ਕੁੱਝ ਪੱਤਰਕਾਰਾਂ ਦਾ ਵੀ ਮਰ ਰਿਹਾ ਜ਼ਮੀਰ

■ ਇੱਕ ਯੂਨੀਅਨ ਨੂੰ ਛੱਡ ਕੇ ਦੂਜੀ 'ਚ ਜਾਣ ਲੱਗੇ ਮਿੰਟ ਨਹੀਂ ਲਾਉਂਦੇ

ਝਬਾਲ, (ਹਰਜਿੰਦਰ ਸਿੰਘ ਸੋਨੀ)-ਦਲ ਬਦਲੂ ਰਾਜਸੀ ਲੀਡਰਾਂ ਵਾਂਗ ਕੁੱਝ ਪੱਤਰਕਾਰਾਂ ਦਾ ਵੀ ਜ਼ਮੀਰ ਮਰ ਰਿਹਾ। ਇੱਕ ਯੂਨੀਅਨ ਨੂੰ ਛੱਡ ਕੇ ਦੂਜੀ ਯੂਨੀਅਨ ਵਿੱਚ ਜਾਣ ਲੱਗੇ ਮਿੰਟ ਨਹੀਂ ਲਾਉਂਦੇ। ਜੀ ਹਾਂ, ਗੱਲ ਕਰ ਰਹੇ ਲੋਕਤੰਤਰ ਦਾ ਚੌਥਾ ਥੰਮ੍ਹ ਅਖਵਾਉਣ ਵਾਲੇ ਅਜੋਕੇ ਪੱਤਰਕਾਰ ਭਾਈਚਾਰੇ ਦੀ, ਜਿੱਥੇ ਪੜ੍ਹੇ-ਲਿਖੇ ਪੁਰਾਣੇ ਸੀਨੀਅਰ ਤੇ ਸੁਲਝੇ ਪੱਤਰਕਾਰ ਪੱਤਰਕਾਰੀ ਕਰਦੇ ਹੋਏ ਆਪਣੇ ਸਟੈਂਡ 'ਤੇ ਕਾਇਮ ਰਹਿੰਦਿਆਂ ਲੰਮੇ ਸਮੇਂ ਤੋਂ ਪੁਰਾਣੀਆਂ ਯੂਨੀਅਨਾਂ ਵਿੱਚ ਰਹਿ ਕੇ ਆਪਣਾ ਜ਼ਮੀਰ ਤੇ ਆਪਣੀ ਸ਼ਾਨ ਬਰਕਰਾਰ ਰੱਖ ਕੇ ਸਨਮਾਨਯੋਗ ਪੱਤਰਕਾਰੀ ਕਰ ਰਹੇ ਹਨ ਤੇ ਯੂਨੀਅਨਾਂ ਵੀ ਉਨ੍ਹਾਂ ਦਾ ਹਰ ਦੁੱਖ ਸੁੱਖ ਵੇਲੇ ਹਰ ਮੁਸ਼ਕਿਲ ਦੀ ਘੜੀ ਵਿੱਚ ਪੂਰਾ-ਪੂਰਾ ਸਾਥ ਦਿੰਦੀਆਂ ਹਨ ਪਰ ਉਥੇ ਹੀ ਜਿਨ੍ਹਾਂ ਨੂੰ ਖ਼ਬਰ ਵੀ ਨਹੀਂ ਲਿਖਣੀ ਆਉਂਦੀ ਤੇ ਪੱਤਰਕਾਰੀ ਦਾ ਊੜਾ ਐੜਾ ਵੀ ਨਾ ਜਾਨਣ ਵਾਲੇ ਥਾਣਿਆਂ ਵਿੱਚ ਜਾ ਕੇ ਵਿਚੋਲੇ ਬਣ ਕੇ ਜ਼ਰਾਇਮ ਪੇਸ਼ਾ ਲੋਕਾਂ ਅਤੇ ਪੁਲਸ ਵਿਚਕਾਰ ਸੌਦੇਬਾਜ਼ੀਆਂ ਕਰਾਉਣ ਵਾਲੇ ਫੋਕੀ ਸ਼ੋਹਰਤ ਖੱਟਣ ਵਾਲੇ ਪੱਤਰਕਾਰ ਕਿਸੇ ਨਵੀਂ ਯੂਨੀਅਨ ਵਿੱਚ ਸ਼ਾਮਿਲ ਹੋਣ ਦੀਆਂ ਖਬਰਾਂ ਬੜੇ ਚਾਅ ਨਾਲ ਆਪਣੇ ਗਰੁੱਪਾਂ 'ਚ, ਫੇਸਬੁੱਕ ਪੇਜਾਂ 'ਤੇ ਸ਼ਾਨ ਨਾਲ ਪਾਉਂਦੇ ਹਨ।ਦੋ ਚਾਰ ਦਿਨਾਂ ਬਾਅਦ ਉਹੀ ਪੱਤਰਕਾਰ ਆਪਣੇ ਜ਼ਮੀਰ ਦਾ ਗਲ੍ਹਾ ਘੁੱਟਦਿਆਂ ਉਸੇ ਯੂਨੀਅਨ ਨੂੰ ਤਿਆਗ ਕੇ ਨਵੀਂ ਬਣੀ ਯੂਨੀਅਨ ਵਿੱਚ ਸ਼ਾਮਿਲ ਹੋਣ ਦਾ ਡਰਾਮਾ ਰਚ ਕੇ ਬੜੇ ਚਾਅ ਨਾਲ ਲੱਗੀਆਂ ਖਬਰਾਂ ਆਪਣੇ ਪੇਜਾਂ 'ਤੇ ਪਾ ਕੇ ਆਪਣੇ ਆਪ ਨੂੰ ਬੜੇ ਨਾਮਵਰ ਪੱਤਰਕਾਰ ਅਖਵਾਉਂਦੇ ਹਨ ਜਿਸ ਕਰਕੇ ਲੋਕਾਂ ਵਿੱਚ ਪੱਤਰਕਾਰਤਾ ਦਾ ਜਨਾਜ਼ਾ ਨਿਕਲਦਾ ਹੈ।ਜਦਕਿ ਪੱਤਰਕਾਰਤਾ ਦੇ ਪੇਸ਼ੇ ਨੂੰ ਲੋਕਾਂ ਦੀਆਂ ਨਜ਼ਰਾਂ ਵਿੱਚ ਕਿਸੇ ਨਾਲ ਹੋਈ ਵਧੀਕੀ ਕਾਰਨ ਪੀੜਤ ਨੂੰ ਇਨਸਾਫ਼ ਦਿਵਾਉਣ, ਜਨਤਕ ਮੁਸ਼ਕਿਲਾਂ ਨੂੰ ਸਰਕਾਰੇ ਦਰਬਾਰੇ ਸਾਹਮਣੇ ਲਿਆਉਣ ਦੇ ਨਾਲ-ਨਾਲ ਸਾਫ ਸੁਥਰੇ, ਸਨਮਾਨਜਨਕ ਪੇਸ਼ੇ ਵਜੋਂ ਵੇਖਿਆ ਜਾਂਦਾ ਹੈ।ਚਲੋ ਕੁੱਝ ਧਰਵਾਸਾ ਜ਼ਰੂਰ ਹੁੰਦਾ ਇਹ ਵੇਖ ਕੇ ਕਿ ਅੱਜ ਵੀ ਅਜਿਹੇ ਪੱਤਰਕਾਰ ਮੌਜੂਦ ਹਨ ਜੋ ਪੱਤਰਕਾਰਤਾ ਦੇ ਪੇਸ਼ੇ ਨੂੰ ਸਨਮਾਨਜਨਕ ਤੌਰ 'ਤੇ ਨਿਭਾਉਂਦਿਆਂ ਪੱਤਰਕਾਰੀ ਕਰ ਰਹੇ ਹਨ ਪਰ ਕੁਝ ਪੱਤਰਕਾਰਾਂ ਨੂੰ ਛੱਡ ਕੇ ਜ਼ਿਆਦਾ ਤੌਰ 'ਤੇ ਪੱਤਰਕਾਰ ਕਿਸੇ ਵਿਭਾਗ ਦੇ ਅਧਿਕਾਰੀ ਜਾਂ ਕਰਮਚਾਰੀ 'ਤੇ ਰੋਹਬ ਪਾਉਣ, ਡਰਾਉਣ, ਬਲੈਕਮੇਲ ਕਰਨ ਜਾਂ ਪੀਲੀ ਪੱਤਰਕਾਰੀ ਨੂੰ ਅਪਨਾ ਕੇ ਪੱਤਰਕਾਰਤਾ ਦੇ ਪਵਿੱਤਰ ਪੇਸ਼ੇ ਨੂੰ ਬਦਨਾਮ ਕਰਨ ਵਿੱਚ ਕੋਈ ਕਸਰ ਨਹੀਂ ਛੱਡਦੇ।

ਸੋ ਪੱਤਰਕਾਰ ਸਾਥੀਓ! ਇੱਕ ਦੂਜੇ ਦੀਆਂ ਲੱਤਾਂ ਨਾ ਖਿੱਚੋ।ਜੋ ਚੰਗੇ ਅਕਸ ਵਾਲੇ ਪੱਤਰਕਾਰ ਹਨ ਉਨ੍ਹਾਂ ਤੋਂ ਸੇਧ ਲੈ ਕੇ ਸਾਫ ਸੁਥਰੀ ਪੱਤਰਕਾਰੀ ਕਰੋ ਅਤੇ ਫੋਕੀ ਚੌਧਰ ਲਈ ਆਏ ਦਿਨ ਇੱਕ ਯੂਨੀਅਨ ਛੱਡ ਕੇ ਦੂਸਰੀ ਯੂਨੀਅਨ ਵਿੱਚ 'ਚ ਜਾ ਕੇ ਲੋਕਾਂ ਵਿੱਚ ਆਪਣੀ ਹਾਸੋਹੀਣੀ ਸਥਿਤੀ ਬਣਾਉਣ ਤੋਂ ਗੁਰੇਜ਼ ਕਰੋ ਕਿਉਂਕਿ ਲੋਕ ਚੰਗੀ ਤਰ੍ਹਾਂ ਜਾਣਦੇ ਹਨ ਕਿ ਕਿਹੜਾ ਪੱਤਰਕਾਰ ਸਹੀ ਤੇ ਕਿਹੜਾ ਪੱਤਰਕਾਰ ਗਲਤ ਹੈ।

ਰੈਲੀ ਤੋਂ ਪਰਤ ਰਹੇ ਦੋ ਚਚੇਰੇ ਭਰਾਵਾਂ 'ਤੇ ਤੇਜ਼ਧਾਰ ਹਥਿਆਰਾਂ ਨਾਲ ਜਾਨਲੇਵਾ ਹਮਲਾ

ਡੇਰਾ ਬੱਸੀ (ਵਿਨੈ ਕੁਮਾਰ ਜੈਨ)

ਡੇਰਾਬੱਸੀ ਦੀ ਪੁਰਾਣੀ ਅਕਾਲੀ ਮਾਰਕੀਟ ਨੇੜੇ ਚੋਣ ਰੈਲੀ ਤੋਂ ਵਾਪਸ ਆ ਰਹੇ ਦੋ ਚਚੇਰੇ ਭਰਾਵਾਂ 'ਤੇ ਕੁਝ ਨੌਜਵਾਨਾਂ ਵੱਲੋਂ ਤੇਜ਼ਧਾਰ ਹਥਿਆਰਾਂ ਨਾਲ ਜਾਨ ਲੇਵਾ ਹਮਲਾ ਕਰਨ ਦਾ ਸਨਸਨੀਖੇਜ਼ ਮਾਮਲਾ ਸਾਹਮਣੇ ਆਇਆ ਹੈ।ਹਮਲਾਵਰਾਂ ਨੇ ਪੀੜਤਾਂ ਦੇ ਮੋਟਰਸਾਈਕਲ ਦੀ ਵੀ ਬੁਰੀ ਤਰ੍ਹਾਂ ਭੰਨਤੋੜ ਕੀਤੀ।ਇਸ ਮਾਮਲੇ ਵਿੱਚ ਥਾਣਾ ਡੇਰਾਬੱਸੀ ਪੁਲਿਸ ਨੇ 7 ਨਾਮਜ਼ਦ ਅਤੇ 2-3 ਅਣਪਛਾਤੇ ਨੌਜਵਾਨਾਂ ਖਿਲਾਫ ਭਾਰਤੀ ਨਿਆਏ ਸੰਹਿਤਾ ਦੀਆਂ ਸੰਗੀਨ ਧਾਰਾਵਾਂ ਤਹਿਤ ਮੁਕੱਦਮਾ ਦਰਜ ਕਰ ਲਿਆ ਹੈ।ਮਿਲੀ ਜਾਣਕਾਰੀ ਮੁਤਾਬਕ ਇਸ ਝਗੜੇ ਪਿੱਛੇ ਪੁਰਾਣੀ ਰੰਜਿਸ਼ ਦੱਸੀ ਜਾ ਰਹੀ ਹੈ।ਇਸ ਤੋਂ ਪਹਿਲਾਂ ਕਰੀਬ ਤਿੰਨ ਮਹੀਨੇ ਪਹਿਲਾਂ ਵੀ ਜੈਨ ਸਕੂਲ ਡੇਰਾਬੱਸੀ ਦੇ ਬਾਹਰ ਪੀੜਤਾਂ 'ਤੇ ਹਮਲਾ ਕੀਤਾ ਗਿਆ ਸੀ।ਪੁਲਿਸ ਕੋਲ ਦਰਜ ਬਿਆਨਾਂ ਵਿੱਚ ਹਰਸ਼ਪ੍ਰੀਤ ਸਿੰਘ (ਵਾਸੀ ਪਿੰਡ ਮਹਿਮਦਪੁਰ) ਨੇ ਦੱਸਿਆ ਕਿ 22 ਮਈ ਦੀ ਸ਼ਾਮ ਉਹ ਆਪਣੇ ਚਚੇਰੇ ਭਰਾ ਮੇਜਰ ਸਿੰਘ (ਲਾਡੀ) ਨਾਲ ਆਮ ਆਦਮੀ ਪਾਰਟੀ (ਆਪ) ਦੀ ਰੈਲੀ ਤੋਂ ਪਰਤ ਰਿਹਾ ਸੀ। ਜਦੋਂ ਉਹ ਅਕਾਲੀ ਮਾਰਕੀਟ ਕੋਲ ਪਹੁੰਚੇ ਤਾਂ ਤਲਵਾਰਾਂ, ਗੰਡਾਸੀਆਂ ਅਤੇ ਲੋਹੇ ਦੀਆਂ ਰਾਡਾਂ ਨਾਲ ਲੈਸ ਮੁਲਜ਼ਮਾਂ ਨੇ ਉਨ੍ਹਾਂ ਨੂੰ ਘੇਰ ਲਿਆ ਅਤੇ ਅੰਨ੍ਹੇਵਾਹ ਹਮਲਾ ਕਰ ਦਿੱਤਾ। ਰੌਲਾ ਪਾਉਣ 'ਤੇ ਮੁਲਜ਼ਮ ਜਾਨੋਂ ਮਾਰਨ ਦੀਆਂ ਧਮਕੀਆਂ ਦਿੰਦੇ ਹੋਏ ਫਰਾਰ ਹੋ ਗਏ। ਦੋਵਾਂ ਜ਼ਖ਼ਮੀਆਂ ਨੂੰ ਗੰਭੀਰ ਹਾਲਤ ਵਿੱਚ ਚੰਡੀਗੜ੍ਹ ਦੇ ਸੈਕਟਰ-32 ਹਸਪਤਾਲ ਦਾਖਲ ਕਰਵਾਇਆ ਗਿਆ ਹੈ।

ਜਾਂਚ ਅਧਿਕਾਰੀ ਸਹਾਇਕ ਥਾਣੇਦਾਰ ਮੁਕੇਸ਼ ਕੁਮਾਰ ਅਨੁਸਾਰ ਨਵਜੋਤ ਸੈਣੀ (ਹੈਬਤਪੁਰ ਰੋਡ), ਹਰਸ਼ ਵੈਰਾਗੀ (ਗੁਲਾਬਗੜ੍ਹ ਰੋਡ), ਰੁਬਲ ਤੇ ਅਮਨ (ਪਿੰਡ ਸੈਦਪੁਰਾ), ਬੱਲੀ, ਹੈਰੀ ਤੇ ਖਾਰੀ (ਵਾਸੀ ਪਿੰਡ ਪਰਾਗਪੁਰ) ਸਮੇਤ ਹੋਰਾਂ ਖਿਲਾਫ ਮਾਮਲਾ ਦਰਜ ਕੀਤਾ ਗਿਆ ਹੈ। ਪੁਲਿਸ ਵੱਲੋਂ ਮੁਲਜ਼ਮਾਂ ਦੀ ਗ੍ਰਿਫ਼ਤਾਰੀ ਲਈ ਛਾਪੇਮਾਰੀ ਜਾਰੀ ਹੈ।

ਕਾਮਰੇਡ ਜੀਤ ਰਾਜ ਨੂੰ ਸ਼ਰਧਾਂਜਲੀਆਂ ਭੇਟ

ਛੇਹਰਟਾ/ਖਾਸਾ/ਝਬਾਲ, (ਮਨੋਜ ਕੁਮਾਰ/ਸ਼ਸ਼ਪਾਲ ਸਿੰਘ/ਹਰਜਿੰਦਰ ਸਿੰਘ ਸੋਨੀ) : ਸੈਂਟਰ ਫਾਰ ਇੰਡੀਅਨ ਟਰੇਡ ਯੂਨੀਅਨ (ਸੀਟੂ) ਦੇ ਜ਼ਿਲ੍ਹਾ ਪ੍ਰਧਾਨ ਕਾਮਰੇਡ ਜੀਤ ਰਾਜ ਦੀਆਂ ਅੰਤਿਮ ਰਸਮਾਂ ਤੇ ਸ਼ਰਧਾਂਜਲੀ ਸਮਾਗਮ ਮੌਕੇ ਵੱਖ-ਵੱਖ ਟਰੇਡ ਯੂਨੀਅਨਾਂ ਦੇ ਸੀਨੀਅਰ ਆਗੂਆਂ, ਜਨਤਕ ਜਥੇਬੰਦੀਆਂ ਤੇ ਵੱਡੀ ਗਿਣਤੀ ਵਿਚ ਪੁੱਜੇ ਮਜ਼ਦੂਰਾਂ ਨੇ ਵਿਛੜੇ ਆਗੂ ਨੂੰ ਨਿੱਘੀ ਤੇ ਕ੍ਰਾਂਤੀਕਾਰੀ ਸ਼ਰਧਾਂਜਲੀ ਭੇਟ ਕੀਤੀ।

ਸਮਾਗਮ ਦੌਰਾਨ ਬੁਲਾਰਿਆਂ ਨੇ ਕਾਮਰੇਡ ਜੀਤ ਰਾਜ ਦੇ ਸੰਘਰਸ਼ਮਈ ਜੀਵਨ 'ਤੇ ਚਾਨਣਾ ਪਾਉਂਦਿਆਂ ਕਿਹਾ ਕਿ ਉਨ੍ਹਾਂ ਨੇ ਆਪਣੀ ਸਾਰੀ ਜ਼ਿੰਦਗੀ ਲਤਾੜੇ ਅਤੇ ਮਜ਼ਦੂਰ ਵਰਗ ਦੇ ਹੱਕਾਂ ਦੀ ਰਾਖੀ ਦੇ ਲੇਖੇ ਲਾ ਦਿੱਤੀ। ਮਜ਼ਦੂਰ ਲਹਿਰ ਨੂੰ ਮਜ਼ਬੂਤ ਕਰਨ ਦੌਰਾਨ ਉਨ੍ਹਾਂ ਨੂੰ ਕਈ ਵਾਰ ਜੇਲ੍ਹ ਯਾਤਰਾ ਵੀ ਕਰਨੀ ਪਈ, ਪਰ ਉਹ ਕਦੇ ਵੀ ਆਪਣੇ ਸਿਧਾਂਤਾਂ ਤੇ ਫ਼ਰਜ਼ਾਂ ਤੋਂ ਪਿੱਛੇ ਨਹੀਂ ਹਟੇ।

ਬੁਲਾਰਿਆਂ ਨੇ ਕਿਹਾ ਕਿ ਪੰਜਾਬ ਵਿਚ ਅੱਤਵਾਦ ਦੇ ਕਾਲੇ ਦੌਰ ਦੌਰਾਨ ਵੀ ਕਾਮਰੇਡ ਜੀਤ ਰਾਜ ਨੇ ਦੇਸ਼ ਵਿਰੋਧੀ ਤਾਕਤਾਂ ਦੇ ਖ਼ਿਲਾਫ਼ ਡੱਟ ਕੇ ਸਟੈਂਡ ਲਿਆ ਤੇ ਸੂਬੇ ਵਿਚ ਅਮਨ-ਸ਼ਾਂਤੀ ਤੇ ਭਾਈਚਾਰਕ ਸਾਂਝ ਬਹਾਲ ਕਰਨ ਵਿਚ ਅਹਿਮ ਇਤਿਹਾਸਕ ਯੋਗਦਾਨ ਪਾਇਆ।

ਇਸ ਦੁੱਖ ਦੀ ਘੜੀ ਵਿਚ ਪਰਿਵਾਰ ਤੇ ਜਥੇਬੰਦੀ ਨਾਲ ਹਮਦਰਦੀ ਪ੍ਰਗਟ ਕਰਦਿਆਂ ਸੀਟੂ ਦੇ ਸੂਬਾਈ ਜਨਰਲ ਸਕੱਤਰ ਕਾਮਰੇਡ ਮਹਾਂ ਸਿੰਘ ਰੌੜੀ, ਜ਼ਿਲ੍ਹਾ ਸਕੱਤਰ ਕਾਮਰੇਡ ਸੁੱਚਾ ਸਿੰਘ ਅਜਨਾਲਾ, ਸੀ. ਟੀ. ਯੂ. ਦੇ ਆਗੂ ਜਗਤਾਰ ਸਿੰਘ ਕਰਮਪੁਰਾ, ਸੀਪੀਆਈ (ਐੱਮ. ਐੱਲ.) ਦੇ ਬਲਬੀਰ ਸਿੰਘ ਝਾਮਕਾ, ਏਟਕ ਦੇ ਕਾਮਰੇਡ ਅਮਰਜੀਤ ਸਿੰਘ ਆਸਲ, ਕੰਵਲਜੀਤ ਕੌਰ, ਜਸਬੀਰ ਸਿੰਘ ਝਬਾਲ, ਚਰਨਜੀਤ ਸਿੰਘ ਮਜੀਠਾ, ਰਣਜੀਤ ਬੱਲ ਤੇ ਨਰਿੰਦਰ ਧੰਜਲ ਨੇ ਸੰਬੋਧਨ ਕੀਤਾ ਅਤੇ ਕਾਮਰੇਡ ਜੀਤ ਰਾਜ ਦੇ ਅਧੂਰੇ ਕਾਰਜਾਂ ਨੂੰ ਅੱਗੇ ਵਧਾਉਣ ਦਾ ਅਹਿਦ ਲਿਆ।

ਇਸ ਮੌਕੇ ਮਰਹੂਮ ਆਗੂ ਨੂੰ ਨਮਨ ਕਰਨ ਲਈ ਸਵਿੰਦਰ ਸਿੰਘ ਮੀਰਾਂਕੋਟ, ਨਰਿੰਦਰਪਾਲ ਚਮਿਆਰੀ, ਡਾ. ਕਵਲਜੀਤ ਕੌਰ, ਵਿਜੇ ਕੁਮਾਰ, ਪ੍ਰਤਾਪ ਸਿੰਘ, ਗੁਰਦੀਪ ਬੁਤਾਲਾ, ਮਨਜੀਤ ਉਬਰਾਏ, ਭੁਪਿੰਦਰਜੀਤ ਛੀਨਾ, ਸਰੋਜ ਬਾਲਾ, ਰਾਜਾ ਰਾਮ, ਮਨਦੀਪ ਖਿਆਲਾ, ਪੂਜਾ, ਮਹਿੰਦਰ ਖਹਿਰਾ, ਸੁਵਿੰਦਰ ਸਿੰਘ ਸਿੱਧੂ, ਚਰਨ ਸਿੰਘ, ਕਿਰਪਾ ਰਾਮ, ਮੋਹਨ ਲਾਲ ਤੇ ਧਰਮਪਾਲ ਸਮੇਤ ਭਰਵੀਂ ਗਿਣਤੀ ਵਿਚ ਸਾਥੀ ਤੇ ਹਮਦਰਦ ਹਾਜ਼ਰ ਸਨ।

ਸੇਵਾ ਕੇਂਦਰ ਅੱਜ ਤੋਂ ਸਵੇਰੇ 7:30 ਤੋਂ ਦੁਪਹਿਰ 3:30 ਵਜੇ ਤੱਕ ਖੁੱਲ੍ਹਣਗੇ

ਪਠਾਨਕੋਟ, (ਦਵਿੰਦਰ ਸਿੰਘ)-ਪੰਜਾਬ ਵਿੱਚ ਪੈ ਰਹੀ ਭਿਆਨਕ ਗਰਮੀ (ਹੀਟ ਵੇਵ) ਅਤੇ ਪੰਜਾਬ ਸਰਕਾਰ ਵੱਲੋਂ ਦਫ਼ਤਰੀ ਸਮਿਆਂ ਵਿੱਚ ਕੀਤੇ ਬਦਲਾਅ ਨੂੰ ਧਿਆਨ ਵਿੱਚ ਰੱਖਦਿਆਂ ਲੋਕਾਂ ਦੀ ਸਹੂਲਤ ਲਈ ਸੇਵਾ ਕੇਂਦਰਾਂ ਦੇ ਕੰਮਕਾਜ ਦੇ ਸਮੇਂ ਵਿੱਚ ਤਬਦੀਲੀ ਕੀਤੀ ਗਈ ਹੈ।ਇਹ ਜਾਣਕਾਰੀ ਡਾ. ਪੱਲਵੀ ਡਿਪਟੀ ਕਮਿਸ਼ਨਰ ਪਠਾਨਕੋਟ ਵੱਲੋਂ ਦਿੱਤੀ ਗਈ। ਡਿਪਟੀ ਕਮਿਸ਼ਨਰ ਪਠਾਨਕੋਟ ਵੱਲੋਂ ਇੱਕ ਹੁਕਮ ਜਾਰੀ ਕਰਦਿਆਂ ਕਿਹਾ ਗਿਆ ਕਿ ਜ਼ਿਲ੍ਹਾ ਪਠਾਨਕੋਟ ਦੇ ਸਾਰੇ ਸੇਵਾ ਕੇਂਦਰਾਂ ਦੇ ਨਵੇਂ ਸਮੇਂ 25 ਮਈ 2026 ਤੋਂ ਲਾਗੂ ਹੋਣਗੇ।ਪਹਿਲਾਂ ਸੇਵਾ ਕੇਂਦਰਾਂ ਦਾ ਸਮਾਂ ਸਵੇਰੇ 9:00 ਵਜੇ ਤੋਂ ਸ਼ਾਮ 5:00 ਵਜੇ ਤੱਕ ਸੀ, ਜਿਸ ਨੂੰ ਹੁਣ ਬਦਲ ਕੇ ਸਵੇਰੇ 7:30 ਵਜੇ ਤੋਂ ਦੁਪਹਿਰ 3:30 ਵਜੇ ਤੱਕ ਕਰ ਦਿੱਤਾ ਗਿਆ ਹੈ।ਇਹ ਨਵੇਂ ਸਮੇਂ ਅਗਲੇ ਹੁਕਮਾਂ ਤੱਕ ਜਾਂ ਪੰਜਾਬ ਸਟੇਟ ਈ-ਗਵਰਨੈਂਸ ਸੋਸਾਇਟੀ ਵੱਲੋਂ ਹੋਰ ਨਿਰਦੇਸ਼ ਜਾਰੀ ਹੋਣ ਤੱਕ ਲਾਗੂ ਰਹਿਣਗੇ।

ਬੀ ਐੱਡ ਪ੍ਰਵੇਸ਼ ਪ੍ਰੀਖਿਆ ਲਈ ਮੁਫਤ ਕੋਚਿੰਗ ਸ਼ੁਰੂ: ਚਾਹਲ

ਧਾਰੀਵਾਲ, (ਮਨਦੀਪ ਵਿੱਕੀ)-ਬਾਬਾ ਬੰਦਾ ਸਿੰਘ ਬਹਾਦਰ ਕਾਲਜ ਆਫ ਐਜੂਕੇਸ਼ਨ ਧਾਰੀਵਾਲ ਵਿਖੇ ਬੀ.ਐੱਡ. ਪ੍ਰਵੇਸ਼ ਪ੍ਰੀਖਿਆ ਲਈ ਮੁਫ਼ਤ ਕੋਚਿੰਗ ਸ਼ੁਰੂ ਹੋ ਗਈ ਹੈ, ਜਿਸ ਲਈ ਹੈਲਪ ਡੈਸਕ ਸਥਾਪਿਤ ਕੀਤਾ ਗਿਆ ਹੈ।ਇਹ ਕੋਚਿੰਗ ਕਲਾਸਾਂ ਰੋਜ਼ਾਨਾ ਅਤੇ ਮੁਫਤ ਪ੍ਰਦਾਨ ਕੀਤੀਆਂ ਜਾਂਦੀਆਂ ਹਨ।ਇਸ ਸੰਬੰਧੀ ਵਿਦਿਆਰਥੀਆਂ ਵਿੱਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ।ਇਸ ਸੰਬੰਧੀ ਬਾਬਾ ਬੰਦਾ ਸਿੰਘ ਬਹਾਦਰ ਕਾਲਜ ਦੇ ਚੇਅਰਮੈਨ ਅਮਰਜੀਤ ਸਿੰਘ ਚਾਹਲ ਨੇ ਕਿਹਾ ਕਿ ਇਸ ਸਾਲ ਵੀ ਵਿਦਿਆਰਥੀ ਕਾਲਜ ਵਿਖੇ ਰਾਬਤਾ ਕਾਇਮ ਕਰਕੇ ਸਰਕਾਰ ਵੱਲੋਂ ਕਰਵਾਏ ਜਾ ਰਹੇ ਪ੍ਰਵੇਸ਼ ਪ੍ਰੀਖਿਆ ਲਈ ਮੁਫਤ ਕੋਚਿੰਗ ਕਲਾਸਾਂ ਪ੍ਰਾਪਤ ਕਰ ਰਹੇ ਹਨ ਜਿਸ ਦਾ ਵਿਦਿਆਰਥੀ ਪੂਰਾ ਲਾਭ ਲੈ ਰਹੇ ਹਨ।ਉਨ੍ਹਾਂ ਕਿਹਾ ਕਿ ਜੋ ਵਿਦਿਆਰਥੀ ਮੁਫਤ ਕੋਚਿੰਗ ਕਲਾਸਾਂ ਵਿੱਚ ਸ਼ਾਮਿਲ ਹੋਣਾ ਚਾਹੁੰਦੇ ਹਨ, ਉਹ ਬਾਬਾ ਬੰਦਾ ਸਿੰਘ ਬਹਾਦਰ ਕਾਲਜ ਵਿੱਚ ਸਥਿਤ ਹੈਲਪ ਡੈਸਕ ਨਾਲ ਸੰਪਰਕ ਕਰ ਸਕਦੇ ਹਨ ਅਤੇ ਨਾਲ ਹੀ ਕਾਲਜ ਵਿਖੇ ਬੀ.ਐੱਡ. ਕੋਰਸ ਕਰਨ ਲਈ ਆਨਲਾਈਨ-ਆਫਲਾਈਨ ਰਜਿਸਟਰੇਸ਼ਨ ਵੀ ਕਰਵਾ ਸਕਦੇ ਹਨ।ਕਿਸੇ ਵੀ ਪ੍ਰਕਾਰ ਦੀ ਦਾਖਲੇ ਸਬੰਧੀ ਜਾਣਕਾਰੀ ਲਈ ਇਹਨਾਂ ਨੰਬਰਾਂ 'ਤੇ ਸੰਪਰਕ ਕੀਤਾ ਜਾ ਸਕਦਾ ਹੈ: 8437069000।ਧਾਰੀਵਾਲ ਦੇ ਨਾਲ ਲੱਗਦੇ ਇਲਾਕਾ ਨਿਵਾਸੀਆਂ ਲਈ ਇਹ ਕਾਲਜ ਇੱਕ ਵਧੀਆ ਵਿਕਲਪ ਹੈ ਜੋ ਕਿ ਯਾਤਾਯਾਤ ਸੰਬੰਧਿਤ ਸਾਰੀਆਂ ਸਹੂਲਤਾਂ ਨਾਲ ਲੈਸ ਹੈ।ਕਾਲਜ ਮੇਨ ਰੋਡ ਉੱਪਰ ਸਥਿਤ ਹੋਣ ਕਰਕੇ ਅਤੇ ਸ਼ਹਿਰੀ ਆਬਾਦੀ ਤੋਂ ਦੂਰ ਸਾਫ-ਸੁਥਰਾ ਕੈਂਪਸ ਵਧੀਆ ਸਿੱਖਿਆ ਅਤੇ ਤਕਨੀਕੀ ਵਿੱਦਿਆ ਕਾਰਨ ਵਿਦਿਆਰਥੀਆਂ ਦੀ ਪਹਿਲੀ ਪਸੰਦ ਬਣਿਆ ਹੋਇਆ ਹੈ।ਵਿਦਿਆਰਥੀਆਂ ਨੂੰ ਮਾਹਿਰ ਅਧਿਆਪਕਾਂ ਅਤੇ ਮੈਨੇਜਮੈਂਟ ਵੱਲੋਂ ਪੂਰਾ ਸਹਿਯੋਗ ਦਿੱਤਾ ਜਾਂਦਾ ਹੈ।ਉਨ੍ਹਾਂ ਨੂੰ ਭਵਿੱਖ ਵਿੱਚ ਰੋਜ਼ਗਾਰ ਪ੍ਰਾਪਤੀ ਸਬੰਧੀ ਗਾਈਡੈਂਸ ਵੀ ਮੁਹੱਈਆ ਕਰਵਾਈ ਜਾਂਦੀ ਹੈ।ਸਾਡਾ ਨਤੀਜਾ 100% ਰਹਿੰਦਾ ਹੈ।

ਬੀਬਾ ਰਮਨਦੀਪ ਕੌਰ ਦਾ ਕਾਫਲਾ ਦਿਨੋਂ-ਦਿਨ ਵੱਡਾ ਹੋ ਰਿਹਾ: ਭੈਲ



ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)-ਵਿਧਾਨ ਸਭਾ ਹਲਕਾ ਖਡੂਰ ਸਾਹਿਬ ਤੋਂ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਅਵਤਾਰ ਸਿੰਘ ਬਿੱਲਾ ਸ਼ੇਰੋਂ ਦੀ ਧਰਮ ਪਤਨੀ ਤੇ ਹਲਕਾ ਇੰਚਾਰਜ ਬੀਬਾ ਰਮਨਦੀਪ ਕੌਰ ਦਾ ਕਾਫ਼ਲਾ ਦਿਨ-ਬ-ਦਿਨ ਵੱਡਾ ਹੁੰਦਾ ਜਾ ਰਿਹਾ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਸੁਖਰਾਜ ਬਹਾਦਰ ਸਿੰਘ ਰਾਜਾ ਭੈਲ ਸਾਬਕਾ ਸਰਪੰਚ ਨੇ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ।ਉਨ੍ਹਾਂ ਕਿਹਾ ਕਿ ਬੀਬਾ ਰਮਨਦੀਪ ਕੌਰ ਨੂੰ ਜਦੋਂ ਦਾ ਹਲਕਾ ਇੰਚਾਰਜ ਲਗਾਇਆ ਗਿਆ ਹੈ ਉਦੋਂ ਤੋਂ ਹੀ ਪਾਰਟੀ ਵਰਕਰਾਂ ਵਿਚ ਪੂਰਾ ਉਤਸ਼ਾਹ ਹੈ ਅਤੇ ਲੋਕ ਧੜਾਧੜ ਸ਼੍ਰੋਮਣੀ ਅਕਾਲੀ ਦਲ ਵਿਚ ਸ਼ਾਮਿਲ ਹੋ ਰਹੇ ਹਨ।ਉਨ੍ਹਾਂ ਕਿਹਾ ਕਿ ਹਲਕੇ ਦੀ ਸਮੁੱਚੀ ਅਕਾਲੀ ਲੀਡਰਸ਼ਿਪ ਪੂਰੀ ਤਨਦੇਹੀ ਨਾਲ ਅਕਾਲੀ ਦਲ ਅਤੇ ਬੀਬਾ ਰਮਨਦੀਪ ਕੌਰ ਦੇ ਹੱਥ ਮਜ਼ਬੂਤ ਕਰ ਰਹੇ ਹਨ।ਉਨ੍ਹਾਂ ਕਿਹਾ ਕਿ ਅਕਾਲੀ ਦਲ ਅਤੇ ਬੀਬਾ ਰਮਨਦੀਪ ਕੌਰ ਨੂੰ ਹਲਕੇ ਦੇ ਲੋਕ ਮਾਣ ਸਤਿਕਾਰ ਦੇ ਰਹੇ ਹਨ।ਸ. ਭੈਲ ਨੇ ਕਿਹਾ ਕਿ ਹਲਕਾ ਖਡੂਰ ਸਾਹਿਬ ਦੀ ਸੀਟ 2027 ਵਿਚ ਸ਼ਾਨ ਨਾਲ ਜਿੱਤ ਕੇ ਅਕਾਲੀ ਦਲ ਦੀ ਝੋਲੀ ਪਾਈ ਜਾਵੇਗੀ।

ਰਵਜੋਤ ਸਿੰਘ ਵੱਲੋਂ ਟਿਊਬਵੈੱਲ ਦਾ ਉਦਘਾਟਨ

ਹੁਸ਼ਿਆਰਪੁਰ/ਹਰਿਆਣਾ/ਸ਼ਾਮਚੁਰਾਸੀ (ਬਲਵੀਰ ਸਿੰਘ ਸੈਣੀ)-ਪੰਜਾਬ ਸਰਕਾਰ ਦੇ ਐੱਨ ਆਰ ਆਈ ਤੇ ਜੇਲ੍ਹ ਮੰਤਰੀ ਡਾ. ਰਵਜੋਤ ਸਿੰਘ ਵੱਲੋਂ ਵਿਧਾਨ ਸਭਾ ਹਲਕਾ ਸ਼ਾਮਚੁਰਾਸੀ ਵਿੱਚ ਪੈਂਦੇ ਪਿੰਡ ਟੈਂਟਪਾਲਾ ਵਿਖੇ ਪਿੰਡ ਵਾਸੀਆਂ ਦੀਆਂ ਮੁੱਢਲੀਆਂ ਸਹੂਲਤਾਂ ਨੂੰ ਹੋਰ ਮਜ਼ਬੂਤ ਕਰਨ ਕਰਦਿਆਂ ਨਵੇਂ ਪੀਣ ਵਾਲੇ ਪਾਣੀ ਦੇ ਟਿਊਬਵੈੱਲ ਦਾ ਉਦਘਾਟਨ ਕੀਤਾ ਗਿਆ ਅਤੇ 2 ਕਿਲੋਮੀਟਰ ਲੰਬੀ ਨਵੀਂ ਸੜਕ ਦੇ ਨਿਰਮਾਣ ਕਾਰਜ ਨੂੰ ਸ਼ੁਰੂ ਕਰਵਾਇਆ। ਇਸ ਮੌਕੇ ਮੰਤਰੀ ਡਾ. ਰਵਜੋਤ ਸਿੰਘ ਵੱਲੋਂ ਪਿੰਡ ਟੈਂਟਪਾਲਾ ਅਤੇ ਰੋੜਾ ਦੀਆਂ ਪੰਚਾਇਤਾਂ ਨੂੰ ਵਿਕਾਸ ਕਾਰਜਾਂ ਲਈ ਚੈੱਕ ਵੀ ਸੌਂਪੇ ਗਏ। ਇਸ ਮੌਕੇ ਮੰਤਰੀ ਡਾਕਟਰ ਰਵਜੋਤ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਪਿੰਡਾਂ ਦਾ ਵਿਕਾਸ ਹੀ ਸਰਕਾਰ ਦੀ ਪਹਿਲ ਹੈ ਤੇ ਹਰ ਪਿੰਡ ਤੱਕ ਸਾਫ਼ ਪੀਣ ਵਾਲਾ ਪਾਣੀ, ਵਧੀਆ ਸੜਕਾਂ ਅਤੇ ਹੋਰ ਜ਼ਰੂਰੀ ਸਹੂਲਤਾਂ ਪਹੁੰਚਾਉਣ ਲਈ ਲਗਾਤਾਰ ਕੰਮ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਨਵੇਂ ਟਿਊਬਵੈੱਲ ਦੇ ਸ਼ੁਰੂ ਹੋਣ ਨਾਲ ਪਿੰਡ ਵਾਸੀਆਂ ਨੂੰ ਸਾਫ਼ ਪਾਣੀ ਮਿਲੇਗਾ, ਜਿਸ ਨਾਲ ਕਈ ਸਾਲਾਂ ਤੋਂ ਆ ਰਹੀ ਪਾਣੀ ਦੀ ਸਮੱਸਿਆ ਦਾ ਹੱਲ ਹੋਵੇਗਾ। ਇਸੇ ਤਰ੍ਹਾਂ ਨਵੀਂ ਸੜਕ ਬਣਨ ਨਾਲ ਪਿੰਡ ਦੇ ਲੋਕਾਂ ਨੂੰ ਆਵਾਜਾਈ ਵਿੱਚ ਵੱਡੀ ਸਹੂਲਤ ਮਿਲੇਗੀ ਅਤੇ ਪਿੰਡ ਦੀ ਆਵਾਜਾਈ ਹੋਰ ਮਜ਼ਬੂਤ ਹੋਵੇਗੀ।

ਮੁਰਗੀ ਪਾਲਣ ਸਬੰਧੀ ਸੱਤ ਦਿਨਾ ਕਿੱਤਾ-ਮੁਖੀ ਸਿਖਲਾਈ ਕੋਰਸ ਕਰਵਾਇਆ

ਮਜੀਠਾ (ਸੋਇਮ ਆਨੰਦ)-ਪੰਜਾਬ ਖੇਤੀਬਾੜੀ ਯੂਨੀਵਰਸਿਟੀ (ਪੀ.ਏ.ਯੂ.) ਅਤੇ ਆਈ. ਸੀ. ਏ. ਆਰ., ਅਟਾਰੀ, ਜ਼ੋਨ-1, ਲੁਧਿਆਣਾ ਦੇ ਸਹਿਯੋਗ ਨਾਲ ਕ੍ਰਿਸ਼ੀ ਵਿਗਿਆਨ ਕੇਂਦਰ ਅੰਮ੍ਰਿਤਸਰ ਵਿਖੇ 11 ਮਈ ਤੋਂ 19 ਮਈ ਤੱਕ ਮੁਰਗੀ ਪਾਲਣ ਸੰਬੰਧੀ 7 ਦਿਨਾ ਕਿੱਤਾ ਮੁਖੀ ਸਿਖਲਾਈ ਕੋਰਸ ਕਰਵਾਇਆ ਗਿਆ ਜਿਸ ਵਿੱਚ ਅੰਮ੍ਰਿਤਸਰ, ਤਰਨ ਤਾਰਨ, ਗੁਰਦਾਸਪੁਰ ਅਤੇ ਕਪੂਰਥਲਾ ਜ਼ਿਲ੍ਹਿਆਂ ਦੇ ਕਰੀਬ 70 ਕਿਸਾਨ ਵੀਰਾਂ, ਕਿਸਾਨ ਬੀਬੀਆਂ ਅਤੇ ਪੇਂਡੂ ਨੌਜਵਾਨਾਂ ਨੇ ਭਾਗ ਲਿਆ।ਇਸ ਸਿਖਲਾਈ ਕੋਰਸ ਵਿੱਚ ਡਾ. ਬਿਕਰਮਜੀਤ ਸਿੰਘ, ਸਹਿਯੋਗੀ ਨਿਰਦੇਸ਼ਕ (ਸਿਖਲਾਈ), ਕੇ. ਵੀ. ਕੇ, ਅੰਮ੍ਰਿਤਸਰ ਨੇ ਭਾਗ ਲੈਣ ਵਾਲੇ ਸਿਖਿਆਰਥੀਆਂ ਦਾ ਨਿੱਘਾ ਸੁਆਗਤ ਕੀਤਾ ਅਤੇ ਕੇ. ਵੀ. ਕੇ. ਦੇ ਕੰਮਕਾਜ ਬਾਰੇ ਜਾਣਕਾਰੀ ਦਿੱਤੀ।

ਉਨ੍ਹਾਂ ਨੇ ਖੇਤੀਬਾੜੀ ਵਿੱਚ ਸਹਾਇਕ ਕਿੱਤੇ ਵੱਜੋਂ ਮੁਰਗੀ ਪਾਲਣ ਦੇ ਮਹੱਤਵ ਬਾਰੇ ਚਾਨਣਾ ਪਾਇਆ ਅਤੇ ਸਿਖਿਆਰਥੀਆਂ ਨੂੰ ਆਮਦਨ ਅਤੇ ਰੁਜ਼ਗਾਰ ਪੈਦਾ ਕਰਨ ਲਈ ਮੁਰਗੀ ਪਾਲਣ ਦੇ ਧੰਦੇ ਨੂੰ ਅਪਣਾਉਣ ਲਈ ਪ੍ਰੇਰਿਤ ਕੀਤਾ।ਉਨ੍ਹਾਂ ਕਿਸਾਨਾਂ ਨੂੰ ਕੇ. ਵੀ. ਕੇ. ਵੱਲੋਂ ਦਿੱਤੀਆਂ ਜਾ ਰਹੀਆਂ ਸੇਵਾਵਾਂ ਦਾ ਵੱਧ ਤੋਂ ਵੱਧ ਲਾਭ ਉਠਾਉਣ ਦੀ ਵੀ ਅਪੀਲ ਕੀਤੀ।ਡਾ. ਕੰਵਰਪਾਲ ਸਿੰਘ ਢਿੱਲੋਂ, ਸਹਾਇਕ ਪ੍ਰੋਫੈਸਰ (ਪਸ਼ੂ ਵਿਗਿਆਨ), ਕੇ. ਵੀ. ਕੇ., ਅੰਮ੍ਰਿਤਸਰ, ਕੋਰਸ ਕੋਆਰਡੀਨੇਟਰ ਨੇ ਕਿਸਾਨਾਂ ਨੂੰ ਘਰੇਲੂ ਜਾਂ ਵਪਾਰਕ ਪੱਧਰ ਤੇ ਸਫਲ ਵਿਗਿਆਨਕ ਢੰਗ ਨਾਲ ਮੁਰਗੀ ਪਾਲਣ ਕਰਨ ਲਈ ਵੱਖ-ਵੱਖ ਵਿਸ਼ਿਆਂ 'ਤੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਜਿਸ ਵਿੱਚ ਯੂਨੀਵਰਸਿਟੀ ਵਿੱਚ ਉਪਲੱਬਧ ਪੋਲਟਰੀ ਦੀਆਂ ਕਿਸਮਾਂ, ਅੰਡਿਆਂ ਦੀ ਹੈਚਿੰਗ ਅਤੇ ਹੈਚਰੀ ਪ੍ਰਬੰਧਨ, ਚੂਜ਼ਿਆਂ ਦਾ ਪਾਲਣ-ਪੋਸ਼ਣ, ਰਿਹਾਇਸ਼ ਅਤੇ ਸਾਜ਼ੋ-ਸਾਮਾਨ, ਖੁਰਾਕ ਦੇਣੀ, ਮੁਰਗੀਆਂ, ਬਰਾਇਲਰ ਦਾ ਪਾਲਣ ਪ੍ਰਬੰਧ, ਬੈਕਯਾਰਡ ਮੁਰਗੀ ਪਾਲਣ, ਅੰਡਿਆਂ ਦਾ ਮੰਡੀਕਰਨ, ਮੁਰਗੀ ਪਾਲਣ ਦੀ ਆਰਥਿਕਤਾ, ਮੁਰਗੀਖਾਨੇ ਦਾ ਰਿਕਾਰਡ ਰੱਖਣਾ, ਟੀਕਾਕਰਨ ਪ੍ਰੋਗਰਾਮ, ਗਰਮੀਆਂ ਅਤੇ ਸਰਦੀਆਂ ਅਨੁਸਾਰ ਵਿਉਂਤਬੰਦੀ, ਪੋਲਟਰੀ ਫਾਰਮ ਵਿੱਚ ਵਰਤੇ ਜਾਣ ਵਾਲੇ ਬਾਇਓਸਕਿਓਰਿਟੀ ਦੇ ਉਪਰਾਲੇ, ਮੁਰਗੀਆਂ ਦੀਆਂ ਬਿਮਾਰੀਆਂ ਅਤੇ ਉਨ੍ਹਾਂ ਦੀ ਰੋਕਥਾਮ ਸ਼ਾਮਿਲ ਸਨ।

ਪ੍ਰਵਾਸੀ ਲੜਕੀ ਦੀ ਭੇਤ ਭਰੇ ਹਾਲਾਤ 'ਚ ਮੌਤ

ਗੁਰਦਾਸਪੁਰ (ਜਨਕ ਮਹਾਜਨ)-ਬੇਰੀਆਂ ਮੁਹੱਲੇ ਦੇ ਇੱਕ ਘਰ ਵਿੱਚ 15 ਵਰ੍ਹਿਆਂ ਦੀ ਪ੍ਰਵਾਸੀ ਲੜਕੀ ਦੀ ਭੇਤ ਭਰੇ ਹਾਲਾਤ ਵਿੱਚ ਮੌਤ ਹੋਣ ਦੀ ਖਬਰ ਸਾਹਮਣੇ ਆਈ ਹੈ।ਸਿਮਰਨ ਪੁੱਤਰੀ ਰਾਜੂ ਦੇ ਗਲੇ 'ਤੇ ਕੁਝ ਨਿਸ਼ਾਨ ਵੀ ਨਜ਼ਰ ਆ ਰਹੇ ਹਨ।ਪਰਿਵਾਰ ਦਾ ਕਹਿਣਾ ਹੈ ਕਿ ਲੜਕੀ ਵੱਲੋਂ ਪੱਖੇ ਨਾਲ ਫਾਹਾ ਲੈ ਕੇ ਆਤਮ ਹੱਤਿਆ ਕੀਤੀ ਗਈ ਹੈ।ਲੜਕੀ ਦੇ ਭਰਾ ਦਾ ਕਹਿਣਾ ਹੈ ਕਿ ਜਦੋਂ ਉਹ ਕੰਮ ਤੋਂ ਵਾਪਸ ਆਇਆ ਤਾਂ ਲੜਕੀ ਦਾ ਕਮਰਾ ਬੰਦ ਸੀ। ਜਦੋਂ ਅੰਦਰ ਜਾ ਕੇ ਦੇਖਿਆ ਤਾਂ ਸਿਮਰਨ ਪੱਖੇ ਨਾਲ ਲਟਕੀ ਹੋਈ ਸੀ।

ਦੱਸਿਆ ਜਾ ਰਿਹਾ ਹੈ ਕਿ ਲੜਕੀ ਆਪਣੀ ਮਾਂ ਦੀ ਮੌਤ ਕਾਰਨ ਇਕੱਲਾ ਇਕੱਲਾ ਮਹਿਸੂਸ ਕਰਦੀ ਸੀ ਅਤੇ ਚੁੱਪ-ਚੁੱਪ ਰਹਿੰਦੀ ਸੀ।ਡੀਐੱਸਪੀ ਸ਼ਾਹਬਾਜ ਸਿੰਘ ਦਾ ਕਹਿਣਾ ਹੈ ਕਿ ਲੜਕੀ ਦੀ ਮ੍ਰਿਤਕ ਦੇਹ ਪੋਸਟਮਾਰਟਮ ਲਈ ਭੇਜ ਦਿੱਤੀ ਗਈ ਹੈ ਅਤੇ ਫਿਲਹਾਲ 194 ਦਾ ਮਾਮਲਾ ਦਰਜ ਕੀਤਾ ਗਿਆ ਅਤੇ ਮਾਮਲੇ ਦੀ ਜਾਂਚ ਕੀਤੀ ਜਾ ਰਹੀ ਹੈ।

ਸ਼੍ਰੀ ਦੁਰਗਿਆਣਾ ਮੰਦਰ ਤੇ ਸ਼੍ਰੀ ਵੱਡਾ ਹਨੂੰਮਾਨ ਮੰਦਰ ਵਿਖੇ ਨਤਮਸਤਕ ਹੋਏ ਰਾਜਵਿੰਦਰ ਕੌਰ

ਛੇਹਰਟਾ, (ਮਨੋਜ ਕੁਮਾਰ) : ਭਾਰਤੀ ਜਨਤਾ ਪਾਰਟੀ ਅਨੁਸੂਚਿਤ ਜਾਤੀ ਮੋਰਚਾ ਪੰਜਾਬ ਦੀ ਨਵ-ਨਿਯੁਕਤ ਸਕੱਤਰ ਰਾਜਵਿੰਦਰ ਕੌਰ ਨੇ ਅਹੁਦਾ ਮਿਲਣ 'ਤੇ ਪ੍ਰਮਾਤਮਾ ਦਾ ਧੰਨਵਾਦ ਕਰਨ ਲਈ ਸ਼ਨਿਚਰਵਾਰ ਨੂੰ ਸ਼੍ਰੀ ਦੁਰਗਿਆਣਾ ਮੰਦਰ ਅਤੇ ਸ਼੍ਰੀ ਵੱਡਾ ਹਨੂੰਮਾਨ ਮੰਦਰ ਵਿਖੇ ਮੱਥਾ ਟੇਕਿਆ ਤੇ ਆਸ਼ੀਰਵਾਦ ਪ੍ਰਾਪਤ ਕੀਤਾ। ਇਸ ਮੌਕੇ ਰਾਜਵਿੰਦਰ ਕੌਰ ਨੇ ਪਾਰਟੀ ਵੱਲੋਂ ਸੌਂਪੀ ਗਈ ਨਵੀਂ ਜ਼ਿੰਮੇਵਾਰੀ ਨੂੰ ਪੂਰੀ ਇਮਾਨਦਾਰੀ, ਨਿਸ਼ਠਾ ਤੇ ਸਮਰਪਣ ਭਾਵਨਾ ਨਾਲ ਨਿਭਾਉਣ ਦਾ ਪ੍ਰਣ ਲਿਆ। ਉਨ੍ਹਾਂ ਕਿਹਾ ਕਿ ਉਹ ਸਮਾਜ ਦੇ ਕਮਜ਼ੋਰ ਵਰਗਾਂ ਦੀ ਆਵਾਜ਼ ਨੂੰ ਮਜ਼ਬੂਤੀ ਨਾਲ ਬੁਲੰਦ ਕਰਨ ਲਈ ਕੰਮ ਕਰਨਗੇ। ਉਹ ਪਾਰਟੀ ਨੂੰ ਹੇਠਲੇ ਪੱਧਰ 'ਤੇ ਮਜ਼ਬੂਤੀ ਪ੍ਰਦਾਨ ਲਈ ਦਿਨ-ਰਾਤ ਇਕ ਕਰ ਦੇਣਗੇ। ਉਨ੍ਹਾਂ ਨੇ ਇਹ ਜ਼ਿੰਮੇਦਾਰੀ ਮਿਲਣ 'ਤੇ ਭਾਜਪਾ ਅਨੁਸੂਚਿਤ ਜਾਤੀ ਮੋਰਚਾ ਪੰਜਾਬ ਦੀ ਸੀਨੀਅਰ ਲੀਡਰਸ਼ਿਪ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ। ਉਨ੍ਹਾਂ ਨੇ ਐੱਸ. ਆਰ. ਲੱਧੜ, ਪ੍ਰਦੀਪ ਕੁਮਾਰ ਤੇ ਅਮਨ ਕੁਮਾਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਦੇ ਮਾਰਗਦਰਸ਼ਨ ਤੇ ਸਮਰਥਨ ਨੇ ਉਨ੍ਹਾਂ ਨੂੰ ਪਾਰਟੀ ਵਿਚ ਕੰਮ ਕਰਨ ਲਈ ਪ੍ਰੇਰਿਤ ਕੀਤਾ। ਸ਼੍ਰੀ ਵੱਡਾ ਹਨੂੰਮਾਨ ਮੰਦਰ ਵਿਖੇ ਮੱਥਾ ਟੇਕਣ ਮੌਕੇ ਸ਼੍ਰੀ ਦੁਰਗਿਆਣਾ ਮੰਦਰ ਕਮੇਟੀ ਦੇ ਚੇਅਰਮੈਨ ਡਾ. ਰਾਕੇਸ਼ ਤੇ ਸ਼੍ਰੀ ਬਾਲਾਜੀ ਸੇਵਾ ਸੰਘ ਬਜਰੰਗੀ ਸੈਨਾ ਦੇ ਪ੍ਰਮੁੱਖ ਸੇਵਾਦਾਰ ਸ਼ੰਮੀ ਸ਼ਰਮਾ ਨੇ ਰਾਜਵਿੰਦਰ ਕੌਰ ਨੂੰ ਸਨਮਾਨਿਤ ਕੀਤਾ।

ਇਸ ਮੌਕੇ ਬਲਜਿੰਦਰ ਕੌਰ, ਬਰਜਿੰਦਰ ਕੌਰ, ਕੁਲਦੀਪ ਕੌਰ, ਗੁਰਪ੍ਰੀਤ ਕੌਰ, ਬਲਵਿੰਦਰ ਸਿੰਘ, ਦਾਰਾ ਸਿੰਘ ਤੇ ਕਰਾਟੇ ਕੋਚ ਪਵਨ ਕੁਮਾਰ ਆਦਿ ਵੀ ਹਾਜ਼ਰ ਸਨ।

ਦੋ ਨੌਜਵਾਨਾਂ ਦੀ ਹੱਤਿਆ ਦੇ ਮਾਮਲੇ 'ਚ 28 ਨੂੰ ਭੰਡਾਰੀ ਪੁਲ 'ਤੇ ਇਕੱਠ ਦੀ ਚਿਤਾਵਨੀ

ਛੇਹਰਟਾ, (ਮਨੋਜ ਕੁਮਾਰ) : ਗੁਮਟਾਲਾ ਪਿੰਡ ਦੇ ਵਸਨੀਕਾਂ ਨੇ ਪਿੰਡ ਦੇ ਨੌਜਵਾਨਾਂ ਦੀ ਹੱਤਿਆ ਦੇ ਕੇਸ ਵਿਚ ਅਜੇ ਤਕ ਕਿਸੇ ਦੀ ਗ੍ਰਿਫ਼ਤਾਰੀ ਨਾ ਹੋਣ ਦੇ ਰੋਸ ਵਜੋਂ ਹੋਰ ਜਥੇਬੰਦੀਆਂ ਦੇ ਸਹਿਯੋਗ ਨਾਲ 28 ਮਈ ਨੂੰ ਭੰਡਾਰੀ ਪੁਲ 'ਤੇ ਇਕੱਠ ਕਰਨ ਦੀ ਚਿਤਾਵਨੀ ਦਿੱਤੀ ਹੈ। ਇਸ ਸਬੰਧੀ ਜਾਰੀ ਬਿਆਨ ਵਿਚ ਜਗਤਾਰ ਸਿੰਘ ਕਰਮਪੁਰਾ ਨੇ ਦੱਸਿਆ ਕਿ 22 ਅਪ੍ਰੈਲ 26 ਦੀ ਰਾਤ ਬਲਿਊ ਵੈਲੀ, ਕਾਲੋਨੀ, ਨੇੜੇ ਪਿੰਡ ਮੀਰਾਂਕੋਟ ਵਿਚ ਪਿੰਡ ਹੇਅਰ ਕਾਲੋਨੀ ਦੇ ਇਕ ਮੋਹਤਬਰ ਵਿਅਕਤੀ ਤੇ ਦੋ-ਤਿੰਨ ਅਣਪਛਾਤੇ ਵਿਅਕਤੀਆਂ ਨੇ ਗੁਮਟਾਲਾ ਪਿੰਡ ਦੇ ਦੋ ਨੌਜਵਾਨਾਂ 17 ਸਾਲਾ ਸੁਰਜੀਤ ਸਿੰਘ ਤੇ 21 ਸਾਲਾ ਲਵਪ੍ਰੀਤ ਸਿੰਘ ਲੱਭਾ 'ਤੇ ਜਾਨਲੇਵਾ ਹਮਲਾ ਕਰਕੇ ਉਨ੍ਹਾਂ ਨੂੰ ਬਹੁਤ ਬੁਰੀ ਤਰ੍ਹਾਂ ਜ਼ਖ਼ਮੀ ਕਰ ਦਿੱਤਾ ਸੀ। ਉਨ੍ਹਾਂ ਦੱਸਿਆ ਕਿ ਉਸੇ ਰਾਤ ਦੋਵੇਂ ਨੌਜਵਾਨਾਂ ਨੂੰ ਇਲਾਜ ਲਈ ਹਰਤੇਜ ਹਸਪਤਾਲ ਲਿਜਾਇਆ ਗਿਆ, ਜਿੱਥੇ ਡਾਕਟਰਾਂ ਨੇ ਸੁਰਜੀਤ ਸਿੰਘ ਨੂੰ ਮ੍ਰਿਤਕ ਐਲਾਨ ਦਿੱਤਾ ਤੇ ਲਵਪ੍ਰੀਤ ਸਿੰਘ ਨੂੰ ਹਸਪਤਾਲ ਵਿਚ ਦਾਖ਼ਲ ਕਰ ਲਿਆ। ਲਵਪ੍ਰੀਤ ਸਿੰਘ ਹਾਲਤ ਗੰਭੀਰ ਹੋਣ ਕਾਰਨ ਬੋਲ ਨਹੀਂ ਸੀ ਸਕਦਾ ਤੇ 3 ਮਈ 2026 ਨੂੰ ਉਸ ਦੀ ਮੌਤ ਹੋ ਗਈ। ਕਰਮਪੁਰਾ ਨੇ ਅੱਗੇ ਦੱਸਿਆ ਕਿ ਇਸ ਦੌਰਾਨ ਪਿੰਡ ਗੁਮਟਾਲਾ ਵਾਸੀ ਤੇ ਹੋਰ ਆਗੂ ਕਈ ਵਾਰ ਥਾਣਾ ਕੰਟੋਨਮੈਂਟ ਗਏ। ਪਰ ਪਰਚਾ ਦਰਜ ਨਾ ਹੋਣ 'ਤੇ ਪਿੰਡ ਵਾਸੀ ਐੱਸ. ਪੀ. ਹਰਪਾਲ ਸਿੰਘ ਨੂੰ ਮਿਲੇ, ਜਿਨ੍ਹਾਂ ਦੇ ਕਹਿਣ 'ਤੇ ਐੱਫ. ਆਈ. ਆਰ. 'ਚ ਧਾਰਾ 302 ਲਾ ਕੇ ਪਰਚਾ ਦਰਜ ਕੀਤਾ ਗਿਆ ਪਰ ਕੋਈ ਗ੍ਰਿਫ਼ਤਾਰੀ ਨਾ ਹੋਈ। ਫਿਰ ਪਿੰਡ ਵਾਸੀ ਪੁਲਸ ਕਮਿਸ਼ਨਰ, ਅੰਮ੍ਰਿਤਸਰ ਨੂੰ ਮਿਲੇ, ਜਿਨ੍ਹਾਂ ਨੇ ਐੱਸ. ਪੀ. (ਇਨਵੈਸਟੀਗੇਸ਼ਨ) ਰਵਿੰਦਰਪਾਲ ਸਿੰਘ ਸੰਧੂ ਦੀ ਪੜਤਾਲ ਲਈ ਡਿਊਟੀ ਲਗਾਈ ਪਰ ਅਜੇ ਤਕ ਵੀ ਇਸ ਮਾਮਲੇ ਵਿਚ ਕੋਈ ਗ੍ਰਿਫਤਾਰੀ ਨਹੀਂ ਹੋਈ। ਕਰਮਪੁਰਾ ਨੇ ਦੱਸਿਆ ਸ਼ਨਿਚਰਵਾਰ ਨੂੰ ਬਲਵਿੰਦਰ ਸਿੰਘ ਬੱਬੀ ਵਾਸੀ ਪਿੰਡ ਗੁਮਟਾਲਾ ਵਾਸੀ ਦੇ ਘਰ ਗੁਮਟਾਲਾ ਵਾਸੀਆਂ ਨੇ ਮੀਟਿੰਗ ਕੀਤੀ, ਜਿਸ ਵਿਚ ਫੈਸਲਾ ਲਿਆ ਗਿਆ ਕਿ ਪੁਲਿਸ ਦੀ ਢਿੱਲੀ ਕਾਰਗੁਜ਼ਾਰੀ ਨੂੰ ਵੇਖਦੇ ਹੋਏ 28 ਮਈ ਨੂੰ ਭੰਡਾਰੀ ਪੁਲ 'ਤੇ ਸਵੇਰੇ 10 ਵਜੇ ਇਕੱਠ ਕੀਤਾ ਜਾਵੇਗਾ।

ਓਪੋ ਇੰਡੀਆ ਨੇ ਲਾਂਚ ਕੀਤੀ ਫਾਈਂਡ ਐਕਸ9 ਸੀਰੀਜ਼

ਲੁਧਿਆਣਾ : ਓਪੋ ਇੰਡੀਆ ਨੇ ਭਾਰਤ ਵਿੱਚ ਆਪਣੀ ਪ੍ਰੀਮੀਅਮ ਸਮਾਰਟਫੋਨ ਲੜੀ ਨੂੰ ਹੋਰ ਮਜ਼ਬੂਤ ਬਣਾਉਂਦਿਆਂ ਨਵੇਂ ਫਾਈਂਡ ਐਕਸ9ਐੱਸ ਅਤੇ ਫਾਈਂਡ ਐਕਸ9 ਅਲਟਰਾ ਨੂੰ ਲਾਂਚ ਕੀਤਾ ਹੈ।ਇਹ ਡਿਵਾਈਸ 8ਕੇ ਵੀਡੀਓ ਰਿਕਾਰਡਿੰਗ, ਡੋਲਬੀ ਵਿਜ਼ਨ ਐੱਚਡੀਆਰ ਅਤੇ ਓ-ਲਾਗ2 ਤੇ 3ਡੀ ਐੱਲਯੂਟੀ ਵਰਗੇ ਪ੍ਰੋਫੈਸ਼ਨਲ ਇਮੇਜਿੰਗ ਟੂਲਜ਼ ਨੂੰ ਵੀ ਸਪੋਰਟ ਕਰਦੀ ਹੈ।ਓਪੋ ਫਾਈਂਡ ਐਕਸ9ਐੱਸ ਦੀ ਪ੍ਰਭਾਵਸ਼ਾਲੀ ਸ਼ੁਰੂਆਤੀ ਕੀਮਤ 62,199 ਰੁਪਏ ਰੱਖੀ ਗਈ ਹੈ, ਜਦਕਿ ਫਾਈਂਡ ਐਕਸ9 ਅਲਟਰਾ ਦੀ ਸ਼ੁਰੂਆਤੀ ਕੀਮਤ 1,36,999 ਰੁਪਏ ਹੈ। ਦੋਵੇਂ ਸਮਾਰਟਫੋਨ 28 ਮਈ ਤੋਂ ਓਪੋ ਈ-ਸਟੋਰ, ਫਲਿਪਕਾਰਟ, ਅਮੇਜ਼ਨ ਅਤੇ ਦੇਸ਼ ਭਰ ਦੇ ਪ੍ਰਮੁੱਖ ਰਿਟੇਲ ਸਟੋਰਾਂ 'ਤੇ ਵਿਕਰੀ ਲਈ ਉਪਲਬਧ ਹੋਣਗੇ।

ਲਾਂਚ ਮੌਕੇ ਓਪੋ ਇੰਡੀਆ ਦੇ ਸੰਚਾਰ ਮੁੱਖੀ ਗੋਲਡੀ ਪਟਨਾਇਕ ਨੇ ਦੱਸਿਆ ਕਿ ਓਪੋ ਵਿੱਚ ਇਨੋਵੇਸ਼ਨ ਹਮੇਸ਼ਾ ਇਸ ਗੱਲ ਤੋਂ ਪ੍ਰੇਰਿਤ ਰਹੀ ਹੈ ਕਿ ਉਪਭੋਗਤਾ ਆਪਣੀ ਰੋਜ਼ਾਨਾ ਜ਼ਿੰਦਗੀ ਵਿੱਚ ਟੈਕਨੋਲੋਜੀ ਦੀ ਵਰਤੋਂ ਕਿਵੇਂ ਕਰਦੇ ਹਨ।

ਸੀਨੀਅਰ ਸਿਟੀਜ਼ਨ ਵੈੱਲਫੇਅਰ ਫੋਰਮ ਦੇ ਮੈਂਬਰਾਂ ਦੀ ਮਹੀਨਾਵਾਰ ਮੀਟਿੰਗ

ਬਟਾਲਾ (ਡਾ. ਮਲਵਿੰਦਰ ਸਿੰਘ)-ਸੀਨੀਅਰ ਸਿਟੀਜ਼ਨ ਵੈੱਲਫੇਅਰ ਫੋਰਮ ਰਜਿ : ਦੀ ਮੀਟਿੰਗ ਪ੍ਰਧਾਨ ਸੱਤਪਾਲ ਸਿੰਘ ਰਿਟਾਇਰਡ ਖੇਤੀਬਾੜੀ ਵਿਕਾਸ ਅਫ਼ਸਰ (ਪੀਏਐੱਸ.1) ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿੱਚ ਸ਼ਾਮਲ ਬੁੱਧੀਜੀਵੀਆਂ ਵੱਲੋਂ ਅਹਿਮ ਵਿਚਾਰਾਂ ਕੀਤੀਆਂ ਗਈਆਂ।ਜਾਣਕਾਰੀ ਦਿੰਦਿਆਂ ਪ੍ਰਧਾਨ ਸ. ਸੱਤਪਾਲ ਸਿੰਘ ਨੇ ਦੱਸਿਆ ਕਿ ਸ਼ਹਿਰ ਬਟਾਲਾ ਵਿੱਚ ਹੋ ਰਹੀਆਂ ਮਿਉਂਸੀਪਲ ਕਾਰਪੋਰੇਸ਼ਨ ਦੀਆਂ ਚੋਣਾਂ ਵਿੱਚ ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੀ ਵੋਟ ਦਾ ਇਸਤੇਮਾਲ ਨਿਰਪੱਖ ਢੰਗ ਨਾਲ ਬਿਨਾਂ ਕਿਸੇ ਪੱਖਪਾਤ ਤੇ ਭੈਅ ਤੋਂ ਕਰਨ।ਇਸ ਦੌਰਾਨ ਹਾਜ਼ਰ ਮੈਂਬਰਾਂ ਵੱਲੋਂ ਬੱਚਿਆਂ ਵਿੱਚ ਵੱਧ ਰਹੇ ਜੰਕ ਫੂਡ ਦੇ ਰੁਝਾਨ 'ਤੇ ਚਿੰਤਾ ਜ਼ਾਹਿਰ ਕੀਤੀ ਗਈ।

ਉਨ੍ਹਾਂ ਆਪਸ ਵਿੱਚ ਵਿਚਾਰ ਵਟਾਂਦਰਾ ਕਰਦਿਆਂ ਕਿਹਾ ਕਿ ਬੱਚਿਆਂ ਨੂੰ ਜੰਕ ਫੂਡ ਨਾ ਖਾਣ ਪ੍ਰਤੀ ਜਾਗਰੂਕ ਕਰਕੇ ਉਨ੍ਹਾਂ ਨੂੰ ਮੋਟਾਪੇ, ਬਦਹਜ਼ਮੀ, ਚਮੜੀ ਦੇ ਰੋਗਾਂ ਸਮੇਤ ਹੋਰ ਕਈ ਤਰ੍ਹਾਂ ਦੀਆਂ ਬੀਮਾਰੀਆਂ ਤੋਂ ਬਚਾਇਆ ਜਾ ਸਕਦਾ ਹੈ ਅਤੇ ਨੌਜਵਾਨ ਪੀੜ੍ਹੀ ਨੂੰ ਇਸ ਪ੍ਰਤੀ ਸੁਚੇਤ ਹੋਣ ਦੀ ਲੋੜ ਹੈ।ਇਸ ਮੌਕੇ ਗੁਰਦਰਸ਼ਨ ਸਿੰਘ ਧਾਮੀ, ਪ੍ਰਿੰ. ਨਾਨਕ ਸਿੰਘ, ਸਰਦੂਲ ਸਿੰਘ ਸੋਢੀ, ਜਸਵੰਤ ਸਿੰਘ ਜੇ. ਈ., ਨਵਤੇਜਪਾਲ ਸਿੰਘ ਪਨੇਸ਼ਰ, ਨਰਿੰਦਰ ਸਿੰਘ ਸਿੱਧੂ, ਰਾਜਿੰਦਰ ਸਿੰਘ ਡੀ. ਐੱਸ. ਐੱਸ. ਓ., ਅਰਵਿੰਦਰਪਾਲ ਸਿੰਘ, ਸਵਰਨ ਸਿੰਘ ਸਰੂਪਵਾਲੀ, ਪ੍ਰਿੰ. ਬਲਵੰਤ ਸਿੰਘ ਮੱਲ੍ਹੀ, ਡਾ. ਗੁਰਿੰਦਰ ਸਿੰਘ ਰੰਧਾਵਾ, ਰਘੂਬੀਰ ਸਿੰਘ ਔਲਖ, ਕੁਲਵੰਤ ਸਿੰਘ ਸਟੇਟ ਐਵਾਰਡੀ, ਡਾ. ਗੁਰਦੇਵ ਸਿੰਘ ਰੰਧਾਵਾ ਆਦਿ ਹਾਜ਼ਰ ਸਨ।

ਸ਼ਹਿਰ ਦੇ ਸੁੰਦਰੀਕਰਨ 'ਚ ਕੋਈ ਕਮੀ ਨਹੀਂ ਛੱਡੀ ਜਾਵੇਗੀ : ਜਿੰਪਾ



ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)-ਵਿਧਾਇਕ ਬ੍ਰਹਮ ਸ਼ੰਕਰ ਜਿੰਪਾ ਨੇ ਭਗਵਾਨ ਮਹਾਵੀਰ ਸੇਤੂ ਤੋਂ ਲੈ ਕੇ ਹਰਿਆਣਾ ਰੋਡ (ਮਿਊਂਸਪਲ ਲਿਮਟ) ਤੱਕ ਸਟਰੀਟ ਲਾਈਟਾਂ ਦਾ ਉਦਘਾਟਨ ਕੀਤਾ। ਇਸ ਮੌਕੇ ਉਨ੍ਹਾਂ ਨੇ ਕਿਹਾ ਕਿ ਸ਼ਹਿਰ ਦੇ ਵਿਕਾਸ ਤੇ ਸੁੰਦਰੀਕਰਨ ਲਈ ਨਗਰ ਨਿਗਮ ਲਗਾਤਾਰ ਕੰਮ ਕਰ ਰਿਹਾ ਹੈ ਤੇ ਇਸੇ ਕੜੀ ਤਹਿਤ 40 ਲੱਖ ਰੁਪਏ ਦੀ ਲਾਗਤ ਨਾਲ ਇਸ ਰਸਤੇ 'ਤੇ 96 ਨਵੀਆਂ ਸਟਰੀਟ ਲਾਈਟਾਂ ਲਗਾਈਆਂ ਗਈਆਂ ਹਨ।ਬ੍ਰਹਮ ਸ਼ੰਕਰ ਜਿੰਪਾ ਨੇ ਕਿਹਾ ਕਿ ਨਗਰ ਨਿਗਮ ਨੇ ਆਪਣੇ ਮੌਜੂਦਾ ਕਾਰਜਕਾਲ ਦੌਰਾਨ ਸ਼ਹਿਰ ਵਿਚ ਸਟਰੀਟ ਲਾਈਟਾਂ 'ਤੇ 10 ਕਰੋੜ ਰੁਪਏ ਤੋਂ ਵੱਧ ਖਰਚ ਕੀਤੇ ਹਨ। ਉਨ੍ਹਾਂ ਕਿਹਾ ਕਿ ਜਿਨ੍ਹਾਂ ਹਲਕਿਆਂ ਵਿਚ ਪਹਿਲਾਂ ਹਨੇਰਾ ਰਹਿੰਦਾ ਸੀ, ਉਥੇ ਹੁਣ ਰੌਸ਼ਨੀ ਪਹੁੰਚ ਚੁੱਕੀ ਹੈ ਅਤੇ ਸ਼ਹਿਰ ਦੀਆਂ ਸਾਰੀਆਂ ਮਿਊਂਸਪਲ ਹੱਦਾਂ ਨੂੰ ਪੂਰੀ ਤਰ੍ਹਾਂ ਰੌਸ਼ਨ ਕਰਨ ਦਾ ਯਤਨ ਸਫ਼ਲਤਾਪੂਰਨ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਸ਼ਹਿਰ ਦੇ ਸੁੰਦਰੀਕਰਨ ਵਿਚ ਕੋਈ ਕਮੀ ਨਹੀਂ ਛੱਡੀ ਜਾਵੇਗੀ ਅਤੇ ਆਉਣ ਵਾਲੇ ਸਮੇਂ ਵਿਚ ਵੀ ਵਿਕਾਸ ਕਾਰਜ ਇਸੇ ਤਰ੍ਹਾਂ ਜਾਰੀ ਰਹਿਣਗੇ।ਉਨ੍ਹਾਂ ਕਿਹਾ ਕਿ ਬਿਹਤਰ ਰੌਸ਼ਨੀ ਨਾਲ ਜਿਥੇ ਲੋਕਾਂ ਨੂੰ ਸੁਵਿਧਾ ਮਿਲੇਗੀ,ਉਥੇ ਸੁਰੱਖਿਆ ਵਿਵਸਥਾ ਵੀ ਮਜ਼ਬੂਤ ਹੋਵੇਗੀ। ਸ਼ਹਿਰਵਾਸੀਆਂ ਨੂੰ ਆਧੁਨਿਕ ਅਤੇ ਸੁਵਿਧਾਜਨਕ ਵਾਤਾਵਰਣ ਉਪਲਬੱਧ ਕਰਵਾਉਣਾ ਸਰਕਾਰ ਦੀ ਪਹਿਲਕਦਮੀ ਹੈ। ਇਸ ਮੌਕੇ ਸੀਨੀਅਰ ਡਿਪਟੀ ਮੇਅਰ ਪ੍ਰਵੀਨ ਸੈਣੀ, ਸੁਰੇਖਾ ਬੜਜਾਤਾ, ਸੁਖਵਿੰਦਰ ਕੌਰ, ਸਤਪਾਲ, ਤੀਰਥ ਰਾਮ, ਮਨੀ ਗੋਗੀਆ ਸਮੇਤ ਹੋਰ ਪਤਵੰਤੇ ਵਿਅਕਤੀ ਮੌਜੂਦ ਸਨ।

ਨਗਰ ਕੌਂਸਲ ਚੋਣਾਂ ਦੇ ਮੱਦੇਨਜ਼ਰ ਪੁਲਸ ਵੱਲੋਂ ਫਲੈਗ ਮਾਰਚ



ਭਵਾਨੀਗੜ੍ਹ, (ਰਾਜ ਖੁਰਮੀ)-ਸਥਾਨਕ ਨਗਰ ਕੌਂਸਲ ਚੋਣਾਂ ਨੂੰ ਸ਼ਾਂਤੀਪੂਰਨ ਅਤੇ ਨਿਰਪੱਖ ਢੰਗ ਨਾਲ ਨੇਪਰੇ ਚਾੜ੍ਹਨ ਲਈ ਪੰਜਾਬ ਪੁਲਿਸ ਵੱਲੋਂ ਭਵਾਨੀਗੜ੍ਹ ਅਤੇ ਆਸ-ਪਾਸ ਦੇ ਇਲਾਕਿਆਂ ਵਿੱਚ ਵਿਸ਼ੇਸ਼ ਫਲੈਗ ਮਾਰਚ ਕੱਢਿਆ ਗਿਆ। ਇਸ ਫਲੈਗ ਮਾਰਚ ਦੀ ਅਗਵਾਈ ਐੱਸ ਪੀ ਦਵਿੰਦਰ ਅੱਤਰੀ ਨੇ ਕੀਤੀ, ਜਦਕਿ ਉਨ੍ਹਾਂ ਦੇ ਨਾਲ ਡੀ ਐੱਸ ਪੀ ਸਤਨਾਮ ਸਿੰਘ, ਐੱਸ ਐੱਚ ਓ ਰਮਨਦੀਪ ਸਿੰਘ ਤੇ ਵੱਡੀ ਗਿਣਤੀ ਵਿੱਚ ਪੁਲਿਸ ਫੋਰਸ ਮੌਜੂਦ ਰਹੀ। ਫਲੈਗ ਮਾਰਚ ਭਵਾਨੀਗੜ੍ਹ ਸ਼ਹਿਰ ਦੇ ਮੁੱਖ ਬਾਜ਼ਾਰਾਂ ਅਤੇ ਵੱਖ-ਵੱਖ ਕਸਬਿਆਂ ਵਿੱਚੋਂ ਹੁੰਦਾ ਹੋਇਆ ਮੁੜ ਸਥਾਨਕ ਥਾਣੇ ਵਿਖੇ ਸਮਾਪਤ ਹੋਇਆ।

ਇਸ ਦੌਰਾਨ ਪੁਲਿਸ ਅਧਿਕਾਰੀਆਂ ਵੱਲੋਂ ਲੋਕਾਂ ਨਾਲ ਸੰਪਰਕ ਕਰਦੇ ਹੋਏ ਅਮਨ-ਕਾਨੂੰਨ ਬਣਾਈ ਰੱਖਣ ਦੀ ਅਪੀਲ ਕੀਤੀ ਗਈ।ਐੱਸ.ਪੀ. ਦਵਿੰਦਰ ਅੱਤਰੀ ਨੇ ਕਿਹਾ ਕਿ ਚੋਣਾਂ ਦੌਰਾਨ ਮਾਹੌਲ ਖ਼ਰਾਬ ਕਰਨ ਜਾਂ ਕਿਸੇ ਤਰ੍ਹਾਂ ਦੀ ਸ਼ਰਾਰਤ ਕਰਨ ਵਾਲੇ ਅਨਸਰਾਂ ਨੂੰ ਕਿਸੇ ਵੀ ਕੀਮਤ 'ਤੇ ਬਖ਼ਸ਼ਿਆ ਨਹੀਂ ਜਾਵੇਗਾ।

ਗੁਰਇਕਬਾਲ ਸਿੰਘ ਮਾਹਲ ਨੇ ਅਕਾਲੀ ਉਮੀਦਵਾਰ ਦੇ ਹੱਕ 'ਚ ਘਰ-ਘਰ ਵੋਟਾਂ ਮੰਗੀਆਂ

ਧਾਰੀਵਾਲ (ਮਨਦੀਪ ਵਿੱਕੀ)-26 ਮਈ ਨੂੰ ਹੋ ਰਹੀਆਂ ਨਗਰ ਕੌਂਸਲ ਚੋਣਾਂ ਨੂੰ ਲੈ ਕੇ ਸ਼ਹਿਰ ਧਾਰੀਵਾਲ ਵਿੱਚ ਚੋਣ ਸਰਗਰਮੀਆਂ ਦਾ ਮਾਹੌਲ ਪੂਰੀ ਤਰ੍ਹਾਂ ਗਰਮਾਇਆ ਹੋਇਆ ਹੈ।ਇਸੇ ਲੜੀ ਤਹਿਤ ਸ਼ਹਿਰ ਦੇ ਵਾਰਡ ਨੰਬਰ 5 ਤੋਂ ਸ਼੍ਰੋਮਣੀ ਅਕਾਲੀ ਦਲ ਬਾਦਲ ਦੀ ਉਮੀਦਵਾਰ ਨਿਧੀ ਪਤਨੀ ਸੁਖਜੀਵਨ ਕੁਮਾਰ ਉਰਫ ਲਾਡੀ ਮੁਨਸ਼ੀ ਦੇ ਹੱਕ ਵਿੱਚ ਅਕਾਲੀ ਦਲ ਦੇ ਹਲਕਾ ਇੰਚਾਰਜ ਗੁਰਇਕਬਾਲ ਸਿੰਘ ਮਾਹਲ ਵੱਲੋਂ ਘਰ-ਘਰ ਜਾ ਕੇ ਚੋਣ ਪ੍ਰਚਾਰ ਕੀਤਾ ਗਿਆ।ਇਸ ਦੌਰਾਨ ਉਨ੍ਹਾਂ ਨੇ ਸ਼ਹਿਰ ਵਾਸੀਆਂ ਨਾਲ ਮੁਲਾਕਾਤ ਕਰਦਿਆਂ ਸ਼੍ਰੋਮਣੀ ਅਕਾਲੀ ਦਲ ਦੇ ਉਮੀਦਵਾਰਾਂ ਨੂੰ ਭਾਰੀ ਬਹੁਮਤ ਨਾਲ ਜਿਤਾਉਣ ਦੀ ਅਪੀਲ ਕੀਤੀ।ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਗੁਰਇਕਬਾਲ ਸਿੰਘ ਮਾਹਲ ਨੇ ਕਿਹਾ ਕਿ ਪਿਛਲੇ ਸਮੇਂ ਦੌਰਾਨ ਵਾਰਡ ਦੇ ਕੌਂਸਲਰ ਵੱਲੋਂ ਇਸ ਇਲਾਕੇ ਵਿੱਚ ਵਿਕਾਸ ਲਈ ਕੋਈ ਵਿਸ਼ੇਸ਼ ਕੰਮ ਨਹੀਂ ਕਰਵਾਇਆ ਗਿਆ।

ਉਨ੍ਹਾਂ ਕਿਹਾ ਕੁਝ ਧਨਾਢ ਲੋਕ ਚੋਣਾਂ ਲੋਕ ਸੇਵਾ ਲਈ ਨਹੀਂ ਸਗੋਂ ਆਪਣੇ ਨਿੱਜੀ ਫਾਇਦੇ ਲਈ ਲੜਦੇ ਹਨ ਅਤੇ ਚੋਣਾਂ ਦੌਰਾਨ ਗਰੀਬ ਵੋਟਰਾਂ ਨੂੰ ਵੱਖ-ਵੱਖ ਤਰ੍ਹਾਂ ਦੇ ਲਾਲਚ ਦੇ ਕੇ ਗੁੰਮਰਾਹ ਕਰਨ ਦੀ ਕੋਸ਼ਿਸ਼ ਕਰਦੇ ਹਨ।ਉਨ੍ਹਾਂ ਕਿਹਾ ਅਜਿਹੇ ਲੋਕ ਚੋਣਾਂ ਜਿੱਤਣ ਤੋਂ ਬਾਅਦ ਆਮ ਲੋਕਾਂ ਦੀ ਸਾਰ ਨਹੀਂ ਲੈਂਦੇ। ਮਾਹਲ ਨੇ ਕਿਹਾ ਸ੍ਰੀਮਤੀ ਨਿਧੀ ਪੜ੍ਹੀ-ਲਿਖੀ, ਇਮਾਨਦਾਰ ਅਤੇ ਗਰੀਬ ਲੋਕਾਂ ਦੀ ਹਮਦਰਦ ਉਮੀਦਵਾਰ ਹਨ, ਜੋ ਵਾਰਡ ਦੇ ਵਿਕਾਸ ਲਈ ਹਮੇਸ਼ਾ ਤੱਤਪਰ ਰਹਿਣਗੇ।

ਉਨ੍ਹਾਂ ਨੇ ਵਾਰਡ ਵਾਸੀਆਂ ਨੂੰ ਅਪੀਲ ਕੀਤੀ ਕਿ 26 ਮਈ ਨੂੰ ਤੱਕੜੀ ਦੇ ਨਿਸ਼ਾਨ 'ਤੇ ਮੋਹਰ ਲਗਾ ਕੇ ਸ਼੍ਰੋਮਣੀ ਅਕਾਲੀ ਦਲ ਦੀ ਉਮੀਦਵਾਰ ਨੂੰ ਕਾਮਯਾਬ ਬਣਾਇਆ ਜਾਵੇ।ਇਸ ਮੌਕੇ ਸੋਹਣ ਲਾਲ ਮਸਤਾਨਾ, ਸੁਖਜੀਵਨ ਕੁਮਾਰ ਉਰਫ ਲਾਡੀ ਮੁਨਸ਼ੀ ਸਮੇਤ ਵੱਡੀ ਗਿਣਤੀ ਵਿੱਚ ਪਾਰਟੀ ਵਰਕਰ ਤੇ ਸਮਰਥਕ ਅਤੇ ਇਲਾਕਾ ਵਾਸੀ ਹਾਜ਼ਰ ਸਨ।

ਮੋਬਾਇਲ ਮੈਡੀਕਲ ਵੈਨ ਲੋਕਾਂ ਨੂੰ ਦੇ ਰਹੀ ਮਿਆਰੀ ਸਿਹਤ ਸਹੂਲਤਾਂ : ਡਾ. ਪ੍ਰਭਾਕਰ

ਗੁਰਦਾਸਪੁਰ (ਜਨਕ ਮਹਾਜਨ)-ਸਿਵਲ ਸਰਜਨ ਗੁਰਦਾਸਪੁਰ ਡਾਕਟਰ ਮਹੇਸ਼ ਪ੍ਰਭਾਕਰ ਨੇ ਕਿਹਾ ਕਿ ਸਿਹਤ ਵਿਭਾਗ ਲੋਕਾਂ ਨੂੰ ਮਿਆਰੀ ਸਿਹਤ ਸਹੂਲਤਾਂ ਦੇਣ ਲਈ ਵਚਨਬੱਧ ਹੈ।ਸਿਹਤ ਸੰਸਥਾਵਾਂ ਵਿੱਚ ਬੇਹਤਰ ਸੇਵਾਵਾਂ ਦੇ ਨਾਲ ਮੋਬਾਇਲ ਮੈਡੀਕਲ ਯੂਨਿਟ ਵੀ ਬਿਹਤਰ ਢੰਗ ਨਾਲ ਕੰਮ ਕਰ ਰਹੀ ਹੈ।ਮੋਬਾਇਲ ਯੂਨਿਟ ਵੱਲੋਂ ਲੋਕਾਂ ਨੂੰ ਮੁਫ਼ਤ ਅਤੇ ਮੌਕੇ 'ਤੇ ਮਿਆਰੀ ਸਿਹਤ ਸਹੂਲਤ ਦਿੱਤੀ ਜਾ ਰਹੀ ਹੈ।ਜ਼ਿਲ੍ਹੇ ਵਿੱਚ ਇੱਕ ਮੋਬਾਇਲ ਮੈਡੀਕਲ ਵੈਨ ਮੌਜੂਦ ਹੈ ਜੋ ਉਨ੍ਹਾਂ ਪਿੰਡਾਂ ਵਿੱਚ ਜਾ ਰਹੀ ਹੈ ਜੋ ਸਿਹਤ ਸੰਸਥਾਵਾਂ ਤੋਂ ਥੋੜ੍ਹੀ ਦੂਰੀ 'ਤੇ ਹਨ ਜਾ ਜਿਨ੍ਹਾਂ ਪਿੰਡਾਂ ਵਿੱਚ ਵਾਧੂ ਸੇਵਾਵਾਂ ਦੀ ਜ਼ਰੂਰਤ ਹੈ।ਮੋਬਾਇਲ ਮੈਡੀਕਲ ਵੈਨ ਵਿਚ ਮੈਡੀਕਲ ਸਟਾਫ, ਦਵਾਈਆਂ ਅਤੇ ਜ਼ਰੂਰੀ ਟੈਸਟ ਕਿੱਟ ਮੌਜੂਦ ਹਨ।ਜਿੱਥੇ ਵੀ ਮੈਡੀਕਲ ਸਹੂਲਤ ਦੀ ਜ਼ਰੂਰਤ ਹੁੰਦੀ ਹੈ ਉਥੇ ਹੀ ਇਸ ਵੈਨ ਨੂੰ ਭੇਜ ਦਿੱਤਾ ਜਾਂਦਾ ਹੈ।

ਸਿਵਲ ਸਰਜਨ ਨੇ ਦੱਸਿਆ ਕਿ ਹਰ ਮਹੀਨੇ ਇਸ ਸਬੰਧੀ ਪਹਿਲਾਂ ਤੀ ਵੀ ਯੋਜਨਾਬੰਦੀ ਕੀਤੀ ਜਾਂਦੀ ਹੈ।ਇਸ ਵਿੱਤੀ ਸਾਲ ਵਿੱਚ ਦਰਜਨਾਂ ਪਿੰਡਾਂ ਵਿੱਚ ਮੋਬਾਇਲ ਯੂਨਿਟ ਨੇ ਸੈਂਕੜੇ ਲੋਕਾਂ ਦਾ ਮੁਇਆਨਾ ਕੀਤਾ ਹੈ।ਸੈਂਕੜੇ ਲੋਕਾਂ ਦੇ ਮੁਫ਼ਤ ਟੈਸਟ ਕਰਕੇ ਉਨ੍ਹਾਂ ਨੂੰ ਮੁਫ਼ਤ ਦਵਾਈ ਦਿੱਤੀ ਗਈ ਹੈ।ਇਸ ਦੇ ਨਾਲ ਹੀ ਗਰਭਵਤੀ ਮਾਵਾਂ ਦਾ ਮੁਫ਼ਤ ਅਲਟਰਾਸਾਊਂਡ ਸਕੈਨ ਵੀ ਕੀਤਾ ਗਿਆ ਹੈ।ਲੋਕਾਂ ਨੂੰ ਬਿਹਤਰ ਸਿਹਤ ਸੇਵਾਵਾਂ ਦਿੱਤੀਆਂ ਜਾ ਰਹੀਆਂ ਹਨ।

ਪੰਜਾਬ ਦੀ ਪਛਾਣ ਦੇਸੀ ਘਿਓ, ਨਸ਼ੇ ਨਹੀਂ : ਤਰੁਣ ਚੁੱਘ

ਛੇਹਰਟਾ, (ਮਨੋਜ ਕੁਮਾਰ) : ਭਾਜਪਾ ਦੇ ਕੌਮੀ ਜਨਰਲ ਸਕੱਤਰ ਤਰੁਣ ਚੁੱਘ ਦੀ ਅਗਵਾਈ ਹੇਠ ਐਤਵਾਰ ਨੂੰ ਕੇਂਦਰੀ ਵਿਧਾਨਸਭਾ ਹਲਕਾ, ਅੰਮ੍ਰਿਤਸਰ ਵਿਚ ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਲਈ ਜਾਗਰੂਕਤਾ ਮੁਹਿਮ ਸ਼ੁਰੂ ਕੀਤੀ ਗਈ।

ਇਸ ਮੁਹਿਮ ਤਹਿਤ ਲੋਕਾਂ ਨੂੰ ਦੁੱਧ, ਦਹੀਂ, ਲੱਸੀ ਤੇ ਦੇਸੀ ਘਿਓ ਵੰਡਿਆ ਗਿਆ। ਇਸ ਮੌਕੇ ਤਰੁਣ ਚੁੱਘ ਨੇ ਕਿਹਾ ਕਿ ਪੰਜਾਬ ਦੁੱਧ, ਦਹੀਂ, ਲੱਸੀ ਤੇ ਦੇਸੀ ਘਿਓ ਦੀ ਧਰਤੀ ਹੈ, ਪਰ ਬਦਕਿਸਮਤੀ ਨਾਲ ਪੰਜਾਬ ਨੂੰ ਨਸ਼ੇ ਦੀ ਦਲਦਲ ਵਿਚ ਧੱਕ ਦਿੱਤਾ ਗਿਆ ਹੈ। ਉਨ੍ਹਾਂ ਕਿਹਾ ਕਿ ਭਾਜਪਾ, ਪੰਜਾਬ ਦੀ ਨੌਜਵਾਨ ਸ਼ਕਤੀ ਨੂੰ ਬਚਾਉਣ ਲਈ ਗਲੀਆਂ ਤੋਂ ਲੈ ਕੇ ਵਿਧਾਨ ਸਭਾ ਤਕ ਲੜੇਗੀ। ਉਨ੍ਹਾਂ ਕਿਹਾ ਕਿ ਇਹ ਸਿਰਫ਼ ਇਕ ਪ੍ਰੋਗਰਾਮ ਨਹੀਂ, ਸਗੋਂ ਪੰਜਾਬ ਤੇ ਆਉਣ ਵਾਲੀਆਂ ਪੀੜ੍ਹੀਆਂ ਨੂੰ ਬਚਾਉਣ ਲਈ ਮੁਹਿਮ ਹੈ। ਪੰਜਾਬ ਵਿਚ ਫੈਲ ਰਿਹਾ ਨਸ਼ਿਆਂ ਦਾ ਖ਼ਤਰਾ ਗੰਭੀਰ ਚਿੰਤਾ ਦਾ ਵਿਸ਼ਾ ਹੈ। ਭਾਜਪਾ ਇਸ ਮੁੱਦੇ ਦਾ ਸਿਆਸੀਕਰਨ ਨਹੀਂ, ਸਗੋਂ ਜਾਗਰੂਕਤਾ ਪੈਦਾ ਕਰਨ ਤੇ ਨੌਜਵਾਨਾਂ ਦੀ ਰੱਖਿਆ ਕਰਨ ਲਈ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਭਾਜਪਾ ਦੀ ਜਾਗਰੂਕਤਾ ਮੁਹਿਮ ਉਦੋਂ ਤਕ ਜਾਰੀ ਰਹੇਗੀ, ਜਦੋਂ ਤਕ ਪੰਜਾਬ ਦਾ ਹਰ ਪਿੰਡ, ਗਲੀ ਤੇ ਘਰ ਨਸ਼ਾ ਮੁਕਤ ਨਹੀਂ ਹੋ ਜਾਂਦਾ। ਇਸ ਮੌਕੇ ਮੌਜੂਦ ਲੋਕਾਂ ਨੇ ਨਸ਼ਿਆਂ ਵਿਰੁੱਧ ਜਾਗਰੂਕਤਾ ਫੈਲਾਉਣ ਤੇ ਪੰਜਾਬ ਨੂੰ ਨਸ਼ਾ ਮੁਕਤ ਬਣਾਉਣ ਦਾ ਪ੍ਰਣ ਲਿਆ।

ਜਨਮ ਦਿਨ ਮੁਬਾਰਕ

ਸੈਮਪੋਲ
ਪਿੰਡ ਢੱਕ ਪੰਡੋਰੀ, ਫਗਵਾੜਾ

ਸਾਲਾਨਾ ਮੇਲਾ ਅੱਜ

ਕਪੂਰਥਲਾ (ਮਨਜੀਤ ਮਾਨ)-ਜ਼ਿਲ੍ਹਾ ਕਪੂਰਥਲਾ ਦੇ ਅਧੀਨ ਪੈਂਦੇ ਪਿੰਡ ਖੁਸਰੋਪੁਰ ਦੇ ਦਰਗਾਹ ਪੀਰ ਬਾਬਾ ਜੀ ਦੇ ਅਸਥਾਨ ਤੇ ਸਾਲਾਨਾ ਮੇਲਾ ਦਰਬਾਰ ਦੇ ਮੁੱਖ ਸੇਵਾਦਾਰ ਰੇਸ਼ਮ ਦੀ ਰਹਿਨੁਮਾਈ ਹੇਠ ਪਿੰਡ ਤੇ ਇਲਾਕੇ ਦੀਆਂ ਸੰਗਤਾਂ ਦੇ ਸਹਿਯੋਗ ਨਾਲ 25 ਮਈ ਨੂੰ ਬਹੁਤ ਹੀ ਉਤਸ਼ਾਹ ਤੇ ਸ਼ਾਨੋਸ਼ੌਕਤ ਨਾਲ ਕਰਵਾਇਆ ਜਾ ਰਿਹਾ ਹੈ। ਇਥੇ ਪ੍ਰੈੱਸ ਨੂੰ ਇਹ ਜਾਣਕਾਰੀ ਤਰਸੇਮ ਸਿੰਘ ਖੁਸਰੋਪੁਰੀ ਨੇ ਦਿੰਦੇ ਹੋਏ ਦੱਸਿਆ ਕਿ ਇਸ ਮੌਕੇ ਦਰਬਾਰ ਤੇ ਪ੍ਰਸਿੱਧ ਗਾਇਕ ਜੀ ਐਸ ਸ਼ਰਮੀਲਾ ਤੇ ਸਿਮਰਨ ਕੌਰ ਦਰਬਾਰ ਤੇ ਹਾਜ਼ਰੀ ਭਰਨਗੇ। ਪ੍ਰਬਧਕਾਂ ਨੇ ਸੰਗਤਾਂ ਨੂੰ ਮੇਲੇ ਵਿੱਚ ਹੁੰਮ ਹੁਮਾ ਕੇ ਪਹੁੰਚਣ ਦੀ ਅਪੀਲ ਕੀਤੀ।

ਲੁਟੇਰਿਆਂ ਨੇ ਬਜ਼ੁਰਗ ਵਿਅਕਤੀ ਤੋਂ ਖੋਹਿਆ ਮੋਟਰਸਾਇਕਲ

ਗੁਰਾਇਆ (ਬਿੰਦਰ ਸੁਮਨ)-ਇਲਾਕੇ ਅੰਦਰ ਚੋਰਾਂ ਅਤੇ ਲੁੱਟੇਰਿਆ ਨੇ ਮੁੜ ਤੋ ਆਪਣੇ ਪੈਰ ਪਸਾਰਨੇ ਸ਼ੁਰੂ ਕਰ ਦਿੱਤੇ ਹਨ, ਤਾਜ਼ਾ ਮਾਮਲਾ ਪਿੰਡ ਢੰਡਾ ਤੋ ਸਾਹਮਣੇ ਆਇਆ ਹੈ, ਜਿਥੇ ਚਿੱਟੇ ਦਿਨ ਦੋ ਲੁੱਟੇਰਿਆਂ ਨੇ ਇੱਕ ਬਜ਼ੁਰਗ ਵਿਅਕਤੀ ਪਾਸੋਂ ਮੋਟਰਸਾਇਕਲ ਖੋਹ ਲਿਆ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਲੁੱਟ ਖੋਹ ਦਾ ਸ਼ਿਕਾਰ ਹੋਏ ਪਿੰਡ ਬੀੜ ਬੰਸੀਆਂ ਦੇ ਰਹਿਣ ਵਾਲੇ ਬਲਵੀਰ ਸਿੰਘ ਨੇ ਦੱਸਿਆ ਕਿ ਉਹ ਆਪਣੇ ਮੋਟਰਸਾਇਕਲ ਤੇ ਸਵਾਰ ਹੋ ਕੇ ਗੁਰਾਇਆ ਤੋ ਆਪਣੇ ਪਿੰਡ ਵਾਪਸ ਆ ਰਹੇ ਸਨ, ਜਦ ਉਹ ਪੈਟਰੋਲ ਪੰਪ ਨਜ਼ਦੀਕ ਬਣੇ ਪਿੰਡ ਢੰਡਾ ਵਾਲਾ ਗੇਟ ਲੰਘ ਕੇ ਥੋੜਾ ਅੱਗੇ ਗਏ ਤਾਂ ਰਸਤੇ ਵਿੱਚ ਪਹਿਲਾਂ ਤੋਂ ਖੜੇ ਦੋ ਲੁਟੇਰਿਆ ਨੇ ਉਨ੍ਹਾਂ ਨੂੰ ਰੋਕ ਲਿਆ ਤੇ ਆਪਣੀਆਂ ਗੱਲਾਂ ਵਿੱਚ ਪਾ ਕੇ ਉਨ੍ਹਾਂ ਦੇ ਮੂੰਹ ਤੇ ਕੋਈ ਸਪਰੇਅ ਕਰ ਦਿੱਤੀ, ਜਿਸ ਨਾਲ ਉਨ੍ਹਾਂ ਨੂੰ ਦਿਖਣਾ ਬੰਦ ਹੋ ਗਿਆ ਤੇ ਲੁੱਟੇਰੇ ਉਨ੍ਹਾਂ ਦਾ ਮੋਟਰਸਾਇਕਲ ਲੈ ਕੇ ਫਰਾਰ ਹੋ ਗਏ।

ਸੀ ਟੀ ਗਰੁੱਪ ਵੱਲੋਂ ਹੋਣਹਾਰ ਵਿਦਿਆਰਥੀਆਂ ਦਾ ਸਨਮਾਨ

ਜਲੰਧਰ (ਸ਼ੈਲੀ ਐਲਬਰਟ)

ਸੀਟੀ ਗਰੁੱਪ ਆਫ ਇੰਸਟੀਚਿਊਸ਼ਨਜ਼, ਨੌਰਥ ਕੈਂਪਸ ਵੱਲੋਂ ਸ਼ਾਇਨਿੰਗ ਸਟਾਰਜ਼ 2026 ਨਾਮਕ ਇੱਕ ਵੱਡਾ ਸਨਮਾਨ ਸਮਾਰੋਹ ਗੌਰਵਮਈ ਮਾਹੌਲ ਵਿੱਚ ਆਯੋਜਿਤ ਕੀਤਾ ਗਿਆ। ਇਸ ਸਮਾਰੋਹ ਦਾ ਮੁੱਖ ਉਦੇਸ਼ ਇਲਾਕੇ ਭਰ ਦੇ ਕਲਾਸ 12 ਦੇ ਹੋਣਹਾਰ ਵਿਦਿਆਰਥੀਆਂ ਦੀ ਅਕਾਦਮਿਕ ਪ੍ਰਤਿਭਾ ਨੂੰ ਸਨਮਾਨਿਤ ਕਰਨਾ ਅਤੇ ਉਨ੍ਹਾਂ ਨੂੰ ਪ੍ਰੋਤਸਾਹਿਤ ਕਰਨਾ ਸੀ। ਇਸ ਵਿਸ਼ਾਲ ਸਮਾਗਮ ਵਿੱਚ 70 ਤੋਂ ਵੱਧ ਸਕੂਲਾਂ ਦੇ 1000 ਤੋਂ ਜ਼ਿਆਦਾ ਪ੍ਰਤਿਭਾਸ਼ਾਲੀ ਵਿਦਿਆਰਥੀਆਂ ਨੇ ਭਾਗ ਲਿਆ।ਇਹ ਸਮਾਰੋਹ ਸਿਰਫ਼ ਅਕਾਦਮਿਕ ਉਪਲਬਧੀਆਂ ਤੱਕ ਸੀਮਿਤ ਨਹੀਂ ਰਿਹਾ, ਸਗੋਂ ਸੰਘਰਸ਼, ਹਿੰਮਤ ਅਤੇ ਪ੍ਰੇਰਨਾਦਾਇਕ ਜੀਵਨ ਕਹਾਣੀਆਂ ਦਾ ਪ੍ਰਤੀਕ ਵੀ ਬਣਿਆ। ਸਨਮਾਨਤ ਵਿਦਿਆਰਥੀਆਂ ਵਿੱਚ ਰਵੀ ਨਾਮਕ ਵਿਦਿਆਰਥੀ ਵਿਸ਼ੇਸ਼ ਤੌਰ 'ਤੇ ਚਰਚਾ ਦਾ ਕੇਂਦਰ ਬਣਿਆ, ਜਿਸ ਨੇ ਪ੍ਰੀਖਿਆ ਤੋਂ ਠੀਕ ਪਹਿਲਾਂ ਆਪਣੇ ਪਿਤਾ ਦੇ ਦੇਹਾਂਤ ਵਰਗੇ ਦੁਖਦਾਈ ਹਾਲਾਤਾਂ ਦਾ ਸਾਹਮਣਾ ਕਰਦਿਆਂ ਵੀ 93% ਅੰਕ ਪ੍ਰਾਪਤ ਕਰਕੇ ਅਡੋਲ ਹੌਸਲੇ ਤੇ ਦ੍ਰਿੜ ਨਿਸ਼ਚੇ ਦਾ ਪ੍ਰਦਰਸ਼ਨ ਕੀਤਾ। ਉਸ ੀ ਇਸ ਕਾਮਯਾਬੀ ਨੇ ਹਾਜ਼ਰੀਨ ਨੂੰ ਭਾਵੁਕ ਕਰ ਦਿੱਤਾ ਅਤੇ ਉਸ ਨੂੰ ਖੜ੍ਹੇ ਹੋ ਕੇ ਸਨਮਾਨ ਦਿੱਤਾ ਗਿਆ।ਇਸ ਤੋਂ ਇਲਾਵਾ 97.4% ਅੰਕ ਪ੍ਰਾਪਤ ਕਰਨ ਵਾਲੇ ਇੱਕ ਹੋਰ ਵਿਦਿਆਰਥੀ ਨੇ ਆਪਣੀ ਪ੍ਰੇਰਣਾਦਾਇਕ ਅਕਾਦਮਿਕ ਯਾਤਰਾ ਸਾਂਝੀ ਕੀਤੀ। ਉਸਨੇ ਦੱਸਿਆ ਕਿ ਅਨੁਸ਼ਾਸਨ, ਸਮਰਪਣ ਅਤੇ ਲਗਾਤਾਰ ਮਿਹਨਤ ਹੀ ਉਸਦੀ ਸਫਲਤਾ ਦੀ ਕੁੰਜੀ ਰਹੀ।ਇਸ ਮੌਕੇ ਦੇ ਮੁੱਖ ਮਹਿਮਾਨ ਵਜੋਂ ਪ੍ਰਸਿੱਧ ਉਦਯੋਗਪਤੀ ਤੇ ਜਲੰਧਰ ਸੈਂਟਰਲ ਦੇ ਹਲਕਾ ਇੰਚਾਰਜ ਨਿਤਿਨ ਕੋਹਲੀ ਸ਼ਾਮਲ ਹੋਏ। ਉਨ੍ਹਾਂ ਨੇ ਆਪਣੇ ਪ੍ਰੇਰਕ ਸੰਬੋਧਨ ਰਾਹੀਂ ਵਿਦਿਆਰਥੀਆਂ ਨੂੰ ਜੀਵਨ ਵਿੱਚ ਲਗਾਤਾਰ ਉਤਕ੍ਰਿਸ਼ਟਤਾ ਵੱਲ ਅੱਗੇ ਵਧਣ ਲਈ ਪ੍ਰੇਰਿਤ ਕੀਤਾ।

ਅਣਪਛਾਤੇ ਮੋਟਰਸਾਈਕਲ ਸਵਾਰ ਨੌਜਵਾਨਾਂ ਨੇ ਘਰ 'ਤੇ ਚਲਾਈਆਂ ਗੋਲੀਆਂ

ਮਾਹਿਲਪੁਰ (ਸ਼ਫ਼ਰੀ)-ਬਲਾਕ ਮਾਹਿਲਪੁਰ ਅਧੀਨ ਪੈਂਦੇ ਪਿੰਡ ਮਨੋਲੀਆਂ ਵਿੱਚ ਅੱਧੀ ਰਾਤ ਉਸ ਸਮੇਂ ਦਹਿਸ਼ਤ ਦਾ ਮਾਹੌਲ ਬਣ ਗਿਆ ਜਦੋਂ ਅਣਪਛਾਤੇ ਮੋਟਰਸਾਈਕਲ ਸਵਾਰ ਨੌਜਵਾਨਾਂ ਵੱਲੋਂ ਇੱਕ ਘਰ 'ਤੇ ਗੋਲੀਆਂ ਚਲਾਈਆ ਗਈਆਂ।ਘਟਨਾ ਕਰੀਬ ਸਵੇਰੇ 1:30 ਵਜੇ ਦੀ ਦੱਸੀ ਜਾ ਰਹੀ ਹੈ। ਜਾਣਕਾਰੀ ਅਨੁਸਾਰ ਜਗੀਰ ਕੌਰ ਪਤਨੀ ਸੂਬੇਦਾਰ ਸਾਧੂ ਸਿੰਘ ਦੇ ਘਰ ਨੂੰ ਨਿਸ਼ਾਨਾ ਬਣਾ ਕੇ ਅਣਪਛਾਤੇ ਨੌਜਵਾਨਾਂ ਨੇ ਫਾਇਰਿੰਗ ਕੀਤੀ ਤੇ ਮੌਕੇ ਤੋਂ ਫਰਾਰ ਹੋ ਗਏ। ਪਰਵਾਰ ਨੂੰ ਘਟਨਾ ਦਾ ਉਸ ਵੇਲੇ ਪਤਾ ਲੱਗਾ ਜਦੋਂ ਸਵੇਰੇ ਉੱਠ ਕੇ ਘਰ ਦੇ ਵਿਹੜੇ ਵਿੱਚ ਗੋਲੀਆਂ ਦੇ ਖਾਲੀ ਖੋਲ ਪਏ ਮਿਲੇ। ਇਸ ਤੋਂ ਬਾਅਦ ਪਰਵਾਰਕ ਮੈਂਬਰਾਂ ਵੱਲੋਂ ਤੁਰੰਤ ਪਿੰਡ ਦੇ ਸਰਪੰਚ ਨੂੰ ਸੂਚਿਤ ਕੀਤਾ ਗਿਆ, ਜਿਸ ਉਪਰੰਤ ਪੁਲਿਸ ਨੂੰ ਜਾਣਕਾਰੀ ਦਿੱਤੀ ਗਈ। ਸੂਚਨਾ ਮਿਲਦੇ ਹੀ ਥਾਣਾ ਮਾਹਿਲਪੁਰ ਦੀ ਪੁਲਿਸ ਮੌਕੇ 'ਤੇ ਪਹੁੰਚੀ ਤੇ ਜਾਂਚ ਪੜਤਾਲ ਸ਼ੁਰੂ ਕਰ ਦਿੱਤੀ। ਘਟਨਾ ਦੌਰਾਨ ਗਨੀਮਤ ਇਹ ਰਹੀ ਕਿ ਕੋਈ ਜਾਨੀ ਨੁਕਸਾਨ ਨਹੀਂ ਹੋਇਆ, ਪਰ ਇਸ ਵਾਰਦਾਤ ਤੋਂ ਬਾਅਦ ਪਿੰਡ ਅਤੇ ਆਸ-ਪਾਸ ਦੇ ਇਲਾਕੇ ਵਿੱਚ ਡਰ ਅਤੇ ਸਹਿਮ ਦਾ ਮਾਹੌਲ ਬਣ ਗਿਆ ਹੈ। ਪੁਲਸ ਵੱਲੋਂ ਮੌਕੇ ਤੋਂ ਸਬੂਤ ਇਕੱਠੇ ਕਰਕੇ ਅਣਪਛਾਤੇ ਹਮਲਾਵਰਾਂ ਦੀ ਭਾਲ ਸ਼ੁਰੂ ਕਰ ਦਿੱਤੀ ਗਈ ਹੈ।

ਮੁਲਾਜ਼ਮਾਂ ਤੇ ਪੈਨਸ਼ਨਰਾਂ ਵੱਲੋਂ ਰੋਸ ਮਾਰਚ ਤੇ ਮੁਜ਼ਾਹਰਾ

ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)

ਕੇਂਦਰ ਸਰਕਾਰ ਦੀਆਂ ਮੁਲਾਜ਼ਮ ਤੇ ਪੈਨਸ਼ਨਰ ਦੋਖੀ ਨੀਤੀਆਂ ਤੇ ਪੰਜਾਬ ਸਰਕਾਰ ਵਲੋਂ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਹੱਕੀ ਮੰਗ ਪ੍ਰਤੀ ਅਪਣਾਏ ਗ਼ੈਰ ਜ਼ਿੰਮੇਵਾਰਾਨਾ ਵਤੀਰੇ ਵਿਰੁੱਧ ਪੰਜਾਬ ਤੇ ਪੈਨਸ਼ਨਰ ਸਾਂਝਾ ਫਰੰਟ ਵੱਲੋਂ ਸਮੁੱਚੇ ਪੰਜਾਬ ਵਿੱਚ ਨਗਰਪਾਲਿਕਾ ਚੋਣਾਂ ਵਾਲੇ ਸ਼ਹਿਰਾਂ ਵਿਚ ਕੀਤੇ ਜਾ ਰਹੇ ਰੋਸ ਮੁਜ਼ਾਹਰਿਆਂ ਦੀ ਕੜੀ ਵਿੱਚ ਗੜ੍ਹਸ਼ੰਕਰ ਦੇ ਮੁਲਾਜ਼ਮਾਂ ਤੇ ਪੈਨਸ਼ਨਰਾਂ ਵੱਲੋਂ ਮੱਖਣ ਸਿੰਘ ਵਾਹਿਦ ਪੁਰੀ, ਸਤਪਾਲ ਮਿਨਹਾਸ, ਬਲਵੰਤ ਰਾਮ, ਵਿਨੋਦ ਕੁਮਾਰ, ਪਵਨ ਕੁਮਾਰ ਗੜ੍ਹੀ ਤੇ ਬਲਵੀਰ ਖਾਨਪੁਰੀ ਦੀ ਅਗਵਾਈ ਵਿੱਚ ਗਾਂਧੀ ਪਾਰਕ ਵਿਖੇ ਰੋਸ ਰੈਲੀ ਕਰਨ ਉਪਰੰਤ ਸ਼ਹਿਰ ਦੇ ਵੱਖ ਵੱਖ ਵਾਰਡਾਂ ਵਿਚ ਰੋਸ ਮਾਰਚ ਕੀਤਾ ਤੇ ਸਰਕਾਰ ਦੀਆਂ ਮੁਲਾਜ਼ਮ ਤੇ ਪੈਨਸ਼ਨਰ ਦੋਖੀ ਨੀਤੀਆਂ ਵਿਰੁਧ ਜ਼ਬਰਦਸਤ ਨਾਅਰੇਬਾਜੀ ਕੀਤੀ। ਇਸ ਸਮੇਂ ਜਾਣਕਾਰੀ ਦਿੰਦਿਆਂ ਸ਼ਾਮ ਸੁੰਦਰ ਕਪੂਰ, ਜੀਤ ਬਗਵਾਈ, ਹਰਜਿੰਦਰ ਸੂਨੀ, ਗੁਰਨਾਮ ਹਾਜ਼ੀਪੁਰ ਤੇ ਨਰੇਸ਼ ਭੰਮੀਆਂ ਨੇ ਦੱਸਿਆ ਕਿ ਹਰ ਤਰ੍ਹਾਂ ਦੇ ਕੱਚੇ ਕਾਮੇ ਪੱਕੇ ਕੀਤੇ ਜਾਣ, ਪੁਰਾਣੀ ਪੈਨਸ਼ਨ ਬਹਾਲ ਕੀਤੀ ਜਾਵੇ, ਡੀ. ਏ. ਦੀਆਂ ਕਿਸ਼ਤਾਂ ਦਾ ਬਕਾਇਆ ਤੁਰੰਤ ਨਕਦ ਦਿੱਤਾ ਜਾਵੇ, ਡੀ. ਏ. ਦੇਣ ਸੰਬੰਧੀ ਕੋਰਟ ਦਾ ਫ਼ੈਸਲਾ ਤੁਰੰਤ ਲਾਗੂ ਕੀਤਾ ਜਾਵੇ, ਪੈਨਸ਼ਨਰਜ ਤੇ 2.59 ਦਾ ਗੁਣਾਂਕ ਲਾਗੂ ਕੀਤਾ ਜਾਵੇ, ਮਾਣ ਭੱਤਾ ਕਾਮਿਆਂ ਤੇ ਘੱਟੋ ਘੱਟ ਉਜਰਤ ਲਾਗੂ ਕੀਤੀ ਜਾਵੇ, ਖਾਲੀ ਪੋਸਟਾਂ ਤੁਰੰਤ ਭਰੀਆਂ ਜਾਣ, ਮਹਿੰਗਾਈ ਨੂੰ ਨੱਥ ਪਾਈ ਜਾਵੇ, ਪੰਜਾਬ ਵਿੱਚ ਅਮਨ ਕਾਨੂੰਨ ਦੀ ਸਥਿਤੀ ਬਹਾਲ ਕੀਤੀ ਜਾਵੇ। ਇਸ ਸਮੇਂ ਪਵਨ ਗੋਇਲ, ਰਾਜ ਕੁਮਾਰ, ਜਗਦੀਸ਼ ਪੱਖੋਵਾਲ, ਰਮਨ ਕੁਮਾਰ, ਗੋਪੀ ਰਾਮ, ਹਰਭਜਨ ਸਿੰਘ, ਜਸਵਿੰਦਰ ਸਿੰਘ, ਹੰਸ ਰਾਜ, ਜੋਗਿੰਦਰ ਹੀਰ, ਗਿਆਨੀ ਅਵਤਾਰ ਸਿੰਘ, ਰਤਨ ਸਿੰਘ, ਸ਼ਿੰਗਾਰਾ ਰਾਮ, ਗੁਰਦੀਪ ਬੇਦੀ, ਗੁਰਨੀਤ ਸਿੰਘ, ਸਤਪਾਲ ਸਿੰਘ, ਜੋਗਿੰਦਰ ਢਾਹਾਂ, ਰਮੇਸ਼ ਕੁਮਾਰ, ਸਤਨਾਮ ਸਿੰਘ ਹਾਜ਼ਰ ਸਨ।

ਕੈਂਸਰ ਤੇ ਮੈਡੀਕਲ ਚੈੱਕਅੱਪ ਕੈਂਪ 30 ਨੂੰ

ਟਾਂਡਾ ਉੜਮੁੜ (ਮਿਥਲੇਸ਼ ਗਰਗ, ਜਸਵਿੰਦਰ ਸੰਧੂ)

ਲੋਕ ਸੇਵਾ ਵੈਲਫ਼ੇਅਰ ਸੋਸਾਇਟੀ ਦੇ ਸਰਪ੍ਰਸਤ ਰਛਪਾਲ ਸਿੰਘ ਚਰੜ ਦੀ ਅਗਵਾਈ ਵਿੱਚ ਵਰਲਡ ਕੈਂਸਰ ਕੇਅਰ ਸੋਸਾਇਟੀ ਦੇ ਚੇਅਰਮੈਨ ਕੁਲਵੰਤ ਸਿੰਘ ਧਾਲੀਵਾਲ ਤੇ ਮਾਂ ਮਤੇਸ਼ਵਰੀ ਚਿੰਤਪੁਰਨੀ ਮੰਦਿਰ ਢੋਲਵਾਹਾ ਜਨੌੜੀ ਦੇ ਸੰਸਥਾਪਕ ਠਾਕੁਰ ਰਵੀ ਗਾਂਧੀ ਦੇ ਸਹਿਯੋਗ ਨਾਲ ਬਾਬਾ ਬੂਟਾ ਭਗਤ ਹਾਲ ਉੜਮੁੜ ਵਿਖੇ 30 ਮਈ ਨੂੰ ਲਗਾਇਆ ਜਾ ਰਿਹਾ ਮੁਫ਼ਤ ਵਿਸ਼ਾਲ ਮੈਡੀਕਲ ਚੈੱਕਅੱਪ ਤੇ ਵਰਲਡ ਕੈਂਸਰ ਕੈਂਪ ਸਬੰਧੀ ਪੋਸਟਰ ਜਾਰੀ ਕੀਤਾ ਗਿਆ। ਇਸ ਵਿਸ਼ਾਲ ਕੈਂਪ ਸਬੰਧੀ ਜਾਣਕਾਰੀ ਦਿੰਦੇ ਹੋਏ ਲੋਕ ਸੇਵਾ ਵੈਲਫ਼ੇਅਰ ਸੋਸਾਇਟੀ ਦੇ ਸਰਪ੍ਰਸਤ ਰਸ਼ਪਾਲ ਸਿੰਘ ਚਰੜ ਨੇ ਕਿਹਾ ਕਿ ਅਜੋਕੇ ਮਹਿੰਗਾਈ ਭਰੇ ਯੁਗ ਵਿੱਚ ਗਰੀਬ ਬੇਸਹਾਰਾ ਲਾਚਾਰ ਮਹਿੰਗੇ ਇਲਾਜ ਤੋਂ ਵੰਚਿਤ ਮਰੀਜ਼ਾਂ ਦੀ ਸਾਡੀ ਸੋਸਾਇਟੀ ਹਰ ਪੱਖੋਂ ਸਹਾਇਤਾ ਕਰ ਰਹੀ ਹੈ ਤਾਂ ਜੋ ਕੀਮਤੀ ਜ਼ਿੰਦਗੀਆਂ ਬਚਾਈਆਂ ਜਾ ਸਕਨ। ਉਨ੍ਹਾਂ ਕਿਹਾ ਕਿ ਸਾਡੀ ਸੋਸਾਇਟੀ ਦੇ ਮੈਂਬਰ ਸ਼ਹਿਰਾਂ ਅਤੇ ਪਿੰਡ-ਪਿੰਡ 'ਚ ਜਾ ਕੇ ਮਰੀਜ਼ਾਂ ਦੀ ਜਾਂਚ ਪੜਤਾਲ ਕਰਦੇ ਹਨ। ਇਸ ਤੋਂ ਇਲਾਵਾ ਜਿਹੜੇ ਲੋੜਵੰਦ ਪਰਿਵਾਰ ਸਾਡੀ ਸੋਸਾਇਟੀ ਨਾਲ ਸੰਪਰਕ ਵੀ ਕਰਦੇ ਹਨ ਉਨ੍ਹਾਂ ਦੇ ਮਰੀਜ਼ਾਂ ਦਾ ਇਲਾਜ ਕਰਵਾਉਣ ਦਾ ਪੂਰਾ-ਪੂਰਾ ਇੰਤਜ਼ਾਮ ਕੀਤਾ ਜਾਂਦਾ ਹੈ। ਰਸ਼ਪਾਲ ਚਰੜ ਨੇ ਕਿਹਾ ਕਿ ਇਸ ਵਿਸ਼ਾਲ ਕੈਂਪ ਵਿੱਚ ਕੈਂਸਰ ਦੇ ਮਾਹਿਰ ਡਾਕਟਰ, ਨਿਓਨੈਟੋਲੋਜਿਸਟ ਡਾਕਟਰ ਅੰਕਿਤ ਗੋਇਲ, ਬੱਚਿਆਂ ਦੀ ਸਪੈਸ਼ਲਿਸਟ ਡਾਕਟਰ ਪ੍ਰਗਤੀ ਗੋਇਲ ਤੇ ਅੱਖਾਂ ਦੇ ਡਾਕਟਰ ਤੋਂ ਇਲਾਵਾ ਆਰਥੋਪੀਡਿਕਸ ਡਾਕਟਰ ਇੰਦਰਦੀਪ ਸਿੰਘ ਮਰੀਜ਼ਾਂ ਦਾ ਚੈੱਕਅਪ ਕਰਕੇ ਮਰੀਜ਼ਾਂ ਨੂੰ ਜ਼ਰੂਰਤ ਅਨੁਸਾਰ ਮੁਫ਼ਤ ਦਵਾਈਆਂ ਦੇਣਗੇ। ਉਨ੍ਹਾਂ ਕਿਹਾ ਕਿ ਕੈਂਪ ਦੌਰਾਨ ਲੈਬੋਟਰੀ ਟੈਕਨੀਸ਼ੀਅਨ ਸ਼ੂਗਰ ਤੋਂ ਇਲਾਵਾ ਹੋਰ ਟੈਸਟ ਮੁਫ਼ਤ ਕਰਨਗੇ। ਉਨ੍ਹਾਂ ਕਿਹਾ ਕਿ ਟਾਂਡਾ ਇਲਾਕੇ ਦੇ ਮਰੀਜ਼ਾਂ ਨੂੰ ਇਸ ਕੈਂਪ ਵਿੱਚ ਲਿਆਉਣ ਲਈ ਵਰਲਡ ਕੈਂਸਰ ਕੇਅਰ ਸੋਸਾਇਟੀ ਦੀਆਂ ਬੱਸਾਂ ਮੁਫ਼ਤ ਸੇਵਾਵਾਂ ਮੁਹਈਆ ਕਰਵਾਉਣਗੀਆਂ। ਉਨ੍ਹਾਂ ਕਿਹਾ ਕਿ ਕੈਂਪ ਦੌਰਾਨ ਗੁਰੂ ਦਾ ਅਤੁੱਟ ਲੰਗਰ ਚਲਦਾ ਰਹੇਗਾ।ਠਾਕੁਰ ਰਵੀ ਗਾਂਧੀ ਨੇ ਕਿਹਾ ਕਿ ਸਾਡੀ ਮੰਦਿਰ ਕਮੇਟੀ ਵੱਲੋਂ ਅਜਿਹੇ ਮੁਫ਼ਤ ਮੈਡੀਕਲ ਚੈੱਕਅਪ ਕੈਂਪ ਲਗਾਉਣ ਵਾਲੀ ਹਰ ਸੰਸਥਾ ਨੂੰ ਆਪਣਾ ਪੂਰਾ-ਪੂਰਾ ਬਣਦਾ ਸਹਿਯੋਗ ਦਿੰਦੀ ਹੈ ਅਤੇ ਉਨ੍ਹਾਂ ਦੇ ਸਮੂਹ ਕਮੇਟੀ ਮੈਂਬਰਾਂ ਦਾ ਸਵਾਗਤ ਕਰਦੇ ਹੋਏ ਉਨ੍ਹਾਂ ਨੂੰ ਸਨਮਾਨਿਤ ਵੀ ਕਰਦੀ ਹੈ ਤਾਂ ਜੋ ਉਨ੍ਹਾਂ ਦੇ ਹੌਸਲੇ ਹੋਰ ਬੁਲੰਦ ਹੋ ਸਕਨ।

ਮਾਤਾ ਦਰਸ਼ਨ ਕੌਰ ਨੂੰ ਨਮ ਅੱਖਾਂ ਨਾਲ ਅੰਤਮ ਸ਼ਰਧਾਂਜਲੀ ਭੇਟ

ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)-ਉੱਘੇ ਐੱਨ ਆਰ ਆਈ ਤਰਸੇਮ ਸਿੰਘ ਧਾਲੀਵਾਲ ਤੇ ਹਰਜਿੰਦਰ ਸਿੰਘ ਧਾਲੀਵਾਲ ਦੀ ਮਾਤਾ ਦਰਸ਼ਨ ਕੌਰ ਪਤਨੀ ਸਵਰਗਵਾਸੀ ਆਤਮਾ ਸਿੰਘ ਜੋ ਪਿਛਲੇ ਦਿਨੀ ਅਚਾਨਕ ਅਕਾਲ ਚਲਾਣਾ ਕਰ ਗਏ ਸਨ, ਨੂੰ ਪੰਥਕ ਅਰਦਾਸ ਅਤੇ ਸ਼ਰਧਾਂਜਲੀ ਸਮਾਗਮ ਦੌਰਾਨ ਨਮ ਅੱਖਾਂ ਨਾਲ ਸ਼ਰਧਾਂਜਲੀ ਭੇਟ ਕੀਤੀ ਗਈ।ਇਸ ਮੌਕੇ ਗੁਰਦੁਆਰਾ ਸ੍ਰੀ ਬੇਰ ਸਾਹਿਬ ਦੇ ਹਜ਼ੂਰੀ ਰਾਗੀ ਭਾਈ ਦਿਲਬਾਗ ਸਿੰਘ ਵੱਲੋਂ ਰਸਭਿੰਨਾ ਵੈਰਾਗਮਈ ਕੀਰਤਨ ਕਰਕੇ ਸੰਗਤਾਂ ਨੂੰ ਗੁਰੂ ਚਰਨਾਂ ਨਾਲ ਜੋੜਿਆ ਗਿਆ। ਉਪਰੰਤ ਵੱਖ-ਵੱਖ ਧਾਰਮਿਕ, ਸਮਾਜਿਕ ਅਤੇ ਰਾਜਨੀਤਿਕ ਆਗੂਆਂ ਵੱਲੋਂ ਪਰਵਾਰ ਨਾਲ ਦੁੱਖ ਸਾਂਝਾ ਕਰਦਿਆਂ ਸ਼ਰਧਾਂਜਲੀ ਭੇਟ ਕੀਤੀ ਗਈ।ਇਸ ਤੋਂ ਪਹਿਲਾਂ ਪਰਿਵਾਰਕ ਗ੍ਰਹਿ ਵਿਖੇ ਸ੍ਰੀ ਸੁਖਮਨੀ ਸਾਹਿਬ ਜੀ ਦੇ ਪਾਠ ਕਰਵਾਏ ਗਏ, ਜਦਕਿ ਅੰਤਿਮ ਅਰਦਾਸ ਗੁਰਦੁਆਰਾ ਸਿੰਘ ਸਭਾ ਵਿਖੇ ਹੋਈ। ਸਮਾਗਮ ਦੌਰਾਨ ਵੱਡੀ ਗਿਣਤੀ ਵਿੱਚ ਇਲਾਕੇ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ, ਸੱਜਣ-ਮਿੱਤਰ ਅਤੇ ਸੰਗਤਾਂ ਨੇ ਹਾਜ਼ਰੀ ਭਰਕੇ ਪਰਵਾਰ ਨਾਲ ਡੂੰਘਾ ਦੁੱਖ ਪ੍ਰਗਟਾਇਆ।

ਸਾਹਿਤ ਅਕਾਦਮੀ ਨੇ ਸਾਲਾਨਾ ਸਨਮਾਨ ਸਮਾਰੋਹ ਕਰਵਾਇਆ

ਚੰਡੀਗੜ੍ਹ (ਸੁਰਜੀਤ ਸੁਮਨ)

ਪੰਜਾਬ ਦੇ ਰਾਜਪਾਲ ਅਤੇ ਕੇਂਦਰ ਸ਼ਾਸਿਤ ਪ੍ਰਦੇਸ਼ ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਨੇ ਚੰਡੀਗੜ੍ਹ ਸਾਹਿਤ ਅਕਾਦਮੀ ਵੱਲੋਂ ਆਯੋਜਿਤ ਸਾਲਾਨਾ ਸਨਮਾਨ ਸਮਾਰੋਹ ਵਿੱਚ ਮੁੱਖ ਮਹਿਮਾਨ ਵਜੋਂ ਸ਼ਿਰਕਤ ਕੀਤੀ ਤੇ ਸਾਹਿਤ ਦੇ ਵੱਖ-ਵੱਖ ਖੇਤਰਾਂ ਨਾਲ ਜੁੜੇ ਪ੍ਰਸਿੱਧ ਲੇਖਕਾਂ, ਕਵੀਆਂ ਅਤੇ ਸਾਹਿਤਕਾਰਾਂ ਨੂੰ ਵੱਖ-ਵੱਖ ਸ਼੍ਰੇਣੀਆਂ ਵਿੱਚ ਸਨਮਾਨਿਤ ਕੀਤਾ। ਸਾਲ 2023 ਤੇ 2024 ਲਈ ਹਿੰਦੀ, ਪੰਜਾਬੀ, ਸੰਸਕ੍ਰਿਤ ਅਤੇ ਅੰਗਰੇਜ਼ੀ ਭਾਸ਼ਾਵਾਂ ਦੇ ਕੁੱਲ 8 ਸੀਨੀਅਰ ਸਾਹਿਤਕਾਰਾਂ ਨੂੰ 'ਅਵਾਰਡ ਆਫ ਰਿਕਗਨੀਸ਼ਨ' ਨਾਲ ਸਨਮਾਨਤ ਕੀਤਾ ਗਿਆ, ਜਦਕਿ ਵੱਖ-ਵੱਖ ਸਾਹਿਤਕ ਵਿਧਾਵਾਂ ਤੇ ਭਾਸ਼ਾਵਾਂ ਵਿੱਚ 10 ਲੇਖਕਾਂ ਨੂੰ 'ਸਰਵੋਤਮ ਪੁਸਤਕ ਪੁਰਸਕਾਰ 2024' ਪ੍ਰਦਾਨ ਕੀਤਾ ਗਿਆ। ਇਸ ਤੋਂ ਇਲਾਵਾ 'ਪਾਂਡੁਲਿਪੀ 2025' ਸ਼੍ਰੇਣੀ ਤਹਿਤ 6 ਲੇਖਕਾਂ ਨੂੰ ਸਨਮਾਨਤ ਕੀਤਾ ਗਿਆ ਤੇ 1 ਲੇਖਕ ਨੂੰ 'ਯੁਵਾ ਪੁਰਸਕਾਰ' ਦਿੱਤਾ ਗਿਆ। ਅਕਾਦਮੀ ਨੇ ਪਹਿਲੀ ਵਾਰ 'ਬਾਲ ਪੁਰਸਕਾਰ' ਦੀ ਵੀ ਸ਼ੁਰੂਆਤ ਕੀਤੀ, ਜਿਸ ਤਹਿਤ ਹਿੰਦੀ, ਪੰਜਾਬੀ ਅਤੇ ਅੰਗਰੇਜ਼ੀ ਭਾਸ਼ਾਵਾਂ ਵਿੱਚ ਤਿੰਨ ਉਮਰ ਵਰਗਾਂ ਦੇ 15 ਬੱਚਿਆਂ ਨੂੰ ਉਨ੍ਹਾਂ ਦੀਆਂ ਸਾਹਿਤਕ ਪ੍ਰਾਪਤੀਆਂ ਲਈ ਸਨਮਾਨਤ ਕੀਤਾ ਗਿਆ।ਸਨਮਾਨ ਸਮਾਰੋਹ ਨੂੰ ਸੰਬੋਧਨ ਕਰਦਿਆਂ ਕਟਾਰੀਆ ਨੇ ਸਾਹਿਤ ਨੂੰ ਕੇਵਲ ਸਮਾਜ ਦਾ ਦਰਪਣ ਹੀ ਨਹੀਂ, ਸਗੋਂ ਮਾਨਵਤਾ ਨੂੰ ਸਹੀ ਦਿਸ਼ਾ ਦਿਖਾਉਣ ਵਾਲਾ ਪ੍ਰਕਾਸ਼-ਸਤੰਭ ਦੱਸਦਿਆਂ ਕਿਹਾ ਕਿ ਸਾਹਿਤ ਤੇ ਕਵਿਤਾ ਨੇ ਸਦੀਆਂ ਤੋਂ ਸਾਡੇ ਸਮਾਜ ਨੂੰ ਪ੍ਰੇਰਿਤ ਕੀਤਾ ਹੈ ਤੇ ਆਉਣ ਵਾਲੀਆਂ ਪੀੜ੍ਹੀਆਂ ਨੂੰ ਵੀ ਪ੍ਰੇਰਿਤ ਕਰਦੇ ਰਹਿਣਗੇ, ਜੋ ਸਾਹਿਤ ਦੀ ਅਸਲ ਸ਼ਕਤੀ ਨੂੰ ਦਰਸਾਉਂਦਾ ਹੈ। ਉਨ੍ਹਾਂ ਸਾਹਿਤ ਨੂੰ ਸਮਾਜ ਦਾ ਸੱਚਾ ਗਹਿਣਾ ਦੱਸਦਿਆਂ ਕਿਹਾ ਕਿ ਇਹ ਹਰ ਯੁੱਗ ਵਿੱਚ ਮਾਨਵਤਾ ਦਾ ਮਾਰਗਦਰਸ਼ਨ, ਪ੍ਰਬੋਧਨ ਅਤੇ ਪ੍ਰੇਰਨਾ ਕਰਦਾ ਹੈ। ਉਨ੍ਹਾਂ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਕਿਸੇ ਵੀ ਰਾਸ਼ਟਰ ਦੀ ਅਸਲ ਸ਼ਕਤੀ ਉਸਦੇ ਨੈਤਿਕ ਮੁੱਲਾਂ, ਸੱਭਿਆਚਾਰਕ ਚੇਤਨਾ, ਸਾਹਿਤਕ ਅਮੀਰੀ ਅਤੇ ਬੌਧਿਕ ਗਹਿਰਾਈ ਵਿੱਚ ਨਿਹਿਤ ਹੁੰਦੀ ਹੈ। ਉਨ੍ਹਾਂ ਨੌਜਵਾਨ ਰਚਨਾਕਾਰਾਂ ਨੂੰ ਅਪੀਲ ਕੀਤੀ ਕਿ ਉਹ ਆਪਣੀਆਂ ਸਾਹਿਤਕ ਰਚਨਾਵਾਂ ਵਿੱਚ ਭਾਰਤੀ ਸੰਸਕ੍ਰਿਤੀ, ਸਮਾਜਿਕ ਸਦਭਾਵ ਅਤੇ ਨੈਤਿਕ ਕਦਰਾਂ-ਕੀਮਤਾਂ ਨੂੰ ਕੇਂਦਰ ਵਿੱਚ ਰੱਖਣ।ਇਸ ਮੌਕੇ ਸੰਸਕ੍ਰਿਤਕ ਸਕੱਤਰ ਡਾ. ਸਈਅਦ ਰਸ਼ੀਦ ਸ਼ਾਹ, ਚੰਡੀਗੜ੍ਹ ਸਾਹਿਤ ਅਕਾਦਮੀ ਦੇ ਚੇਅਰਮੈਨ ਡਾ. ਮਨਮੋਹਨ ਸਿੰਘ, ਸਨਮਾਨਤ ਸਾਹਿਤਕਾਰ, ਮਹਿਮਾਨ, ਲੇਖਕ, ਸਿੱਖਿਆ ਸ਼ਾਸਤਰੀ ਵਿਦਿਆਰਥੀ ਅਤੇ ਵੱਖ ਵੱਖ ਭਾਸ਼ਾਵਾਂ ਨਾਲ ਜੁੜੇ ਸਾਹਿਤ ਪ੍ਰੇਮੀ ਹਾਜ਼ਰ ਸਨ।

ਸ਼ਹੀਦ ਕਰਤਾਰ ਸਿੰਘ ਦਾ ਜਨਮ ਦਿਹਾੜਾ ਮਨਾਇਆ

ਸੁਲਤਾਨਪੁਰ ਲੋਧੀ (ਹਨੀ)

ਫਾਲਕਨ ਇੰਟਰਨੈਸ਼ਨਲ ਸਕੂਲ ਸਵਾਲ ਸੁਲਤਾਨਪੁਰ ਲੋਧੀ ਵਿਖੇ ਮਹਾਨ ਸ਼ਹੀਦ ਕਰਤਾਰ ਸਿੰਘ ਦਾ ਜਨਮ ਦਿਹਾੜਾ ਦੇਸ਼ ਭਗਤੀ ਦੀ ਭਾਵਨਾ ਤੇ ਉਤਸ਼ਾਹ ਨਾਲ ਮਨਾਇਆ ਗਿਆ। ਇਸ ਪ੍ਰੇਰਨਾਦਾਇਕ ਸਮਾਗਮ ਦਾ ਆਯੋਜਨ ਸਕੂਲ ਦੇ ਚੇਅਰਮੈਨ ਕਰਨਲ ਅਜੀਤ ਸਿੰਘ ਢਿੱਲੋਂ ਤੇ ਐੱਮ ਡੀ ਨਵਦੀਪ ਕੌਰ ਢਿੱਲੋਂ ਦੀ ਅਗਵਾਈ ਵਿਚ ਕਰਵਾਇਆ ਗਿਆ। ਪ੍ਰਿੰਸੀਪਲ ਪਰਵੀਨ ਕੌਰ, ਵਾਈਸ ਪ੍ਰਿੰਸੀਪਲ ਰਵਿੰਦਰਜੀਤ ਕੌਰ ਅਤੇ ਐਕਟੀਵਿਟੀ ਇੰਚਾਰਜ ਸ਼ਰਨਜੀਤ ਕੌਰ ਨੇ ਪਹੁੰਚੇ ਮਹਿਮਾਨਾਂ ਨੂੰ ਜੀ ਆਇਆਂ ਕਿਹਾ । ਸਮਾਗਮ ਦੀ ਸ਼ੁਰੂਆਤ ਦੌਰਾਨ ਸਕੂਲ ਦੇ ਚੇਅਰਮੈਨ ਕਰਨਲ ਢਿੱਲੋਂ, ਢਿੱਲੋਂ ਅਤੇ ਸਟਾਫ ਮੈਂਬਰਾਂ ਵੱਲੋਂ ਸ਼ਹੀਦ ਕਰਤਾਰ ਸਿੰਘ ਸਰਾਭਾ ਨੂੰ ਫੁੱਲਾਂ ਦੀ ਵਰਮਾਲਾ ਭੇਟ ਕਰਦੇ ਹੋਏ ਸ਼ਰਧਾ ਸਹਿਤ ਨਮਨ ਕੀਤਾ ਗਿਆ।ਇਸ ਮੌਕੇ ਪੂਰਾ ਮਾਹੌਲ ਦੇਸ਼ਭਗਤੀ ਦੇ ਰੰਗ ਵਿੱਚ ਰੰਗਿਆ ਹੋਇਆ ਨਜ਼ਰ ਆਇਆ।ਵਿਦਿਆਰਥੀਆਂ ਵਿੱਚ ਦੇਸ਼ ਪ੍ਰੇਮ ਦੀ ਭਾਵਨਾ ਨੂੰ ਹੋਰ ਮਜ਼ਬੂਤ ਕਰਨ ਲਈ ਇੰਟਰ ਹਾਊਸ ਭਾਸ਼ਣ ਮੁਕਾਬਲਾ ਕਰਵਾਇਆ ਗਿਆ, ਜਿਸ ਵਿੱਚ ਵਿਦਿਆਰਥੀਆਂ ਨੇ ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਜੀਵਨ, ਉਨ੍ਹਾਂ ਦੀ ਨਿਡਰਤਾ, ਦੇਸ਼ ਪ੍ਰਤੀ ਅਟੁੱਟ ਸਮਰਪਣ ਅਤੇ ਮਹਾਨ ਕੁਰਬਾਨੀਆਂ ਬਾਰੇ ਪ੍ਰਭਾਵਸ਼ਾਲੀ ਵਿਚਾਰ ਪੇਸ਼ ਕੀਤੇ।ਮੁਕਾਬਲੇ ਵਿੱਚ ਸ਼ਹੀਦ ਊਧਮ ਸਿੰਘ ਹਾਊਸ ਦੀ ਹੋਣਹਾਰ ਵਿਦਿਆਰਥਣ ਸ੍ਰਿਸ਼ਟੀ ਨੇ ਆਪਣੀ ਪ੍ਰਭਾਵਸ਼ਾਲੀ ਪੇਸ਼ਕਾਰੀ ਨਾਲ ਪਹਿਲਾ ਸਥਾਨ ਹਾਸਲ ਕੀਤਾ, ਜਦਕਿ ਸ਼ਹੀਦ ਕਰਤਾਰ ਸਿੰਘ ਸਰਾਭਾ ਹਾਊਸ ਦੇ ਵਿਦਿਆਰਥੀ ਸਹਿਜਪ੍ਰੀਤ ਸਿੰਘ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਦੂਜਾ ਸਥਾਨ ਪ੍ਰਾਪਤ ਕੀਤਾ। ਚੇਅਰਮੈਨ ਕਰਨਲ ਢਿੱਲੋਂ, ਡਾਇਰੈਕਟਰ ਮੈਡਮ ਢਿੱਲੋਂ ਨੇ ਆਪਣੇ ਉਤਸ਼ਾਹ ਪੂਰਵਕ ਵਿਚਾਰਾਂ ਨਾਲ ਵਿਦਿਆਰਥੀਆਂ ਨੂੰ ਅੱਗੇ ਵੱਧਣ ਦਾ ਸੰਦੇਸ਼ ਦਿੱਤਾ।

ਸਾਲਾਨਾ ਯਾਦਗਾਰੀ ਵਜ਼ੀਫ਼ਾ ਵੰਡ ਸਮਾਰੋਹ ਯਾਦਗਾਰੀ ਹੋ ਨਿੱਬੜਿਆ

ਬੰਗਾ (ਅਵਤਾਰ ਕਲੇਰ)

ਸਰਕਾਰੀ ਸੀਨੀਅਰ ਸੈਕੰਡਰੀ ਸਮਾਰਟ ਸਕੂਲ ਸਾਹਲੋਂ ਵਿਖੇ ਗ੍ਰਾਮ ਪੰਚਾਇਤ ਸਾਹਲੋਂ ਵਲੋਂ ਐਨ ਆਰ ਆਈ ਦਾਨੀ ਸੱਜਣਾ ਦੇ ਸਹਿਯੋਗ ਨਾਲ ਸਕੂਲ ਵਿਖੇ ਦੂਸਰਾ ਯਾਦਗਾਰੀ ਵਜ਼ੀਫ਼ਾ ਵੰਡ ਸਮਾਰੋਹ ਆਯੋਜਿਤ ਕਰਵਾਇਆ ਗਿਆ ਜਿਸ ਵਿੱਚ ਦੀਦਾਰ ਸਿੰਘ ਭੱਟੀ ਸਰੀ ਕੈਨੇਡਾ ਨੇ ਆਪਣੇ ਮਾਤਾ ਪਿਤਾ ਤੇ ਪਤਨੀ ਦੀ ਯਾਦ ਵਿੱਚ ਛੇਵੀਂ ਤੋਂ ਬਾਰ੍ਹਵੀਂ ਦੇ ਪੋਜੀਸ਼ਨਾ ਪ੍ਰਾਪਤ ਕਰਨ ਵਾਲੇ ਬੱਚਿਆਂ ਦਰਮਿਆਨ 60 ਹਜ਼ਾਰ ਦੀ ਰਾਸ਼ੀ ਤਕਸੀਮ ਕਰਵਾਈ। ਇੱਕ ਮਹਾਨ ਦਾਨੀ ਸੱਜਣ ਨੇ ਆਪਣਾ ਨਾਂਅ ਗੁਪਤ ਰੱਖਦਿਆਂ ਧੰਨ-ਧੰਨ ਬਾਬਾ ਮੁਐਆਨਾ ਸਾਹਿਬ ਦੀ ਯਾਦ ਵਿੱਚ ਦੋ ਲੱਖ ਦੀ ਰਾਸ਼ੀ ਭੇਜੀ। ਸਵਰਗੀ ਬਲਵੀਰ ਸਿੰਘ ਭੱਟੀ ਫਿਜ਼ੀ ਵਾਲੇ ਦੀ ਯਾਦ ਵਿੱਚ ਵੀ ਇੱਕ ਦਾਨੀ ਸੱਜਣ ਨੇ ਆਪਣਾ ਨਾਂਅ ਗੁਪਤ ਰੱਖਦਿਆਂ ਖਿਡਾਰੀਆਂ ਨੂੰ ਅੱਸੀ ਵਰਦੀਆਂ ਭੇਟ ਕੀਤੀਆਂ। ਪਿੰਡ ਦੇ ਸਰਪੰਚ ਹਰਮੇਸ਼ ਭਾਰਤੀ ਨੇ ਮੈਰਿਟ ਸੂਚੀ ਵਿੱਚ ਨਾਂਅ ਦਰਜ ਕਰਾਣ ਵਾਲੇ ਬੱਚੇ ਨੂੰ 51 ਹਜ਼ਾਰ ਦੇਣ ਦੀ ਘੋਸ਼ਣਾ ਕੀਤੀ। ਭਾਰਤੀ ਨੇ ਆਪਣੇ ਵਿਚਾਰ ਪੇਸ਼ ਕਰਦਿਆਂ ਬੱਚਿਆਂ ਨੂੰ ਸਖਤ ਮਿਹਨਤ ਕਰਕੇ ਆਪਣੇ ਸਕੂਲ, ਮਾਤਾ ਪਿਤਾ ਤੇ ਅਧਿਆਪਕਾਂ ਦਾ ਨਾਂ ਚਮਕਾਉਣ ਦਾ ਸੁਨੇਹਾ ਦਿੱਤਾ। ਉਹਨਾਂ ਬੱਚਿਆਂ ਨੂੰ ਪੜ੍ਹਾਈ ਦੇ ਨਾਲ-ਨਾਲ ਖੇਡਾਂ ਨਾਲ ਜੁੜਨ ਦਾ ਸੁਨੇਹਾ ਦਿੱਤਾ। ਗੁਰਚਰਨ ਸਿੰਘ ਸੈਕਟਰੀ ਨੇ ਬੱਚਿਆਂ ਨੂੰ ਸਪੋਰਟਸ ਨਾਲ ਜੁੜਨ ਦਾ ਤੇ ਸਮਾਜਿਕ ਅਪਰਾਧਾਂ ਤੋਂ ਦੂਰ ਰਹਿਣ ਦਾ ਸੁਨੇਹਾ ਦਿੱਤਾ। ਬੱਚਿਆਂ ਨੇ ਸਭਿਆਚਾਰਕ ਵੰਨਗੀਆਂ ਦੀ ਸਫਲਤਾਪੂਰਵਕ ਪੇਸ਼ਕਾਰੀ ਕੀਤੀ। ਪੰਚਾਇਤ ਦੇ ਇਸ ਸ਼ਲਾਘਾਯੋਗ ਉਪਰਾਲੇ ਦੀ ਸ਼ਲਾਘਾ ਕੀਤੀ ਤੇ ਦਾਨੀ ਵੀਰਾਂ ਦਾ ਧੰਨਵਾਦ ਕੀਤਾ। ਪ੍ਰਿੰਸੀਪਲ ਅਲਕਾ ਰਾਣੀ ਨੇ ਪੰਚਾਇਤ ਤੇ ਪਤਵੰਤੇ ਸੱਜਣਾ ਨੂੰ ਜਿੱਥੇ ਜੀ ਆਇਆਂ ਆਖਿਆ ਉੱਥੇ ਸਕੂਲ ਲਈ ਪੰਚਾਇਤ ਤੇ ਦਾਨੀ ਸੱਜਣਾ ਵਲੋਂ ਵਿੱਢੇ ਉਪਰਾਲਿਆਂ ਦੀ ਸ਼ਲਾਘਾ ਕੀਤੀ। ਇਸ ਮੌਕੇ ਐੱਸ ਐੱਮ ਸੀ ਮੈਂਬਰਾਂ, ਬੱਚਿਆਂ ਦੇ ਮਾਪਿਆਂ, ਸਕੂਲ ਸਟਾਫ ਮੈਂਬਰਾਂ ਤੋਂ ਇਲਾਵਾ ਤਰਲੋਚਨ ਸਿੰਘ ਨੰਬਰਦਾਰ, ਨਾਨਕ ਸਿੰਘ ਨੰਬਰਦਾਰ, ਗੁਰਮੇਲ ਚੰਦ ਨੰਬਰਦਾਰ, ਪਰਮਿੰਦਰ ਸਿੰਘ, ਹਰਜੀਤ ਸਿੰਘ ਵਿੱਕੀ, ਦਵਿੰਦਰ ਵਿੱਕੀ ਪੰਚ ਵੰਦਨਾ ਪੰਚ, ਸੁਖਵੀਰ ਸਿੰਘ ਸੁੱਖੀ ਪ੍ਰਧਾਨ, ਨਵਜੋਤ ਸਿੰਘ ਸੋਨਾ,ਅਮਰੀਕ ਸਿੰਘ, ਹਰੀ ਸਿੰਘ, ਵੀਰ ਚੰਦ, ਸਰਦਾਰਾ ਸਿੰਘ, ਰੁਲਦਾ ਸਿੰਘ ਕਾਕਾ, ਕਿਸ਼ਨ ਲਾਲ, ਚੈਂਚਲ ਸਿੰਘ, ਭਜਨ ਸਿੰਘ, ਜਰਨੈਲ ਸਿੰਘ, ਵੰਦਨਾ ਪੰਚ, ਮੋਨਿਕਾ, ਲਲਿਤਾ, ਸੁਰਿੰਦਰ ਕੌਰ, ਸ਼ਰਨਜੀਤ ਕੌਰ, ਸਰਬਜੀਤ ਕੌਰ,ਅਰੁਨ, ਵਰਿੰਦਰ ਸਿੰਘ, ਊਸ਼ਾ ਰਾਣੀ ਆਦਿ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਸਟੇਜ਼ ਦੀ ਭੂਮਿਕਾ ਲੈਕਚਰਾਰ ਭੁਪਿੰਦਰ ਸਿੰਘ ਨੇ ਸੁੰਦਰ ਢੰਗ ਨਾਲ ਨਿਭਾਈ।

ਚੋਣਾਂ ਦੇ ਮੱਦੇਨਜ਼ਰ ਪੁਲਸ ਵੱਲੋਂ ਫਲੈਗ ਮਾਰਚ

ਡੇਰਾ ਬੱਸੀ (ਵਿਨੈ ਕੁਮਾਰ ਜੈਨ)

ਡੇਰਾਬੱਸੀ ਪੁਲਿਸ ਸਬ-ਡਵੀਜ਼ਨ ਅਧੀਨ ਪੈਂਦੇ ਡੇਰਾਬੱਸੀ ਅਤੇ ਲਾਲੜੂ ਵਿੱਚ ਨਗਰ ਨਿਗਮ/ਸਥਾਨਕ ਚੋਣਾਂ ਦੇ ਮੱਦੇਨਜ਼ਰ ਸਥਾਨਕ ਪੁਲਿਸ ਨੇ ਆਰ ਪੀ (ਰੈਪਿਡ ਪੁਲਿਸ) ਜਵਾਨਾਂ ਨਾਲ ਮਿਲ ਕੇ ਵੋਟਿੰਗ ਤੋਂ ਪਹਿਲਾਂ ਅਮਨ-ਕਾਨੂੰਨ ਦੀ ਸਥਿਤੀ ਨੂੰ ਮਜ਼ਬੂਤ ਕਰਨ ਲਈ ਫਲੈਗ ਮਾਰਚ ਕੱਢਿਆ। ਇਸ ਦੌਰਾਨ ਪੁਲਿਸ ਦੇ ਨਾਲ ਅੱਧਾ ਦਰਜਨ ਵਾਹਨ ਵੀ ਮੌਜੂਦ ਸਨ। ਇਸ ਫਲੈਗ ਮਾਰਚ ਦੀ ਅਗਵਾਈ ਡੇਰਾਬੱਸੀ ਦੇ ਥਾਣਾ ਮੁਖੀ ਇੰਸਪੈਕਟਰ ਸੁਮਿਤ ਮੋਰ, ਲਾਲੜੂ ਦੇ ਥਾਣਾ ਮੁਖੀ ਇੰਸਪੈਕਟਰ ਯੋਗੇਸ਼ ਕੁਮਾਰ ਅਤੇ ਹੰਡੇਸਰਾ ਦੇ ਥਾਣਾ ਮੁਖੀ ਇੰਸਪੈਕਟਰ ਸੁਨੀਲ ਕੁਮਾਰ ਕਰ ਰਹੇ ਸਨ। ?ਥਾਣਾ ਮੁਖੀਆਂ ਤੋਂ ਇਲਾਵਾ ਮੁਬਾਰਕਪੁਰ ਪੁਲਿਸ ਚੌਕੀ ਦੇ ਇੰਚਾਰਜ ਸਬ-ਇੰਸਪੈਕਟਰ ਕੁਲਵੰਤ ਸਿੰਘ ਤੇ ਕੁਇੱਕ ਰਿਸਪਾਂਸ ਟੀਮ ਦੇ ਇੱਕ ਦਰਜਨ ਤੋਂ ਵੱਧ ਜਵਾਨਾਂ ਸਮੇਤ ਕਰੀਬ 60 ਮੁਲਾਜ਼ਮ ਇਸ ਫਲੈਗ ਮਾਰਚ ਵਿੱਚ ਸ਼ਾਮਲ ਹੋਏ। ?ਇੰਸਪੈਕਟਰ ਸੁਮਿਤ ਮੋਰ ਨੇ ਕਿਹਾ ਕਿ ਸ਼ਹਿਰ ਦੀਆਂ ਮੁੱਖ ਸੜਕਾਂ ਅਤੇ ਐਂਟਰੀ ਪੁਆਇੰਟਾਂ (ਦਾਖ਼ਲ ਹੋਣ ਵਾਲੇ ਰਸਤਿਆਂ) 'ਤੇ ਵਿਸ਼ੇਸ਼ ਨਾਕੇ ਲਗਾਏ ਗਏ ਹਨ ਅਤੇ ਆਉਣ-ਜਾਣ ਵਾਲੇ ਹਰ ਵਾਹਨ ਤੇ ਸ਼ੱਕੀ ਵਿਅਕਤੀ 'ਤੇ ਤਿੱਖੀ ਨਜ਼ਰ ਰੱਖੀ ਜਾ ਰਹੀ ਹੈ। ?ਇਹ ਫਲੈਗ ਮਾਰਚ ਡੇਰਾਬੱਸੀ ਥਾਣੇ ਤੋਂ ਸ਼ੁਰੂ ਹੋ ਕੇ ਬੱਸ ਸਟੈਂਡ, ਤਹਿਸੀਲ ਰੋਡ, ਮੇਨ ਬਾਜ਼ਾਰ, ਨੇੜਲੇ ਪਿੰਡ ਭਾਂਖਰਪੁਰ, ਤ੍ਰਿਵੇਦੀ ਕੈਂਪ ਅਤੇ ਮੁਬਾਰਕਪੁਰ ਤੋਂ ਹੁੰਦਾ ਹੋਇਆ ਵਾਪਸ ਪੁਲਿਸ ਥਾਣੇ ਵਿਖੇ ਆ ਕੇ ਸਮਾਪਤ ਹੋਇਆ।

ਫਸਟ ਏਡ ਟਰੇਨਿੰਗ ਕੈਂਪ ਲਗਾਇਆ

ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)-ਡਿਪਟੀ ਕਮਿਸ਼ਨਰ-ਕਮ-ਪ੍ਰਧਾਨ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਆਸ਼ਿਕਾ ਜੈਨ ਦੀ ਯੋਗ ਅਗਵਾਈ ਹੇਠ 12 ਤੋਂ 14 ਮਈ ਤੱਕ ਸੈਂਚੁਰੀ ਪਲਾਈਵੁੱਡ ਹੁਸ਼ਿਆਰਪੁਰ ਵਿਖੇ ਤਿੰਨ ਰੋਜ਼ਾ ਫਸਟ ਏਡ ਟ੍ਰੇਨਿੰਗ ਕੈਂਪ ਲਗਾਇਆ ਗਿਆ।ਰੈੱਡ ਕ੍ਰਾਸ ਸੁਸਾਇਟੀ ਵੱਲੋਂ ਸਮੂਹ ਕੰਪਨੀਆਂ, ਫੈਕਟਰੀਆਂ, ਉਦਯੋਗਿਕ ਇਕਾਈਆਂ ਅਤੇ ਬੱਸ ਕੰਡਕਟਰਾਂ/ਟਰਾਂਸਪੋਰਟ ਸਟਾਫ਼ ਨੂੰ ਅਪੀਲ ਕੀਤੀ ਗਈ ਕਿ ਕੰਮ ਵਾਲੀ ਥਾਂ ਜਾਂ ਸਫ਼ਰ ਦੌਰਾਨ ਕਿਸੇ ਵੀ ਸਮੇਂ ਹਾਦਸਾ ਵਾਪਰ ਸਕਦਾ ਹੈ, ਇਸ ਲਈ ਸਾਰੇ ਅਦਾਰਿਆਂ ਨੂੰ ਆਪਣੇ ਕਰਮਚਾਰੀਆਂ ਲਈ ਅਜਿਹੇ ਫਸਟ ਏਡ ਟ੍ਰੇਨਿੰਗ ਕੈਂਪ ਜ਼ਰੂਰ ਲਗਵਾਉਣੇ ਚਾਹੀਦੇ ਹਨ । ਸੁਸਾਇਟੀ ਵੱਲੋਂ ਦੱਸਿਆ ਗਿਆ ਕਿ ਅਜਿਹੇ ਕੈਂਪਾਂ ਰਾਹੀਂ ਜਾਣਕਾਰੀ ਹਾਸਲ ਕਰਕੇ ਲੋੜ ਪੈਣ 'ਤੇ ਤੁਰੰਤ ਮੁੱਢਲੀ ਸਹਾਇਤਾ ਦੇ ਕੇ ਕਿਸੇ ਦੀ ਜਾਨ ਬਚਾਈ ਜਾ ਸਕਦੀ ਹੈ । ਇਸ ਟ੍ਰੇਨਿੰਗ ਕੈਂਪ ਦੌਰਾਨ ਫਸਟ ਏਡ ਟ੍ਰੇਨਰ ਅਨੂ ਸ਼ਰਮਾ ਵੱਲੋਂ ਕੰਪਨੀ ਦੇ 30 ਕਰਮਚਾਰੀਆਂ ਨੂੰ ਫਸਟ ਏਡ ਦੀ ਟ੍ਰੇਨਿੰਗ ਦਿੱਤੀ ਗਈ। ਕਰਮਚਾਰੀਆਂ ਨੂੰ ਹਾਦਸਿਆਂ, ਅਚਾਨਕ ਬਿਮਾਰੀ, ਸੀ ਪੀ ਆਰ ਦੇਣ, ਖੂਨ ਵਗਣ ਤੋਂ ਰੋਕਣ, ਹੱਡੀ ਟੁੱਟਣ 'ਤੇ ਪੱਟੀ ਬੰਨ੍ਹਣ ਤੇ ਬੇਹੋਸ਼ੀ ਦੀ ਹਾਲਤ ਵਿੱਚ ਮਰੀਜ਼ ਨੂੰ ਸੰਭਾਲਣ ਦੇ ਪ੍ਰੈਕਟੀਕਲ ਤਰੀਕੇ ਦੱਸੇ ਗਏ। ਸੈਂਚੁਰੀ ਪਲਾਈਵੁੱਡ ਦੇ ਪ੍ਰਬੰਧਕਾਂ (ਮੈਨੇਜਮੈਂਟ) ਤੇ ਸਮੂਹ ਕਰਮਚਾਰੀਆਂ ਨੇ ਇਸ ਟ੍ਰੇਨਿੰਗ 'ਤੇ ਬਹੁਤ ਖੁਸ਼ੀ ਜ਼ਾਹਰ ਕੀਤੀ ਤੇ ਰੈੱਡ ਕਰਾਸ ਸੁਸਾਇਟੀ ਦਾ ਦਿਲੋਂ ਧੰਨਵਾਦ ਕੀਤਾ। ਇਸ ਸਿਖਲਾਈ ਤੋਂ ਪ੍ਰੇਰਿਤ ਹੋ ਕੇ ਕੰਪਨੀ ਮੈਨੇਜਮੈਂਟ ਨੇ ਰੈੱਡ ਕਰਾਸ ਸੁਸਾਇਟੀ ਨੂੰ ਜੂਨ ਦੇ ਦੂਜੇ ਹਫ਼ਤੇ ਕੰਪਨੀ ਕੰਪਲੈਕਸ ਵਿੱਚ ਇੱਕ ਵਿਸ਼ੇਸ਼ ਖੂਨਦਾਨ ਕੈਂਪ ਲਗਾਉਣ ਦੀ ਅਪੀਲ ਕੀਤੀ ਹੈ, ਜਿਸ ਵਿੱਚ ਕੰਪਨੀ ਦੇ ਕਰਮਚਾਰੀ ਸਵੈ-ਇੱਛਾ ਨਾਲ ਖੂਨਦਾਨ ਕਰਨਗੇ। ਇਸ ਕੈਂਪ ਦੌਰਾਨ ਜ਼ਿਲ੍ਹਾ ਰੈੱਡ ਕਰਾਸ ਸੁਸਾਇਟੀ ਦੇ ਸਕੱਤਰ ਮੰਗੇਸ਼ ਸੂਦ ਨੇ ਦੱਸਿਆ ਕਿ ਐਮਰਜੈਂਸੀ ਸਥਿਤੀਆਂ ਵਿੱਚ ਕੀਮਤੀ ਜਾਨਾਂ ਬਚਾਉਣ ਲਈ ਅਜਿਹੀ ਸਿਖਲਾਈ ਬਹੁਤ ਜ਼ਰੂਰੀ ਹੈ।

ਵਿਧਾਇਕ ਵੱਲੋਂ ਡੇਰਾਬੱਸੀ ਤੋਂ ਸ਼ਰਧਾਲੂਆਂ ਦੀਆਂ ਦੋ ਬੱਸਾਂ ਰਵਾਨਾ

ਡੇਰਾਬੱਸੀ (ਵਿਨੈ ਕੁਮਾਰ ਜੈਨ)-ਹਲਕਾ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਅੱਜ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਡੇਰਾਬੱਸੀ ਦੇ ਪਿੰਡ ਬਰੋਲੀ ਕਾਰਕੋਰ ਤੋਂ ਸ਼ਰਧਾਲੂਆਂ ਦੀਆਂ 45ਵੀਂ ਅਤੇ 46ਵੀਂ ਬੱਸਾਂ ਨੂੰ ਧਾਰਮਿਕ ਅਸਥਾਨਾਂ ਦੇ ਦਰਸ਼ਨਾਂ ਲਈ ਰਵਾਨਾ ਕੀਤਾ। ਇਸ ਮੌਕੇ ਮਾਹੌਲ ਧਾਰਮਿਕ ਰੰਗ ਵਿੱਚ ਰੰਗਿਆ ਹੋਇਆ ਸੀ ਤੇ ਸ਼ਰਧਾਲੂਆਂ ਵਿੱਚ ਵੱਡਾ ਉਤਸ਼ਾਹ ਵੇਖਣ ਨੂੰ ਮਿਲਿਆ।ਵਿਧਾਇਕ ਰੰਧਾਵਾ ਨੇ ਆਪਣੇ ਸੰਬੋਧਨ ਦੌਰਾਨ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਬਜ਼ੁਰਗਾਂ ਲਈ ਇੱਕ ਇਤਿਹਾਸਕ ਤੇ ਲੋਕ-ਹਿਤੈਸ਼ੀ ਪਹਿਲ ਹੈ। ਇਸ ਯੋਜਨਾ ਰਾਹੀਂ ਉਹਨਾਂ ਲੋਕਾਂ ਦਾ ਸੁਪਨਾ ਸਾਕਾਰ ਹੋ ਰਿਹਾ ਹੈ ਜੋ ਆਰਥਿਕ ਜਾਂ ਹੋਰ ਕਾਰਨਾਂ ਕਰਕੇ ਆਪਣੇ ਜੀਵਨ ਵਿੱਚ ਤੀਰਥ ਯਾਤਰਾ ਨਹੀਂ ਕਰ ਸਕਦੇ ਸਨ।ਉਨ੍ਹਾਂ ਕਿਹਾ ਕਿ ਇਹ ਯੋਜਨਾ ਸਿਰਫ ਯਾਤਰਾ ਤੱਕ ਸੀਮਿਤ ਨਹੀਂ, ਸਗੋਂ ਇਹ ਬਜ਼ੁਰਗਾਂ ਦੇ ਮਨਾਂ ਵਿੱਚ ਆਤਮਿਕ ਸ਼ਾਂਤੀ, ਸੰਤੁਸ਼ਟੀ ਅਤੇ ਨਵੀਂ ਉਮੀਦ ਪੈਦਾ ਕਰਦੀ ਹੈ। ਬੜੀ ਖੁਸ਼ੀ ਹੁੰਦੀ ਹੈ ਜਦੋਂ ਸਾਡੇ ਬਜ਼ੁਰਗ ਚਿਹਰਿਆਂ 'ਤੇ ਮੁਸਕਾਨ ਅਤੇ ਮਨਾਂ ਵਿੱਚ ਸ਼ਰਧਾ ਲੈ ਕੇ ਧਾਰਮਿਕ ਅਸਥਾਨਾਂ ਦੇ ਦਰਸ਼ਨਾਂ ਲਈ ਜਾਂਦੇ ਹਨ।

ਐੱਚ ਪੀ ਵੀ ਵੈਕਸੀਨ ਪੂਰੀ ਤਰ੍ਹਾਂ ਸੁਰੱਖਿਅਤ : ਡਾ. ਮਨਪ੍ਰੀਤ ਕੌਰ

ਬੁੱਲ੍ਹੋਵਾਲ (ਵਿਰਦੀ)

ਸਿਹਤ ਵਿਭਾਗ ਤੇ ਸਿਵਲ ਸਰਜਨ ਹੁਸ਼ਿਆਰਪੁਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਅਤੇ ਡਾ. ਮਨਪ੍ਰੀਤ ਕੌਰ ਸੀਨੀਅਰ ਮੈਡੀਕਲ ਅਫਸਰ ਪੀ ਐੱਚ ਸੀ ਚੱਕੋਵਾਲ ਦੀ ਅਗਵਾਈ ਵਿਚ 14 ਸਾਲ ਦੀਆਂ ਬੱਚੀਆਂ ਦੇ ਐੱਚ ਪੀ ਵੀ ਵੈਕਸੀਨ ਲਗਾਈ ਜਾ ਰਹੀ ਹੈ।ਇਸ ਬਾਰੇ ਜਾਣਕਾਰੀ ਦਿੰਦਿਆਂ ਐੱਸ ਐੱਮ ਓ ਡਾ. ਮਨਪ੍ਰੀਤ ਕੌਰ ਨੇ ਦੱਸਿਆ ਕਿ ਹਿ ਉ੍ ਮ ਨ ਪੈ ਪੀ ਲੋ ਮਾ ਵਾਇਰਸ (ਐੱਚ ਪੀ ਵੀ) ਕਾਰਨ ਔਰਤਾਂ ਵਿਚ ਬੱਚੇਦਾਨੀ ਦਾ ਕੈਂਸਰ ਹੋਣ ਦੇ ਆਸਾਰ ਜ਼ਿਆਦਾ ਹੁੰਦੇ ਹਨ। ਐੱਚ ਪੀ ਵੀ ਕਾਰਨ ਬੱਚੇਦਾਨੀ ਤੋਂ ਇਲਾਵਾ ਹੋਰ ਤਰ੍ਹਾਂ ਦੇ ਕੈਂਸਰ ਵੀ ਹੋ ਸਕਦੇ ਹਨ। ਉਹਨਾਂ ਦੱਸਿਆ ਕਿ ਇਸ ਤੋਂ ਬਚਾਅ ਲਈ ਸਾਡੇ ਕੋਲ ਇੱਕੋ ਇੱਕ ਹਥਿਆਰ ਹੈ, ਐੱਚ ਪੀ ਵੀ ਦੀ ਵੈਕਸੀਨ। ਇਹ ਵੈਕਸੀਨ ਪ੍ਰਾਈਵੇਟ ਹਸਪਤਾਲਾਂ ਵਿਚ 4000 ਤੋਂ 6000 ਦੀ ਲਗਾਈ ਜਾ ਰਹੀ ਹੈ, ਜੋ ਕਿ ਸਰਕਾਰੀ ਹਸਪਤਾਲਾਂ ਵਿਚ ਬਿਲਕੁਲ ਮੁਫ਼ਤ ਲਗਾਈ ਜਾ ਰਹੀ ਹੈ।ਡਾ. ਮਨਪ੍ਰੀਤ ਕੌਰ ਨੇ ਦੱਸਿਆ ਕਿ ਐਚ.ਪੀ.ਵੀ. ਦੀ ਵੈਕਸੀਨ ਜੋ ਕਿ ਸਿਹਤ ਵਿਭਾਗ ਵੱਲੋਂ ਲਗਾਈ ਜਾ ਰਹੀ ਹੈ ਉਹ ਪੂਰੀ ਤਰ੍ਹਾਂ ਸੁਰੱਖਿਅਤ ਹੈ ਅਤੇ ਜੋ ਵੀ ਨਾਕਾਰਾਤਮਕ ਵੀਡੀਓ ਸੋਸ਼ਲ ਮੀਡੀਆ ਤੇ ਆ ਰਹੀਆਂ ਹਨ ਉਹ ਬਿਲਕੁਲ ਗਲਤ ਹਨ। ਇਸ ਮੌਕੇ ਜਿਹਨਾਂ ਬੱਚਿਆਂ ਦੀ ਵੈਕਸੀਨੇਸ਼ਨ ਕੀਤੀ ਗਈ ਉਹਨਾਂ ਨੂੰ ਸਰਟੀਫਿਕੇਟ ਵੀ ਦਿੱਤੇ ਗਏ। ਇਸ ਮੌਕੇ ਐੱਲ ਐੱਚ ਵੀ ਕਮਲਜੀਤ ਕੌਰ, ਕਮਲੇਸ਼ ਦੇਵੀ, ਮਨਿੰਦਰ ਕੌਰ, ਜਸਪ੍ਰੀਤ ਸਿੰਘ, ਆਸ਼ਾ ਵਰਕਰ ਹਰਪ੍ਰੀਤ ਕੌਰ ਵੀ ਹਾਜ਼ਰ ਸੀ।

ਅਧੂਰੇ ਕਾਗਜ਼ਾਤ ਵਾਲੇ ਵਾਹਨਾਂ ਦੇ ਕੱਟੇ ਚਲਾਨ

ਨਕੋਦਰ (ਮਨਜੀਤ ਮਾਨ)-ਤਹਿਸੀਲ ਨਕੋਦਰ ਦੀ 112 ਪੁਲਿਸ ਦੇ ਸਬ ਇੰਸਪੈਕਟਰ ਜਤਿੰਦਰ ਸਿੰਘ ਸਿੱਧੂ ਵੱਲੋਂ ਆਪਣੀ ਪੁਲਿਸ ਪਾਰਟੀ ਸਮੇਤ ਸੁਰੱਖਿਆ ਦੇ ਪੁਖਤਾ ਪ੍ਰਬੰਧਾਂ ਨੂੰ ਲੈ ਕੇ ਆਉਣ ਜਾਣ ਵਾਲੇ ਵਾਹਨਾਂ ਦੀ ਸਖ਼ਤੀ ਨਾਲ ਜਾਂਚ ਪੜਤਾਲ ਕੀਤੀ ਤੇ ਅਧੂਰੇ ਕਾਗਜ਼ਾਤ ਵਾਲੇ ਵਾਹਨਾਂ ਦੇ ਚਲਾਨ ਕੱਟੇ ਗਏ ਤੇ ਕੁੱਝ ਮੋਟਰਸਾਈਕਲ ਬੌਂਡ ਕੀਤੇ ਗਏ। ਇਸ ਮੌਕੇ ਸਬ ਇੰਸਪੈਕਟਰ ਜਤਿੰਦਰ ਸਿੰਘ ਸਿੱਧੂ ਨੇ ਪ੍ਰੈੱਸ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਅਧੂਰੇ ਕਾਗਜ਼ਾਤ ਤੇ ਇਲਾਕੇ ਵਿੱਚ ਹੁਲੜਬਾਜ਼ੀ ਕਰਨ ਵਾਲੇ ਮਨਚਲੇ ਲੋਕਾਂ ਨੂੰ ਕਿਸੇ ਵੀ ਹਾਲਤ ਵਿੱਚ ਬਖਸ਼ਿਆ ਨਹੀਂ ਜਾਵੇਗਾ। ਉਨ੍ਹਾਂ ਨਸ਼ੇ ਦੇ ਸਮਗਲਰਾਂ ਨੂੰ ਚਿਤਾਵਨੀ ਦਿੰਦਿਆਂ ਕਿਹਾ ਕਿ ਜਾਂ ਤਾਂ ਉਹ ਆਪਣਾ ਏਰੀਆ ਛੱਡ ਜਾਣ ਨਹੀਂ ਤਾਂ ਉਨ੍ਹਾਂ ਸਮਗਲਰਾਂ ਨੂੰ ਸੀਖਾਂ ਪਿੱਛੇ ਸੁਟਿਆ ਜਾਵੇਗਾ। ਸਬ ਇੰਸਪੈਕਟਰ ਜਤਿੰਦਰ ਸਿੰਘ ਸਿੱਧੂ ਨੇ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਉਹ ਆਪਣੇ ਵਹੀਕਲਾਂ ਦੇ ਕਾਗਜ਼ਾਤ ਪੂਰੇ ਰੱਖਣ। ਇਸ ਮੌਕੇ ਹਵਲਦਾਰ ਮਨਦੀਪ ਸਿੰਘ, ਕਾਂਸਟੇਬਲ ਅਮਨਦੀਪ ਕੌਰ ਮੌਜੂਦ ਸਨ।

ਕੁਲਵੰਤ ਸਿੰਘ ਵੱਲੋਂ 'ਆਪ' ਉਮੀਦਵਾਰਾਂ ਦੇ ਹੱਕ 'ਚ ਚੋਣ ਰੈਲੀਆਂ ਤੇ ਨੁੱਕੜ ਮੀਟਿੰਗਾਂ

ਮੋਹਾਲੀ (ਗੁਰਜੀਤ ਬਿੱਲਾ)

ਮੋਹਾਲੀ ਨਗਰ ਨਿਗਮ ਚੋਣਾਂ ਨੂੰ ਲੈ ਕੇ ਚੋਣ ਮੈਦਾਨ ਪੂਰੀ ਤਰ੍ਹਾਂ ਭਖ ਗਿਆ ਹੈ ਅਤੇ ਵਿਧਾਇਕ ਮੋਹਾਲੀ ਕੁਲਵੰਤ ਸਿੰਘ ਦੀ ਤਰਫੋਂ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਦੇ ਹੱਕ ਵਿੱਚ ਲਗਾਤਾਰ ਚੋਣ ਰੈਲੀਆਂ, ਨੁੱਕੜ ਮੀਟਿੰਗਾਂ ਦਾ ਸਿਲਸਿਲਾ ਜ਼ੋਰ ਫੜ ਗਿਆ ਹੈ। ਵਿਧਾਇਕ ਕੁਲਵੰਤ ਸਿੰਘ ਆਮ ਆਦਮੀ ਪਾਰਟੀ ਦੇ ਵਰਕਰਾਂ ਅਤੇ ਸਮਰਥਕਾਂ ਦੇ ਨਾਲ ਆਮ ਆਦਮੀ ਪਾਰਟੀ ਦੇ ਉਮੀਦਵਾਰਾਂ ਦੀਆਂ ਦੇ ਹੱਕ ਵਿੱਚ ਚੋਣ ਰੈਲੀਆਂ, ਨੁੱਕੜ ਮੀਟਿੰਗਾਂ ਦਾ ਦੌਰ ਤੇਜ਼ ਕਰ ਦਿੱਤਾ ਹੈ, ਵਿਧਾਇਕ ਮੋਹਾਲੀ ਕੁਲਵੰਤ ਸਿੰਘ ਦੀ ਤਰਫੋਂ ਆਮ ਆਦਮੀ ਪਾਰਟੀ ਦੇ ਵਾਰਡ ਨੰਬਰ 19 ਤੋਂ ਉਮੀਦਵਾਰ ਜੁਗਵਿੰਦਰ ਕੌਰ , ਫ਼ੇਜ਼ 11, ਆਮ ਆਦਮੀ ਪਾਰਟੀ ਦੇ ਵਾਰਡ ਨੰਬਰ 16 ਤੋਂ ਉਮੀਦਵਾਰ ਅਮਰਜੀਤ ਸਿੰਘ ਅਤੇ ਆਮ ਆਦਮੀ ਪਾਰਟੀ ਦੇ ਵਾਰਡ ਨੰਬਰ 25 ਤੋਂ ਉਮੀਦਵਾਰ ਬਲਜਿੰਦਰ ਕੌਰ ਪਤਨੀ ਹਰਦੀਪ ਸਿੰਘ ਦੇ ਹੱਕ ਵਿੱਚ ਚੋਣ ਪ੍ਰਚਾਰ ਕੀਤਾ। ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੇ ਵਿੱਚ ਸ਼ਾਮਲ ਹੋਣ ਵਾਲਿਆਂ ਦੀ ਕਤਾਰ ਦਿਨ ਪ੍ਰਤੀ ਦਿਨ ਲਮੇਰੀ ਹੁੰਦੀ ਜਾ ਰਹੀ ਹੈ, ਕਿਉਂਕਿ ਲੋਕਾਂ ਦਾ ਰਵਾਇਤੀ ਪਾਰਟੀਆਂ ਤੋਂ ਮੋਹ ਭੰਗ ਹੋ ਚੁੱਕਾ ਹੈ। ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਉਹ ਅੱਜ ਵਾਰਡ ਨੰਬਰ 19 ਵਾਰਡ ਨੰਬਰ 16 ਵਾਰਡ ਨੰਬਰ 25 ਅਤੇ ਹੋਰ ਵੀ ਕਈ ਹੋਰ ਵਾਰਡਾਂ ਦੇ ਵਿੱਚ ਚੋਣ ਪ੍ਰਚਾਰ ਕਰਕੇ ਆਏ ਹਨ ਅਤੇ ਕਈ ਨੁਕੜ ਮੀਟਿੰਗਾਂ ਨੂੰ ਸੰਬੋਧਨ ਵੀ ਕੀਤਾ ਹੈ।ਇਸ ਮੌਕੇ ਤੇ ਆਮ ਆਦਮੀ ਪਾਰਟੀ ਦੇ ਸੀਨੀਅਰ ਨੇਤਾ ਕੁਲਦੀਪ ਸਿੰਘ ਸਮਾਣਾ, ਅਮਰਜੀਤ ਸਿੰਘ, ਬਲਜਿੰਦਰ ਕੌਰ ਪਤਨੀ ਹਰਦੀਪ ਸਿੰਘ, ਸਵਿਤਾ ਪਰਿੰਜਾ, ਚਰਨਜੀਤ ਕੌਰ, ਨਵਜੋਤ ਸਿੰਘ , ਮਹਿੰਦਰ ਸਿੰਘ ਮਲੋਆ, ਬਲਵੀਰ ਮਸੀਹ, ਸੁਖਚੈਨ ਸਿੰਘ ਸੈਕਟਰ 80, ਮਨਜੀਤ ਸਿੰਘ, ਸੰਜੀਵ ਕੁਮਾਰ ਰਿਟਾਇਰਡ ਐਕਸੀਅਨ, ਕੁਲਦੀਪ ਸਿੰਘ ,ਰਾਜਿੰਦਰ ਸਿੰਘ, ਜਸਵਿੰਦਰ ਸਿੰਘ, ਬਲਿੰਦਰ ਸਿੰਘ, ਆਰ ਐਸ ਢਿੱਲੋਂ , ਸੁਖਮਿੰਦਰ ਸਿੰਘ ਬਰਨਾਲਾ, ਅਕਬਿੰਦਰ ਸਿੰਘ ਗੋਸਲ, ਗੁਰਪਾਲ ਸਿੰਘ ਗਰੇਵਾਲ, ਹਰਪਾਲ ਸਿੰਘ ਬਰਾੜ, ਅਮਰਜੀਤ ਸਿੰਘ ਸਿੱਧੂ ਵੀ ਹਾਜ਼ਰ ਸਨ।

ਐੱਮ ਵੋਕ ਵੈੱਬ ਟੈਕਨਾਲੋਜੀ ਐਂਡ ਮਲਟੀ ਮੀਡੀਆ ਪਹਿਲਾ ਸਮੈਸਟਰ ਦਾ ਨਤੀਜਾ ਸ਼ਾਨਦਾਰ

ਜਲੰਧਰ (ਸ਼ੈਲੀ ਐਲਬਰਟ)-ਲਾਇਲਪੁਰ ਖ਼ਾਲਸਾ ਕਾਲਜ ਜਲੰਧਰ ਦੇ ਐਮ. ਵੋਕ ਵੈਬ ਟੈਕਨੋਲੋਜੀ ਐਂਡ ਮਲਟੀਮੀਡੀਆ ਪਹਿਲਾ ਸਮੈਸਟਰ ਦਾ ਨਤੀਜਾ ਸ਼ਾਨਦਾਰ ਰਿਹਾ। ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਦੁਆਰਾ ਐਲਾਨੇ ਗਏ ਨਤੀਜਿਆਂ ਵਿਚੋਂ ਵਿਦਿਆਰਥੀ ਪ੍ਰਿੰਸ ਚੋਪੜਾ ਨੇ 10 ਵਿਚੋਂ 9.20 ਐੱਸ ਜੀ ਪੀ ਏ ਪ੍ਰਾਪਤ ਕਰਕੇ ਤੀਜਾ ਸਥਾਨ ਹਾਸਲ ਕੀਤਾ ਬਲਬੀਰ ਕੌਰ ਪ੍ਰਧਾਨ ਗਵਰਨਿੰਗ ਕੌਂਸਲ ਨੇ ਵਿਦਿਆਰਥੀ ਤੇ ਉਸ ਦੇ ਮਾਪਿਆਂ ਨੂੰ ਵਧਾਈ ਦਿੱਤੀ। ਪ੍ਰਿੰਸੀਪਲ ਡਾ. ਰਛਪਾਲ ਸਿੰਘ ਸੰਧੂ ਨੇ ਵਿਦਿਆਰਥੀ ਨੂੰ ਵਧਾਈ ਦਿੰਦਿਆਂ ਕਿਹਾ ਕਿ ਜਿਹੜੇ ਵਿਦਿਆਰਥੀ ਯੂਨੀਵਰਸਿਟੀ ਪ੍ਰੀਖਿਆਵਾਂ ਵਿਚੋਂ ਵਿਸ਼ੇਸ਼ ਸਥਾਨ ਜਾਂ ਮੈਰਿਟ ਵਿਚ ਆਉਂਦੇ ਹਨ, ਉਨ੍ਹਾਂ ਨੂੰ ਵਿਸ਼ੇਸ਼ ਸਹੂਲਤਾਂ ਵੀ ਦਿੱਤੀਆਂ ਜਾਂਦੀਆਂ ਹਨ। ਇਸ ਮੌਕੇ ਪ੍ਰੋ. ਸੰਜੀਵ ਕੁਮਾਰ ਆਨੰਦ, ਮੁਖੀ ਕੰਪਿਊਟਰ ਸਾਇੰਸ ਤੇ ਆਈ ਟੀ ਵਿਭਾਗ, ਡਾ. ਮਨਪ੍ਰੀਤ ਸਿੰਘ ਲਹਿਲ, ਡਾ. ਦਲਜੀਤ ਕੌਰ, ਪ੍ਰੋ. ਨਵਨੀਤ ਕੌਰ ਤੇ ਪ੍ਰੋ. ਸੋਨਾਲੀ ਬੇਰੀ ਵੀ ਮੌਜੂਦ ਸਨ।

ਪੈਨਸ਼ਨਰਾਂ ਦੇ ਛੇਵੇਂ ਤਨਖਾਹ ਕਮਿਸ਼ਨ ਅਨੁਸਾਰ ਬਣਦੇ ਬਕਾਏ ਤੁਰੰਤ ਦਿੱਤੇ ਜਾਣ

ਜਲੰਧਰ/ਮੇਹਟੀਆਣਾ (ਰਾਜੇਸ਼ ਥਾਪਾ, ਜਗਤਾਰ ਸਿੰਘ ਭੁੰਗਰਨੀ)

ਪੰਜਾਬ ਪੈਨਸ਼ਨਰਜ਼ ਯੂਨੀਅਨ ਸਬੰਧਤ ਏਟਕ ਨੇ ਪੰਜਾਬ ਰੋਡਵੇਜ਼ ਦੇ ਸਮੂਹ ਜਨਰਲ ਮੈਨੇਜਰਾਂ ਤੋਂ ਪੁਰਜ਼ੋਰ ਮੰਗ ਕੀਤੀ ਹੈ ਕਿ ਮਿਤੀ 1 ਜਨਵਰੀ 2016 ਤੋਂ 30 ਜੂਨ 2021 ਤੱਕ ਪੰਜਾਬ ਰੋਡਵੇਜ਼ ਦੇ ਵੱਖ-ਵੱਖ ਡੀਪੂਆਂ ਵਿੱਚੋਂ ਸੇਵਾ ਮੁਕਤ ਹੋਏ ਪੈਨਸ਼ਨਰਾਂ ਨੂੰ ਵਿੱਤ ਵਿਭਾਗ ਪੰਜਾਬ ਸਰਕਾਰ ਦੇ ਨੋਟੀਫਿਕੇਸ਼ਨ ਮਿਤੀ 18 ਫਰਵਰੀ 2025 ਦੀ ਪਾਲਣਾ ਕਰਦੇ ਹੋਏ ਸਬੰਧਤ ਪੈਨਸ਼ਨਰਾਂ ਦੇ ਬਣਦੇ ਬਕਾਏ ਖਜ਼ਾਨਾ ਦਫਤਰਾਂ ਵਿੱਚੋਂ ਤੁਰੰਤ ਡਰਾਅ ਕਰਵਾਏ ਜਾਣ ਤੇ ਸਬੰਧਤ ਪੈਨਸ਼ਨਰਾਂ ਦੇ ਬੈਂਕ ਖਾਤਿਆਂ ਵਿੱਚ ਜਮਾਂ ਕਰਵਾਏ ਜਾਣ। ਪੰਜਾਬ ਰਾਜ ਦੇ ਵੱਖ ਵੱਖ ਰੋਡਵੇਜ਼ ਦੇ 18 ਡੀਪੂਆਂ ਤੇ ਡਾਇਰੈਕਟਰ ਸਟੇਟ ਟਰਾਂਸਪੋਰਟ ਵਿਭਾਗ ਪੰਜਾਬ ਦੇ ਦਫਤਰ ਵਿੱਚ ਲਮਕ ਅਵਸਥਾ ਵਿੱਚ ਪਏ ਮੈਡੀਕਲ ਪ੍ਰਤੀ ਪੂਰਤੀ ਬਿੱਲਾਂ ਦਾ ਪਹਿਲ ਦੇ ਆਧਾਰ ਤੇ ਨਿਪਟਾਰਾ ਕੀਤਾ ਜਾਵੇ । ਇਹ ਮੰਗ ਸਥਾਨਕ ਕਾਮਰੇਡ ਜਸਵੰਤ ਸਿੰਘ ਸਮਰਾ ਭਵਨ ਵਿਖੇ ਜਥੇਬੰਦੀ ਦੀ ਸੂਬਾ ਕਾਰਜਕਾਰਨੀ ਕਮੇਟੀ ਦੀ ਸੂਬਾ ਪ੍ਰਧਾਨ ਜਗਦੀਸ਼ ਸਿੰਘ ਚਾਹਲ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਦੌਰਾਨ ਕੀਤੀ ਗਈ।ਉਹਨਾਂ ਆਪਣੇ ਸੰਬੋਧਨ ਵਿੱਚ ਪਿਛਲੇ ਸਮੇਂ ਦੌਰਾਨ ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰ ਸਾਂਝਾ ਫਰੰਟ ਵੱਲੋਂ ਕੀਤੇ ਗਏ ਵੱਖ ਵੱਖ ਐਕਸ਼ਨਾਂ ਵਿੱਚ ਏਟਕ ਤੇ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ 1680 ਸੈਕਟਰ 22ਬੀ ਚੰਡੀਗੜ੍ਹ ਵੱਲੋਂ 19 ਮਈ ਨੂੰ ਲੇਬਰ ਭਵਨ ਮੋਹਾਲੀ ਸਾਹਮਣੇ ਕੀਤੀ ਗਈ ਸੂਬਾ ਪੱਧਰੀ ਰੈਲੀ ਵਿੱਚ ਪੰਜਾਬ ਪੈਨਸ਼ਨਰਜ਼ ਯੂਨੀਅਨ ਦੇ ਸਾਥੀਆਂ ਵੱਲੋਂ ਕੀਤੀ ਗਈ ਸ਼ਮੂਲੀਅਤ ਤੇ ਤਸੱਲੀ ਦਾ ਪ੍ਰਗਟਾਵਾ ਕੀਤਾ ਗਿਆ।ਸੂਬਾ ਪ੍ਰਧਾਨ ਜਗਦੀਸ਼ ਸਿੰਘ ਚਾਹਲ ਨੇ ਪੰਜਾਬ ਸਰਕਾਰ ਵੱਲੋਂ ਲਗਾਤਾਰ ਮੁਲਾਜ਼ਮ ਅਤੇ ਪੈਨਸ਼ਨਰ ਮੰਗਾਂ ਦੀ ਅਣਦੇਖੀ ਕਰਨ ਦੀ ਸਖਤ ਸ਼ਬਦਾਂ ਵਿੱਚ ਨਿੰਦਾ ਕੀਤੀ। ਮੀਟਿੰਗ ਦੌਰਾਨ ਫੈਸਲਾ ਕੀਤਾ ਗਿਆ ਕਿ ਇਹਨਾਂ ਮੰਗਾਂ ਦੀ ਪ੍ਰਾਪਤੀ ਲਈ 3 ਜੂਨ ਤੋਂ 5 ਜੂਨ ਦਰਮਿਆਨ ਜਥੇਬੰਦੀ ਨਾਲ ਸਬੰਧਤ ਪੈਨਸ਼ਨਰਾਂ ਵੱਲੋਂ ਸਮੂਹਿਕ ਵਫਦਾਂ ਦੇ ਰੂਪ ਵਿੱਚ ਪੰਜਾਬ ਰੋਡਵੇਜ਼ ਦੇ ਸਮੂਹ ਜਨਰਲ ਮੈਨੇਜਰਾਂ ਨੂੰ ਮੰਗ ਪੱਤਰ ਦਿੱਤੇ ਜਾਣ। ਮੀਟਿੰਗ ਨੇ ਸਰਬ ਸੰਮਤੀ ਨਾਲ ਇੱਕ ਮਤਾ ਪਾਸ ਕਰਕੇ ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰ ਸਾਂਝਾ ਫਰੰਟ ਵੱਲੋਂ 17 ਮਈ ਨੂੰ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਹੋਈ ਸੂਬਾ ਪੱਧਰੀ ਕਨਵੈਂਨਸ਼ਨ ਦੌਰਾਨ ਪੰਜਾਬ ਸਰਕਾਰ ਵਿਰੁੱਧ ਉਲੀਕੇ ਗਏ ਵੱਖ ਵੱਖ ਐਕਸ਼ਨਾਂ ਨੂੰ ਸਫਲ ਬਣਾਉਣ ਦਾ ਫੈਸਲਾ ਕੀਤਾ ਗਿਆ। ਇਸ ਮੌਕੇ ਤੇ ਹੋਰਨਾਂ ਤੋਂ ਇਲਾਵਾ ਪੈਨਸ਼ਨਰ ਆਗੂ ਸਵਰਨ ਸਿੰਘ ਤਰਨ ਤਾਰਨ, ਕੁਲਵੰਤ ਸਿੰਘ ਘੁੱਕੇਵਾਲੀ, ਜਗਦੀਸ਼ ਸਿੰਘ ਜਗਰਾਓ, ਬਲਵੰਤ ਸਿੰਘ ਸੰਧੂ, ਮੁਖਤਿਆਰ ਸਿੰਘ, ਰਛਪਾਲ ਫਿਰੋਜ਼ਪੁਰ , ਸੰਤੋਖ ਸਿੰਘ ਕੈਸ਼ੀਅਰ ਜਲੰਧਰ, ਗੁਰਮੁਖ ਸਿੰਘ ਜਲੰਧਰ, ਅਮਰੀਕ ਸਿੰਘ ਬਟਾਲਾ, ਬਲਵਿੰਦਰ ਸਿੰਘ ਬਟਾਲਾ, ਪ੍ਰੇਮ ਕੁਮਾਰ ਨਵਾਂ ਸ਼ਹਿਰ, ਮੁਖਤਿਆਰ ਚੰਦ ਨੰਗਲ, ਦਲਜੀਤ ਸਿੰਘ ਜਗਰਾਉਂ, ਅਜਮੇਰ ਸਿੰਘ ਅਖਾੜਾ ਮੋਗਾ, ਲਖਵਿੰਦਰ ਸਿੰਘ ਰੋਪੜ, ਗੁਰਪ੍ਰੀਤ ਸਿੰਘ ਰੋਪੜ ਆਂਚਲ ਕੁਮਾਰ ਤੇ ਮੋਹਨਜੀਤ ਸਿੰਘ ਲੁਧਿਆਣਾ ਆਦਿ ਹਾਜ਼ਰ ਸਨ।